add front page 24 may.qxd 5/23/2025 9:30 PM Page 1


ਸ਼ਨੀਵਾਰ, 24 ਮਈ, 2025

11 ਜੇਠ { ਨਾਨਕਸ਼ਾਹੀ 557 / ਬਿਕਰਮੀ 2082

ਜਿਲਦ/VOL. : 73

ਅੰਕ/NO. : 353

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • SATURDAY, 24 MAY, 2025

ਜਲੰਧਰ

nawan zamana TV

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14



## ਦੋ ਇਤਿਹਾਸਕ ਦਿਹਾੜੇ - ਦੋ ਮਹਾਨ ਵਿਰਾਸਤਾਂ

### ਆਪਣੇ ਸੁਝਾਅ ਭੇਜੋ ਅਤੇ ਦੱਸੋ ਕਿ ਪੰਜਾਬ ਸਰਕਾਰ ਇਨ੍ਹਾਂ ਪਾਵਨ ਦਿਹਾੜਿਆਂ ਨੂੰ ਵਿਸ਼ਾਲ ਰੂਪ ਵਿੱਚ ਕਿਸ ਤਰ੍ਹਾਂ ਮਨਾਵੇ



ਸ੍ਰੀ ਗੁਰੂ ਤੇਗ਼ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ

ਸੁਝਾਅ ਭੇਜੋ

gtb350.pb@gmail.com

73800 10010

campaign.punjab.gov.in



ਸ੍ਰੀ ਅੰਮ੍ਰਿਤਸਰ ਸਾਹਿਬ ਦਾ 450ਵਾਂ ਸਥਾਪਨਾ ਦਿਵਸ

ਸੁਝਾਅ ਭੇਜੋ

amritsar450.pb@gmail.com

73800 10010

campaign.punjab.gov.in

ਆਖ਼ਰੀ ਤਰੀਕ 31 ਜੁਲਾਈ, 2025

"ਪੰਜਾਬ ਦਾ ਇਤਿਹਾਸ ਸਿਰਫ਼ ਕਿਤਾਬਾਂ ਵਿੱਚ ਹੀ ਨਹੀਂ, ਸਾਡੇ ਦਿਲਾਂ ਵਿੱਚ ਵੱਸਦਾ ਹੈ। ਇਹ ਦੋ ਤਰੀਕਾਂ ਸਿਰਫ਼ ਦਿਨ ਨਹੀਂ, ਸਾਡੀ ਪਹਿਚਾਣ ਹਨ। ਆਓ, ਮਿਲ ਕੇ ਕੁੱਝ ਅਜਿਹਾ ਕਰੀਏ ਕਿ ਦੁਨੀਆ ਤੱਕ ਪੰਜਾਬ ਦੀ ਗੂੰਜ ਪਹੁੰਚੇ।"

ਸ. ਭਗਵੰਤ ਸਿੰਘ ਮਾਨ

ਮੁੱਖ ਮੰਤਰੀ, ਪੰਜਾਬ



ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

## ਜੀਂਦ ਦੇ ਰਾਜੇ ਦੀ 927 ਏਕੜ ਜ਼ਮੀਨ ਤੋਂ ਨਜਾਇਜ਼ ਕਬਜ਼ੇ ਛੁਡਵਾ ਕੇ ਬੇਜ਼ਮੀਨੇ ਲੋਕਾਂ 'ਚ ਵੰਡੀ ਜਾਵੇ : ਕਸ਼ਮੀਰ ਗਦਾਈਆ, ਜਗਸੀਰ ਖੋਸਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਦੀ ਸੂਬਾ ਕਮੇਟੀ ਨੇ ਸੰਗਰੂਰ ਜ਼ਿਲ੍ਹੇ ਦੇ ਬੀੜ ਐਸ਼ਵਿਨ 'ਚ ਜੀਂਦ ਦੇ ਰਾਜੇ ਦੀ 927 ਏਕੜ ਜ਼ਮੀਨ 'ਤੇ ਬੇਗਮਪੁਰਾ ਵਸਾਉਣ ਲਈ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਕੀਤੇ ਜਾਣ ਵਾਲੇ ਪ੍ਰਦਰਸ਼ਨਾਂ ਨੂੰ ਪੁਲਸ ਵੱਲੋਂ ਜਬਰੀ ਰੋਕਣ ਤੇ ਕਮੇਟੀ ਦੇ ਸੈਂਕੜਿਆਂ ਦੀ ਗਿਣਤੀ ਵਿੱਚ ਆਗੂਆਂ ਤੇ ਕਾਰਕੁੰਨਾਂ ਦੀ ਗ੍ਰਿਫਤਾਰੀ ਦੀ ਜ਼ੋਰਦਾਰ ਨਿਖੇਧੀ ਕੀਤੀ ਹੈ। ਜਥੇਬੰਦੀ ਜਥੇਬੰਦੀ ਦੇ ਸੂਬਾ ਪ੍ਰਧਾਨ ਕਸ਼ਮੀਰ ਸਿੰਘ ਗਦਾਈਆ ਤੇ ਸੂਬਾ ਜਨਰਲ ਸਕੱਤਰ ਜਗਸੀਰ ਸਿੰਘ ਖੋਸਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਜੀਂਦ ਦੇ ਰਾਜੇ ਦੀ 927 ਏਕੜ ਜ਼ਮੀਨ, ਜਿਸ 'ਤੇ ਕੁਝ ਲੋਕ ਨਜਾਇਜ਼ ਤਰੀਕੇ ਨਾਲ ਕਾਬਜ਼ ਹਨ। ਉਨ੍ਹਾਂ ਤੋਂ ਛਡਵਾ ਕੇ ਇਹ ਜ਼ਮੀਨ ਬੇਜ਼ਮੀਨੇ ਲੋਕਾਂ ਵਿੱਚ ਵੰਡ ਦੀ ਮੰਗ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਵੱਡੀ ਪੱਧਰ 'ਤੇ ਫੈਲੀ ਬੇਰੋਜ਼ਗਾਰੀ ਤੇ ਆਲਮ ਵਿੱਚ ਜ਼ਮੀਨ ਰੁਜ਼ਗਾਰ ਦਾ ਸਾਧਨ ਬਣ ਸਕਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੱਕੀ ਸੰਘਰਸ਼ ਕਰ ਰਹੇ ਆਗੂਆਂ ਨੂੰ ਤਰੁੰਤ ਰਿਹਾਅ ਕਰਕੇ ਇਸ ਮਾਮਲੇ ਦਾ ਹੱਲ ਕੱਢਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪੰਜਾਬ ਸਰਕਾਰ ਨੂੰ ਲੈਂਡ ਸੀਲਿੰਗ ਐਕਟ ਦੀ ਰੌਸ਼ਨੀ ਵਿੱਚ ਜ਼ਮੀਨ ਵੰਡ ਦਾ ਮਸਲਾ ਹੱਲ ਕਰਨਾ ਚਾਹੀਦਾ ਹੈ।

## ਸ੍ਰੀ ਚੇਤਨਿਆ ਟੈਕਨੋ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ



**ਧੂਰੀ (ਬਿੰਨੀ ਗਰਗ)**-ਸ੍ਰੀ ਚੇਤਨਿਆ ਟੈਕਨੋ ਸਕੂਲ ਦੇ ਪੰਜਾਬ ਭਰ ਵਿੱਚ ਸੀ.ਬੀ.ਐੱਸ.ਈ. ਬੋਰਡ ਦੇ ਨਤੀਜਿਆਂ ਵਿੱਚੋਂ ਵਧੀਆ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਧੂਰੀ, ਸੁਨਾਮ, ਚੰਡੀਗੜ੍ਹ ਤੇ ਮੁਹਾਲੀ ਦੇ ਵਿਦਿਆਰਥੀਆਂ ਨੂੰ ਸ਼੍ਰੀ ਚੇਤਨਿਆ ਗਰੁੱਪ ਦੇ ਜੀ. ਐੱਮ., ਡੀ. ਜੀ. ਐੱਮ. ਡਾਇਰੈਕਟਰ ਨਾਗੇਂਦਰ ਅੰਜਨੇਰੂਯ ਵੱਲੋ ਸਨਮਾਨਤ ਕੀਤਾ ਗਿਆ ਅਤੇ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਏ. ਜੀ. ਐੱਮ. ਸ੍ਰੀ ਚੇਤਨਿਆ ਨੇ ਕਿਹਾ ਕਿ ਸ੍ਰੀ ਚੇਤਨਿਆ ਟੈਕਨੋ ਸਕੂਲ ਦੀ ਧੂਰੀ ਬ੍ਰਾਂਚ ਵਿੱਚ ਸੀ.ਬੀ.ਐੱਸ.ਈ. ਬੋਰਡ ਦੇ ਨਤੀਜਿਆਂ ਵਿੱਚੋਂ ਵਧੀਆ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਅਵਨੀ 495/500, ਸੁਖਲੀਨ ਕੌਰ ਮਲਸੀਆਂ 495/500, ਸਿਮਰਪ੍ਰੀਤ ਕੌਰ ਸੁਨਾਮ 493/500, ਅਵਨੀ ਧੂਰੀ 492/500, ਏਂਜਲ ਲੁਥਰਾ ਧੂਰੀ 490/500, ਅਕਸ਼ਿਤ ਗੁਪਤਾ ਮੁਹਾਲੀ 489/500 ਤੇ ਮੋਹਿਤ ਚੰਡੀਗੜ੍ਹ 487/500 ਅੰਕ ਪ੍ਰਾਪਤ ਕਰ ਕੇ ਪੰਜਾਬ ਦਾ ਨਾਮ ਰੌਸ਼ਨ ਕੀਤਾ ਹੈ।ਇਸ ਮੌਕੇ ਉਨ੍ਹਾ ਕਿਹਾ ਕਿ ਸਾਡਾ ਮੁੱਖ ਮਕਸਦ ਬੱਚਿਆਂ ਨੂੰ ਚੰਗੀ ਸਿੱਖਿਆ ਦੇਣਾ ਹੈ ਤਾਂ ਜੋ ਬੱਚੇ ਚੰਗੀ ਪੁਜ਼ੀਸ਼ਨਾਂ ਲੈ ਕੇ ਡਾਕਟਰ, ਇੰਜੀਨੀਅਰ ਬਣ ਕੇ ਆਪਣੇ ਦੇਸ਼ ਦਾ ਨਾਮ ਰੋਸ਼ਨ ਕਰ ਸਕਣ।

## ਸਨਸ਼ਾਈਨ ਕਾਨਵੈਂਟ ਸਕੂਲ 'ਚ ਡੈਂਟਲ ਚੈੱਕਅਪ ਕੈਂਪ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਕੈਂਟ ਸਥਿਤ ਸਨਸ਼ਾਈਨ ਕਾਨਵੈਂਟ ਸਕੂਲ ਵਿੱਚ ਜੈਨੇਸਿਸ ਡੈਂਟਲ ਕਾਲਜ ਵੱਲੋਂ ਇੱਕ ਡੈਂਟਲ ਚੈੱਕਅਪ ਕੈਂਪ ਲਗਾਇਆ ਗਿਆ। ਇਸ ਮੌਕੇ ਡਾ. ਅਰੁਣ, ਡਾ. ਰਾਹੁਲ ਯਾਦਵ, ਡਾ. ਸੁਪ੍ਰਿਆ ਤੇ ਡਾ. ਸਾਵੀ ਵੱਲੋਂ 350 ਤੋਂ ਵੱਧ ਬੱਚਿਆਂ ਦੇ ਦੰਦਾਂ ਦੀ ਜਾਂਚ ਕੀਤੀ ਗਈ। ਇਹ ਜਾਂਚ ਬੱਚਿਆਂ ਦੀ ਸਮੁੱਚੀ ਤੰਦਰੁਸਤੀ ਦੇ ਖੇਤਰ ਵਿੱਚ ਮਾਹਰ ਤੇ ਅਨੁਭਵੀ ਹਨ। ਉਨ੍ਹਾਂ ਬੱਚਿਆਂ ਨੂੰ ਦੰਦਾਂ ਦੀ ਸਫਾਈ, ਨਿਯਮਤ ਜਾਂਚ ਤੇ ਸਿਹਤਮੰਦ ਖੁਰਾਕ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੀ ਮਿਹਨਤ ਤੇ ਸਮਰਪਣ ਕਰਕੇ ਬੱਚਿਆਂ ਨੂੰ ਨਾ-ਸਿਰਫ ਮੁਫ਼ਤ ਜਾਂਚ ਦੀ ਸੁਵਿਧਾ ਮਿਲੀ, ਸਗੋਂ ਔਰਲ ਹੈਲਥ ਬਾਰੇ ਮਹੱਤਵਪੂਰਨ ਜਾਣਕਾਰੀ ਵੀ ਮਿਲੀ। ਸਕੂਲ ਦੀ ਪ੍ਰਿੰਸੀਪਲ ਆਸ਼ੂ ਮੌਂਗਾ ਨੇ ਕੈਂਪ ਦੇ ਆਯੋਜਨ ਦੀ ਸਰਾਹਨਾ ਕਰਦਿਆਂ ਇਸ ਨੂੰ ਸਿਹਤ ਪ੍ਰਤੀ ਜਾਗਰੂਕਤਾ ਵਧਾਉਣ ਵੱਲ ਇੱਕ ਮਹੱਤਵਪੂਰਨ ਕਦਮ ਦੱਸਿਆ। ਇਸ ਮੌਕੇ ਰੁਚੀ ਨਾਰੰਗ, ਰਜਨੀ ਬਾਲਾ, ਮਨਜੀਤ ਕੌਰ ਸਮੇਤ ਹੋਰ ਸਕੂਲ ਸਟਾਫ ਮੈਂਬਰ ਮੌਜੂਦ ਰਹੇ। ਕਾਲਜ ਦੇ ਪੀਆਰਓ ਰਣਜੀਤ ਸਿੰਘ ਤੇ ਮਨਜੀਤ ਸਿੰਘ ਵੱਲੋਂ ਇਸ ਕਾਰਜਕ੍ਰਮ ਦੀ ਸਫਲਤਾ ਵਿਚ ਖਾਸ ਯੋਗਦਾਨ ਪਾਇਆ ਗਿਆ।

## ਸਿੱਖ ਗਰਲਜ਼ ਸੀਨੀ.ਸੈਕੰ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ



**ਜਗਰਾਉਂ (ਅਮਿਤ ਖੰਨਾ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਬੋਰਡ ਦੇ ਨਤੀਜੇ ਵਿੱਚ ਸਿੱਖ ਗਰਲਜ਼ ਸੀਨੀ. ਸੈਕੰ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ।ਪ੍ਰਿੰਸੀਪਲ ਸ੍ਰੀਮਤੀ ਰੇਨੂੰ ਬਾਲਾ ਨੇ ਦੱਸਿਆ ਕਿ ਬਾਰ੍ਹਵੀਂ ਵਿੱਚੋਂ ਜਸਪ੍ਰੀਤ ਕੌਰ ਪੁੱਤਰੀ ਸਤਪਾਲ ਸਿੰਘ ਨੇ 441/500-88% ਅੰਕ ਲੈ ਕੇ ਪਹਿਲਾ ਸਥਾਨ, ਸਨਦੀਪ ਕੌਰ ਪੁੱਤਰੀ ਜਗਰਾਜ ਸਿੰਘ ਨੇ 437/500-87% ਅੰਕ ਲੈ ਕੇ ਦੂਜਾ ਸਥਾਨ ਤੇ ਭਵਨਦੀਪ ਕੌਰ ਪੁੱਤਰੀ ਸਿਕੰਦਰ ਸਿੰਘ 427/500-85% ਅੰਕ ਲੈ ਕੇ ਤੀਜਾ ਸਥਾਨ, ਦਸਵੀਂ ਜਮਾਤ ਵਿੱਚੋਂ ਗੁਰਨੂਰ ਕੌਰ ਪੁੱਤਰੀ ਜਗਤਾਰ ਸਿੰਘ ਨੇ 573/650 88% ਅੰਕ ਲੈ ਕੇ ਪਹਿਲਾ ਸਥਾਨ, ਸੁਖਦੀਪ ਕੌਰ ਪੁੱਤਰੀ ਗੁਰਮੀਤ ਸਿੰਘ ਨੇ 542/650- 83% ਅੰਕ ਲੈ ਕੇ ਦੂਜਾ ਸਥਾਨ ਤੇ ਰਜਨਦੀਪ ਕੌਰ ਪੁੱਤਰੀ ਜੋਗੀ ਸਿੰਘ 512/650-79% ਅੰਕ ਲੈ ਕੇ ਤੀਜਾ ਸਥਾਨ, ਅੱਠਵੀਂ ਜਮਾਤ ਵਿੱਚੋਂ ਵੀਰਪਾਲ ਕੌਰ ਪੁੱਤਰੀ ਬਲਵਿੰਦਰ ਸਿੰਘ ਨੇ 537/600- 89.5% ਅੰਕ ਲੈ ਕੇ ਪਹਿਲਾ ਸਥਾਨ ਮੁਕਤੀ ਪੁੱਤਰੀ ਸ੍ਰੀ ਮੁਕੇਸ਼ ਕੁਮਾਰ ਨੇ 528/600-88% ਅੰਕ ਲੈ ਕੇ ਦੂਜਾ ਸਥਾਨ ਸੁਖਮਨਪ੍ਰੀਤ ਕੌਰ ਪੁੱਤਰੀ ਕੁਲਦੀਪ ਸਿੰਘ ਨੇ 503/600-84% ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕਰਕੇ ਆਪਣੇ ਮਾਪਿਆਂ ਅਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ।

## ਅਸਪਾਲ ਤੇ ਬੋਦੀਵਾਲਾ ਖੜਕ ਸਿੰਘ 'ਚ ਨਸ਼ਾ ਮੁਕਤੀ ਯਾਤਰਾ ਅਧੀਨ ਰੱਖਿਆ ਕਮੇਟੀਆਂ ਨਾਲ ਮੀਟਿੰਗਾਂ



**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਚਲਾਏ ਜਾ ਰਹੇ 'ਯੁੱਧ ਨਸ਼ਿਆਂ ਦੇ ਵਿਰੁੱਧ' ਮੁਹਿੰਮ ਤਹਿਤ ਹਲਕਾ ਲੰਬੀ ਅਧੀਨ ਆਉਂਦੇ ਪਿੰਡ ਅਸਪਾਲ ਤੇ ਬੋਦੀਵਾਲਾ ਖੜਕ ਸਿੰਘ ਵਿਖੇ ਨਸ਼ਾ ਮੁਕਤੀ ਯਾਤਰਾ ਅਧੀਨ ਰੱਖਿਆ ਕਮੇਟੀਆਂ ਨਾਲ ਮੀਟਿੰਗਾਂ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕੀਤੀਆਂ। ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦਾ ਉਦੇਸ਼ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਪੇਟ ਤੋਂ ਬਾਹਰ ਕੱਢਣਾ ਅਤੇ ਉਨ੍ਹਾਂ ਦੀ ਨਰੋਈ ਸਿਹਤ ਅਤੇ ਉੱਜਵਲ ਭਵਿੱਖ ਵੱਲ ਅਗਵਾਈ ਕਰਨਾ ਹੈ। ਪੰਜਾਬ ਸਰਕਾਰ ਨਸ਼ਿਆਂ ਦੇ ਖਿਲਾਫ ਜੰਗ ਨੂੰ ਪੂਰੀ ਗੰਭੀਰਤਾ ਨਾਲ ਲੜ ਰਹੀ ਹੈ ਅਤੇ ਇਸ ਦੇ ਲਈ ਜ਼ਮੀਨੀ ਪੱਧਰ 'ਤੇ ਜਾਗਰੂਕਤਾ ਫੈਲਾਉਣਾ ਬਹੁਤ ਜ਼ਰੂਰੀ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਨਸ਼ਾ ਵੇਚਣ ਤੇ ਫੈਲਾਉਣ ਵਾਲਿਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਸਰਕਾਰ ਦੇ ਯਤਨਾਂ ਸਦਕਾ ਸੈਂਕੜੇ ਤਸਕਰ ਜੇਲ੍ਹਾਂ ਵਿੱਚ ਹਨ। ਉਨ੍ਹਾਂ ਕਿਹਾ ਕਿ ਇਹ ਯਤਨ ਕਿਸੇ ਇੱਕ ਦਿਨ ਤਕ ਹੀ ਨਹੀਂ ਰਹਿਣਗੇ ਬਲਕਿ ਹਰ ਪਿੰਡ ਤੇ ਹਰ ਗਲੀ ਤੱਕ ਨਸ਼ਾ ਮੁਕਤ ਕੀਤਾ ਜਾਵੇਗਾ। ਪੰਜਾਬ ਸਰਕਾਰ ਵੱਲੋਂ ਸਿਹਤ ਵਿਭਾਗ, ਪੁਲਸ ਪ੍ਰਸ਼ਾਸਨ ਤੇ ਸਮਾਜਿਕ ਸੰਗਠਨਾਂ ਦੇ ਸਹਿਯੋਗ ਨਾਲ ਨਸ਼ਾ ਮੁਕਤੀ ਲਈ ਚਲਾਏ ਜਾ ਰਹੇ ਇਸ ਸਾਂਝੇ ਯਤਨ ਨੂੰ ਲੋਕਾਂ ਦਾ ਪੂਰਨ ਸਮਰਥਨ ਮਿਲ ਰਿਹਾ ਹੈ।

## ਨਵੀਂ ਅਧਿਆਪਕਾ ਏਕਤਾ ਰਾਣੀ ਨੇ ਨੌਕਰੀ ਜੁਆਇਨ ਕੀਤੀ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪਿੰਡ ਮਾਛੀਕੇ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਨਵੇਂ ਭਰਤੀ ਹੋ ਕੇ ਆਏ ਟੀਚਰ ਏਕਤਾ ਰਾਣੀ ਨੂੰ ਹਲਕਾ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਐਮ.ਐਲ.ਏ ਨੇ ਜੁਆਇਨ ਕਰਾਇਆ। ਇਸ ਸਮੇਂ ਹਾਜ਼ਰ ਸਰਪੰਚ ਜਗਮੋਹਨ ਸਿੰਘ, ਕੌ ਸਿੱਖਿਆ ਕੋਆਰਡੀਨੇਟਰ ਜਗਦੇਵ ਸਿੰਘ ਬੱਬੂ ਮਾਛੀਕੇ, ਪੰਚਾਇਤ ਮੈਂਬਰ ਬਿੱਟੂ ਆਹਲੂਵਾਲੀਆ, ਪੰਚਾਇਤ ਮੈਂਬਰ ਹਾਕਮ ਸਿੰਘ, ਪੰਚਾਇਤ ਮੈਂਬਰ ਹੈਪੀ, ਪੰਚਾਇਤ ਮੈਂਬਰ ਮੰਗਲ ਸਿੰਘ, ਪੰਚਾਇਤ ਮੈਂਬਰ ਗੁਰਪਿਆਰ ਸਿੰਘ, ਪੰਚਾਇਤ ਮੈਂਬਰ ਜਗਜੀਤ ਸਿੰਘ ਭੂਟੋ, ਹਰਦੀਪ ਸਿੰਘ ਮੱਤੂ ਆਹੂਤੀਆ, ਮਾਸਟਰ ਸੁੱਖੀ, ਨੰਨਾ ਆਪ ਆਗੂ, ਸੁਸਾਇਟੀ ਪ੍ਰਧਾਨ ਬੂਟਾ ਸਿੰਘ, ਕਰਮਜੀਤ ਸਿੰਘ ਕੌਮਾਂ ਸਾਬਕਾ ਪੰਚ, ਬਲਜੀਤ ਠੇਕੇਦਾਰ, ਮੁੱਖ ਅਧਿਆਪਕ ਕੁਲਵਿੰਦਰ ਕੌਰ, ਮੈਡਮ ਲਖਜੀਤ ਕੌਰ, ਮੈਡਮ ਬਲਵਿੰਦਰ ਕੌਰ, ਅਮਨਦੀਪ ਸਿੰਘ, ਜਗਵਿੰਦਰ ਸਿੰਘ, ਮੈਡਮ ਮਨਦੀਪ ਕੌਰ ਪਿੰਡ ਵਾਸੀ ਹਾਜ਼ਰ ਸਨ।

## ਸ਼ਾਨਦਾਰ ਪ੍ਰਦਰਸ਼ਨ ਵਾਲੇ ਵਿਦਿਆਰਥੀ ਸਨਮਾਨਤ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਲਾਲਾ ਕਸਤੂਰੀ ਲਾਲ ਸਰਵਹਿੱਤਕਾਰੀ ਸੀਨੀਅਰ ਸੈਕੰਡਰੀ ਵਿਦਿਆ ਮੰਦਰ ਵਿਖੇ 10ਵੀਂ ਤੇ 12ਵੀਂ ਜਮਾਤ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਲਈ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਵਿੱਚ ਮੁੱਖ ਮਹਿਮਾਨ ਅਤੇ ਮਾਪਿਆਂ ਨੇ ਮਾਤਾ ਸਰਸਵਤੀ ਦੀ ਮੂਰਤੀ ਦੇ ਸਾਹਮਣੇ ਜੋਤ ਜਗਾਈ ਤੇ ਸਰਸਵਤੀ ਵੰਦਨਾ ਕੀਤੀ।ਇਸ ਪੁਰਸਕਾਰ ਵੰਡ ਸਮਾਰੋਹ ਵਿੱਚ ਮੈਡਮ ਕਿਰਨਦੀਪ ਕੌਰ ਬਰਾੜ (ਪ੍ਰਧਾਨ ਨਗਰ ਕੌਂਸਲ) ਮੁੱਖ ਮਹਿਮਾਨ ਸਨ।ਉਨ੍ਹਾਂ ਨੇ ਬੋਰਡ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਮੈਡਲ ਦੇ ਕੇ ਸਨਮਾਨਤ ਕੀਤਾ।ਪ੍ਰੋਗਰਾਮ ਵਿੱਚ ਸਕੂਲ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਪ੍ਰੇਮ ਪ੍ਰਕਾਸ਼, ਮੈਨੇਜਰ ਗੁਰਪ੍ਰੀਤ ਸਿੰਘ ਤੇ ਪ੍ਰਬੰਧਕ ਕਮੇਟੀ ਦੇ ਮੈਂਬਰ ਰਾਕੇਸ਼ ਕੁਮਾਰ, ਰਾਜੀਵ ਕੁਮਾਰ ਬੱਚਿਆਂ ਨੂੰ ਸਨਮਾਨਤ ਕਰਨ ਲਈ ਮੌਜੂਦ ਸਨ।ਮੈਨੇਜਰ ਗੁਰਪ੍ਰੀਤ ਸਿੰਘ ਨੇ ਸਾਰੇ ਬੱਚਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਤੇ ਸਕੂਲ ਨੂੰ 60 ਕੁਰਸੀਆਂ ਦਾਨ ਕੀਤੀਆਂ ਤੇ ਸਕੂਲ ਦੀ ਤਰੱਕੀ ਦੀ ਕਾਮਨਾ ਕੀਤੀ।ਸਮਾਗਮ ਵਿੱਚ ਮੌਜੂਦ ਸਾਰੇ ਮਾਪਿਆਂ ਅਤੇ ਬੱਚਿਆਂ ਦਾ ਧੰਨਵਾਦ ਕਰਦਿਆਂ ਰੂਬੀ ਬਰਾੜ ਨੇ ਵਿਦਿਆਰਥੀਆਂ ਦੀ ਸਖ਼ਤ ਮਿਹਨਤ ਤੇ ਅਧਿਆਪਕਾਂ ਦੇ ਮਾਰਗਦਰਸ਼ਨ ਦੀ ਪ੍ਰਸ਼ੰਸਾ ਕੀਤੀ।ਸਕੂਲ ਪ੍ਰਿੰਸੀਪਲ ਰਾਜਿੰਦਰ ਪਟਿਆਲਾ ਨੇ ਸਾਰਿਆਂ ਦਾ ਸਵਾਗਤ ਕੀਤਾ ਤੇ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦੇ ਹਨ ਤੇ ਭਵਿੱਖ ਵਿੱਚ ਵੀ ਵਧੀਆ ਪ੍ਰਦਰਸ਼ਨ ਕਰਨ ਲਈ ਪ੍ਰੇਰਤ ਕਰਦੇ ਹਨ।ਉਨ੍ਹਾਂ ਮਾਪਿਆਂ ਨੂੰ ਸਕੂਲ ਵਿੱਚ ਚੱਲ ਰਹੀਆਂ ਖੇਡ ਗਤੀਵਿਧੀਆਂ ਤੇ ਹੋਰ ਪ੍ਰੋਗਰਾਮਾਂ ਬਾਰੇ ਵੀ ਜਾਣਕਾਰੀ ਦਿੱਤੀ।

# ਪੁਲਸ ਨੇ 'ਨਸ਼ਿਆਂ ਖਿਲਾਫ ਯੁੱਧ' ਸਮਾਜਿਕ ਸੰਪਰਕ ਪ੍ਰੋਗਰਾਮ ਕਰਾਇਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ/ਓਮ ਪ੍ਰਕਾਸ਼ ਸੇਖੂ)**

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪੁਲਿਸ ਵੱਲੋਂ ਨਸ਼ਿਆਂ ਦੇ ਖ਼ਿਲਾਫ ਲਗਾਤਾਰ ਲੜਾਈ ਨੂੰ ਹੋਰ ਮਜ਼ਬੂਤ ਕਰਨ ਲਈ ਇੱਕ ਵੱਡਾ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਹ ਪ੍ਰੋਗਰਾਮ ਐਸ.ਐਸ.ਪੀ ਡਾ. ਅਖਿਲ ਚੌਧਰੀ ਆਈ.ਪੀ.ਐਸ ਦੀ ਅਗਵਾਈ ਵਿੱਚ ਕਰਾਇਆ ਗਿਆ, ਜਿਸਦਾ ਮੁੱਖ ਉਦੇਸ਼ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਲੋਕਾਂ ਨੂੰ ਜਾਗਰੂਕ ਕਰਨਾ ਤੇ ਨੌਜਵਾਨਾਂ ਨੂੰ ਨਸ਼ਿਆਂ ਦੇ ਵਿਰੁੱਧ ਪ੍ਰੇਰਿਤ ਕਰਨਾ ਹੈ।ਇਸ ਮੁਹਿੰਮ ਤਹਿਤ ਪਹਿਲਾਂ ਵੀ ਪੁਲਿਸ ਦੀਆਂ ਅਲੱਗ-ਅਲੱਗ ਟੀਮਾਂ ਪਿੰਡਾਂ, ਸ਼ਹਿਰਾਂ, ਸਕੂਲਾਂ ਤੇ ਕਾਲਜਾਂ ਵਿੱਚ ਜਾ ਕੇ ਜਾਗਰੂਕ ਪ੍ਰੋਗਰਾਮ ਕਰਵਾ ਰਹੀਆਂ ਹਨ ਤੇ ਵਿਦਿਆਰਥੀਆਂ ਤੇ ਲੋਕਾਂ ਨੂੰ ਨਸ਼ਿਆਂ ਦੇ ਭਿਆਨਕ ਪ੍ਰਭਾਵਾਂ ਬਾਰੇ ਵਿਸਥਾਰ ਨਾਲ ਜਾਣੂ ਕਰਾਇਆ ਜਾ ਰਿਹਾ ਹੈ।ਮਲੋਟ ਵਿਖੇ ਵੀ ਇਸ ਜਾਗਰੂਕਤਾ ਮੁਹਿੰਮ ਦੇ ਤਹਿਤ ਇੱਕ ਵਿਸ਼ੇਸ਼ ਸੰਪਰਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪਿੰਡਾਂ ਅਤੇ ਸ਼ਹਿਰਾਂ ਤੋਂ ਮੋਹਤਬਰ ਵਿਅਕਤੀਆਂ ਨੇ ਹਿੱਸਾ ਲਿਆ।ਇਸ ਮੌਕੇ ਡਾ. ਅਖਿਲ ਚੌਧਰੀ ਆਈ.ਪੀ.ਐਸ ਐਸ.ਐਸ.ਪੀ, ਡੀ.ਐਸ.ਪੀ ਮਲੋਟ ਸ੍ਰੀ ਇਕਬਾਲ ਸਿੰਘ, ਇੰਸਪੈਕਟਰ ਦਵਿੰਦਰ ਕੁਮਾਰ ਤੇ ਇੰਸਪੈਕਟਰ ਹਰਪ੍ਰੀਤ ਸਿੰਘ ਨੇ ਲੋਕਾਂ ਨਾਲ ਮੁਲਾਕਾਤ ਕੀਤੀ, ਨਸ਼ਿਆਂ ਖਿਲਾਫ਼ ਪੁਲਸ ਦੀਆਂ ਕਾਰਵਾਈਆਂ ਬਾਰੇ ਸੂਚਿਤ ਕੀਤਾ ਤੇ ਲੋਕਾਂ ਪਾਸੋਂ ਸੁਝਾਅ ਲਏ ਗਏ।ਐਸ.ਐਸ.ਪੀ ਨੇ ਨਸ਼ਾ ਸਮਗਲਰਾਂ ਖ਼ਿਲਾਫ਼ ਕੀਤੀਆਂ ਜਾ ਰਹੀਆਂ ਸਖਤ ਕਾਰਵਾਈਆਂ ਦਾ ਜ਼ਿਕਰ ਕੀਤਾ।ਉਨ੍ਹਾਂ ਦੱਸਿਆ ਕਿ ਪੁਲਸ ਵੱਲੋਂ ਸਿਰਫ ਨਸ਼ਾ ਵੇਚਣ ਵਾਲਿਆਂ ਖ਼ਿਲਾਫ਼ ਹੀ ਕਾਰਵਾਈ ਨਹੀਂ ਕੀਤੀ ਜਾ ਰਹੀ, ਬਲਕਿ ਨਸ਼ਿਆਂ ਦੀ ਦਲਦਲ ਵਿੱਚ ਫਸੇ ਨੌਜਵਾਨਾਂ ਨੂੰ ਬਚਾਉਣ ਲਈ ਵੀ ਪੁਲਸ ਵੱਲੋਂ ਜ਼ਰੂਰੀ ਮਦਦ ਮੁਹੱਈਆ ਕਰਾਈ ਜਾ ਰਹੀ ਹੈ।ਨਸ਼ਿਆਂ ਨਾਲ ਲੜਾਈ ਵਿੱਚ ਇਲਾਜ ਅਤੇ ਪ੍ਰੇਰਣਾ ਦੀ ਬਹੁਤ ਵੱਡੀ ਭੂਮਿਕਾ ਹੈ ਤੇ ਇਸ ਲਈ ਜੋ ਨੌਜਵਾਨ ਨਸ਼ਿਆਂ ਵਿੱਚ ਫਸ ਚੁੱਕੇ ਹਨ, ਉਹਨਾਂ ਨੂੰ ਸਰਕਾਰੀ ਨਸ਼ਾ ਛੁਡਾਉ ਸੈਂਟਰਾਂ ਵਿੱਚ ਇਲਾਜ ਲਈ ਭੇਜਿਆ ਜਾ ਰਿਹਾ ਹੈ।

## ਨਸ਼ੇ ਦੇ ਟੀਕਿਆਂ ਤੇ ਗੋਲੀਆਂ ਸਮੇਤ ਦੋ ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੀਤੇ 24 ਘੰਟਿਆਂ ਦੌਰਾਨ ਜ਼ਿਲ੍ਹੇ 'ਚ ਦੋ ਵੱਖ-ਵੱਖ ਥਾਂਵਾਂ ਤੋਂ ਪੁਲਿਸ ਵੱਲੋਂ ਦੋ ਵਿਅਕਤੀਆਂ ਨੂੰ ਨਸ਼ੀਲੇ ਪਦਾਰਥਾਂ ਸਮੇਤ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ।ਜਾਣਕਾਰੀ ਅਨੁਸਾਰ ਥਾਣਾ ਬਸੀ ਪਠਾਣਾਂ ਦੀ ਇੱਕ ਪੁਲਿਸ ਪਾਰਟੀ ਗਸ਼ਤ ਕਰਦੀ ਹੋਈ ਪਿੰਡ ਫ਼ਤਹਿਪੁਰ ਤੋਂ ਪੁਲਿਸ ਲਾਈਨ ਵੱਲ ਨੂੰ ਜਾ ਰਿਹਾ ਸੀ।ਜਿਸ ਦੌਰਾਨ ਪੈਦਲ ਤੁਰੇ ਆ ਰਹੇ ਕੁਲਵਿੰਦਰ ਸਿੰਘ ਵਾਸੀ ਪਿੰਡ ਮੁੱਲਾਂਪੁਰ ਨੇ ਪੁਲਿਸ ਨੂੰ ਦੇਖ ਕੇ ਹੱਥ 'ਚ ਫੜਿਆ ਲਿਫਾਫਾ ਪਰੇ ਸੁੱਟ ਦਿੱਤਾ ਤੇ ਉੱਥੋਂ ਖਿਸਕਣ ਦੀ ਕੋਸ਼ਿਸ਼ ਕੀਤੀ।ਜਿਸ ਨੂੰ ਕਾਬੂ ਕਰਕੇ ਕੀਤੀ ਗਈ ਚੈਕਿੰਗ ਦੌਰਾਨ ਲਿਫਾਫੇ 'ਚੋਂ ਨਸ਼ੇ ਦੀਆਂ 40 ਗੋਲੀਆਂ ਬਰਾਮਦ ਹੋਈਆਂ।ਇਸ ਸਬੰਧੀ ਥਾਣਾ ਬਸੀ ਪਠਾਣਾਂ ਵਿਖੇ ਅ/ਧ 22 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕਰਾਏ ਗਏ ਮੁਕੱਦਮੇ 'ਚ ਕੁਲਵਿੰਦਰ ਸਿੰਘ ਨੂੰ ਗ੍ਰਿਫਤਾਰ ਕਰਕੇ ਥਾਣਾ ਬਸੀ ਪਠਾਣਾਂ ਦੀ ਪੁਲਿਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।ਇੱਕ ਵੱਖਰੇ ਮਾਮਲੇ 'ਚ ਗਸ਼ਤ ਕਰ ਰਹੀ ਥਾਣਾ ਖੇੜੀ ਨੌਧ ਸਿੰਘ ਦੀ ਇੱਕ ਪੁਲਿਸ ਪਾਰਟੀ ਵੱਲੋਂ ਪਿੰਡ ਮੁਸਤਫਾਬਾਦ ਦੇ ਸ਼ਮਸ਼ਾਨਘਾਟ ਨਜ਼ਦੀਕ ਸ਼ੱਕ ਦੇ ਅਧਾਰ 'ਤੇ ਕਾਬੂ ਕੀਤੇ ਗਏ ਗਗਨਦੀਪ ਸਿੰਘ ਵਾਸੀ ਪਿੰਡ ਢੋਲੇਵਾਲ ਦੀ ਤਲਾਸ਼ੀ ਕੀਤੀ ਗਈ ਤਾਂ ਉਸਦੇ ਕਬਜ਼ੇ 'ਚੋਂ 5 ਟੀਕੇ ਬਿਉਰਪਰੋਨੋਰਫਿਨ ਤੇ 5 ਸ਼ੀਸ਼ੀਆਂ ਏਵਲ ਬਰਾਮਦ ਹੋਈਆਂ।ਇਸ ਸਬੰਧੀ ਥਾਣਾ ਖੇੜੀ ਨੌਧ ਸਿੰਘ ਵਿਖੇ ਅ/ਧ 22(ਬੀ) ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕਰਵਾਏ ਗਏ ਮੁਕੱਦਮੇ ਚ ਗਗਨਦੀਪ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਸਹਾਇਕ ਥਾਣੇਦਾਰ ਜਗਦੀਪ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

## ਮੱਕੀ ਦੀ ਫਸਲ ਵਾਹ ਕੇ ਜ਼ਮੀਨ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼, 9 ਖਿਲਾਫ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੇ ਅਧੀਨ ਆਉਂਦੇ ਪਿੰਡ ਪੱਲਾ ਮੇਘਾ ਵਿਖੇ ਇਕ ਵਿਅਕਤੀ ਦੀ ਜ਼ਮੀਨ ਵਿੱਚ ਬੀਜੀ ਮੱਕੀ ਦੀ ਫਸਲ ਵਾਹ ਕੇ ਜ਼ਮੀਨ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕਰਨ ਦੇ ਦੋਸ਼ 'ਚ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ 4 ਬਾਏ ਨੇਮ ਵਿਅਕਤੀਆਂ ਤੇ 4-5 ਅਣਪਛਾਤੇ ਵਿਅਕਤੀਆਂ ਖਿਲਾਫ 329, 351, 324, 190, 191 (3) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਸੁਖਦੇਵ ਸਿੰਘ ਪੁੱਤਰ ਭੋਲਾ ਸਿੰਘ ਵਾਸੀ ਪਿੰਡ ਪੱਲਾ ਮੇਘਾ ਨੇ ਦੱਸਿਆ ਕਿ ਉਸ ਦੀ ਪੈਲੀ ਦੇਦੇ ਨਾਲ ਪਿੰਡ ਪੱਲਾ ਮੇਘਾ ਵਿੱਚ ਮਲਕੀਤ ਸਿੰਘ ਪੁੱਤਰ ਬਲਵੀਰ ਸਿੰਘ ਦੀ ਪੈਲੀ ਹੈ। ਸੁਖਦੇਵ ਸਿੰਘ ਨੇ ਦੱਸਿਆ ਕਿ 19 ਮਈ 2025 ਨੂੰ ਦੋਸ਼ੀਆਨ ਕੁਲਵਿੰਦਰ ਸਿੰਘ ਪੁੱਤਰ ਮਲਕੀਤ ਸਿੰਘ, ਮਲਕੀਤ ਸਿੰਘ, ਸਰਬਜੀਤ ਸਿੰਘ ਪੁੱਤਰ ਮਲਕੀਤ ਸਿੰਘ ਵਾਸੀਅਨ ਪਿੰਡ ਪੱਲਾ ਮੇਘਾ, ਰਾਜਬੀਰ ਸਿੰਘ ਪੁੱਤਰ ਪ੍ਰਗਟ ਸਿੰਘ ਵਾਸੀ ਪਿੰਡ ਸਾਬੂਆਣਾ ਤੇ 4-5 ਅਣਪਛਾਤੇ ਵਿਅਕਤੀਆਂ ਨੇ ਮਿਲ ਕੇ ਹਥਿਆਰਾਂ ਨਾਲ ਲੈਸ ਹੋ ਕੇ ਉਸ ਦੀ ਮੱਕੀ ਦੀ ਫਸਲ ਵਾਹ ਦਿੱਤੀ ਅਤੇ ਉਸ ਦੀ ਪੈਲੀ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਕੁਲਵੰਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਸਾਬਕਾ ਡੀ ਐੱਸ ਪੀ ਚੇਤਾ ਸਿੰਘ ਦਾ ਸਰਕਾਰੀ ਸਨਮਾਨਾਂ ਨਾਲ ਸਸਕਾਰ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਐਥਲੀਟਾਂ ਦੇ ਐਥਲੀਟ, ਭਲਵਾਨਾਂ ਦੇ ਭਲਵਾਨ ਤੇ ਆਪਣੇ ਵਕਤ ਦੇ ਕਬੱਡੀ ਜਗਤ ਵਿੱਚ ਧਰੂ ਤਾਰੇ ਵਾਂਗ ਚਮਕਦੇ ਰਹੇ ਸ੍ਰ. ਚੇਤਾ ਸਿੰਘ ਸਾਬਕਾ ਡੀ ਐੱਸ ਪੀ ਤਲਵੰਡੀ ਸਾਬੋ ਵਾਲਿਆਂ ਦਾ ਲੰਘੇ ਦਿਨੀਂ ਲੁਧਿਆਣਾ ਦੇ ਇੱਕ ਹਸਪਤਾਲ ਵਿੱਚ ਦੇਹਾਂਤ ਹੋ ਜਾਣ ਪਿੱਛੋਂ ਇਹ ਖਬਰ ਲਿਖੇ ਜਾਣ ਤੋਂ ਕੁਝ ਪਲ ਪਹਿਲਾਂ ਤਲਵੰਡੀ ਸਾਬੋ ਦੇ ਇੱਕ ਸ਼ਮਸ਼ਾਨ ਘਾਟ ਵਿਖੇ ਅੰਤਿਮ ਸੰਸਕਾਰ ਕਰ ਦਿੱਤਾ ਗਿਆ।ਸ੍ਰ. ਚੇਤਾ ਸਿੰਘ ਤਲਵੰਡੀ ਸਾਬੋ ਸ਼ਹਿਰ ਤੇ ਆਲੇ ਦੁਆਲੇ ਦੇ ਇਲਾਕੇ ਲਈ ਇੱਕ ਜਾਣੀ ਪਛਾਣੀ ਸ਼ਖ਼ਸੀਅਤ ਸਨ।ਥੁੜਾਂ ਮਾਰੇ ਲੋਕਾਂ ਦੀ ਹਰ ਮੁਸੀਬਤ ਮੌਕੇ ਉਨ੍ਹਾਂ ਦੇ ਨਾਲ ਖੜਨਾ ਸ਼ਾਇਦ ਉਨ੍ਹਾਂ ਦੀ ਪਿਤਾ ਪੁਰਖੀ ਵਿਰਾਸਤ ਸੀ, ਜਿਸ ਨੂੰ ਉਨ੍ਹਾਂ ਆਖਰੀ ਦਮ ਤੱਕ ਸੰਭਾਲੀ ਰੱਖਿਆ।ਗੁਰਦੁਆਰਾ ਮਸਤੂਆਣਾ ਸਾਹਿਬ ਨੇੜਲੇ ਇੱਥੋਂ ਦੇ ਇੱਕ ਸ਼ਮਸ਼ਾਨ ਘਾਟ ਵਿਖੇ ਪੁਲਸ ਦੇ ਪ੍ਰੋਟੋਕੋਲ ਅਨੁਸਾਰ ਇੱਕ ਪੁਲਸ ਪਾਰਟੀ ਵੱਲੋਂ ਮਾਤਮੀ ਧੁੰਨ ਵਜਾਉਣ ਉਪਰੰਤ ਪੁਲਸ ਟੁਕੜੀ ਵੱਲੋਂ ਸਲਾਮੀ ਦਿੱਤੇ ਜਾਣ ਪਿੱਛੋਂ ਸ੍ਰ. ਚੇਤਾ ਸਿੰਘ ਦੀ ਮ੍ਰਿਤਕ ਦੇਹ ਨੂੰ ਉਨ੍ਹਾਂ ਦੇ ਐਡਵੋਕੇਟ ਸਪੁੱਤਰ ਸ੍ਰ. ਸਤਿੰਦਰਪਾਲ ਸਿੰਘ ਪ੍ਰਧਾਨ ਬਾਰ ਐਸੋਸੀਏਸ਼ਨ ਤਲਵੰਡੀ ਸਾਹਿਬੋ ਨੇ ਅਗਨੀ ਵਿਖਾਈ।ਸ੍ਰ. ਚੇਤਾ ਸਿੰਘ ਦੁਰਾਨੇ ਸਰਵਿਸ ਭਾਵੇਂ ਝੁਨੀਰ, ਭਿੱਖੀ, ਮਾਨਸਾ ਤੇ ਜੋਗਾ ਥਾਣੇ ਵਰਗੇ ਕਮਿਊਨਿਸਟ ਪ੍ਰਭਾਵ ਵਾਲੇ ਇਲਾਕਿਆਂ ਵਿੱਚ ਵੀ ਮੁੜ ਮੁੜ ਐੱਸ ਐੱਚ ਓ ਲੱਗਦੇ ਰਹੇ, ਪ੍ਰੰਤੂ ਛੇਤੀ ਕੀਤਿਆਂ ਪੁਲਸ ਤੇ ਪਬਲਿਕ ਦਰਮਿਆਨ ਪੈਦਾ ਹੋਣ ਵਾਲੇ ਮੁੱਦਿਆਂ ਨੂੰ ਨਹੀਂ ਸੀ ਉਭਰਨ ਦਿੰਦੇ। ਇਹ ਸ਼ਾਇਦ ਉਨ੍ਹਾਂ ਦੀ ਬੋਲ ਚਾਲ ਤੇ ਹਲੀਮੀ ਦਾ ਹੀ ਹੁਨਰ ਸੀ।ਉਨ੍ਹਾਂ ਦੇ ਇੱਥੇ ਹੋਏ ਸੰਸਕਾਰ ਮੌਕੇ ਕੇਵਲ ਤਲਵੰਡੀ ਸਾਬੋ ਹੀ ਨਹੀਂ, ਸਗੋਂ ਇੱਥੋਂ ਦੇ ਸਾਰੇ ਨਵੇਂ ਪੁਰਾਣੇ ਪੰਚਾਂ ਸਰਪੰਚਾਂ ਤੇ ਕੌਂਸਲਰਾਂ ਤੋਂ ਇਲਾਵਾ ਵਕੀਲ ਭਾਈਚਾਰੇ ਸਮੇਤ ਇਲਾਕਾ ਭਰਦੀਆਂ ਲਗਭਗ ਤਮਾਮ ਸਿਆਸੀ, ਸਮਾਜੀ ਤੇ ਧਾਰਮਿਕ ਸ਼ਖ਼ਸੀਅਤਾਂ ਹਾਜ਼ਰ ਸਨ।

# ਸੰਵਿਧਾਨ ਬਚਾਓ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਕਾਂਗਰਸੀ ਪੱਬਾਂ ਭਾਰ



**ਸ਼ੇਰਪੁਰ (ਰਵੀ ਟਿੱਬਾ)**-ਪੰਜਾਬ ਕਾਂਗਰਸ ਕਮੇਟੀ ਬਲਾਕ ਸ਼ੇਰਪੁਰ ਦੀ ਇੱਕ ਵਿਸ਼ੇਸ਼ ਬੈਠਕ ਕੁਲਦੀਪ ਸਿੰਘ ਕਾਲਾ ਢਿੱਲੋਂ ਕਾਂਗਰਸ ਜ਼ਿਲ੍ਹਾ ਪ੍ਰਧਾਨ ਤੇ ਹਲਕਾ ਵਿਧਾਇਕ ਬਰਨਾਲਾ ਦੀ ਅਗਵਾਈ ਹੇਠ 02 ਜੂਨ ਨੂੰ ਬਰਨਾਲਾ ਵਿਖੇ ਹੋਣ ਵਾਲੀ ਸੰਵਿਧਾਨ ਬਚਾਓ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਬਹਾਦਰ ਸਿੰਘ ਢੰਡਾ ਬਲਾਕ ਕਿਸਾਨ ਆਗੂ ਦੇ ਗ੍ਰਹਿ ਸ਼ੇਰਪੁਰ ਵਿਖੇ ਹੋਈ।ਕਾਂਗਰਸ ਦੇ ਬਲਾਕ ਪ੍ਰਧਾਨ ਜਸਮੇਲ ਬੜੀ ਦੇ ਸੱਦੇ 'ਤੇ ਇਕੱਤਰ ਹੋਏ ਦੋਵਾਂ ਵਿਧਾਨ ਸਭਾ ਹਲਕਿਆਂ ਬਰਨਾਲਾ ਤੇ ਮਹਿਲ ਕਲਾਂ ਦੇ ਵੱਡੀ ਗਿਣਤੀ ਆਗੂਆਂ ਤੇ ਅਹੁਦੇਦਾਰਾਂ ਨੇ ਹਿੱਸਾ ਲਿਆ।

ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਨੇ ਬੈਠਕ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੰਵਿਧਾਨ ਬਚਾਓ ਰੈਲੀ ਸਿਰਫ਼ ਇਕ ਰੈਲੀ ਨਹੀਂ, ਸਗੋਂ ਇਕ ਸੰਘਰਸ਼ ਹੈ, ਜਿਸ ਰਾਹੀਂ ਅਸੀਂ ਭਾਜਪਾ ਵੱਲੋਂ ਸੰਵਿਧਾਨ 'ਤੇ ਕੀਤੇ ਜਾ ਰਹੇ ਹਮਲਿਆਂ ਦਾ ਜਵਾਬ ਦੇਣਾ ਹੈ।ਕਾਂਗਰਸ ਪਾਰਟੀ ਦੇ ਹਰ ਅਹੁਦੇਦਾਰ ਤੇ ਹਰ ਵਰਕਰ ਦੀ ਜ਼ਿੰਮੇਵਾਰੀ ਹੈ ਕਿ ਉਹ 02 ਜੂਨ ਨੂੰ ਬਰਨਾਲਾ ਵਿਖੇ ਆਪਣੀ ਹਾਜ਼ਰੀ ਯਕੀਨੀ ਬਣਾਵੇ।ਬਲਾਕ ਕਾਂਗਰਸ ਕਮੇਟੀ ਸ਼ੇਰਪੁਰ ਦੇ ਪ੍ਰਧਾਨ ਜਸਮੇਲ ਸਿੰਘ ਬੜੀ, ਅਮਨਦੀਪ ਸਿੰਘ ਬਧੇਸਾ ਵਾਈਸ ਪ੍ਰਧਾਨ, ਸੀਨੀਅਰ ਯੂਥ ਆਗੂ ਬਨੀ ਖੈਰਾ, ਗੁਰਮੇਲ ਸਿੰਘ ਮੌੜ, ਜਸਮੇਲ ਸਿੰਘ ਡੇਅਰੀਵਾਲਾ, ਸੂਬਾਈ ਕਿਸਾਨ ਆਗੂ ਰਣਜੀਤ ਸਿੰਘ ਧਾਲੀਵਾਲ, ਠੇਕੇਦਾਰ ਸੰਜੇ ਸਿੰਗਲਾ ਜ਼ਿਲ੍ਹਾ ਕਮੇਟੀ ਮੈਂਬਰ, ਡਾਕਟਰ ਅਮਰਜੀਤ ਸਿੰਘ ਮਹਿਲ ਕਲਾਂ, ਐਡਵੋਕੇਟ ਜਸਬੀਰ ਸਿੰਘ ਖੇੜੀ ਨੇ ਸਾਂਝੇ ਤੌਰ 'ਤੇ ਬੈਠਕ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕਾਂਗਰਸ ਪਾਰਟੀ ਸੰਵਿਧਾਨ ਦੀ ਰਾਖੀ ਲਈ ਸਿਰਫ਼ ਬੋਲਦੀ ਹੀ ਨਹੀਂ, ਸਗੋਂ ਮੈਦਾਨ ਵਿਚ ਆ ਕੇ ਕੰਮ ਕਰਦੀ ਹੈ।ਸਾਡਾ ਟੀਚਾ ਹਰੇਕ ਪਿੰਡ, ਹਰੇਕ ਘਰ ਤਕ ਬਾਬਾ ਸਾਹਿਬ ਅੰਬੇਡਕਰ ਦੇ ਸੁਪਨਿਆਂ ਨੂੰ ਪਹੁੰਚਾਉਣਾ ਹੈ।ਇਸ ਦੌਰਾਨ ਵਰਕਰਾਂ ਨੂੰ ਬਰਨਾਲਾ ਰੈਲੀ ਵਿੱਚ ਭੇਜਣ ਲਈ ਟੀਮਾਂ ਬਣਾਈਆਂ ਗਈਆਂ ਤੇ ਆਪਣੇ-ਆਪਣੇ ਖੇਤਰ ਵਿੱਚ ਸੰਪਰਕ ਮੁਹਿੰਮ ਤੇ ਲਗਾਤਾਰ ਜਨ ਸੰਪਰਕ ਚਲਾਉਣ ਦੇ ਨਿਰਦੇਸ਼ ਦਿੱਤੇ ਗਏ, ਸਿੱਧੂ ਟਰਾਂਸਪੋਰਟ ਦੇ ਮਾਲਕ ਗੁਰਪ੍ਰੀਤ ਸਿੰਘ ਸਿੱਧੂ ਵੱਲੋਂ ਰੈਲੀ ਲਈ 10 ਬੱਸਾਂ ਭੇਜਣ ਤੇ 11 ਹਜ਼ਾਰ ਰੁਪਏ ਸਹਿਯੋਗ ਰਾਸ਼ੀ ਦੇਣ ਦਾ ਵਾਅਦਾ ਕੀਤਾ ਤੇ ਹੋਰ ਸਾਥੀਆਂ ਨੇ ਵੀ ਬਣਦਾ ਸਹਿਯੋਗ ਪਾਇਆ।

ਇਸ ਮੌਕੇ ਜਰਨਲ ਸਕੱਤਰ ਪ੍ਰਗਟਪ੍ਰੀਤ ਸਿੰਘ, ਹਰਜਿੰਦਰ ਸਿੰਘ ਸ਼ੇਰਪੁਰ, ਬਲਦੇਵ ਸਿੰਘ, ਰੂਪ ਸਿੰਘ ਸਿੱਧੂ, ਮਲਕੀਤ ਸਿੰਘ, ਬਲਦੇਵ ਸਿੰਘ, ਕੁਲਵੰਤ ਸਿੰਘ ਹੇੜੀਕੇ, ਮਨਦੀਪ ਕੁਮਾਰ ਟਿੱਬਾ, ਗੁਰਨਾਮ ਸਿੰਘ, ਗੁਰਜੰਟ ਸਿੰਘ, ਗੁਰਮੇਲ ਸਿੰਘ ਭਾਨ ਸਿੰਘ ਖੇੜੀ, ਸੁਖਦੇਵ ਸਿੰਘ ਚਹਿਲ, ਗੁਰਜੀਤ ਸਿੰਘ ਹੈਪੀ, ਹਰਪ੍ਰੀਤ ਸਿੰਘ, ਜਾਗਰ ਸਿੰਘ, ਜਗਤਾਰ ਸਿੰਘ, ਮੇਜਰ ਸਿੰਘ, ਹਰਿੰਦਰ ਸਿੰਘ, ਜਰਨੈਲ ਸਿੰਘ, ਮਲਕੀਤ ਸਿੰਘ, ਹਾਕਮ ਸਿੰਘ ਸਰਪੰਚ ਗੰਡੇਵਾਲ, ਸੁਖਦੇਵ ਸਿੰਘ ਬਿੰਨੜ ਸਰਪੰਚ ਕਾਲਾਬੂਲਾ, ਰਾਮ ਸਿੰਘ ਫੌਜੀ ਕਾਲਾਬੂਲਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਆਗੂ ਤੇ ਵਰਕਰ ਹਾਜ਼ਰ ਸਨ।

## ਜ਼ਿਲ੍ਹੇ 'ਚ ਕਿਰਤੀਆਂ ਦੇ ਈ-ਸ਼੍ਰਮ ਕਾਰਡ ਬਣਾਉਣ ਲਈ ਕੈਂਪਾਂ ਦੀ ਸ਼ੁਰੂਆਤ : ਡਾ. ਪ੍ਰੀਤੀ ਯਾਦਵ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਜ਼ਿਲ੍ਹੇ ਅੰਦਰ ਅਸੰਗਠਤ ਕਿਰਤੀਆਂ ਨੂੰ ਸਰਕਾਰੀ ਯੋਜਨਾਵਾਂ ਦਾ ਲਾਭ ਦੇਣ ਲਈ ਕਿਰਤ ਵਿਭਾਗ ਵੱਲੋਂ ਈ-ਸ਼੍ਰਮ ਰਜਿਸਟ੍ਰੇਸ਼ਨ ਦੇ ਕੈਂਪ ਲਗਾਉਣ ਦੀ ਸ਼ੁਰੂਆਤ ਕੀਤੀ ਗਈ ਹੈ।ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਸਾਰੇ ਯੋਗ ਕਿਰਤੀਆਂ ਨੂੰ ਅਪੀਲ ਕਰਦਿਆਂ ਦੱਸਿਆ ਕਿ ਉਹ 30 ਮਈ ਤੱਕ ਕਿਰਤ ਵਿਭਾਗ ਵੱਲੋਂ ਜ਼ਿਲ੍ਹੇ ਵਿੱਚ ਵੱਖ-ਵੱਖ ਥਾਂਵਾਂ 'ਤੇ ਲਗਾਏ ਜਾ ਰਹੇ ਕੈਂਪਾਂ ਦਾ ਲਾਭ ਲੈ ਕੇ ਆਪਣੇ ਈ-ਸ਼੍ਰਮ ਕਾਰਡ ਬਣਵਾ ਸਕਦੇ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੇਂਦਰੀ ਕਿਰਤ ਤੇ ਰੋਜ਼ਗਾਰ ਮੰਤਰਾਲੇ ਦੀ ਇਸ ਅਹਿਮ ਸਕੀਮ ਈ-ਸ਼੍ਰਮ ਇੱਕ ਅਜਿਹੀ ਸਕੀਮ ਹੈ, ਜੋਕਿ ਅਸੰਗਠਤ ਕਿਰਤੀਆਂ ਦੀ ਭਲਾਈ ਲਈ ਬਣਾਈ ਗਈ ਹੈ। ਉਨ੍ਹਾਂ ਕਿਹਾ ਕਿ ਕਿਰਤੀਆਂ ਨੂੰ ਪੈਨਸ਼ਨ, ਦੁਰਘਟਨਾ ਬੀਮਾ, ਵਿਕਲਾਂਗਤਾ ਬੀਮਾ, ਹੁਨਰ ਵਿਕਾਸ ਟ੍ਰੇਨਿੰਗ ਤੇ ਸਮਾਜਿਕ ਸੁਰੱਖਿਆ ਦੇ ਲਾਭ ਮਿਲਣਗੇ।ਸਹਾਇਕ ਕਿਰਤ ਕਮਿਸ਼ਨਰ ਜਸਬੀਰ ਸਿੰਘ ਖਰੌੜ ਨੇ ਦੱਸਿਆ ਕਿ ਈ-ਸ਼੍ਰਮ ਕਾਰਡ ਬਣਾਉਣ ਲਈ ਇਹ ਕੈਂਪ ਵੱਖ-ਵੱਖ ਅਦਾਰਿਆਂ ਵਿੱਚ ਜਾ ਕੇ ਲਗਾਉਣ ਸਮੇਤ ਸੈਲਫ਼ ਰਜਿਸਟ੍ਰੇਸ਼ਨ ਮੋਬਾਇਲ ਰਾਹੀਂ ਤੇ ਸੀ.ਐੱਚ.ਸੀ. ਤੇ ਸੇਵਾ ਕੇਂਦਰ ਵਿਖੇ ਵੀ ਲਗਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਈ-ਸ਼੍ਰਮ ਅਧੀਨ ਅਨ ਆਰਗੇਨਾਈਜ਼ਡ ਵਰਕਰ, ਸਪੈਸ਼ਲ ਹੈਲਪ ਗਰੁੱਪ ਮੈਂਬਰਜ਼ (ਨੈਸ਼ਨਲ ਰੂਰਲ ਲਾਇਵਲੀਹੁਡ/ਨੈਸ਼ਨਲ ਅਰਬਨ ਲਾਇਵਲੀਹੁਡ ਮਿਸ਼ਨ), ਸਟਰੀਟ ਵੈਂਡਰਜ਼, ਰਿਕਸ਼ਾ ਚਾਲਕ, ਉਸਾਰੀ ਕਿਰਤੀ, ਨੈਸ਼ਨਲ ਹੈਲਥ ਮਿਸ਼ਨ, ਸਰਵਸਿੱਖਿਆ ਅਭਿਆਨ, ਮਿੱਡ ਡੇ ਮੀਲ ਵਰਕਰਜ਼, ਘਰੇਲੂ ਨੌਕਰ, ਆਸ਼ਾ ਵਰਕਰ, ਆਂਗਣਵਾੜੀ ਵਰਕਰਜ਼, ਖੇਤੀਬਾੜੀ ਲੇਬਰ, ਫ਼ਿਸ਼ਰਮੈਨ ਤੇ ਭੱਠਾ ਵਰਕਰਜ਼ ਵੀ ਰਜਿਸਟਰਡ ਹੋ ਸਕਦੇ ਹਨ।

## ਬਾਬਾ ਫ਼ਰੀਦ ਸਕੂਲ ਛੱਤਿਆਣਾ ਦੀ ਵਿਦਿਆਰਥਣ ਰਤਿੰਦਰਦੀਪ ਕੌਰ ਨੂੰ ਕੀਤਾ ਸਨਮਾਨਤ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**

ਬਾਬਾ ਫ਼ਰੀਦ ਸੀਨੀਅਰ ਸੈਕੰਡਰੀ ਸਕੂਲ ਛੱਤਿਆਣਾ ਦੀ ਵਿਦਿਅਰਥਣ ਰਤਿੰਦਰਦੀਪ ਕੌਰ ਨੇ ਪੰਜਾਬ ਵਿੱਚੋਂ ਦੂਜਾ ਸਥਾਨ ਪ੍ਰਾਪਤ ਕਰਨ 'ਤੇ ਗੀਤਕਾਰ ਤੇ ਸ਼ਾਇਰ ਨਿਰਮਲ ਦਿਓਲ ਵੱਲੋਂ ਰਤਿੰਦਰਦੀਪ ਕੌਰ ਨੂੰ ਸਨਮਾਨਤ ਕੀਤਾ ਗਿਆ।ਉਨ੍ਹਾਂ ਨਾਲ ਸਕੂਲ ਦੇ ਐਮਡੀ ਹਰਜੀਤ ਸਿੰਘ ਬਰਾੜ, ਗੁਰਮੇਲ ਸਿੰਘ ਸਰਾਂ ਤੇ ਨਛੱਤਰ ਸਿੰਘ ਬਰਾੜ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਨਿਰਮਲ ਦਿਓਲ ਨੇ ਵਿਦਿਅਰਥਣ, ਸਕੂਲ ਤੇ ਮਾਪਿਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਮੇਰੇ ਨਾਨਕੇ ਪਿੰਡ ਦੀ ਹੋਣਹਾਰ ਬੱਚੀ ਰਤਿੰਦਰਦੀਪ ਨੇ ਦਸਵੀਂ ਦੀ ਪ੍ਰੀਖਿਆ ਵਿਚੋਂ ਪੰਜਾਬ ਭਰ ਵਿਚੋਂ ਦੂਜਾ ਸਥਾਨ ਪ੍ਰਾਪਤ ਕੀਤਾ ਹੈ।ਕੁੱਝ ਪ੍ਰਾਪਤੀਆਂ ਅੰਬਰਾਂ ਤੋਂ ਤਾਰੇ ਤੋੜਨ ਦੇ ਸੁਪਨਿਆਂ ਦੀ ਪੂਰਤੀ ਜਿਹੀਆਂ ਹੁੰਦੀਆਂ ਹਨ, ਦੂਰ ਪਹਾੜਾਂ ਦੀਆਂ ਉੱਚੀਆਂ ਚੋਟੀਆਂ 'ਤੇ ਝੰਡਾ ਗੱਡਣ ਦੀ ਜਿੱਤ ਵਰਗੀਆਂ ਹੁੰਦੀਆਂ ਹਨ, ਪਰ ਇਹ ਖੁਸ਼ੀਆਂ, ਇਹ ਪ੍ਰਾਪਤੀਆਂ, ਇਹ ਜਿੱਤਾਂ ਉਨ੍ਹਾਂ ਖੁਸ਼ਨਸੀਬਾਂ ਦੀ ਝੋਲੀ ਪੈਂਦੀਆਂ ਹਨ, ਜੋ ਆਪਣੀਆਂ ਮਿੱਥੀਆਂ ਮੰਜ਼ਲਾਂ ਵੱਲ ਸਿਦਕ, ਸਿਰੜ, ਜੋਸ਼, ਜ਼ਜਬੇ ਤੇ ਜਨੂੰਨ ਨਾਲ ਕਦਮ ਪੁੱਟਦੇ ਹਨ।ਪਿੰਡ ਛੱਤੇਆਣੇ ਦੀ ਕਰਮਾਂ ਵਾਲੀ ਧੀ ਰਤਿੰਦਰਦੀਪ ਕੌਰ ਨੇ ਪੰਜਾਬ ਭਰ ਵਿਚੋਂ ਦੂਜਾ ਸਥਾਨ ਹਾਸਲ ਕਰਕੇ ਸਕੂਲ, ਸਮੂਹ ਸਟਾਫ, ਦਾਦਾ ਸੁਰਜੀਤ ਸਿੰਘ, ਪਿਤਾ ਨਿਰਮਲ ਸਿੰਘ, ਮਾਤਾ ਨਵਜੋਤ ਕੌਰ ਤੇ ਸਾਰੇ ਛੱਤੇਆਣੇ ਪਿੰਡ ਤੇ ਇਲਾਕੇ ਦਾ ਮਾਣ ਵਧਾਇਆ ਹੈ।ਨਾਨਕੇ ਪਿੰਡ ਰਹਿ ਕੇ ਪੜ੍ਹਿਆ ਹੋਣ ਕਰਕੇ ਹਰ ਪਿੰਡ ਵਾਸੀ ਲਈ ਮੇਰਾ ਦਿਲੀ ਸਤਿਕਾਰ ਹੈ ਤੇ ਹਰ ਅਜਿਹੀ ਖੁਸ਼ੀ ਮੇਰੇ ਲਈ ਮਾਣਮੱਤੀ ਹੁੰਦੀ ਹੈ।

# ਵਿਧਾਇਕ ਨੇ ਵੱਖ-ਵੱਖ ਸਕੂਲਾਂ 'ਚ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਵਿਧਾਇਕ ਫ਼ਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ ਵੱਲੋਂ ਹਲਕੇ ਦੇ ਸਰਕਾਰੀ ਪ੍ਰਾਇਮਰੀ ਸਕੂਲ ਨਾਨਕ ਨਗਰੀ, ਸਰਕਾਰੀ ਪ੍ਰਾਇਮਰੀ ਸਕੂਲ ਖੂਹ ਮੋਹਰ ਸਿੰਘ ਤੇ ਸਰਕਾਰੀ ਪ੍ਰਾਇਮਰੀ ਸਕੂਲ ਹਬੀਬ ਕੇ ਵਿੱਚ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਰਣਜੀਤ ਸਿੰਘ ਹਾਜ਼ਰ ਸਨ। ਇਸ ਮੌਕੇ ਸਮਾਗਮ ਦੌਰਾਨ ਉਨ੍ਹਾਂ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਯਤਨਾਂ ਨਾਲ ਰਾਜ ਦੇ ਸਰਕਾਰੀ ਸਕੂਲਾਂ ਵਿੱਚ ਮਾਡਲ ਕਲਾਸ ਰੂਮਾਂ, ਸਮੇਂ ਮੁਤਾਬਕ ਬੁਨਿਆਦੀ ਢਾਂਚੇ ਦੀ ਸਥਾਪਤੀ ਤੇ ਵਿਦਿਆਰਥੀਆਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਜੋ ਵਿਦਿਆਰਥੀਆਂ ਤੇ ਅਧਿਆਪਕਾਂ ਲਈ ਨਿਸ਼ਚਿਤ ਤੌਰ 'ਤੇ ਲਾਹੇਵੰਦ ਸਾਬਿਤ ਹੋ ਰਹੀਆਂ ਹਨ, ਜਿਸ ਨਾਲ ਸਰਕਾਰੀ ਸਕੂਲਾਂ ਵਿੱਚ ਵਿੱਦਿਆ ਦੇ ਪੱਧਰ ਵਿੱਚ ਵੀ ਕਾਫ਼ੀ ਸੁਧਾਰ ਹੋਇਆ ਹੈ। ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਚਲਾਈ ਗਈ 'ਪੰਜਾਬ ਸਿੱਖਿਆ ਕ੍ਰਾਂਤੀ' ਦੀ ਮੁਹਿੰਮ ਦੇ ਸਾਰਥਿਕ ਨਤੀਜੇ ਸਾਹਮਣੇ ਆਉਣੇ ਸ਼ੁਰੂ ਹੋ ਗਏ ਹਨ। ਉਨ੍ਹਾਂ ਕਿਹਾ ਕਿ ਪਿਛਲੇ ਤਿੰਨ ਸਾਲਾਂ ਤੋਂ ਜਦੋਂ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਹੋਂਦ ਵਿੱਚ ਆਈ ਹੈ, ਉਦੋਂ ਤੋਂ ਹੀ ਸਰਕਾਰੀ ਸਕੂਲਾਂ ਦੇ ਬੱਚੇ ਬੋਰਡ ਦੀਆਂ ਕਲਾਸਾਂ ਵਿੱਚ ਮੈਰਿਟ ਵਿੱਚ ਆਪਣਾ ਨਾਮ ਦਰਜ ਕਰਵਾ ਕੇ ਪੰਜਾਬ ਦਾ ਨਾਮ ਰੌਸ਼ਨ ਕਰ ਰਹੇ ਹਨ, ਜੋ ਕਿ ਬਹੁਤ ਹੀ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਪ੍ਰਾਈਵੇਟ ਸਕੂਲਾਂ ਵਾਂਗ ਹੀ ਸਰਕਾਰੀ ਸਕੂਲਾਂ ਵਿੱਚ ਸਭ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕਾਰਜ ਕਰ ਰਹੀ ਹੈ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਪੜ੍ਹਾਈ ਤੇ ਖੇਡਾਂ ਵਿੱਚ ਹੋਰ ਮਿਹਨਤ ਕਰਕੇ ਆਪਣੇ ਮਾਪਿਆਂ, ਸਕੂਲ ਤੇ ਦੇਸ਼ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਰਾਜ ਬਹਾਦਰ ਸਿੰਘ ਗਿੱਲ ਸਿੱਖਿਆ ਕੋਆਰਡੀਨੇਟਰ ਵਿਧਾਨ ਸਭਾ ਫ਼ਿਰੋਜ਼ਪੁਰ ਸ਼ਹਿਰੀ, ਗੁਰਜੀਤ ਸਿੰਘ ਚੀਮਾ, ਰਜਨੀਸ਼ ਸ਼ਰਮਾ, ਅਮਰਿੰਦਰ ਸਿੰਘ ਬਰਾੜ, ਗੁਰਮੀਤ ਸਿੰਘ ਸੀਐੱਚਟੀ, ਰਣਜੀਤ ਸਿੰਘ ਖਾਲਸਾ ਹੈੱਡ ਟੀਚਰ, ਸੁਧੀਰ ਕੁਮਾਰ ਐੱਚਟੀ, ਸੁਰਿੰਦਰ ਸਿੰਘ ਗਿੱਲ, ਬਲਕਾਰ ਸਿੰਘ ਗਿੱਲ ਪਿੰਡਾਂ ਦੇ ਸਰਪੰਚ ਤੇ ਮੈਂਬਰ ਪੰਚਾਇਤ ਹਾਜ਼ਰ ਸਨ।

## ਪਾਬੰਦੀਸ਼ੁਦਾ ਦਵਾਈਆਂ ਰੱਖਣ ਦੇ ਦੋਸ਼ 'ਚ 2 ਨਾਮਜ਼ਦ

**ਫਿਰੋਜ਼ਪੁਰੀ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਐੱਮ/ਐੱਸ ਸਮਾਰਟਹੋਪ ਹੈੱਲਥ ਟੱਚ ਵਿਜਨ ਪ੍ਰਾਈਵੇਟ ਲਿਮਟਿਡ ਵੱਲੋਂ ਪਾਬੰਦੀ ਸ਼ੁਦਾ ਦਵਾਈਆਂ ਰੱਖਣ ਦੀ ਉਲੰਘਣਾ ਕਰਨ ਦੇ ਦੋਸ਼ ਵਿੱਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ 2 ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਸੁਖਦੇਵ ਸਿੰਘ ਨੇ ਦੱਸਿਆ ਕਿ ਇੱਕ ਪੱਤਰ ਵੱਲੋਂ ਸੋਨੀਆ ਗੁਪਤਾ ਡਰੱਗ ਕੰਟਰੋਲ ਅਫਸਰ ਫਿਰੋਜ਼ਪੁਰ ਮੌਸੂਲ ਹੋਇਆ ਕਿ ਦੌਰਾਨੇ ਚੈਕਿੰਗ ਐੱਮ/ਐੱਸ ਸਮਾਰਟਹੋਪ ਹੈੱਲਥ ਟੱਚ ਵਿਜਨ ਪ੍ਰਾਈਵੇਟ ਲਿਮਟਿਡ ਆਊਟ ਸਾਈਡ ਗੋਬਰ ਮੰਡੀ ਛੱਤਾ ਬਾਜ਼ਾਰ ਫਿਰੋਜ਼ਪੁਰ ਸ਼ਹਿਰ ਵਿੱਚ ਪਾਬੰਦੀ ਸ਼ੁਦਾ ਦਵਾਈਆਂ ਰੱਖਣੀਆਂ ਪਾਈਆਂ ਗਈਆਂ ਹਨ। ਪੁਲਸ ਨੇ ਦੱਸਿਆ ਕਿ ਪਾਬੰਦੀ ਸ਼ੁਦਾ ਦਵਾਈਆਂ ਰੱਖਣ ਵਾਲੇ ਦੋਸ਼ੀਆਨ ਰੋਹਿਤ ਨਾਰੰਗ ਪੁੱਤਰ ਰਾਜਿੰਦਰ ਕੁਮਾਰ ਨਾਰੰਗ ਐੱਮ/ਐੱਸ ਸਮਾਰਟਹੋਪ ਹੈੱਲਥ ਟੱਚ ਵਿਜਨ ਪ੍ਰਾਈਵੇਟ ਲਿਮਟਿਡ ਆਊਟਸਾਈਡ ਗੋਬਰ ਮੰਡੀ ਛੱਤਾ ਬਾਜ਼ਾਰ ਫਿਰੋਜ਼ਪੁਰ ਸ਼ਹਿਰ ਤੇ ਮਿਠੁਨ ਨਾਰੰਗ ਉਰਫ ਨਿੱਕੀ ਪੁੱਤਰ ਰਜਿੰਦਰ ਕੁਮਾਰ ਵਾਸੀ ਗਲੀ ਤਹਿਸੀਲਦਾਰਾਂ ਵਾਲੀ ਬਗਦਾਦੀ ਗੇਟ ਫਿਰੋਜ਼ਪੁਰ ਸ਼ਹਿਰ ਨੇ ਮਾਣਯੋਗ ਅਦਾਲਤ ਦੇ ਪੱਤਰ ਨੰਬਰ ਐੱਮਏ/2025/82 ਮਿਤੀ 10 ਮਈ 205 ਦੀ ਉਲੰਘਣਾ ਕੀਤੀ ਹੈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ 280 ਲੋੜਵੰਦਾਂ ਨੂੰ ਦਿੱਤੀ ਸਹਾਇਤਾ ਰਾਸ਼ੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਡਾ. ਐਸ ਪੀ ਸਿੰਘ ਓਬਰਾਏ ਵਲੋਂ ਮਾਨਵਤਾ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਦੀ ਲੜੀ ਤਹਿਤ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਦੇ ਦਿਸ਼ਾ-ਨਿਰਦੇਸ਼ਾਂ ਤੇ ਡੇਰਾ ਭਾਈ ਮਸਤਾਨ ਸਿੰਘ ਵਿਖੇ ਮਹੰਤ ਕਸ਼ਮੀਰ ਸਿੰਘ ਦੀ ਹਾਜ਼ਰੀ ਵਿੱਚ 280 ਲੋੜਵੰਦਾਂ ਨੂੰ 230000 ਰੁਪਏ ਦੇ ਕਰੀਬ ਮਹੀਨਾਵਾਰ ਸਹਾਇਤਾ ਰਾਸ਼ੀ ਤਕਸੀਮ ਕੀਤੀ ਗਈ।ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਦੱਸਿਆ ਕਿ ਇਹ ਸਹਾਇਤਾ ਰਾਸ਼ੀ ਬੇਸਹਾਰਾ ਬਜ਼ੁਰਗਾਂ, ਬੇਸਹਾਰਾ ਬੱਚਿਆਂ, ਕੰਮ ਕਰਨ ਤੋਂ ਅਸਮਰਥ ਬਜ਼ੁਰਗਾਂ ਆਦਿ ਨੂੰ ਦਿੱਤੀ ਗਈ। ਇਹ ਲੜੀ ਪਿਛਲੇ ਤਕਰੀਬਨ 8 ਸਾਲ ਤੋਂ ਲਗਾਤਾਰ ਜਾਰੀ ਹੈ। ਸਹਾਇਤਾ ਰਾਸ਼ੀ ਲੈਣ ਉਪਰੰਤ ਲੋੜਵੰਦ ਲੋਕਾਂ ਵੱਲੋਂ ਡਾ. ਐਸ.ਪੀ.ਸਿੰਘ ਓਬਰਾਏ ਦਾ ਧੰਨਵਾਦ ਕੀਤਾ ਗਿਆ ਅਤੇ ਕਿਹਾ ਕਿ ਡਾਕਟਰ ਓਬਰਾਏ ਸਾਡੇ ਲਈ ਬਹੁਤ ਹੀ ਵੱਡੀ ਆਸ ਦੀ ਕਿਰਨ ਹੈ।ਗੁਰਬਿੰਦਰ ਸਿੰਘ ਬਰਾੜ ਇੰਚਾਰਜ ਸਾਊਥ ਵੈਸਟ ਪੰਜਾਬ ਨੇ ਦੱਸਿਆ ਕਿ ਟਰੱਸਟ ਦੀ ਕੋਈ ਵੀ ਰਸੀਦ ਬੁੱਕ ਨਹੀਂ ਹੈ ਇਹ ਸਹਾਇਤਾ ਰਾਸ਼ੀ ਡਾਕਟਰ ਓਬਰਾਏ ਵੱਲੋਂ ਅਪਣੀ ਨੇਕ ਕਮਾਈ ਵਿੱਚੋਂ ਦਸਵੰਧ ਕੱਢ ਕੇ ਦਿਤੀ ਜਾਂਦੀ ਹੈ।ਜਸਪਾਲ ਸਿੰਘ ਰਿਟਾਇਰਡ ਲੈਕਚਰਾਰ ਸੀਨੀਅਰ ਮੀਤ ਪ੍ਰਧਾਨ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 8 ਮੁਫ਼ਤ ਸਿਖਲਾਈ ਸੈਂਟਰ (ਕੰਪਿਊਟਰ, ਸਿਲਾਈ, ਬਿਊਟੀ ਪਾਰਲਰ) ਚੱਲ ਰਹੇ ਹਨ। ਪਿਛਲੇ ਸਮੇਂ ਦੌਰਾਨ ਸੈਂਕੜਿਆਂ ਦੀ ਗਿਣਤੀ ਵਿੱਚ ਨੌਜਵਾਨ ਇਸ ਦਾ ਲਾਹਾ ਲੈ ਕੇ ਆਪਣੇ ਪੈਰਾਂ 'ਤੇ ਖੜੇ ਹੋਏ ਹਨ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਟੀਮ ਯੂਥ ਖਾਲਸਾ ਬ੍ਰਿਗੇਡ ਚੱਕ ਬੀੜ ਸਰਕਾਰ ਦੇ ਪ੍ਰਧਾਨ ਪਰਮਬੀਰ ਸਿੰਘ ਤੇ ਸਕੱਤਰ ਕੁਲਵਿੰਦਰ ਸਿੰਘ ਸਿੱਧੂ ਨੇ ਡਾਕਟਰ ਓਬਰਾਏ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਤੇ ਟਰੱਸਟ ਵੱਲੋਂ ਬਿਨਾਂ ਕਿਸੇ ਤੋਂ ਕੋਈ ਦਾਨ ਲਿਆ ਕੀਤੇ ਜਾ ਰਹੇ ਲੋਕ ਭਲਾਈ ਦੇ ਕੰਮਾਂ ਬਾਰੇ ਵੀ ਵਿਚਾਰ ਵਟਾਂਦਰਾ ਕੀਤਾ ਗਿਆ।

## ਨਸ਼ਾ ਮੁਕਤੀ ਯਾਤਰਾ ਤਹਿਤ ਨਸ਼ਿਆਂ ਦੇ ਖਾਤਮੇ ਦਾ ਸੱਦਾ



**ਸੰਗਰੂਰ/ਸੁਨਾਮ (ਪ੍ਰਵੀਨ ਸਿੰਘ, ਅਸ਼ੋਕ ਬਾਂਸਲ, ਹਾਕਮ ਭੱਟੀ)**-ਪੰਜਾਬ ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸਰਕਾਰ ਵੱਲੋਂ ਨਸ਼ਾ ਤਸਕਰਾਂ ਉੱਪਰ ਮਿਸਾਲੀ ਕਾਰਵਾਈਆਂ ਕਰਕੇ ਬਹੁਤ ਹੱਦ ਤੱਕ ਨਸ਼ਿਆਂ ਦੀ ਸਪਲਾਈ ਚੇਨ ਨੂੰ ਤੋੜ ਦਿੱਤਾ ਗਿਆ ਹੈ ਤੇ ਸੂਬੇ ਨੂੰ ਮੁੜ ਹਸਦਾ-ਵਸਦਾ ਤੇ ਰੰਗਲਾ ਪੰਜਾਬ ਬਨਾਉਣ ਦੇ ਰਾਹ ਪਾਇਆ ਗਿਆ ਹੈ।ਪੰਜਾਬ ਸਰਕਾਰ ਦੇ ਯਤਨਾਂ ਸਦਕਾ ਨਸ਼ਾ ਤਸਕਰ ਜਾਂ ਤਾਂ ਜੇਲ੍ਹਾਂ ਵਿੱਚ ਹਨ ਜਾਂ ਫਿਰ ਪੰਜਾਬ ਛੱਡ ਕੇ ਭੱਜ ਚੁੱਕੇ ਹਨ।ਹੁਣ ਇਹ ਮੁਹਿੰਮ ਜ਼ਮੀਨੀ ਪੱਧਰ ਭਾਵ ਪਿੰਡਾਂ ਤੇ ਵਾਰਡਾਂ ਵਿਚੋਂ ਚੱਲਣ ਲੱਗੀ ਹੈ, ਜਿਸ ਨੂੰ ਨਸ਼ਾ ਮੁਕਤੀ ਯਾਤਰਾ ਦਾ ਨਾਂਅ ਦਿੱਤਾ ਗਿਆ ਹੈ, ਜਿਸ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਇਹ ਪ੍ਰਗਟਾਵਾ ਐੱਸ.ਡੀ.ਐਮ. ਪ੍ਰਮੋਦ ਸਿੰਗਲਾ ਨੇ ਪਿੰਡ ਚੌਵਾਸ, ਘਾਸੀਵਾਲਾ ਤੇ ਬਖਸ਼ੀਵਾਲ ਵਿਖੇ ਡਿਫੈਂਸ ਕਮੇਟੀਆਂ ਦੀਆਂ ਮੀਟਿੰਗਾਂ ਦੌਰਾਨ ਕੀਤਾ।ਉਨ੍ਹਾਂ ਡਿਫੈਂਸ ਕਮੇਟੀਆਂ ਨੂੰ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣ ਲਈ ਪ੍ਰੇਰਿਤ ਵੀ ਕੀਤਾ।ਐੱਸ.ਡੀ.ਐਮ. ਨੇ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਲੋਕ ਲਹਿਰ ਬਣ ਗਈ ਹੈ ਤੇ ਹੁਣ ਜਲਦੀ ਹੀ ਪੰਜਾਬ ਵਿਚੋਂ ਨਸ਼ਿਆਂ ਦਾ ਸਫਾਇਆ ਹੋਵੇਗਾ।ਉਨ੍ਹਾਂ ਦੱਸਿਆ ਕਿ ਲੋਕ ਪੰਜਾਬ ਸਰਕਾਰ ਨੂੰ ਨਸ਼ਾ ਵਿਰੋਧੀ ਮੁਹਿੰਮ ਵਿੱਚ ਵਧ-ਚੜ੍ਹ ਕੇ ਸਹਿਯੋਗ ਦੇ ਰਹੇ ਹਨ।ਐੱਸ.ਡੀ.ਐਮ. ਨੇ ਕਿਹਾ ਕਿ ਜੇਕਰ ਹਰੇਕ ਵਾਰਡ ਜਾਂ ਪਿੰਡਾਂ ਦੀਆਂ ਪੰਚਾਇਤਾਂ ਨਸ਼ਾਮੁਕਤੀ ਦਾ ਪ੍ਰਣ ਲੈਣਗੀਆਂ ਤਾਂ ਨਸ਼ਾ ਜਾਂ ਨਸ਼ਾ ਤਸਕਰਾਂ ਦਾ ਨਾਮੋ ਨਿਸ਼ਾਨ ਵੀ ਨਹੀਂ ਰਹੇਗਾ।ਸ਼੍ਰੀ ਸਿੰਗਲਾ ਨੇ ਸਮੂਹ ਹਾਜ਼ਰੀਨ ਨੂੰ ਨਸ਼ਾ ਮੁਕਤੀ ਮੁਹਿੰਮ ਵਿੱਚ ਆਪਣਾ ਪੂਰਨ ਸਹਿਯੋਗ ਦੇਣ ਦਾ ਪ੍ਰਣ ਦਿਵਾਇਆ।ਉਨ੍ਹਾਂ ਦੱਸਿਆ ਕਿ ਨਸ਼ਾ ਪੀੜਤਾਂ ਦਾ ਸਹੀ ਇਲਾਜ ਕਰਕੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਿਲ ਕਰਨ ਲਈ ਸਾਰਥਕ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਸਬੰਧੀ ਪ੍ਰਸ਼ਾਸਨ ਤੇ ਪੁਲਸ ਵਿਭਾਗ ਨੂੰ ਸਹਿਯੋਗ ਦੇਣ।

## ਕੰਬੋਜ ਮਹਾਂਸਭਾ ਵੱਲੋਂ ਜਸਵਿੰਦਰ ਰਾਣਾ ਦਾ ਸਨਮਾਨ



**ਪਟਿਆਲਾ/ਸਨੌਰ (ਰਾਜਿੰਦਰ ਥਿੰਦ)**-ਕੰਬੋਜ ਮਹਾਂਸਭਾ ਬਲਾਕ ਭੁੰਨਰਹੇੜੀ ਵੱਲੋਂ ਦੇਵੀਗੜ੍ਹ ਵਿਖੇ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ।ਇਸ 'ਚ ਆੜ੍ਹਤੀ ਐਸੋਸੀਏਸ਼ਨ ਪੰਜਾਬ ਦੇ ਨਵੇਂ ਬਣੇ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਦਾ ਸੰਸਥਾ ਦੇ ਸਮੂਹ ਮੈਂਬਰਾਂ ਵੱਲੋਂ ਪ੍ਰਧਾਨ ਸ਼ਵਿੰਦਰ ਸਿੰਘ ਧੰਜੂ ਦੀ ਅਗਵਾਈ ਹੇਠ ਸਿਰੋਪਾਓ ਪਾ ਕੇ ਸਨਮਾਨ ਕੀਤਾ ਗਿਆ। ਪ੍ਰਧਾਨ ਰਾਣਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਕੰਬੋਜ ਮਹਾਸਭਾ ਵੱਲੋਂ ਜੋ ਮਾਣ-ਸਤਿਕਾਰ ਦਿੱਤਾ ਗਿਆ ਹੈ, ਇਸ ਬਦਲੇ ਸਭਾ ਦੇ ਹਮੇਸ਼ਾ ਰਿਣੀ ਰਹਿਣਗੇ।ਪ੍ਰਧਾਨ ਸਵਿੰਦਰ ਸਿੰਘ ਧੰਜੂ ਨੇ ਜਸਵਿੰਦਰ ਸਿੰਘ ਰਾਣਾ ਨੂੰ ਪੰਜਾਬ ਦਾ ਪ੍ਰਧਾਨ ਬਣਨ 'ਤੇ ਮੁਬਾਰਕਬਾਦ ਦਿੰਦਿਆਂ ਭਵਿੱਖ 'ਚ ਹੋਰ ਉੱਚੇ ਅਹੁਦੇ 'ਤੇ ਪਹੁੰਚਣ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।

## ਜਵਾਨੀ ਨਸ਼ਿਆਂ ਦੇ ਦਲਦਲ 'ਚੋਂ ਬਾਹਰ ਕੱਢਣੀ ਮੁੱਖ ਮੰਤਵ : ਵਿਧਾਇਕ ਪੰਡੋਰੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੇ ਦਲਦਲ ਵਿਚੋਂ ਬਾਹਰ ਕੱਢਣ ਦੇ ਮੰਤਵ ਨਾਲ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਲੋਕ ਲਹਿਰ ਦੇ ਸਾਰਥਿਕ ਨਤੀਜੇ ਸਾਹਮਣੇ ਆ ਰਹੇ ਹਨ, ਜਿੱਥੇ ਪੁਲਸ ਵੱਲੋਂ ਨਸ਼ਾ ਤਸਕਰਾਂ ਖਿਲਾਫ ਅਭਿਆਨ ਚਲਾ ਕੇ ਨਸ਼ਿਆਂ ਦੀ ਕਮਾਈ ਨਾਲ ਉਸਾਰੇ ਗਏ ਘਰਾਂ ਨੂੰ ਤੋੜਿਆ ਜਾ ਰਿਹਾ ਹੈ, ਉੱਥੇ ਨਾਲ ਹੀ ਨਸ਼ਾ ਪੀੜਤ ਲੋਕਾਂ ਦਾ ਇਲਾਜ ਕਰਕੇ ਉਨ੍ਹਾਂ ਨੂੰ ਮੁੜ ਸਮਾਜ ਦਾ ਹਿੱਸਾ ਬਣਾਇਆ ਜਾ ਰਿਹਾ ਹੈ।ਇਹ ਪ੍ਰਗਟਾਵਾ ਹਲਕਾ ਵਿਧਾਇਕ, ਚੇਅਰਮੈਨ ਵਿਸ਼ੇਸ਼ ਅਧਿਕਾਰ ਕਮੇਟੀ ਵਿਧਾਨ ਸਭਾ ਕੁਲਵੰਤ ਸਿੰਘ ਪੰਡੋਰੀ ਨੇ ਕੀਤਾ।ਨਸ਼ਾ ਮੁਕਤੀ ਯਾਤਰਾ ਤਹਿਤ ਪਿੰਡ ਕੁਰੜ, ਮਹਿਲ ਖੁਰਦ, ਮਹਿਲ ਕਲਾਂ ਸੋਢੇ ਵਿਖੇ ਕਰਾਏ ਗਏ ਵਿਸ਼ੇਸ਼ ਸਮਾਗਮਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਦੱਸਿਆ ਕਿ ਹਲਕੇ ਦੀਆਂ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਨੇ ਇਸ ਮੁਹਿੰਮ ਦਾ ਹਿੱਸਾ ਬਣ ਕੇ ਪੂਰਨ ਵਿਸ਼ਵਾਸ ਦਿਵਾਇਆ ਹੈ ਕਿ ਉਹ ਪੰਜਾਬ ਸਰਕਾਰ ਦੀ ਇਸ ਮੁਹਿੰਮ ਵਿੱਚ ਡਟ ਕੇ ਸਾਥ ਦੇਣਗੇ।ਵੱਖ-ਵੱਖ ਥਾਂਵਾਂ ਤੋਂ ਨਸ਼ਾ ਛੱਡ ਚੁੱਕੇ ਨੌਜਵਾਨਾਂ ਨੇ ਆਪ ਬੀਤੀ ਸਾਂਝੀ ਕੀਤੀ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ, ਜਿਨ੍ਹਾਂ ਦੇ ਯਤਨਾਂ ਸਦਕਾ ਉਹ ਨਸ਼ੇ ਦੇ ਚੁੰਗਲ ਵਿਚੋਂ ਨਿਕਲ ਸਕੇ।

## ਸਨੌਰ-ਜੋੜੀਆਂ ਸੜਕਾਂ ਤੋਂ ਨਜਾਇਜ਼ ਕਬਜ਼ੇ ਹਟਾਉਣ ਦੀ ਕਾਰਵਾਈ ਸ਼ੁਰੂ



**ਪਟਿਆਲਾ/ਸਨੌਰ (ਰਾਜਿੰਦਰ ਥਿੰਦ)**-ਨਗਰ ਕੌਂਸਲ ਸਨੌਰ ਵੱਲੋਂ ਆਖ਼ਰਕਾਰ ਨਜਾਇਜ਼ ਕਬਜ਼ੇ ਹਟਾਉਣ ਦੀ ਪ੍ਰਕਿਰਿਆ ਆਰੰਭ ਕਰ ਦਿੱਤੀ ਗਈ।ਨਗਰ ਕੌਂਸਲ ਪ੍ਰਧਾਨ ਪ੍ਰਦੀਪ ਜੋਸ਼ਨ ਤੇ ਕਾਰਜਸਾਧਕ ਅਫ਼ਸਰ ਲਖਬੀਰ ਸਿੰਘ ਸਮੇਤ ਹੋਰ ਕੌਂਸਲਰਾਂ ਨੇ ਆਪਣੇ ਸੰਬੰਧਤ ਸਟਾਫ਼ ਅਤੇ ਮਸ਼ੀਨਰੀ (ਪੀਲਾ ਪੰਜਾ) ਨਾਲ ਮੌਕੇ 'ਤੇ ਪਹੁੰਚ ਕੇ ਕਈ ਕਬਜ਼ਿਆਂ ਨੂੰ ਹਟਾਉਣ ਦੀ ਸ਼ੁਰੂਆਤ ਕੀਤੀ।ਕਿਸਾਨਾਂ ਦੁਆਰਾ ਕੀਤੀ ਬਿਜਾਈ 'ਤੇ ਪੀਲਾ ਪੰਜਾ ਫੇਰਿਆ ਗਿਆ।ਇਹ ਜ਼ਿਕਰ ਕਰਨਾ ਬੇਹੱਦ ਜ਼ਰੂਰੀ ਹੈ ਕਿ ਇਲਾਕੇ ਦੇ ਲੋਕਾਂ ਵੱਲੋਂ ਲਗਾਤਾਰ ਇਸ ਮਸਲੇ ਨੂੰ ਅਜੀਤ ਰਾਹੀਂ ਗੰਭੀਰਤਾ ਨਾਲ ਉਠਾਇਆ ਗਿਆ ਸੀ, ਜਿਸ ਨਾਲ ਨਗਰ ਕੌਂਸਲ ਨੂੰ ਇਹ ਕਾਰਵਾਈ ਕਰਨ ਲਈ ਮਜ਼ਬੂਰ ਹੋਣਾ ਪਿਆ।ਹਾਲਾਂਕਿ ਰਸਤੇ 'ਚ ਲੱਗੇ ਬਿਜਲੀ ਖੰਭਿਆਂ ਨੂੰ ਹਟਾਉਣ ਲਈ ਹੁਣ ਕਾਰਵਾਈ ਬਿਜਲੀ ਵਿਭਾਗ ਦੇ ਸਹਿਯੋਗ ਨਾਲ ਅੱਗੇ ਵਧਾਈ ਜਾਵੇਗੀ, ਪਰ ਇਹ ਸ਼ੁਰੂਆਤ ਲੋਕਲ ਨਿਵਾਸੀਆਂ ਲਈ ਵੱਡੀ ਰਾਹਤ ਵਾਂਗ ਸਾਬਤ ਹੋਈ ਹੈ।ਹਾਲਾਂਕਿ ਕਿਸਾਨਾਂ ਦੁਆਰਾ ਖੇਤ ਦਾ ਰਕਬਾ ਵਧਾਉਣ ਲਈ ਸੜਕ ਦੇ ਆਲੇ-ਦੁਆਲੇ ਤੋਂ ਖੋਰੀ ਗਈ ਮਿੱਟੀ ਪਾਉਣ ਨਾਲ ਹੀ ਇਹ ਰਾਹਤ ਮਿਲੇਗੀ, ਜਿਸ ਲਈ ਨਗਰ ਕੌਂਸਲ ਵੱਲੋਂ ਅਗਲੇਰੀ ਕਾਰਵਾਈ ਕਰਨੀ ਜ਼ਰੂਰੀ ਹੈ।

## ਹੁਕਮਰਾਨ ਦਰਬਾਰ ਸਾਹਿਬ 'ਤੇ ਹਮਲੇ ਦਾ ਗੁੰਮਰਾਹਕੁੰਨ ਪ੍ਰਚਾਰ ਕਰਕੇ ਗੁੱਝੇ ਮਕਸਦਾਂ ਦੀ ਪੂਰਤੀ ਕਰਨਾ ਚਾਹੁੰਦੇ : ਟਿਵਾਣਾ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੁਸਲਿਮ ਕੌਮ ਤੇ ਸਿੱਖ ਕੌਮ ਦਾ ਚੜ੍ਹਦੇ ਤੇ ਲਹਿੰਦੇ ਪੰਜਾਬ ਦਾ ਇਕ ਪੁਰਾਤਨ ਇਤਿਹਾਸਿਕ ਡੂੰਘਾਂ ਸਦੀਵੀ ਮਜ਼ਬੂਤ ਰਿਸ਼ਤਾ ਹੈ, ਜੋ ਗੁਰੂ ਸਾਹਿਬਾਨ ਦੇ ਸਮੇਂ ਤੋਂ ਹੀ ਸਹਿਜ ਤੇ ਸਦਭਾਵਨਾ ਨਾਲ ਚੱਲਦਾ ਆ ਰਿਹਾ ਹੈ।ਕੋਈ ਵੀ ਸੱਚਾ ਮੁਸਲਮਾਨ ਕਦੀ ਵੀ ਕਿਸੇ ਗੁਰੂਘਰ ਉਤੇ ਹਮਲਾ ਕਰਨ ਦੀ ਨਹੀ ਸੋਚ ਸਕਦਾ ਤੇ ਨਾ ਹੀ ਬੀਤੇ ਇਤਿਹਾਸ ਵਿਚ ਅਜਿਹੀ ਕੋਈ ਗੱਲ ਸਾਹਮਣੇ ਆਉਂਦੀ ਹੈ, ਪਰ ਜੋ ਹਿੰਦੂਤਵ ਹੁਕਮਰਾਨ ਪਾਕਿਸਤਾਨ ਵੱਲੋਂ ਸ੍ਰੀ ਦਰਬਾਰ ਸਾਹਿਬ ਉਤੇ ਹਮਲਾ ਕਰਨ ਦਾ ਗੁੰਮਰਾਹਕੁੰਨ ਪ੍ਰਚਾਰ ਕਰ ਰਹੇ ਹਨ, ਇਸ ਪਿੱਛੇ ਹੁਕਮਰਾਨਾਂ ਦੇ ਗੁੱਝੇ ਸਿਆਸੀ ਸਵਾਰਥੀ ਮਕਸਦ ਹਨ।ਇੱਕ ਤਾਂ ਸਿੱਖ ਕੌਮ 'ਤੇ ਮੁਸਲਿਮ ਕੌਮ ਦੇ ਡੂੰਘੇ ਰਿਸ਼ਤੇ ਵਿੱਚ ਤਰੇੜ ਪਾ ਕੇ ਇਨ੍ਹਾਂ ਦੀ ਆਪਸੀ ਨਫਰਤ ਨੂੰ ਉਭਾਰਿਆ ਜਾ ਸਕੇ।ਦੂਜਾ ਜੋ ਹਿੰਦੂਤਵ ਹੁਕਮਰਾਨਾਂ ਦੇ ਮਨ ਵਿਚ ਸਾਡੇ ਸਿੱਖੀ ਗੁਰਧਾਮਾਂ, ਗੁਰੂਘਰਾਂ ਦੀ ਸਰਬੱਤ ਦੇ ਭਲੇ ਵਾਲੀ ਸੋਚ ਦੇ ਮਿਸਨ ਅਧੀਨ ਕੌਮਾਂਤਰੀ ਪੱਧਰ ਤੇ ਦਿਨੋ ਦਿਨ ਸਾਨੋ ਸੌਕਤ ਵੱਧਦੀ ਜਾ ਰਹੀ ਹੈ, ਉਸਦਾ ਨੁਕਸਾਨ ਕੀਤਾ ਜਾ ਸਕੇ।ਤੀਜਾ ਕਿਸੇ ਸਮੇਂ ਵੀ ਹਿੰਦੂਤਵ ਹੁਕਮਰਾਨ ਆਪਣੀ ਨਫਰਤ ਭਰੀ ਸੋਚ ਨੂੰ ਅਮਲੀ ਰੂਪ ਦਿੰਦੇ ਹੋਏ ਮੰਦਭਾਵਨਾ

24-MAY-PAGE-1.qxd 5/23/2025 8:38 PM Page 1

ਸ਼ਨੀਵਾਰ, 24 ਮਈ, 2025
11 ਜੇਠ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 73
ਅੰਕ/NO. : 353

# ਰੋਜ਼ਾਨਾ ਨਵਾਂ ਜ਼ਮਾਨਾ

DAILY NAWAN ZAMANA • SATURDAY, 24 MAY, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in

# ਮਾਨ ਨੇ ਆਪ ਦਾ ਵਿਧਾਇਕ ਰਮਨ ਅਰੋੜਾ ਫੜਵਾਇਆ

## ਜਲੰਧਰ ਨਗਰ ਨਿਗਮ ਅਧਿਕਾਰੀ ਨਾਲ ਮਿਲ ਕੇ ਨੋਟ ਵੱਢਣ ਦਾ ਦੋਸ਼

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ)**

ਆਮ ਆਦਮੀ ਪਾਰਟੀ ਦੇ ਜਲੰਧਰ ਸੈਂਟਰਲ ਤੋਂ ਵਿਧਾਇਕ ਰਮਨ ਅਰੋੜਾ (54) ਨੂੰ ਵਿਜੀਲੈਂਸ ਨੇ ਸ਼ੁੱਕਰਵਾਰ ਕੁਰੱਪਸ਼ਨ ਦੇ ਦੋਸ਼ ਹੇਠ ਗ੍ਰਿਫਤਾਰ ਕਰ ਲਿਆ। ਇਹ ਗ੍ਰਿਫਤਾਰੀ ਨਗਰ ਨਿਗਮ ਜਲੰਧਰ ਦੇ ਅਸਿਸਟੈਂਟ ਟਾਊਨ ਪਲੈਨਰ (ਏ ਟੀ ਪੀ) ਸੁਖਦੇਵ ਵਿਸ਼ਿਸ਼ਟ ਦੀ ਪਿਛਲੇ ਹਫਤੇ ਗ੍ਰਿਫਤਾਰੀ ਤੋਂ ਬਾਅਦ ਹੋਈ। ਦੋਸ਼ ਹੈ ਕਿ ਅਰੋੜਾ ਲੋਕਾਂ ਨੂੰ ਨਗਰ ਨਿਗਮ ਅਧਿਕਾਰੀ ਤੋਂ ਬੋਗਸ ਨੋਟਿਸ ਭਿਜਵਾਉਂਦਾ ਸੀ ਤੇ ਫਿਰ ਲੈ-ਦੇ ਕਰਕੇ ਮਾਮਲੇ ਰਫਾ-ਦਫਾ ਕਰਾਉਂਦਾ ਸੀ। ਵਿਜੀਲੈਂਸ ਅਧਿਕਾਰੀਆਂ ਨੇ ਸਵੇਰੇ ਅਰੋੜਾ ਦੇ ਘਰ ਛਾਪਾ ਮਾਰਿਆ ਤੇ 8 ਘੰਟਿਆਂ ਦੀ ਪੁੱਛਗਿੱਛ ਤੋਂ ਬਾਅਦ ਉਸਨੂੰ ਗ੍ਰਿਫਤਾਰ ਕਰ ਲਿਆ।

ਵਿਜੀਲੈਂਸ ਅਧਿਕਾਰੀ ਨੇ ਦੱਸਿਆ ਕਿ 30 ਹਜ਼ਾਰ ਰੁਪਏ ਰਿਸ਼ਵਤ ਮੰਗਣ ਦੇ ਸੰਬੰਧ ਵਿੱਚ 14 ਮਈ ਨੂੰ ਫੜੇ ਵਸ਼ਿਸ਼ਟ ਤੋਂ ਪੁੱਛਗਿੱਛ ਦੌਰਾਨ ਅਰੋੜਾ ਦਾ ਨਾਂ ਸਾਹਮਣੇ ਆਇਆ ਸੀ। ਵਸ਼ਿਸ਼ਟ ਨੂੰ ਅਰੋੜਾ ਦੀ ਸਰਪ੍ਰਸਤੀ ਹਾਸਲ ਸੀ। ਉਹ ਡੇਢ ਸਾਲ ਤੋਂ ਜਲੰਧਰ ਸੈਂਟਰਲ ਜ਼ੋਨ ਵਿੱਚ ਤਾਇਨਾਤ ਸੀ। ਇਸਤੋਂ ਪਹਿਲਾਂ ਚਾਰ ਸਾਲ ਜਲੰਧਰ ਵੈਸਟ ਜ਼ੋਨ ਵਿੱਚ ਵੀ ਰਿਹਾ। ਕਾਲੋਨਾਈਜ਼ਰਾਂ ਤੇ ਕਮਰਸ਼ੀਅਲ ਯੂਨਟਾਂ ਦੇ ਮਾਲਕਾਂ ਨੇ ਸ਼ਿਕਾਇਤ ਕੀਤੀ ਸੀ ਕਿ ਵਸ਼ਿਸ਼ਟ ਫਾਈਲਾਂ ਮਨਜ਼ੂਰ ਨਹੀਂ ਕਰਦਾ ਤੇ ਰਿਸ਼ਵਤ ਮੰਗਦਾ ਹੈ। ਰਿਸ਼ਵਤ ਨਾ ਦੇਣ 'ਤੇ ਬਿਲਡਿੰਗਾਂ ਸੀਲ ਕਰਨ ਦੀਆਂ ਧਮਕੀਆਂ ਦਿੰਦਾ ਸੀ। ਪੁੱਛਗਿੱਛ ਦੌਰਾਨ ਵਸ਼ਿਸ਼ਟ ਨੇ ਮੰਨਿਆ ਕਿ ਉਸਨੇ ਅਪ੍ਰੈਲ 2022 ਤੋਂ ਮਾਰਚ 2025 ਤੱਕ



350 ਨੋਟਿਸ ਜਾਰੀ ਕੀਤੇ। ਵਿਜੀਲੈਂਸ ਪਿਛਲੇ ਦੋ ਸਾਲਾਂ ਵਿੱਚ ਜਲੰਧਰ ਸੈਂਟਰਲ ਤੇ ਜਲੰਧਰ ਵੈਸਟ ਜ਼ੋਨਾਂ ਵਿੱਚ ਚੇਂਜ ਆਫ ਲੈਂਡ ਯੂਜ਼ ਦੀ ਪ੍ਰਵਾਨਗੀ ਦੇਣ, ਕਮਰਸ਼ੀਅਲ ਤੇ ਰਿਹਾਇਸ਼ੀ ਯੂਨਟਾਂ ਨੂੰ ਬਕਾਏ ਦੇਣ ਦੇ ਨੋਟਿਸ ਜਾਰੀ ਕਰਨ ਅਤੇ ਕਮਰਸ਼ੀਅਲ ਹੱਬਾਂ ਦੇ ਵਿਕਾਸ ਦੀ ਮਨਜ਼ੂਰੀ ਬਾਰੇ ਫਾਈਲਾਂ ਕਬਜ਼ੇ ਵਿੱਚ ਲੈ ਕੇ ਜਾਂਚ ਕਰ ਰਹੀ ਹੈ।

ਆਮ ਆਦਮੀ ਪਾਰਟੀ ਨੇ ਸੋਸ਼ਲ ਮੀਡੀਆ 'ਤੇ ਪਾਈ ਪੋਸਟ 'ਚ ਕਿਹਾ ਕਿ ਆਪਣਾ ਹੋਵੇ ਜਾਂ ਕੋਈ ਹੋਰ, ਭ੍ਰਿਸ਼ਟਾਚਾਰ ਕਰਨ ਵਾਲੇ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਹੈ ਕਿ ਸੂਬਾ ਸਰਕਾਰ ਦੀ ਲੜਾਈ ਕਿਸੇ ਵਿਅਕਤੀ ਵਿਸ਼ੇਸ਼ ਖਿਲਾਫ ਨਹੀਂ ਸਗੋਂ ਕੁਰੱਪਟ ਸਿਸਟਮ ਖਿਲਾਫ ਹੈ। ਜਿਹੜਾ ਵੀ ਕੁਰੱਪਸ਼ਨ ਕਰੇਗਾ, ਬਖਸ਼ਿਆ ਨਹੀਂ ਜਾਵੇਗਾ।

ਇਸਤੋਂ ਪਹਿਲਾਂ 24 ਮਈ 2022 ਵਿੱਚ ਵੇਲੇ ਦੇ ਸਿਹਤ ਮੰਤਰੀ ਤੇ ਮਾਨਸਾ ਦੇ ਵਿਧਾਇਕ ਵਿਜੇ ਸਿੰਗਲਾ ਅਤੇ 23 ਫਰਵਰੀ 2023 ਨੂੰ ਬਠਿੰਡਾ ਦਿਹਾਤੀ ਦੇ ਆਪ ਵਿਧਾਇਕ ਅਮਿਤ ਰਤਨ ਕੋਟਫੱਤਾ ਨੂੰ ਕੁਰੱਪਸ਼ਨ ਦੇ ਦੋਸ਼ਾਂ ਤਹਿਤ ਗ੍ਰਿਫਤਾਰ ਕੀਤਾ ਗਿਆ ਸੀ।

ਕਾਂਗਰਸੀ ਵਿਧਾਇਕ ਸੁਖਪਾਲ ਖਹਿਰਾ ਨੇ ਕਿਹਾ ਹੈ ਕਿ ਅਰੋੜਾ ਦੀ ਗ੍ਰਿਫਤਾਰੀ ਵਿਜੇ ਸਿੰਗਲਾ ਤੇ ਕੋਟਫੱਤਾ ਦੀ ਗ੍ਰਿਫਤਾਰੀ ਵਾਂਗ ਅੱਖਾਂ ਪੂੰਝਣ ਵਾਲੀ ਹੈ। ਜੇ ਸਹੀ ਜਾਂਚ ਕਰਵਾਈ ਜਾਵੇ ਤਾਂ ਅੰਮ੍ਰਿਤਸਰ ਉੱਤਰੀ ਦੇ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ ਨੂੰ ਛੱਡ ਕੇ ਬਾਕੀ ਕੁਰੱਪਟ ਹੀ ਨਿਕਲਣਗੇ।

## ਨੌਜਵਾਨ ਵਲੰਟੀਅਰਾਂ ਵੱਲੋਂ ਫਾਜ਼ਿਲਕਾ 'ਚ ਪੈਦਲ ਮਾਰਚ

### 'ਬਨੇਗਾ' ਤੋਂ ਬਿਨਾਂ ਖੁਸ਼ਹਾਲ ਸਮਾਜ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ : ਜਗਰੂਪ




**ਫਾਜ਼ਿਲਕਾ (ਰਣਬੀਰ ਕੌਰ ਢਾਬਾਂ)**

ਸ਼ੁੱਕਰਵਾਰ ਇੱਥੇ ਅਨਾਜ ਮੰਡੀ ਵਿੱਚ ਵਿਸ਼ਾਲ ਵਲੰਟੀਅਰ ਸੰਮੇਲਨ ਅਤੇ ਬਾਜ਼ਾਰਾਂ ਵਿੱਚ ਵਲੰਟੀਅਰ ਪੈਦਲ ਮਾਰਚ ਕੀਤਾ ਗਿਆ। ਇਸ ਦੀ ਅਗਵਾਈ ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਸੁਬੇਗ ਝੰਗੜ ਭੈਣੀ, ਜ਼ਿਲ੍ਹਾ ਸਕੱਤਰ ਹਰਭਜਨ ਛੱਪੜੀਵਾਲਾ, ਗੁਰਦਿਆਲ ਢਾਬਾਂ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਜ਼ਿਲ੍ਹਾ ਮੀਤ ਪ੍ਰਧਾਨ ਨੀਰਜ ਰਾਣੀ ਫਾਜ਼ਿਲਕਾ ਨੇ ਕੀਤੀ। ਇਸ ਵਲੰਟੀਅਰ ਮਾਰਚ ਅਤੇ ਸੰਮੇਲਨ ਵਿੱਚ ਬਨੇਗਾ ਪ੍ਰਾਪਤੀ ਮੁਹਿੰਮ ਦੇ ਮੁੱਖ ਸਲਾਹਕਾਰ ਸਾਥੀ ਜਗਰੂਪ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਅਤੇ ਉਹਨਾਂ ਨਾਲ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾਰਾਏ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਕੁਮਾਰ ਧਰਮੂਵਾਲਾ ਅਤੇ ਕੰਸਟਰੱਕਸ਼ਨ ਵਰਕਰ ਲੇਬਰ ਯੂਨੀਅਨ ਦੇ ਸੂਬਾ ਮੀਤ ਸਕੱਤਰ ਪਰਮਜੀਤ ਸਿੰਘ ਢਾਬਾਂ ਵੀ ਮੌਜੂਦ ਸਨ। ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਸਾਥੀ ਜਗਰੂਪ ਸਿੰਘ ਨੇ ਕਿਹਾ ਕਿ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ (ਬਨੇਗਾ) ਅੱਜ ਸਮੇਂ ਦੀ ਮੁੱਖ ਲੋੜ ਹੈ ਅਤੇ ਇਹਦੇ ਤੋਂ ਬਿਨਾਂ ਖੁਸ਼ਹਾਲ ਸਮਾਜ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ, ਕਿਉਂਕਿ ਆਰਟੀਫੀਸ਼ੀਅਲ ਇੰਟੈਲੀਜੈਂਸੀ 'ਤੇ ਕਾਬਜ਼ ਧਿਰਾਂ ਨੇ ਭਵਿੱਖ ਵਿੱਚ ਕਿਰਤ ਤੋਂ ਬਿਨਾਂ ਪੈਦਾਵਾਰ ਦਾ ਐਲਾਨ ਕਰ ਦਿੱਤਾ ਹੈ, ਜਿਸ ਨਾਲ ਰੁਜ਼ਗਾਰ ਲੱਗਭੱਗ ਖ਼ਤਮ ਹੋ ਜਾਵੇਗਾ। ਉਹਨਾਂ ਅੱਗੇ ਕਿਹਾ ਕਿ ਸਰਮਾਏਦਾਰੀ ਪ੍ਰਬੰਧ ਸਾਡੇ ਤੋਂ ਰੁਜ਼ਗਾਰ ਖੋਹ ਕੇ ਮਨੁੱਖਤਾ ਨੂੰ ਕੀੜੇ-ਮਕੌੜਿਆਂ ਦੀ ਤਰ੍ਹਾਂ ਰੀਂਘ-ਰੀਂਘ ਕੇ ਮਰਨ ਲਈ ਛੱਡਣ ਦੀਆਂ ਨੀਤੀਆਂ ਲਾਗੂ ਕਰ ਰਿਹਾ ਹੈ। ਇਸ ਲਈ ਇੱਕੋ-ਇੱਕ ਬਨੇਗਾ ਹੀ ਹੈ, ਜੋ ਹਰ ਇੱਕ ਲਈ ਜਿਉਣ ਦੇ ਹੱਕ ਰੁਜ਼ਗਾਰ ਦੀ ਗਰੰਟੀ ਕਰਦਾ ਹੈ। ਸਾਥੀ ਚਰਨਜੀਤ ਛਾਂਗਾਰਾਏ ਅਤੇ ਰਮਨ ਧਰਮੂਵਾਲਾ ਨੇ ਕਿਹਾ ਕਿ ਸਰਬ ਭਾਰਤ ਨੌਜਵਾਨ ਸਭਾ ਅਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਬਨੇਗਾ ਕਾਨੂੰਨ ਦੀ ਪ੍ਰਾਪਤੀ ਲਈ ਲਗਾਤਾਰ ਸੰਘਰਸ਼ ਕੀਤਾ ਜਾ ਰਿਹਾ ਹੈ ਅਤੇ ਦੇਸ਼ ਦੀ ਜਵਾਨੀ ਨੂੰ ਲਾਮਬੰਦ ਕਰਕੇ ਸਵੈ ਇੱਛਾ ਨਾਲ ਵਲੰਟੀਅਰ ਬਣਾਇਆ ਜਾ ਰਿਹਾ ਹੈ ਜਿਸ ਵਿੱਚ ਵੱਡੀ ਗਿਣਤੀ ਵਿੱਚ ਚਾਹਵਾਨ ਨੌਜਵਾਨ ਸ਼ਾਮਲ ਹੋ ਰਹੇ ਹਨ। ਉਨ੍ਹਾ ਕਿਹਾ ਕਿ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਹਰ ਇੱਕ ਲਈ ਯੋਗਤਾ ਅਨੁਸਾਰ ਕੰਮ, ਜਿਸ 'ਚ ਅਣਸਿੱਖਿਅਤ ਨੂੰ 35,000 ਰੁਪਏ, ਅਰਧ ਸਿੱਖਿਅਤ ਨੂੰ 40,000 ਰੁਪਏ, ਸਿੱਖਿਅਤ ਨੂੰ 45,000 ਰੁਪਏ ਅਤੇ ਉੱਚ ਸਿੱਖਿਅਤ ਨੂੰ 60,000 ਰੁਪਏ ਅਤੇ ਜੇਕਰ ਸਰਕਾਰ ਕੰਮ ਦੇਣ ਵਿੱਚ ਅਸਫਲ ਹੈ ਤਾਂ ਉਕਤ ਤਨਖਾਹ ਦਾ ਅੱਧ ਕੰਮ ਇੰਤਜ਼ਾਰ ਭੱਤਾ ਦੇਣ ਦੀ ਵਿਵਸਥਾ ਕਰਦਾ ਹੈ, ਜਵਾਨੀ ਦੀਆਂ ਸਾਰੀਆਂ ਮੁਸ਼ਕਲਾਂ ਦਾ ਮੁਕੰਮਲ ਹੱਲ ਕਰਦਾ ਹੈ। ਨੌਜਵਾਨ ਆਗੂਆਂ ਨੇ ਕਿਹਾ ਕਿ ਭਵਿੱਖ ਵਿੱਚ ਫਾਜ਼ਿਲਕਾ ਦੀ ਤਰਜ਼ 'ਤੇ ਪੂਰੇ ਦੇਸ਼ ਵਿੱਚ ਅਜਿਹਾ ਬਨੇਗਾ ਵਲੰਟੀਅਰ ਮਾਰਚ ਕਰਕੇ ਜਵਾਨੀ ਨੂੰ ਲਾਮਬੰਦ ਕੀਤਾ ਜਾਵੇਗਾ। ਪਰਮਜੀਤ ਢਾਬਾਂ, ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਹੰਸ ਰਾਜ ਗੋਲਡਨ, ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾ ਮੀਤ ਸਕੱਤਰ ਕਾਮਰੇਡ ਸੁਰਿੰਦਰ ਢੰਡੀਆਂ ਨੇ ਕਿਹਾ ਕਿ ਜਵਾਨੀ ਹੀ ਅਜਿਹਾ ਜਜ਼ਬਾ ਹੈ, ਜੋ ਹਰ ਮੁਸ਼ਕਲ 'ਤੇ ਜਿੱਤ ਪ੍ਰਾਪਤ ਕਰ ਸਕਦਾ ਹੈ

• ਬਾਕੀ ਸਫਾ 10 'ਤੇ

## ਕਾਲਜ ਪ੍ਰਿੰਸੀਪਲ ਛੇੜਛਾੜ ਦੇ ਦੋਸ਼ 'ਚ ਗ੍ਰਿਫਤਾਰ

**ਬਿਲਾਸਪੁਰ** : ਹਿਮਾਚਲ ਪ੍ਰਦੇਸ਼ ਦੇ ਬਿਲਾਸਪੁਰ ਵਿੱਚ ਬੰਦਲਾ ਹਾਈਡਰੋ ਇੰਜਨੀਅਰਿੰਗ ਕਾਲਜ ਦੇ ਡਾਇਰੈਕਟਰ-ਕਮ-ਪ੍ਰਿੰਸੀਪਲ ਨੂੰ ਵਿਦਿਆਰਥਣਾਂ ਵੱਲੋਂ ਜਿਨਸੀ ਸ਼ੋਸ਼ਣ ਦੀਆਂ ਸ਼ਿਕਾਇਤਾਂ ਕੀਤੇ ਜਾਣ ਤੋਂ ਬਾਅਦ ਗ੍ਰਿਫਤਾਰ ਕਰ ਲਿਆ ਗਿਆ ਹੈ। ਵੀਰਵਾਰ ਵਿਦਿਆਰਥੀਆਂ ਨੇ ਇੱਕ ਵੀਡੀਓ ਵਾਇਰਲ ਹੋਣ ਤੋਂ ਬਾਅਦ ਉਸ ਦੀ ਫੌਰੀ ਗ੍ਰਿਫਤਾਰੀ ਦੀ ਮੰਗ ਕਰਦੇ ਹੋਏ ਮੁਜ਼ਾਹਰਾ ਕੀਤਾ ਸੀ। ਵੀਡੀਓ ਵਿੱਚ ਮੁਲਜ਼ਮ ਕਥਿਤ ਤੌਰ 'ਤੇ ਕੰਬਲ ਹੇਠ ਹਸਪਤਾਲ ਵਿੱਚ ਦਾਖਲ ਇੱਕ ਵਿਦਿਆਰਥਣ ਨੂੰ ਗਲਤ ਢੰਗ ਨਾਲ ਛੂਹਣ ਦੀ ਕੋਸ਼ਿਸ਼ ਕਰ ਰਿਹਾ ਹੈ। ਪੁਲਸ ਨੇ ਕਿਹਾ ਕਿ ਇਹ ਕਥਿਤ ਘਟਨਾ ਮਾਰਚ 2024 ਵਿੱਚ ਵਾਪਰੀ ਸੀ। ਇਸੇ ਦੌਰਾਨ, ਸੁੰਦਰਨਗਰ ਇੰਜੀਨੀਅਰਿੰਗ ਕਾਲਜ ਦੀ ਇੱਕ ਸਾਬਕਾ ਵਿਦਿਆਰਥਣ ਵੱਲੋਂ ਅਪਰੈਲ ਵਿੱਚ ਈ-ਸਮਾਧਾਨ ਪੋਰਟਲ 'ਤੇ ਉਸੇ ਵਿਅਕਤੀ ਵਿਰੁੱਧ ਦਰਜ ਕਰਵਾਈ ਗਈ ਸ਼ਿਕਾਇਤ ਵੀ ਇੰਟਰਨੈੱਟ 'ਤੇ ਵਾਇਰਲ ਹੋ ਗਈ ਹੈ। ਸ਼ਿਕਾਇਤਕਰਤਾ ਨੇ ਦੋਸ਼ ਲਗਾਇਆ ਕਿ ਜਦੋਂ ਉਹ ਕਾਲਜ ਵਿੱਚ ਪੜ੍ਹ ਰਹੀ ਸੀ ਤਾਂ ਬੰਦਲਾ ਹਾਈਡਰੋ ਇੰਜੀਨੀਅਰਿੰਗ ਕਾਲਜ ਦੇ ਮੌਜੂਦਾ ਡਾਇਰੈਕਟਰ, ਜੋ ਉਸ ਸਮੇਂ ਉੱਥੇ ਇੱਕ ਸੀਨੀਅਰ ਫੈਕਲਟੀ ਵਜੋਂ ਤਾਇਨਾਤ ਸੀ, ਨੇ ਉਸ ਨਾਲ ਅਣਉਚਿੱਤ ਵਿਹਾਰ ਕੀਤਾ ਸੀ।

## ਸੀ ਆਈ ਏ ਸਟਾਫ ਦੀ ਟੀਮ ਗ੍ਰਿਫਤਾਰ

**ਫਗਵਾੜਾ** : ਇੱਥੇ ਸੀ ਆਈ ਏ ਸਟਾਫ ਦੀ ਲੱਗਪੱਗ ਪੂਰੀ ਟੀਮ ਨੂੰ ਭ੍ਰਿਸ਼ਟਾਚਾਰ ਰੋਕੂ ਐਕਟ ਤਹਿਤ ਗ੍ਰਿਫਤਾਰ ਕਰ ਲਿਆ ਗਿਆ ਹੈ। ਡੀ ਆਈ ਜੀ ਜਲੰਧਰ ਨਵੀਨ ਸਿੰਗਲਾ ਨੇ ਕਿਹਾ ਕਿ ਰਿਸ਼ਵਤ ਲੈਣ ਦੇ ਦੋਸ਼ ਹੇਠ ਸੀ ਆਈ ਏ ਇੰਚਾਰਜ ਬਿਸਮਨ ਸਿੰਘ ਮਾਹੀ, ਏ ਐੱਸ ਆਈ ਨਿਰਮਲ ਕੁਮਾਰ, ਏ ਐੱਸ ਆਈ ਜਸਵਿੰਦਰ ਸਿੰਘ ਤੇ ਕਾਂਸਟੇਬਲ ਜਗਰੂਪ ਸਿੰਘ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਮੁਲਜ਼ਮਾਂ ਨੇ ਇੱਕ ਤਸਕਰ ਹਨੀ ਨੂੰ ਆਪਣੀ ਹਿਰਾਸਤ 'ਚੋਂ ਛੁਡਾਉਣ ਲਈ ਲੱਗਭੱਗ 2.5 ਲੱਖ ਰੁਪਏ ਦੀ ਰਿਸ਼ਵਤ ਲਈ।

## ਇੱਕ ਦਿਨ 'ਚ 101 ਤਸਕਰ ਫੜੇ

**ਚੰਡੀਗੜ੍ਹ** : 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ 82ਵੇਂ ਦਿਨ ਵੀਰਵਾਰ 1,300 ਪੁਲਸ ਮੁਲਾਜ਼ਮਾਂ ਵਾਲੀਆਂ 200 ਤੋਂ ਵੱਧ ਟੀਮਾਂ ਨੇ 460 ਥਾਵਾਂ 'ਤੇ ਛਾਪੇਮਾਰੀ ਕਰਕੇ 101 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 15.9 ਕਿੱਲੋ ਹੈਰੋਇਨ, 102 ਕਿੱਲੋ ਭੁੱਕੀ ਅਤੇ 25.52 ਲੱਖ ਰੁਪਏ ਦੀ ਡਰੱਗ ਮਨੀ ਜ਼ਬਤ ਕੀਤੀ। ਅਧਿਕਾਰੀਆਂ ਨੇ ਦੱਸਿਆ ਕਿ ਹੁਣ ਤੱਕ 12,650 ਨਸ਼ਾ ਤਸਕਰ ਫੜੇ ਜਾ ਚੁੱਕੇ ਹਨ।

## ਜਥੇਦਾਰ ਜਗਦੀਸ਼ ਸਿੰਘ ਝੀਂਡਾ ਪ੍ਰਧਾਨ ਚੁਣੇ ਗਏ



**ਕੁਰੂਕਸ਼ੇਤਰ** : ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਚ ਐੱਸ ਜੀ ਪੀ ਸੀ) ਦੀ ਸ਼ੁੱਕਰਵਾਰ 11 ਮੈਂਬਰੀ ਐਗਜ਼ੈਕਟਿਵ ਦੀ ਚੋਣ ਕੀਤੀ ਗਈ ਅਤੇ ਜਥੇਦਾਰ ਜਗਦੀਸ਼ ਸਿੰਘ ਝੀਂਡਾ ਨੂੰ ਸਰਬਸੰਮਤੀ ਨਾਲ ਪ੍ਰਧਾਨ ਤੇ ਜਥੇਦਾਰ ਅੰਗਰੇਜ਼ ਸਿੰਘ ਕੰਬੋਜ ਰਾਣੀਆਂ ਨੂੰ ਜਨਰਲ ਸਕੱਤਰ ਚੁਣ ਲਿਆ ਗਿਆ। ਜਥੇਦਾਰ ਝੀਂਡਾ ਦੂਜੀ ਵਾਰ ਪ੍ਰਧਾਨ ਬਣੇ ਹਨ। ਗੁਰਮੀਤ ਸਿੰਘ ਮੀਤਾ ਪੰਚਕੂਲਾ ਨੂੰ ਸੀਨੀਅਰ ਮੀਤ ਪ੍ਰਧਾਨ, ਗੁਰਬੀਰ ਸਿੰਘ ਰਾਦੌਰ ਨੂੰ ਮੀਤ ਪ੍ਰਧਾਨ ਅਤੇ ਬਲਵਿੰਦਰ ਸਿੰਘ ਭਿੰਡਰ ਕਾਂਗਥਲੀ ਨੂੰ ਸਕੱਤਰ ਚੁਣਿਆ ਗਿਆ। ਪੰਜ ਅਹੁਦੇਦਾਰਾਂ ਤੋਂ ਇਲਾਵਾ ਕਰਨੈਲ ਸਿੰਘ ਨਿਮਨਾਬਾਦ, ਪਲਵਿੰਦਰ ਸਿੰਘ ਦਰਡ, ਕੁਲਦੀਪ ਸਿੰਘ ਮੁਲਤਾਨੀ, ਰੁਪਿੰਦਰ ਸਿੰਘ ਪੰਜੋਖਰਾ, ਜਗਤਾਰ ਸਿੰਘ ਮਾਨ ਅਤੇ ਟੀਪੀ ਸਿੰਘ ਐਗਜ਼ੈਕਟਿਵ ਮੈਂਬਰ ਚੁਣੇ ਗਏ।

## ਸਾਂਸਦ ਹਵਾ 'ਚ ਟੰਗੇ ਰਹੇ

**ਚੇਨੱਈ** : ਅਪ੍ਰੇਸ਼ਨ ਸਿੰਧੂਰ ਤੋਂ ਬਾਅਦ ਕੌਮਾਂਤਰੀ ਪਹੁੰਚ ਦੇ ਹਿੱਸੇ ਵਜੋਂ ਡੀ ਐੱਮ ਕੇ ਆਗੂ ਕਨੀਮੋਝੀ ਦੀ ਅਗਵਾਈ ਵਿੱਚ ਮਾਸਕੋ ਜਾ ਰਹੇ ਭਾਰਤੀ ਸੰਸਦ ਮੈਂਬਰਾਂ ਦੇ ਵਫਦ ਦੀ ਉਡਾਨ ਨੂੰ ਡਰੋਨ ਹਮਲੇ ਕਾਰਨ ਵੀਰਵਾਰ ਰਾਤ ਕੁਝ ਸਮੇਂ ਲਈ ਅਸਮਾਨ ਵਿੱਚ ਚੱਕਰ ਲਾਉਣਾ ਪਿਆ, ਪਰ 45 ਮਿੰਟ ਦੀ ਦੇਰੀ ਨਾਲ ਜਹਾਜ਼ ਸੁਰੱਖਿਅਤ ਉੱਤਰ ਗਿਆ।

## ਵਹੁਟੀ ਨਾਲ ਕਲੇਸ਼ ਤੋਂ ਬਾਅਦ ਵਿਚੋਲਾ ਮਾਰ'ਤਾ

**ਮੇਂਗਲੁਰੂ (ਕਰਨਾਟਕ)** : ਪਤਨੀ ਨਾਲ ਕਲੇਸ਼ ਕਾਰਨ ਬੁੱਧਵਾਰ ਰਾਤ ਮੇਂਗਲੁਰੂ ਦਿਹਾਤੀ ਪੁਲਸ ਸਟੇਸ਼ਨ ਦੀ ਹਦੂਦ ਅੰਦਰ ਵਾਲਾਚਿਲ ਵਿਖੇ ਮੁਸਤਫਾ (30) ਨੇ ਵਾਮਨਜੂਰ ਦੇ ਰਹਿਣ ਵਾਲੇ ਵਿਚੋਲੇ ਸੁਲੇਮਾਨ (50) ਨੂੰ ਚਾਕੂ ਮਾਰ ਕੇ ਮਾਰ ਦਿੱਤਾ ਤੇ ਉਸ ਦੇ ਦੋ ਪੁੱਤਰਾਂ ਰਿਆਬ ਅਤੇ ਸਿਆਬ ਨੂੰ ਜ਼ਖਮੀ ਕਰ ਦਿੱਤਾ। ਸੁਲੇਮਾਨ ਨੇ ਕਰੀਬ ਅੱਠ ਮਹੀਨੇ ਪਹਿਲਾਂ ਆਪਣੇ ਰਿਸ਼ਤੇਦਾਰ ਮੁਸਤਫਾ ਦਾ ਸਾਕ ਕਰਾਇਆ ਸੀ। ਮੁਸਤਫਾ ਨੇ ਰਾਤ 9:30 ਵਜੇ ਦੇ ਕਰੀਬ ਸੁਲੇਮਾਨ ਨੂੰ ਫੋਨ ਕਰਕੇ ਗਾਲੀ-ਗਲੋਚ ਕੀਤੀ, ਜਿਸ ਤੋਂ ਬਾਅਦ ਸੁਲੇਮਾਨ ਅਤੇ ਉਸ ਦੇ ਪੁੱਤਰ ਮੁਲਜ਼ਮ ਦੇ ਘਰ ਗਏ। ਜਦੋਂ ਉਹ ਗੱਲਬਾਤ ਕਰਨ ਤੋਂ ਬਾਅਦ ਮੁੜ ਰਹੇ ਸਨ ਤਾਂ ਮੁਸਤਫਾ ਘਰੋਂ ਬਾਹਰ ਆਇਆ ਅਤੇ ਉਸ ਨੇ ਸੁਲੇਮਾਨ ਦੀ ਗਰਦਨ 'ਤੇ ਚਾਕੂ ਮਾਰ ਦਿੱਤਾ। ਉਸ ਨੇ ਸੁਲੇਮਾਨ ਦੇ ਪੁੱਤਰਾਂ ਨੂੰ ਵੀ ਜ਼ਖਮੀ ਕਰ ਦਿੱਤਾ। ਪੁਲਸ ਨੇ ਮੁਸਤਫਾ ਨੂੰ ਗ੍ਰਿਫਤਾਰ ਕਰ ਲਿਆ ਹੈ।

## ਕੇਂਦਰੀ ਮੰਤਰੀ ਦੀ ਪਤਨੀ ਕੋਲ ਦੋ ਵੋਟਰ ਕਾਰਡ

**ਕੋਲਕਾਤਾ** : ਭਾਜਪਾ ਦੇ ਪੱਛਮੀ ਬੰਗਾਲ ਪ੍ਰਧਾਨ ਅਤੇ ਕੇਂਦਰੀ ਮੰਤਰੀ ਸੁਕਾਂਤ ਮਜੂਮਦਾਰ ਦੀ ਪਤਨੀ ਕੋਇਲ ਮਜੂਮਦਾਰ ਕੋਲ ਦੋ ਵੋਟਰ ਆਈ ਡੀ ਕਾਰਡ ਹੋਣ ਦੀ ਸ਼ਿਕਾਇਤ ਦੀ ਚੋਣ ਕਮਿਸ਼ਨ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ। ਇੱਕ ਕਾਰਡ ਬਾਲੁਰਘਾਟ ਅਤੇ ਦੂਜਾ ਜਲਪਾਈਗੁੜੀ ਵਿੱਚ ਰਜਿਸਟਰਡ ਹੈ। ਇੱਕ ਕੋਇਲ ਚੌਧਰੀ ਦੇ ਨਾਂਅ ਹੇਠ ਜਾਰੀ ਕੀਤਾ ਗਿਆ ਸੀ, ਜਦਕਿ ਦੂਜਾ ਵਿਆਹ ਤੋਂ ਬਾਅਦ ਕੋਇਲ ਮਜੂਮਦਾਰ ਦੇ ਨਾਂਅ ਹੇਠ ਬਣਾਇਆ ਗਿਆ ਸੀ। ਅਧਿਕਾਰੀ ਨੇ ਕਿਹਾ ਕਿ ਜੇ ਉਸ ਨੇ ਫਾਰਮ 18 ਜਮ੍ਹਾ ਕਰਵਾਇਆ ਹੁੰਦਾ ਤਾਂ ਇਸ ਤੋਂ ਬਚਿਆ ਜਾ ਸਕਦਾ ਸੀ। ਇਹ ਕਾਰਡਧਾਰਕ ਦੀ ਜ਼ਿੰਮੇਵਾਰੀ ਹੈ ਕਿ ਉਹ ਕਿਸੇ ਵੀ ਬਦਲਾਅ ਬਾਰੇ ਚੋਣ ਕਮਿਸ਼ਨ ਨੂੰ ਸੂਚਿਤ ਕਰੇ।

## ਕੇਂਦਰ ਨੇ ਦਰਬਾਰ ਸਾਹਿਬ ਕੰਪਲੈਕਸ 'ਚ ਗੰਨਾਂ ਦੀ ਤਾਇਨਾਤੀ ਦਾ ਝੂਠਾ ਬਿਆਨ ਕਿਉਂ ਦਿਵਾਇਆ ?

### ਤਿੰਨ ਕਮਿਊਨਿਸਟ ਆਗੂਆਂ ਨੇ ਮੰਗਿਆ ਸਪੱਸ਼ਟੀਕਰਨ

**ਬੰਗਾ (ਅਵਤਾਰ ਕਲੇਰ)**

ਫੌਜ ਦੀ ਰਾਜਨੀਤੀ ਲਈ ਵਰਤੋਂ ਕਿਸੇ ਵੀ ਕੀਮਤ 'ਤੇ ਨਹੀਂ ਹੋਣੀ ਚਾਹੀਦੀ, ਅਜਿਹਾ ਕਰਨ ਨਾਲ ਭਾਰਤੀ ਫੌਜ ਦਾ ਅਕਸ ਖਰਾਬ ਹੁੰਦਾ ਹੈ। ਇਹ ਵਿਚਾਰ ਸੀ ਪੀ ਆਈ ਐੱਮ ਦੇ ਸੂਬਾ ਸਕੱਤਰ ਸੁਖਵਿੰਦਰ ਸਿੰਘ ਸੇਖੋਂ, ਸੀ ਪੀ ਆਈ ਦੇ ਸੂਬਾ ਸਕੱਤਰ ਬੰਤ ਬਰਾੜ ਅਤੇ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਸੂਬਾ ਸਕੱਤਰ ਗੁਰਮੀਤ ਸਿੰਘ ਬਖਤੂਪੁਰ ਨੇ ਇੱਕ ਸਾਂਝੇ ਬਿਆਨ ਵਿੱਚ ਪ੍ਰਗਟ ਕੀਤੇ।

ਉਹ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਦੇ ਖੇਤਰ ਵਿੱਚ ਸੁਰੱਖਿਆ ਹਵਾਈ ਗੰਨਾਂ ਤਾਇਨਾਤ ਕਰਨ ਵਾਲੇ ਬਿਆਨ ਦੇ ਸੰਦਰਭ ਵਿੱਚ ਗੱਲ ਕਰ ਰਹੇ ਸਨ। ਇੱਥੇ ਇਹ ਵਰਨਣਯੋਗ ਹੈ ਕਿ ਭਾਰਤੀ ਫੌਜ ਦੇ ਇੱਕ ਲੈਫਟੀਨੈਂਟ ਜਨਰਲ ਸਮੇਰ ਇਵਾਨ ਵੱਲੋਂ ਇੱਕ ਚੈਨਲ ਲਈ ਦਿੱਤੀ ਜਾ ਰਹੀ ਇੰਟਰਵਿਊ 'ਚ ਦਾਅਵਾ ਕੀਤਾ ਸੀ ਕਿ ਅਪਰੇਸ਼ਨ ਸਿੰਧੂਰ ਦੌਰਾਨ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਖੇਤਰ ਵਿੱਚ ਸੁਰੱਖਿਆ ਹਵਾਈ ਗੰਨਾਂ ਲਗਾਈਆਂ ਗਈਆਂ ਸਨ। ਪਾਕਿਸਤਾਨ ਨੇ ਸ੍ਰੀ ਦਰਬਾਰ ਸਾਹਿਬ ਨੂੰ ਨਿਸ਼ਾਨਾ ਬਣਾਇਆ ਸੀ ਅਤੇ ਡਰੋਨ ਹਮਲੇ ਕੀਤੇ, ਜਿਹਨਾਂ ਨੂੰ ਭਾਰਤੀ ਡਿਫੈਂਸ ਸਿਸਟਮ ਨੇ ਨਸ਼ਟ ਕਰ ਦਿੱਤਾ ਸੀ। ਇਸ ਤੋਂ ਬਾਅਦ ਸ੍ਰੀ ਦਰਬਾਰ ਸਾਹਿਬ ਦੇ ਅਡੀਸਨਲ ਮੁੱਖ ਗ੍ਰੰਥੀ ਗਿ: ਅਮਰਜੀਤ ਸਿੰਘ ਨੇ ਇਸ ਬਿਆਨ ਤੇ ਹੈਰਾਨੀ ਪ੍ਰਗਟ ਕਰਦਿਆਂ ਇਸਨੂੰ ਗਲਤ ਕਿਹਾ ਸੀ। ਉਹਨਾਂ ਕਿਹਾ ਕਿ ਇਸ ਖੇਤਰ ਵਿੱਚ ਸੁਰੱਖਿਆ ਹਵਾਈ ਗੰਨਾਂ ਨਹੀਂ ਲਗਾਈਆਂ ਗਈਆਂ ਅਤੇ ਨਾ ਹੀ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੰਨਾਂ ਲਗਾਉਣ ਲਈ ਕੋਈ ਪ੍ਰਵਾਨਗੀ ਦਿੱਤੀ। ਉਹਨਾਂ ਕਿਹਾ ਸੀ ਕਿ ਸ੍ਰੀ ਦਰਬਾਰ ਸਾਹਿਬ ਤੋਂ ਮਨੁੱਖਤਾ ਦੇ ਭਲੇ ਲਈ ਅਰਦਾਸ ਹੁੰਦੀ ਹੈ ਅਤੇ ਕੋਈ ਇਸ ਅਸਥਾਨ ਬਾਰੇ ਮਾੜਾ ਸੋਚ ਵੀ ਨਹੀਂ ਸਕਦਾ। ਇੱਥੇ ਇਹ ਦੱਸਣਾ ਵੀ ਜਰੂਰੀ ਹੈ ਕਿ ਇਸ ਖੰਡਨ ਤੋਂ ਬਾਅਦ ਭਾਰਤੀ ਫੌਜ ਨੇ ਹਵਾਈ ਗੰਨਾਂ ਦੀਆਂ ਖ਼ਬਰਾਂ ਨੂੰ ਖਾਰਜ ਕਰ ਦਿੱਤਾ ਸੀ ਅਤੇ ਸਪਸ਼ਟੀਕਰਨ ਦਿੰਦਿਆਂ ਕਿਹਾ ਸੀ ਕਿ ਇਸ ਖੇਤਰ ਵਿੱਚ ਗੰਨਾਂ ਤਾਇਨਾਤ ਨਹੀਂ ਕੀਤੀਆਂ ਗਈਆਂ ਸਨ।

ਤਿੰਨੇ ਕਮਿਊਨਿਸਟ ਨੇਤਾਵਾਂ ਨੇ ਕਿਹਾ ਕਿ ਅਜਿਹਾ ਗੈਰਵਾਜਬ ਤੇ ਝੂਠਾ ਬਿਆਨ ਫੌਜ ਨੂੰ ਰਾਜਨੀਤੀ ਲਈ ਵਰਤਣ ਵਾਸਤੇ ਕੇਂਦਰ ਸਰਕਾਰ ਵੱਲੋਂ ਦਿਵਾਇਆ ਗਿਆ, ਤਾਂ ਜੋ ਸਿੱਖਾਂ ਦੀਆਂ ਭਾਵਨਾਵਾਂ ਨੂੰ ਆਪਣੇ ਹਿਤਾਂ ਲਈ ਵਰਤਿਆ ਜਾ ਸਕੇ। ਉਹਨਾਂ ਕਿਹਾ ਕਿ ਇਹ ਬਿਆਨ ਫੌਜ ਦਾ ਵਿਸਵਾਸ਼ ਤੋੜਣ ਵਾਲਾ ਹੈ ਅਤੇ ਕੇਂਦਰ ਦੀ ਮੋਦੀ ਸਰਕਾਰ ਦਾ ਪਰਦਾਫਾਸ਼ ਕਰਦਾ ਹੈ। ਇੱਥੇ ਹੀ ਬੱਸ ਨਹੀਂ ਸ੍ਰੀ ਦਰਬਾਰ ਸਾਹਿਬ ਖੇਤਰ ਦੀ ਮਰਯਾਦਾ 'ਤੇ ਵੀ ਕਈ ਸੁਆਲ ਖੜੇ ਕਰਦਾ ਹੈ, ਜੋ ਮੰਦਭਾਗਾ ਹੈ। ਭਾਰਤੀ ਫੌਜ ਨੂੰ ਇਸ ਬਿਆਨ ਤੋਂ ਪਿੱਛੇ ਮੁੜਣਾ ਪਿਆ। ਆਗੂਆਂ ਨੇ ਕਿਹਾ ਕਿ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਪੜਤਾਲ ਹੋਣੀ ਚਾਹੀਦੀ ਹੈ।

ਆਗੂਆਂ ਨੇ ਕਿਹਾ ਕਿ ਫੌਜ ਦੀ ਰਾਜਨੀਤੀ ਲਈ ਕਿਸੇ ਵੀ ਕੀਮਤ ਤੇ ਵਰਤੋਂ ਨਹੀਂ ਹੋਣੀ ਚਾਹੀਦੀ। ਕੇਂਦਰ ਸਰਕਾਰ ਦੇ ਇਸ਼ਾਰੇ ਬਗੈਰ ਅਜਿਹਾ ਬਿਆਨ ਨਹੀਂ ਦਿੱਤਾ ਜਾ ਸਕਦਾ, ਸਰਕਾਰ ਸਪਸ਼ਟ ਕਰੇ ਕਿ ਇਹ ਝੂਠਾ ਬਿਆਨ ਕਿਉਂ ਦਿਵਾਇਆ ਗਿਆ ? ਅੱਗੇ ਲਈ ਵੀ ਭਰੋਸਾ ਪੈਦਾ ਕਰੇ ਕਿ ਫੌਜ ਦੀ ਰਾਜਨੀਤੀ ਲਈ ਕਦੇ ਵੀ ਵਰਤੋਂ ਨਹੀਂ ਕੀਤੀ ਜਾਵੇਗੀ।



ਕੇਰਲਾ ਦੇ ਐਰਨਾਕੁਲਮ ਜ਼ਿਲ੍ਹੇ ਦੇ ਏਦਾਥਲਾ ਦੀ ਕਾਫੀ ਵਗਦੀ ਸੜਕ 'ਤੇ ਚਹਿਲਕਦਮੀ ਕਰਦੇ ਸ਼ੁਤਰਮੁਰਗ ਨੂੰ ਦੇਖ ਕੇ ਲੋਕ ਹੈਰਾਨ ਹੋ ਗਏ। ਇਸ ਸੰਬੰਧੀ ਪਾਈ ਗਈ ਵੀਡੀਓ 'ਤੇ 73 ਲੱਖ ਲੋਕ ਵਿਊ ਦੇ ਚੁੱਕੇ ਹਨ। ਏਦਾਥਲਾ ਦੇ ਸਰਪੰਚ ਨੇ ਦੱਸਿਆ ਕਿ ਕਿਸੇ ਨੇ ਤਿੰਨ-ਚਾਰ ਸ਼ੁਤਰਮੁਰਗ ਪਾਲੇ ਹੋਏ ਹਨ ਤੇ ਇਨ੍ਹਾਂ ਵਿੱਚੋਂ ਇੱਕ ਬਾਹਰ ਨਿਕਲ ਆਇਆ ਸੀ। ਬਾਅਦ ਵਿੱਚ ਉਸ ਨੂੰ ਫੜ ਲਿਆ ਗਿਆ।

## ਮਾਸਟਰ ਬਲਵੀਰ ਸਿੰਘ ਮੰਦਰਾਂ ਦੇ ਪਰਵਾਰ ਵੱਲੋਂ 50 ਹਜ਼ਾਰ ਰੁਪਏ ਦਾ ਚੈੱਕ ਕਾਮਰੇਡ ਅਰਸ਼ੀ ਸਪੁਰਦ



**ਮਾਨਸਾ (ਆਤਮਾ ਸਿੰਘ ਪਮਾਰ)**- ਮਾਸਟਰ ਬਲਵੀਰ ਸਿੰਘ ਮੰਦਰਾਂ ਪਿੰਡ ਆਲਮਪੁਰ ਮੰਦਰਾਂ ਚੜ੍ਹਦੀ ਜਵਾਨੀ ਵਿੱਚ ਹੀ ਸੀਪੀਆਈ ਵਿੱਚ ਸਰਗਰਮ ਹੋ ਗਏ ਸਨ, ਲਾਲ ਪਾਰਟੀ ਵਿੱਚ ਵੀ ਵੱਧ ਚੜ੍ਹਕੇ ਕੰਮ ਕੀਤਾ, ਕਈ ਵਾਰ ਜੇਲ੍ਹ ਗਏ। ਕਾਫ਼ੀ ਸਮਾਂ ਗੁਪਤਵਾਸ ਵੀ ਰਹੇ, ਕਾ. ਜੋਗਾ ਜੀ ਦੇ ਜ਼ੋਰ ਦੇਣ ਤੇ ਅਧਿਆਪਕ ਵਜੋਂ ਸਿਖਲਾਈ ਲੈ ਕੇ ਲੰਮਾ ਸਮਾਂ ਬਤੌਰ ਅਧਿਆਪਕ ਵੀ ਸੇਵਾ ਨਿਭਾਈ, ਅਤੇ ਇੱਕ ਵਧੀਆ ਅਧਿਆਪਕ ਦਾ ਨਾਮਣਾ ਖੱਟਿਆ, ਗੌਰਮਿੰਟ ਟੀਚਰਜ਼ ਯੂਨੀਅਨ ਦੇ ਸਿਰਮੌਰ ਆਗੂ ਵਜੋਂ ਵੀ ਸਥਾਪਿਤ ਹੋਏ ਤੇ ਅਗਸਤ 1992 'ਚ ਆਪਣੇ ਪਿੰਡ ਦੇ ਹਾਈ ਸਕੂਲ ਤੋਂ ਬਤੌਰ ਸਕੂਲ ਮੁਖੀ ਸੇਵਾ ਮੁਕਤ ਹੋਏ।ਇਸ ਦੌਰਾਨ 1992 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਬੁਢਲਾਡਾ ਹਲਕੇ ਤੋਂ ਕਾਮਰੇਡ ਅਰਸ਼ੀ ਵਿਧਾਇਕ ਚੁਣੇ ਗਏ, ਮਾਸਟਰ ਜੀ ਨੇ ਉਨ੍ਹਾਂ ਦੀ ਸੱਜੀ ਬਾਂਹ ਬਣਕੇ ਹਲਕੇ ਤੇ ਪਾਰਟੀ ਦੀ ਦਿਨ ਰਾਤ ਇੱਕ ਕਰਕੇ ਸੇਵਾ ਕੀਤੀ।ਮੰਦਰਾਂ ਨੇ ਲੰਮਾ ਸਮਾਂ ਬੁਢਲਾਡਾ ਤਹਿਸੀਲ ਦੇ ਪਾਰਟੀ ਸਕੱਤਰ ਦੀ ਜ਼ਿੰਮੇਵਾਰੀ ਵੀ ਬਾਖੂਬੀ ਨਿਭਾਈ ਤੇ ਪਾਰਟੀ ਦੇ ਸੂਬਾ ਕੰਟਰੋਲ ਕਮਿਸ਼ਨ ਦੇ ਮੈਂਬਰ ਵੀ ਰਹੇ ਤੇ ਪਟਨਾ ਪਾਰਟੀ ਕਾਂਗਰਸ ਵਿੱਚ ਬਤੌਰ ਡੈਲੀਗੇਟ ਸ਼ਾਮਲ ਹੋ ਏ। ਅ ਪ੍ਰੈ ਲ

• ਬਾਕੀ ਸਫਾ 10 'ਤੇ

## ਅਲਾਟੀਆਂ ਨੂੰ ਹੁਣ ਛੇ ਮਹੀਨਿਆਂ 'ਚ ਪੈਸੇ ਜਮ੍ਹਾਂ ਕਰਾਉਣੇ ਪੈਣਗੇ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)**

ਸ਼ਹਿਰੀ ਸਥਾਨਕ ਸਰਕਾਰਾਂ ਵੱਲੋਂ ਵੇਚੀਆਂ ਜਾਇਦਾਦਾਂ ਲਈ ਅਦਾਇਗੀ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਤੇ ਇਸ ਵਿੱਚ ਤੇਜ਼ੀ ਲਿਆਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਕੈਬਨਿਟ ਨੇ ਪੰਜਾਬ ਮੈਨੇਜਮੈਂਟ ਐਂਡ ਟਰਾਂਸਫਰ ਆਫ਼ ਮਿਊਂਸਿਪਲ ਪ੍ਰਾਪਰਟੀਜ਼ ਨਿਯਮ, 2021 ਵਿੱਚ ਅਹਿਮ ਸੋਧ ਦੀ ਸ਼ੁੱਕਰਵਾਰ ਪ੍ਰਵਾਨਗੀ ਦੇ ਦਿੱਤੀ।

ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਇਸ ਸੋਧ ਮੁਤਾਬਕ ਕੈਬਨਿਟ ਨੇ ਸ਼ਹਿਰੀ ਸਥਾਨਕ ਸਰਕਾਰਾਂ ਵੱਲੋਂ ਵੇਚੀ ਜਾਇਦਾਦ ਲਈ ਅਲਾਟੀਆਂ ਵੱਲੋਂ ਵਿਕਰੀ ਕੀਮਤ ਜਮ੍ਹਾਂ ਕਰਵਾਉਣ ਵਾਸਤੇ ਸਮਾਂ ਹੱਦ ਘਟਾ ਕੇ ਛੇ ਮਹੀਨੇ ਕਰਨ ਦਾ ਫੈਸਲਾ ਕੀਤਾ ਹੈ। ਇਸ ਤਹਿਤ ਹੁਣ ਅਲਾਟੀਆਂ ਨੂੰ ਪੂਰੀ ਵਿਕਰੀ ਕੀਮਤ ਅਲਾਟਮੈਂਟ ਦੀ ਮਿਤੀ ਤੋਂ 180 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣੀ ਹੋਵੇਗੀ, ਜਦੋਂ ਕਿ ਪਹਿਲਾਂ ਇਹ ਅਦਾਇਗੀ ਛੇ ਛਿਮਾਹੀ ਕਿਸ਼ਤਾਂ ਵਿੱਚ ਜਮ੍ਹਾਂ ਕਰਵਾਉਣੀ ਹੁੰਦੀ ਸੀ।ਇਸ ਫੈਸਲੇ ਦਾ ਮੰਤਵ ਸ਼ਹਿਰੀ ਸਥਾਨਕ ਸਰਕਾਰਾਂ ਵੱਲੋਂ ਮਾਲੀਆ ਦੀ ਉਗਰਾਹੀ ਵਿੱਚ ਤੇਜ਼ੀ, ਮਿਊਂਸਿਪਲ ਇਕਾਈਆਂ ਦੇ ਵਿੱਤ ਨੂੰ ਮਜ਼ਬੂਤ ਕਰਨ ਅਤੇ ਦੇਰੀ ਨਾਲ ਅਦਾਇਗੀਆਂ ਸੰਬੰਧੀ ਕਾਨੂੰਨੀ ਵਿਵਾਦਾਂ ਨੂੰ ਘਟਾ ਕੇ ਆਮ ਆਦਮੀ ਨੂੰ ਸਹੂਲਤ ਦੇਣਾ ਹੈ।ਮੰਤਰੀ ਮੰਡਲ ਨੇ ਪੰਜਾਬ ਇਨੋਵੇਸ਼ਨ ਮਿਸ਼ਨ ਲਈ ਪੰਜ ਕਰੋੜ ਰੁਪਏ ਅਲਾਟ ਕਰਨ ਦੀ ਸਹਿਮਤੀ ਦੇ ਦਿੱਤੀ। ਇਹ ਫੈਸਲਾ ਪੰਜਾਬ ਦੀਆਂ ਵਿਕਾਸ ਸੰਭਾਵਨਾਵਾਂ ਨੂੰ ਉਜਾਗਰ ਕਰਨ ਤੇ ਨੌਕਰੀਆਂ ਦੇ ਮੌਕੇ ਪੈਦਾ ਕਰ ਕੇ ਅਤੇ ਨਿਵੇਸ਼ ਨੂੰ ਸੱਦਾ ਦੇ ਕੇ ਖ਼ੁਸ਼ਹਾਲ ਆਰਥਿਕਤਾ ਬਣਾਉਣ ਵਿੱਚ ਮਿਸ਼ਨ ਦੇ ਲਾਮਿਸਾਲ ਯੋਗਦਾਨ ਦੇ ਮੱਦੇਨਜ਼ਰ ਲਿਆ ਗਿਆ ਹੈ। ਪੰਜਾਬ ਨੂੰ ਦੇਸ਼ ਭਰ ਵਿੱਚੋਂ ਸਨਅਤੀ ਧੁਰੇ ਵਜੋਂ ਵਿਕਸਤ ਕਰਨ ਵਿੱਚ ਹੋਰ ਤੇਜ਼ੀ ਲਿਆਉਣ ਲਈ ਪ੍ਰੇਰਕ ਵਜੋਂ ਕੰਮ ਕਰਨ ਪੱਖੋਂ ਵੀ ਇਹ ਮਿਸ਼ਨ ਸੂਬੇ ਲਈ ਬਹੁਤ ਮਹੱਤਵਪੂਰਨ ਹੈ।

ਪੰਜਾਬ ਪੁਲਸ ਵਿੱਚ ਖ਼ਾਸ ਤੌਰ ਉੱਤੇ ਖੇਡ ਕੋਟੇ ਤੋਂ ਤਰੱਕੀ ਹਾਸਲ ਕਰਨ ਵਾਲੇ ਮੁਲਾਜ਼ਮਾਂ ਦੀਆਂ ਤਰੱਕੀਆਂ ਨੂੰ ਸੁਚਾਰੂ ਬਣਾਉਣ ਦੇ ਉਦੇਸ਼ ਨਾਲ ਪੰਜਾਬ ਕੈਬਨਿਟ ਨੇ 207 ਵਿਸ਼ੇਸ਼ ਤਰੱਕੀ ਪ੍ਰਾਪਤ ਕਾਡਰ ਵਿੱਚ ਸੇਵਾ ਨਿਭਾ ਰਹੇ ਅਫ਼ਸਰਾਂ/ਮੁਲਾਜ਼ਮਾਂ ਲਈ ਸੇਵਾ ਨਿਯਮ ਬਣਾਉਣ ਦੀ ਸਹਿਮਤੀ ਦੇ ਦਿੱਤੀ। ਇਸ ਫੈਸਲੇ ਨਾਲ ਇਨ੍ਹਾਂ ਪੁਲਸ ਅਫ਼ਸਰਾਂ/ਮੁਲਾਜ਼ਮਾਂ ਦੀਆਂ ਭਵਿੱਖੀ ਤਰੱਕੀਆਂ ਨੇਮਬੱਧ ਹੋਣਗੀਆਂ ਅਤੇ ਇਨ੍ਹਾਂ ਦੇ ਹੋਰ ਸੇਵਾ ਮਾਮਲੇ ਸੁਚਾਰੂ ਹੋਣਗੇ।

## ਅੱਜ-ਨਾਮਾ

ਮੁੱਦਾ ਮਾਈਨਿੰਗ ਦਾ ਉੱਠਿਆ ਫੇਰ ਬੇਲੀ,
ਜਿਸ ਨਾਲ ਲੱਗ ਰਹੇ ਨੋਟਾਂ ਦੇ ਢੇਰ ਬੇਲੀ।
ਕਰਦੇ ਇਹੀ ਤਾਂ ਕਈ ਵਿਧਾਇਕ ਸੁਣਿਆ,
ਕਦੇ ਨਹੀਂ ਵਿੰਹਦੇ ਆ ਦੇਰ-ਸਵੇਰ ਬੇਲੀ।
ਸ਼ੂਕਦੇ ਸੜਕਾਂ 'ਤੇ ਟਿੱਪਰ ਵੀ ਆਮ ਬੇਲੀ,
ਮਿੱਧ ਰਹੇ ਲੋਕਾਂ ਨੂੰ, ਪਾਉਣ ਹਨੇਰ ਬੇਲੀ।
ਵਿੰਹਦੀ ਪੁਲਸ ਤਾਂ ਰਹੇ ਅਣਡਿੱਠ ਕਰਦੀ,
ਲੀਡਰਾਂ ਕਾਰਨ ਬਦਮਾਸ਼ ਹਨ ਸ਼ੇਰ ਬੇਲੀ।
ਜਿਸ ਵੀ ਪਾਰਟੀ ਦੇ ਹੱਥ ਵਿੱਚ ਰਾਜ ਹੋਵੇ,
ਚੱਲਦੀ ਸੱਥਾਂ ਵਿੱਚ ਉਹਦੀ ਹੈ ਗੱਲ ਬੇਲੀ।
ਪਾਰਟੀ ਬਦਲਦੀ, ਮੁਜਰਮ ਨੇ ਉਹੀ ਹੁੰਦੇ,
ਕਮਾਈ ਜਾਣ ਲੱਗਦੀ ਨਵਿਆਂ ਵੱਲ ਬੇਲੀ।

-ਤੀਸ ਮਾਰ ਖਾਂ

## ਕੇਂਦਰ ਸਰਕਾਰ ਹਿੰਦੂ-ਮੁਸਲਮਾਨਾਂ ਨੂੰ ਲੜਾਉਣਾ ਚਾਹੁੰਦੀ : ਬੰਤ ਬਰਾੜ

**ਬੰਗਾ (ਅਵਤਾਰ ਕਲੇਰ)**-ਮਜ਼ਦੂਰਾਂ, ਕਿਸਾਨਾਂ ਅਤੇ ਮੁਲਾਜ਼ਮਾਂ ਦੇ ਹਰਮਨ ਪਿਆਰੇ ਆਗੂ ਸ਼ਹੀਦ ਕਾਮਰੇਡ ਮਲਕੀਤ ਚੰਦ ਮੇਹਲੀ ਦੀ 37ਵੀਂ ਬਰਸੀ ਉਹਨਾਂ ਦੇ ਜੱਦੀ ਪਿੰਡ ਮੇਹਲੀ ਵਿਖੇ ਸ਼ੁੱਕਰਵਾਰ ਮਨਾਈ ਗਈ।ਸਭ ਤੋਂ ਪਹਿਲਾਂ ਸ਼ਹੀਦੀ ਯਾਦਗਾਰ 'ਤੇ ਸੀ ਪੀ ਆਈ ਦੇ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਨੇ ਝੰਡਾ ਲਹਿਰਾਇਆ।ਇਸ ਸ਼ਹੀਦੀ ਕਾਨਫਰੰਸ ਦੀ ਪ੍ਰਧਾਨਗੀ ਜਸਵਿੰਦਰ ਸਿੰਘ ਭੰਗਲ, ਬੀਬੀ ਗੁਰਬਖਸ਼ ਕੌਰ ਰਾਹੋਂ ਅਤੇ ਜਸਵਿੰਦਰ ਸਿੰਘ ਨੇ ਕੀਤੀ।ਸ਼ਹੀਦੀ ਕਾਨਫਰੰਸ ਨੂੰ ਕਾਮਰੇਡ ਬੰਤ ਸਿੰਘ ਬਰਾੜ, ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਗੁਲਜ਼ਾਰ ਸਿੰਘ ਗੋਰੀਆ, ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਜਨਰਲ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ ਨੇ ਸੰਬੋਧਨ ਕੀਤਾ।ਕਾਮਰੇਡ ਬੰਤ ਸਿੰਘ ਬਰਾੜ ਨੇ ਸੰਬੋਧਨ ਕਰਦਿਆਂ ਕਿਹਾ ਕਿ ਕਾਮਰੇਡ ਮਲਕੀਤ ਚੰਦ ਮੇਹਲੀ ਨੇ ਆਪਣੀ ਸਾਰੀ ਜ਼ਿੰਦਗੀ ਗਰੀਬ ਲੋਕਾਂ ਦੇ ਲੇਖੇ ਲਾਈ।ਉਹਨਾਂ ਗਰੀਬ ਘਰ ਤੋਂ ਉੱਠ ਕੇ ਬੜੀ ਮਿਹਨਤ ਨਾਲ ਲੋਕਾਂ ਨੂੰ ਲਾਮਬੰਦ ਕਰਕੇ ਪਾਰਟੀ ਨਾਲ ਜੋੜਿਆ।ਮਜ਼ਦੂਰ ਯੂਨੀਅਨ ਦੇ

### ਸ਼ਹੀਦ ਕਾਮਰੇਡ ਮਲਕੀਤ ਚੰਦ ਮੇਹਲੀ ਦੀ ਸਾਲਾਨਾ ਬਰਸੀ ਮਨਾਈ



ਕੌਮੀ ਆਗੂ ਬਣੇ, ਸੀ ਪੀ ਆਈ ਦੇ ਸੂਬਾ ਕੌਂਸਲ ਮੈਂਬਰ ਦੇ ਅਹੁਦੇ 'ਤੇ ਪਹੁੰਚੇ ਅਤੇ ਦੇਸ਼ ਦੀ ਏਕਤਾ ਅਖੰਡਤਾ ਲਈ ਆਪਣੀ ਜਾਨ ਦਿੱਤੀ।ਉਨ੍ਹਾ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਹਿੰਦੂ-ਮੁਸਲਮਾਨਾਂ ਨੂੰ ਆਪਸ ਵਿੱਚ ਲੜਾਉਣਾ ਚਾਹੁੰਦੀ ਹੈ।ਦੇਸ਼ ਨੂੰ ਆਜ਼ਾਦ ਕਰਵਾਉਣ ਲਈ ਮੁਸਲਮਾਨਾਂ ਦਾ ਵੱਡਾ ਯੋਗਦਾਨ ਹੈ।ਉਹਨਾਂ ਨਾਲ ਬੇਗਾਨਿਆਂ ਵਾਲਾ ਵਰਤਾਰਾ ਬਰਦਾਸ਼ਤ ਨਹੀਂ ਕਰਾਂਗੇ।ਅਜ਼ਾਦੀ ਵੇਲੇ ਆਰ ਐਸ ਐਸ ਵਾਲੇ ਦੇਸ਼ ਭਗਤਾਂ ਦੇ ਵਿਰੋਧੀ ਸਨ ਅਤੇ ਅੰਗਰੇਜ਼ਾਂ ਦੇ ਪਿੱਠੂ ਸਨ।ਅੱਜ ਵੀ ਕੇਂਦਰ ਸਰਕਾਰ ਅੰਬਾਨੀਆਂ ਅਤੇ ਅਡਾਨੀਆਂ ਦੀ ਗੁਲਾਮੀ ਕਰ ਰਹੀ ਹੈ।ਉਨ੍ਹਾ ਕਿਹਾ ਕਿ ਛੱਤੀਸਗੜ੍ਹ 'ਚ ਆਦਿਵਾਸੀ ਲੋਕਾਂ ਨੂੰ ਉਜਾੜਿਆ ਜਾ ਰਿਹਾ ਹੈ। ਉਹਨਾਂ ਦੀਆਂ ਜ਼ਮੀਨਾਂ ਤੇ ਕਬਜ਼ਾ ਹੋ ਰਿਹਾ ਹੈ ਅਤੇ ਨਕਸਲੀ ਕਹਿ ਕੇ ਉਹਨਾਂ ਨੂੰ ਕਤਲ ਕੀਤਾ ਜਾ ਰਿਹਾ ਹੈ।ਸੰਵਿਧਾਨ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ।ਉਨ੍ਹਾ ਕਿਹਾ ਕਿ ਮੱਧ ਪ੍ਰਦੇਸ਼ ਦੇ ਭਾਜਪਾ ਮੰਤਰੀ ਨੇ ਫੌਜ ਦੀ ਕਰਨਲ ਬੀਬੀ 'ਤੇ ਧਰਮ ਦੇ ਨਾਂ ਤੇ ਹਮਲਾ ਕੀਤਾ।ਉਸ ਮੰਤਰੀ ਨੂੰ ਅਜੇ ਤੱਕ ਸਰਕਾਰ ਵਿਚੋਂ ਨਹੀਂ ਕੱਢਿਆ।ਦੂਸਰੇ ਪਾਸੇ ਪ੍ਰੋਫੈਸਰ ਅਲੀ ਖਾਨ ਦੇ ਸਧਾਰਨ ਬਿਆਨ 'ਤੇ ਵੀ ਉਸ 'ਤੇ ਪਰਚਾ ਦਰਜ ਕਰ ਲਿਆ ਹੈ।ਇਹ ਸਰਕਾਰ ਲੋਕਤੰਤਰ ਦੀ ਕਾਤਲ ਹੈ।ਇਸ ਦੇ ਖਿਲਾਫ ਮੁਹਿੰਮ ਚਲਾਉਣੀ ਚਾਹੀਦੀ ਹੈ।ਉਨ੍ਹਾ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਲੋਕਾਂ ਨਾਲ ਵਾਅਦੇ ਕਰਕੇ ਸੱਤਾ 'ਚ ਆਈ ਪਰ ਲੋਕਾਂ ਦੇ ਪੱਲੇ ਸਿਰਫ ਲਾਰੇ ਹੀ ਪਏ।ਨਸ਼ਿਆਂ ਦਾ ਦੌਰ ਹੈ, ਰੇਤਾ, ਬਜਰੀ ਦੀ ਚੋਰੀ ਜ਼ੋਰਾਂ 'ਤੇ ਹੈ।ਪੰਜਾਬ ਸਰਕਾਰ ਨਸ਼ਿਆਂ ਦਾ ਨਾਂ ਲੈ ਕੇ ਡਰਾਮਾ ਕਰ ਰਹੀ ਹੈ।ਅੰਦਰ ਗਰੀਬ ਲੋਕਾਂ ਦੇ ਘਰ ਢਾਏ ਜਾ ਰਹੇ ਹਨ, ਕਿਸੇ ਵੀ ਪੂੰਜੀਪਤੀ ਜਾਂ ਸਰਮਾਏਦਾਰਾਂ ਦਾ ਘਰ ਨਹੀਂ ਢਾਹਿਆ।ਉਨ੍ਹਾ ਨੇ ਕਿਹਾ ਕਿ ਚੰਡੀਗੜ੍ਹ ਵਿਖੇ ਸੀ ਪੀ ਆਈ ਦੀ ਨੈਸ਼ਨਲ ਕਾਂਗਰਸ 21 ਤੋਂ 25 ਸਤੰਬਰ ਨੂੰ ਹੋ ਰਹੀ ਹੈ ਅਤੇ 21 ਸਤੰਬਰ ਨੂੰ ਚੰਡੀਗੜ੍ਹ ਵਿਖੇ ਵੱਡੀ ਰੈਲੀ ਕੀਤੀ ਜਾਵੇਗੀ।ਇਸ ਰੈਲੀ ਚ ਵੱਧ ਤੋਂ ਵੱਧ ਸਾਥੀ ਲੈ ਕੇ ਪਹੁੰਚੀਏ।ਉਹਨਾਂ ਕਿਹਾ ਕਿ ਕਾਮਰੇਡ ਮਲਕੀਤ ਚੰਦ ਮੇਹਲੀ ਨੂੰ ਇਹੋ ਹੀ ਸੱਚੀ ਸ਼ਰਧਾਂਜਲੀ ਹੋਵੇਗੀ ਕਿ ਉਹਨਾਂ ਵਲੋਂ ਸ਼ੁਰੂ ਕੀਤੇ ਅਧੂਰੇ ਕਾਰਜਾਂ ਨੂੰ ਪੂਰਾ ਕਰੀਏ ਅਤੇ ਲਾਲ ਝੰਡਾ ਉੱਚਾ ਰੱਖਏ।ਕਾਮਰੇਡ ਗੋਰੀਆ ਅਤੇ ਕਾਮਰੇਡ ਦੇਵੀ ਕੁਮਾਰੀ ਨੇ ਕਿਹਾ ਕਿ ਕਾਮਰੇਡ ਮਲਕੀਤ ਚੰਦ ਮੇਹਲੀ ਮਜ਼ਦੂਰਾਂ ਦੀ ਜਥੇਬੰਦੀ ਦੇ ਆਗੂ ਸਨ।ਕੇਂਦਰ ਅਤੇ ਪੰਜਾਬ ਸਰਕਾਰ ਮਜ਼ਦੂਰਾਂ ਦੀਆਂ ਮੰਗਾਂ ਵੱਲ ਕੋਈ ਧਿਆਨ ਨਹੀਂ ਦੇ ਰਹੀਆਂ।ਨੌਜਵਾਨਾਂ ਨੂੰ ਨੌਕਰੀਆਂ ਨਹੀਂ ਮਿਲ ਰਹੀਆਂ।ਮਨਰੇਗਾ ਸਕੀਮ ਦਾ ਬਜਟ ਘਟਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਖੇਤ ਮਜ਼ਦੂਰਾਂ ਵਲੋਂ 10 ਜੂਨ ਨੂੰ ਜ਼ਿਲ੍ਹਾ ਹੈਡਕੁਆਰਟਰਾਂ 'ਤੇ ਧਰਨੇ ਦਿੱਤੇ ਜਾਣਗੇ ਅਤੇ ਡਿਪਟੀ ਕਮਿਸ਼ਨਰ ਰਾਹੀਂ ਰਾਸ਼ਟਰਪਤੀ ਨੂੰ ਮੰਗ ਪੱਤਰ ਦਿੱਤੇ ਜਾਣਗੇ।ਉਹਨਾਂ ਕਿਹਾ ਕਿ ਕਾਮਰੇਡ ਮਲਕੀਤ ਚੰਦ ਮੇਹਲੀ ਨੂੰ ਇਹੋ ਸੱਚੀ ਸ਼ਰਧਾਂਜਲੀ ਹੋਵੇਗੀ ਕਿ ਉਹਨਾਂ ਦੇ ਅਧੂਰੇ ਕਾਰਜ ਪੂਰੇ ਕਰਨ ਲਈ ਪਿੰਡਾਂ ਵਿੱਚ

• ਬਾਕੀ ਸਫਾ 10 'ਤੇ

24-May-PAGE-4.qxd 5/23/2025 10:59 PM Page 1

ਨਵਾਂ ਜ਼ਮਾਨਾ
ਸ਼ਨੀਵਾਰ, 24 ਮਈ 2025

# ਘਾਤਕ ਨੀਤੀ

ਸਾਹਿਬ ਬਹਾਦਰ ਦੇ ਪਾਕਿਸਤਾਨ ਖਿਲਾਫ ਫੌਜੀ ਕਾਰਵਾਈ ਦੇ ਫੈਸਲੇ ਤੇ ਚਾਰ ਦਿਨਾਂ ਬਾਅਦ ਲੜਾਈਬੰਦੀ ਲਈ ਮੰਨ ਜਾਣ 'ਤੇ ਕਿਸੇ ਦੇਸ਼ ਵਾਸੀ ਦੇ ਮਨ ਵਿੱਚ ਕੋਈ ਸ਼ੰਕਾ ਨਾ ਰਹਿ ਜਾਵੇ, ਇਸ ਲਈ ਹਰੇਕ ਰਾਜ ਵਿੱਚ ਭਾਜਪਾ ਤਿਰੰਗਾ ਯਾਤਰਾ ਕਰਕੇ ਖੂਬ ਪਸੀਨਾ ਵਹਾ ਰਹੀ ਹੈ। ਭਲੇ ਹੀ ਕੁਝ ਹੱਥ ਨਾ ਆਏ ਪਰ ਹਵਾ ਅਜਿਹੀ ਬਣਾ ਦਿਓ ਕਿ ਖਾਲੀ ਪੇਟ ਤੜਫਦੇ ਆਦਮੀ ਦਾ ਸੀਨਾ ਮਾਣ ਨਾਲ ਫੁੱਲ ਜਾਵੇ। ਵੀਰਵਾਰ ਪ੍ਰਧਾਨ ਮੰਤਰੀ ਨੇ ਰਾਜਸਥਾਨ ਦੀ ਧਰਤੀ 'ਤੇ ਜਿਹੜੀ ਦਹਾੜ ਮਾਰੀ, ਉਸ ਨੂੰ ਵੀ ਗੋਦੀ ਮੀਡੀਆ ਵਿੱਚ ਕਈ ਹਫਤਿਆਂ ਤੱਕ ਦੇਖ ਕੇ ਉਨ੍ਹਾਂ ਦੇ ਭਗਤ ਚਹਿਕਦੇ ਰਹਿ ਸਕਦੇ ਹਨ। ਮੋਦੀ ਨੇ ਅਪ੍ਰੇਸ਼ਨ ਸਿੰਧੂਰ ਕਰਨ ਵਾਲੀ ਫੌਜ ਦੀ ਬਹਾਦਰੀ ਨੂੰ ਆਪਣੇ ਨਾਂਅ ਨਾਲ ਭੁਨਾਉਣਾ ਸ਼ੁਰੂ ਕਰ ਦਿੱਤਾ ਹੈ। ਸਿੰਧੂਰ ਦੀ ਮਹਿਮਾ ਦੱਸਦਿਆਂ ਉਨ੍ਹਾ ਇੱਥੋਂ ਤੱਕ ਕਹਿ ਦਿੱਤਾ ਕਿ ਮੋਦੀ ਦੀਆਂ ਨਸਾਂ 'ਚ ਲਹੂ ਨਹੀਂ, ਗਰਮ ਸਿੰਧੂਰ ਵਹਿ ਰਿਹਾ ਹੈ। ਇਹ ਡਾਇਲਾਗ ਵੀ ਬੋਲਿਆ 'ਪਹਲੇ ਘਰ ਮੇਂ ਘੁਸ ਕਰ ਕੀਆ ਥਾ ਵਾਰ, ਅਬ ਸੀਧਾ ਸੀਨੇ ਪਰ ਕੀਆ ਪ੍ਰਹਾਰ। ਨਯਾ ਭਾਰਤ ਯਹੀ ਹੈ'।

ਇਸ ਤੋਂ ਪਹਿਲਾਂ ਵੀ ਪਾਕਿਸਤਾਨ ਖਿਲਾਫ ਕੀਤੀਆਂ ਗਈਆਂ ਕਾਰਵਾਈਆਂ ਨੂੰ ਮੋਦੀ ਨੇ ਆਪਣੇ ਨਾਂਅ ਨਾਲ ਜੋੜ ਕੇ ਚੋਣਾਂ ਵਿੱਚ ਲਾਹਾ ਲੈਣ ਦੀ ਕੋਸ਼ਿਸ਼ ਕੀਤੀ ਸੀ। ਇਸ ਵਾਰ ਦੇ ਹਮਲੇ ਨਾਲ ਉਹ ਬਿਹਾਰ ਅਸੈਂਬਲੀ ਚੋਣਾਂ 'ਚ ਫਾਇਦਾ ਲੈਣ ਲਈ ਸਰਗਰਮ ਹੋ ਗਏ ਹਨ। ਮਕਸਦ ਇਹ ਨਹੀਂ ਹੋਣਾ ਚਾਹੀਦਾ ਕਿ ਕਿਸੇ ਘਟਨਾ 'ਤੇ ਦੇਸ਼ ਦੇ ਗੁੱਸੇ ਦਾ ਇਸਤੇਮਾਲ ਕਰਕੇ ਕੁਝ ਅਜਿਹਾ ਕਰ ਦਿੱਤਾ ਜਾਵੇ ਕਿ ਦੇਸ਼ ਨੂੰ ਲੱਗੇ ਕਿ ਅਗਲੇ ਨੂੰ ਮਜ਼ਾ ਚਖਾ ਦਿੱਤਾ ਹੈ ਤੇ ਲੋਕ ਝੋਲੀਆਂ ਭਰ ਕੇ ਵੋਟਾਂ ਪਾ ਦੇਣ। ਕਿਸੇ ਵੀ ਤਾਕਤਵਰ ਦੇਸ਼ ਦੀ ਪਹਿਲੀ ਤਰਜੀਹ ਇਹ ਹੁੰਦੀ ਹੈ ਕਿ ਉਹ ਖੁਦ ਨੂੰ ਏਨਾ ਤਾਕਤਵਰ ਬਣਾ ਸਕੇ ਕਿ ਅਗਲੀ ਵਾਰ ਕੋਈ ਅੱਖ ਚੁੱਕਣ ਦੀ ਹਿਮਾਕਤ ਨਾ ਕਰ ਸਕੇ। ਇਸ ਦੇ ਨਾਲ ਹੀ ਮਾਮਲੇ ਦੀ ਡੂੰਘਾਈ ਨਾਲ ਪੜਤਾਲ ਕਰਕੇ ਦਹਿਸ਼ਤਗਰਦੀ ਦੀਆਂ ਘਟਨਾਵਾਂ ਕਰਨ ਵਾਲੇ ਅਪਰਾਧੀਆਂ ਨੂੰ ਉਨ੍ਹਾਂ ਦੇ ਅੰਜਾਮ ਤੱਕ ਹੀ ਨਾ ਪਹੁੰਚਾਇਆ ਜਾਵੇ, ਸਗੋਂ ਉਸ ਦੇਸ਼ ਨੂੰ ਵਿਸ਼ਵ ਮੰਚ 'ਤੇ ਪੂਰੀ ਤਰ੍ਹਾਂ ਅਲੱਗ-ਥਲੱਗ ਕਰ ਦਿੱਤਾ ਜਾਵੇ। ਮੁੰਬਈ ਹਮਲੇ ਦੇ ਬਾਅਦ ਵੇਲੇ ਦੇ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਨੇ ਮੰਨਿਆ ਸੀ ਕਿ ਉਨ੍ਹਾ 'ਤੇ ਪਾਕਿਸਤਾਨ ਖਿਲਾਫ ਜਵਾਬੀ ਹਮਲੇ ਲਈ ਭਾਰੀ ਦਬਾਅ ਸੀ, ਪਰ ਉਨ੍ਹਾ ਚੋਣ ਲਾਭ ਦੀ ਥਾਂ ਪਾਕਿਸਤਾਨ ਨੂੰ ਵਿਸ਼ਵ ਮੰਚ 'ਤੇ ਬੇਨਕਾਬ ਕਰਨ ਨੂੰ ਤਰਜੀਹ ਦਿੱਤੀ ਅਤੇ ਭਾਰਤ ਕਾਫੀ ਹੱਦ ਤੱਕ ਇਸ ਵਿੱਚ ਸਫਲ ਵੀ ਰਿਹਾ। ਅੱਜ ਸਥਿਤੀ ਉਲਟ ਚੁੱਕੀ ਹੈ ਕਿਉਂਕਿ ਭਾਰਤ ਸਰਕਾਰ ਹੁਣ ਅਜਿਹੀ ਜਵਾਬੀ ਕਾਰਵਾਈ ਨੂੰ ਨਿਊ ਨਾਰਮਲ ਦੱਸ ਰਹੀ ਹੈ। ਹੁਣ ਜਦ ਪ੍ਰਧਾਨ ਮੰਤਰੀ ਖੁੱਲ੍ਹੇਆਮ ਇਸ ਨਿਊ ਨਾਰਮਲ ਨੂੰ ਦੁਹਰਾ ਰਹੇ ਤਾਂ ਪਾਕਿਸਤਾਨ ਦੇ ਹਾਕਮਾਂ ਲਈ ਆਪਣੇ ਦੇਸ਼ ਤੇ ਲੋਕਾਂ ਦੀ ਰਾਖੀ ਦੇ ਨਾਂਅ 'ਤੇ ਹਥਿਆਰਾਂ ਦੀ ਨਵੀਂ ਖੇਪ ਹਾਸਲ ਕਰਨੀ ਆਸਾਨ ਹੋ ਜਾਂਦੀ ਹੈ। ਪਿਛਲੇ ਕੁਝ ਦਿਨ ਪਾਕਿਸਤਾਨੀ ਵਿਦੇਸ਼ ਮੰਤਰੀ ਦੀ ਚੀਨ ਵਿੱਚ ਮੌਜੂਦਗੀ ਅਤੇ ਉੱਥੇ ਅਫਗਾਨਿਸਤਾਨ ਦੇ ਵਿਦੇਸ਼ ਮੰਤਰੀ ਨਾਲ ਤਿੰਨ ਦੇਸ਼ਾਂ ਦੇ ਵਿਦੇਸ਼ ਮੰਤਰੀਆਂ ਦੀ ਤਸਵੀਰ ਸਾਰੀ ਦੁਨੀਆ ਨੇ ਦੇਖ ਲਈ ਹੈ। ਭਾਰਤ ਦੇ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਕੁਝ ਦਿਨ ਪਹਿਲਾਂ ਤੱਕ ਜਿਹੜੇ ਤਾਲਿਬਾਨ ਹਾਕਮਾਂ ਤੋਂ ਭਾਰਤ ਦੇ ਹੱਕ ਵਿੱਚ ਸਮਰਥਨ ਜੁਟਾਇਆ ਸੀ, ਉਹ ਹੁਣ ਚੀਨ ਦੇ ਬੈਲਟ ਐਂਡ ਰੋਡ ਪ੍ਰੋਜੈਕਟ ਦਾ ਹਿੱਸਾ ਬਣਨ ਜਾ ਰਹੇ ਹਨ। ਪ੍ਰਧਾਨ ਮੰਤਰੀ ਮੋਦੀ ਨੇ ਭਾਰਤ ਨੂੰ ਕਿਹੋ ਜਿਹਾ ਵਿਸ਼ਵ ਗੁਰੂ ਬਣਾ ਦਿੱਤਾ ਹੈ ਕਿ ਇੱਕ ਵੀ ਗੁਆਂਢੀ ਦੇਸ਼, ਬ੍ਰਿਕਸ, ਜੀ-7 ਜਾਂ ਜੀ-20 ਗਰੁੱਪਾਂ ਦਾ ਮੈਂਬਰ ਭਾਰਤ ਨਾਲ ਖੜ੍ਹਾ ਨਜ਼ਰ ਨਹੀਂ ਆ ਰਿਹਾ। ਦਹਿਸ਼ਤਗਰਦੀ ਦਾ ਦੂਜਾ ਨਾਂਅ ਬਣ ਚੁੱਕੇ ਪਾਕਿਸਤਾਨ ਨੂੰ ਮੋਦੀ ਦਾ ਮਿੱਤਰ ਟਰੰਪ ਭਾਰਤ ਦੇ ਬਰਾਬਰ ਤੋਲ ਰਿਹਾ ਹੈ। ਇਸ ਪੂਰੀ ਕਵਾਇਦ ਵਿੱਚ ਪਹਿਲਗਾਮ ਵਿੱਚ ਦਹਿਸ਼ਤਗਰਦਾਂ ਵੱਲੋਂ ਕੀਤੇ ਕਤਲੇਆਮ ਵਿੱਚ ਇੰਟੈਲੀਜੈਂਸ ਦੀ ਚੂਕ, ਸੁਰੱਖਿਆ ਵਿਵਸਥਾ ਵਿੱਚ ਭਾਰੀ ਚੂਕ ਦਾ ਮਾਮਲਾ ਤਾਂ ਗੁੰਮ ਹੀ ਹੋ ਗਿਆ ਹੈ। ਭਲੇ ਹੀ ਸਾਡੀ ਫੌਜ ਦੀ ਬਹਾਦਰੀ ਦਾ ਬਖਾਨ ਕਰਕੇ ਕੋਈ ਪਾਰਟੀ ਆਪਣੇ ਲਈ ਵੋਟਾਂ ਦੀ ਫਸਲ ਕੱਟਣ ਦਾ ਪ੍ਰਬੰਧ ਕਰ ਲਵੇ ਪਰ ਰਣਨੀਤਕ ਦ੍ਰਿਸ਼ਟੀ ਤੋਂ ਭਾਰਤ ਨੂੰ ਵਿਸ਼ਵ ਮੰਚ 'ਤੇ ਅਲੱਗ-ਥਲੱਗ ਕਰ ਦੇਣ ਵਾਲੀ ਇਹ ਕੂਟਨੀਤਕ-ਫੌਜੀ ਰਣਨੀਤੀ ਬੇਹੱਦ ਘਾਤਕ ਸਾਬਤ ਹੋ ਸਕਦੀ ਹੈ।

## ਕਿਸ ਨੇ ਕੀ ਛੁਡਾਇਆ ?

ਚਸਕੇ ਜੀਭ ਦੇ ਚਟਪਟੇ ਖਾਣਿਆਂ ਨੇ,
ਤੰਦਰੁਸਤੀ ਹੀ ਘਰੋਂ ਦੁੜਾਇ ਦਿੱਤੀ।
ਦੇ ਦੇ ਸਿੱਖਿਆ ਟੀ ਵੀ ਦੇ ਨਾਟਕਾਂ ਨੇ,
ਵਹੁਟੀ ਸੱਸ ਦੇ ਨਾਲ ਲੜਾਇ ਦਿੱਤੀ।
ਆਖਾ ਮੰਨਣਾ ਆਪ ਤੋਂ ਵੱਡਿਆਂ ਦਾ,
ਇਹ ਵਿਰਾਸਤੀ ਰੀਤ ਹੜ੍ਹਾਇ ਦਿੱਤੀ।
ਇੰਗਲਿਸ਼-ਮੋਹ ਨੇ ਰੋਲ'ਤੀ ਮਾਂ-ਬੋਲੀ,
ਸਿਰ 'ਤੇ ਓਪਰੀ ਭਾਸ਼ਾ ਚੜ੍ਹਾਇ ਦਿੱਤੀ।
ਪੈਂਟ-ਸ਼ਾਰਟ ਹੀ ਸਾਰੇ ਪ੍ਰਧਾਨ ਹੋ ਗਈ,
ਦੇਸੀ ਪਹਿਨਣ ਦੀ ਰੀਝ ਉੜਾਇ ਦਿੱਤੀ।
ਅੱਖਾਂ ਲੱਗੀਆਂ ਰਹਿਣ 'ਸਕਰੀਨ' ਉੱਤੇ,
ਹੁਣ ਫੇਸ-ਬੁੱਕ ਨੇ 'ਬੁੱਕ' ਛੁਡਾਇ ਦਿੱਤੀ

-ਤਰਲੋਚਨ ਸਿੰਘ ਦੁਪਾਲਪੁਰ, 78146-92724

## ਜਨਮ ਦਿਨ 'ਤੇ ਵਿਸ਼ੇਸ਼

# ਭਾਰਤ ਦਾ ਮਹਾਨ ਸਪੂਤ ਅਤੇ ਸਾਡਾ ਮਾਰਗ ਦਰਸ਼ਕ : ਸ਼ਹੀਦ ਕਰਤਾਰ ਸਿੰਘ ਸਰਾਭਾ

**ਚਰਨ ਸਿੰਘ ਸਰਾਭਾ**

ਭਾਰਤੀ ਆਜ਼ਾਦੀ ਪ੍ਰਾਪਤੀ ਸੰਗਰਾਮ ਦਾ ਪ੍ਰਮੁੱਖ ਨਾਇਕ ਸੀ ਸ਼ਹੀਦ ਕਰਤਾਰ ਸਿੰਘ ਸਰਾਭਾ, ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਜਨਮ ਲੁਧਿਆਣਾ ਜ਼ਿਲ੍ਹੇ ਦੇ ਪਿੰਡ ਸਰਾਭਾ ਵਿਖੇ 24 ਮਈ 1896 ਨੂੰ ਸ. ਮੰਗਲ ਸਿੰਘ ਦੇ ਘਰ ਮਾਤਾ ਸਾਹਿਬ ਕੌਰ ਦੀ ਕੁੱਖ ਤੋਂ ਹੋਇਆ। ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਪਰਵਾਰ ਉਸ ਸਮੇਂ ਦਾ ਚੰਗਾ ਸਥਾਪਤ ਪਰਵਾਰ ਸੀ। ਕਰਤਾਰ ਸਿੰਘ ਸਰਾਭਾ ਦੇ ਪਿਤਾ ਜੀ ਦੇ ਦੇਹਾਂਤ ਕਾਰਨ ਸਿਰ ਤੋਂ ਪਿਤਾ ਜੀ ਦੀ ਛਤਰ-ਛਾਇਆ ਛੋਟੀ ਉਮਰ ਵਿੱਚ ਹੀ ਖੁਸ ਜਾਣ ਕਾਰਨ ਉਨ੍ਹਾ ਦਾ ਪਾਲਣ-ਪੋਸ਼ਣ ਉਨ੍ਹਾਂ ਦੇ ਬਾਬਾ ਜੀ ਸ. ਬਦਨ ਸਿੰਘ ਨੇ ਹੀ ਕੀਤਾ। ਕਰਤਾਰ ਸਿੰਘ ਸਰਾਭਾ ਨੇ ਮੁਢਲੀ ਸਿੱਖਿਆ ਪਿੰਡ ਦੇ ਹੀ ਸਕੂਲ ਅਤੇ ਦਸਵੀਂ ਤੱਕ ਦੀ ਪੜ੍ਹਾਈ ਮਾਲਵਾ ਖਾਲਸਾ ਹਾਈ ਸਕੂਲ ਲੁਧਿਆਣਾ ਤੋਂ ਪ੍ਰਾਪਤ ਕੀਤੀ। ਉਸ ਉਪਰੰਤ ਬਾਬਾ ਜੀ ਦੇ ਯਤਨਾਂ ਸਦਕਾ ਕਰਤਾਰ ਸਿੰਘ ਨੂੰ ਉਚੇਰੀ ਸਿੱਖਿਆ ਪ੍ਰਾਪਤੀ ਲਈ ਅਮਰੀਕਾ ਭੇਜ ਦਿੱਤਾ ਗਿਆ। ਉੱਥੇ ਸੰਬੰਧਤ ਅਧਿਕਾਰੀਆਂ ਵੱਲੋਂ ਵਿਸ਼ੇਸ਼ ਪ੍ਰੀਖਿਆ ਇੰਟਰਵਿਊ ਉਪਰੰਤ ਕਰਤਾਰ ਸਿੰਘ ਸਰਾਭਾ ਨੂੰ ਬਰਕਲੇ ਯੂਨੀਵਰਸਿਟੀ ਦੇ ਰਸਾਇਣਕ ਵਿਭਾਗ ਵਿੱਚ ਦਾਖਲਾ ਮਿਲ ਗਿਆ। ਵਿਦਿਆਰਥੀ ਜੀਵਨ ਵਿੱਚ ਵਿਚਰਦਿਆਂ ਕਰਤਾਰ ਸਿੰਘ ਸਰਾਭਾ ਦੀ ਅਨੁਭਵੀ ਪ੍ਰਤਿਭਾ ਨੇ ਅਮਰੀਕੀ ਲੋਕਾਂ ਦੇ ਭਾਰਤੀਆਂ ਪ੍ਰਤੀ ਨਸਲਵਾਦੀ ਅਤੇ ਗੁਲਾਮ ਦੇਸ਼ ਦੇ ਵਾਸੀ ਹੋਣ ਦੇ ਦ੍ਰਿਸ਼ਟੀਕੋਣ ਤੋਂ ਘ੍ਰਿਣਾਤਮਕ ਵਤੀਰੇ ਨੂੰ ਭਾਂਪਿਆ। ਇਸੇ ਸਮੇਂ ਹੀ ਕਰਤਾਰ ਸਿੰਘ ਸਰਾਭਾ ਦਾ ਅਮਰੀਕਾ ਵਿੱਚ ਪਹਿਲਾਂ ਹੀ ਗਏ ਹੋਏ ਪਿੰਡ ਸਰਾਭਾ ਦੇ ਬਾਬਾ ਰੁਲੀਆ ਸਿੰਘ ਸਰਾਭਾ ਨਾਲ ਤਾਲਮੇਲ ਹੋਇਆ। ਅਮਰੀਕਾ ਵਿੱਚ ਉਸ ਸਮੇਂ ਤੱਕ ਗਏ ਹੋਏ ਭਾਰਤੀਆਂ ਦੀਆਂ ਵਿਤਕਰੇ ਅਧਾਰਤ ਘੱਟ ਉਜਰਤਾਂ ਵਿਤਕਰੇ ਭਰਪੂਰ ਵਰਤਾਰੇ ਅਤੇ ਗੁਲਾਮ ਭਾਰਤ ਦੀ ਸਥਿਤੀ ਵਾਲੇ ਕਾਰਨਾਂ ਨੇ ਇਨ੍ਹਾਂ ਦੇ ਮਨਾਂ ਵਿੱਚ ਭਾਰਤ ਦੀ ਆਜ਼ਾਦੀ ਪ੍ਰਾਪਤੀ ਦੀ ਲੋੜ ਦੇ ਵਿਚਾਰ ਪ੍ਰਬਲ ਹੋਣ ਲੱਗੇ। ਇਸੇ ਹੀ ਸਮੇਂ ਭਾਰਤ ਦੇ ਪ੍ਰਸਿੱਧ ਬੁੱਧੀਜੀਵੀ ਅਤੇ ਦੇਸ਼ ਭਗਤ ਲਾਲਾ ਹਰਦਿਆਲ ਵੀ ਅਮਰੀਕਾ ਵਿੱਚ ਸਨ। ਅਮਰੀਕਾ ਅਤੇ ਹੋਰ ਦੇਸ਼ਾਂ ਵਿੱਚ ਉਸ ਸਮੇਂ ਦੇ ਗਏ ਹੋਏ ਭਾਰਤੀਆਂ ਦੇ ਤਾਲਮੇਲ ਸਦਕਾ ਭਾਰਤੀ ਆਜ਼ਾਦੀ ਪ੍ਰਾਪਤੀ ਲਈ ਜਥੇਬੰਦੀ ਬਣਾਉਣ ਦਾ ਫੈਸਲਾ ਕੀਤਾ। ਕੁਝ ਮੁਢਲੀਆਂ ਮੀਟਿੰਗਾਂ ਉਪਰੰਤ 1857 ਦੀ ਭਾਰਤੀ ਆਜ਼ਾਦੀ ਪ੍ਰਾਪਤੀ ਦੀ ਜੰਗ ਜਿਸ ਨੂੰ 'ਗਦਰ' ਵੀ ਆਖਿਆ ਜਾਂਦਾ ਸੀ, ਦੇ ਨਾਂਅ 'ਤੇ ਅਧਾਰਤ ਭਾਰਤੀ ਆਜ਼ਾਦੀ ਪ੍ਰਾਪਤੀ ਲਈ ਬਣਾਈ ਗਈ ਇਸ ਜਥੇਬੰਦੀ ਦਾ ਨਾਂਅ ਵੀ ਗ਼ਦਰ ਪਾਰਟੀ ਰੱਖਿਆ ਗਿਆ। ਬਾਬਾ ਸੋਹਣ ਸਿੰਘ ਭਕਨਾ ਨੂੰ ਪ੍ਰਧਾਨ, ਲਾਲਾ ਹਰਦਿਆਲ ਨੂੰ ਜਨਰਲ ਸਕੱਤਰ ਚੁਣਿਆ ਗਿਆ ਅਤੇ ਕਰੀਮਬਖਸ਼ ਉਨ੍ਹਾ ਨਾਲ ਜਥੇਬੰਦਕ ਸਕੱਤਰ ਨਿਯੁਕਤ ਕੀਤੇ ਗਏ। ਹੋਰ ਬਹੁਤ ਸਾਰੇ ਕਮੇਟੀ ਮੈਂਬਰ ਵੀ ਨਿਸ਼ਚਤ ਕੀਤੇ ਗਏ। ਆਜ਼ਾਦੀ ਪ੍ਰਾਪਤੀ ਸੰਗਰਾਮ ਦੇ ਵਿਚਾਰਾਂ ਅਤੇ ਪ੍ਰੋਗਰਾਮ ਨੂੰ ਹੋਰ ਵਿਸ਼ਾਲ ਬਣਾਉਣ ਅਤੇ ਪ੍ਰਚਾਰਨ ਲਈ ਗ਼ਦਰ ਪਾਰਟੀ ਨੇ 'ਗਦਰ' ਨਾਂਅ ਦਾ ਅਖ਼ਬਾਰ ਚਾਲੂ ਕਰਨ ਦਾ ਫੈਸਲਾ ਕੀਤਾ ਤਾਂ ਕਰਤਾਰ ਸਿੰਘ ਸਰਾਭਾ ਨੂੰ ਇਸ ਦੇ ਸੰਪਾਦਕੀ ਵਿੱਚ ਸ਼ਾਮਲ ਕੀਤਾ ਗਿਆ ਅਤੇ ਪਰਚਾ ਛਾਪਣ ਦੀ ਮੁੱਖ ਜ਼ਿੰਮੇਵਾਰੀ ਵੀ ਉਨ੍ਹਾ ਉਪਰ ਹੀ ਪਾਈ ਗਈ। 'ਗ਼ਦਰ' ਅਖ਼ਬਾਰ ਦੇ ਪਹਿਲੇ ਹੀ ਨਵੰਬਰ 1913 ਦੇ ਅੰਕ ਵਿੱਚ ਭਾਰਤ ਵਿੱਚ ਅੰਗਰੇਜ਼ਾਂ ਦੇ ਸਾਮਰਾਜੀ ਬਸਤੀਵਾਦੀ ਰਾਜ ਦਾ ਪਰਦਾਫ਼ਾਸ਼ ਕਰਦਾ ਲੇਖ "ਅੰਗਰੇਜ਼ ਰਾਜ ਦਾ ਕੱਚਾ ਚਿੱਠਾ।" ਛਾਪਿਆ ਗਿਆ, ਜਿਸ ਦੇ ਕੇਂਦਰੀ ਬਿੰਦੂ ਇਸ ਪ੍ਰਕਾਰ ਸਨ:

(1) ਅੰਗਰੇਜ਼ ਹਰ ਸਾਲ 50 ਕਰੋੜ ਰੁਪਿਆ ਇੰਗਲੈਂਡ ਨੂੰ ਲੈ ਜਾਂਦੇ ਹਨ। ਇਸ ਕਰਕੇ ਅਸੀਂ ਇੰਨੇ ਗਰੀਬ ਹੋ ਗਏ ਹਾਂ ਕਿ ਹਿੰਦੁਸਤਾਨ ਵਿੱਚ ਪੰਜ ਪੈਸੇ ਦਿਹਾੜੀ ਹੈ।

(2) ਜ਼ਮੀਨ ਦਾ ਮਾਮਲਾ 65% ਤੋਂ ਵੀ ਵਧੇਰੇ ਹੈ। (3) 24 ਕਰੋੜ ਆਦਮੀਆਂ ਦੀ ਵਿੱਦਿਆ 'ਤੇ ਪੌਣੇ ਅੱਠ ਕਰੋੜ ਅਤੇ ਬੀਮਾਰੀਆਂ ਰੋਕਣ 'ਤੇ ਸਿਰਫ਼ ਦੋ ਕਰੋੜ ਰੁਪਏ, ਪਰ ਫੌਜ 'ਤੇ 29 ਕਰੋੜ ਰੁਪਏ ਖਰਚੇ ਜਾਂਦੇ ਹਨ। (4) ਅੰਗਰੇਜ਼ੀ ਰਾਜ ਵਿੱਚ ਪੈਣ ਵਾਲੇ ਕਾਲਾਂ ਅਤੇ ਸੋਕੇ ਦੀ ਗਿਣਤੀ ਵਧ ਗਈ ਹੈ ਅਤੇ ਦਸ ਸਾਲਾਂ ਵਿੱਚ ਦੋ ਕਰੋੜ ਆਦਮੀ ਮਰ ਗਏ ਹਨ। (5) ਅੰਗਰੇਜ਼ਾਂ ਨੂੰ ਹਿੰਦੁਸਤਾਨੀ ਆਦਮੀਆਂ ਨੂੰ ਮਾਰਨ ਅਤੇ ਹਿੰਦੁਸਤਾਨੀ ਤ੍ਰੀਮਤਾਂ ਦੀ ਬੇਇਜ਼ਤੀ ਕਰਨ ਦੀ ਕੋਈ ਸਜ਼ਾ ਨਹੀਂ ਦਿੱਤੀ ਜਾਂਦੀ। (6) ਹਿੰਦੁਸਤਾਨੀ ਰੁਪਏ ਨਾਲ ਅਤੇ ਹਿੰਦੁਸਤਾਨੀਆਂ ਨੂੰ ਹੀ ਮਰਵਾ ਕੇ ਹੋਰਨਾਂ ਮੁਲਕਾਂ 'ਤੇ ਚੜ੍ਹਾਈ ਕੀਤੀ ਜਾਂਦੀ ਹੈ। (7) ਹਿੰਦੂਆਂ ਅਤੇ ਮੁਸਲਮਾਨਾਂ ਵਿੱਚ ਫਸਾਦ ਕਰਵਾਉਣ ਦੀ ਹਮੇਸ਼ਾ ਕੋਸ਼ਿਸ਼ ਕੀਤੀ ਜਾਂਦੀ ਹੈ।

ਭਾਰਤੀ ਜਨ ਸਮੂਹਾਂ ਅਤੇ ਦੇਸ਼ ਭਗਤਾਂ ਨੂੰ ਜਾਗਰੂਕ ਕਰਦਾ ਇਹ 'ਗਦਰ' ਪਰਚਾ ਗੁਪਤ ਰਸਤਿਆਂ, ਵਸੀਲਿਆਂ ਰਾਹੀਂ ਭਾਰਤ ਅਤੇ ਹੋਰ ਦੇਸ਼ਾਂ ਵਿੱਚ ਭੇਜਿਆ ਜਾਂਦਾ, ਜੋ ਕਿ ਉਸ ਸਮੇਂ ਵਿੱਚ ਕਠਿਨ ਕੰਮ ਸੀ। ਆਜ਼ਾਦੀ ਪ੍ਰਾਪਤੀ ਸੰਗਰਾਮ ਦੇ ਇਤਿਹਾਸ ਦੇ ਵਰਕਿਆਂ ਅਨੁਸਾਰ 1914-15 ਵਿੱਚ ਜਦੋਂ ਪਹਿਲੀ ਸੰਸਾਰ ਜੰਗ ਆਰੰਭ ਹੋ ਗਈ ਤਾਂ ਇਨ੍ਹਾਂ ਦੇਸ਼ ਭਗਤਾਂ ਨੇ ਇਸ ਨੂੰ ਲਾਹੇਵੰਦ ਸਮਾਂ ਸਮਝ ਕੇ ਫੈਸਲਾ ਕੀਤਾ ਕਿ ਭਾਰਤ ਵਿੱਚ ਜਾ ਕੇ ਹਥਿਆਰਬੰਦ ਇਨਕਲਾਬ ਰਾਹੀਂ ਅੰਗਰੇਜ਼ਾਂ ਦੀ ਲੋਟੂ ਸਾਮਰਾਜੀ ਹਕੂਮਤ ਦਾ ਖਾਤਮਾ ਕੀਤਾ ਜਾਵੇ। ਇਸ ਪ੍ਰੋਗਰਾਮ ਅਧੀਨ ਹੋਰ ਸਾਥੀਆਂ ਸਮੇਤ ਕਰਤਾਰ ਸਿੰਘ ਸਰਾਭਾ ਸ੍ਰੀਲੰਕਾ ਵਿੱਚੋਂ ਹੁੰਦੇ ਹੋਏ ਭਾਰਤ ਪੁੱਜ ਗਏ। ਇੱਥੇ ਕਰਤਾਰ ਸਿੰਘ ਸਰਾਭਾ ਦੇ ਜ਼ਿੰਮੇ ਇਹ ਕੰਮ ਲੱਗਾ ਕਿ ਫੌਜੀ ਛਾਉਣੀਆਂ ਵਿੱਚ ਤਾਲਮੇਲ ਪੈਦਾ ਕਰਕੇ ਭਾਰਤੀ ਫੌਜੀਆਂ ਨੂੰ ਬਗਾਵਤ ਲਈ ਪ੍ਰੇਰਿਆ ਜਾਵੇ ਅਤੇ ਹਥਿਆਰ ਪ੍ਰਾਪਤ ਕੀਤੇ ਜਾਣ।

ਇਸ ਮੰਤਵ ਦੀ ਪੂਰਤੀ ਲਈ ਕਰਤਾਰ ਸਿੰਘ ਸਰਾਭਾ ਲਾਹੌਰ ਅਤੇ ਫਿਰੋਜ਼ਪੁਰ ਦੀਆਂ ਛਾਉਣੀਆਂ ਵਿੱਚ ਜਾ ਕੇ ਤਾਲਮੇਲ ਪੈਦਾ ਕਰਦੇ ਰਹੇ। ਬੜੀ ਫੁਰਤੀ ਅਤੇ ਸਮਝ ਅਤੇ ਲਗਨ ਨਾਲ ਗ਼ਦਰੀ ਦੇਸ਼ ਭਗਤਾਂ ਨੇ ਤਾਲਮੇਲ ਪੈਦਾ ਕਰਨ ਉਪਰੰਤ ਬਗਾਵਤ ਅਤੇ ਹਥਿਆਰਬੰਦ ਹਮਲਿਆਂ ਲਈ 20 ਫ਼ਰਵਰੀ 1915 ਦਾ ਦਿਨ ਨਿਸ਼ਚਤ ਕਰ ਦਿੱਤਾ, ਪ੍ਰੰਤੂ ਕੁਝ ਗਦਾਰਾਂ ਵੱਲੋਂ ਇਹ ਖ਼ਬਰਾਂ ਬਾਹਰ ਕੱਢ ਦੇਣ ਕਾਰਨ ਇਨਕਲਾਬ ਦੀ ਮਿਤੀ ਬਦਲਣੀ ਪਈ ਅਤੇ ਬਹੁਤ ਸਾਰੇ ਦੇਸ਼ ਭਗਤ ਗ੍ਰਿਫ਼ਤਾਰ ਕਰ ਲਏ ਗਏ। ਇਸੇ ਦਿਸ਼ਾ ਵਿੱਚ ਹੀ ਅਗਲੇ ਯਤਨਾਂ ਵਜੋਂ ਜਦੋਂ ਕਰਤਾਰ ਸਿੰਘ ਸਰਾਭਾ, ਹਰਨਾਮ ਸਿੰਘ ਟੁੰਡੀਲਾਟ ਅਤੇ ਜਗਤ ਸਿੰਘ ਸੁਰਸਿੰਘ ਹਥਿਆਰਾਂ ਦੀ ਪ੍ਰਾਪਤੀ ਲਈ ਜਗਤ ਸਿੰਘ ਦੇ ਇੱਕ ਮਿੱਤਰ ਕੋਲ ਸਰਗੋਧਾ ਗਏ, ਜਿੱਥੇ ਉਸ ਨੇ ਮੁਖਬਰੀ ਕਰਕੇ ਰਸਾਲਦਾਰ ਗੰਡਾ ਸਿੰਘ ਰਾਹੀਂ ਇਨ੍ਹਾਂ ਤਿੰਨਾਂ ਨੂੰ ਗ੍ਰਿਫ਼ਤਾਰ ਕਰਵਾ ਦਿੱਤਾ। ਗ੍ਰਿਫ਼ਤਾਰੀ ਉਪਰੰਤ ਇਨ੍ਹਾਂ ਦੇਸ਼ ਭਗਤਾਂ ਨੂੰ ਲਾਹੌਰ ਜੇਲ੍ਹ ਭੇਜ ਦਿੱਤਾ ਗਿਆ।



26 ਅਪ੍ਰੈਲ 1915 ਨੂੰ ਇਨ੍ਹਾਂ ਦੇਸ਼ ਭਗਤਾਂ ਵਿਰੁੱਧ ਲਾਹੌਰ ਸਾਜ਼ਿਸ਼ ਕੇਸ-1 ਅਧੀਨ ਮੁਕੱਦਮਾ ਚਲਾਇਆ ਗਿਆ। ਇਸ ਨਿਰਅਧਾਰ ਦੋਸ਼ ਵਾਲੇ ਮੁਕੱਦਮੇ ਅਤੇ ਮੁਖਬਰਾਂ ਦੀਆਂ ਝੂਠੀਆਂ ਗਵਾਹੀਆਂ ਦੇ ਅਧਾਰ 'ਤੇ ਹੀ ਇਸ ਸਪੈਸ਼ਲ ਕੋਰਟ ਨੇ 13 ਸਤੰਬਰ 1915 ਨੂੰ ਆਪਣਾ ਫੈਸਲਾ ਸੁਣਾਉਂਦਿਆਂ 64 ਦੇਸ਼ ਭਗਤਾਂ ਵਿੱਚੋਂ 24 ਨੂੰ ਫਾਂਸੀ ਦੀ ਸਜ਼ਾ ਦਿੱਤੀ ਅਤੇ ਬਾਕੀਆਂ ਨੂੰ ਉਮਰ ਕੈਦ ਜਾਂ ਕਈ-ਕਈ ਸਾਲਾਂ ਦੀਆਂ ਲੰਮੀਆਂ ਸਜ਼ਾਵਾਂ ਦਿੱਤੀਆਂ ਗਈਆਂ। 24 ਦੇਸ਼ ਭਗਤਾਂ ਨੂੰ ਫਾਂਸੀ ਦੀ ਸਜ਼ਾ ਦਾ ਫੈਸਲਾ ਏਨਾ ਨਿਰਅਧਾਰ ਅਤੇ ਜ਼ਾਲਮਾਨਾ ਸੀ ਕਿ ਇੰਗਲੈਂਡ ਦੀ ਪਾਰਲੀਮੈਂਟ ਵਿੱਚ ਵੀ ਇਸ ਵਿਰੁੱਧ ਜ਼ੋਰਦਾਰ ਆਵਾਜ਼ ਉੱਠੀ, ਜਿਸ ਕਾਰਨ ਉਸ ਸਮੇਂ ਦੇ ਭਾਰਤ ਵਿਚਲੇ ਵਾਇਸਰਾਏ ਲਾਰਡ ਹਾਰਡਿੰਗ ਨੂੰ ਆਪ ਦਖਲ ਦੇਣਾ ਪਿਆ। ਸਿੱਟੇ ਵਜੋਂ 17 ਦੇਸ਼ ਭਗਤਾਂ ਦੀ ਫਾਂਸੀ ਦੀ ਸਜ਼ਾ ਉਮਰ ਕੈਦ ਵਿੱਚ ਬਦਲ ਦਿੱਤੀ ਗਈ ਅਤੇ ਸੱਤ ਦੇਸ਼ ਭਗਤਾਂ ਨੂੰ ਕਰਤਾਰ ਸਿੰਘ ਸਰਾਭਾ ਸਮੇਤ ਫਾਂਸੀ ਦੀ ਸਜ਼ਾ ਬਹਾਲ ਰੱਖੀ ਗਈ। ਕਰਤਾਰ ਸਿੰਘ ਸਰਾਭਾ ਨੂੰ ਛੋਟੀ ਉਮਰ ਹੋਣ ਕਾਰਨ ਜੱਜ ਵੱਲੋਂ ਕਿਹਾ ਗਿਆ ਕਿ ਉਹ ਰਹਿਮ ਦੀ ਅਪੀਲ ਕਰ ਦੇਵੇ। ਜਦੋਂ ਕਰਤਾਰ ਸਿੰਘ ਸਰਾਭਾ ਨੇ ਅਜਿਹਾ ਕਰਨ ਤੋਂ ਇਨਕਾਰ ਕਰ ਦਿੱਤਾ ਤਾਂ ਭੜਕਾਹਟ ਵਿੱਚ ਆਏ ਜੱਜ ਨੇ ਕਿਹਾ ਕਿ 64 ਸਾਜ਼ਿਸ਼ੀਆਂ ਵਿੱਚੋਂ ਇਸ ਦੇ ਕਾਰਨਾਮਿਆਂ ਦੀ ਤਫਸੀਲ ਬੜੀ ਲੰਮੀ ਹੈ। ਅਮਰੀਕਾ ਵਿੱਚ ਸਮੁੰਦਰੀ ਰਸਤੇ ਵਿੱਚ ਅਤੇ ਭਾਰਤ ਵਿੱਚ ਸਾਜ਼ਿਸ਼ ਦਾ ਕੋਈ ਵੀ ਖੇਤਰ ਨਹੀਂ, ਜਿਸ ਵਿੱਚ ਕਰਤਾਰ ਸਿੰਘ ਦੀ ਭੂਮਿਕਾ ਨਾ ਹੋਵੇ। ਇਸ ਨੂੰ ਆਪਣੇ ਕਾਰਨਾਮਿਆਂ ਉੱਪਰ ਬੜਾ ਘੁਮੰਡ ਹੈ। ਇਸ ਲਈ ਇਸ ਉੱਪਰ ਕੋਈ ਰਹਿਮ ਨਹੀ ਕੀਤਾ ਜਾ ਸਕਦਾ। ਉਸ ਸਮੇਂ ਦੇ ਵਕੀਲਾਂ ਦੇ ਕਾਨੂੰਨੀ ਦ੍ਰਿਸ਼ਟੀਕੋਨ ਤੋਂ ਇਨ੍ਹਾਂ ਦੇਸ਼ ਭਗਤਾਂ ਨੂੰ ਕੋਈ ਸਜ਼ਾ ਦਿੱਤੀ ਹੀ ਨਹੀਂ ਜਾ ਸਕਦੀ ਸੀ, ਕਿਉਂਕਿ ਇਨ੍ਹਾਂ ਉੱਪਰ ਬਣਾਏ ਗਏ ਸਾਰੇ ਕੇਸ ਅਤੇ ਭੁਗਤਾਏ ਗਏ ਗਵਾਹ ਗਲਤ ਅਤੇ ਝੂਠੇ ਸਨ। ਹਾਂ, ਇਕੋ ਕਸੂਰ ਸੀ ਇਨ੍ਹਾਂ ਮਹਾਨ ਯੋਧਿਆਂ ਦਾ ਕਿ ਉਹ ਆਪਣੇ ਦੇਸ਼ ਲਈ ਅਜ਼ਾਦੀ ਦੀ ਮੰਗ ਕਰਦੇ ਸਨ, ਜਿਸ ਤੋਂ ਉਹ ਕਦੇ ਵੀ ਮੁਨਕਰ ਨਹੀਂ ਹੋਏ ਅਤੇ ਇਹ ਇਨ੍ਹਾਂ ਦਾ ਮੁਢਲਾ ਮਨੁੱਖੀ ਅਤੇ ਕੌਮੀ ਹੱਕ ਵੀ ਸੀ। ਇਸ ਤਰ੍ਹਾਂ ਝੂਠੇ ਮੁਕੱਦਮੇ ਅਧੀਨ ਜ਼ਾਲਮ ਅਤੇ ਲੁਟੇਰੀ ਅੰਗਰੇਜ਼ ਸਾਮਰਾਜੀ ਹਕੂਮਤ ਨੇ ਛੇ ਹੋਰ ਦੇਸ਼ ਭਗਤਾਂ ਸਮੇਤ 16 ਨਵੰਬਰ 1915 ਨੂੰ ਭਾਰਤ ਮਾਂ ਦੇ ਮਹਾਨ ਸਪੂਤ ਕਰਤਾਰ ਸਿੰਘ ਸਰਾਭਾ ਨੂੰ ਫਾਂਸੀ ਲਾ ਕੇ ਸ਼ਹੀਦ ਕਰ ਦਿੱਤਾ।

ਭਾਵੇਂ ਤਤਕਾਲੀ ਸਾਮਰਾਜੀ ਅੰਗਰੇਜ਼ ਸਰਕਾਰ ਨੇ ਕਰਤਾਰ ਸਿੰਘ ਸਰਾਭਾ ਨੂੰ ਸਰੀਰਕ ਤੌਰ 'ਤੇ ਸਾਡੇ ਕੋਲੋਂ ਖੋਹ ਲਿਆ ਸੀ, ਪਰ ਉਸ ਦੀ ਲਾਸਾਨੀ ਕੁਰਬਾਨੀ, ਲੋਕਾਂ ਪੱਖੀ ਵਿਚਾਰਧਾਰਾ ਅਤੇ ਪ੍ਰਦਾਨ ਕੀਤੀ ਚੇਤਨਤਾ ਦੀ ਮਹੱਤਤਾ ਅਤੇ ਸਿੱਖਿਆਦਾਇਕਤਾ ਅੱਜ ਵੀ ਸਾਰਥਕ ਹੈ ਅਤੇ ਪ੍ਰਸੰਗਕ ਹੈ। ਸ਼ਹੀਦ ਕਰਤਾਰ ਸਿੰਘ ਸਰਾਭਾ ਬਾਬਾ ਸੋਹਣ ਸਿੰਘ ਭਕਨਾ ਦੀ ਅਗਵਾਈ ਵਿੱਚ ਲੜਿਆ ਸੀ ਕਿ ਭਾਰਤ ਦੇ ਕੁਦਰਤੀ ਸੋਮਿਆਂ ਦੀ ਸਾਮਰਾਜੀਆਂ ਵੱਲੋਂ ਕੀਤੀ ਜਾਂਦੀ ਲੁੱਟ ਨੂੰ ਰੋਕਿਆ ਜਾਵੇ। ਅੱਜ ਫਿਰ ਅਮਰੀਕੀ ਸਾਮਰਾਜੀ ਪ੍ਰਭਾਵ ਵਾਲੀਆਂ ਸੰਸਾਰ ਬੈਂਕ ਮਾਰਕਾ ਨੀਤੀਆਂ ਅਧੀਨ ਸਿੱਖਿਆ, ਸਿਹਤ ਸੇਵਾਵਾਂ, ਬਿਜਲੀ, ਸਰਕਾਰੀ ਬੀਮਾ ਯੋਜਨਾ, ਰੇਲਵੇ, ਸੜਕੀ ਟਰਾਂਸਪੋਰਟ ਆਦਿ ਵਿਭਾਗਾਂ ਅਤੇ ਅਦਾਰਿਆਂ ਦਾ ਪ੍ਰਾਈਵੇਟਕਰਨ ਕੀਤਾ ਜਾ ਰਿਹਾ ਹੈ। ਦੇਸ਼ ਭਰ ਵਿੱਚ ਹਜ਼ਾਰਾਂ ਸਰਕਾਰੀ ਸਕੂਲ ਬੰਦ ਹੋਣ ਦੀਆਂ ਖ਼ਬਰਾਂ ਹਨ। ਜਿਸ ਕਾਰਨ ਪੜ੍ਹੇ-ਲਿਖੇ ਉੱਚ ਯੋਗਤਾ ਪ੍ਰਾਪਤ ਨੌਜਵਾਨ ਮੁੰਡੇ-ਕੁੜੀਆਂ ਵਿੱਦਿਆ ਪ੍ਰਾਪਤੀ ਦੀ ਆੜ ਵਿੱਚ ਵਿਦੇਸ਼ਾਂ ਵੱਲ ਹਰ ਸਾਲ ਚਲੇ ਜਾਂਦੇ ਹਨ। ਕੋਈ ਦੋ-ਤਿੰਨ ਸਾਲ ਪਹਿਲਾਂ ਇੱਕ ਅਖ਼ਬਾਰ ਦੀ ਰਿਪੋਰਟ ਸੀ, ਇਸ ਤਰ੍ਹਾਂ ਭਾਰਤ ਵਿੱਚੋਂ ਲੱਗਭੱਗ 67000 ਕਰੋੜ ਰੁਪਏ ਵਿਦੇਸ਼ਾਂ ਵੱਲ ਜਾਂਦੇ ਹਨ। ਇਸ ਤਰ੍ਹਾਂ ਸਾਡੇ ਦੇਸ਼ ਅਤੇ ਸਾਡੇ ਪੰਜਾਬ ਦੀ ਮਨੁੱਖੀ ਪ੍ਰਤਿਭਾ ਵਾਲੀ ਅਤੇ ਆਰਥਿਕ ਲੁੱਟ ਅੱਜ ਵੀ ਜਾਰੀ ਹੈ, ਜਿਸ ਵਿਰੁੱਧ ਲੜਦੇ ਹੋਏ ਕਰਤਾਰ ਸਿੰਘ ਸਰਾਭਾ ਹੁਰਾਂ ਨੇ ਸ਼ਹੀਦੀਆਂ ਵੀ ਦਿੱਤੀਆਂ ਸਨ। ਇਨ੍ਹਾਂ ਸੰਸਾਰ ਬੈਂਕ ਮਾਰਕਾ ਨੀਤੀਆਂ ਕਾਰਨ ਹੀ ਦੇਸ਼ ਵਿੱਚ ਗਰੀਬ-ਅਮੀਰ ਦਾ ਪਾੜਾ ਵਧ ਰਿਹਾ ਹੈ। ਵੱਡੀ ਗਿਣਤੀ ਵਿੱਚ ਭਾਰਤੀ ਭੁੱਖਮਰੀ ਦਾ ਸ਼ਿਕਾਰ ਹਨ। ਮਜ਼ਦੂਰ ਲਈ ਘੱਟੋ-ਘੱਟ ਨਿਸ਼ਚਤ ਉਜਰਤਾਂ ਦੀ ਗਰੰਟੀ ਨਹੀਂ ਹੈ। ਰੁਜ਼ਗਾਰ ਪ੍ਰਾਪਤੀ ਦੇ ਹੱਕ ਸੰਬੰਧੀ ਕੋਈ ਵਿਸ਼ੇਸ਼ ਕਾਨੂੰਨ ਨਹੀਂ ਹੈ। ਕਿਸਾਨਾਂ ਨੂੰ ਉਸ ਦੀ ਫਸਲ ਦੇ ਘੱਟੋ-ਘੱਟ ਸਮਰਥਨ ਮੁੱਲ ਦੀ ਕੋਈ ਕਾਨੂੰਨੀ ਗਰੰਟੀ ਨਹੀਂ ਹੈ। ਹਰ ਬਿਮਾਰ ਲਈ ਇਲਾਜ ਦੀ ਕੋਈ ਸੁਵਿਧਾ ਨਹੀਂ ਹੈ। ਅਜਿਹੀ ਸਥਿਤੀ ਨੂੰ ਵੀ ਸਾਡੀਆਂ ਸਰਕਾਰਾਂ ਚਮਕਦਾ ਭਾਰਤ ਅਤੇ ਸਭ ਦੇ ਵਿਕਾਸ ਵਾਲਾ ਭਾਰਤ ਦੱਸ ਰਹੀਆਂ ਹਨ। ਜਦੋਂ ਕਿ ਅਜਿਹਾ ਵਿਕਾਸ ਮਾਡਲ ਸਾਡੇ ਮਹਾਨ ਸ਼ਹੀਦਾਂ, ਗ਼ਦਰੀ ਬਾਬਿਆਂ ਦੇ ਸੁਪਨਿਆਂ ਤੋਂ ਉਲਟ ਦਿਸ਼ਾ ਵਾਲਾ ਹੈ। ਸਾਡੇ ਸੰਵਿਧਾਨਕ ਉਦੇਸ਼ਾਂ ਅਤੇ ਵਿਵਸਥਾਵਾਂ ਤੋਂ ਵੀ ਉਲਟ ਦਿਸ਼ਾ ਵਾਲਾ ਹੈ। ਅੱਜ ਸਾਡੇ ਸਾਰੇ ਜਨ ਸਮੂਹਾਂ ਦੀ ਮੁਢਲੀ ਲੋੜ ਹੈ ਅਤੇ ਫ਼ਰਜ਼ ਹੈ ਕਿ ਇਸ ਸਰਮਾਏਦਾਰੀ ਪ੍ਰਬੰਧ ਕਾਰਨ ਉਪਜੀਆਂ ਇਨ੍ਹਾਂ ਅਲਾਮਤਾਂ ਦੇ ਖਾਤਮੇ ਲਈ ਅੱਜ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ 130ਵੇਂ ਜਨਮ ਦਿਨ ਸਮੇਂ ਉਸ ਦੀ ਜੀਵਨ ਗਾਥਾ ਅਤੇ ਲਾਸਾਨੀ ਕੁਰਬਾਨੀ ਪ੍ਰਤੀ ਸੱਚੀ ਸ਼ਰਧਾਂਜਲੀ ਵਜੋਂ ਭਾਰਤੀ ਵਿਕਾਸ ਅਤੇ ਰਾਜਨੀਤਕ ਪ੍ਰਬੰਧ ਸੰਬੰਧੀ ਉਨ੍ਹਾਂ ਦੇ ਚਿਤਵੇ ਸੁਪਨਿਆਂ ਦੀ ਪੂਰਤੀ ਲਈ ਉਨ੍ਹਾਂ ਦੇ ਵਿਚਾਰਾਂ ਨੂੰ ਪੜ੍ਹੀਏ, ਸਮਝੀਏ ਅਤੇ ਲਾਗੂ ਕਰਨ ਲਈ ਆਪਣੇ ਮਨ ਵਿੱਚ ਸਦਾ ਯਾਦ ਰੱਖੀਏ ਕਿ ਭਾਰਤ ਦਾ ਮਹਾਨ ਸਪੂਤ ਸ਼ਹੀਦ ਕਰਤਾਰ ਸਿੰਘ ਸਰਾਭਾ ਸਦਾ ਹੀ ਸਾਡਾ ਮਾਰਗ ਦਰਸ਼ਕ ਰਹੇਗਾ।

**# ਸੰਪਰਕ : 94177-51888**

# ਮੋਦੀ ਸਰਕਾਰ, ਜੰਗ ਅਤੇ ਜੰਗਬੰਦੀ

**ਪੇਸ਼ਕਸ਼ : ਡਾਕਟਰ ਅਜੀਤਪਾਲ ਸਿੰਘ ਐੱਮ ਡੀ**

22 ਅਪ੍ਰੈਲ ਨੂੰ ਕਸ਼ਮੀਰ ਵਿੱਚ ਪਹਿਲਗਾਮ ਵਿੱਚ ਅੱਤਵਾਦੀ ਹਮਲੇ ਦੀ ਘਟਨਾ ਦੇ ਬਾਅਦ ਤੋਂ ਹੀ ਮੋਦੀ ਦੀ ਅਗਵਾਈ ਵਾਲੀ ਐਨ ਡੀ ਏ ਸਰਕਾਰ, ਮੋਦੀ ਸਾਹ ਅਤੇ ਭਾਜਪਾ ਨੇ ਦੇਸ਼ ਦੀ ਜਨਤਾ ਨੂੰ ਯੁੱਧ ਦੇ ਜਨੂੰਨ ਵੱਲ ਤੱਕ ਦਿੱਤਾ। ਯੁੱਧ ਦੇ ਜਨੂੰਨ ਅਤੇ ਅੰਨ੍ਹੀ ਕੌਮਪ੍ਰਸਤੀ/ ਅੰਧ-ਰਾਸ਼ਟਰਵਾਦ ਨੂੰ ਪੜਾਅ-ਦਰ-ਪੜਾਅ ਵਧਾਇਆ ਗਿਆ। ਪਹਿਲਗਾਮ ਵਿੱਚ ਕਥਿਤ ਅੱਤਵਾਦੀ ਹਮਲੇ 'ਚ 28 ਨਾਗਰਿਕ ਮਾਰੇ ਗਏ ਜਿਨ੍ਹਾਂ ਵਿੱਚ ਜ਼ਿਆਦਾਤਰ ਹਿੰਦੂ ਸੈਲਾਨੀ ਸਨ। ਇਸ ਖਬਰ ਨੂੰ ਹਿੰਦੂ ਬਨਾਮ ਮੁਸਲਿਮ ਵਜੋਂ ਪੇਸ਼ ਕਰਕੇ ਤੇ ਮੁਸਲਮਾਨਾਂ ਨੂੰ ਅੱਤਵਾਦੀਆਂ ਦੇ ਰੂਪ ਵਿੱਚ ਅਤੇ ਹਿੰਦੂਆਂ ਨੂੰ ਇਨ੍ਹਾਂ ਦੇ ਹਮਲੇ ਦੇ ਨਿਸ਼ਾਨ 'ਤੇ ਹੋਣ ਦੇ ਰੂਪ ਵਿੱਚ ਪਰਚਾਰਿਆ ਗਿਆ ।

ਹਿੰਦੂਆਂ ਵਿੱਚ ਮੁਸਲਮਾਨਾਂ ਖਿਲਾਫ ਬਦਲਾ ਲੈਣ ਦੀ ਨਫਰਤੀ ਭਾਵਨਾ ਦਾ ਸੰਚਾਰ ਕੀਤਾ ਗਿਆ। ਇਸ ਅੱਤਵਾਦ ਲਈ ਪਾਕਿਸਤਾਨ ਨੂੰ ਜ਼ਿੰਮੇਵਾਰ ਠਹਿਰਾ ਕੇ ਉਥੋਂ ਦੇ ਕਥਿਤ ਅੱਤਵਾਦੀ ਲਂਚਿੰਗ ਪੈਡ ਨੂੰ ਢਹਿ-ਢੇਰੀ ਕਰਨ ਦੀ ਗੱਲ ਕੀਤੀ ਗਈ। ਹਿੰਦੂ ਫਾਸ਼ੀਵਾਦੀਆਂ ਨੇ ਮਾਹੌਲ ਵਿੱਚ ਵਿਆਪਕ ਉਤੇਜਨਾ, ਰੋਹ, ਗੁੱਸਾ ਤੇ ਨਫਰਤ ਨੂੰ ਉਚਾਈਆਂ 'ਤੇ ਲੈ ਜਾਣ ਦੀ ਹਰ ਸੰਭਵ ਕੋਸ਼ਿਸ਼ ਕੀਤੀ। ਇਸ ਮਕਸਦ ਲਈ ਪ੍ਰਮੁੱਖ ਟੀ ਵੀ ਚੈਨਲਾਂ, ਗੋਦੀ ਮੀਡੀਆ, ਸਮਾਚਾਰ ਏਜੰਸੀਆਂ ਤੇ ਸੋਸ਼ਲ ਮੀਡੀਆ ਪਲੇਟਫਾਰਮ ਅਤੇ ਸੰਘੀ ਸੰਗਠਨਾਂ ਦਾ ਭਰਪੂਰ ਇਸਤੇਮਾਲ ਕੀਤਾ ਗਿਆ। ਫੌਜ ਦੇ ਤਿੰਨਾਂ ਅੰਗਾਂ ਤੇ ਉਨ੍ਹਾਂ ਦੇ ਨਾਲ-ਨਾਲ ਪਲ ਪਲ ਦੀਆਂ ਬੈਠਕਾਂ ਤੇ ਫਿਰ ਬਾਅਦ ਵਿੱਚ ਦਰਜਨਾਂ ਜ਼ਿਲ੍ਹਿਆਂ ਵਿੱਚ ਮੌਕ ਡਰਿੱਲ ਦੇ ਐਲਾਨ ਨਾਲ ਦੇਸ਼ ਵਿੱਚ ਉਤੇਜਨਾ, ਸਨਸਨੀ, ਅਸੁਰੱਖਿਆ, ਖਾੜਕੂਪੁਣੇ ਦੀ ਮਾਨਸਿਕਤਾ ਤਿਆਰ ਕੀਤੀ ਗਈ। ਦੇਖਣ ਵਾਲੀ ਗੱਲ ਇਹ ਵੀ ਹੈ ਕਿ ਮੌਕ ਡਰਿੱਲ ਵਿੱਚ ਪੱਛਮੀ ਬੰਗਾਲ ਤੇ 32 ਜ਼ਿਲ੍ਹੇ ਸ਼ਾਮਲ ਸਨ, ਜਿੱਥੇ ਅਗਲੇ ਸਾਲ ਵਿਧਾਨ ਸਭਾ ਚੋਣਾਂ ਹੋਣ ਵਾਲੀਆਂ ਹਨ ਇਸ ਦੌਰਾਨ 7 ਮਈ ਦੀ ਰਾਤ ਦੇ ਹਨੇਰੇ ਵਿੱਚ ਆਪਰੇਸ਼ਨ ਸੰਦੂਰ ਨਾਂਅ ਨਾਲ ਚਲਾਈ ਮੁਹਿੰਮ ਦੇ ਜ਼ਰੀਏ ਕਥਿਤ ਅੱਤਵਾਦੀ ਨਿਸ਼ਾਨਿਆਂ 'ਤੇ ਹਮਲੇ ਦਾ ਦਾਅਵਾ ਕੀਤਾ ਗਿਆ। ਭਾਰਤ ਸਰਕਾਰ ਨੇ ਅਧਿਕਾਰਤ ਅਤੇ ਉਪਚਾਰਕ ਤੌਰ 'ਤੇ ਇਨ੍ਹਾਂ ਹਮਲਿਆਂ ਨੂੰ ਕੇਂਦਰਿਤ, ਨਾਪੇ-ਤੋਲੇ ਤੇ ਨਾ ਉਕਸਾਉਣ ਵਾਲੀ ਕਾਰਵਾਈ ਦੱਸਿਆ । ਸਰਕਾਰ ਨੇ ਦਾਅਵਾ ਕੀਤਾ ਕਿ ਮਿਜ਼ਾਈਲ ਹਮਲਿਆਂ ਵਿੱਚ ਅੱਤਵਾਦੀ ਸਮੂਹਾਂ ਜੈਸ਼-ਏ-ਮੁਹੰਮਦ ਅਤੇ ਲਸ਼ਕਰ-ਏ-ਤੋਇਬਾ ਦੇ ਪਾਕਿਸਤਾਨ ਵਿਚਲੇ ਬੁਨਿਆਦੀ ਢਾਂਚੇ ਨੂੰ ਨਿਸ਼ਾਨਾ ਬਣਾਇਆ ਗਿਆ ਅਤੇ ਕਿਸੇ ਵੀ ਪਾਕਿਸਤਾਨੀ ਫੌਜੀ ਹੈੱਡਕੁਆਟਰ ਨੂੰ ਨਿਸਾਨਾ ਨਹੀਂ ਬਣਾਇਆ ਗਿਆ ਅਤੇ ਤਕਰੀਬਨ ਅਜਿਹੇ 9 ਠਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਗਿਆ ਅਤੇ ਦਰਜਨਾਂ ਅੱਤਵਾਦੀਆਂ ਨੂੰ ਮਾਰ ਦਿੱਤਾ ਗਿਆ। ਇਸ ਅਧਿਕਾਰਤ ਬਿਆਨ ਦੇ ਉਲਟ ਮੁੱਖ ਧਾਰਾ ਦਾ ਮੀਡੀਆ, ਭਾਜਪਾਈ ਨੇਤਾ ਅਤੇ ਮੰਤਰੀ ਇਸ ਹਮਲੇ ਨੂੰ ਪਾਕਿਸਤਾਨ 'ਤੇ ਹਮਲੇ ਦੀ ਹੀ ਤਰ੍ਹਾਂ ਲਗਾਤਾਰ ਪ੍ਰਚਾਰਦੇ ਆ ਰਹੇ ਸਨ ਅਤੇ ਪਾਕਿਸਤਾਨੀ ਕਬਜ਼ੇ ਵਾਲੇ ਕਸ਼ਮੀਰ 'ਤੇ ਕਬਜ਼ਾ ਕਰ ਲੈਣ ਦੀ ਗੱਲ ਕਰਨ ਲੱਗੇ। ਉਹ ਇੱਥੇ ਹੀ ਨਹੀਂ ਰੁਕੇ, ਬਲਕਿ ਪਾਕਿਸਤਾਨ ਦੇ ਕਈ ਸ਼ਹਿਰਾਂ 'ਤੇ ਪ੍ਰਮਾਣੂ ਕੇਂਦਰ ਤੇ ਭਾਰਤੀ ਫੌਜ ਵੱਲੋਂ ਕਬਜ਼ਾ ਕਰ ਲੈਣ ਦੇ ਦਾਅਵੇ ਅਤੇ ਖਬਰਾਂ ਪ੍ਰਸਾਰਿਤ ਕਰਨ ਲੱਗੇ। ਇਨ੍ਹਾਂ ਦਾ ਇਹ ਬੇਸ਼ਰਮ, ਗੈਰਜ਼ਿੰਮੇਵਾਰ ਰੁਖ ਤੇ ਅਫਵਾਹ ਭਰੀਆਂ ਫਰਜ਼ੀ ਖਬਰਾਂ ਜਲਦੀ ਹੀ ਬੇਨਕਾਬ ਹੋ ਗਈਆਂ। ਸਰਹੱਦਾਂ 'ਤੇ ਵੀ ਫੌਜਾਂ ਭਾਰੀ ਮਾਤਰਾ ਵਿੱਚ ਜਮ੍ਹਾਂ ਹੋਣ ਲੱਗੀਆਂ। ਜੇ ਭਾਰਤ ਦੀ ਗੱਲ ਕੀਤੀ ਜਾਵੇ ਤਾਂ ਵੱਖੋ-ਵੱਖ ਵਿਦੇਸ਼ੀ ਮੀਡੀਆ ਸੰਸਥਾਵਾਂ ਨੇ ਪਾਕਿਸਤਾਨ ਦੇ ਇਸ ਦਾਅਵੇ ਦੀ ਪੁਸ਼ਟੀ ਕੀਤੀ, ਜਿਸ ਵਿੱਚ ਦੋ ਰਾਫੇਲ, ਤਿੰਨ ਜੰਗੀ ਜਹਾਜ਼ ਅਤੇ ਐਸ ਯੂ-30 ਨੂੰ ਨਸ਼ਟ ਕਰਨ ਦਾ ਦਾਅਵਾ ਕੀਤਾ ਗਿਆ ਸੀ, ਭਾਰਤ ਨੇ ਇਜ਼ਰਾਇਲ, ਰੂਸ ਤੇ ਫਰਾਂਸ ਤੋਂ ਖਰੀਦੇ ਗਏ ਹਥਿਆਰਾਂ ਦੀ ਵਰਤੋਂ ਕੀਤੀ ਤਾਂ ਪਾਕਿਸਤਾਨ ਨੇ ਤੁਰਕੀ, ਚੀਨ ਤੇ ਅਮਰੀਕਾ ਤੋਂ ਖਰੀਦੇ ਗਏ ਹਥਿਆਰਾਂ ਨੂੰ ਵਰਤਿਆ। ਇਸ ਤਰ੍ਹਾਂ ਦੇਖਿਆ ਜਾਵੇ ਤਾਂ ਇਹ ਹਮਲਾ ਤੇ ਬਚਾਅ ਕੁਝ ਨਵੇਂ ਹਥਿਆਰਾਂ ਦੇ ਲਈ ਸਿਖਲਾਈ ਵਾਲੀ ਥਾਂ ਹੀ ਬਣ ਗਿਆ। ਇਸ ਨਾਲ ਸਫਲ ਹਥਿਆਰਾਂ ਦੀ ਖਰੀਦ ਅਤੇ ਭਾਅ ਦੋਨੋਂ ਵਧ ਜਾਣਗੇ। ਇਸ ਦਰਮਿਆਨ ਇਸ ਵਧਦੇ ਤਣਾਅ ਵਿੱਚ ਮੋਦੀ ਸਰਕਾਰ ਨੇ ਦੋ ਵਾਰੀ ਸਰਬ-ਪਾਰਟੀ ਬੈਠਕ ਬੁਲਾਈ, ਪਰ ਪ੍ਰਧਾਨ ਮੰਤਰੀ ਦੋਨੋਂ ਵਾਰੀ ਇਸ ਮੀਟਿੰਗ ਦੌਰਾਨ ਗੈਰ ਹਾਜ਼ਰ ਰਹੇ। ਕਥਿਤ ਅੱਤਵਾਦੀ ਹਮਲੇ ਦੀ ਆੜ ਵਿੱਚ ਮੋਦੀ ਅਤੇ ਐੱਨ ਡੀ ਏ ਸਰਕਾਰ ਨੇ ਅੰਨ੍ਹੀ ਕੌਮਪ੍ਰਸਤੀ ਜੰਗੀ ਜਨੂੰਨ ਖੜ੍ਹਾ ਕਰਨ ਦੇ ਨਾਲ ਹੀ ਇਸ ਨੂੰ ਸਥਾਪਤ ਕਰਨ ਲਈ ਘਿਰਣਿਤ ਕੋਸ਼ਿਸ਼ ਕੀਤੀ ਕਿ ਮੋਦੀ ਦੀ ਅਗਵਾਈ ਵਿੱਚ ਭਾਰਤ ਵੀ ਅਮਰੀਕੀ ਤੇ ਇਜ਼ਰਾਇਲੀ ਹਾਕਮਾਂ ਵਾਂਗੂ ਆਪਣੇ ਕਥਿਤ ਦੁਸ਼ਮਣਾਂ ਨੂੰ ਦੂਰ ਬੈਠ ਕੇ ਹੀ ਹਥਿਆਰਾਂ ਦੇ ਜ਼ੋਰ 'ਤੇ ਹਮਲੇ ਰਾਹੀਂ ਤਬਾਹ ਕਰ ਸਕਦਾ ਹੈ ਪਰ ਇਜ਼ਰਾਇਲੀ ਤੇ ਅਮਰੀਕੀ ਸਾਮਰਾਜੀਆਂ ਦੀ ਨਕਲ ਉਸ ਨੂੰ ਭਾਰੀ ਪੈ ਗਈ। ਪਾਕਿਸਤਾਨੀ ਹਾਕਮਾਂ ਨੇ ਇਸ ਹਮਲੇ ਨੂੰ ਆਪਣੀ ਪ੍ਰਭੁਸੱਤਾ 'ਤੇ ਹਮਲਾ ਦੱਸਿਆ, ਜੋ ਕਿ ਸੁਭਾਵਿਕ ਸੀ ਅਤੇ ਫਿਰ ਉਸ ਤਰ੍ਹਾਂ ਜੁਆਬ ਤੇ ਟੱਕਰ ਦਿੱਤੀ ਕਿ ਜਿਸ ਤਰ੍ਹਾਂ ਮੋਦੀ ਅਤੇ ਮੋਦੀ ਸਰਕਾਰ ਨੇ ਸੋਚਿਆ ਵੀ ਨਹੀਂ ਸੀ । ਦਰਅਸਲ ਪਾਕਿਸਤਾਨ ਵਿੱਚ ਇੱਕ ਪਾਸੇ ਹਾਕਮ ਜਮਾਤ ਅੰਦਰ ਤਿੱਖੇ ਅੰਤਰ ਵਿਰੋਧ ਹਨ, ਹਕੂਮਤੀ ਪਾਰਟੀ ਨੇ ਹਾਕਮ ਜਮਾਤ ਦੀ ਹੀ ਦੂਜੀ ਪਾਰਟੀ ਇਮਰਾਨ ਖਾਨ ਅਤੇ ਉਸ ਦੀ ਅਗਵਾਈ ਵਾਲੀ ਪਾਰਟੀ ਦੇ ਸੰਘਰਸ਼ ਦਾ ਦਮਨ ਕੀਤਾ। ਫੌਜ ਤੇ ਸਰਕਾਰ ਵਿੱਚ ਵੀ ਟਕਰਾਅ ਇਥੇ ਆਮ ਹੈ । ਪਾਕਿਸਤਾਨ ਵਿੱਚ ਜੋ ਹਾਲਤ ਬਣੀ, ਜੱਗ ਜ਼ਾਹਿਰ ਹੈ। ਪਾਕਿਸਤਾਨੀ ਹਾਕਮਾਂ ਲਈ ਮੋਦੀ ਸਰਕਾਰ ਦੀ 'ਅੱਤਵਾਦ' ਤੇ ਇਹ ਕਥਿਤ ਸਟਰਾਈਕ ਫੌਰੀ ਤੌਰ 'ਤੇ ਸੰਜੀਵਨੀ ਬੂਟੀ ਸਾਬਤ ਹੋਈ। ਪਾਕਿਸਤਾਨੀ ਪ੍ਰਧਾਨ ਮੰਤਰੀ ਸ਼ਾਹਬਾਜ਼ ਅਤੇ ਉਸ ਦੀ ਸਰਕਾਰ ਆਪਣੇ ਦੇਸ਼ ਦੇ ਅੰਦਰ ਭਾਰਤ ਖਿਲਾਫ ਅੰਨ੍ਹੀ ਕੌਮਪ੍ਰਸਤੀ, ਜਨੂਨ ਖੜ੍ਹਾ ਕਰਕੇ ਦੁਨੀਆ ਸਮੇਤ ਤੇ ਜਨਤਾ ਦੇ ਬਹੁਤੇ ਹਿੱਸੇ ਨੂੰ ਆਪਣੇ ਨਾਲ ਲਾਮਬੰਦ ਕਰਨ ਵਿੱਚ ਫੌਰੀ ਤੌਰ 'ਤੇ ਸਫਲ ਹੋਈ। ਆਰਥਿਕ ਸੰਕਟ ਨਾਲ ਪਿਸਦੀ ਜਨਤਾ ਨੂੰ ਆਪਣੇ ਨਾਲ ਲਾਮਬੰਦ ਕਰਨ ਵਿੱਚ ਫਿਲਹਾਲ ਸਫਲ ਰਹੀ। ਇਹ ਹੀ ਨਹੀਂ, ਕੌਮਾਂਤਰੀ ਮੁਦਰਾ ਕੋਸ਼ ਤੋਂ 2.3 ਡਾਲਰ ਦਾ ਕਰਜ਼ਾ ਵੀ ਭਾਰਤ ਸਰਕਾਰ ਦੇ ਵਿਰੋਧ ਦੇ ਬਾਵਜੂਦ ਹਾਸਲ ਹੋ ਗਿਆ । ਇਹੀ ਕੰਮ ਮੋਦੀ ਅਤੇ ਮੋਦੀ ਸਰਕਾਰ ਨੇ ਵੀ ਕੀਤਾ। ਇਸ ਅੱਤਵਾਦੀ ਹਮਲੇ ਦੀ ਆੜ ਵਿੱਚ ਅੰਨ੍ਹਾ ਕੌਮਪ੍ਰਸਤ ਜਨੂੰਨ ਖੜ੍ਹਾ ਕਰਕੇ ਸਮੂਹ ਵਿਰੋਧੀਆਂ ਨੂੰ ਆਪਣੇ ਪਿੱਛੇ-ਪਿੱਛੇ ਚੱਲਣ ਲਈ ਮਜਬੂਰ ਕਰ ਦੇਣ ਵਿੱਚ ਕਾਮਯਾਬ ਰਹੀ ਕਾਂਗਰਸ, ਕਥਿਤ ਖੱਬੇ-ਪੱਖੀ ਸਾਰੇ ਮੋਦੀ ਦੀ ਅਗਵਾਈ ਵਾਲੇ ਐੱਨ ਡੀ ਏ ਸਰਕਾਰ ਦੀ ਅੰਨ੍ਹੀ ਕੌਮਪ੍ਰਸਤੀ ਧੁੰਨ ਵਿੱਚ ਨੱਚ ਰਹੇ ਸਨ। ਜਨਤਾ ਦੇ ਠੀਕ ਠਾਕ ਹਿੱਸੇ ਨੂੰ ਵੀ ਇਸ ਜਾਲ ਵਿੱਚ ਫਸਾਉਣ ਵਿੱਚ ਭਾਜਪਾਈ ਕਾਮਯਾਬ ਰਹੇ। ਪਹਿਲਗ਼ਾਮ ਵਿੱਚ ਹੋਏ ਅੱਤਵਾਦੀ ਹਮਲੇ ਦੇ ਜਵਾਬ ਵਿੱਚ 7 ਮਈ ਦੀ ਰਾਤ ਤੋਂ 10 ਮਈ ਦੀ ਸ਼ਾਮ ਤੱਕ ਆਉਂਦੇ ਆਉਂਦੇ, ਜਦ ਬਹੁਤੇ ਲੋਕ ਇਹ ਮੰਨ ਕੇ ਚੱਲ ਰਹੇ ਸਨ ਕਿ ਹੁਣ ਤਾਂ ਜੰਗ ਦੀ ਸੰਭਾਵਨਾ ਹੈ ਤਾਂ ਫਟਾਫਟ ਅਮਰੀਕੀ ਰਾਸ਼ਟਰਪਤੀ ਨੇ ਆਪਣੇ ਟਵੀਟ ਦੇ ਜ਼ਰੀਏ ਅਮਰੀਕੀ ਵਿਚੋਲਗੀ ਵਿੱਚ ਭਾਰਤ-ਪਾਕਿਸਤਾਨ ਵਿੱਚ ਜੰਗਬੰਦੀ ਹੋਣ ਦੀ ਗੱਲ ਕਹੀ। ਇਸ ਦੇ ਬਾਅਦ ਹੀ ਭਾਰਤ ਦੇ ਪ੍ਰਤੀਨਿਧ ਨੇ ਸ਼ਾਮ 5 ਵਜੇ ਤੋਂ ਪੂਰਨ ਜੰਗਬੰਦੀ ਦੇ ਰੂਪ ਵਿੱਚ ਸਮਝੌਤੇ ਦੇ ਲਾਗੂ ਹੋਣ ਅਤੇ ਫਿਰ 12 ਮਈ ਨੂੰ ਇਸ ਸੰਬੰਧ ਵਿੱਚ ਮੁੜ ਵਾਰਤਾ ਹੋਣ ਦੀ ਗੱਲ ਕਹੀ। ਜੰਗਬੰਦੀ ਵਜੋਂ ਸਮਝੌਤੇ ਦੀ ਗੱਲ ਨੂੰ ਅਮਰੀਕੀ ਰਾਸ਼ਟਰਪਤੀ ਵੱਲੋਂ ਦੱਸਿਆ ਜਾਣਾ ਇੱਕ "ਖੁਦ ਐਲਾਨੇ ਵਿਸ਼ਵ ਗੁਰੂ" ਅਤੇ ਖੁਦ ਨੂੰ ਦੁਨੀਆ ਦੇ ਤਾਕਤਵਰ ਦੇਸ਼ਾਂ ਵਿੱਚੋਂ ਇੱਕ ਕਹਿਣ ਵਾਲਿਆਂ ਲਈ ਸ਼ਰਮਨਾਕ ਤਾਂ ਸੀ ਹੀ, ਇਸ 'ਤੇ ਹੜਕੰਪ ਮਚਣਾ ਸੁਭਾਵਕ ਸੀ। ਹਾਕਮ ਜਮਾਤ ਜਿਸ ਗੱਲ ਨੂੰ ਛੁਪਾ ਕੇ ਕਰਨਾ ਚਾਹੁੰਦੀ ਸੀ, ਉਹ ਉਜਾਗਰ ਹੋ ਗਈ। ਵਿਸ਼ਵ ਗੁਰੂ ਲਈ ਸਥਿਤੀ ਸੱਪ ਦੇ ਮੂੰਹ ਵਿੱਚ ਕੋਹੜ ਕਿਰਲੀ ਵਾਲੀ ਬਣ ਗਈ। ਇਸ ਤਰ੍ਹਾਂ ਭਾਰਤ ਤੇ ਪਾਕਿਸਤਾਨ ਦੇ ਹਾਕਮਾਂ ਦੇ ਸੰਬੰਧ ਵਿੱਚ ਅਮਰੀਕੀ ਸਮਰਾਜਵਾਦੀਆਂ ਦੀ ਦਖਲਅੰਦਾਜ਼ੀ ਸਪੱਸ਼ਟ ਰੂਪ ਵਿੱਚ ਜੱਗ ਜ਼ਾਹਰ ਹੋ ਗਈ। ਵਿਰੋਧੀ ਪਾਰਟੀਆਂ ਨੇ ਇਸ ਨੂੰ ਦੇਸ਼ ਦੀ ਅਖੰਡਤਾ ਦਾ ਮੁੱਦਾ ਬਣਾ ਕੇ ਇਸ 'ਤੇ ਸੰਸਦ ਦਾ ਵਿਸ਼ੇਸ਼ ਸੈਸ਼ਨ ਬੁਲਾਏ ਜਾਣ ਦੀ ਮੰਗ ਕੀਤੀ ਅਤੇ ਸਰਕਾਰ ਤੋਂ ਇਸ ਮੁੱਦੇ 'ਤੇ ਹੋਰ ਸਮਝੌਤੇ ਦੇ ਬਿੰਦੂਆਂ ਨੂੰ ਸਪੱਸ਼ਟ ਕਰਨ ਦੀ ਮੰਗ ਕੀਤੀ। ਜੰਗਬੰਦੀ ਪਿੱਛੋਂ ਜਦ ਭਾਰਤ ਤੇ ਪਾਕਿਸਤਾਨ ਦੋਨਾਂ ਦੇ ਹਾਕਮ ਆਪਣੀ-ਆਪਣੀ ਸਫਲਤਾ ਤੇ ਅਤੇ ਦੂਸਰਿਆਂ ਨੂੰ ਨੁਕਸਾਨ ਪਹੁੰਚਾਉਣ ਦੇ ਦਾਅਵੇ ਕਰਨ ਲੱਗੇ। ਇਹੀ ਨਹੀਂ, ਸਰਬ ਪਾਰਟੀ ਬੈਠਕਾਂ ਤੋਂ ਗੈਰ ਹਾਜ਼ਰ ਰਹੇ ਮੋਦੀ ਫਿਰ ਕੌਮ ਦੇ ਨਾਂ ਸੰਬੋਧਨ ਜ਼ਰੀਏ ਆਪਣੀ ਸਾਖ ਨੂੰ ਵਾਪਸ ਕਾਇਮ ਕਰਨ ਦੀ ਮੁਹਿੰਮ ਵਿੱਚ ਜੁਟ ਗਏ। ਵੈਸੇ ਵੀ ਇਹ ਜੰਗ ਜਾਂ ਜੰਗ ਦਾ ਜਨੂੰਨ ਦੋਨੋਂ ਦੇਸ਼ਾਂ ਦੀ ਆਮ ਜਨਤਾ ਦੇ ਹਿੱਤ ਦੇ ਉਲਟ ਸੀ। ਯੁੱਧ ਜਾਂ ਹਮਲਿਆਂ ਵਿੱਚ ਮਾਰੇ ਜਾਣ ਤੇ ਜ਼ਖ਼ਮੀ ਹੋਣ ਵਾਲੇ ਆਮ ਲੋਕ ਆਮ ਸੈਨਿਕ ਤਾਂ ਹਨ ਨਹੀਂ, ਨਾਲ ਹੀ ਯੁੱਧ ਦੇ ਬੋਝ ਨੂੰ ਵੀ ਆਮ ਜਨਤਾ ਨੂੰ ਹੀ ਵਧਦੀ ਮਹਿੰਗਾਈ ਤੇ ਹੋਰ ਦੁਸ਼ਵਾਰੀਆਂ ਦੇ ਜ਼ਰੀਏ ਬਿਠਾਉਣਾ ਪੈਂਦਾ ਹੈ।

ਦੇਸ਼ ਵਿੱਚ ਲੋਕਾਂ ਦੇ ਹਿੱਤ ਹਾਕਮਾਂ ਦੇ ਉਲਟ ਇਸ ਯੁੱਧ ਤਨਾਅ-ਜਨੂੰਨ ਦਾ ਖਾਤਮਾ ਕਰਕੇ ਸਥਾਈ ਸ਼ਾਂਤੀ ਵਿੱਚ ਹਨ। ਜਿੱਥੋਂ ਤੱਕ ਵਿਰੋਧੀ ਧਿਰ, ਖਾਸ ਕਰਕੇ ਕਾਂਗਰਸ ਦਾ ਸਵਾਲ ਹੈ, ਇਹ ਯੁੱਧਬੰਦੀ ਨੂੰ ਅਪਮਾਨ ਅਤੇ ਪ੍ਰਭੂਸੱਤਾ 'ਤੇ ਹਮਲੇ ਦੀ ਦਲੀਲ ਦੇ ਕੇ ਇੰਦਰਾ ਗਾਂਧੀ ਦੇ ਦੌਰ ਵਿੱਚ 1971 ਦੇ ਪਾਕਿਸਤਾਨ ਨੂੰ ਦੋ ਹਿੱਸਿਆਂ ਵਿੱਚ ਵੰਡਣ ਨੂੰ ਮਜਬੂਰ ਸਰਕਾਰ ਅਤੇ ਇੰਦਰਾ ਗਾਂਧੀ ਨੂੰ ਲੋਹ ਔਰਤ ਦੇ ਰੂਪ ਵਿੱਚ ਪ੍ਰਚਾਰਦੀ ਹੈ, ਜਦ ਕਿ ਉਹ ਨਹਿਰੂ ਦੇ ਜ਼ਮਾਨੇ 'ਚ 1962 'ਚ ਚੀਨ ਦੇ ਨਾਲ ਕੀਤੇ ਗਏ ਟਕਰਾਅ ਤੇ ਯੁੱਧ ਬਾਰੇ ਕੋਈ ਗੱਲ ਨਹੀਂ ਕਰਦੇ। ਪਾਕਿਸਤਾਨ ਦੇ ਬਟਵਾਰੇ ਦੇ ਆਪਣੇ ਅੰਦਰੂਨੀ ਕਾਰਨ ਮੂਲ ਵਿੱਚ ਸਨ ਅਤੇ ਨਾਲ ਹੀ ਇਸ ਵਿੱਚ ਰੂਸੀ ਸਾਮਰਾਜਵਾਦੀਆਂ ਦੀ ਮਹੱਤਵਪੂਰਨ ਭੂਮਿਕਾ ਸੀ । ਇੰਦਰਾ ਗਾਂਧੀ ਸਰਕਾਰ ਦੀ ਭੂਮਿਕਾ ਵੀ ਰੂਸੀ ਸਾਮਰਾਜਵਾਥੀਆਂ ਦੇ ਸਹਿਯੋਗ ਨਾਲ ਹੀ ਬਣੀ ਸੀ। ਹਕੀਕਤ ਇਹ ਹੈ ਕਿ ਆਜ਼ਾਦੀ ਪਿੱਛੋਂ ਭਾਰਤ ਦੇ ਪਾਕਿਸਤਾਨ ਦੋਨੋਂ ਦੇਸ਼ਾਂ ਦੀ ਹਾਕਮ ਜਮਾਤ ਨੇ ਵੱਖ-ਵੱਖ ਢੰਗ ਨਾਲ ਆਪਣੇ-ਆਪਣੇ ਤਰੀਕੇ ਨਾਲ ਆਪਣੀ ਜਨਤਾ ਦੀ ਮਿਹਨਤ ਦੀ ਲੁੱਟ-ਖਸੁੱਟ ਦੇ ਦਮ 'ਤੇ ਹਾਕਮ ਪੂੰਜੀਪਤੀ ਜਮਾਤ ਨੂੰ ਮਜ਼ਬੂਤ ਕੀਤਾ ਹੈ ਅਤੇ ਇਨ੍ਹਾਂ ਦਾ ਵਿਕਾਸ ਕੀਤਾ ਹੈ। ਜੇ ਭਾਰਤ ਵਿੱਚ ਜੰਮੂ ਕਸ਼ਮੀਰ, ਮਨੀਪੁਰ, ਮਿਜ਼ੋਰਮ, ਨਾਗਲੈਂਡ ਆਪਣੇ ਤੇ ਆਤਮ ਨਿਰਣੇ ਦੇ ਅਧਿਕਾਰ ਲਈ ਸੰਘਰਸ਼ ਕਰਦੇ ਰਹੇ ਅਤੇ ਦਮਨ ਹਿੰਸਾ ਦੇ ਸ਼ਿਕਾਰ ਹੋਏ ਤਾਂ ਇਹੀ ਸਥਿਤੀ ਪਾਕਿਸਤਾਨ ਵਿੱਚ ਬਲੋਚਿਸਤਾਨ, ਗਿਲਗਿਤ, ਬਾਲਿਸਤਾਨ, ਸਿੰਧ, ਆਜ਼ਾਦ ਕਸਮੀਰ ਆਦਿ ਦੀ ਬਣੀ, ਦੋਨੋਂ ਹੀ ਵੱਧ ਜਾਂ ਘੱਟ ਰੂਪ ਵਿੱਚ ਵਿਦੇਸ਼ੀ ਤਕਨੀਕ ਅਤੇ ਪੂੰਜੀ 'ਤੇ ਨਿਰਭਰ ਰਹੇ ਹਨ। ਇਹੀ ਸਥਿਤੀ ਅੱਜ ਵੀ ਹੈ। ਦੋਨਾਂ ਦੇ ਕੋਲ ਪਰਮਾਣੂ ਬੰਬ ਤੋਂ ਲੈ ਕੇ ਹੋਰ ਆਧੁਨਿਕ ਹਥਿਆਰ ਸਾਮਰਾਜਵਾਦੀ ਤਕਨੀਕ ਨਾਲ ਜਾਂ ਦਰਾਮਦ ਕਰਕੇ ਹਾਸਲ ਹੋ ਰਹੇ ਹਨ। ਤਕਨੀਕ ਦੇ ਮਾਮਲੇ ਵਿੱਚ ਅੱਜ ਵੀ ਇਹੀ ਸਥਿਤੀ ਹੈ , ਦੋਨੋਂ ਹੀ ਦੇਸ਼ਾਂ ਦੀ ਘੱਟ ਜਾਂ ਜ਼ਿਆਦਾ ਹੱਦ ਤੱਕ ਅਮਰੀਕੀ ਜਾਂ ਰੂਸੀ ਸਮਰਾਜਵਾਦੀਆਂ ਅਤੇ ਹੁਣ ਚੀਨੀ ਸਾਮਰਾਜਵਾਦ 'ਤੇ ਨਿਰਭਰਤਾ ਬਣੀ ਰਹੀ ਹੈ। ਸਥਿਤੀ ਹੁਣ ਹੋਰ ਜ਼ਿਆਦਾ ਜਟਿਲ ਹੈ। ਤੁਰਕੀ ਆਪਣੇ ਆਰਥਕ ਸਾਮਰਕ ਹਿਤਾਂ ਕਰਕੇ ਪਾਕਿਸਤਾਨ ਦੇ ਨਾਲ ਹੈ, ਜੋ ਖੇਤਰੀ ਤਾਕਤ ਬਣਦੀ ਹੈ। ਇਸ ਲਈ ਇਸ ਤੋਂ ਮੁਕਤੀ ਦਾ ਇਕੋ ਇੱਕ ਰਾਹ ਇਹ ਹੈ ਕਿ ਪੂੰਜੀਵਾਦ ਤੇ ਸਮਰਾਜਵਾਦ ਦੀ ਵਿਵਸਥਾ ਤੋਂ ਮੁਕਤੀ ਹੋਵੇ ਅਤੇ ਸਮਾਜਵਾਦੀ ਵਿਵਸਥਾ ਕਾਇਮ ਕੀਤੀ ਜਾਵੇ।

**# ਸੰਪਰਕ : 98156-29301**

(ਕਰਟਸੀ ਨਾਗਰਿਕ ਮਈ, 2025)

24-MAY-PAGE-5.qxd 5/23/2025 8:44 PM Page 1



# ਯੂਨੀਅਨ ਨਰੇਗਾ ਮਜ਼ਦੂਰਾਂ ਦੇ ਹੱਕਾਂ ਦੀ ਰਾਖੀ ਲਈ ਹਮੇਸ਼ਾ ਮੈਦਾਨ 'ਚ ਰਹੇਗੀ : ਜਗਸੀਰ ਖੋਸਾ

## ਮੰਡੀ 'ਚੋਂ ਰੋਸ ਮਾਰਚ ਕਰਦਿਆਂ ਡੀ ਸੀ ਦਫਤਰ ਅੱਗੇ ਦਿੱਤਾ ਧਰਨਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਜ਼ਿਲ੍ਹਾ ਮੋਗਾ ਦੇ ਸੱਦੇ 'ਤੇ ਸੈਂਕੜਿਆਂ ਦੀ ਗਿਣਤੀ ਵਿੱਚ ਨਰੇਗਾ ਕਾਮਿਆਂ ਨੇ ਡਿਪਟੀ ਕਮਿਸ਼ਨਰ ਮੋਗਾ ਦੇ ਦਫ਼ਤਰ ਅੱਗੇ ਧਰਨਾ ਮਾਰਿਆ। ਜ਼ਿਲ੍ਹੇ ਦੇ ਵੱਖ-ਵੱਖ ਕੋਨਿਆਂ ਤੋਂ ਆਏ ਮਜ਼ਦੂਰ 'ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਜ਼ਿੰਦਾਬਾਦ' ਨਰੇਗਾ ਵਿਰੋਧੀ ਪ੍ਰਸ਼ਾਸਨ ਮੁਰਦਾਬਾਦ ਦੇ ਨਾਅਰੇ ਲਾਉਂਦੇ ਹੋਏ ਧਰਨੇ ਵਿੱਚ ਸ਼ਾਮਲ ਹੋਏ। ਇਸ ਮੌਕੇ ਧਰਨੇ ਨੂੰ ਸੰਬੋਧਨ ਕਰਦਿਆਂ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਜਗਸੀਰ ਸਿੰਘ ਖੋਸਾ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਨੂੰ ਨਰੇਗਾ ਮਜ਼ਦੂਰਾਂ ਦੇ ਹੱਕਾਂ 'ਤੇ ਡਾਕਾ ਨਹੀਂ ਮਾਰਨ ਦਿੱਤਾ ਜਾਵੇਗਾ। ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਏਟਕ) ਨਰੇਗਾ ਮਜ਼ਦੂਰਾਂ ਦੇ ਹੱਕਾਂ ਦੀ ਰਾਖੀ ਲਈ ਹਮੇਸ਼ਾ ਮੈਦਾਨ ਵਿੱਚ ਰਹੇਗੀ। ਉਨ੍ਹਾਂ ਕਿਹਾ ਕਿ ਪਿਛਲੇ ਲੰਘੇ ਸਾਲ ਦੇ ਅੰਕੜੇ ਦੱਸਦੇ ਹਨ ਕਿ ਪੰਜਾਬ ਸਰਕਾਰ ਤੇ ਨਰੇਗਾ ਪ੍ਰਸ਼ਾਸਨ ਨਰੇਗਾ ਨੂੰ ਲਾਗੂ ਕਰਨ ਲਈ ਬਿਲਕੁਲ ਵੀ ਗੰਭੀਰ ਨਹੀਂ ਹੈ, ਸਗੋਂ ਨਰੇਗਾ ਨੂੰ ਖਤਮ ਕਰਨ ਦੀਆਂ ਨੀਤੀਆਂ 'ਤੇ ਚੱਲ ਰਹੇ ਹਨ। ਅਜਿਹੀਆਂ ਚਾਲਾਂ ਨੂੰ ਚੇਤਨ ਨਰੇਗਾ ਮਜ਼ਦੂਰ ਕਦੇ ਵੀ ਕਾਮਯਾਬ ਨਹੀਂ ਹੋਣ ਦੇਣਗੇ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਦਿਹਾੜੀ ਰੇਟ ਦੇ ਮਾਮਲੇ 'ਤੇ ਵੀ ਪੰਜਾਬ ਦੇ ਮਜ਼ਦੂਰਾਂ ਨਾਲ ਧੋਖਾ ਕੀਤਾ ਗਿਆ ਹੈ, ਕਿਉਂਕਿ ਗੁਆਂਢੀ ਰਾਜ ਹਰਿਆਣਾ ਵਿੱਚ ਪੰਜਾਬ ਨਾਲੋਂ 54 ਰੁਪਏ ਵੱਧ ਹੈ। ਜ਼ਿਲ੍ਹਾ ਸਲਾਹਕਾਰ ਕੁਲਦੀਪ ਸਿੰਘ ਭੋਲਾ, ਜ਼ਿਲ੍ਹਾ ਕਨਵੀਨਰ ਸ਼ੇਰ ਸਿੰਘ ਦੌਲਤਪੁਰਾ ਤੇ ਨੌਜਵਾਨ ਆਗੂ ਕਰਮਵੀਰ ਕੌਰ ਬੱਧਨੀ ਨੇ ਕਿਹਾ ਕਿ ਨਰੇਗਾ ਕਾਨੂੰਨ ਦੀ ਪਾਰਦਰਸ਼ਤਾ ਇਸ ਦੀ ਰੂਹ ਆਤਮਾ ਹੈ। ਦੁੱਖ ਦੀ ਗੱਲ ਹੈ ਕਿ ਇਸ ਦੀ ਪਾਰਦਰਸ਼ਤਾ ਖ਼ਤਮ ਕਿਨਾਰੇ ਹੈ। ਇਸ ਲਈ ਅਸੀਂ ਮੰਗ ਕਰਦੇ ਹਾਂ ਕਿ ਨਰੇਗਾ ਕੰਮ ਦੀ ਮੰਗ ਦੀ ਰਸੀਦ ਦੇਣੀ ਯਕੀਨੀ ਬਣਾਈ ਜਾਵੇ ਤੇ ਮੰਗ ਰਜਿਸਟਰ ਵਿੱਚ ਦਰਜ ਕਰਨਾ ਯਕੀਨੀ ਬਣਾਇਆ ਜਾਵੇ, ਨਰੇਗਾ ਕਾਮੇ ਦੀ ਹਾਜ਼ਰੀ ਨਰੇਗਾ ਕਾਰਡ 'ਤੇ ਲਗਾਉਣਾ ਯਕੀਨੀ ਬਣਾਇਆ ਜਾਵੇ ਅਤੇ ਉਹ ਹਾਜ਼ਰੀ ਕਾਮੇ ਦਾ ਉਜ਼ਰਤ ਭੁਗਤਾਨ ਲਈ ਪ੍ਰਣਾਮ ਬਣੇ। ਮਸਟਰੋਲ ਤੇ ਹਾਜ਼ਰੀ ਵਿੱਚ ਜੀਓ ਟੈਗ ਦੀਆਂ ਖਾਮੀਆਂ ਦੂਰ ਕੀਤੀਆਂ ਜਾਣ। ਇਹ ਕੰਮ ਸਥਾਨ 'ਤੇ ਹੀ ਲੱਗੇ ਨਿਯਮਾਂ ਅਨੁਸਾਰ ਮੇਟ ਭਰਤੀ ਹੋਣ ਤੇ 40 ਮਜ਼ਦੂਰਾਂ ਪਿੱਛੇ ਇੱਕ ਮੇਟ ਦਾ ਹੋਣਾ ਯਕੀਨੀ ਬਣਾਇਆ ਜਾਵੇ। ਮੇਟ ਨੂੰ ਅਰਧ-ਕੁਸ਼ਲ (ਸੈਮੀ-ਸਕਿਲਡ) ਉਜ਼ਰਤ 500 ਪ੍ਰਤੀ ਦਿਨ ਦਿੱਤੀ ਜਾਵੇ ਤੇ ਹਦਾਇਤਾਂ ਅਨੁਸਾਰ ਇਹ ਰਾਸ਼ੀ ਅਕੁਸ਼ਲ (ਅਨ-ਸਕਿਲਡ) ਲੇਬਰ ਦੀ ਥਾਂ ਮਟੀਰੀਅਲ ਕੋਟੇ ਵਿੱਚੋਂ ਦਿੱਤੀ ਜਾਵੇ। ਮੇਟ ਦੀਆਂ ਜ਼ਿੰਮੇਵਾਰੀਆਂ ਤੇ ਅਧਿਕਾਰਾਂ ਦੇ ਸਪੱਸ਼ਟ ਬੋਰਡ ਲਗਾਏ ਜਾਣ। ਨਰੇਗਾ ਕਾਮਿਆਂ ਤੇ ਮੇਟਾਂ ਦਾ ਬਣਦਾ ਮਾਨ-ਸਨਮਾਨ ਬਹਾਲ ਰੱਖਿਆ ਜਾਵੇ, ਮੇਟਾਂ ਦੀ ਹਰਾਸਮੈਂਟ (ਗ਼ਲਤ ਕੰਮ ਕਰਵਾਉਣ) ਬੰਦ ਕੀਤੀ ਜਾਵੇ ਅਤੇ ਨਜਾਇਜ਼ ਤੌਰ 'ਤੇ ਹਟਾਏ ਮੇਟ ਬਹਾਲ ਕੀਤੇ ਜਾਣ। ਐਕਟ ਦੇ ਸ਼ਡਿਊਲਡ ਨੰਬਰ 2 ਅਨੁਸਾਰ ਕਿਰਤੀ 14 ਦਿਨਾਂ ਤੋਂ ਘੱਟ ਕੰਮ ਨਹੀਂ ਮੰਗ ਸਕਦਾ। ਪ੍ਰੰਤੂ ਕਿਰਤੀ ਦੀ ਮੰਗ ਨੂੰ 14 ਦਿਨ ਦੀ ਬਜਾਏ 6 ਦਿਨ ਤੇ ਕਈ ਵਾਰ ਇਸ ਤੋਂ ਵੀ ਘੱਟ ਕੰਮ ਦਿੱਤਾ ਜਾਂਦਾ ਹੈ, ਭਾਵ ਦੂਜਾ ਮਸਟਰੋਲ ਨਹੀਂ ਕੱਢਿਆ ਜਾਂਦਾ। ਕੰਮ ਦੀ ਮੰਗ ਅਨੁਸਾਰ ਦੂਜੇ ਮਸਟਰੋਲ ਨੂੰ ਸਮੇਂ ਸਿਰ ਕੱਢਣ ਦੀ ਜ਼ਿੰਮੇਵਾਰੀ ਜੀ.ਆਰ.ਐੱਸ. ਜਾਂ ਜਿਸ ਦੀ ਵੀ ਹੈ, ਉਹ ਤੈਅ ਕੀਤੀ ਜਾਵੇ ਅਤੇ ਕੁਤਾਹੀ ਕਰਨ 'ਤੇ ਉਸ ਵਿਰੁੱਧ ਐਕਸ਼ਨ ਲਿਆ ਜਾਵੇ। ਕਿਰਤੀ ਨੂੰ ਮੰਗ ਦੀ ਰਸੀਦ ਅਨੁਸਾਰ ਕੰਮ, ਉਸ ਦੀ ਉਜ਼ਰਤ ਜਾਂ ਬੇਰੁਜ਼ਗਾਰੀ ਭੱਤੇ ਦੀ ਗਾਰੰਟੀ ਅਮਲ 'ਚ ਲਿਆਉਣ ਦੀ ਜ਼ਿੰਮੇਵਾਰੀ ਪੀ.ਓ. (ਪ੍ਰੋਗਰਾਮ ਅਫ਼ਸਰ) ਦੀ ਹੈ, ਇਹ ਅਮਲ ਵਿੱਚ ਲਾਗੂ ਹੋਵੇ। ਨਾਂਹ ਕਰਨ ਦੀ ਸੂਰਤ ਵਿੱਚ ਉਸ ਵਿਰੁੱਧ ਐਕਸ਼ਨ ਲਿਆ ਜਾਵੇ। ਨਰੇਗਾ ਕੰਮ ਦਿਨ 2006 ਤੋਂ 14 ਫਰਵਰੀ 2008 ਤੱਕ ਪ੍ਰਤੀ ਦਿਨ 6 ਘੰਟੇ ਦੀ ਦਿਹਾੜੀ ਸੀ, ਉਹੀ ਲਾਗੂ ਕੀਤੀ ਜਾਵੇ।

ਨਰੇਗਾ ਦੇ ਦਿਨ ਵਧਾ ਕੇ 200 ਦਿਨ ਕੀਤੇ ਜਾਣ ਤੇ ਉਜ਼ਰਤ ਰੇਟ 437 ਰੁਪਏ (ਬਰਾਬਰ ਖੇਤੀ ਵਿੱਚ ਬਗੈਰ ਰੋਟੀ ਰੇਟ) ਕਰਨ ਲਈ ਕੇਂਦਰ ਨੂੰ ਲਿਖਿਆ ਜਾਵੇ ਤਾਂ ਕਿ ਪੰਜਾਬ ਨਾਲ ਹੁੰਦਾ ਵਿਤਕਰਾ ਦੂਰ ਹੋਵੇ। ਇਸ ਮੌਕੇ ਕਮਲੇਸ਼ ਸਿੰਘ, ਬਿੰਦਰ ਕੌਰ ਗਲੋਟੀ, ਸੁੱਖਾ ਪੇਂਟਰ, ਜਬਰਜੰਗ ਸਿੰਘ ਮਹੇਸ਼ਰੀ, ਗੁਰਮੀਤ ਸਿੰਘ ਵਾਂਦਰ, ਸਰਬਜੀਤ ਕੌਰ ਬੁੱਧ ਸਿੰਘ ਵਾਲ਼ਾ, ਸਤਨਾਮ ਸਿੰਘ, ਵੀਰਪਾਲ ਕੌਰ ਠੱਠੀ ਭਾਈ, ਸਵਰਾਜ ਸਿੰਘ ਢੁੱਡੀਕੇ, ਐਪਸੋ ਆਗੂ ਇੰਜ: ਸਵਰਨ ਸਿੰਘ ਖੋਸਾ, ਸਰਬਜੀਤ ਕੌਰ ਖੋਸਾ, ਅਮਰੀਕ ਸਿੰਘ ਖੁਖਰਾਣਾ, ਅਮਰਜੀਤ ਸਿੰਘ ਭੱਟੀ, ਬਲਦੇਵ ਸਿੰਘ ਚੜਿੱਕ, ਸੁਖਦੇਵ ਕੌਰ, ਗੁਰਮੀਤ ਕੌਰ ਚੂਹੜਚੱਕ, ਜਸਵੀਰ ਸਿੰਘ ਮੱਲੀ, ਬਲਵਿੰਦਰ ਸਿੰਘ ਬਹੋਨਾ, ਸਿਕੰਦਰ ਸਿੰਘ ਮਧੇ ਕੇ, ਗੁਰਦਿੱਤ ਸਿੰਘ ਦੀਨਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਔਰਤਾਂ ਵੱਲੋਂ ਧਰਨੇ 'ਚ ਸ਼ਮੂਲੀਅਤ ਕੀਤੀ ਗਈ।

## ਅਗਨੀਵੀਰ ਲਿਖਤੀ ਪ੍ਰੀਖਿਆ ਦੀ ਮੁਫ਼ਤ ਕੋਚਿੰਗ 27 ਨੂੰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਵੱਧ ਤੋਂ ਵੱਧ ਰੋਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਦੇ ਤਹਿਤ ਜ਼ਿਲ੍ਹਾ ਰੋਜ਼ਗਾਰ ਦਫ਼ਤਰ, ਆਈ ਬਲਾਕ, ਦੂਜੀ ਮੰਜ਼ਿਲ, ਡੀਸੀ ਦਫ਼ਤਰ, ਫਿਰੋਜ਼ਪੁਰ ਛਾਉਣੀ ਵੱਲੋਂ ਅਗਨੀਵੀਰ ਰੈਲੀ ਵਾਸਤੇ ਹੋਣ ਵਾਲੀ ਲਿਖਤੀ ਪ੍ਰੀਖਿਆ ਦੀ ਮੁਫ਼ਤ ਕੋਚਿੰਗ 27 ਮਈ ਨੂੰ ਕਰਵਾਈ ਜਾਣੀ ਹੈ। ਇਸ ਸਬੰਧੀ ਦਿਲਬਾਗ ਸਿੰਘ, ਜ਼ਿਲ੍ਹਾ ਰੋਜ਼ਗਾਰ ਉਤਪਤੀ ਹੁਨਰ ਵਿਕਾਸ ਤੇ ਸਿਖਲਾਈ ਅਫ਼ਸਰ ਨੇ ਦੱਸਿਆ ਕਿ ਇਸ ਕੋਚਿੰਗ ਵਿੱਚ ਉਹੀ ਉਮੀਦਵਾਰ ਭਾਗ ਲੈ ਸਕਦਾ ਹੈ, ਜਿਸ ਨੇ ਸਮੇਂ ਰਹਿੰਦੇ ਖੁਦ ਨੂੰ ਭਾਰਤੀ ਸੈਨਾ ਵਿੱਚ ਸ਼ਾਮਲ ਹੋਣ ਦੀ ਵੈੱਬਸਾਈਟ ਉੱਤੇ ਰਜਿਸਟਰ ਕੀਤਾ ਹੈ। ਉਮੀਦਵਾਰ 26 ਮਈ ਨੂੰ ਜ਼ਿਲ੍ਹਾ ਰੋਜ਼ਗਾਰ ਦਫ਼ਤਰ, ਫਿਰੋਜ਼ਪੁਰ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ ਆ ਕੇ ਆਪਣੇ ਆਪ ਨੂੰ ਮੁਫ਼ਤ ਕੋਚਿੰਗ ਲਈ ਰਜਿਸਟਰ ਕਰਵਾ ਸਕਦਾ ਹੈ। ਉਨ੍ਹਾਂ ਦੱਸਿਆ ਕਿ ਅਗਨੀਵੀਰ ਰੈਲੀ ਵਾਸਤੇ ਕੋਚਿੰਗ ਪੰਜਾਬ ਸਰਕਾਰ ਦੇ ਸੀਪਾਈਟ ਸੈਂਟਰ ਪਿੰਡ ਹਕੂਮਤ ਸਿੰਘ ਵਾਲਾ ਨੇੜੇ ਤਲਵੰਡੀ ਭਾਈ, ਫਿਰੋਜ਼ਪੁਰ ਮੋਗਾ ਰੋਡ ਵਿਖੇ ਪਹਿਲਾਂ ਹੀ ਚੱਲ ਰਹੀ ਹੈ ਤੇ ਉਮੀਦਵਾਰ ਆਪਣੀ ਸਹੂਲਤ ਅਨੁਸਾਰ ਜਿੱਥੇ ਉਸ ਨੂੰ ਨੇੜੇ ਪੈਂਦਾ ਹੈ, ਉਥੇ ਜਾ ਕੇ ਕੋਚਿੰਗ ਲੈ ਸਕਦੇ ਹਨ।

# ਸਰਕਾਰ ਜਿੰਨਾ ਮਰਜ਼ੀ ਜ਼ੁਲਮ ਕਰ ਲਵੇ, ਕਿਰਤੀ ਸੰਘਰਸ਼ ਜਾਰੀ ਰੱਖਣਗੇ : ਕਸ਼ਮੀਰ ਗਦਾਈਆ



**ਨਾਭਾ (ਵਰਿੰਦਰ ਵਰਮਾ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ (ਏਟਕ) ਪੰਜਾਬ ਦੇ ਸੱਦੇ 'ਤੇ ਅੱਜ ਪੰਜਾਬ ਦੇ ਡੀ ਸੀ ਦਫ਼ਤਰਾਂ ਅੱਗੇ ਧਰਨੇ ਦੇ ਕੇ ਆਪਣੀਆਂ ਮੰਗਾਂ ਨਾਲ ਸੰਬੰਧਤ ਮੰਗ ਪੱਤਰ ਪੰਜਾਬ ਦੇ ਮੁੱਖ ਮੰਤਰੀ ਨੂੰ ਭੇਜੇ। ਇਸ ਐਕਸ਼ਨ ਤਹਿਤ ਨਾਭਾ ਤਹਿਸੀਲ ਦੇ ਦਰਜਨਾਂ ਪਿੰਡਾਂ ਦੇ ਸੈਂਕੜੇ ਨਰੇਗਾ ਕਾਮਿਆਂ ਨੇ ਐੱਸ ਡੀ ਐੱਮ ਦਫ਼ਤਰ ਅੱਗੇ ਵਿਸ਼ਾਲ ਧਰਨਾ ਦਿੱਤਾ, ਜਿਸ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਵੀ ਸ਼ਾਮਲ ਸਨ। ਇਸ ਸਮੇਂ ਇਕੱਠ ਨੂੰ ਸੰਬੋਧਨ ਕਰਦਿਆਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ (ਏਟਕ) ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਤੇ ਵਿਦਿਆਰਥੀ ਆਗੂ ਪੰਜਾਬ ਇਸਤਰੀ ਸਭਾ ਦੀ ਸੂਬਾ ਸਕੱਤਰ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਬਣੀ ਪੰਜਾਬ ਸਰਕਾਰ ਨੇ ਪਿਛਲੀਆਂ ਸਰਕਾਰਾਂ ਯਾਦ ਕਰਵਾ ਦਿੱਤੀਆਂ ਹਨ, ਇਸ ਸਰਕਾਰ ਦੇ ਚੱਲਦਿਆਂ ਨਰੇਗਾ ਤੇ ਪੇਂਡੂ ਕਾਮਿਆਂ 'ਤੇ ਜਬਰ ਵਧਿਆ ਹੈ, ਆਪਣੇ ਹੱਕ ਮੰਗਣ 'ਤੇ ਵੀ ਕਿਰਤੀਆਂ ਤੇ ਔਰਤਾਂ ਨੂੰ ਥਾਣਿਆਂ ਵਿੱਚ ਡੱਕਿਆ ਜਾ ਰਿਹਾ ਹੈ, ਮਜ਼ਦੂਰ ਆਗੂਆਂ 'ਤੇ ਪਰਚੇ ਦਰਜ ਕੀਤੇ ਜਾ ਰਹੇ, ਨਰੇਗਾ ਕਾਮਿਆਂ ਨੂੰ ਸਮੇਂ ਸਿਰ ਕੰਮ ਨਹੀਂ ਦਿੱਤਾ ਜਾ ਰਿਹਾ, ਨਰੇਗਾ 2005 ਮੰਗ 'ਤੇ ਅਧਾਰਤ ਸਕੀਮ ਹੈ, ਨਰੇਗਾ ਲਾਭਪਾਤਰੀਆਂ ਨੂੰ ਜਦੋਂ ਕੰਮ ਦੀ ਜ਼ਰੂਰਤ ਹੈ, ਕੰਮ ਦੀ ਮੰਗ ਕਰਨੀ ਹੁੰਦੀ ਹੈ, ਪਰ ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਉਲਟ ਪ੍ਰੈਕਟਿਸ ਚਲਦੀ ਹੈ, ਕੰਮ ਦੀ ਮੰਗ ਕਰਨ ਵਾਲੇ ਕਾਮਿਆਂ ਨੂੰ ਜ਼ਲੀਲ ਕੀਤਾ ਜਾਂਦਾ ਹੈ, ਕਈ ਮਹੀਨੇ ਕੰਮ ਨਹੀਂ ਦਿੱਤਾ ਜਾਂਦਾ ਅਤੇ ਨਾ ਹੀ ਬੇਰੁਜ਼ਗਾਰੀ ਭੱਤਾ ਕਾਮਿਆਂ ਨੂੰ ਦਿੱਤਾ ਜਾਂਦਾ ਹੈ, ਨਰੇਗਾ ਕਾਮਿਆਂ ਨੂੰ ਜੋ ਦਿਹਾੜੀ ਦਿੱਤੀ ਜਾਂਦੀ ਹੈ, ਇਹ ਦਿਹਾੜੀ ਰੋਟੀ ਵਾਲ਼ੀ ਦਿਹਾੜੀ ਹੈ 346 ਰੁਪਏ, ਪਰ ਜਿਹੜੇ ਕਾਮੇ ਰੋਟੀ ਘਰੋਂ ਲੈ ਕੇ ਜਾਂਦੇ ਹਨ, ਉਨ੍ਹਾਂ ਦੀ 437 ਰੁਪਏ ਹੈ, ਜੋ ਨਰੇਗਾ ਕਾਮਿਆਂ ਨੂੰ ਨਹੀਂ ਦਿੱਤੀ ਜਾ ਰਹੀ ਹੈ। ਇਸ ਸਮੇਂ ਪੰਜਾਬ ਏਟਕ ਦੇ ਸੂਬਾ ਆਗੂ ਕ੍ਰਿਸ਼ਨ ਸਿੰਘ ਭੜੋ ਤੇ ਨਾਭਾ ਦੇ ਸਕੱਤਰ ਸੋਹਣ ਸਿੰਘ ਸਿੱਧੂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੱਤਾ 'ਚ ਆਉਣ ਲਈ ਪੇਂਡੂ ਕਿਰਤੀਆਂ ਦੀਆਂ ਵੋਟਾਂ ਲੈ ਕੇ ਬਣਿਆ ਮੁੱਖ ਮੰਤਰੀ ਕੰਮ ਲਈ ਮਾਰੇ ਮਾਰੇ ਫਿਰ ਰਹੇ ਨਰੇਗਾ ਕਾਮਿਆਂ ਨੂੰ ਟਿੱਚਰਾਂ ਕਰਦਾ ਹੈ ਕਿ ਇਹ ਕਦੇ ਵੱਟ ਬਣਾ ਦਿੰਦੇ ਹਨ, ਕਦੇ ਵੱਟ ਢਾਹ ਦਿੰਦੇ ਹਨ, ਮੁੱਖ ਮੰਤਰੀ ਨਰੇਗਾ ਕਾਮਿਆਂ ਦੇ ਕੰਮ ਲਈ ਸੁਹਿਰਦ ਨਹੀਂ ਹੈ। ਇਸ ਸਮੇਂ ਨਰੇਗਾ ਕਾਮਿਆਂ ਨੇ ਸੂਬਾ ਜਥੇਬੰਦੀ ਵੱਲੋਂ ਤਿਆਰ ਮੰਗ ਪੱਤਰ, ਜੋ ਮੁੱਖ ਮੰਤਰੀ ਦੇ ਨਾਮ ਐੱਸ ਡੀ ਐੱਮ ਨਾਭਾ ਨੂੰ ਸੌਂਪਿਆ ਗਿਆ। ਇਸ ਮੌਕੇ ਪੰਜਾਬ ਇਸ ਸਮੇਂ ਹਾਜ਼ਰ ਆਗੂਆਂ ਵਿੱਚੋਂ ਬੱਗੀ ਪਾਲਵਾਂ ਦੀ ਜਥੇਬੰਦੀ ਦੇ ਆਗੂ ਜਸਵੀਰ ਸਿੰਘ ਰੋਹਟ, ਸਰਬਜੀਤ ਕੌਰ ਕਕਰਾਲਾ, ਪੰਜਾਬ ਇਸਤਰੀ ਸਭਾ ਦੇ ਆਗੂ ਬਲਜੀਤ ਕੌਰ ਗਦਾਇਆ, ਦਲਜੀਤ ਕੌਰ ਕੈਂਥਾ ਮਾਜਰਾ, ਗਗਨਦੀਪ ਕੌਰ ਕਕਰਾਲਾ, ਅਮਨਦੀਪ ਕੌਰ ਕਕਰਾਲਾ, ਜਗਤਾਰ ਸਿੰਘ ਜੱਗੀ ਤੁੰਗਾਂ, ਲੀਲਾ ਸਿੰਘ ਤੁੰਗਾਂ, ਸੀਤਾ ਸਿੰਘ ਕਕਰਾਲਾ, ਜਗਤਾਰ ਸਿੰਘ ਨਾਣਾ ਤੁੰਗਾਂ, ਰੋਸ਼ਨ ਸਿੰਘ ਆਦਿ ਨੇ ਵੀ ਸੰਬੋਧਨ ਕੀਤਾ।

## ਕਾਤਰਾਂ

### ਕਰਾਟੇ ਮੁਕਾਬਲੇ 'ਚ ਖਿਡਾਰਨ ਕਰਮਜੀਤ ਕੌਰ ਸਹਿਜੜਾ ਦਾ ਸਨਮਾਨ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪਿੰਡ ਸਹਿਜੜਾ (ਬਰਨਾਲਾ) ਦੀ ਹੋਣਹਾਰ ਖਿਡਾਰਨ ਕਰਮਜੀਤ ਕੌਰ ਨੇ ਕਰਾਟੇ ਮੁਕਾਬਲੇ ਸਟੇਟ ਪੱਧਰ 'ਤੇ ਜਿੱਤ ਕੇ ਆਪਣੇ ਮਾਪਿਆਂ, ਪਿੰਡ ਤੇ ਸਕੂਲ ਦਾ ਨਾਂਅ ਰੌਸ਼ਨ ਕੀਤਾ ਹੈ।ਇਸ ਹੋਣਹਾਰ ਖਿਡਾਰਨ ਕਰਮਜੀਤ ਕੌਰ ਨੂੰ ਸਟੇਟ ਲੈਵਲ 'ਤੇ ਕਰਾਟੇ ਮੁਕਾਬਲੇ ਜਿੱਤਣ ਦੀ ਖੁਸ਼ੀ ਵਿੱਚ ਕਾਂਗਰਸ ਦੇ ਹਲਕਾ ਮਹਿਲ ਕਲਾਂ ਦੇ ਕੋਆਰਡੀਨੇਟਰ ਗੁਰਮੇਲ ਸਿੰਘ ਮੌੜ ਦੀ ਅਗਵਾਈ ਹੇਠ ਟੀਮ ਵੱਲੋਂ ਬੱਚੀ ਕਰਮਜੀਤ ਕੌਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕਰਦਿਆਂ ਸਾਰੇ ਪਰਵਾਰ ਨੂੰ ਮੁਬਾਰਕਾਂ ਦਿੱਤੀਆਂ।ਮੌੜ ਨੇ ਖਿਡਾਰਨ ਨੂੰ ਉਤਸ਼ਾਹਤ ਕਰਦਿਆਂ ਹੋਰ ਵਧੇਰੇ ਲਗਨ ਮਿਹਨਤ ਨਾਲ ਪੜ੍ਹਾਈ ਅਤੇ ਖੇਡਾਂ ਦੇ ਖੇਤਰ ਵਿੱਚ ਅਹਿਮ ਮੁਕਾਮ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

### ਕੈਨੇਡਾ ਦੇ ਨਵੇਂ ਸਟੱਡੀ ਕਾਨੂੰਨਾਂ ਸੰਬੰਧੀ ਸੈਮੀਨਾਰ 27 ਨੂੰ

**ਧੂਰੀ (ਮਹਿਤ ਗਰਗ, ਬਿੰਨੀ ਗਰਗ)**-ਵਿੰਦ ਐੱਜ ਕੌਂਸਲਟੈਂਟ ਧੂਰੀ ਦੇ ਸੀ.ਐੱਮ.ਡੀ. ਜਗਸੀਰ ਸਿੰਘ ਜੱਗੀ ਢੀਂਡਸਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਦੇਸ਼ ਜਾਣ ਦੇ ਇੱਛੁਕ ਬੱਚਿਆਂ ਦੇ ਸੁਚੱਜੇ ਤੇ ਸੁਨਹਿਰੇ ਭਵਿੱਖ ਲਈ ਵਿਦੇਸ਼ਾਂ 'ਚ ਪੜ੍ਹਾਈ ਲਈ ਕਾਨੂੰਨੀ ਤੇ ਸਹੀ ਸਲਾਹ ਉਨ੍ਹਾਂ ਵੱਲੋਂ ਮੁਫ਼ਤ ਸੈਮੀਨਾਰ ਉਨ੍ਹਾਂ ਦੇ ਏ. ਪੀ. ਇੰਨਕਲੇਵ ਧੂਰੀ ਸਥਿਤ ਦਫ਼ਤਰ ਵਿਖੇ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਕਰਵਾਇਆ ਜਾ ਰਿਹਾ ਹੈ।ਉਨ੍ਹਾ ਕਿਹਾ ਕਿ ਇਸ ਸੈਮੀਨਾਰ ਵਿੱਚ ਵੱਖ ਵੱਖ ਦੇਸ਼ਾਂ ਦੇ ਕਾਲਜ ਤੇ ਕੋਰਸਾਂ ਸਬੰਧੀ ਨਵੇਂ ਬਣੇ ਕਾਨੂੰਨਾਂ ਦੀ ਵਿਸਥਾਰ 'ਚ ਜਾਣਕਾਰੀ ਦਿੱਤੀ ਜਾਵੇਗੀ।ਉਨ੍ਹਾ ਬੱਚਿਆਂ ਦੇ ਮਾਪਿਆਂ ਤੇ ਬੱਚਿਆਂ ਨੂੰ ਇਸ ਸੈਮੀਨਾਰ ਦਾ ਹਿੱਸਾ ਬਣਨ ਦੀ ਅਪੀਲ ਕੀਤੀ।ਉਨ੍ਹਾ ਕਿਹਾ ਕਿ ਉਨ੍ਹਾ ਦੀ ਕੰਪਨੀ ਲੰਮੇ ਸਮੇਂ ਤੋਂ ਸਟੱਡੀ ਵੀਜ਼ਾ, ਵਰਕ ਪਰਮਿਟ, ਸਪਾਊਸ ਵੀਜ਼ਾ ਸਮੇਤ ਹੋਰ ਇਮੀਗਰੇਸ਼ਨ ਸੇਵਾਵਾਂ ਸਮੇਤ ਆਈਲਟਸ ਤੇ ਪੀਟੀਈ ਦੀ ਮਿਆਰੀ ਸਿੱਖਿਆ ਦੇ ਰਹੀ ਹੈ।ਉਨ੍ਹਾਂ ਕਿਹਾ ਕਿ ਵਿਦੇਸ਼ ਜਾਣ ਦੇ ਚਾਹਵਾਨ ਉਨ੍ਹਾਂ ਦੇ ਦਫ਼ਤਰ ਵਿੱਚ ਆ ਕੇ ਸੰਪਰਕ ਕਰ ਸਕਦੇ ਹਨ।

### ਲਾਪਤਾ ਯੂਨੀਵਰਸਿਟੀ ਵਿਦਿਆਰਥਣ ਦੇ ਮਾਮਲੇ 'ਚ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੀਤੇ ਕਰੀਬ ਤਿੰਨ ਦਿਨਾਂ ਤੋਂ ਲਾਪਤਾ ਚੱਲੀ ਆ ਰਹੀ ਇੱਥੋਂ ਦੀ ਇੱਕ ਨਿੱਜੀ ਯੂਨੀਵਰਸਿਟੀ ਦੀ ਵਿਦਿਆਰਥਣ ਦੇ ਮਾਮਲੇ 'ਚ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਨਾਮਾਲੂਮ ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਲੜਕੀ ਦੀ ਮਾਤਾ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਦੀ ਲੜਕੀ, ਜਿਸ ਦੀ ਉਮਰ ਕਰੀਬ 17 ਸਾਲ 6 ਮਹੀਨੇ ਹੈ, ਇੱਥੋਂ ਦੀ ਇੱਕ ਨਿੱਜੀ ਯੂਨੀਵਰਸਿਟੀ 'ਚ ਪੜ੍ਹਾਈ ਕਰ ਰਹੀ ਸੀ, ਜੋ ਬੀਤੀ 19 ਮਈ ਨੂੰ ਘਰ ਤੋਂ ਯੂਨੀਵਰਸਿਟੀ ਵਿਖੇ ਇਮਤਿਹਾਨ ਦੇਣ ਗਈ ਸੀ, ਪਰ ਮੁੜ ਘਰ ਨਹੀਂ ਪਰਤੀ। ਸ਼ਿਕਾਇਤਕਰਤਾ ਨੇ ਦੋਸ਼ ਲਗਾਏ ਕਿ ਜ਼ਮੀਨ ਹੜੱਪ ਕਰਨ ਦੀ ਨੀਅਤ ਨਾਲ ਨਾਮਾਲੂਮ ਵਿਅਕਤੀਆਂ ਨੇ ਉਸ ਦੀ ਲੜਕੀ ਨੂੰ ਕਿੱਧਰੇ ਲੁਕਾ ਛੁਪਾ ਕੇ ਰੱਖਿਆ ਹੋਇਆ ਹੈ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਨਾਮਾਲੂਮ ਵਿਅਕਤੀਆਂ ਵਿਰੁੱਧ ਅ/ਧ 127(6) ਬੀ.ਐੱਨ.ਐੱਸ. ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

# ਵਿਧਾਇਕ ਖਿਲਾਫ ਸੰਘਰਸ਼ ਦੀ ਚਿਤਾਵਨੀ ਨਾਲ ਐੱਸ ਐੱਸ ਪੀ ਦਫਤਰ ਅੱਗੇ ਧਰਨਾ ਸਮਾਪਤ



**ਜੈਤੋ/ਫਰੀਦਕੋਟ (ਸਤੀਸ਼ ਕੁਮਾਰ ਭੋਲੀ/ਐਲਗਜ਼ੈਂਡਰ ਡਿਸੂਜ਼ਾ)**-ਚੰਦਭਾਨ ਜਬਰ ਵਿਰੋਧੀ ਐਕਸ਼ਨ ਕਮੇਟੀ ਦੇ ਸੱਦੇ 'ਤੇ ਐੱਸ ਐੱਸ ਪੀ ਦਫਤਰ ਅੱਗੇ ਚੱਲ ਰਿਹਾ ਤੇ ਸ਼ੁਰੂ ਕੀਤਾ ਧਰਨਾ ਆਪ ਵਿਧਾਇਕ ਅਮੋਲਕ ਸਿੰਘ ਖਿਲਾਫ ਸੰਘਰਸ਼ ਤੇਜ਼ ਕਰਨ ਦੀ ਚਿਤਾਵਨੀ ਨਾਲ ਸਮਾਪਤ ਕਰ ਦਿੱਤਾ ਗਿਆ।ਐਕਸ਼ਨ ਕਮੇਟੀ ਨੇ ਐਲਾਨ ਕੀਤਾ ਕਿ ਚੰਦਭਾਨ ਕਾਂਡ ਦੀਆਂ ਰਹਿੰਦੀਆਂ ਮੰਗਾਂ ਨੂੰ ਲੈ ਕੇ ਆਪ ਵਿਧਾਇਕ ਅਮੋਲਕ ਸਿੰਘ ਸਮੇਤ ਜ਼ਿਲ੍ਹੇ ਦੇ ਆਪ ਵਿਧਾਇਕਾਂ ਨੂੰ ਪਿੰਡਾਂ 'ਚ ਆਉਣ ਸਮੇਂ ਤਿੱਖੇ ਸਵਾਲ ਕੀਤੇ ਜਾਣਗੇ।ਅੱਜ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਆਖਿਆ ਕਿ ਲੋਕਾਂ ਦੇ ਜੋਸ਼ 'ਚ ਫੱਕੇ ਸਮਾਜ 'ਚ ਵਿਰੋਧੀ ਲੋਕਾਂ ਨੂੰ ਆਪਣੇ ਹੱਕ ਦੀ ਰਾਖੀ ਲਈ ਸੰਘਰਸ਼ ਕਰਨ ਲਈ ਮਜਬੂਰ ਕੀਤਾ ਜਾ ਰਿਹਾ ਹੈ। ਉਨ੍ਹਾਂ ਆਖਿਆ ਕਿ ਮਜ਼ਦੂਰਾਂ 'ਤੇ ਜਬਰ ਦੇ ਮਾਮਲੇ ਵਿੱਚ ਪੁਲਸ ਪ੍ਰਸ਼ਾਸਨ ਵੱਲੋਂ ਪੁਸ਼ਤਪਨਾਹੀ ਕਰਨਾ ਇਸ ਰਾਜ ਪ੍ਰਬੰਧ ਦੇ ਲੋਕ-ਵਿਰੋਧੀ ਹੋਣ ਦਾ ਮੂੰਹ ਬੋਲਦਾ ਸਬੂਤ ਹੈ। ਉਨ੍ਹਾਂ ਆਖਿਆ ਕਿ ਪੀੜਤ ਮਜ਼ਦੂਰਾਂ ਦੇ ਬਿਆਨਾਂ ਦੇ ਅਧਾਰ 'ਤੇ ਰਹਿੰਦੇ ਦੋਸ਼ੀਆਂ ਨੂੰ ਨਾਮਜ਼ਦ ਕਰਕੇ ਗ੍ਰਿਫ਼ਤਾਰ ਕਰਨ, ਮਜ਼ਦੂਰਾਂ 'ਤੇ ਦਰਜ ਝੂਠੇ ਕੇਸ ਨੂੰ ਰੱਦ ਕਰਨ ਦੀ ਰਿਪੋਰਟ ਅਦਾਲਤ 'ਚ ਪੇਸ਼ ਕਰਾਉਣ ਤੇ ਝਗੜੇ ਦੀ ਜੜ੍ਹ ਬਣੇ ਗੰਦੇ ਪਾਣੀ ਦੀ ਨਿਕਾਸੀ ਦੇ ਮਸਲੇ ਨੂੰ ਹੱਲ ਕਰਾਉਣ ਲਈ ਸੰਘਰਸ਼ ਜਾਰੀ ਰੱਖਿਆ ਜਾਵੇਗਾ।ਅੱਜ ਦੇ ਇਕੱਠ ਨੂੰ ਐਕਸ਼ਨ ਕਮੇਟੀ ਦੇ ਕਨਵੀਨਰ ਮੰਗਾ ਸਿੰਘ ਵੈਰੋਕੇ, ਗੁਰਪਾਲ ਸਿੰਘ ਨੰਗਲ, ਨੌਨਿਹਾਲ ਸਿੰਘ ਦੀਪ ਸਿੰਘ ਵਾਲਾ, ਲਛਮਣ ਸਿੰਘ ਸੇਵੇਵਾਲਾ, ਗੋਰਾ ਸਿੰਘ ਪਿਪਲੀ, ਸਤਨਾਮ ਸਿੰਘ ਪੱਖੀ ਤੋਂ ਇਲਾਵਾ ਬੀਕੇਯੂ ਏਕਤਾ ਉਗਰਾਹਾਂ ਦੇ ਆਗੂ ਸੁਖਦੀਪ ਸਿੰਘ ਪੀ ਐੱਸ ਯੂ ਦੇ ਆਗੂ ਸੁਖਵੀਰ ਸਿੰਘ, ਬੀਕੇਯੂ ਕ੍ਰਾਂਤੀਕਾਰੀ ਯੂਨੀਅਨ ਦੇ ਆਗੂ ਬਲਵਿੰਦਰ ਸਿੰਘ, ਕੋਟਕਪੂਰਾ ਜਬਰ ਵਿਰੋਧੀ ਐਕਸ਼ਨ ਕਮੇਟੀ ਦੇ ਆਗੂ ਸੰਦੀਪ ਕੁਮਾਰ ਨੇ ਸੰਬੋਧਨ ਕੀਤਾ।

# ਕੜਕਦੀ ਧੁੱਪ 'ਚ ਮੁੱਖ ਦਫਤਰ ਅੱਗੇ ਬਿਜਲੀ ਕਾਮਿਆਂ ਵੱਲੋਂ ਰੋਸ ਪ੍ਰਦਰਸ਼ਨ

**ਪਟਿਆਲਾ (ਅਵਤਾਰ ਜਟਾਣਾ)**-ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਟੈਕਨੀਕਲ ਸਰਵਿਸਜ਼ ਯੂਨੀਅਨ ਵੱਲੋਂ ਬਿਜਲੀ ਕਾਮਿਆਂ ਦੀਆਂ ਭਖਦੀਆਂ ਮੰਗਾਂ/ਸਮੱਸਿਆਵਾਂ ਦਾ ਹੱਲ ਕਰਵਾਉਣ ਲਈ ਤੇ ਪਾਵਰਕਾਮ ਦੀ ਮੈਨੇਜਮੈਂਟ ਦੇ ਨਿੱਜੀਕਰਨ ਵੱਲ ਵਧਦੇ ਕਦਮਾਂ ਨੂੰ ਰੋਕਣ ਲਈ ਹੈੱਡ ਆਫਿਸ ਪਟਿਆਲਾ ਸਾਹਮਣੇ ਕੜਕਦੀ ਗਰਮੀ ਵਿੱਚ ਬਿਜਲੀ ਕਾਮਿਆਂ ਵੱਲੋਂ ਵਿਸ਼ਾਲ ਰੋਸ ਪ੍ਰਦਰਸ਼ਨ ਸਾਥੀ ਹਰਪ੍ਰੀਤ ਸਿੰਘ ਸੂਬਾ ਕੋ-ਕਨਵੀਨਰ ਦੀ ਪ੍ਰਧਾਨਗੀ ਹੇਠ ਕੀਤਾ ਗਿਆ, ਜਿਸ ਵਿੱਚ ਹਜ਼ਾਰਾਂ ਬਿਜਲੀ ਕਾਮਿਆਂ ਨੇ ਸ਼ਮੂਲੀਅਤ ਕੀਤੀ।ਪੰਜਾਬ ਦੇ ਕੋਨੇ-ਕੋਨੇ ਤੋਂ ਆਏ ਬਿਜਲੀ ਕਾਮਿਆਂ ਨੂੰ ਸੰਬੋਧਨ ਕਰਦੇ ਹੋਏ ਸੂਬਾਈ ਆਗੂ ਦਲਬੀਰ ਸਿੰਘ ਜੌਹਲ, ਹਰਪ੍ਰੀਤ ਸਿੰਘ, ਸੰਜੀਵ ਕੁਮਾਰ, ਸੰਜੀਵ ਸੈਣੀ, ਦੀਪਕ ਕੁਮਾਰ, ਸੁਰਿੰਦਰ ਧਰਾਂਗਵਾਲਾ, ਸਿਤਾਰ ਚੰਦ, ਸਿੰਦਰ ਸਿੰਘ, ਲਖਵੀਰ ਸਿੰਘ ਨੇ ਕਿਹਾ ਕਿ 6ਵੇਂ ਤਨਖਾਹ ਕਮਿਸ਼ਨ ਅਨੁਸਾਰ ਸੋਧੀ ਹੋਈ ਤਨਖਾਹ, ਪੈਨਸ਼ਨ, ਫੈਮਿਲੀ ਪੈਨਸ਼ਨ, ਲੀਵ ਇਨਕੈਸ਼ਮੈਂਟ (ਸਮੇਤ ਮਹਿੰਗਾਈ ਭੱਤਾ/ਮਹਿੰਗਾਈ ਰਹਿਤ) ਦਾ ਏਰੀਅਰ ਸਾਲ 2025 ਵਿੱਚ ਯਕਮੁਸ਼ਤ ਦੋ ਕਿਸ਼ਤਾਂ ਵਿੱਚ ਦੇਣ, 2004 ਤੋਂ ਬਾਅਦ ਭਰਤੀ ਹੋਏ ਕਰਮਚਾਰੀਆਂ ਤੇ ਵੀ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਸੀ.ਆਰ.ਏ. 249/4, 267/11 ਤੇ 281/13 ਤਹਿਤ ਭਰਤੀ ਹੋਏ ਲਾਈਨਮੈਨ/ਐਸ.ਐਸ.ਏ. ਨੂੰ ਕੰਟਰੈਕਟ ਪੀਰੀਅਡ ਦਾ ਲਾਭ ਪੈਨਸ਼ਨਰੀ ਲਾਭਾਂ, ਸੀਨੀਆਰਤਾ ਤੇ ਤਰੱਕੀ ਵਿੱਚ ਦਿੱਤਾ ਜਾਵੇ।ਸੀ.ਆਰ.ਏ. 295/19 ਦੇ ਰਹਿੰਦੇ 25 ਸਾਥੀਆਂ ਨੂੰ ਬਹਾਲ ਕਰਕੇ ਰੈਗੂਲਰ ਕਰਨ, ਜੁਲਾਈ 2020 ਤੋਂ ਨਿਯੁਕਤ ਕਰਮਚਾਰੀਆਂ ਉਪਰ ਕੇਂਦਰ ਸਰਕਾਰ ਦੇ ਤਨਖਾਹ ਸਕੇਲ ਦੀ ਥਾਂ ਬਿਜਲੀ ਨਿਗਮ ਦੇ ਸਕੇਲ ਲਾਗੂ ਕਰਨ, ਜੁਲਾਈ 2021 ਤੋਂ ਪਹਿਲਾਂ ਭਰਤੀ ਹੋਏ ਕਰਮਚਾਰੀਆਂ, ਜਿਨ੍ਹਾਂ ਦੀ ਨਿਯੁਕਤੀ/ਤਰੱਕੀ ਸੋਧੇ ਸਕੇਲ ਲਾਗੂ ਹੋਣ ਤੋਂ ਬਾਅਦ ਹੋਈ ਹੈ, ਨੂੰ ਵਿੱਤ ਸਰਕੂਲਰ ਨੰਬਰ 24/21 ਅਨੁਸਾਰ ਸੋਧੀ ਤਨਖਾਹ ਵਾਧਾ ਦੇ ਕੇ ਮੁੱਢਲੀ ਤਨਖਾਹ 35400 ਕਰਨ ਸਮੇਤ ਹੋਰ ਮਹਤਵਪੂਰਨ ਮੁੱਦਿਆਂ ਨੂੰ ਤੁਰੰਤ ਹੱਲ ਕੀਤਾ ਜਾਵੇ ਅਤੇ ਜਥੇਬੰਦੀ ਵੱਲੋਂ ਦਿੱਤੇ ਮੰਗ ਪੱਤਰ ਅਨੁਸਾਰ ਸਮੱਸਿਆ ਦਾ ਨਿਪਟਾਰਾ ਕੀਤਾ ਜਾਵੇ, ਪਰ ਪਾਵਰਕਾਮ ਦੀ ਮੈਨੇਜਮੈਂਟ ਨੇ ਮੰਗਾਂ ਮਸਲਿਆਂ ਦਾ ਹੱਲ ਕਰਨ ਦੀ ਬਜਾਏ, ਲਾਲੜੂ, ਖਰੜ ਡਵੀਜ਼ਨਾਂ ਸਮੇਤ ਅਜਮਾਇਸ਼ ਦੇ ਤੌਰ 'ਤੇ 10 ਡਵੀਜ਼ਨਾਂ ਵਿੱਚ ਬਿਜਲੀ ਪ੍ਰਬੰਧ ਦਾ ਸਾਰਾ ਕੰਮ ਨਿੱਜੀ ਹੱਥਾਂ ਵਿੱਚ ਦੇਣ ਵੱਲ ਕਦਮ ਵਧਾਉਣੇ ਸ਼ੁਰੂ ਕਰ ਦਿੱਤੇ ਹਨ, ਜਿਸ ਦਾ ਅੱਜ ਦੇ ਰੋਸ ਪ੍ਰਦਰਸ਼ਨ ਵਿੱਚ ਜ਼ੋਰਦਾਰ ਵਿਰੋਧ ਕਰਦੇ ਹੋਏ ਮੰਗ ਕੀਤੀ ਗਈ ਕਿ ਅਦਾਰੇ ਅੰਦਰ ਨਿੱਜੀਕਰਨ ਦੀ ਨੀਤੀ ਤੁਰੰਤ ਬੰਦ ਕੀਤੀ ਜਾਵੇ।ਧਰਨੇ ਨੂੰ ਸੰਬੋਧਨ ਕਰਦੇ ਹੋਏ ਸਾਥੀ ਕੁਲਦੀਪ ਸਿੰਘ ਖੰਨਾ ਮੁੱਖ ਸਲਾਹਕਾਰ, ਅਵਤਾਰ ਸਿੰਘ ਕੈਂਥ ਪ੍ਰਧਾਨ ਜੁਆਇੰਟ ਐਕਸ਼ਨ ਕਮੇਟੀ ਹੈੱਡ ਆਫਿਸ ਪਟਿਆਲਾ, ਸਤਜੀਤ ਸਿੰਘ ਕੰਡਾ ਸਾਬਕਾ ਜੁਆਇੰਟ ਫੋਰਮ ਆਗੂ, ਜਗਤਾਰ ਸਿੰਘ ਉੱਪਲ ਸਾਬਕਾ ਸੂਬਾ ਜਨਰਲ ਸਕੱਤਰ, ਪ੍ਰੀਤਮ ਸਿੰਘ ਪਿੰਡੀ, ਦਰਸ਼ਨ ਸਿੰਘ ਬੇਲੂਮਾਜਰਾ ਜਨਤਕ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਆਗੂ ਤੇ ਗੁਰਚਰਨ ਸਿੰਘ ਨਾਭਾ ਆਦਿ ਨੇ ਪਾਵਰਕਾਮ ਦੀ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਅਦਾਰੇ ਅੰਦਰ ਖਾਲੀ ਪਈਆਂ ਹਜ਼ਾਰਾਂ ਪੋਸਟਾਂ ਨੂੰ ਤੁਰੰਤ ਰੈਗੂਲਰ ਭਰਤੀ ਰਾਹੀਂ ਭਰਿਆ ਜਾਵੇ, ਮ੍ਰਿਤਕਾਂ ਦੇ ਵਾਰਿਸਾਂ ਨੂੰ ਜੋ ਆਪਣਾ ਆਰਜੀ ਕਰਨ ਤੋਂ ਰਹਿ ਗਏ ਸਨ, ਨੂੰ ਬਿਨਾ ਸ਼ਰਤ ਪ੍ਰਵਾਨ ਕਰਦੇ ਹੋਏ ਸ਼ਲੈਸ਼ੀਅਮ ਦੀ ਮੁੱਢਲੀ ਰਕਮ ਜਮ੍ਹਾਂ ਕਰਵਾ ਕੇ ਨੌਕਰੀ ਦਿੱਤੀ ਜਾਵੇ, ਹਰ ਤਰ੍ਹਾਂ ਦੇ ਕੱਚੇ ਕੰਟਰੈਕਟ 'ਤੇ ਲੱਗੇ ਮੀਟਰ ਰੀਡਰ, ਸਮੇਤ ਸੀ.ਐੱਚ.ਬੀ. ਨੂੰ ਤੁਰੰਤ ਪੱਕਾ ਕੀਤਾ ਜਾਵੇ।ਇਸ ਵਿਸ਼ਾਲ ਰੋਸ ਪ੍ਰਦਰਸ਼ਨ ਵਿੱਚ ਟੈਕਨੀਕਲ ਸਰਵਿਸਜ਼ ਯੂਨੀਅਨ ਦੇ ਹਜ਼ਾਰਾਂ ਕਾਮਿਆਂ ਨੇ ਆਕਾਸ਼ ਗੂੰਜਾਊ ਨਾਅਰਿਆਂ ਨਾਲ ਜਿੱਥੇ ਪਾਵਰਕਾਮ ਦੀ ਮੈਨੇਜਮੈਂਟ ਤੇ ਮੁਲਾਜ਼ਮਾਂ ਦੀਆਂ ਮਹੱਤਵਪੂਰਨ ਮੰਗਾਂ ਮੰਨਣ ਲਈ ਜ਼ੋਰ ਦਿੱਤਾ, ਉੱਥੇ ਬਹੁਤ ਸਾਰੀਆਂ ਭੁਲੇਖਾ ਪਾਊ ਸ਼ਕਤੀਆਂ ਦੇ ਭੁਲੇਖੇ ਵੀ ਦੂਰ ਕਰ ਦਿੱਤੇ।ਸਟੇਜ ਦੀ ਕਾਰਵਾਈ ਸਾਥੀ ਦਲਬੀਰ ਸਿੰਘ ਜੌਹਲ ਨੇ ਬਾਖੂਬੀ ਨਿਭਾਈ।ਅਖੀਰ ਵਿੱਚ ਰੋਸ ਪ੍ਰਦਰਸ਼ਨ ਵਿੱਚ ਹਾਜ਼ਰ ਹੋਏ ਹਜ਼ਾਰਾਂ ਸਾਥੀਆਂ ਦਾ ਸਾਥੀ ਹਰਪ੍ਰੀਤ ਸਿੰਘ ਫਰੀਦਕੋਟ ਸੂਬਾ ਕੋ-ਕਨਵੀਨਰ ਨੇ ਧੰਨਵਾਦ ਕੀਤਾ।

# ਮਨਿਸਟਰੀਅਲ ਸਰਵਿਸਿਜ਼ ਯੂਨੀਅਨ ਦੇ ਬਠਿੰਡਾ ਅਜਲਾਸ ਸੰਬੰਧੀ ਜ਼ੋਰਦਾਰ ਤਿਆਰੀਆਂ

## 400 ਡੈਲੀਗੇਟ ਹੋਣਗੇ ਸ਼ਾਮਲ, ਅਹਿਮ ਮਸਲਿਆਂ 'ਤੇ ਹੋਵੇਗੀ ਚਰਚਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਮਨਿਸਟਰੀਅਲ ਸਰਵਿਸਿਜ਼ ਯੂਨੀਅਨ ਵੱਲੋਂ ਬਿਜਲੀ ਦਫਤਰੀ ਕਾਮਿਆਂ ਦੀਆਂ ਸਮੱਸਿਆਵਾਂ, ਲੋੜਾਂ, ਮੰਗਾਂ-ਮਸਲਿਆਂ ਦੇ ਹੱਲ ਤੇ ਜਥੇਬੰਦੀ ਦੇ ਢਾਂਚੇ ਸਬੰਧੀ ਚਰਚਾ ਕਰਨ ਲਈ ਕੀਤੇ ਜਾਣ ਵਾਲੇ ਸੂਬਾਈ ਡੈਲੀਗੇਟ ਅਜਲਾਸ ਦੀਆਂ ਤਿਆਰੀਆਂ ਸਬੰਧੀ ਇਥੇ ਇਕ ਅਹਿਮ ਬੈਠਕ ਕੀਤੀ ਗਈ।ਬੈਠਕ ਨੂੰ ਜਥੇਬੰਦੀ ਦੇ ਸੂਬਾ ਪ੍ਰਧਾਨ ਹਰਪਾਲ ਸਿੰਘ, ਜਨਰਲ ਸਕੱਤਰ ਸੁਖਦੇਵ ਸਿੰਘ, ਕਾਰਜਵਿੰਦਰ ਸਿੰਘ, ਸੁਖਵਿੰਦਰ ਸਿੰਘ ਦੁੱਮਣਾ, ਹਰਭਜਨ ਸਿੰਘ, ਰੇਸ਼ਮ ਸਿੰਘ, ਰਣਜੀਤ ਸਿੰਘ ਥਾਂਦੇਵਾਲਾ, ਮੱਖਣ ਲਾਲ, ਨਰਿੰਦਰ ਸਿੰਘ, ਹਰਵਿੰਦਰ ਸਿੰਘ ਸੇਖੋਂ ਤੇ ਸੁਖਦੇਵ ਸਿੰਘ ਗਰੇਵਾਲ ਨੇ ਸੰਬੋਧਨ ਕਰਦਿਆਂ ਦੱਸਿਆ ਕਿ 24 ਮਈ ਨੂੰ ਬਠਿੰਡਾ ਦੇ ਗ੍ਰੈਂਡ ਵਿਵਾਨ ਰਿਜ਼ੋਰਟ ਵਿਖੇ ਹੋਣ ਵਾਲੇ ਇਸ ਅਜਲਾਸ ਵਿੱਚ 400 ਡੈਲੀਗੇਟ ਸ਼ਾਮਲ ਹੋਣਗੇ, ਜਿਸ 'ਚ ਸੌ ਦੇ ਕਰੀਬ ਮਹਿਲਾ ਡੈਲੀਗੇਟ ਵੀ ਸ਼ਾਮਲ ਹੋਣਗੀਆਂ।ਉਨ੍ਹਾਂ ਦੱਸਿਆ ਕਿ ਅਦਾਰੇ 'ਚ 80 ਹਜ਼ਾਰ ਅਸਾਮੀਆਂ ਵਿਰੁੱਧ ਸਿਰਫ 34 ਹਜ਼ਾਰ ਕਰਮਚਾਰੀ ਕੰਮ ਕਰ ਰਹੇ ਹਨ, ਜਿਸ ਕਰਕੇ ਉਨ੍ਹਾਂ ਉੱਪਰ ਕੰਮ ਦਾ ਭਾਰੀ ਬੋਝ ਹੈ।ਸਰਕਾਰ ਅਸਾਮੀਆਂ ਨਹੀਂ ਭਰ ਰਹੀ।ਨਿਗੂਣੀਆਂ ਤਨਖਾਹਾਂ 'ਤੇ ਠੇਕਾ ਕਰਮਚਾਰੀ ਭਰਤੀ ਕਰਕੇ ਬੇਰੁਜ਼ਗਾਰਾਂ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ।ਸਰਕਾਰੀ ਬਿਜਲੀ ਵੰਡ ਕੰਪਨੀਆਂ ਦਾ ਨਿੱਜੀਕਰਨ ਕੀਤਾ ਜਾ ਰਿਹਾ ਹੈ।ਇਸੇ ਤਰ੍ਹਾਂ ਦੇ ਹੋਰ ਗੰਭੀਰ ਤੇ ਅਹਿਮ ਮਸਲੇ ਇਸ ਅਜਲਾਸ ਵਿੱਚ ਵਿਚਾਰੇ ਜਾਣਗੇ।

# ਬਿਜਲੀ ਕਾਮਿਆਂ ਵੱਲੋਂ ਸਬ ਡਵੀਜ਼ਨ ਧਮੋਟ ਕਲਾਂ ਤੇ ਸਿਹੋੜਾ ਗਰਿੱਡ ਵਿਖੇ ਗੇਟ ਰੈਲੀ



**ਦੋਰਾਹਾ (ਹਰਮਿੰਦਰ ਸੇਠ)**-ਟੈਕਨੀਕਲ ਸਰਵਿਸਜ਼ ਯੂਨੀਅਨ ਦੇ ਆਗੂ ਰਜੇਸ਼ ਗੋਸੁਆਮੀ, ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਪ੍ਰਧਾਨ ਭਰਭੂਰ ਸਿੰਘ, ਰਾਮਪਾਲ ਧਮੋਟ ਨੇ ਪ੍ਰੈੱਸ ਨੂੰ ਸਾਂਝੇ ਰੂਪ ਵਿੱਚ ਜਾਣਕਾਰੀ ਦਿੰਦੇ ਦੱਸਿਆ ਕਿ ਸਬ ਡਵੀਜ਼ਨ ਧਮੋਟਕਲਾਂ ਤੇ 132 ਕੇ ਵੀ ਗਰਿੱਡ ਸਿਹੋੜਾ ਦੇ ਗੇਟ ਅੱਗੇ ਬਿਜਲੀ ਕਾਮਿਆਂ ਨੇ ਇਕੱਠੇ ਹੋ ਕੇ ਵਿਸ਼ਾਲ ਰੈਲੀ ਕੀਤੀ। ਰੈਲੀ ਵਿੱਚ ਅਕਾਸ਼ ਗੂੰਜਾਊ ਨਾਹਰੇ ਲਗਾਉਂਦੇ ਹੋਏ ਟੈਕਨੀਕਲ ਸਰਵਿਸਜ਼ ਯੂਨੀਅਨ, ਪੀ ਐੱਸ ਈ ਬੀ ਇੰਪਲਾਈਜ਼ ਫੈਡਰੇਸ਼ਨ ਦੇ ਝੰਡੇ ਚੜ੍ਹਾਉਣ ਦੀ ਰਸਮ ਅਦਾ ਕੀਤੀ। ਰੈਲੀ ਨੂੰ ਸਾਂਝੇ ਰੂਪ ਵਿੱਚ ਸੰਬੋਧਨ ਕਰਦੇ ਹੋਏ ਯੂਨੀਅਨ ਦੇ ਆਗੂਆਂ ਜੋਰਾ ਸਿੰਘ, ਅਮਰੀਕ ਸਿੰਘ, ਬਲਜਿੰਦਰ ਸਿੰਘ, ਜਸਵਿੰਦਰ ਸਿੰਘ, ਬਲਜੀਤ ਸਿੰਘ ਨੇ ਮਈ ਦੇ ਸ਼ਹੀਦਾਂ ਸ਼ਰਧਾਂਜਲੀ ਦਿੰਦੇ ਹੋਏ ਕੇਂਦਰ, ਪੰਜਾਬ ਸਰਕਾਰ, ਪਾਵਰਕਾਮ ਤੇ ਟਰਾਂਸਕੋ ਦੀ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਨਿੱਜੀਕਰਨ, ਸੰਸਾਰੀਕਰਨ ਤੇ ਉਦਾਰੀਕਰਨ ਦੀ ਨੀਤੀ ਤਹਿਤ ਸਰਕਾਰੀ ਤੇ ਅਰਧ ਸਰਕਾਰੀ ਅਦਾਰਿਆਂ ਦਾ ਨਿੱਜੀਕਰਨ ਕਰਨਾ ਬੰਦ ਕੀਤਾ ਜਾਵੇ ਤੇ ਅਦਾਰਿਆਂ ਨੂੰ ਕਾਰਪੋਰੇਟ ਘਰਾਣਿਆਂ ਨੂੰ ਕੌਡੀਆਂ ਦੇ ਭਾਅ ਵੇਚਣਾ ਬੰਦ ਕੀਤਾ ਜਾਵੇ। ਬਿਜਲੀ ਐਕਟ 2003 ਤੇ ਬਿਜਲੀ ਬਿੱਲ 2022 ਦੀ ਤਜਵੀਜ਼ ਨੂੰ ਰੱਦ ਕੀਤਾ ਜਾਵੇ, ਸੇਵਾ ਸ਼ਰਤਾਂ ਵਿੱਚ ਕੀਤੀ ਜਾ ਰਹੀ ਤਬਦੀਲੀ ਰੱਦ ਕੀਤੀ ਜਾਵੇ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤਾ ਜਾਵੇ, ਠੇਕੇਦਾਰੀ ਸਿਸਟਮ ਬੰਦ ਕੀਤਾ ਜਾਵੇ, ਠੇਕੇ 'ਤੇ ਰੱਖੇ ਕਾਮਿਆਂ ਨੂੰ ਮਹਿਕਮਿਆਂ ਵਿੱਚ ਯੋਗਤਾ ਅਨੁਸਾਰ ਪੱਕੇ ਕੀਤਾ ਜਾਵੇ। ਹਰ ਅਦਾਰੇ ਵਿੱਚ ਖਾਲੀ ਅਸਾਮੀਆਂ ਨੂੰ ਪੱਕੀ ਭਰਤੀ ਕਰਕੇ ਭਰਿਆ ਜਾਵੇ, ਚੰਡੀਗੜ੍ਹ ਬਿਜਲੀ ਨਿਗਮ ਨੂੰ ਤੋੜ ਕੇ ਵੱਡੀ ਕੰਪਨੀ ਦੇ ਹਵਾਲੇ ਕਰਨ ਦੀ ਤਰ੍ਹਾਂ ਪੰਜਾਬ ਬਿਜਲੀ ਨਿਗਮ ਵਿੱਚ ਵੀ ਲਾਲੜੂ ਤੇ ਖਰੜ ਡਵੀਜ਼ਨਾ ਤੇ ਹੋਰ ਜ਼ੋਨਾਂ ਵਿੱਚ ਵੀ ਦੋ ਦੋ ਡਵੀਜ਼ਨਾਂ ਦਾ ਕੰਮ ਨਿੱਜੀ ਕੰਪਨੀਆਂ ਨੂੰ ਦੇਣ ਦਾ ਰਾਸਤਾ ਬੰਦ ਕੀਤਾ ਜਾਵੇ ਆਦਿ। ਆਗੂਆਂ ਨੇ ਮਈ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੰਦੇ ਹੋਏ ਸਰਕਾਰ ਤੇ ਮੈਨੇਜਮੈਂਟ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਮੁਲਾਜ਼ਮਾਂ, ਪੈਨਸ਼ਨਰਾਂ ਤੇ ਠੇਕੇ 'ਤੇ ਕੰਮ ਕਰਦੇ ਕਾਮਿਆਂ ਦੀਆਂ ਮੰਗਾਂ ਨਾ ਪ੍ਰਵਾਨ ਕੀਤੀਆਂ ਤਾਂ ਬਿਜਲੀ ਕਾਮੇ ਮਜਬੂਰ ਹੋ ਕੇ 9 ਜੁਲਾਈ 25 ਨੂੰ ਦੇਸ਼ ਵਿਆਪੀ ਹੜਤਾਲ ਕਰਨਗੇ। ਆਗੂਆਂ ਨੇ ਬਿਜਲੀ ਕਾਮਿਆਂ ਨੂੰ ਸਾਂਝੇ ਸੰਘਰਸ਼ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦਾ ਸੱਦਾ ਦਿੱਤਾ। ਪਾਵਰਕਾਮ ਐਂਡ ਟ੍ਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਦਫਤਰ ਦਿੜ੍ਹਬਾ ਵਿਖੇ ਲਗਾਤਾਰ ਧਰਨਾ ਲਗਾਇਆ ਜਾ ਰਿਹਾ ਹੈ।ਸਮੂਹ ਬਿਜਲੀ ਮੁਲਾਜ਼ਮਾਂ ਨੇ ਪੰਜਾਬ ਸਰਕਾਰ ਤੇ ਮੈਨੇਜਮੈਂਟ ਤੋਂ ਮੰਗ ਕੀਤੀ ਕਿ ਪਾਵਰਕਾਮ ਐਂਡ ਟ੍ਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਦੀਆਂ ਹੱਕੀ ਤੇ ਜਾਇਜ਼ ਮੰਗਾਂ ਦਾ ਹੱਲ ਕੀਤਾ ਜਾਵੇ।

## ਵਿਧਾਇਕ ਵੱਲੋਂ ਬੀਬੀਪੁਰ, ਹਿੰਦੂਪੁਰ ਤੇ ਈਸਰਹੇਲ 'ਚ ਨਸ਼ਾ ਮੁਕਤੀ ਯਾਤਰਾ 'ਚ ਸ਼ਿਰਕਤ

**ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)**-ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਕਿਹਾ ਹੈ ਕਿ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਚਲਾਈ ਜਾ ਰਹੀ ਨਸ਼ਾ ਮੁਕਤੀ ਯਾਤਰਾ ਹੁਣ ਲੋਕ ਲਹਿਰ ਦੇ ਰੂਪ ਵਿੱਚ ਵਧ-ਫੁੱਲ ਰਹੀ ਹੈ।ਉਨ੍ਹਾਂ ਕਿਹਾ ਕਿ ਕਿਸੇ ਮੁਹਿੰਮ ਦਾ ਲੋਕ ਲਹਿਰ ਵਜੋਂ ਵਿਕਸਤ ਹੋਣਾ ਇਸ ਗੱਲ ਦਾ ਸੰਕੇਤ ਹੈ ਕਿ ਲੋਕ ਤਨ ਤੇ ਮਨ ਨਾਲ ਸਰਕਾਰ ਦੇ ਮੋਢੇ ਨਾਲ ਮੋਢਾ ਜੋੜ ਕੇ ਖੜੇ ਹਨ ਤੇ ਨਸ਼ਿਆਂ ਵਰਗੀ ਭਿਆਨਕ ਸਮਾਜਿਕ ਬੁਰਾਈ ਦਾ ਖਾਤਮਾ ਕਰਨ ਲਈ ਦ੍ਰਿੜ ਹਨ।ਵਿਧਾਇਕ ਨੇ ਦੱਸਿਆ ਕਿ ਸੂਬੇ ਵਿੱਚ ਵੱਡੀ ਗਿਣਤੀ ਨਸ਼ਾ ਤਸਕਰਾਂ ਦੀਆਂ ਗੈਰ-ਕਾਨੂੰਨੀ ਜਾਇਦਾਦਾਂ 'ਤੇ ਬੁਲਡੋਜ਼ਰ ਚਲਾਇਆ ਜਾ ਚੁੱਕਾ ਹੈ, ਜੋ ਲੋਕ ਹਿਤ ਵਿੱਚ ਸਰਕਾਰ ਦੀ ਵੱਡੀ ਪ੍ਰਾਪਤੀ ਹੈ।ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਕੋਈ ਸਿਆਸੀ ਯਾਤਰਾ ਨਹੀਂ ਹੈ, ਬਲਕਿ ਇੱਕ ਸਮਾਜਿਕ ਸੰਕਲਪ ਹੈ ਅਤੇ ਉਹ ਸਮਾਜ ਦੇ ਹਰ ਵਰਗ, ਹਰ ਪੰਚਾਇਤ, ਹਰ ਨੌਜਵਾਨ, ਹਰ ਮਾਤਾ-ਪਿਤਾ ਨੂੰ ਅਪੀਲ ਕਰਦੇ ਹਨ ਕਿ ਇਸ ਅੰਦੋਲਨ ਨਾਲ ਜੁੜ ਕੇ ਇਸ ਨੂੰ ਸਫਲਤਾ ਦਾ ਜਾਮਾ ਪਹਿਨਾਇਆ ਜਾਵੇ। ਲਖਬੀਰ ਸਿੰਘ ਰਾਏ ਹਲਕੇ ਦੇ ਪਿੰਡ ਬੀਬੀਪੁਰ, ਹਿੰਦੂਪੁਰ ਅਤੇ ਈਸਰਹੇਲ ਵਿਖੇ ਆਯੋਜਿਤ ਜਾਗਰੂਕਤਾ ਸਭਾਵਾਂ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨ ਪੁੱਜੇ ਸਨ।

# ਪਦਮਸ਼੍ਰੀ ਡਾ. ਰਤਨ ਸਿੰਘ ਜੱਗੀ ਦਾ ਸਰਕਾਰੀ ਸਨਮਾਨਾਂ ਨਾਲ ਸਸਕਾਰ

## ਮੁੱਖ ਮੰਤਰੀ ਦੀ ਤਰਫ਼ੋਂ ਡੀ ਸੀ ਨੇ ਰੀਥ ਰੱਖ ਕੇ ਭੇਟ ਕੀਤੀ ਸ਼ਰਧਾਂਜਲੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਤੇ ਹਿੰਦੀ ਸਾਹਿਤ ਦੇ ਉੱਘੇ ਸਿੱਖ ਵਿਦਵਾਨ ਪਦਮਸ਼੍ਰੀ ਡਾ. ਰਤਨ ਸਿੰਘ ਜੱਗੀ (98 ਸਾਲ), ਜਿਨ੍ਹਾਂ ਦਾ ਬੀਤੇ ਦਿਨ ਦਿਹਾਂਤ ਹੋ ਗਿਆ ਸੀ, ਦੀ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਇੱਥੇ ਬੀਰ ਜੀ ਸ਼ਮਸ਼ਾਨਘਾਟ ਵਿਖੇ ਪੂਰੀਆਂ ਧਾਰਮਿਕ ਰਹੁਰੀਤਾਂ ਤੇ ਸਰਕਾਰੀ ਸਨਮਾਨਾਂ ਨਾਲ ਕੀਤਾ ਗਿਆ।ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਤੇ ਸੇਵਾ ਮੁਕਤ ਆਈ.ਏ.ਐੱਸ. ਮਾਲਵਿੰਦਰ ਸਿੰਘ ਜੱਗੀ ਨੇ ਦਿਖਾਈ।

ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਤਰਫ਼ੋਂ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਰੀਥ ਰੱਖ ਕੇ ਸ਼ਰਧਾਂਜਲੀ ਅਰਪਿਤ ਕੀਤੀ, ਜਦੋਂ ਕਿ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਵਧੀਕ ਡਾਇਰੈਕਟਰ (ਪ੍ਰਬੰਧ) ਸੰਦੀਪ ਸਿੰਘ ਗੜ੍ਹਾ ਸਮੇਤ ਹੋਰ ਸ਼ਖ਼ਸੀਅਤਾਂ ਨੇ ਵੀ ਰੀਥਾਂ ਰੱਖ ਕੇ ਡਾ. ਜੱਗੀ ਨੂੰ ਸ਼ਰਧਾਂਜਲੀ ਭੇਟ ਕੀਤੀ।ਪਟਿਆਲਾ ਪੁਲਸ ਦੀ ਹਥਿਆਰਬੰਦ ਟੁਕੜੀ ਨੇ ਹਥਿਆਰ ਉਲਟੇ ਕਰਕੇ ਤੇ ਫਾਇਰ ਕਰਕੇ ਸਲਾਮੀ ਦਿੱਤੀ।ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਡਾ. ਰਤਨ ਸਿੰਘ ਜੱਗੀ ਪੰਜਾਬੀ ਤੇ ਹਿੰਦੀ ਸਿੱਖ ਸਾਹਿਤ ਦਾ ਅਨਮੋਲ ਖ਼ਜ਼ਾਨਾ ਸਨ, ਜਿਨ੍ਹਾਂ ਦੇ ਅਕਾਲ ਚਲਾਣੇ ਨਾਲ ਨਾ ਕੇਵਲ ਜੱਗੀ ਪਰਵਾਰ ਨੂੰ ਵੱਡਾ ਘਾਟਾ ਪਿਆ ਹੈ, ਸਗੋਂ ਸਿੱਖ ਜਗਤ ਤੇ ਖਾਸ ਕਰਕੇ ਸਾਹਿਤਕ ਖੇਤਰ ਵਿੱਚ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਡਾ. ਰਤਨ ਸਿੰਘ ਜੱਗੀ ਆਪਣੇ ਪਿੱਛੇ ਸਾਹਿਤ ਜਗਤ ਲਈ ਆਪਣੀਆਂ ਲਿਖਤਾਂ ਦੇ ਰੂਪ ਵਿੱਚ ਅਨਮੋਲ ਖ਼ਜ਼ਾਨਾ ਛੱਡ ਗਏ, ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦਾ ਰਹੇਗਾ।

ਇਸ ਮੌਕੇ ਡਾ. ਜੱਗੀ ਦੀ ਧਰਮ ਪਤਨੀ ਡਾ. ਗੁਰਸ਼ਰਨ ਕੌਰ ਜੱਗੀ ਤੇ ਸਪੁੱਤਰ ਮਾਲਵਿੰਦਰ ਸਿੰਘ ਜੱਗੀ ਨੇ ਇਸ ਦੁੱਖ ਦੀ ਘੜੀ ਵਿੱਚ ਪਰਵਾਰ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਦਾ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਡਾ. ਰਤਨ ਸਿੰਘ ਜੱਗੀ ਦੀਆਂ ਅਸਥੀਆਂ ਚੁਗਣ ਦੀ ਰਸਮ 24 ਮਈ ਨੂੰ ਸਵੇਰੇ 8 ਵਜੇ ਬੀਰ ਜੀ ਸ਼ਮਸ਼ਾਨਘਾਟ ਵਿਖੇ ਕੀਤੀ ਜਾਵੇਗੀ।

ਡਾ. ਰਤਨ ਸਿੰਘ ਜੱਗੀ ਦੇ ਅੰਤਿਮ ਸਸਕਾਰ ਮੌਕੇ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਪਦਮਸ਼੍ਰੀ ਜਗਜੀਤ ਸਿੰਘ ਦਰਦੀ, ਪਦਮਸ਼੍ਰੀ ਪ੍ਰਾਣ ਸੱਭਰਵਾਲ ਸਮੇਤ ਪੰਜਾਬੀ ਯੂਨੀਵਰਸਿਟੀ ਤੋਂ ਵੱਡੀ ਗਿਣਤੀ ਮੌਜੂਦਾ ਤੇ ਸੇਵਾ ਮੁਕਤ ਫੈਕਲਟੀ ਤੋਂ ਇਲਾਵਾ ਧਾਰਮਿਕ, ਰਾਜਨੀਤਕ, ਸਮਾਜਿਕ ਤੇ ਸਾਹਿਤਕ ਸ਼ਖ਼ਸੀਅਤਾਂ ਨੇ ਜੱਗੀ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ।

# ਪੀ ਐੱਸ ਯੂ ਵੱਲੋਂ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਆਗੂਆਂ ਨੂੰ ਜੇਲ੍ਹੀਂ ਬੰਦ ਕਰਨ ਦੀ ਸਖ਼ਤ ਨਿਖੇਧੀ

**ਮਾਨਸਾ (ਆਤਮਾ ਸਿੰਘ ਪਮਾਰ)**

ਬੀਤੀ 20 ਮਈ ਨੂੰ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਬੀੜ ਐਸ਼ਵਾਨ (ਸੰਗਰੂਰ) ਵਿੱਚ ਬੇਗਮਪੁਰਾ ਵਸਾਉਣ ਜਾ ਰਹੇ ਸੈਂਕੜੇ ਮਜ਼ਦੂਰਾਂ ਨੂੰ ਸੰਗਰੂਰ, ਪਟਿਆਲਾ, ਨਾਭਾ, ਬਠਿੰਡਾ ਜੇਲ੍ਹਾਂ ਵਿੱਚ ਜਬਰੀ ਬੰਦ ਕੀਤੇ ਜਾਣ 'ਤੇ ਪੰਜਾਬ ਸਟੂਡੈਂਟਸ ਯੂਨੀਅਨ ਇਕਾਈ ਸਰਕਾਰੀ ਆਈ ਟੀ ਆਈ ਮਾਨਸਾ ਵੱਲੋਂ ਪੰਜਾਬ ਸਰਕਾਰ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਅਤੇ ਮੰਗ ਕੀਤੀ ਗਈ ਕਿ ਮਜ਼ਦੂਰਾਂ ਦੀ ਹਾਲਤ ਨੂੰ ਸੁਧਾਰਨ ਲਈ 1972 ਦਾ ਲੈਂਡ ਸੀਲਿੰਗ ਐਕਟ ਲਾਗੂ ਹੋਣਾ ਚਾਹੀਦਾ ਹੈ, ਜਿਸ ਵਿੱਚ ਕਿ ਸਾਢੇ 17 ਏਕੜ ਤੋਂ ਉਪਰਲੀਆਂ ਜ਼ਮੀਨਾਂ ਬੇਜ਼ਮੀਨੇ ਕਿਸਾਨਾਂ, ਮਜ਼ਦੂਰਾਂ ਵਿੱਚ ਵੰਡੀਆ ਜਾਣਾ ਹੈ।ਇਸ ਸਮੇਂ ਪੰਜਾਬ ਸਟੂਡੈਂਟਸ ਯੂਨੀਅਨ ਦੀ ਜ਼ਿਲ੍ਹਾ ਕਨਵੀਨਰ ਅਰਵਿੰਦਰ ਅਜ਼ਾਦ ਨੇ ਕਿਹਾ ਕਿ ਜਦੋਂ ਮਜ਼ਦੂਰ ਸੰਗਰੂਰ ਵਿੱਚ 927 ਏਕੜ 'ਤੇ ਗੁਰੂ ਰਵਿਦਾਸ ਜੀ ਦੇ ਸੰਕਲਪ ਵਾਲਾ ਬੇਗਮਪੁਰਾ ਵਸਾਉਣ ਜਾ ਰਹੇ ਸਨ ਤਾਂ ਮਜ਼ਦੂਰਾਂ ਨੂੰ ਰਸਤੇ ਵਿੱਚ ਹੀ ਗ੍ਰਿਫ਼ਤਾਰ ਕਰ ਲਿਆ ਗਿਆ ਤੇ 20 ਮਈ ਤੋਂ ਪਹਿਲਾਂ ਹੀ ਮਜ਼ਦੂਰ ਆਗੂਆਂ ਦੇ ਘਰਾਂ 'ਤੇ ਛਾਪੇਮਾਰੀ ਕੀਤੀ ਤੇ ਕਈ ਪਿੰਡਾਂ ਦੇ ਮਜ਼ਦੂਰ ਆਗੂਆਂ ਨੂੰ ਗ੍ਰਿਫ਼ਤਾਰ ਕਰਕੇ ਪਰਚੇ ਪਾ ਦਿੱਤੇ ਹਨ।

ਇਨ੍ਹਾਂ ਗ੍ਰਿਫ਼ਤਾਰ ਲੋਕਾਂ ਵਿੱਚ ਬਹੁਤ ਸਾਰੀਆਂ ਪੇਂਡੂ ਔਰਤਾਂ ਤੇ ਵਿਦਿਆਰਥੀ ਵੀ ਸ਼ਾਮਲ ਹਨ।

ਵਿਦਿਆਰਥੀਆਂ ਦੇ ਕਾਲਜਾਂ 'ਚ ਪੱਕੇ ਪੇਪਰ ਚੱਲ ਰਹੇ ਹਨ।ਪੁਲਸ ਵਿਦਿਆਰਥੀਆਂ ਨੂੰ ਜੇਲ੍ਹ ਵਿੱਚ ਬੰਦ ਕਰਕੇ ਉਨ੍ਹਾਂ ਦਾ ਭਵਿੱਖ ਖਰਾਬ ਕਰ ਰਹੀ ਹੈ।ਆਮ ਆਦਮੀ ਪਾਰਟੀ ਦੀ ਸਰਕਾਰ ਦਾ ਇਹ ਸ਼ਰਮਨਾਕ ਕਾਰਾ ਹੈ, ਜਿਸ ਦਾ ਮੁੱਖ ਮੰਤਰੀ ਵੋਟਾਂ ਵੇਲੇ ਪਿੰਡਾਂ ਦੇ ਮਜ਼ਦੂਰਾਂ ਦੇ ਵਿਹੜੇ ਵਿੱਚ ਜਾ ਕੇ ਮੱਘਦਾ ਰਹੀ ਵੇ ਸੂਰਜਾ ਕੰਮੀਆਂ ਦੇ ਵਿਹੜੇ ਗੀਤ ਗਾਉਂਦਾ ਸੀ।ਅੱਜ ਜਦੋਂ ਮਜ਼ਦੂਰ ਲੋਕ ਲੈਂਡ ਸੀਲਿੰਗ ਐਕਟ ਤਹਿਤ ਸ਼ਾਂਤਮਈ ਤਰੀਕੇ ਨਾਲ ਇਸ ਕਾਨੂੰਨ ਨੂੰ ਲਾਗੂ ਕਰਵਾਉਣ ਲਈ ਜ਼ਮੀਨ ਦੀ ਮੰਗ ਕਰ ਰਹੇ ਹਨ ਤਾਂ ਉਨ੍ਹਾਂ ਨੂੰ ਜੇਲ੍ਹਾਂ ਵਿੱਚ ਬੰਦ ਕੀਤਾ ਜਾ ਰਿਹਾ ਹੈ।ਪੁਲਸ ਨੇ ਅਜੇ ਤੱਕ ਜੇਲ੍ਹਾਂ ਵਿੱਚ ਬੰਦ ਕੀਤੇ ਗਏ ਮਜ਼ਦੂਰਾਂ ਦੀ ਗਿਣਤੀ ਵੀ ਜਨਤਕ ਨਹੀਂ ਕੀਤੀ।ਸੰਗਰੂਰ ਜੇਲ੍ਹ ਵਿੱਚ ਬੰਦ ਕੀਤੇ ਮਜ਼ਦੂਰਾਂ ਨੂੰ ਬੁਨਿਆਦੀ ਸਹੂਲਤਾਂ ਤੱਕ ਨਹੀਂ ਦਿੱਤੀਆਂ ਗਈਆਂ, ਜਿਸ ਕਾਰਨ ਜੇਲ੍ਹ ਵਿੱਚ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ ਗਈ ਹੈ। ਵਿਦਿਆਰਥੀ ਆਗੂਆਂ ਨੇ ਗ੍ਰਿਫਤਾਰ ਕੀਤੇ ਗਏ ਮਜ਼ਦੂਰ ਆਗੂਆਂ, ਵਰਕਰਾਂ ਤੇ ਵਿਦਿਆਰਥੀਆਂ ਦੀ ਬਿਨਾਂ ਸ਼ਰਤ ਰਿਹਾਈ ਦੀ ਮੰਗ ਕੀਤੀ ਹੈ।

# ਮਾਓਵਾਦੀ ਆਗੂ ਬਸਵ ਰਾਜੂ ਦੇ ਕਤਲ ਦੀ ਇਨਕਲਾਬੀ ਕੇਂਦਰ ਪੰਜਾਬ ਵੱਲੋਂ ਸਖਤ ਨਿੰਦਾ

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**

ਸੀ.ਪੀ.ਆਈ. (ਮਾਓਵਾਦੀ) ਦੇ ਜਨਰਲ ਸਕੱਤਰ ਕਾ. ਬਸਵ ਰਾਜੂ ਸਮੇਤ 27 ਮਾਓਵਾਦੀ ਕਾਰਕੁਨਾਂ ਨੂੰ ਮੋਦੀ ਹਕੂਮਤ ਵੱਲੋਂ ਸ਼ੁਰੂ ਕੀਤੇ ਗਏ ਅਪ੍ਰੇਸ਼ਨ 'ਕਗਾਰ' ਤਹਿਤ ਕਥਿਤ ਮੁਕਾਬਲੇ ਵਿੱਚ ਸ਼ਹੀਦ ਕਰ ਦਿੱਤਾ ਹੈ। ਇਨਕਲਾਬੀ ਕੇਂਦਰ ਪੰਜਾਬ ਕਥਿਤ ਮੁਕਾਬਲੇ ਵਿੱਚ ਕਾ. ਬਸਵ ਰਾਜੂ ਨੂੰ ਕਤਲ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਾ ਹੈ। ਜਥੇਬੰਦੀ ਦੇ ਪ੍ਰਧਾਨ ਨਰਾਇਣ ਦੱਤ ਤੇ ਜਨਰਲ ਸਕੱਤਰ ਕੰਵਲਜੀਤ ਖੰਨਾ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਮੀਡੀਆ ਰਿਪੋਰਟਾਂ ਅਨੁਸਾਰ ਮਾਓਵਾਦੀ ਪਾਰਟੀ ਪਿਛਲੇ ਮਹੀਨਿਆਂ 'ਚ ਲਿਖਤੀ ਰੂਪ ਵਿੱਚ ਕਈ ਵਾਰ ਗੱਲਬਾਤ ਦੀ ਪੇਸ਼ਕਸ਼ ਕਰ ਚੁੱਕੀ ਹੈ, ਅਜਿਹੀ ਹੀ ਮੰਗ ਮੁਲਕ ਸਮੇਤ ਸੰਸਾਰ ਪੱਧਰ ਦੀਆਂ ਇਨਕਲਾਬੀ ਜਮਹੂਰੀ, ਇਨਸਾਫਪਸੰਦ ਤਾਕਤਾਂ ਨੇ ਵੀ ਕੀਤੀ ਹੈ। ਇਸ ਦੇ ਬਾਵਜੂਦ ਭਾਜਪਾ ਸਰਕਾਰ ਵੱਲੋਂ ਫ਼ੌਜੀ ਅਪ੍ਰੇਸ਼ਨਾਂ ਰਾਹੀਂ ਕਤਲੇਆਮ ਜਾਰੀ ਰੱਖਣਾ ਦਰਸਾਉਂਦਾ ਹੈ ਕਿ ਹਕੂਮਤ ਦਾ ਇੱਕੋ ਇੱਕ ਮਨੋਰਥ ਇਨਕਲਾਬੀ ਤਾਕਤਾਂ ਦਾ ਜਿਸਮਾਨੀ ਸਫ਼ਾਇਆ ਕਰਕੇ ਭਾਰਤੀ ਲੋਕਾਂ ਨੂੰ ਇਹ ਅਹਿਸਾਸ ਕਰਾਉਣਾ ਹੈ ਕਿ ਨੰਗੇ ਅਨਿਆਂ ਤੇ ਲੁੱਟ ਖਸੁੱਟ ਦਾ ਬੇਕਿਰਕ ਰਾਜ ਅਜਿੱਤ ਹੈ ਅਤੇ ਦੱਬੇ ਕੁਚਲੇ ਤੇ ਮਿਹਨਤਕਸ਼ ਹਿੱਸਿਆਂ ਨੂੰ ਜਥੇਬੰਦ ਸੰਘਰਸ਼ ਤੇ ਮੁਕਤੀ ਦਾ ਸੁਪਨਾ ਲੈਣਾ ਬੰਦ ਕਰ ਦੇਣਾ ਚਾਹੀਦਾ ਹੈ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਵੱਲੋਂ ਮਾਓਵਾਦੀ ਪਾਰਟੀ ਦੇ ਜਨਰਲ ਸਕੱਤਰ ਦੇ ਕਤਲ ਉੱਪਰ ਉਚੇਚਾ ਟਵੀਟ ਕਰਕੇ ਇਸ ਨੂੰ 'ਨਕਸਲਵਾਦ ਵਿਰੁੱਧ ਭਾਰਤ ਦੀ ਲੜਾਈ' ਕਹਿਣਾ ਤੇ ਇਸ ਨੂੰ ਤਿੰਨ ਦਹਾਕਿਆਂ ਵਿੱਚ ਭਾਰਤੀ ਸੁਰੱਖਿਆ ਦਸਤਿਆਂ ਦੀ 'ਸਭ ਤੋਂ ਵੱਡੀ ਪ੍ਰਾਪਤੀ' ਕਹਿ ਕੇ ਵਡਿਆਉਣਾ ਇਸ ਗੱਲ ਦਾ ਸਬੂਤ ਹੈ ਕਿ ਇਸ ਹਕੂਮਤ ਦਾ ਇੱਕੋ ਇੱਕ ਮਨੋਰਥ ਕਰੂਰ ਕਤਲੇਆਮ ਰਾਹੀਂ ਖ਼ੌਫ਼ ਪੈਦਾ ਕਰਨਾ ਤੇ ਤਬਦੀਲੀ ਦੇ ਹਰ ਵਿਚਾਰ ਨੂੰ ਲਹੂ 'ਚ ਡੁਬੋਣਾ ਹੈ।

ਇੱਕ ਪਾਸੇ ਅਖੌਤੀ ਭਾਰਤੀ ਜਮਹੂਰੀਅਤ ਵੋਟਾਂ ਦੇ ਦੰਭ ਦੀ ਕਸਰਤ ਵਿੱਚ ਰੁਝੀ ਹੋਈ ਹੈ ਤੇ ਇਸ ਦੇ ਨਾਲ ਨਾਲ ਹੀ ਆਦਿਵਾਸੀਆਂ ਤੇ ਕਮਿਊਨਿਸਟ ਇਨਕਲਾਬੀਆਂ ਦੇ ਖ਼ੂਨ ਦੀ ਹੋਲੀ ਖੇਡੀ ਜਾ ਰਹੀ ਹੈ। ਇਸ ਕਸਰਤ ਦੌਰਾਨ ਆਦਿਵਾਸੀਆਂ ਤੇ ਇਨਕਲਾਬੀਆਂ ਦੇ ਦਿਨ ਦਿਹਾੜੇ ਕਤਲਾਂ ਨਾਲ ਕਾਰਪੋਰੇਟ ਘਰਾਣਿਆਂ ਨੂੰ ਇਹ ਯਕੀਨ ਦਵਾਇਆ ਜਾ ਰਿਹਾ ਹੈ ਕਿ ਭਾਰਤੀ ਰਾਜ ਹਰ ਵੇਲੇ ਉਨ੍ਹਾਂ ਦੀ ਸੇਵਾ ਵਿੱਚ ਨਤਮਸਤਕ ਹੈ। ਇਨ੍ਹਾਂ ਝੂਠੇ ਪੁਲਸ ਮੁਕਾਬਲਿਆਂ ਰਾਹੀਂ ਵੀ ਅਤੇ ਵੋਟ ਮੁਹਿੰਮਾਂ ਦੌਰਾਨ ਕਮਿਊਨਿਸਟ ਇਨਕਲਾਬੀਆਂ ਦਾ ਸਫਾਇਆ ਕਰ ਦੇਣ ਦੇ ਹੋਕਰਿਆਂ ਰਾਹੀਂ ਵੀ ਸਾਮਰਾਜੀ ਬਹੁ-ਕੌਮੀ ਕੰਪਨੀਆਂ ਤੇ ਦੇਸੀ ਕਾਰਪੋਰੇਟ ਘਰਾਣਿਆਂ ਨੂੰ ਭਰੋਸੇ ਦਿੱਤੇ ਜਾ ਰਹੇ ਹਨ ਕਿ ਉਨ੍ਹਾਂ ਦੀ ਪੂੰਜੀ ਦੇ ਕਾਰੋਬਾਰਾਂ ਲਈ ਲੋਕਾਂ ਦਾ ਹਰ ਵਿਰੋਧ ਕੁਚਲ ਦੇਣ ਲਈ ਅਸੀਂ ਤਿਆਰ ਬਰ ਤਿਆਰ ਹਾਂ। ਭਾਜਪਾਈ ਹਾਕਮਾਂ ਵੱਲੋਂ ਕਾਰਪੋਰੇਟ ਪ੍ਰੋਜੈਕਟਾਂ ਲਈ ਉਜਾੜੇ ਜਾਂਦੇ ਲੋਕਾਂ ਦੇ ਵਿਰੋਧ ਨੂੰ ਕੁਚਲ ਦੇਣ ਦਾ ਵਾਅਦਾ ਸਾਮਰਾਜੀਆਂ ਤੇ ਵੱਡੇ ਸਰਮਾਏਦਾਰਾਂ ਨਾਲ ਕੀਤਾ ਜਾ ਰਿਹਾ ਹੈ ਤੇ ਇਸੇ ਨੂੰ ਲੋਕਾਂ ਸਾਹਮਣੇ ਵਿਕਾਸ ਦੱਸ ਕੇ ਵੋਟਾਂ ਮੰਗੀਆਂ ਜਾ ਰਹੀਆਂ ਹਨ। ਲੱਖਾਂ ਆਦਿਵਾਸੀ ਲੋਕ ਜਲ, ਜੰਗਲ ਤੇ ਜ਼ਮੀਨ ਦੀ ਰਾਖੀ ਲਈ ਜੂਝ ਰਹੇ ਹਨ। ਦੂਸਰੀਆਂ ਮੌਕਾਪ੍ਰਸਤ ਵੋਟ ਪਾਰਟੀਆਂ ਵੀ ਇਨ੍ਹਾਂ ਅਣਮਨੁੱਖੀ ਕਤਲਾਂ ਖਿਲਾਫ਼ ਚੁੱਪ ਹਨ, ਕਿਉਂਕਿ ਉਨ੍ਹਾਂ ਦਾ ਵਿਕਾਸ ਵੀ ਇਨ੍ਹਾਂ ਆਦਿਵਾਸੀਆਂ ਦੇ ਵਿਨਾਸ਼ ਨਾਲ ਹੀ ਹੋਣਾ ਹੈ ਤੇ ਆਪਣੇ ਰਾਜਾਂ ਦੌਰਾਨ ਉਹ ਵੀ ਅਜਿਹੇ ਝੂਠੇ ਪੁਲਸ ਮੁਕਾਬਲੇ ਬਣਾਉਣ ਵਿੱਚ ਪਿੱਛੇ ਨਹੀਂ ਹਨ। ਕੌਣ ਆਦਿਵਾਸੀਆਂ ਤੇ ਹੋਰਨਾਂ ਲੋਕਾਂ ਨੂੰ ਲਤਾੜ ਕੇ ਇਸ 'ਵਿਕਾਸ' ਨੂੰ ਅੱਗੇ ਵਧਾਉਂਦਾ ਹੈ, ਇਹੀ ਇਨ੍ਹਾਂ ਪਾਰਟੀਆਂ ਦੀ ਮੁਕਾਬਲੇਬਾਜ਼ੀ ਦਾ ਮਸਲਾ ਹੈ। ਪੁਲਸ ਮੁਕਾਬਲਿਆਂ ਦੇ ਨਾਂ ਹੇਠ ਕੀਤੇ ਜਾ ਰਹੇ ਇਹ ਕਤਲ ਭਾਰਤੀ ਜੋਕਤੰਤਰ ਦਾ ਅਸਲ ਕਿਰਦਾਰ ਹੈ। ਇਸੇ ਕਤਲੇਆਮ ਦੀ ਲੜੀ 'ਚ ਹੀ ਸੀ.ਪੀ.ਆਈ. (ਮਾਓਵਾਦੀ) ਦੇ ਜਨਰਲ ਸਕੱਤਰ ਨਬਾਲਾ ਕੇਸ਼ਵ ਰਾਓ ਉਰਫ਼ ਕਾ. ਬਸਵ ਰਾਜੂ ਤੇ 26 ਹੋਰਾਂ ਨੂੰ ਕਥਿਤ ਪੁਲਸ ਮੁਕਾਬਲੇ ਵਿੱਚ ਸ਼ਹੀਦ ਕਰ ਦਿੱਤਾ ਗਿਆ।

ਜਥੇਬੰਦੀ ਦੇ ਸੂਬਾ ਆਗੂਆਂ ਮੁਖਤਿਆਰ ਪੂਹਲਾ, ਜਗਜੀਤ ਲਹਿਰਾ ਮੁੱਹਬਤ ਤੇ ਜਸਵੰਤ ਜੀਰਖ ਨੇ ਕਿਹਾ ਕਿ ਆਰ ਐੱਸ ਐੱਸ ਦੀ ਅਗਵਾਈ ਵਾਲੀ ਫਾਸ਼ੀਵਾਦੀ ਭਾਜਪਾ ਹਕੂਮਤ ਨੂੰ ਇਤਿਹਾਸ ਤੋਂ ਸਬਕ ਸਿੱਖ ਲੈਣਾ ਚਾਹੀਦਾ ਹੈ। ਇਤਿਹਾਸ ਗਵਾਹ ਹੈ ਕਿ ਅਜਿਹਾ ਜਿਸਮਾਨੀ ਕਤਲੇਆਮ ਬਰਾਬਰਤਾ ਵਾਲੀ ਸਮਾਜਿਕ ਤਬਦੀਲੀ ਦੀ ਮਨੁੱਖੀ ਰੀਝ ਦਾ ਬੀਜ-ਨਾਸ਼ ਨਹੀਂ ਕਰ ਸਕਦੇ। ਜਿਵੇਂ ਸ਼ਹੀਦ ਭਗਤ ਸਿੰਘ ਨੇ ਕਿਹਾ ਸੀ ਕਿ ਤੁਸੀਂ ਮੇਰਾ ਜਿਸਮਾਨੀ ਕਤਲ ਕਰ ਸਕਦੇ ਹੋ, ਪਰ ਮੇਰੇ ਵਿਚਾਰਾਂ ਨੂੰ ਨਹੀਂ ਮਾਰ ਸਕਦੇ। ਬਿਲਕੁਲ ਇਸੇ ਤਰ੍ਹਾਂ ਹੁਣ ਹੋਵੇਗਾ ਕਾ. ਬਸਵ ਰਾਜੂ ਤੇ ਉਸ ਦੇ ਸਾਥੀਆਂ ਨੂੰ ਝੂਠੇ ਪੁਲਸ ਮੁਕਾਬਲਿਆਂ ਰਾਹੀਂ ਸ਼ਹੀਦ ਕਰਨ ਤੋਂ ਬਾਅਦ ਵੀ ਲੁਟੇਰੇ ਜਾਬਰ ਪ੍ਰਬੰਧ ਦਾ ਫਸਤਾ ਵੱਢ ਕੇ ਬਰਾਬਰਤਾ ਵਾਲਾ ਨਵਾਂ ਲੋਕ ਪੱਖੀ ਜਮਹੂਰੀ ਨਿਜ਼ਾਮ ਸਿਰਜਣ ਲਈ ਚੱਲ ਰਹੀ ਜਮਾਤੀ ਜੱਦੋਜਹਿਦ ਹੋਰ ਵਧੇਰੇ ਜੋਸ਼ ਨਾਲ ਅੱਗੇ ਵਧਦੀ ਰਹੇਗੀ। ਆਗੂਆਂ ਨੇ ਮੰਗ ਕੀਤੀ ਕਿ ਮੋਦੀ ਹਕੂਮਤ ਝੂਠੇ ਪੁਲਸ ਮੁਕਾਬਲਿਆਂ ਰਾਹੀਂ ਮਾਓਵਾਦੀਆਂ ਤੇ ਆਦਿਵਾਸੀਆਂ ਦੇ ਕਤਲੇਆਮ ਰਚਾਉਣੇ ਬੰਦ ਕਰੇ ਤੇ ਅਪ੍ਰੇਸ਼ਨ 'ਕਗਾਰ' ਤੁਰੰਤ ਬੰਦ ਕੀਤਾ ਜਾਵੇ।

# ਨਸ਼ੇ ਖਾਣੇ ਤੇ ਵੇਚਣੇ ਛੱਡ ਦਿਓ, ਨਹੀਂ ਤਾਂ ਕਸੂਤੇ ਫਸੋਗੇ : ਬੀਬੀ ਮਾਣੂੰਕੇ

## ਨਸ਼ਿਆਂ ਵਿਰੁੱਧ ਮਲਕ, ਚੀਮਨਾਂ ਤੇ ਬਰਸਾਲਾਂ 'ਚ ਜਲਸੇ



**ਜਗਰਾਉਂ (ਨਛੱਤਰ ਸੰਧੂ)**-ਹਲਕਾ ਜਗਰਾਉਂ ਦੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਵੱਲੋਂ ਨੌਜੁਆਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਪੰਜਾਬ ਸਰਕਾਰ ਵੱਲੋਂ ਵਿੱਢੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਪਿੰਡ ਮਲਕ, ਚੀਮਨਾਂ ਤੇ ਬਰਸਾਲਾਂ ਵਿੱਚ ਨਗਰ ਨਿਵਾਸੀਆਂ ਨੂੰ ਨਸ਼ਿਆਂ ਵਿਰੁੱਧ ਸਹੁੰ ਚੁਕਾਈ ਗਈ ਅਤੇ ਚਿੱਟੇ ਵਰਗੇ ਮਾਰੂ ਨਸ਼ਿਆਂ ਨੂੰ ਰੋਕਣ ਲਈ ਜਲਸੇ ਕੀਤੇ।ਇਨ੍ਹਾਂ ਪਿੰਡਾਂ ਦੇ ਰੱਖੇ ਗਏ ਵੱਖ-ਵੱਖ ਸਮਾਗਮਾਂ ਦੌਰਾਨ ਨਸ਼ਾ ਤਸਕਰਾਂ ਨੂੰ ਤਾੜਨਾ ਕਰਦੇ ਹੋਏ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਨੇ ਆਖਿਆ ਕਿ ਸਮਗਲਰੋ ਕਿੱਥੇ ਤੱਕ ਭੱਜੋਂਗੇ, ਪੰਜਾਬ ਸਰਕਾਰ ਤੇ ਪੰਜਾਬ ਪੁਲਸ ਨੇ ਪੂਰੇ ਪੰਜਾਬ ਵਿੱਚ ਜਾਲ਼ ਵਿਛਾਏ ਹੋਏ ਨੇ, ਇਸ ਲਈ 'ਨਸ਼ੇ ਵੇਚਣੇ ਛੱਡ ਦਿਓ, ਨਹੀਂ ਤਾਂ ਕਸੂਤੇ ਫਸੋਂਗੇ।ਉਨ੍ਹਾਂ ਆਖਿਆ ਕਿ ਇਹ ਆਮ ਵੇਖਣ ਵਿੱਚ ਆਇਆ ਹੈ ਕਿ ਚਿੱਟੇ ਦੇ ਨਸ਼ੇ ਕਾਰਨ ਲੋਕਾਂ ਦੇ ਧੀਆਂ-ਪੁੱਤ ਨਿਪੁੰਸਕ ਹੋ ਰਹੇ ਹਨ ਅਤੇ ਵਿਆਹਾਂ ਤੋਂ ਬਾਅਦ ਕਈ-ਕਈ ਸਾਲ ਬੱਚੇ ਨਹੀਂ ਹੁੰਦੇ ਅਤੇ ਬਾਅਦ ਵਿੱਚ ਤਲਾਕ ਹੋ ਜਾਂਦੇ ਹਨ ਅਤੇ ਘਰ ਤਬਾਹ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਕੋਈ ਵੀ ਮਾਂ-ਬਾਪ ਨਹੀਂ ਚਾਹੁੰਦਾ ਕਿ ਉਨ੍ਹਾਂ ਦਾ ਧੀ-ਪੁੱਤ ਕੋਈ ਨਸ਼ਾ ਕਰੇ, ਪ੍ਰੰਤੂ ਪੁਰਾਣੀਆਂ ਸਰਕਾਰਾਂ ਦੀ ਛਤਰ ਛਾਇਆ ਹੇਠ ਚਿੱਟੇ ਨਸ਼ੇ ਨੇ ਪੈਰ ਪਸਾਰੇ ਤੇ ਲੋਕਾਂ ਦੇ ਘਰ ਉਜਾੜ ਦਿੱਤੇ।ਬੀਬੀ ਮਾਣੂੰਕੇ ਨੇ ਲੋਕਾਂ ਨੂੰ ਅਪੀਲ ਕਰਦੇ ਹੋਏ ਆਖਿਆ ਕਿ ਲੋਕੋ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਮਾਣਯੋਗ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਹੇਠ ਤੁਹਾਡੇ ਧੀਆਂ-ਪੁੱਤਰਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਅੱਗੇ ਆਈ ਹੈ, ਇਸ ਲਈ ਆਓ ਸਾਰੇ ਸਰਕਾਰ ਦਾ ਸਾਥ ਦੇ ਕੇ ਨਸ਼ਿਆਂ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕਰੀਏ।ਵਿਧਾਇਕਾ ਮਾਣੂੰਕੇ ਨੇ ਕਿਹਾ ਕਿ ਜੇਕਰ ਕੋਈ ਸਰਪੰਚ, ਪੰਚਾਇਤ ਮੈਂਬਰ ਜਾਂ ਨੰਬਰਦਾਰ ਕਿਸੇ ਵੀ ਚਿੱਟੇ ਦੇ ਸਮੱਗਲਰ ਜਾਂ ਨਸ਼ੇੜੀ ਦੀ ਸਹਾਇਤਾ ਲਈ ਸਿਫਾਰਸ਼ ਕਰਕੇ ਜਾਂ ਸਾਥ ਦੇਵੇਗਾ ਤਾਂ ਉਸ ਵਿਰੁੱਧ ਵੀ ਸਖਤ ਕਾਰਵਾਈ ਹੋ ਸਕਦੀ ਹੈ ਤੇ ਉਸ ਵਿਰੁੱਧ ਪਿੰਡਾਂ ਵਿੱਚ ਇਕੱਠ ਕਰਕੇ ਵਿਰੋਧ ਦਾ ਮਤਾ ਪਾਇਆ ਜਾਵੇਗਾ। ਇਸ ਮੌਕੇ ਉਨ੍ਹਾਂ ਨਾਲ ਡੀ.ਐੱਸ.ਪੀ. ਜਗਰਾਉਂ ਜਸਯੋਤ ਸਿੰਘ, ਐੱਸ.ਐੱਚ.ਓ. ਸਦਰ ਜਗਰਾਉਂ ਸੁਰਜੀਤ ਸਿੰਘ, ਕੋਆਰਡੀਨੇਟਰ ਵਿਕਰਮਜੀਤ ਸਿੰਘ ਵਿੱਕੀ ਥਿੰਦ, ਸਿੱਖਿਆ ਕੋਆਰਡੀਨੇਟਰ ਮਾ. ਪਰਮਿੰਦਰ ਸਿੰਘ ਗਿੱਦੜਵਿੰਡੀ, ਯੂਥ ਪ੍ਰਧਾਨ ਸਤਿੰਦਰ ਸਿੰਘ ਗਾਲਿਬ ਆਦਿ ਵੀ ਨੇ ਵੀ ਲੋਕਾਂ ਨੂੰ ਮਾਰੂ ਨਸ਼ਿਆਂ ਦੇ ਖਾਤਮੇ ਲਈ ਸਹਿਯੋਗ ਕਰਨ ਦੀ ਅਪੀਲ ਕੀਤੀ।

# ਗੁਰੂ ਨਾਨਕਪੁਰਾ ਸਕੂਲ 'ਚ ਯੁੱਧ ਨਸ਼ਿਆਂ ਵਿਰੁੱਧ ਪੇਂਟਿੰਗ ਮੁਕਾਬਲਿਆਂ 'ਚ ਜੇਤੂ ਸਨਮਾਨਤ



ਬਠਿੰਡਾ (ਪਰਵਿੰਦਰ ਜੀਤ ਸਿੰਘ) ਸ਼ਹੀਦ ਜਰਨੈਲ ਸਿੰਘ ਸਰਕਾਰੀ ਹਾਈ ਸਕੂਲ ਗੁਰੂ ਨਾਨਕਪੁਰਾ ਬਠਿੰਡਾ ਵਿਖੇ ਮੁੱਖ ਅਧਿਆਪਕਾ ਮੈਡਮ ਪੂਜਾ ਰਾਣੀ ਜੀ ਦੀ ਅਗਵਾਈ ਵਿੱਚ ਵਿਦਿਆਰਥੀਆਂ ਦੇ ਨਰੋਏ ਤੇ ਉੱਜਵਲ ਭਵਿੱਖ ਲਈ ਸਕੂਲ ਪੱਧਰੀ ਯੁੱਧ ਨਸ਼ਿਆਂ ਵਿਰੁੱਧ ਵਿਸ਼ੇ 'ਤੇ ਪੇਂਟਿੰਗ ਮੁਕਾਬਲੇ ਕਰਾਏ ਗਏ। ਇਸ ਕੰਪੀਟੀਸ਼ਨ 'ਚ ਸਕੂਲ ਦੇ 34 ਵਿਦਿਆਰਥੀਆਂ ਨੇ ਭਾਗ ਲਿਆ। ਪ੍ਰੋਗਰਾਮ ਵਿੱਚ ਸਕੂਲ 'ਚ ਮੁੱਖ ਮਹਿਮਾਨ ਇੰਸਪੈਕਟਰ ਪੰਜਾਬ ਪੁਲਿਸ ਪਰਵਿੰਦਰ ਸਿੰਘ ਐੱਸ. ਐੱਚ.ਓ. ਕੋਤਵਾਲੀ ਬਠਿੰਡਾ ਤੇ ਵਿਸ਼ੇਸ਼ ਮਹਿਮਾਨ ਐਮ.ਐਲ.ਏ. ਬਠਿੰਡਾ ਸ਼ਹਿਰੀ ਜਗਰੂਪ ਸਿੰਘ ਗਿੱਲ ਦੀ ਨੁਮਾਇੰਦਗੀ ਵਜੋਂ ਸੁਖਦੀਪ ਸਿੰਘ ਢਿੱਲੋਂ ਤੇ ਜਗਦੀਸ਼ ਸਿੰਘ ਸ਼ਾਮਲ ਹੋਏ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਹੋਇਆਂ ਐੱਸ.ਐੱਚ.ਓ. ਪਰਵਿੰਦਰ ਸਿੰਘ ਤੇ ਸੁਖਦੀਪ ਸਿੰਘ ਢਿੱਲੋਂ ਨੇ ਬੱਚਿਆਂ ਜ਼ਿੰਮੇਵਾਰ ਨਾਗਰਿਕ ਬਣਨ ਲਈ ਜ਼ਰੂਰੀ ਨੁਕਤੇ ਸਾਂਝੇ ਕੀਤੇ। ਸਮਾਜ ਵਿੱਚੋਂ ਨਸ਼ਿਆਂ ਵਰਗੀ ਲਾਹਨਤ ਨੂੰ ਦੂਰ ਕਰਨ ਲਈ ਸਰਕਾਰ ਵੱਲੋਂ ਕੀਤੇ ਜਾਂਦੇ ਉਪਰਾਲਿਆਂ ਬਾਰੇ ਜਾਣੂ ਕਰਾਇਆ। ਐਸ.ਐਚ.ਓ. ਪਰਵਿੰਦਰ ਸਿੰਘ ਨੇ ਕਿਹਾ ਵਿਦਿਆਰਥੀਆਂ ਨੂੰ ਖੇਡਾਂ ਨਾਲ ਜੁੜ ਕੇ ਨਸ਼ਿਆਂ ਨੂੰ ਠੱਲ੍ਹ ਪਾਉਣ ਦੀ ਅਪੀਲ ਕੀਤੀ। ਕੌਂਸਲਰ ਸੁਖਦੀਪ ਸਿੰਘ ਢਿੱਲੋਂ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵ ਤੋਂ ਸੁਚੇਤ ਕੀਤਾ। ਬੱਚਿਆਂ ਵੱਲੋਂ ਬਣਾਈਆਂ ਹੋਈਆਂ ਪੇਂਟਿੰਗਾਂ ਦੀ ਪੇਂਟਿੰਗ ਕੁਸ਼ਲਤਾ ਅਤੇ ਸਮਾਜਿਕ ਮੁੱਦਿਆਂ ਨੂੰ ਪਕੜਨ ਦੀ ਕਾਰਜ ਕੁਸ਼ਲਤਾ ਦੀ ਪ੍ਰਸ਼ੰਸਾ ਕੀਤੀ। ਪੇਂਟਿੰਗ ਮੁਕਾਬਲਿਆਂ ਵਿੱਚ ਨੌਵੀਂ ਜਮਾਤ ਦੀ ਵਿਦਿਆਰਥਣ ਦੀਆ ਨੇ ਪਹਿਲਾ ਸਥਾਨ, ਖੁਸ਼ੀ ਕੁਮਾਰੀ ਜਮਾਤ ਦਸਵੀਂ ਨੇ ਦੂਜਾ ਤੇ ਸੱਤਵੀਂ ਜਮਾਤ ਦੀ ਨੇਹਾ ਨੇ ਤੀਜਾ ਸਥਾਨ ਹਾਸਲ ਕੀਤਾ। ਜੇਤੂ ਵਿਦਿਆਰਥੀਆਂ ਨੂੰ ਸਕੂਲ ਮੁਖੀ ਵੱਲੋਂ ਪ੍ਰਸ਼ੰਸਾ ਪੱਤਰ ਤੇ ਐੱਸ.ਐੱਚ.ਓ. ਪਰਵਿੰਦਰ ਸਿੰਘ, ਸੁਖਦੀਪ ਸਿੰਘ ਜਗਦੀਸ਼ ਸਿੰਘ ਬਰੋੜ ਨੇ ਟਰਾਫੀਆਂ ਦੇ ਕੇ ਸਨਮਾਨਤ ਕੀਤਾ। ਸਕੂਲ ਦੀ ਮੈਨੇਜਮੈਂਟ ਕਮੇਟੀ ਦੇ ਸਮਾਜ ਸੇਵੀ ਮੈਂਬਰ ਵਿਜੇ ਭੱਟ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਸਕੂਲ ਦੇ ਅਧਿਆਪਕ ਬਲਜਿੰਦਰ ਸਿੰਘ ਨੇ ਨਿਭਾਈ। ਫੋਟੋ ਕੈਪਸ਼ਨ : ਯੁੱਧ ਨਸ਼ਿਆਂ ਵਿਰੁੱਧ ਪੇਂਟਿੰਗ ਮੁਕਾਬਲੇ 'ਚ ਹਿੱਸਾ ਲੈਣ ਵਾਲੇ ਵਿਦਿਆਰਥੀ।

## COURT NOTICE

(U/o 5 Rule 20 CPC)
In the Court of
**Sh. Jasvir Singh**
Additional Principal Judge
Family Court-II, Jalandhar
CNR No. PBJL01-009884-2023
Next Date :- 11-08-2025
Pooja
Vs.
Shubham
Publication Issued to :
Shubham S/o Satish Kumar
R/o H. No. 234/3, Backside Dushehra Ground, Uppkar Nagar, Ludhiana.

In above titled case, the defendant (s)/respondent (s) could not be served. It is ordered that defendant (s) respondent (s) should appear in person or through counsel on 11-08-2025 at 10:00 A.M.

ਇਸ ਮੰਗ ਪੱਤਰ ਵਿੱਚ ਆਂਗਣਵਾੜੀ ਵਰਕਰਾਂ ਵੱਲੋਂ ਮੰਗ ਕੀਤੀ ਗਈ ਕਿ ਆਂਗਣਵਾੜੀ ਵਰਕਰਾਂ ਕੋਲੋਂ ਲਾਭ ਪਾਤਰੀਆਂ ਨਾਲ ਸੰਬੰਧਤ ਓ.ਟੀ.ਪੀ. ਦਾ ਕੰਮ ਨਾ ਕਰਵਾਇਆ ਜਾਵੇ, ਕਿਉਂਕਿ ਇਸ ਨਾਲ ਆਂਗਣਵਾੜੀ ਵਰਕਰਾਂ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਲਾਭਪਾਤਰੀ ਆਪਣਾ ਓ.ਟੀ.ਪੀ. ਦੇਣ ਤੋਂ ਨਾਂਹ ਕਰਦੇ ਹਨ, ਕਿਉਂਕਿ ਉਨ੍ਹਾਂ ਨੂੰ ਡਰ ਲੱਗਿਆ ਰਹਿੰਦਾ ਹੈ ਕਿ ਸਾਡੇ ਖਾਤਿਆਂ ਨਾਲ ਛੇੜ-ਛਾੜ ਨਾ ਹੋ ਸਕੇ, ਜਿਸ ਦੇ ਚਲਦੇ ਆਂਗਣਵਾੜੀ ਵਰਕਰ ਨੂੰ ਬਹੁਤ ਮੁਸ਼ਕਲਾਂ ਵਿੱਚੋਂ ਲੰਘਣਾ ਪੈਂਦਾ ਹੈ ਅਤੇ ਲੋਕਾਂ ਨਾਲ ਵਾਦ-ਵਿਵਾਦ ਦਾ ਸਾਹਮਣਾ ਕਰਨਾ ਪੈਂਦਾ ਹੈ। ਮਹਿਕਮੇ ਦੀਆਂ ਹਦਾਇਤਾਂ ਅਨੁਸਾਰ ਆਂਗਣਵਾੜੀ ਵਰਕਰਾਂ-ਹੈਲਪਰਾਂ ਨੂੰ ਮਹੀਨੇ ਦੀ 7 ਤਰੀਕ ਤੋਂ ਪਹਿਲਾਂ ਪਹਿਲਾਂ ਤਨਖਾਹ ਦਿੱਤੀ ਜਾਣੀ ਚਾਹੀਦੀ ਹੈ, ਪਰ ਜਦੋਂ ਤੋਂ ਆਮ ਆਦਮੀ ਪਾਰਟੀ ਦੀ ਅਗਵਾਈ ਸਰਕਾਰ ਆਈ ਹੈ, ਉਸ ਸਮੇਂ ਤੋਂ ਹਰ ਮਹੀਨੇ ਕਦੇ ਬਜਟ ਨਹੀਂ ਹੁੰਦਾ, ਕਈ ਵਾਰ ਦੋ-ਤਿੰਨ ਤਿੰਨ ਮਹੀਨੇ ਪੰਜਾਬ ਸਰਕਾਰ ਦੀ ਤਨਖਾਹ ਨਹੀਂ ਮਿਲਦੀ ਤੇ ਕਈ ਵਾਰ 4-5 ਮਹੀਨੇ ਸੈਂਟਰ ਸਰਕਾਰ ਵੱਲੋਂ ਜੋ ਤਨਖਾਹ ਮਿਲਦੀ ਹੈ, ਉਹ ਵੀ ਨਹੀਂ ਮਿਲਦੀ। ਕੇਂਦਰ ਤੇ ਪੰਜਾਬ ਸਰਕਾਰ ਦੋਵੇਂ ਤਨਖਾਹਾਂ ਆਂਗਣਵਾੜੀ ਵਰਕਰਾਂ-ਹੈਲਪਰਾਂ ਨੂੰ ਸਮੇਂ ਸਿਰ ਦਿੱਤੀਆਂ ਜਾਣ। ਪੰਜਾਬ ਸਰਕਾਰ ਵੱਲੋਂ ਕੀਤੇ ਵਾਅਦੇ ਅਨੁਸਾਰ ਤਨਖਾਹ ਦੁੱਗਣੀ ਕੀਤਾ ਜਾਵੇ ਤੇ ਬਕਾਇਆ ਤੁਰੰਤ ਦਿੱਤਾ ਜਾਵੇ।

3 ਤੋਂ 6 ਸਾਲ ਦੇ ਬੱਚੇ ਵਾਪਸ ਆਗਣਵਾੜੀ ਸੈਂਟਰਾਂ ਵਿੱਚ ਭੇਜੇ ਜਾਣ। ਇਸ ਮੌਕੇ ਸੂਬਾ ਪ੍ਰਧਾਨ ਸਰੋਜ ਛੱਪੜੀ ਵਾਲਾ, ਸੂਬਾ ਜਨਰਲ ਸੈਕਟਰੀ ਸੁਨੀਲ ਕੌਰ ਬੇਦੀ, ਬਲਾਕ ਪ੍ਰਧਾਨ ਬਲਵਿੰਦਰ ਕੌਰ ਮੁਹੰਦੇਵਾਲਾ, ਮੰਜੂ ਘੁਬਾਇਆ, ਰਾਜ ਕੌਰ, ਰਾਜ ਰਾਣੀ ਲਮੋਚੜ, ਆਸ਼ਾ ਚੱਕ ਦੁਮਾਲ, ਅਰਪਣਾ ਸਿਮਰੇਵਾਲੀ, ਕੈਲਾਸ਼ ਜਲਾਲਾਬਾਦ, ਦੀਪਮਾਲਾ ਜਲਾਲਾਬਾਦ, ਬਿਮਲਾ ਜਲਾਲਾਬਾਦ, ਅਮਰਜੀਤ ਕੌਰ ਜੰਡਵਾਲਾ, ਲਾਜਵੰਤੀ ਟਾਹਲੀਵਾਲਾ ਆਦਿ ਮੌਜੂਦ ਸਨ।

## ਮੌਲਿਕ ਜੈਨ ਨੇ 492 ਅੰਕ ਹਾਸਲ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਬੋਰਡ ਦੇ ਦਸਵੀਂ ਕਲਾਸ ਦੇ ਨਤੀਜਿਆਂ ਵਿੱਚ ਸੁਨਾਮ ਨਿਵਾਸੀ ਤੇ ਸੰਗਰੂਰ ਸਥਿਤ ਲਿਟਲ ਫਲਾਵਰ ਕਾਨਵੈਂਟ ਸਕੂਲ ਦੇ ਵਿਦਿਆਰਥੀ ਮੌਲਿਕ ਜੈਨ ਨੇ 500 ਵਿੱਚੋਂ 492 ਅੰਕ ਪ੍ਰਾਪਤ ਕਰਕੇ ਸਕੂਲ ਵਿੱਚ ਦੂਜਾ ਸਥਾਨ ਹਾਸਲ ਕਰ ਲਿਆ ਹੈ। ਉਨ੍ਹਾਂ ਦੀ ਇਸ ਉਪਲਬਧੀ ਨੇ ਸਿਰਫ ਸਕੂਲ ਹੀ ਨਹੀਂ, ਸਗੋਂ ਪੂਰੇ ਸੁਨਾਮ ਦਾ ਮਾਣ ਵਧਾਇਆ ਹੈ। ਮੌਲਿਕ ਦੇ ਘਰ ਖੁਸ਼ੀਆਂ ਦੀ ਲਹਿਰ ਦੌੜ ਰਹੀ ਹੈ। ਪਰਵਾਰਕ ਮੈਂਬਰਾਂ, ਰਿਸ਼ਤੇਦਾਰਾਂ ਤੇ ਦੋਸਤਾਂ ਵੱਲੋਂ ਵਧਾਈਆਂ ਦੇਣ ਲਈ ਲਗਾਤਾਰ ਆਉਣ ਵਾਲਿਆਂ ਦਾ ਤਾਂਤਾ ਲੱਗਾ ਹੋਇਆ ਹੈ। ਮੌਲਿਕ ਦੇ ਦਾਦਾ ਰਾਮ ਸਰੂਪ ਜੈਨ, ਚਾਚਾ ਗਗਨ ਜੈਨ ਤੇ ਪਿਤਾ ਹਰੀਸ਼ ਜੈਨ ਨੇ ਆਪਣੇ ਪੁੱਤਰ ਦੀ ਇਸ ਉਪਲਬਧੀ 'ਤੇ ਮਾਣ ਮਹਿਸੂਸ ਕਰਦੇ ਹੋਏ ਕਿਹਾ ਕਿ ਮੌਲਿਕ ਦੀ ਮਿਹਨਤ ਨੇ ਪਰਵਾਰ ਦਾ ਸਿਰ ਉੱਚਾ ਕਰ ਦਿੱਤਾ ਹੈ। ਮਾਂ ਮੇਨਕਾ ਰਾਣੀ ਤੇ ਚਾਚੀ ਪ੍ਰੀਤੀ ਜੈਨ ਵੀ ਵਧਾਈਆਂ ਸਵੀਕਾਰ ਕਰਦਿਆਂ ਖੁਸ਼ੀ ਨਾਲ ਝੂਮਦੀਆਂ ਨਜ਼ਰ ਆਈਆਂ।

## ਵਿਧਾਇਕ ਵੱਲੋਂ ਵੱਖ-ਵੱਖ ਸਕੂਲਾਂ 'ਚ ਵਿਕਾਸ ਕੰਮਾਂ ਦਾ ਉਦਘਾਟਨ



**ਫਰੀਦਕੋਟ/ਜੈਤੋ (ਅੈਲਿਗਜੈਂਡਰ ਡਿਸੂਜਾ/ਸਤੀਸ਼ ਭੀਰੀ)**-ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਸਕੂਲਾਂ ਵਿੱਚ ਰਿਕਾਰਡ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਸ ਨਾਲ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ ਅਤੇ ਵਿਦਿਆਰਥੀਆਂ ਨੂੰ ਬਿਹਤਰ, ਸੁਰੱਖਿਅਤ ਤੇ ਆਧੁਨਿਕ ਵਿੱਦਿਅਕ ਮਾਹੌਲ ਪ੍ਰਦਾਨ ਕੀਤਾ ਜਾ ਰਿਹਾ ਹੈ।ਇਹ ਪ੍ਰਗਟਾਵਾ ਹਲਕਾ ਜੈਤੋ ਦੇ ਵਿਧਾਇਕ ਸ੍ਰ. ਅਮੋਲਕ ਸਿੰਘ ਨੇ ਹਲਕੇ ਦੇ ਵੱਖ ਵੱਖ ਸਕੂਲਾਂ ਵਿੱਚ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ।ਵਿਧਾਇਕ ਸ੍ਰ. ਅਮੋਲਕ ਸਿੰਘ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਰੋਮਾਣਾ ਅਲਬੇਲ ਸਿੰਘ ਵਿਖੇ 12.29 ਲੱਖ ਦੀ ਲਾਗਤ ਮੇਜਰ ਰਿਪੇਅਰ ਤੇ ਚਾਰਦੀਵਾਰੀ ਆਦਿ ਅਤੇ ਸਰਕਾਰੀ ਹਾਈ ਸਕੂਲ ਰੋਮਾਣਾ ਅਲਬੇਲ ਸਿੰਘ ਵਿਖੇ 09.25 ਲੱਖ ਰੁਪਏ ਦੀ ਲਾਗਤ ਨਾਲ ਸਪੋਰਟਸ ਟਰੈਕ ਤੇ ਚਾਰਦੀਵਾਰੀ, ਸਰਕਾਰੀ ਪ੍ਰਾਇਮਰੀ ਤੇ ਹਾਈ ਸਕੂਲ ਢੈਪਈ ਵਿਖੇ 15.74 ਲੱਖ ਦੀ ਲਾਗਤ ਨਾਲ ਸਕੂਲ ਦੀ ਚਾਰਦੀਵਾਰੀ ਆਦਿ ਕੰਮਾਂ ਦਾ ਉਦਘਾਟਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਸਮੇਂ ਸਰਕਾਰੀ ਸਕੂਲਾਂ ਦੀ ਗੁਣਵੱਤਾ ਵਿੱਚ ਕਾਫ਼ੀ ਸੁਧਾਰ ਹੋਇਆ ਹੈ, ਜਿਸ ਕਾਰਨ ਇਨ੍ਹਾਂ ਸਕੂਲਾਂ ਵਿੱਚ ਦਾਖਲੇ ਲਈ ਮੁਕਾਬਲਾ ਵੀ ਵਧ ਰਿਹਾ ਹੈ।ਉਨ੍ਹਾਂ ਕਿਹਾ ਕਿ ਸਿੱਖਿਆ ਹੀ ਇੱਕੋ ਇੱਕ ਅਜਿਹਾ ਮਾਧਿਅਮ ਹੈ, ਜੋ ਵਿਅਕਤੀ ਨੂੰ ਉਸ ਦੇ ਅਧਿਕਾਰਾਂ ਪ੍ਰਤੀ ਜਾਗਰੂਕ ਕਰਦਾ ਹੈ ਤੇ ਉਸ ਨੂੰ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਉਣ ਦੀ ਸ਼ਕਤੀ ਪ੍ਰਦਾਨ ਕਰਦਾ ਹੈ।ਸਿੱਖਿਆ ਉਹ ਹਥਿਆਰ ਹੈ, ਜਿਸ ਨਾਲ ਅਸੀਂ ਦੁਨੀਆ ਬਦਲ ਸਕਦੇ ਹਾਂ।ਇਸ ਮੌਕੇ ਟਰੱਕ ਯੂਨੀਅਨ ਪ੍ਰਧਾਨ ਹਰਸਿਮਰਨ ਮਲਹੋਤਰਾ, ਚੇਅਰਮੈਨ ਪੀਏਡੀਬੀ ਗੋਬਿੰਦਰ ਸਿੰਘ, ਬੀਪੀਈਓ ਕੋਟਕਪੂਰਾ ਸੁਰਜੀਤ ਸਿੰਘ, ਸੀਐੱਚਟੀ ਗੁਰਸੇਵਕ ਸਿੰਘ, ਐੱਚਟੀ ਅਮਨਦੀਪ ਕੌਰ, ਸਿੱਖਿਆ ਕ੍ਰਾਂਤੀ ਕੋਆਰਡੀਨੇਟਰ ਵਿਨੈ ਗੋਇਲ, ਨੋਡਲ ਅਫਸਰ ਪ੍ਰਿੰਸੀਪਲ ਪੰਨਾ ਲਾਲ, ਸਕੂਲ ਮੁਖੀ ਚਿੱਤਰਾ ਕੁਮਾਰੀ, ਰੇਨੂੰ ਬਾਲਾ, ਹੁਕਮਚੰਦ, ਕੁਆਰਡੀਨੇਟਰ ਜਸਵਿੰਦਰ ਸਿੰਘ ਬਰਗਾੜੀ ਤੋਂ ਇਲਾਵਾ ਹੋਰ ਪਤਵੰਤੇ ਹਾਜ਼ਰ ਸਨ।

## ਆਫ਼ਤ ਪ੍ਰਬੰਧਨ ਜਾਗਰੂਕ ਸਮਾਰੋਹ ਕਰਾਇਆ

**ਕੋਟ ਈਸੇ ਖਾਂ (ਅਰੋੜਾ)**-ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਖੋਸਾ ਰਣਧੀਰ ਵਿਖੇ ਪ੍ਰਿੰਸੀਪਲ ਸ੍ਰੀ ਰਾਜੇਸਪਾਲ ਅਰੋੜਾ ਦੀ ਯੋਗ ਅਗਵਾਈ ਅਧੀਨ ਡੀਸੀ ਆਫਿਸ ਮੋਗਾ ਵੱਲੋਂ ਭੇਜੀ ਗਈ ਆਫ਼ਤ ਪ੍ਰਬੰਧਨ ਟੀਮ ਦੁਆਰਾ ਆਪਦਾ ਪ੍ਰਬੰਧਨ ਤੇ ਜਾਗਰੂਕਤਾ ਸਮਾਰੋਹ ਕਰਾਇਆ ਗਿਆ। ਪ੍ਰੋਗਰਾਮ ਦਾ ਆਗਾਜ ਸੰਤ ਗੁਰਮੀਤ ਸਿੰਘ (ਕਾਰ ਸੇਵਾ ਵਾਲੇ) ਖੋਸਾ ਕੋਟਲਾ ਦੇ ਅਸ਼ੀਰਵਾਦ ਨਾਲ ਕੀਤਾ ਗਿਆ। ਉਨ੍ਹਾਂ ਬੱਚਿਆਂ ਨੂੰ ਰੋਜ਼ਾਨਾ ਜੀਵਨ ਵਿੱਚ ਅਨੁਸ਼ਾਸਨ 'ਚ ਰਹਿਣ ਅਤੇ ਜ਼ਿੰਦਗੀ ਜਿਊਣ ਦੀ ਜਾਂਚ ਬਾਰੇ ਦੱਸਿਆ। ਸ੍ਰੀ ਰਾਮ ਚੰਦਰ ਆਪਦਾ ਪ੍ਰਬੰਧਨ ਟੀਮ ਡੀ ਸੀ ਆਫਿਸ ਮੋਗਾ ਜੀ ਦੀ ਅਗਵਾਈ ਹੇਠ, ਇੰਸਪੈਕਟਰ (ਐਨ ਡੀ ਆਰ ਐੱਫ) ਸ੍ਰੀ ਅਸ਼ੋਕ ਚੌਧਰੀ ਤੇ ਐਨ ਡੀ ਆਰ ਐਫ ਦੀ ਟੀਮ ਵੱਲੋਂ ਆਪਦਾ ਪ੍ਰਬੰਧਨ ਬਾਰੇ ਬੱਚਿਆਂ ਨੂੰ ਜਾਗਰੂਕ ਕੀਤਾ ਗਿਆ। ਸ੍ਰੀ ਅਸ਼ੋਕ ਚੌਧਰੀ ਤੇ ਐਨ ਡੀ ਆਰ ਐਫ ਟੀਮ ਦੁਆਰਾ ਇਸ ਵਿਸ਼ੇ ਨਾਲ ਸੰਬੰਧਤ ਖੇਤਰ ਜਿਵੇਂ ਆਗ ਬੁਝਾਊ ਯੰਤਰ ਦਾ ਪ੍ਰਯੋਗ, ਸੀਪੀਆਰ, ਹੜਾਂ ਅਤੇ ਭੂਚਾਲ ਤੋਂ ਪੀੜਤਾਂ ਦਾ ਬਚਾਓ, ਸੱਟ ਵੱਜਣ ਤੇ ਮੁੱਢਲੀ ਸਹਾਇਤਾ ਆਦਿ ਮੁਸ਼ਕਲਾਂ ਤੋਂ ਨਿਕਲਣ ਦੇ ਢੰਗਾਂ ਬਾਰੇ ਪ੍ਰੈਕਟੀਕਲ ਕਰਕੇ ਬੜੇ ਹੀ ਯੋਜਨਾਮਈ ਤਰੀਕੇ ਨਾਲ ਦੱਸਿਆ ਗਿਆ। ਪ੍ਰੋਗਰਾਮ ਵਿੱਚ ਸੁਖਜਿੰਦਰ ਸਿੰਘ ਨੋਡਲ ਅਫਸਰ ਵੱਲੋਂ ਬੱਚਿਆਂ ਨੂੰ ਆਫ਼ਤਾਂ ਤੋਂ ਬਚਣ ਲਈ ਪਹਿਲਾਂ ਹੀ ਤਿਆਰੀ ਕਰਨ ਬਾਰੇ ਜਾਣਕਾਰੀ ਦਿੱਤੀ ਗਈ।

## ਖਾਲਸਾ ਪਬਲਿਕ ਸਕੂਲ 'ਚ ਹੈੱਡ ਬੁਆਏ ਤੇ ਗਰਲ ਦੀ ਚੋਣ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਖਾਲਸਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਬੁਰਜ ਕੱਚਾ ਜਿੱਥੇ ਵਿੱਦਿਆ ਤੇ ਖੇਡਾਂ ਵਿੱਚ ਮੱਲਾਂ ਮਾਰ ਰਿਹਾ ਹੈ, ਉੱਥੇ ਹੀ ਬੱਚਿਆਂ 'ਚ ਰਾਜਨੀਤਕ ਸੂਝ-ਬੂਝ ਪੈਦਾ ਕਰਨ ਲਈ ਵੀ ਆਪਣਾ ਯੋਗਦਾਨ ਦੇ ਰਿਹਾ ਹੈ। ਇਸ ਸਬੰਧੀ ਸਕੂਲ ਵਿੱਚ ਵੋਟਾਂ ਰਾਹੀਂ ਹੈੱਡ ਬੁਆਏ ਤੇ ਹੈੱਡ ਗਰਲ ਦੀ ਚੋਣ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਡਾਇਰੈਕਟਰ ਬਲਜਿੰਦਰ ਸਿੰਘ ਤੂਰ ਨੇ ਦੱਸਿਆ ਕਿ ਅੱਜ ਬੱਚੇ ਸਾਰੇ ਖੇਤਰਾਂ 'ਚ ਜਾਣਾ ਚਾਹੁੰਦੇ ਹਨ, ਪ੍ਰੰਤੂ ਰਾਜਨੀਤੀ ਦੇ ਵੱਲ ਸਾਡਾ ਯੁਵਾ ਵਰਗ ਨਹੀਂ ਜਾਣਾ ਚਾਹੁੰਦਾ ਅਤੇ ਆਮ ਲੋਕਾਂ 'ਚ ਵੀ ਰਾਜਨੀਤਕ ਸੂਝ-ਬੂਝ ਦੀ ਬਹੁਤ ਕਮੀ ਹੈ। ਬੱਚਿਆਂ 'ਚ ਅਜਿਹੀ ਰੁਚੀ ਪੈਦਾ ਕਰਨ ਲਈ ਸਕੂਲ ਦੇ ਹੈੱਡ ਬੁਆਏ ਤੇ ਹੈੱਡ ਗਰਲ ਦੀ ਚੋਣ ਵੋਟਾਂ ਰਾਹੀਂ ਕੀਤੀ ਗਈ। ਉਨ੍ਹਾਂ ਦੱਸਿਆ ਕਿ ਆਮ ਚੋਣਾਂ ਵਾਂਗ ਬੱਚਿਆਂ ਵੱਲੋਂ ਨਾਮਜ਼ਦਗੀ ਪੱਤਰ ਭਰਾਏ ਗਏ ਤੇ ਅਯੋਗ ਵਿਦਿਆਰਥੀਆਂ ਦੇ ਪਰਚੇ ਰੱਦ ਕੀਤੇ ਗਏ। ਉਸ ਤੋਂ ਬਾਅਦ ਪਹਿਲੀ ਜਮਾਤ ਤੋਂ ਲੈ ਕੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੇ ਆਪਣੀ ਵੋਟ ਦਾ ਇਸਤੇਮਾਲ ਕੀਤਾ, ਜਿਸ ਕਾਰਨ ਸਕੂਲ 'ਚ ਚੋਣਾਂ ਵਰਗਾ ਮਾਹੌਲ ਸਿਰਜਿਆ ਗਿਆ। ਵਿਦਿਆਰਥੀਆਂ ਨੂੰ ਚੋਣ ਨਿਸ਼ਾਨ ਵੀ ਅਲਾਟ ਕੀਤੇ ਗਏ ਤੇ ਚੋਣ ਪ੍ਰਚਾਰ ਵੀ ਕੀਤਾ ਗਿਆ। ਵੋਟਾਂ ਤੋਂ ਬਾਅਦ, ਜੋ ਨਤੀਜੇ ਸਾਹਮਣੇ ਆਏ, ਉਸ 'ਚ ਬਾਰਵੀਂ ਜਮਾਤ ਦੀ ਜਸ਼ਨਪ੍ਰੀਤ ਕੌਰ 122 ਵੋਟਾਂ ਲੈ ਕੇ ਹੈੱਡ ਗਰਲ ਬਣੀ ਤੇ ਬਾਰਵੀਂ ਜਮਾਤ ਦਾ ਵਿਦਿਆਰਥੀ ਨਵਜੋਤ ਸਿੰਘ 222 ਵੋਟਾਂ ਹਾਸਲ ਕਰਕੇ ਹੈੱਡ ਬੁਆਏ ਬਣਿਆ। ਇਨ੍ਹਾਂ ਵੋਟਾਂ 'ਚ ਨਵਜੋਤ ਸਿੰਘ, ਗੁਰਹਰਮਨਜੋਤ ਸਿੰਘ, ਹਰਬੰਸ ਸਿੰਘ, ਜਸ਼ਨਪ੍ਰੀਤ ਕੌਰ, ਇਸ਼ਮੀਤ ਕੌਰ, ਰਮਨਦੀਪ ਕੌਰ ਤੇ ਯਸ਼ਪ੍ਰੀਤ ਕੌਰ ਨੇ ਉਮੀਦਵਾਰ ਵਜੋਂ ਭਾਗ ਲਿਆ। ਇਸ ਮੌਕੇ ਵੋਟਾਂ ਵਿੱਚ ਜੇਤੂ ਵਿਦਿਆਰਥੀਆਂ ਨੂੰ ਹੈੱਡ ਬੁਆਏ ਤੇ ਹੈੱਡ ਗਰਲ ਦੇ ਬੈਚ ਲਗਾ ਕੇ ਸਨਮਾਨਤ ਕੀਤਾ ਗਿਆ ਅਤੇ ਸਹੁੰ ਚੁੱਕਣ ਦੀ ਰਸਮ ਵੀ ਕਰਾਈ ਗਈ। ਇਸ ਮੌਕੇ ਸਕੂਲ ਪ੍ਰਿੰਸੀਪਲ ਹਰਿੰਦਰ ਪਾਲ ਕੌਰ ਤੂਰ, ਵਾਈਸ ਪ੍ਰਿੰਸੀਪਲ ਗੀਨਾ ਮਲਹੋਤਰਾ, ਸਕੂਲ ਕੋਆਰਡੀਨੇਟਰ ਸੁਖਦੇਵ ਸਿੰਘ, ਅਮਰਿੰਦਰ ਸਿੰਘ, ਨਵਦੀਪ ਕੌਰ, ਗੁਰਪ੍ਰੀਤ ਕੌਰ, ਕਿਰਨ ਅਤੇ ਬਾਕੀ ਸਟਾਫ ਮੈਂਬਰ ਮੌਜੂਦ ਸਨ।

## ਸੜਕਾਂ 'ਚ ਪਏ ਖੱਡੇ ਦੇ ਰਹੇ ਹਨ ਹਾਦਸਿਆਂ ਨੂੰ ਸੱਦਾ, ਮੁਰੰਮਤ ਦੀ ਮੰਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਥਾਨਕ ਸ਼ਹਿਰ ਦੀਆਂ ਕਈ ਮੁੱਖ ਸੜਕਾਂ 'ਤੇ ਪਏ ਖੱਡੇ ਆਮ ਲੋਕਾਂ ਦੀ ਜ਼ਿੰਦਗੀ ਲਈ ਖ਼ਤਰਾ ਬਣੇ ਹੋਏ ਹਨ। ਹਰ ਰੋਜ਼ ਕੋਈ ਨਾ ਕੋਈ ਹਾਦਸਾ ਵਾਪਰ ਰਿਹਾ ਹੈ ਜੋ ਇਨ੍ਹਾਂ ਖੱਡਿਆਂ ਦੇ ਕਾਰਨ ਹੁੰਦਾ ਹੈ। ਵਿਸ਼ੇਸ਼ ਕਰਕੇ ਮੋਟਰਸਾਈਕਲ ਸਵਾਰਾਂ ਤੇ ਸਕੂਲ ਜਾਂ ਦਫ਼ਤਰ ਜਾਣ ਵਾਲੇ ਲੋਕਾਂ ਲਈ ਇਹ ਖੱਡੇ ਬੜੀ ਮੁਸੀਬਤ ਦਾ ਕਾਰਨ ਬਣ ਰਹੇ ਹਨ। ਸਥਾਨਕ ਵਾਸੀਆਂ ਦਾ ਕਹਿਣਾ ਹੈ ਕਿ ਇਨ੍ਹਾਂ ਸੜਕਾਂ ਦੀ ਹਾਲਤ ਲਗਾਤਾਰ ਬੇਹਾਲ ਹੋ ਰਹੀ ਹੈ, ਪਰ ਪ੍ਰਸ਼ਾਸਨ ਪੱਖੋਂ ਕੋਈ ਢਿੱਲ ਨਹੀਂ ਹੋਈ। ਪਿਛਲੇ ਕੁਝ ਹਫ਼ਤਿਆਂ ਦੌਰਾਨ ਖੱਡਿਆਂ ਕਾਰਨ ਹੋਏ ਕਈ ਹਾਦਸਿਆਂ 'ਚ ਲੋਕ ਜ਼ਖ਼ਮੀ ਹੋ ਚੁੱਕੇ ਹਨ। ਕਿਸੇ ਨੇ ਹੱਡੀ ਤੋੜੀ, ਕਿਸੇ ਦੀ ਗੱਡੀ ਦੂਜੀ ਗੱਡੀ ਨਾਲ ਟਕਰਾ ਗਈ, ਪਰ ਇਸ ਸਭ ਦੇ ਬਾਵਜੂਦ ਅਜੇ ਤਕ ਕੋਈ ਠੋਸ ਕਦਮ ਨਹੀਂ ਚੁੱਕਿਆ ਗਿਆ। ਸਥਾਨਕ ਨਿਵਾਸੀ ਰਿੰਕੂ ਨੇ ਦੱਸਿਆ ਕਿ ਸਵੇਰ ਸਮੇਂ ਆਪਣੇ ਬੱਚਿਆਂ ਨੂੰ ਸਕੂਲ ਛੱਡਣ ਜਾਂ ਲੈਣ ਜਾਂਦੇ ਸਮੇਂ ਹਮੇਸ਼ਾ ਡਰ ਲੱਗਦਾ ਹੈ ਕਿ ਕਿਤੇ ਮੋਟਰਸਾਈਕਲ ਖੱਡੇ 'ਚ ਨਾ ਸੁੱਟ ਜਾਵੇ। ਇਹ ਸਿਰਫ ਸੜਕ ਨਹੀਂ, ਸਾਡੀ ਜਾਨ ਦਾ ਸਵਾਲ ਹੈ। ਇੱਕ ਹੋਰ ਨਿਵਾਸੀ ਗਗਨਦੀਪ ਸਿੰਘ ਨੇ ਕਿਹਾ ਕਿ ਜੇਕਰ ਸਰਕਾਰ ਨੇ ਸੜਕ ਨਵੀਂ ਨਹੀਂ ਬਣਾਉਣੀ ਤਾਂ ਘੱਟੋ ਘੱਟ ਇਨ੍ਹਾਂ ਖੱਡਿਆਂ ਨੂੰ ਤਾਂ ਭਰਵਾਓ। ਇਹ ਦਿਨੋਂ-ਦਿਨ ਵਧ ਰਹੇ ਨੇ ਤੇ ਇਨ੍ਹਾਂ ਵਿੱਚ ਪਾਣੀ ਭਰ ਜਾਣ ਨਾਲ ਰਾਤ ਦੇ ਸਮੇਂ ਖਤਰਾ ਹੋਰ ਵੱਧ ਜਾਂਦਾ ਹੈ। ਫਿਰੋਜ਼ਪੁਰ ਸ਼ਹਿਰ ਦੇ ਵਾਰਡ ਨੰਬਰ 23 ਦੇ ਰਾਜੇਸ਼ ਖੁਰਾਣਾ ਨੇ ਕਿਹਾ ਕਿ ਸੜਕਾਂ 'ਤੇ ਪਏ ਟੋਏ ਲੋਕਾਂ ਲਈ ਮੁਸੀਬਤ ਬਣੇ ਪਏ ਹਨ। ਉਨ੍ਹਾਂ ਆਖਿਆ ਕਿ ਇਨ੍ਹਾਂ ਪਏ ਟੋਇਆਂ ਨੂੰ ਜਲਦ ਹੀ ਪੇਚ ਲਗਾਏ ਜਾਣ ਜਾਂ ਸੜਕ ਦੀ ਮੁਰੰਮਤ ਕੀਤੀ ਜਾਵੇ। ਇਸ ਮਾਮਲੇ ਨੂੰ ਲੈ ਕੇ ਪਿੰਡਾਂ ਤੇ ਸ਼ਹਿਰੀ ਇਲਾਕਿਆਂ ਦੇ ਨਿਵਾਸੀਆਂ ਨੇ ਮਿਲ ਕੇ ਮੰਗ ਕੀਤੀ ਹੈ ਕਿ ਤੁਰੰਤ ਇਨ੍ਹਾਂ ਸੜਕਾਂ ਦੀ ਮੁਰੰਮਤ ਕੀਤੀ ਜਾਵੇ। ਉਨ੍ਹਾਂ ਦਾ ਕਹਿਣਾ ਹੈ ਕਿ ਇਨਸਾਨੀ ਜਾਨਾਂ ਨਾਲ ਖੇਡਣ ਦੀ ਇਜਾਜ਼ਤ ਕਿਸੇ ਨੂੰ ਨਹੀਂ ਮਿਲ ਸਕਦੀ। ਸੜਕਾਂ ਦੀ ਮੁਰੰਮਤ ਜਾਂ ਨਵੀਂ ਬਣਤਰ ਦੇ ਬਗੈਰ ਇਹ ਹਾਦਸੇ ਰੁਕਣ ਵਾਲੇ ਨਹੀਂ। ਇਸ ਬਾਰੇ ਮਿਊਂਸਪਲ ਕੌਂਸਲ ਦੇ ਅਧਿਕਾਰੀਆਂ ਤੱਕ ਵੀ ਮਾਮਲਾ ਪੁਜਾਇਆ ਗਿਆ ਹੈ। ਹੁਣ ਦੇਖਣਾ ਇਹ ਹੈ ਕਿ ਪ੍ਰਸ਼ਾਸਨ ਕਦੋਂ ਅੱਖਾਂ ਖੋਲ੍ਹਦਾ ਹੈ।

## ਆਪ੍ਰੇਸ਼ਨ ਸਿੰਧੂਰ ਦੀ ਸਫਲਤਾ 'ਤੇ ਭਾਜਪਾ ਨੇ ਕੱਢੀ ਤਿਰੰਗਾ ਯਾਤਰਾ



**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਆਪ੍ਰੇਸ਼ਨ ਸਿੰਧੂਰ ਦੀ ਸਫਲਤਾ ਤੇ ਸੈਨਾਵਾਂ ਦੇ ਪ੍ਰਾਕਰਮ ਨੂੰ ਸਮਰਪਤ ਪਟਿਆਲਾ ਵਿਖੇ ਤਿਰੰਗਾ ਯਾਤਰਾ ਕੱਢੀ ਗਈ।ਇਹ ਯਾਤਰਾ ਪਟਿਆਲਾ ਦੇ ਚਾਂਦਨੀ ਚੌਕ ਤੋਂ ਸ਼ੁਰੂ ਹੋ ਕੇ ਤੋਪਖਾਨਾ ਗੇਟ 'ਚ ਆ ਕੇ ਸਮਾਪਤ ਹੋਈ।ਇਸ ਦੌਰਾਨ ਵੱਡੀ ਗਿਣਤੀ ਵਿੱਚ ਔਰਤਾਂ, ਨੌਜਵਾਨ, ਬਜ਼ੁਰਗ ਤੇ ਹਰ ਵਰਗ ਦੇ ਲੋਕਾਂ ਨੇ ਹੱਥ ਵਿੱਚ ਤਿਰੰਗਾ ਝੰਡਾ ਲੈ ਕੇ 'ਭਾਰਤ ਮਾਤਾ ਕੀ ਜੈ, ਇੰਨਕਲਾਬ ਜ਼ਿੰਦਾਬਾਦ ਤੇ ਜੈ ਹਿੰਦ' ਵਰਗੇ ਨਾਅਰੇ ਲਗਾਏ।ਇਸ ਯਾਤਰਾ ਦੀ ਅਗਵਾਈ ਪੰਜਾਬ ਭਾਜਪਾ ਮਹਿਲਾ ਮੋਰਚਾ ਦੀ ਪ੍ਰਧਾਨ ਸ੍ਰੀਮਤੀ ਜੈ ਇੰਦਰ ਕੌਰ ਨੇ ਕੀਤੀ।ਇਸ ਯਾਤਰਾ ਸਬੰਧੀ ਜਾਣਕਾਰੀ ਦਿੰਦਿਆਂ ਜੈ ਇੰਦਰ ਕੌਰ ਨੇ ਕਿਹਾ ਕਿ ਇਹ ਯਾਤਰਾ ਭਾਰਤੀ ਫੌਜ ਦੇ ਆਪ੍ਰੇਸ਼ਨ ਸਿੰਧੂਰ ਤੇ ਭਾਰਤ ਸਰਕਾਰ ਵੱਲੋਂ ਦੇਸ਼ ਲਈ ਅਪਣਾਈ ਗਈ ਸੁਰੱਖਿਆ ਨੀਤੀ ਦੀ ਕਾਮਯਾਬੀ ਦੇ ਸਨਮਾਨ ਵਜੋਂ ਕੱਢੀ ਗਈ ਹੈ। ਇਹ ਸਿਰਫ਼ ਇੱਕ ਯਾਤਰਾ ਨਹੀਂ ਹੈ, ਸਗੋਂ ਸਾਡੀਆਂ ਹਥਿਆਰਬੰਦ ਸੈਨਾਵਾਂ ਨੂੰ ਸਲਾਮ ਹੈ ਅਤੇ ਆਪ੍ਰੇਸ਼ਨ ਸਿੰਧੂਰ ਦੀ ਇਤਿਹਾਸਕ ਸਫਲਤਾ ਦਾ ਜਸ਼ਨ ਹੈ।ਉਨ੍ਹਾਂ ਦੱਸਿਆ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਨਿਰਣਾਇਕ ਅਗਵਾਈ ਹੇਠ ਸਾਡੀਆਂ ਫੌਜਾਂ ਨੇ ਅੱਤਵਾਦ ਖਿਲਾਫ ਜੋ ਦ੍ਰਿੜ੍ਹਤਾ, ਸਮਰਪਣ ਤੇ ਬਹਾਦਰੀ ਦਿਖਾਈ ਹੈ, ਉਸ ਨੇ ਪੂਰੀ ਦੁਨੀਆ ਨੂੰ ਇਹ ਸੰਦੇਸ਼ ਦਿੱਤਾ ਹੈ ਕਿ ਭਾਰਤ ਹੁਣ ਚੁੱਪ ਨਹੀਂ ਹੈ, ਭਾਰਤ ਇਸ ਦਾ ਢੁੱਕਵਾਂ ਜਵਾਬ ਦਿੰਦਾ ਹੈ।ਅੱਜ ਦੀ ਤਿਰੰਗਾ ਯਾਤਰਾ ਸਿਰਫ਼ ਇੱਕ ਸਮਾਗਮ ਨਹੀਂ, ਸਗੋਂ ਰਾਸ਼ਟਰ ਵਿੱਚ ਸਾਡੀ ਇੱਕਮੁੱਠ ਆਸਥਾ, ਸ਼ਹੀਦਾਂ ਪ੍ਰਤੀ ਅਟੁੱਟ ਵਫ਼ਾਦਾਰੀ ਤੇ ਸ਼ਰਧਾ ਦਾ ਪ੍ਰਤੀਕ ਬਣ ਗਈ ਹੈ।ਹਰ ਹੱਥ ਵਿੱਚ ਤਿਰੰਗਾ, ਹਰ ਅੱਖ ਵਿੱਚ ਸ਼ਰਧਾ ਤੇ ਹਰ ਦਿਲ ਵਿੱਚ ਭਾਰਤ ਮਾਤਾ ਲਈ ਅਟੁੱਟ ਪਿਆਰ ਸੀ।ਇਸ ਇਤਿਹਾਸਕ ਯਾਤਰਾ ਵਿੱਚ ਪਟਿਆਲਾ ਭਾਜਪਾ ਦੇ ਵਰਕਰਾਂ ਤੇ ਵਾਸੀਆਂ ਨੇ ਸ਼ਮੂਲੀਅਤ ਕਰਕੇ ਦੇਸ਼ ਭਗਤੀ ਦੇ ਇਸ ਸੰਕਲਪ ਨੂੰ ਹੋਰ ਮਜ਼ਬੂਤ ਕੀਤਾ।ਇਸ ਤਿਰੰਗਾ ਯਾਤਰਾ ਦੌਰਾਨ ਦੇਸ਼ ਲਈ ਜਾਨ ਵਾਰਨ ਵਾਲੇ ਸ਼ਹੀਦਾਂ ਨੂੰ ਵੀ ਸ਼ਰਧਾਂਜਲੀ ਭੇਟ ਕੀਤੀ।ਇਸ ਦੌਰਾਨ ਪਟਿਆਲਾ ਭਾਜਪਾ ਜਨਰਲ ਸਕੱਤਰ ਹਰਦੇਵ ਬੱਲੀ, ਅਤੁਲ ਜੋਸ਼ੀ, ਮੰਡਲ ਪ੍ਰਧਾਨ ਨਿਖਿਲ ਬਾਤਿਸ਼, ਕੌਂਸਲਰ ਵੰਦਨਾ ਜੋਸ਼ੀ, ਕੌਂਸਲਰ ਅਨਮੋਲ ਬਾਤਿਸ਼, ਰਿੰਕੀ ਕਪੂਰ, ਦਵਿੰਦਰ ਲਾਲੀ ਤੇ ਹਰਸਿਮਰਨ ਸਿੰਘ ਹਨੀ ਆਦਿ ਮੌਜੂਦ ਰਹੇ।

## ਡਾਕਟਰਾਂ ਖਿਲਾਫ ਹਿੰਸਾ ਨਾ ਕਬਿਲੇ ਬਰਦਾਸ਼ਤ, ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਹੋਏਗੀ : ਡਾ. ਵਿਸ਼ਨੂ ਜਿੰਜਾ

**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਵਿੱਚ ਦਿਨ-ਰਾਤ ਨਿਰੰਤਰ ਹਸਪਤਾਲ ਵਿੱਚ ਆਏ ਮਰੀਜ਼ਾਂ ਦੀ ਦੇਖ-ਭਾਲ ਕਰਦੇ ਤੇ ਉਨ੍ਹਾਂ ਦੇ ਇਲਾਜ ਵਿੱਚ ਕੋਈ ਕਸਰ ਨਾ ਛੱਡਣ ਵਾਲੇ ਡਾਕਟਰਾਂ ਖਿਲਾਫ ਮਰੀਜ਼ ਦੇ ਰਿਸ਼ਤੇਦਾਰਾਂ ਵੱਲੋਂ ਕਿਸੇ ਗੱਲ ਨੂੰ ਲੈ ਕੇ ਜੇਕਰ ਹਿੰਸਾ ਹੁੰਦੀ ਹੈ ਤਾਂ ਇਹ ਨਾ ਕਾਬਿਲੇ ਬਰਦਾਸ਼ਤ ਹੈ।ਇਹ ਗੱਲ ਅੱਜ ਪੀ ਜੀ ਆਈ ਵਿੱਚ ਇੱਕ ਡਾਕਟਰ ਖਿਲਾਫ ਹੋਈ ਹਿੰਸਾ ਦੇ ਸਬੰਧ ਵਿੱਚ ਜਥੇਬੰਦੀ ਦੇ ਪ੍ਰਧਾਨ ਡਾ. ਵਿਸ਼ਨੂੰ ਜਿੰਜਾ ਨੇ ਕਹੀ।ਪੀਜੀਆਈ ਚੰਡੀਗੜ੍ਹ ਦੇ ਰੈਜ਼ੀਡੈਂਟ ਡਾਕਟਰਾਂ ਦੀ ਸੰਸਥਾ ਏਆਰਡੀ ਬੀਤੇ ਦਿਨ ਪੀਜੀਆਈ ਸੰਸਥਾਨ ਦੇ ਨਿਓਨੇਟੋਲੋਜੀ ਯੂਨਿਟ ਵਿੱਚ ਹੋਈ ਇੱਕ ਦੁੱਖਦਾਈ ਘਟਨਾ ਤੋਂ ਬਹੁਤ ਪ੍ਰੇਸ਼ਾਨ ਤੇ ਦੁਖੀ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਬੀਤੇ ਦਿਨ ਪੀਡੀਐਟ੍ਰਿਕਸ ਵਿਭਾਗ ਦੇ ਇਕ ਜੂਨੀਅਰ ਰੈਜ਼ੀਡੈਂਟ ਡਾਕਟਰ 'ਤੇ ਜ਼ੇਰੇ ਇਲਾਜ ਇੱਕ ਬੱਚੇ ਦੇ ਅਟੈਂਡੈਂਟਸ ਵੱਲੋਂ ਸਰੀਰਕ ਹਮਲਾ ਕੀਤਾ ਗਿਆ।ਇਹ ਚੌਂਕਾਉਣ ਵਾਲਾ ਹਮਲਾ ਨਾ ਸਿਰਫ਼ ਸਿਹਤ ਸੇਵਕਾਂ ਦੀ ਸੁਰੱਖਿਆ ਲਈ ਖ਼ਤਰਾ ਹੈ, ਸਗੋਂ ਇਸ ਪਵਿੱਤਰ ਥਾਂ ਦੀ ਸ਼ਾਂਤੀ ਨੂੰ ਵੀ ਭੰਗ ਕਰਦਾ ਹੈ, ਜੋ ਰੋਗੀਆਂ ਦੀ ਸੰਭਾਲ ਲਈ ਸਮਰਪਤ ਹੈ। ਇਸ ਘਟਨਾ ਦੀ ਜਾਣਕਾਰੀ ਮਿਲਣ 'ਤੇ ਏ ਆਰ ਡੀ ਦੇ ਨੁਮਾਇੰਦੇ ਤੁਰੰਤ ਘਟਨਾ ਵਾਲੀ ਥਾਂ 'ਤੇ ਪਹੁੰਚੇ ਤਾਂ ਜੋ ਹਮਲੇ ਦਾ ਸ਼ਿਕਾਰ ਹੋਏ ਡਾਕਟਰ ਦੀ ਹੌਸਲਾ ਅਫ਼ਜ਼ਾਈ ਕੀਤੀ ਜਾ ਸਕੇ, ਉਨ੍ਹਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ ਤੇ ਕਾਨੂੰਨੀ ਕਾਰਵਾਈ ਦੀ ਸ਼ੁਰੂਆਤ ਕੀਤੀ ਜਾਵੇ।

ਘਟਨਾ ਦੀ ਤੁਰੰਤ ਸ਼ਿਕਾਇਤ ਦਰਜ ਕਰਵਾਈ ਗਈ ਤੇ ਘੱਟ ਸਮੇਂ ਵਿੱਚ ਹੀ ਦੋਸ਼ੀਆਂ ਖ਼ਿਲਾਫ਼ ਐੱਫ.ਆਈ.ਆਰ. ਦਰਜ ਹੋ ਗਈ।ਏ ਆਰ ਡੀ ਦੇ ਮੈਂਬਰਾਂ ਤੇ ਹੋਰ ਚਿੰਤਤ ਰੈਜ਼ੀਡੈਂਟ ਡਾਕਟਰਾਂ ਵੱਲੋਂ ਇਸ ਮਾਮਲੇ ਦੀ ਜਾਣਕਾਰੀ ਪੀਜੀਆਈ ਦੇ ਡਾਇਰੈਕਟਰ ਤੱਕ ਤੁਰੰਤ ਪਹੁੰਚਾਈ ਗਈ।ਘਟਨਾ ਦੀ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ ਤੇ ਡਾਇਰੈਕਟਰ ਵੱਲੋਂ ਇਹ ਭਰੋਸਾ ਦਿੱਤਾ ਗਿਆ ਕਿ ਦੋਸ਼ੀਆਂ ਖ਼ਿਲਾਫ਼ ਢਿੱਲ ਨਾ ਵਰਤਦਿਆਂ ਤੇਜ਼ ਤੇ ਠੋਸ ਕਾਰਵਾਈ ਕੀਤੀ ਜਾਵੇਗੀ ਅਤੇ ਨਿਆਂ ਮਿਲਣ ਤੱਕ ਉਹ ਖ਼ੁਦ ਪੂਰੀ ਨਿਗਰਾਨੀ ਰੱਖਣਗੇ।ਡਾ. ਵਿਸ਼ਨੂ ਜਿੰਜਾ, ਏ ਆਰ ਡੀ ਦੇ ਪ੍ਰਧਾਨ ਨੇ ਇਸ ਘਟਨਾ ਦੀ ਕੜੀ ਨਿੰਦਾ ਕੀਤੀ ਤੇ ਸੰਸਥਾ ਦੇ ਹਰ ਹਿੱਸੇ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਵਧਾਉਣ ਦੀ ਪੇਸ਼ਕਸ਼ ਕੀਤੀ।ਉਨ੍ਹਾਂ ਕਿਹਾ ਕਿ ਹੈਲਥਕੇਅਰ ਸੈੱਟਅਪ ਵਿੱਚ ਅਜਿਹੀ ਹਿੰਸਾ ਨਾ ਕਦੇ ਬਰਦਾਸ਼ਤ ਹੋਈ ਹੈ ਤੇ ਨਾ ਹੀ ਹੋਵੇਗੀ।ਡਾਕਟਰ ਇਲਾਜ ਕਰਨ ਲਈ ਹੁੰਦੇ ਹਨ, ਹਮਲੇ ਝੱਲਣ ਲਈ ਨਹੀਂ।ਹਰ ਸਿਹਤ ਕਰਮਚਾਰੀ ਦੀ ਸੁਰੱਖਿਆ 'ਤੇ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ।ਪੀ ਜੀ ਆਈ ਦੇ ਡਾਇਰੈਕਟਰ ਵੱਲੋਂ ਏ ਆਰ ਡੀ ਦੀਆਂ ਚਿੰਤਾਵਾਂ ਨੂੰ ਪੂਰੀ ਤਰ੍ਹਾਂ ਗੰਭੀਰਤਾ ਨਾਲ ਲਿਆ ਗਿਆ ਹੈ ਤੇ ਉਨ੍ਹਾਂ ਵੱਲੋਂ ਉਠਾਏ ਗਏ ਹਰ ਮਸਲੇ 'ਤੇ ਸਮੇਂ ਸਿਰ ਢੁੱਕਵੀਂ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਗਿਆ ਹੈ।

## ਚੰਨੀ ਨੂੰ ਸੰਸਦ ਰਤਨ ਐਵਾਰਡ ਮਿਲਣ 'ਤੇ ਖ਼ੁਸ਼ੀ ਦੀ ਲਹਿਰ : ਸਿੰਗਲਾ

**ਸ਼ੇਰਪੁਰ (ਰਵੀ ਟਿੱਬਾ)**-ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਸੰਸਦ ਰਤਨ ਐਵਾਰਡ 2025 ਨਾਲ ਸਨਮਾਨਤ ਕੀਤੇ ਜਾਣ 'ਤੇ ਪੰਜਾਬ ਦੇ ਹਰ ਵਰਗ ਦੇ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਠੇਕੇਦਾਰ ਸੰਜੇ ਸਿੰਗਲਾ ਨੇ ਕੀਤਾ।ਉਨ੍ਹਾਂ ਕਿਹਾ ਕਿ ਚਰਨਜੀਤ ਸਿੰਘ ਚੰਨੀ ਨੂੰ ਖੇਤੀਬਾੜੀ ਕਮੇਟੀ ਦੇ ਚੇਅਰਮੈਨ ਵਜੋਂ ਉਨ੍ਹਾਂ ਦੇ ਸ਼ਾਨਦਾਰ ਕੰਮ ਤੇ ਪ੍ਰਭਾਵਸ਼ਾਲੀ ਸੁਝਾਵਾਂ ਲਈ ਇਹ ਸਨਮਾਨ ਮਿਲਿਆ ਹੈ।ਸਿੰਗਲਾ ਨੇ ਕਿਹਾ ਕਿ ਚਰਨਜੀਤ ਸਿੰਘ ਚੰਨੀ ਵੱਲੋਂ ਭਾਰਤ ਦੀ ਲੋਕ ਸਭਾ ਵਿੱਚ ਕਿਸਾਨਾਂ, ਮਜ਼ਦੂਰਾਂ ਦੀਆਂ ਸਮੱਸਿਆਵਾਂ ਤੇ ਲੋਕਾਂ ਦੇ ਹੱਕਾਂ-ਹਕੂਕਾਂ ਲਈ ਹਮੇਸ਼ਾ ਧੜੱਲੇ ਨਾਲ ਅਵਾਜ਼ ਬੁਲੰਦ ਕੀਤੀ ਗਈ ਹੈ।ਕਿਸਾਨਾਂ ਤੇ ਮਜ਼ਦੂਰਾਂ ਦੀਆਂ ਮੰਗਾਂ-ਮਸਲਿਆਂ ਦੇ ਹੱਲ ਸਬੰਧੀ ਬਣਾਈਆਂ ਰਿਪੋਰਟਾਂ ਦੇ ਅਧਾਰ 'ਤੇ ਮੈਂਬਰ ਪਾਰਲੀਮੈਂਟ ਚਰਨਜੀਤ ਸਿੰਘ ਚੰਨੀ ਨੂੰ ਸੰਸਦ ਰਤਨ ਐਵਾਰਡ ਨਾਲ ਸਨਮਾਨਤ ਕੀਤੇ ਜਾਣ ਨਾਲ ਪੰਜਾਬ ਤੇ ਪੰਜਾਬੀਆਂ ਲਈ ਮਾਣ ਵਾਲੀ ਗੱਲ ਹੈ।

## ਕੈਲਪੁਰ 'ਚ ਮੈਲਡੇ ਗੋਤ ਦੇ ਵਡੇਰਿਆਂ ਦਾ ਸਾਲਾਨਾ ਮੇਲਾ ਕਰਾਇਆ



**ਮੁੱਲਾਂਪੁਰ ਦਾਖਾ (ਗੁਰਮੇਲ ਸਿੰਘ ਮੈਡਲੇ)**-ਮੁੱਲਾਂਪਰ ਹੰਬੜਾਂ ਰੋਡ 'ਤੇ ਸਥਿਤ ਪਿੰਡ ਕੈਲਪੁਰ ਵਿਖੇ ਮੈਲਡੇ ਗੋਤ ਦੇ ਵੱਡ-ਵਡੇਰਿਆਂ ਦੇ ਸਥਾਨ 'ਤੇ ਸਾਲਾਨਾ ਮੇਲਾ ਕਰਾਇਆ ਗਿਆ। ਪੰਜਾਬ ਦੇ ਵੱਖ-ਵੱਖ ਥਾਂਵਾਂ ਤੋਂ ਮੈਲਡੇ ਗੋਤ ਨਾਲ ਸਬੰਧਤ ਵੱਡੀ ਗਿਣਤੀ ਵਿੱਚ ਸੰਗਤਾ ਨਤ-ਮਸਤਕ ਹੋ ਕੇ ਆਪਣੀ ਸੁੱਖਾ-ਮੁਰਾਦਾ ਮੰਗੀਆ ਅਤੇ ਜਿੰਨ੍ਹਾ ਦੀ ਸੁੱਖਾ ਪੂਰੀਆ ਹੋਈਆ ਉਹਨਾ ਵੱਲੋ ਕੀਮਤੀ ਵਸਤਰ, ਲੰਗਰ ਦੀ ਸਮੱਗਰੀ ਤੇ ਮਾਇਆ ਦਾ ਚੜ੍ਹਾਵਾ ਭੇਟ ਕੀਤਾ ਗਿਆ। ਸਵੇਰੇ 7 ਵਜੇ ਤੋਂ ਸ਼ਾਮ 5 ਵਜੇ ਤੱਕ ਸੰਗਤਾਂ ਬਾਬਾ ਜੀ ਦੇ ਸਥਾਨ 'ਤੇ ਪਹੁੰਚਦੀਆਂ ਰਹੀਆਂ। ਸੰਗਤਾਂ ਵਾਸਤੇ ਗੁਰੂ ਕਾ ਲੰਗਰ, ਚਾਹ ਪਾਣੀ ਅਤੁੱਟ ਵਰਤਾਇਆ ਗਿਆ। ਮੇਲੇ 'ਚ ਛੋਟੇ ਦੁਕਾਨਦਾਰਾ ਵੱਲੋਂ ਖਿਡਾਉਣੇ ਤੇ ਘਰੇਲੂ ਸਮਾਨ ਦੀਆਂ ਦੁਕਾਨਾਂ ਲਾਈਆਂ ਗਈਆਂ। ਲੋਕਾਂ ਨੇ ਖੂਬ ਖਰੀਦਦਾਰੀ ਕੀਤੀ। ਸੰਤ ਬਾਬਾ ਸੱਤਿਆ ਨੰਦ ਭੂਰੀ ਵਾਲੇ ਪ੍ਰਬੰਧਕ ਕਮੇਟੀ ਦੇ ਸੇਵਾਦਾਰ ਲਖਵੀਰ ਸਿੰਘ ਲਾਡੀ ਪ੍ਰਧਾਨ, ਜਸਵੰਤ ਸਿੰਘ ਰਾਣਾ ਖਜ਼ਾਨਚੀ, ਕੇਵਲ ਸਿੰਘ, ਡਾ. ਹਰਜਿੰਦਰ ਸਿੰਘ, ਮਨਪ੍ਰੀਤ ਸਿੰਘ, ਚਰਨ ਸਿੰਘ, ਆਤਮਾ ਸਿੰਘ, ਹਰਬੰਸ ਸਿੰਘ ਫੌਜੀ, ਦਰਸ਼ਨ ਸਿੰਘ, ਲਾਭ ਸਿੰਘ ਤੇ ਪਿੰਡ ਕੈਲਪੁਰ ਦੀ ਸੰਗਤ ਵੱਲੋਂ ਬਾਹਰੋ ਆਈ ਸੰਗਤ ਦੀ ਮਨ ਲਾ ਕੇ ਸੇਵਾ ਕੀਤੀ ਤੇ ਸ਼ਾਮਾ ਤੱਕ ਸੰਗਤ ਇਸ ਮੇਲੇ ਵਿੱਚ ਆਉਂਦੀ ਜਾਂਦੀ ਰਹੀ। ਪ੍ਰਬੰਧਕ ਕਮੇਟੀ ਵੱਲੋਂ ਬਾਹਰੋਂ ਆਈਆਂ ਸੰਗਤਾਂ ਦਾ ਤੇ ਪਿੰਡ ਦੇ ਸੇਵਾਦਾਰਾਂ ਦਾ ਧੰਨਵਾਦ ਕੀਤਾ ਅਤੇ ਸਿਰੋਪੇ ਦੇ ਕੇ ਮਾਣ ਵਧਾਇਆ ਗਿਆ।

## ਟੂਟੀਆਂ 'ਚ ਆ ਰਹੇ ਗੰਦੇ ਪਾਣੀ ਨੇ ਮਚਾਈ ਹਾਹਾਕਾਰ

### ਭਾਰਤੀਯ ਅੰਬੇਡਕਰ ਮਿਸ਼ਨ ਨੇ ਡੀ ਸੀ ਦੇ ਨਾਂਅ ਦਿੱਤਾ ਮੰਗ ਪੱਤਰ



**ਸੰਗਰੂਰ (ਪ੍ਰਵੀਨ ਸਿੰਘ)**-ਸ਼ਹਿਰ ਅੰਦਰ ਆ ਰਹੀ ਪਾਣੀ ਦੀ ਸਮੱਸਿਆ ਨੂੰ ਲੈ ਕੇ ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਵੱਲੋਂ ਕੌਮੀ ਪ੍ਰਧਾਨ ਸ੍ਰੀ ਦਰਸ਼ਨ ਸਿੰਘ ਕਾਂਗੜਾ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਸੰਗਰੂਰ ਦੇ ਨਾਮ ਤਹਿਸੀਲਦਾਰ ਸੰਗਰੂਰ ਨੂੰ ਇੱਕ ਮੰਗ ਪੱਤਰ ਸੌਂਪਿਆ। ਇਸ ਮੌਕੇ ਸ੍ਰੀ ਦਰਸ਼ਨ ਕਾਂਗੜਾ ਕੌਮੀ ਪ੍ਰਧਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹਿਰ ਦੇ ਸਲੱਮ ਏਰੀਏ ਅੰਦਰ ਪੀਣ ਵਾਲੇ ਪਾਣੀ ਦੀ ਸਮੱਸਿਆ ਨੂੰ ਲੈ ਕੇ ਹਾਹਾਕਾਰ ਮਚੀ ਹੋਈ ਹੈ।ਜ਼ਿਆਦਾਤਰ ਮੁਹੱਲਿਆਂ ਵਿੱਚ ਲੋਕ ਪੀਣ ਲਈ ਪਾਣੀ ਦੀ ਬੂੰਦ-ਬੂੰਦ ਨੂੰ ਤਰਸ ਰਹੇ ਹਨ। ਉਨ੍ਹਾਂ ਕਿਹਾ ਕਿ ਕੁੱਝ ਏਰੀਏ ਵਿੱਚ ਜੇਕਰ ਪਾਣੀ ਆ ਰਿਹਾ ਹੈ, ਤਾਂ ਉਹ ਵੀ ਬਹੁਤ ਹੀ ਗੰਧਲਾ ਤੇ ਬਦਬੂ ਵਾਲਾ ਹੈ, ਜੋ ਇੰਨਸਾਨ ਤਾਂ ਦੂਰ ਪਸ਼ੂਆਂ ਦੇ ਵੀ ਪੀਣ ਯੋਗ ਨਹੀਂ ਹੈ, ਜਿਸ ਦੇ ਚਲਦਿਆਂ ਲੋਕ ਬਾਹਰੋਂ ਆਪਣੀ ਤਰਫੋਂ ਮੁੱਲ ਪਾਣੀ ਦੇ ਟੈਂਕਰ ਮੰਗਵਾ ਕੇ ਕੰਮ ਚਲਾ ਰਹੇ ਹਨ। ਸ੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਸੂਬੇ ਦੀ ਸਰਕਾਰ ਆਪਣੀਆਂ ਮੁੱਢਲੀਆਂ ਜ਼ਿੰਮੇਵਾਰੀਆਂ ਤੋਂ ਭੱਜ ਰਹੀ ਹੈ, ਜਿਸ ਕਾਰਨ ਲੋਕਾਂ ਨੂੰ ਵੱਡੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਕੌਮੀ ਪ੍ਰਧਾਨ ਨੇ ਕਿਹਾ ਕਿ ਜੇਕਰ ਸਰਕਾਰ ਨੇ ਲੋਕਾਂ ਦੀ ਇਸ ਅਹਿਮ ਸਮੱਸਿਆ ਦਾ ਹੱਲ ਨਾ ਕੀਤਾ ਤਾਂ ਸ਼ਹਿਰ ਵਾਸੀਆਂ ਨੂੰ ਨਾਲ ਲੈ ਕੇ ਸਰਕਾਰ ਖ਼ਿਲਾਫ਼ ਵੱਡਾ ਅੰਦੋਲਨ ਕੀਤਾ ਜਾਵੇਗਾ। ਇਸ ਮੌਕੇ ਜਗਸੀਰ ਸਿੰਘ ਖੈੜੀਚੰਦਵਾ, ਮਨੋਜ ਕੁਮਾਰ ਪ੍ਰਧਾਨ, ਸਾਜਨ ਕਾਂਗੜਾ ਚੇਅਰਮੈਨ, ਹਰਵਿੰਦਰ ਸਿੰਘ ਹੈਪੀ, ਕਮਲ ਜੰਡੂ, ਸੁਨੀਲ ਕੁਮਾਰ ਆਦਿ ਹਾਜ਼ਰ ਸਨ।

## ਹੌਲਦਾਰ ਸੁੱਖਜੰਟ ਸਿੰਘ ਭੁੱਲਰ ਚੰਗੀਆਂ ਸੇਵਾਵਾਂ ਲਈ ਸਨਮਾਨਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਜ਼ਿਲ੍ਹਾ ਫਿਰੋਜ਼ਪੁਰ ਦੇ ਸੀਆਈਏ ਸਟਾਫ ਵਿੱਚ ਤੈਨਾਤ ਹੌਲਦਾਰ ਸੁੱਖਜੰਟ ਸਿੰਘ ਭੁੱਲਰ ਨੂੰ ਡਿਊਟੀ ਦੌਰਾਨ ਦਿਖਾਈ ਚੁਸਤਤਾ, ਇਮਾਨਦਾਰੀ ਤੇ ਸਮਰਪਣ ਭਰੀ ਸੇਵਾਵਾਂ ਲਈ ਡਿਪਟੀ ਇੰਸਪੈਕਟਰ ਜਨਰਲ (ਡੀਆਈਜੀ) ਫਿਰੋਜ਼ਪੁਰ ਰੇਂਜ ਵੱਲੋਂ ਕੈਸ਼ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਹੌਲਦਾਰ ਭੁੱਲਰ ਨੇ ਇਲਾਕੇ ਵਿੱਚ ਨਸ਼ਾ ਤਸਕਰੀ ਤੇ ਹੋਰ ਗੈਰਕਾਨੂੰਨੀ ਗਤੀਵਿਧੀਆਂ ਵਿਰੁੱਧ ਕਈ ਮੁਹਿੰਮਾਂ ਰਾਹੀਂ ਅਹਿਮ ਭੂਮਿਕਾ ਨਿਭਾਈ ਹੈ। ਉਨ੍ਹਾਂ ਦੀ ਕਾਰਗੁਜ਼ਾਰੀ ਦੇ ਨਤੀਜੇ ਵਜੋਂ ਕਈ ਅਪਰਾਧੀਆਂ ਨੂੰ ਗ੍ਰਿਫ਼ਤਾਰ ਕਰਕੇ ਇਲਾਕੇ ਵਿੱਚ ਕਾਨੂੰਨ-ਵਿਵਸਥਾ ਨੂੰ ਮਜ਼ਬੂਤੀ ਮਿਲੀ ਹੈ। ਡੀਆਈਜੀ ਨੇ ਹੌਲਦਾਰ ਭੁੱਲਰ ਦੀ ਤਾਰੀਫ਼ ਕਰਦਿਆਂ ਕਿਹਾ ਕਿ ਉਹ ਸਾਰੇ ਵਿਭਾਗ ਲਈ ਇੱਕ ਪ੍ਰੇਰਨਾ ਹਨ। ਹੌਲਦਾਰ ਭੁੱਲਰ ਨੇ ਸਨਮਾਨ ਮਿਲਣ 'ਤੇ ਆਪਣੇ ਸਾਥੀਆਂ ਤੇ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਭਵਿੱਖ ਵਿਚ ਵੀ ਲੋਕਾਂ ਦੀ ਸੇਵਾ ਲਈ ਪੂਰੇ ਜਜ਼ਬੇ ਨਾਲ ਕੰਮ ਕਰਦੇ ਰਹਿਣਗੇ। ਇਹ ਸਨਮਾਨ ਨਾ ਸਿਰਫ਼ ਉਨ੍ਹਾਂ ਦੀ ਵਿਅਕਤੀਗਤ ਜਿੱਤ ਹੈ, ਸਗੋਂ ਪੁਲਸ ਵਿਭਾਗ ਵਿੱਚ ਚੰਗੇ ਕੰਮ ਦੀ ਹੌਸਲਾ ਅਫ਼ਜ਼ਾਈ ਵੱਲ ਵੀ ਇੱਕ ਵਧੀਆ ਕਦਮ ਹੈ।


### ਉੱਤਰ ਰੇਲਵੇ

**ਟੈਂਡਰ ਸੂਚਨਾ**

**ਭੰਡਾਰ ਦੀ ਆਪੂਰਤੀ ਲਈ ਮੰਗ ਟੈਂਡਰ ਇਲੈਕਟ੍ਰੋਨਿਕ ਟੈਂਡਰ ਈ ਪ੍ਰਣਾਲੀ ਦੇ ਅੰਤਰਗਤ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀ. ਮੰਡਲ ਸਾਮਗਰੀ ਪ੍ਰਬੰਧਕ/ਉੱਤਰ ਰੇਲਵੇ/ਭੰਡਾਰ ਬਰਾਂਚ/ਫ਼ਿਰੋਜ਼ਪੁਰ ਦੁਵਾਰਾ ਸੰਭਰਣਕਰਤਾਵਾਂ ਤੋਂ ਹੇਠਾ ਲਿਖੇ ਮਦਾਂ ਦੇ ਲਈ ਟੈਂਡਰ ਮੰਗ ਕੀਤੀ ਜਾਂਦੀ ਹੈ:-

| ਲ. ਨੰ: | ਟੈਂਡਰ ਨੰਬਰ | ਮਾਲ ਦਾ ਵੇਰਵਾ | ਮਾਤਰਾ | ਟੈਂਡਰ ਖੁਲਣ ਦੀ ਮਿਤੀ |
|---|---|---|---|---|
| 01 | 94255272 | TRACK GUIDE for BWTB type wagons As per RDSO Drg No.WD00009-S-73, item No.2 | 650 NOS | 29.05.2025 |

**ਟੈਂਡਰ ਸ਼ਰਤਾਂ-** ireps ਦੀ ਵੈਬਸਾਈਟ **www.ireps.gov.in** ਉਤੇ ਉਪਲਬਧ ਹੈ। ਸਾਰੇ ਇਛੁਕ ਵਿਕ੍ਰੇਤਾਵਾਂ ਨੂੰ ਈ-ਟੈਂਡਰ ਵਿਚ ਭਾਗ ਲੈਣਾ ਅਤੇ ਰਜਿਸਟਰਡ ਕਰਾਣ ਦੇ ਲਈ ਭਾਰਤ ਸਰਕਾਰ ਆਈ ਟੀ ਅਧਿਨਿਯਮ 2000 ਦੇ ਤਹਿਤ ਪ੍ਰਾਧਿਕ੍ਰਿਤ ਪ੍ਰਮਾਣਿਤ ਏਜੰਸੀ ਤੋਂ ਕਲਾਸ - III ਡਿਜੀਟਲ ਪ੍ਰਮਾਣ ਪੱਤਰ (ਜੇਕਰ ਪਹਿਲਾ ਤੋਂ ਪ੍ਰਾਪਤ ਨਹੀ ਕੀਤਾ ਹੈ) ਪ੍ਰਾਪਤ ਕਰਨਾ ਹੋਵੇਗਾ। ਹੱਥ ਨਾਲ ਲਿਖੀ ਟੈਂਡਰ ਸਵੀਕਾਰ ਨਹੀਂ ਕੀਤੀ ਜਾਵੇਗੀ। **ਟੈਂਡਰ ਨੋਟਿਸ ਨੰ: 01/2025-26 ਮਿਤੀ : 09.05.2025**

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 1516/25

### ਉਤਰ ਰੇਲਵੇ

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉਤਰ ਰੇਲਵੇ, ਫਿਰੋਜਪੁਰ ਦੁਆਰਾ ਹੇਠਾਂ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਗਈ ਹੈ:

**ਨੀਲਾਮੀ ਸੂਚੀ ਨੰ. : EAFZR-PnU25-9**
**ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ: 06/06/2025 ਨੂੰ 11:00 ਵਜੇ**
**ਕੰਮ ਦਾ ਨਾਮ :** ਫਿਲੌਰ, ਬਟਾਲਾ ਅਤੇ ਮੁਕਤਸਰ ਰੇਲਵੇ ਸਟੇਸ਼ਨਾਂ ਤੇ ਪੇ ਐਂਡ ਯੂਜ ਸ਼ੌਚਾਲਯਾਂ ਦੇ ਸੰਚਾਲਨ ਅਤੇ ਰਖਰਖਾਅ ਦੇ ਲਈ ਕਾਂਟਰੈਕਟ ਦਾ ਅਲਾਟਮੈਂਟ।

**ਨੀਲਾਮੀ ਸੂਚੀ ਨੰ.: EAFZR-CTG25-16**
**ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ: 06/06/2025 ਨੂੰ 11:30 ਵਜੇ**
**ਕੰਮ ਦਾ ਨਾਮ :** ਖੇਮਕਰਨ, ਮੁਕਤਸਰ, ਤਰਨਤਾਰਨ, ਕਰਤਾਰਪੁਰ, ਆਰਸੀਐਫ-ਕਪੂਰਥਲਾ ਹਾਲਟ ਅਤੇ ਕੋਟਕਪੁਰਾ ਰੇਲਵੇ ਸਟੇਸ਼ਨਾਂ ਤੇ ਕੈਟਰਿੰਗ ਸਟਾਲ ਦਾ ਠੇਕੇ ਤੇ ਅਲਾਟਮੈਂਟ।

**ਨੀਲਾਮੀ ਸੂਚੀ ਨੰ. : EAFZR-MIS25-9**
**ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ:09/06/2025 ਨੂੰ 11:30 ਵਜੇ**
**ਕੰਮ ਦਾ ਨਾਮ :** 1. ਰੇਲਵੇ ਸਟੇਸ਼ਨ ਫਿਰੋਜਪੁਰ ਕੈਂਟ ਤੇ ਪਲਾਸਟਿਕ ਬੋਤਲ ਕ੍ਰਸ਼ਿੰਗ ਮਸ਼ੀਨ ਦੀ ਸਥਾਪਨਾ, ਸੰਚਾਲਨ ਅਤੇ ਰਖਰਖਾਅ ਅਤੇ ਉਸ ਤੇ ਵਾਣਿਜਕ ਪ੍ਰਚਾਰ ਅਧਿਕਾਰਾਂ ਦੇ ਲਈ ਠੇਕੇ ਦਾ ਅਲਾਟਮੈਂਟ। 2. ਫਰੀਦਕੋਟ, ਫਿਲੌਰ, ਫਿਰੋਜਪੁਰ ਕੈਂਟ, ਅੰਮ੍ਰਿਤਸਰ ਅਤੇ ਫਗਵਾੜਾ ਰੇਲਵੇ ਸਟੇਸ਼ਨਾਂ ਤੇ ਵਾਟਰ ਵੇਂਡਿੰਗ ਮਸ਼ੀਨਾਂ ਦੇ ਪ੍ਰਾਵਧਾਨ ਅਤੇ ਸੰਚਾਲਨ ਦੇ ਲਈ ਠੇਕੇ ਦਾ ਅਲਾਟਮੈਂਟ।

**ਨੀਲਾਮੀ ਸੂਚੀ ਨੰ.: EAFZR-CTG25-17**
**ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ: 09/06/2025 ਨੂੰ 12:30 ਵਜੇ**
**ਕੰਮ ਦਾ ਨਾਮ :** ਸਾਹਨੇਵਾਲ, ਨਵਾਂ ਸ਼ਹਿਰ ਦੋਆਬਾ, ਨਕੋਦਰ, ਵੇਰਕਾ, ਜਗਰਾਉਂ, ਫਿਰੋਜਪੁਰ ਸਿਟੀ, ਫਾਜਿਲਕਾ ਅਤੇ ਸੁਲਤਾਨਪੁਰ ਲੋਧੀ ਰੇਲਵੇ ਸਟੇਸ਼ਨਾਂ ਤੇ ਕੈਟਰਿੰਗ ਸਟਾਲ ਦਾ ਠੇਕੇ ਦਾ ਅਲਾਟਮੈਂਟ।

ਵਿਸਤ੍ਰਿਤ ਜਾਣਕਾਰੀ ਅਤੇ ਪੰਜੀਕਰਨ ਦੇ ਲਈ, ਕਿਰਪਾ ਰੇਲਵੇ ਦੀ ਵੈਬਸਾਈਟ www.ireps.gov.in 'ਤੇ ਜਾਓ।
**ਨੰਬਰ: MC/38015/Pub/E-Auction/FZR/22 ਮਿਤੀ: 23/05/2025** 1523/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਐਲ ਪੀ ਯੂ ਨੇ ਸਕੂਲ ਮਹੇੜੂ ਵਿਖੇ ਲਗਾਇਆ ਅੱਖਾਂ ਤੇ ਸਿਹਤ ਜਾਂਚ ਦਾ ਫ੍ਰੀ ਕੈਂਪ

**ਫਗਵਾੜਾ (ਡਾ. ਰਮਨ)**- ਭਾਰਤ ਸਰਕਾਰ ਦੇ ਡਿਪਾਰਟਮੈਂਟ ਆਫ ਸਾਇੰਸ ਐਂਡ ਟੈਕਨਾਲੋਜੀ (ਡੀ.ਐਸ.ਟੀ.) ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਵਲੋਂ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ.ਪੀ.ਯੂ.) ਦੇ ਸਹਿਯੋਗ ਨਾਲ ਚਲਾਏ ਜਾ ਰਹੇ ਸਿੱਖਿਆ, ਸਿਹਤ ਅਤੇ ਰੁਜ਼ਗਾਰ ਪ੍ਰੋਜੈਕਟਾਂ ਅਧੀਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਹੇੜੂ ਵਿਖੇ ਵਿਦਿਆਰਥੀਆਂ ਦੀਆਂ ਅੱਖਾਂ ਅਤੇ ਸਿਹਤ ਜਾਂਚ ਦਾ ਫ੍ਰੀ ਕੈਂਪ ਲਗਾਇਆ ਗਿਆ। ਐਲ.ਪੀ.ਯੂ. ਦੀ ਟੀਮ ਵਜੋਂ ਡਾ. ਗੀਤਾ ਅਰੋੜਾ, ਡਾ. ਵੰਦਨਾ ਛਾਬੜਾ ਅਤੇ ਡਾ. ਮਨਵੀਰ ਕੌਰ ਦੀ ਦੇਖ-ਰੇਖ ਹੇਠ ਆਯੋਜਿਤ ਇਸ ਕੈਂਪ 'ਚ ਫਗਵਾੜਾ ਦੀ ਸਮਾਜ ਸੇਵੀ ਜੱਥੇਬੰਦੀ ਸਰਬ ਨੌਜਵਾਨ ਸਭਾ ਦਾ ਵੀ ਸਹਿਯੋਗ ਰਿਹਾ। ਕੈਂਪ ਦੌਰਾਨ ਅੱਖਾਂ ਦੇ ਮਾਹਿਰ ਡਾ. ਤੁਸ਼ਾਰ ਅਗਰਵਾਲ ਅਤੇ ਡਾ. ਸਰਬਜੀਤ ਸਿੰਘ (ਸਰਜਨ, ਜਲੰਧਰ) ਨੇ ਮੁੱਖ ਮਹਿਮਾਨਾਂ ਵਜੋਂ ਸ਼ਿਰਕਤ ਕੀਤੀ। ਇਸ



ਦੌਰਾਨ ਡਾ. ਤੁਸ਼ਾਰ ਅਗਰਵਾਲ ਦੀ ਦੇਖ-ਰੇਖ ਹੇਠ ਉਹਨਾਂ ਦੇ ਹਸਪਤਾਲ ਦੀ ਮਾਹਿਰ ਟੀਮ ਨੇ ਕਰੀਬ 150 ਵਿਦਿਆਰਥੀਆਂ ਦੀਆਂ ਅੱਖਾਂ ਦੀ ਜਾਂਚ ਕੀਤੀ ਅਤੇ ਅੱਖਾਂ ਦੀ ਸੰਭਾਲ ਬਾਰੇ ਜਾਗਰੂਕ ਕੀਤਾ। ਡਾ. ਸਰਬਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸਿਹਤ ਸੰਬੰਧੀ ਸਮੱਸਿਆਵਾਂ ਅਤੇ ਬਿਮਾਰੀਆਂ ਤੋਂ ਬਚਾਅ ਲਈ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਤੋਂ ਜਾਣੂ ਕਰਵਾਇਆ। ਡਾ. ਗੀਤਾ ਅਰੋੜਾ, ਡਾ. ਵੰਦਨਾ ਛਾਬੜਾ ਅਤੇ ਡਾ. ਮਨਵੀਰ ਕੌਰ ਨੇ ਵੀ ਵਿਦਿਆਰਥੀਆਂ ਨੂੰ ਸਿਹਤ ਸੰਭਾਲ ਸਬੰਧੀ ਜਾਣਕਾਰੀ ਦਿੱਤੀ। ਸਕੂਲ ਇੰਚਾਰਜ ਹਰਦੀਪ ਕੌਰ, ਲਖਵੀਰ ਚੰਦ, ਰੀਨਾ ਕੁਮਾਰੀ, ਸੰਗੀਤਾ ਬੰਗੜ ਅਤੇ ਮਨਰਾਜ ਕੌਰ ਨੇ ਐਲ.ਪੀ.ਯੂ. ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਐਲ.ਪੀ.ਯੂ. ਦੀ ਟੀਮ ਨੇ ਮੈਡਮ ਨਵਜੋਤ ਕੌਰ ਅਤੇ ਕੁਮਾਰੀ ਕੋਮਲਪ੍ਰੀਤ ਕੌਰ ਦਾ ਖਾਸ ਤੌਰ 'ਤੇ ਧੰਨਵਾਦ ਕੀਤਾ।

## ਸ੍ਰੀ ਗੁਰੂ ਅਰਜਨ ਦੇਵ ਦੇ ਸ਼ਹੀਦੀ ਪੁਰਬ ਨੂੰ ਸਮਰਪਤ ਸ਼ਾਮ ਦੇ ਕੀਰਤਨ ਸਮਾਗਮ ਦੀ ਲੜੀ ਜਾਰੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)**- ਸ਼ਹੀਦਾਂ ਦੇ ਸਿਰਤਾਜ ਪੰਚਮ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪਰਬ ਨੂੰ ਸਮਰਪਤ ਨਿਰਬਾਣ ਕੀਰਤਨੀ ਜਥਾ ਹੁਸ਼ਿਆਰਪੁਰ ਵੱਲੋਂ ਸ਼ਾਮ ਦੇ ਅਖੰਡ ਕੀਰਤਨ ਸਮਾਗਮਾਂ ਦੀ ਆਰੰਭ ਹੋਈ ਲੜੀ ਤਹਿਤ ਗੁਰਪੁਰਵਾਸੀ ਅਜਵਿੰਦਰ ਸਿੰਘ ਦੇ ਪਰਵਾਰ ਗੁਰਪ੍ਰੀਤ ਸਿੰਘ ਪ੍ਰਧਾਨ ਸਿੱਖ ਵੈਲਫੇਅਰ ਸੋਸਾਇਟੀ ਹੁਸ਼ਿਆਰਪੁਰ ਵੱਲੋਂ ਮਾਡਲ ਟਾਊਨ ਹੁਸ਼ਿਆਰਪੁਰ, ਪ੍ਰਬੰਧਕ ਕਮੇਟੀ ਗੁਰਦੁਆਰਾ ਸ੍ਰੀ ਹਰਿ ਜੀ ਸਹਾਇ, ਗੁਰਦੁਆਰਾ ਸਾਹਿਬਜ਼ਾਦਾ ਅਜੀਤ ਸਿੰਘ ਮੁਹੱਲਾ ਅਜੀਤ ਸਿੰਘ ਨਗਰ, ਇਕਬਾਲ ਸਿੰਘ ਖਾਲਸਾ ਕਲਾਥ ਹਾਊਸ ਮਾਡਲ ਟਾਊਨ, ਗੁਰਦੁਆਰਾ ਸਿੰਘ ਸਭਾ ਅਜਵਾਲ, ਤਪ ਸਥਾਨ ਬਾਬਾ ਸ੍ਰੀ ਚੰਦ ਡੇਰਾ ਬਾਬਾ ਚਰਨ ਸ਼ਾਹ ਬਹਾਦਰਪੁਰ, ਗੁਰਦੁਆਰਾ ਗੁਰੂ ਨਾਨਕ ਦਰਬਾਰ ਰੇਲਵੇ ਮੰਡੀ ਹੁਸ਼ਿਆਰਪੁਰ ਵਿਖੇ ਅਖੰਡ ਕੀਰਤਨ ਸਮਾਗਮ ਕਰਵਾਏ ਗਏ । ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸਰਪ੍ਰਸਤੀ ਹੇਠ ਸੰਧਿਆ ਵੇਲੇ ਦੇ ਨਿਤਨੇਮ ਦੀ ਬਾਣੀ ਸ੍ਰੀ ਰਹਿਰਾਸ ਸਾਹਿਬ ਦੇ ਜਾਪ ਉਪਰੰਤ ਆਰੰਭ ਹੋਏ ਇਸ ਕੀਰਤਨ ਸਮਾਗਮ ਵਿੱਚ ਭਾਈ ਗੁਰਪ੍ਰੀਤ ਸਿੰਘ ਸ਼ਿਮਲੇ ਵਾਲੇ, ਭਾਈ ਹਰਚੰਦ ਸਿੰਘ ਜੇਟੀਓ, ਭਾਈ ਕੁਲਦੀਪ ਸਿੰਘ ਜਲੰਧਰ, ਭਾਈ ਦਵਿੰਦਰ ਸਿੰਘ, ਭਾਈ ਹਰਦੀਪ ਸਿੰਘ, ਭਾਈ



ਰਮਨਦੀਪ ਸਿੰਘ ਪ੍ਰਿੰਸ, ਭਾਈ ਅਵਤਾਰ ਸਿੰਘ, ਭਾਈ ਗੁਰਪ੍ਰੀਤ ਸਿੰਘ, ਭਾਈ ਚਰਨਜੀਤ ਸਿੰਘ,ਭਾਈ ਯੁੱਧਵੀਰ ਸਿੰਘ, ਭਾਈ ਲਖਵੀਰ ਸਿੰਘ, ਅੰਮ੍ਰਿਤਪ੍ਰੀਤ ਸਿੰਘ ਅਤੇ ਹੋਰ ਜਥਿਆਂ ਵੱਲੋਂ ਧੁਰ ਕੀ ਬਾਣੀ ਦਾ ਰਸਭਿੰਨਾ ਕੀਰਤਨ ਕੀਤਾ ਗਿਆ। ਇਸ ਮੌਕੇ ਨਿਰਬਾਣ ਕੀਰਤਨੀ ਜਥਾ ਹੁਸ਼ਿਆਰਪੁਰ ਵੱਲੋਂ ਗੁਰਪ੍ਰੀਤ ਸਿੰਘ ਪ੍ਰਧਾਨ ਸਿੱਖ ਵੈਲਫੇਅਰ ਸੋਸਾਇਟੀ ਹੁਸ਼ਿਆਰਪੁਰ ਅਤੇ ਇਕਬਾਲ ਸਿੰਘ ਅਤੇ ਭਗਵੰਤ ਸਿੰਘ ਖਾਲਸਾ ਪਰਵਾਰ ਅਤੇ ਹੋਰ ਪਰਵਾਰਾਂ ਦੇ ਮੁਖੀਆਂ ਨੂੰ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸੇ ਤਰ੍ਹਾਂ ਨਿਰਬਾਣ ਕੀਰਤਨੀ ਜਥਾ ਹੁਸ਼ਿਆਰਪੁਰ ਦੇ ਮੁੱਖ ਸੇਵਾਦਾਰ ਚਰਨਜੀਤ ਸਿੰਘ ਖਾਲਸਾ ਨੂੰ ਸਿਰੋਪਾਓ ਨਾਲ ਸਨਮਾਨਤ ਕੀਤਾ। ਮੰਚ ਸੰਚਾਲਨ ਭਾਈ ਹਰਚੰਦ ਸਿੰਘ ਜੇ ਟੀ ਓ ਵੱਲੋਂ ਕੀਤਾ ਗਿਆ । ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਤ ਪ੍ਰਿਤਪਾਲ ਸਿੰਘ ਮਿੱਠਾ ਟਿਵਾਣਾ, ਸੰਤ ਅਜੀਤ ਸਿੰਘ ਮਿੱਠਾ ਟਿਵਾਣਾ, ਜਥੇਦਾਰ ਬਾਬਾ ਗੁਰਦੇਵ ਸਿੰਘ ਮੁਖੀ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਤਰਨਾ ਦਲ, ਸੰਤ ਹਰਦੇਵ ਸਿੰਘ ਤਲਵੰਡੀ ਅਰਾਈਆਂ, ਸੰਤ ਬਲਵੀਰ ਸਿੰਘ ਹਰਿਆਣਾ, ਸੰਤ ਮਹਾਵੀਰ ਸਿੰਘ ਤਾਜੇਵਾਲ, ਸੰਤ ਕਰਮਜੀਤ ਸਿੰਘ ਟਿੱਬਾ ਸਾਹਿਬ ਸੰਤ ਬਲਵੀਰ ਸਿੰਘ ਟਿੱਬਾ ਸਾਹਿਬ, ਸੰਤ ਜੈ ਰਾਮ ਦਾਸ ਜੀ ਠਾਕਰ ਦੁਆਰ ਸਾਹਰੀ, ਹਰਦੇਵ ਸਿੰਘ ਕੌਂਸਲ ਪ੍ਰਧਾਨ ਰਾਮਗੜ੍ਹੀਆ ਸਿੱਖ ਆਰਗੇਨਾਈਜ਼ੇਸ਼ਨ ਇੰਡੀਆ, ਗੁਰਦੇਵ ਸਿੰਘ ਐਕਸੀਅਨ ਰਿਟਾ, ਇੰਜ. ਬਲਜੀਤ ਸਿੰਘ ਪਨੇਸਰ ਐਕਸੀਅਨ ਰਿਟਾ., ਹਰਦੀਪ ਸਿੰਘ ਰਾਜੂ, ਦਰਸ਼ਨ ਸਿੰਘ ਪਲਾਹਾ ਪ੍ਰਧਾਨ ਗੁਰਦੁਆਰਾ ਸ੍ਰੀ ਹਰਿ ਜੀ ਸਹਾਇ ਅਤੇ ਹੋਰ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਹੋਈਆਂ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## ਕਿਰਤੀ ਕਿਸਾਨ ਯੂਨੀਅਨ ਦੇ ਯੂਨਿਟ ਦੀ ਮੀਟਿੰਗ ਹੋਈ

**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਇੱਥੇ ਪਿੰਡ ਸੈਖੂਪੁਰ ਵਿਚ ਕਿਰਤੀ ਕਿਸਾਨ ਯੂਨੀਅਨ ਦੇ ਯੂਨਿਟ ਦੀ ਮੀਟਿੰਗ ਹੋਈ ਜਿਸ ਵਿਚ ਨਵੀਂ ਮੈਂਬਰਸ਼ਿਪ ਕਰਕੇ ਪਿੰਡ



ਕਮੇਟੀ ਦੀ ਚੋਣ ਕੀਤੀ ਗਈ ਜਿਸ ਵਿੱਚ ਪ੍ਰਧਾਨ ਜਸਵਿੰਦਰ ਸਿੰਘ ਬਿੱਕਰ ਸਿੰਘ ਸੈਖੂਪੁਰ ਸਕੱਤਰ ਸੰਤੋਖ ਸਿੰਘ ਖਜਾਨਚੀ ਹਰਦੇਵ ਸਿੰਘ ਮੀਤ ਪ੍ਰਧਾਨ ਜੁਗਿੰਦਰ ਜਤਿੰਦਰ ਸਿੰਘ ਬਲਵਿੰਦਰ ਜੀਤ ਸਿੰਘ ਕਮੇਟੀ ਮੈਂਬਰ ਚੁਣੇ ਗਏ ਪਿੰਡ ਵਾਸੀ ਜਸਵੀਰ ਸਿੰਘ ਮਨਦੀਪ ਸਿੰਘ ਅਮਰਜੀਤ ਸਿੰਘ ਘੁੰਮਣ ਸਿੰਘ ਡਾਕਟਰ ਨਿੰਦਰ ਸਿੰਘ ਤੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ ਤੇ ਬਲਾਕ ਪ੍ਰਧਾਨ ਕੁਲਵੀਰ ਸਿੰਘ ਸਾਹ ਪੁਰ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ ਮਤਾ ਪਾਸ ਕੀਤਾ ਗਿਆ ਕਿ ਜੋ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਜਬਰ ਵਿਰੁੱਧ ਸੰਗਰੂਰ ਵਿਖੇ ਰੈਲੀ ਹੋ ਰਹੀ ਹੈ ਪਿੰਡ ਵਾਸੀ ਵੱਡੀ ਗਿਣਤੀ ਵਿਚ ਸ਼ਾਮਿਲ ਹੋਣਗੇ ਤੇ ਮੋਦੀ ਸਰਕਾਰ ਦੇ ਪੁਤਲੇ ਫੂਕੇ ਜਾਣਗੇ ਕਿਉਂਕਿ ਮੋਦੀ ਪੰਜਾਬ ਦੇ ਪਾਣੀਆਂ 'ਤੇ ਜ਼ਬਰੀ ਕਬਜ਼ਾ ਕਰਨ ਲਈ ਸੀ ਆਰ ਪੀ ਲਾ ਰਿਹਾ ਹੈ।

## 30 ਨੂੰ ਮਨਾਇਆ ਜਾਵੇਗਾ ਸ਼ਹੀਦੀ ਪੁਰਬ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਇਲਾਕੇ ਅੰਦਰ ਪਿਛਲੇ ਲੰਮੇ ਸਮੇਂ ਤੋਂ ਧਰਮ ਪ੍ਰਚਾਰ ਕਰ ਰਹੇ ਇਸਤਰੀ ਸਤਿਸੰਗ ਸਭਾ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠਾਂ ਦੀ ਲੜੀ ਨਿਰੰਤਰ



ਜਾਰੀ ਹੈ ਜਿਸ ਦੇ ਭੋਗ 30 ਮਈ ਨੂੰ ਪਾਏ ਜਾਣਗੇ। ਇਸਤਰੀ ਸਤਿਸੰਗ ਸਭਾ ਦੇ ਪ੍ਰਧਾਨ ਮਾਤਾ ਗੁਰਚਰਨ ਕੌਰ ਨੇ ਦੱਸਿਆ ਕਿ 30 ਮਈ ਨੂੰ ਗੁਰਦੁਆਰਾ ਸ੍ਰੀ ਗਰੰਥ ਸਾਹਿਬ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ, ਜਿਸ ਵਿੱਚ ਉੱਚ ਕੋਟੀ ਦੇ ਰਾਗੀ ਢਾਡੀ ਪ੍ਰਚਾਰਕ ਸਾਹਿਬਾਨ ਸੰਗਤਾਂ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਬਾਰੇ ਜਾਣਕਾਰੀ ਦੇ ਕੇ ਪਾਵਨ ਗੁਰਬਾਣੀ ਦੇ ਨਾਲ ਜੋੜਨਗੇ। ਉਹਨਾਂ ਦੱਸਿਆ ਕਿ ਪਿਛਲੇ ਅਪ੍ਰੈਲ ਮਹੀਨੇ ਤੋਂ ਸ਼ੁਰੂ ਹੋਈ ਸੁਖਮਨੀ ਸਾਹਿਬ ਦੇ ਪਾਠਾਂ ਦੀ ਲੜੀ ਨਿਰੰਤਰ ਜਾਰੀ ਹੈ। ਰੋਜ਼ਾਨਾ ਇਸਤਰੀ ਸਤਿਸੰਗ ਸਭਾ ਦੀਆਂ ਬੀਬੀਆਂ ਪਾਠ ਅਤੇ ਕੀਰਤਨ ਦੀ ਸੇਵਾ ਕਰ ਰਹੀਆਂ ਹਨ। ਰੋਜ਼ਾਨਾ ਗੁਰੂ ਕਾ ਲੰਗਰ ਅਤੁੱਟ ਵਰਤਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬੀਬੀ ਮਨਜੀਤ ਕੌਰ, ਤੇਜਿੰਦਰ ਕੌਰ, ਸ਼ਬਨਮ ਕਥੂਰੀਆ, ਹਰਜੀਤ ਕੌਰ, ਸੁਰਿੰਦਰ ਪਾਲ ਕੌਰ, ਸੁਰਿੰਦਰ ਕੌਰ, ਰਵਿੰਦਰ ਕੌਰ, ਪਰਵਿੰਦਰ ਕੌਰ, ਜਗਦੀਪ ਕੌਰ, ਕਮਲ ਭਾਟੀਆ, ਜਸਬੀਰ ਕੌਰ ਬਬਲੀ, ਬਿਮਲਾ ਕੌਰ ਆਦਿ ਹਾਜ਼ਰ ਸਨ।

## ਗੁ. ਸਿੰਘ ਸ਼ਹੀਦਾਂ ਵਿਖੇ ਗੁਰੂ ਅਮਰਦਾਸ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ

**ਮੋਹਾਲੀ (ਗੁਰਜੀਤ ਬਿੱਲਾ)** ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਗੁਰੂ ਅਮਰਦਾਸ ਜੀ ਦੇ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਉਤਸ਼ਾਹ ਪੂਰਵਕ ਮਨਾਏ ਗਏ। ਪ੍ਰਕਾਸ਼ ਪੁਰਬ ਦੀ ਖੁਸ਼ੀ



ਵਿੱਚ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਧਾਰਮਿਕ ਸਮਾਗਮ ਵਿੱਚ ਭਾਈ ਅਮਰੀਕ ਸਿੰਘ ਦੇ ਪੰਥਕ ਢਾਡੀ ਜੱਥੇ ਨੇ ਤੀਜੇ ਪਾਤਿਸ਼ਾਹ ਧੰਨ ਧੰਨ ਸ੍ਰੀ ਗੁਰੂ ਅਮਰਦਾਸ ਜੀ ਮਹਾਰਾਜ ਦਾ ਜੀਵਨ ਬ੍ਰਿਤਾਂਤ, 12 ਸਾਲ ਧੰਨ ਧੰਨ ਸ੍ਰੀ ਗੁਰੂ ਅੰਗਦ ਦੇਵ ਜੀ ਮਹਾਰਾਜ ਦੀ ਸੇਵਾ ਕਰਨ ਅਤੇ ਸ੍ਰੀ ਗੋਇੰਦਵਾਲ ਸਾਹਿਬ ਵਿਖੇ 84 ਪੌੜੀਆਂ ਵਾਲੀ ਬਾਉਲੀ ਸਾਹਿਬ ਬਣਾਉਣ ਦਾ ਪੂਰਾ ਪ੍ਰਸੰਗ ਸੰਗਤਾਂ ਨੂੰ ਢਾਡੀ ਵਾਰਾਂ ਵਿੱਚ ਵਿਸਥਾਰ ਸਹਿਤ ਸਰਵਣ ਕਰਾਇਆ। ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਇਸ ਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ।

## ਆਰ ਟੀ ਓ ਨੇ ਕੀਤੀ ਸਖ਼ਤ ਕਾਰਵਾਈ, 5 ਬੱਸਾਂ ਦੇ ਚਲਾਨ, 1 ਬੱਸ ਨੂੰ ਕੀਤਾ ਜ਼ਬਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**- ਜ਼ਿਲ੍ਹੇ ਵਿਚ ਸੇਫ ਸਕੂਲ ਵਾਹਨ ਸਕੀਮ ਤਹਿਤ ਗਠਿਤ ਕਮੇਟੀ ਦੇ ਦਿਸ਼ਾ-ਨਿਰਦੇਸ਼ਾਂ 'ਤੇ ਰਿਜਨਲ ਟਰਾਂਸਪੋਰਟ ਅਫ਼ਸਰ (ਆਰ.ਟੀ.ਓ) ਸੰਜੀਵ ਸ਼ਰਮਾ ਅਤੇ ਸਹਾਇਕ ਟਰਾਂਸਪੋਰਟ ਅਫ਼ਸਰ ਵੱਲੋਂ 3 ਤੋਂ 4 ਸਕੂਲਾਂ ਦੀਆਂ 25 ਤੋਂ 30 ਸਕੂਲ ਬੱਸਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ। ਆਰ.ਟੀ.ਓ ਨੇ ਦੱਸਿਆ ਕਿ ਇਸ ਸਖ਼ਤ ਚੈਕਿੰਗ ਮੁਹਿੰਮ ਦੌਰਾਨ ਸੇਫ ਸਕੂਲ ਵਾਹਨ ਸਕੀਮ ਤਹਿਤ ਜਾਰੀ ਹਦਾਇਤਾਂ ਦੀ ਉਲੰਘਣਾ ਕਰਨ ਵਾਲੀਆਂ 5 ਬੱਸਾਂ ਦੇ ਚਲਾਨ ਕੀਤੇ ਗਏ। ਇਨ੍ਹਾਂ ਵਿਚੋਂ ਇਕ ਬੱਸ, ਜਿਸ ਕੋਲ ਜ਼ਰੂਰੀ ਦਸਤਾਵੇਜ਼ ਅਤੇ ਫਿਟਨੈਸ ਸਰਟੀਫਿਕੇਟ ਨਹੀਂ ਸੀ, ਨੂੰ ਜ਼ਬਤ ਕਰ ਲਿਆ ਗਿਆ। ਰਿਜਨਲ ਟਰਾਂਸਪੋਰਟ ਅਫ਼ਸਰ ਨੇ ਜ਼ਿਲ੍ਹੇ ਦੇ ਸਾਰੇ ਸਕੂਲ ਪ੍ਰਿੰਸੀਪਲਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ-



ਆਪਣੇ ਸਕੂਲਾਂ ਦੇ ਸਾਰੇ ਬੱਸ ਮਾਲਕਾਂ ਨੂੰ ਸਪੱਸ਼ਟ ਹਦਾਇਤਾਂ ਦੇਣ ਕਿ ਉਹ ਬੱਸਾਂ ਦੇ ਫਿਟਨੈਸ, ਪ੍ਰਦੂਸ਼ਣ ਸਰਟੀਫਿਕੇਟ, ਬੀਮਾ ਆਦਿ ਵਰਗੇ ਜ਼ਰੂਰੀ ਦਸਤਾਵੇਜ਼ ਸਮੇਂ-ਸਮੇਂ 'ਤੇ ਪੂਰੇ ਕਰਵਾ ਲੈਣ ਅਤੇ ਉਨ੍ਹਾਂ ਨੂੰ ਹਮੇਸ਼ਾ ਆਪਣੇ ਕੋਲ ਰੱਖਣ। ਇਸ ਦੇ ਨਾਲ ਹੀ ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਸਕੂਲ ਪ੍ਰਿੰਸੀਪਲਾਂ ਨੂੰ ਖੁਦ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਉਨ੍ਹਾਂ ਦੀਆਂ ਸਕੂਲ ਬੱਸਾਂ ਸੇਫ ਸਕੂਲ ਵਾਹਨ ਯੋਜਨਾ ਦੇ ਹਰ ਦਿਸ਼ਾ-ਨਿਰਦੇਸ਼ ਦੀ ਪੂਰੀ ਤਰ੍ਹਾਂ ਪਾਲਣਾ ਕਰਨ। ਜੇਕਰ ਕੋਈ ਸਕੂਲ ਇਸ ਨੀਤੀ ਦੀ ਉਲੰਘਣਾ ਕਰਦਾ ਹੈ, ਤਾਂ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਆਰ.ਟੀ.ਓ ਨੇ ਇਹ ਦੁਹਰਾਇਆ ਕਿ ਬੱਚਿਆਂ ਦੀ ਸੁਰੱਖਿਆ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ ਅਤੇ ਇਸ ਸਬੰਧ ਵਿਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

## ਖਾਲਸਾ ਕਾਲਜ ਦਾ ਸਾਹਿਤਕ ਮੈਗਜ਼ੀਨ 'ਗੋਬਿੰਦ ਨਿਧੀ' ਰਿਲੀਜ਼



**ਮਾਹਿਲਪੁਰ (ਸਫ਼ਰੀ)**— ਸਿੱਖ ਐਜੂਕੇਸ਼ਨਲ ਕੌਂਸਲ ਦੇ ਪ੍ਰਬੰਧਾਂ ਅਧੀਨ ਚੱਲ ਰਹੇ ਖੇਤਰ ਦੇ ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵਿੱਚ ਪੜ੍ਹਦੇ ਵਿਦਿਆਰਥੀਆਂ ਦੀ ਕਲਾ, ਸਾਹਿਤ ਅਤੇ ਗਿਆਨ ਵਿਗਿਆਨ ਦੇ ਖੇਤਰ ਨਾਲ ਜੁੜੀਆਂ ਰਚਨਾਵਾਂ ਨੂੰ ਪੇਸ਼ ਕਰਦਾ ਸਾਲਾਨਾ ਸਾਹਿਤਕ ਮੈਗਜ਼ੀਨ 'ਗੋਬਿੰਦ ਨਿਧੀ' ਕਾਲਜ ਦੇ ਪ੍ਰਿੰਸੀਪਲ ਡਾ ਪਰਵਿੰਦਰ ਸਿੰਘ, ਮੁੱਖ ਸੰਪਾਦਕ ਡਾ. ਦੇਵ ਕੁਮਾਰ ਅਤੇ ਮੈਗਜ਼ੀਨ ਦੇ ਸੰਪਾਦਕੀ ਮੰਡਲ ਵਿੱਚ ਸ਼ਾਮਿਲ ਸਟਾਫ ਮੈਂਬਰਾਂ ਵੱਲੋਂ ਰਿਲੀਜ਼ ਕੀਤਾ ਗਿਆ।ਪ੍ਰਿੰਸੀਪਲ ਡਾ. ਪਰਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਇਸ ਮੈਗਜ਼ੀਨ ਦੀ ਪ੍ਰਕਾਸ਼ਨਾ 'ਤੇ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਕਾਲਜ ਦਾ ਇਹ ਸਾਲਾਨਾ ਮੈਗਜ਼ੀਨ ਵਿਦਿਆਰਥੀਆਂ ਦੇ ਵਿਚਾਰਾਂ ਨੂੰ ਆਜ਼ਾਦੀ ਨਾਲ ਪ੍ਰਗਟਾਉਣ ਦਾ ਵਧੀਆ ਮੰਚ ਹੈ। ਉਨ੍ਹਾਂ ਕਿਹਾ ਕਿ ਅਕਾਦਮਿਕ ਸਿੱਖਿਆ ਦੇ ਨਾਲ ਨਾਲ ਅਜਿਹੇ ਮੈਗਜ਼ੀਨਾਂ ਵਿੱਚ ਆਪਣੀ ਲਿਖਤਾਂ ਪ੍ਰਕਾਸ਼ਿਤ ਕਰਵਾਉਣ ਨਾਲ ਵਿਦਿਆਰਥੀਆਂ ਅੰਦਰ ਲੁਕੀ ਪ੍ਰਤਿਭਾ ਸਾਹਮਣੇ ਆਉਂਦੀ ਹੈ। ਉਨ੍ਹਾਂ ਕਿਹਾ ਕਿ ਕਾਲਜ ਤੋਂ ਪੜ੍ਹ ਕੇ ਗਏ ਪੰਜਾਬੀ ਦੇ ਕਈ ਪ੍ਰਸਿੱਧ ਸਾਹਿਤਕਾਰ ਕਾਲਜ ਦੀ ਪੜ੍ਹਾਈ ਦੌਰਾਨ ਇਸ ਮੈਗਜ਼ੀਨ ਵਿੱਚ ਆਪਣੀਆਂ ਲਿਖਤਾਂ ਪ੍ਰਕਾਸ਼ਿਤ ਕਰਵਾਉਂਦੇ ਰਹੇ ਹਨ।ਮੁੱਖ ਸੰਪਾਦਕ ਡਾ. ਦੇਵ ਕੁਮਾਰ ਨੇ ਕਿਹਾ ਕਿ ਇਸ ਸਾਹਿਤਕ ਮੈਗਜ਼ੀਨ ਵਿੱਚ ਵੱਖ ਵੱਖ ਵਿਭਾਗਾਂ ਦੇ ਵਿਦਿਆਰਥੀਆਂ ਵੱਲੋਂ ਲਿਖੀਆਂ ਲਿਖਤਾਂ ਸ਼ਾਮਿਲ ਹਨ ਜਿਨ੍ਹਾਂ ਵਿੱਚ ਵਿਦਿਆਰਥੀਆਂ ਨੇ ਆਪਣੇ ਅਨੁਭਵ, ਸੁਪਨੇ ਅਤੇ ਖਿਆਲ ਕਲਾਤਮਿਕਤਾ ਨਾਲ ਪੇਸ਼ ਕੀਤੇ ਹਨ। ਉਨ੍ਹਾਂ ਪ੍ਰਿੰਸੀਪਲ ਸਮੇਤ ਸਮੂਹ ਸੰਪਾਦਕੀ ਮੰਡਲ ਦੇ ਅਧਿਆਪਕਾਂ ਅਤੇ ਵਿਦਿਆਰਥੀ ਸੰਪਾਦਕਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ। ਇਸ ਮੌਕੇ ਸੰਪਾਦਕੀ ਮੰਡਲ ਦੇ ਅਧਿਆਪਕਾਂ ਵਿੱਚ ਪ੍ਰੋ ਜਸਵਿੰਦਰ ਸਿੰਘ, ਡਾ ਵਿਕਰਾਂਤ ਰਾਣਾ, ਡਾ ਤਜਿੰਦਰ ਸਿੰਘ, ਡਾ ਜੇ ਬੀ ਸੇਖੋਂ, ਡਾ ਬਲਵੀਰ ਕੌਰ, ਡਾ ਰਾਕੇਸ਼ ਕੁਮਾਰ, ਪ੍ਰੋ ਗੁਰਪ੍ਰੀਤ ਕੌਰ ਨੇ ਵੀ ਵਿਦਿਆਰਥੀਆਂ ਨੂੰ ਮੈਗਜ਼ੀਨ ਦੀ ਪ੍ਰਕਾਸ਼ਨਾ 'ਤੇ ਸ਼ੁੱਭ ਕਾਮਨਾਵਾਂ ਦਿੱਤੀਆਂ।

## ਭਾਰਤੀ ਚੋਣ ਕਮਿਸ਼ਨ ਨੇ ਪਿਛਲੇ ਤਿੰਨ ਮਹੀਨਿਆਂ 'ਚ ਕਈ ਨਵੀਆਂ ਪਹਿਲਕਦਮੀਆਂ ਸ਼ੁਰੂ ਕੀਤੀਆਂ : ਸਿਬਿਨ ਸੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ. ਸੀ ਨੇ ਦੱਸਿਆ ਕਿ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਦੀ ਅਗਵਾਈ ਹੇਠ ਭਾਰਤੀ ਚੋਣ ਕਮਿਸ਼ਨ ਨੇ ਪਿਛਲੇ ਤਿੰਨ ਮਹੀਨਿਆਂ ਵਿੱਚ ਕਈ ਨਵੀਆਂ ਪਹਿਲਕਦਮੀਆਂ ਸ਼ੁਰੂ ਕੀਤੀਆਂ ਹਨ. ਗਿਆਨੇਸ਼ ਕੁਮਾਰ ਨੂੰ 19 ਫਰਵਰੀ ਨੂੰ ਭਾਰਤ ਦਾ ਮੁੱਖ ਚੋਣ ਕਮਿਸ਼ਨਰ ਨਿਯੁਕਤ ਕੀਤਾ ਗਿਆ ਸੀ। ਸਿਬਿਨ. ਸੀ ਨੇ ਕਿਹਾ ਕਿ ਵੋਟਰਾਂ ਦੀ ਸਹੂਲਤ ਲਈ ਇੱਕ ਪੋਲਿੰਗ ਸਟੇਸ਼ਨ 'ਤੇ ਵੋਟਰਾਂ ਦੀ ਵੱਧ ਤੋਂ ਵੱਧ ਗਿਣਤੀ 1200 ਤੱਕ ਸੀਮਤ ਕਰ ਦਿੱਤੀ ਗਈ ਹੈ। ਇਸੇ ਤਰ੍ਹਾਂ, ਹਾਈ ਰਾਈਜ਼/ਕਾਲੋਨੀਆਂ ਵਿੱਚ ਵਾਧੂ ਪੋਲਿੰਗ ਬੂਥ ਸਥਾਪਤ ਕੀਤੇ ਜਾਣਗੇ ਅਤੇ ਵੋਟਰ ਸੂਚੀ ਅੱਪਡੇਟ ਕਰਨ ਲਈ, ਮੌਤ ਰਜਿਸਟਰੇਸ਼ਨ ਦਾ ਡੇਟਾ ਸਿੱਧੇ ਆਰ.ਜੀ.ਆਈ. ਡੇਟਾਬੇਸ (ਰਜਿਸਟਰਾਰ ਜਨਰਲ ਆਫ਼ ਇੰਡੀਆ) ਤੋਂ ਪ੍ਰਾਪਤ ਕੀਤਾ ਜਾਵੇਗਾ ਅਤੇ ਪੂਰੀ ਤਸਦੀਕ ਤੋਂ ਬਾਅਦ ਹੀ ਅਪਡੇਟ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਵੋਟਰ ਜਾਣਕਾਰੀ ਸਲਿੱਪਾਂ ਨੂੰ ਵੋਟਰਾਂ ਲਈ ਵਧੇਰੇ ਅਨੁਕੂਲ ਬਣਾਇਆ ਜਾਵੇਗਾ; ਵੋਟਰ ਦਾ ਲੜੀ ਨੰਬਰ ਅਤੇ ਪਾਰਟ ਨੰਬਰ ਹੁਣ ਵਧੇਰੇ ਪ੍ਰਮੁੱਖਤਾ ਨਾਲ ਪ੍ਰਦਰਸ਼ਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਫਰਵਰੀ ਤੋਂ ਹੁਣ ਤੱਕ, ਸੀਈਓ/ਡੀਈਓ/ਈਆਰਓ ਪੱਧਰ 'ਤੇ ਪੈਨ-ਇੰਡੀਆ ਸਰਬ-ਪਾਰਟੀ ਮੀਟਿੰਗਾਂ ਕੀਤੀਆਂ ਗਈਆਂ ਹਨ। ਕੁੱਲ 4,719 ਮੀਟਿੰਗਾਂ ਹੋਈਆਂ (ਸੀਈਓ-40/ਡੀਈਓ-800/ਈਆਰਓ-3879) ਅਤੇ ਰਾਜਨੀਤਿਕ ਪਾਰਟੀਆਂ ਦੇ 28,000 ਤੋਂ ਵੱਧ ਨੁਮਾਇੰਦਿਆਂ ਨੇ ਇਨ੍ਹਾਂ ਮੀਟਿੰਗਾਂ ਵਿੱਚ ਭਾਗ ਲਿਆ। ਚੋਣ ਕਮਿਸ਼ਨ ਨੇ ਰਾਸ਼ਟਰੀ ਅਤੇ ਸੂਬਾ ਪੱਧਰੀ ਰਾਜਨੀਤਿਕ ਪਾਰਟੀਆਂ ਦੇ ਮੁਖੀਆਂ, ਜਿਵੇਂ ਆਪ/ਭਾਜਪਾ/ਬਸਪਾ/ਸੀ ਪੀ ਆਈ (ਐਮ)/ਐਨ ਪੀ ਪੀ ਨਾਲ ਵੀ ਮੀਟਿੰਗਾਂ ਕੀਤੀਆਂ। ਸਿਬਿਨ ਨੇ ਕਿਹਾ ਕਿ ਕਮਿਸ਼ਨ ਨੇ ਨਵਾਂ ਏਕੀਕ੍ਰਿਤ ਡੈਸ਼ਬੋਰਡ - ਈਸੀਆਈਐਨਈਟੀ ਵਿਕਸਤ ਕੀਤਾ ਹੈ, ਜਿਸ ਦਾ ਉਦੇਸ਼ ਸਾਰੇ ਭਾਈਵਾਲਾਂ ਲਈ ਇੱਕ ਥਾਂ (40 ਤੋਂ ਵੱਧ ਐਪਾਂ/ਵੈੱਬਸਾਈਟਾਂ ਦੀ ਥਾਂ ਇੱਕ ਐਪ) 'ਤੇ ਸਾਰੀਆਂ ਸੇਵਾਵਾਂ ਪ੍ਰਦਾਨ ਕਰਨਾ ਹੈ। ਡੁਪਲੀਕੇਟ ਈ.ਪੀ.ਆਈ.ਸੀ. ਨੰਬਰ ਦਾ ਮੁੱਦਾ ਵੀ ਹੱਲ ਹੋ ਗਿਆ। ਇੱਕ ਨਵੇਕਲੀ ਪਹਿਲਕਦਮੀ ਕਰਦਿਆਂ ਭਾਰਤੀ ਚੋਣ ਕਮਿਸ਼ਨ ਨੇ ਬੀ ਐਲ ਓ ਲਈ ਸਟੈਂਡਰਡ ਫੋਟੋ ਸ਼ਨਾਖ਼ਤੀ ਕਾਰਡ ਜਾਰੀ ਕਰਨ ਦਾ ਐਲਾਨ ਕੀਤਾ ਹੈ। ਭਾਰਤੀ ਚੋਣ ਕਮਿਸ਼ਨ ਨੇ ਈਸੀਆਈ-ਆਈਸ ਦਾ ਸੰਚਾਲਨ ਅਤੇ ਸਾਰੇ ਸੀਈਓਜ਼ ਨਾਲ ਨਿਯਮਤ ਮੀਟਿੰਗਾਂ ਨੂੰ ਵੀ ਲਾਗੂ ਕੀਤਾ ਹੈ।

## ਡਾ. ਜਸਦੀਪ ਸਿੰਘ ਸੈਣੀ ਵੱਲੋਂ ਹੋਣਹਾਰ ਵਿਦਿਆਰਥੀ ਸਨਮਾਨਤ



**ਬਲਾਚੌਰ (ਜਸਵਿੰਦਰ ਬੈਂਸ)**- ਨਿਊ ਕੇਅਰ ਹਸਪਤਾਲ ਦੇ ਮਾਲਕ ਡਾ. ਜਸਦੀਪ ਸਿੰਘ ਸੈਣੀ ਵੱਲੋਂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਬਲਾਚੌਰ ਵਿਖੇ ਦਸਵੀਂ ਅਤੇ ਬਾਰ੍ਹਵੀਂ ਜਮਾਤ ਵਿੱਚੋਂ ਅੱਵਲ ਆਏ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਨਕਦ ਰਾਸ਼ੀ ਦੇ ਕੇ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਸਕੂਲ ਵੱਲੋਂ ਵੀ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਜਮਾਤ ਵਿੱਚੋਂ ਅੱਵਲ ਆਏ ਵਿਦਿਆਰਥੀਆਂ ਨੂੰ ਟਰਾਫੀਆਂ ਅਤੇ ਸਰਟੀਫਕੇਟਾਂ ਨਾਲ ਸਨਮਾਨਤ ਕੀਤਾ ਗਿਆ। ਇਸ ਦੌਰਾਨ ਚਰਨ ਸਿੰਘ ਅਤੇ ਸੁਰਿੰਦਰ ਪਾਲ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਚੰਗੇ ਅੰਕ ਪ੍ਰਾਪਤ ਕਰਨ 'ਤੇ ਵਧਾਈ ਦਿੱਤੀ ਗਈ ਅਤੇ ਭਵਿੱਖ ਲਈ ਸ਼ੁੱਭਕਾਮਨਾਵਾਂ ਭੇਟ ਕੀਤੀਆਂ ਗਈਆਂ। ਡਾ. ਸੈਣੀ ਵੱਲੋਂ ਹੋਰ ਵਿਦਿਆਰਥੀਆਂ ਨੂੰ ਵੀ ਸਖਤ ਮਿਹਨਤ ਅਤੇ ਲਗਨ ਨਾਲ ਪੜ੍ਹਨ ਲਈ ਪ੍ਰੇਰਿਤ ਕੀਤਾ ਗਿਆ। ਲੈਕਚਰਾਰ ਸੁਨੀਲ ਸ਼ਰਮਾ ਵੱਲੋਂ ਆਏ ਹੋਏ ਮਹਿਮਾਨਾਂ, ਵਿਦਿਆਰਥੀਆਂ ਅਤੇ ਮਾਪਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਸਟੇਜ ਸਕੱਤਰ ਦੀ ਭੂਮਿਕਾ ਸੁਨੀਲ ਕੁਮਾਰ ਵੱਲੋਂ ਨਿਭਾਈ ਗਈ। ਇਸ ਮੌਕੇ ਸੁਨੀਲ ਸ਼ਰਮਾ ਲੈਕਚਰਾਰ, ਸੁਰਿੰਦਰ ਪਾਲ ਸਿੰਘ, ਬਲਜੀਤ ਕੌਰ, ਸੀਮਾ ਸੇਠ, ਦੀਪ ਮਾਲਾ, ਰਜਨੀ ਬਾਲਾ, ਸਰਬਜੀਤ ਕੌਰ, ਹਰਸ਼ਿੰਦਰ ਕੌਰ, ਸੀਮਾ ਰਾਣੀ, ਮਨਜੀਤ ਕੌਰ, ਲੀਲਾ ਦੇਵੀ, ਹਰਦਿਆਲ ਸਿੰਘ, ਧਰਮ ਪਾਲ, ਰਾਜ ਕੁਮਾਰ, ਅਨਿਲ ਕੁਮਾਰ, ਸਮੂਹ ਸਟਾਫ ਮੈਂਬਰ ਅਤੇ ਹੋਰ ਵੱਖ-ਵੱਖ ਸ਼ਖ਼ਸੀਅਤਾਂ ਹਾਜ਼ਰ ਸਨ।

## ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੀ ਸੂਬਾਈ ਕਨਵੈਨਸ਼ਨ ਅੱਜ

**ਜਲੰਧਰ (ਰਾਜੇਸ਼ ਥਾਪਾ)** ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵੱਲੋਂ ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ ਵਿਖੇ 24 ਮਈ ਨੂੰ ਸੂਬਾਈ ਕਨਵੈਨਸ਼ਨ ਹੋਵੇਗੀ।ਸਭਾ ਦੇ ਪ੍ਰਧਾਨ ਮਨਜਿੰਦਰ ਢੇਸੀ, ਜਨਰਲ ਸਕੱਤਰ ਧਰਮਿੰਦਰ ਮੁਕੇਰੀਆਂ ਨੇ ਕਿਹਾ ਕਿ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਵਸ ਅਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸਥਾਪਨਾ ਦਿਵਸ ਉਪਰ ਨੌਜਵਾਨਾਂ ਦੇ ਭੱਖਦੇ ਮੁੱਦਿਆਂ ਨੂੰ ਲੈ ਕੇ ਸੰਘਰਸ਼ ਨੂੰ ਤੇਜ ਕਰਨ ਲਈ ਅਗਲੇ ਪ੍ਰੋਗਰਾਮਾਂ ਦਾ ਐਲਾਨ ਵੀ ਇਸ ਕਨਵੈਂਸ਼ਨ ਵਿਚ ਕੀਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਅੱਜ ਦੇਸ਼ ਦੇ ਹੁਕਮਰਾਨ ਦੇਸ਼ ਅੰਦਰ ਫਿਰਕੂ ਭਾਵਨਾਵਾਂ ਨੂੰ ਭੜਕਾਉਣ ਜਾਂ ਅੱਤਵਾਦ ਦਾ ਡਰ ਪੈਦਾ ਕਰ ਕੇ ਲੋਕਾਂ ਨੂੰ, ਖਾਸ ਕਰ ਜਵਾਨੀ ਨੂੰ ਗਲਤ ਰਾਹਾਂ ਉੱਪਰ ਪਾਉਣਾ ਚਾਹੁੰਦੇ ਹਨ ਅਤੇ ਨੌਜਵਾਨਾਂ ਦੇ ਰੁਜਗਾਰ ਵਰਗੇ ਸਵਾਲ ਉੱਪਰ ਚੁੱਪ ਧਾਰ ਕੇ ਬੈਠੇ ਹਨ। ਉੱਥੇ ਅੱਜ ਸੂਬੇ ਅੰਦਰ ਇਕ ਪਾਸੇ ਤਾਂ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਦਾ ਨਾਅਰਾ ਦੇ ਕੇ ਲੋਕਾਂ ਨੂੰ ਨਸ਼ਿਆਂ ਪ੍ਰਤੀ ਸੁਚੇਤ ਕਰਨ ਅਤੇ ਨਸ਼ਿਆਂ ਦਾ ਖਾਤਮਾ ਕਰਨ ਦਾ ਝੂਠਾ



ਪ੍ਰਚਾਰ ਕੀਤਾ ਜਾ ਰਿਹਾ ਹੈ ਜਦ ਕੀ ਨਸ਼ੇ ਦੇ ਸਮਗਲਰ ਅਤੇ ਸਿਆਸੀ ਲੋਕਾਂ ਦੀ ਅਗਵਾਈ ਹੇਠ ਨਸ਼ਾ ਲਗਾਤਾਰ ਪੰਜਾਬ ਵਿੱਚ ਵੰਡਿਆ ਜਾ ਰਿਹਾ ਹੈ। ਦੂਸਰਾ ਨਸ਼ੇ ਦੇ ਆਦੀ ਹੋ ਚੁੱਕੇ ਨੌਜਵਾਨਾਂ ਪ੍ਰਤੀ ਪੰਜਾਬ ਸਰਕਾਰ ਨੇ ਕੋਈ ਵੀ ਪ੍ਰੋਗਰਾਮ ਅਜਿਹਾ ਤਿਆਰ ਨਹੀਂ ਕੀਤਾ ਜਿਸ ਨਾਲ ਨੌਜਵਾਨ ਨਸ਼ਿਆਂ ਖਿਲਾਫ ਪ੍ਰੇਰਿਤ ਹੋ ਸਕਣ ਅਤੇ ਨਸ਼ਾ ਛੱਡ ਜਾਣ। ਜਦਕਿ ਨਸ਼ਿਆਂ ਦੀ ਦਲਦਲ ਵਿੱਚ ਗ੍ਰਸਤ ਹੋ ਚੁੱਕੇ ਨੌਜਵਾਨਾਂ ਨੂੰ ਹੀ ਪਰਚੇ ਪਾ ਕੇ ਜੇਲ੍ਹਾਂ ਵਿੱਚ ਸੁੱਟਿਆ ਜਾ ਰਿਹਾ ਹੈ। ਆਗੂਆਂ ਨੇ ਅੱਗੇ ਕਿਹਾ ਕਿ ਪੰਜਾਬ ਦੀ ਸਰਕਾਰ ਵੀ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਵਿੱਚ ਪੂਰੀ ਤਰਾਂ ਫੇਲ੍ਹ ਹੋਈ ਹੈ ਅਤੇ ਭ੍ਰਿਸ਼ਟਾਚਾਰ ਵਿੱਚ ਵੀ ਕੋਈ ਕਮੀ ਨਹੀਂ ਆਈ ਅਤੇ ਨਾ ਹੀ ਤਿੰਨ ਸਾਲਾਂ ਵਿੱਚ ਨੌਜਵਾਨਾਂ ਨੂੰ ਕਿਸੇ ਵੀ ਤਰ੍ਹਾਂ ਦੀਆਂ ਸਿਹਤ ਸਹੂਲਤਾਂ ਦਿੱਤੀਆਂ ਗਈਆਂ ਹਨ ਜਦ ਕਿ ਚੋਣਾਂ ਸਮੇਂ ਸਰਕਾਰ ਨੇ ਅਜਿਹੇ ਵਾਅਦੇ ਕਰ ਕੇ ਨੌਜਵਾਨਾਂ ਤੋਂ ਵੋਟਾਂ ਲਈਆਂ ਸਨ। ਉੱਥੇ ਚੋਣਾਂ ਦੌਰਾਨ ਨੌਜਵਾਨਾਂ ਨੂੰ 2500 ਰੁਪਏ ਬੇਰੁਜਗਾਰੀ ਭੱਤਾ ਦੇਣ ਦਾ ਵਾਅਦਾ ਕੀਤਾ ਗਿਆ ਸੀ ਜਦ ਕਿ ਅਜਿਹੇ ਵਾਅਦੇ ਉੱਪਰ ਸਰਕਾਰ ਨੇ ਕਦੇ ਵੀ ਧਿਆਨ ਨਹੀਂ ਦਿੱਤਾ। ਉਹਨਾਂ ਅੱਗੇ ਕਿਹਾ ਕਿ ਇਸ ਕਨਵੈਨਸ਼ਨ ਵਿੱਚ ਪੰਜਾਬ ਦੀ ਜਵਾਨੀ ਨੂੰ ਨਵੀਂ ਸੇਧ ਦੇਣ ਅਤੇ ਜਵਾਨੀ ਨੂੰ ਦੇਸ਼ ਭਗਤਾਂ ਦੇ ਵਿਰਸੇ ਨਾਲ ਜੋੜ ਕੇ ਉਹਨਾਂ ਦੇ ਮਸਲਿਆਂ ਉੱਪਰ ਲੜਾਈ ਨੂੰ ਹੋਰ ਤੇਜ ਕਰਨ ਦਾ ਸੱਦਾ ਦਿੱਤਾ ਜਾਵੇਗਾ।

## ਕੇਂਦਰ ਸਰਕਾਰ ਵੱਲੋਂ ਬੀ ਐਮ ਬੀ ਦੀ ਸੁਰੱਖਿਆ ਕੇਂਦਰੀ ਫੋਰਸ ਨੂੰ ਦੇਣਾ ਪੰਜਾਬ ਦੇ ਹੱਕਾਂ 'ਤੇ ਡਾਕਾ : ਰਾਣਾ

**ਬਲਾਚੌਰ, ਨਵਾਂਸ਼ਹਿਰ (ਜਸਵਿੰਦਰ ਬੈਂਸ, ਕੁਲਵਿੰਦਰ ਦੁਰਗਾਪੁਰੀਆ)** ਕੇਂਦਰ ਵਿੱਚ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਲਗਾਤਾਰ ਰਾਜਾਂ ਦੇ ਅਧਿਕਾਰਾਂ ਨੂੰ ਘਟਾਉਂਦੀ ਜਾ ਰਹੀ ਹੈ। ਫੈਡਰਲ ਢਾਂਚੇ ਨੂੰ ਹੌਲੀ ਹੌਲੀ ਕਮਜ਼ੋਰ ਕਰਕੇ ਦੇਸ਼ ਨੂੰ ਤਾਨਾਸ਼ਾਹੀ ਵੱਲ ਵਧਾਇਆ ਜਾ ਰਿਹਾ ਹੈ ਜਿਸ ਦੇ ਭਿਆਨਕ



ਸਿੱਟੇ ਨਿਕਲਣਗੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸਾਥੀ ਕਰਮ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਹਨਾਂ ਕਿਹਾ ਕਿ ਕੇਂਦਰ ਸਰਕਾਰ ਹੁਣ ਬੀ ਬੀਐਮਬੀ ਦੀ ਸੁਰੱਖਿਆ ਦਾ ਜ਼ੁੰਮਾ ਕੇਂਦਰੀ ਫੋਰਸਾਂ ਨੂੰ ਦੇਣ ਜਾ ਰਹੀ ਹੈ ਜੋ ਕਿ ਪੰਜਾਬ ਦੇ ਹਿੱਤਾਂ 'ਤੇ ਡਾਕਾ ਹੋਵੇਗਾ। ਉਹਨਾਂ ਮੰਗ ਕੀਤੀ ਕਿ ਬੀਬੀਐਮਬੀ ਦੀ ਸੁਰੱਖਿਆ ਦਾ ਜ਼ੁੰਮਾ ਜਿਵੇਂ ਪਹਿਲਾ ਹਿਮਾਚਲ ਅਤੇ ਪੰਜਾਬ ਪੁਲਸ ਕਰਦੀ ਸੀ ਉਸੇ ਤਰ੍ਹਾਂ ਬਹਾਲ ਰੱਖਿਆ ਜਾਵੇ ਨਹੀਂ ਤਾਂ ਪੰਜਾਬ ਦੇ ਲੋਕ ਕੇਂਦਰ ਸਰਕਾਰ ਖਿਲਾਫ ਤਿੱਖਾ ਸੰਘਰਸ਼ ਕਰਨ ਲਈ ਮਜਬੂਰ ਹੋਣਗੇ।

## ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਬਲੇਰ ਖਾਨਪੁਰ ਦਾ ਨਤੀਜਾ ਸ਼ਾਨਦਾਰ ਰਿਹਾ



**ਕਾਲਾ ਸੰਘਿਆਂ (ਮਨਜੀਤ ਮਾਨ)**- ਪਿੰਡ ਬਲੇਰਖਾਨਪੁਰ ਵਿਖੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦਾ ਦਸਵੀਂ ਜਮਾਤ ਅਤੇ 12ਵੀਂ ਜਮਾਤ ਦਾ ਨਤੀਜਾ 100% ਰਿਹਾ। ਸਕੂਲ ਪ੍ਰਿੰਸੀਪਲ ਸ੍ਰੀਮਤੀ ਰਵਿੰਦਰ ਕੌਰ ਨੇ ਪ੍ਰੈਸ ਦੱਸਿਆ ਕਿ ਨਤੀਜਾ ਸ਼ਾਨਦਾਰ ਰਿਹਾ। ਅੱਠਵੀਂ ਜਮਾਤ ਵਿੱਚ ਨਵਜੋਤ ਕੌਰ ਪੁੱਤਰੀ ਚਰਨਜੀਤ ਸਿੰਘ ਨੇ 600 ਵਿੱਚੋਂ 582 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਬਾਰ੍ਹਵੀਂ ਜਮਾਤ ਵਿੱਚੋਂ ਬਲਜੀਤ ਕੌਰ ਪੁੱਤਰੀ ਸੰਤੋਖ ਸਿੰਘ ਨੇ 500 ਵਿੱਚੋਂ 402 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ । ਉਹਨਾਂ ਦੱਸਿਆ ਕਿ ਦਸਵੀਂ ਜਮਾਤ ਵਿੱਚੋਂ ਸਕੂਲ ਦੀ ਵਿਦਿਆਰਥਣ ਸੰਚਤਾ ਸ਼ਰਮਾ ਪੁੱਤਰੀ ਸੰਜੀਵ ਕੁਮਾਰ ਨੇ 650 ਅੰਕਾਂ ਵਿੱਚੋਂ 618 ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਿਲ ਕੀਤਾ। ਉਹਨਾਂ ਸੰਚਿਤਾ ਸ਼ਰਮਾ ਅਤੇ ਬਾਕੀ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ ਅਤੇ ਅਗਲੇਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਦਸਵੀਂ ਵਿੱਚੋਂ ਪਹਿਲਾ ਸਥਾਨ ਹਾਸਲ ਕਰਨ ਵਾਲੀ ਵਿਦਿਆਰਥਣ ਸੰਚਿਤਾ ਸ਼ਰਮਾ ਨੂੰ ਮਿਠਾਈ ਖਵਾ ਕੇ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਸਕੂਲ ਕਮੇਟੀ ਦੇ ਚੇਅਰਮੈਨ ਹਰਭਜਨ ਸਿੰਘ ਅਤੇ ਅਧਿਆਪਕ ਵਿਦਿਆਰਥੀ ਮਾਪੇ ਅਤੇ ਪਿੰਡ ਵਾਸੀ ਹਾਜ਼ਰ ਸਨ।

## ਡੀ ਸੀ ਨੇ ਸੈਕਟਰ 91 ਦੇ ਕੂੜਾ ਡੰਪ ਤੇ ਜਗਤਪੁਰਾ ਪ੍ਰੋਸੈਸਿੰਗ ਪਲਾਂਟ ਦਾ ਕੀਤਾ ਨਿਰੀਖਣ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**— ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਸੈਕਟਰ 91 ਦੇ ਪੁਰਾਣੇ ਕੂੜੇ ਦੇ ਡੰਪ ਅਤੇ ਜਗਤਪੁਰਾ ਵੇਸਟ ਪ੍ਰੋਸੈਸਿੰਗ ਪਲਾਂਟ ਦਾ ਦੌਰਾ ਕੀਤਾ ਤਾਂ ਜੋ ਨਗਰ ਨਿਗਮ ਮੋਹਾਲੀ ਦੁਆਰਾ ਕੀਤੇ ਗਏ ਕੂੜੇ ਪ੍ਰਬੰਧਨ ਤਕਨੀਕਾਂ ਦੀ ਪ੍ਰਗਤੀ ਦਾ ਮੁਲਾਂਕਣ ਕੀਤਾ ਜਾ ਸਕੇ। ਮਿੱਤਲ ਨੇ ਦੱਸਿਆ ਕਿ ਸੈਕਟਰ 91 ਵਿਖੇ ਲੀਗੇਸੀ ਡੰਪ ਵਿੱਚ ਲਗਭਗ 90,000 ਮੀਟ੍ਰਿਕ ਟਨ (ਐਮ ਟੀ) ਕੂੜਾ ਹੈ, ਜਿਸ ਦਾ ਚਾਰ ਮਹੀਨਿਆਂ ਦੇ ਅੰਦਰ ਨਿਪਟਾਰਾ ਕਰ ਲਏ ਜਾਣ ਦੀ ਉਮੀਦ ਹੈ। ਇਸ ਥਾਂ 'ਤੇ ਮੌਜੂਦਾ ਸਮੇਂ ਵਿੱਚ ਕੰਮ ਕਰ ਰਹੀਆਂ ਚਾਰ ਟ੍ਰੋਮਲ ਮਸ਼ੀਨਾਂ ਰੋਜ਼ਾਨਾ ਲਗਭਗ 500 ਮੀਟ੍ਰਿਕ ਟਨ ਕੂੜੇ ਨੂੰ ਪ੍ਰੋਸੈਸ ਕਰ ਰਹੀਆਂ ਹਨ।ਹੁਣ ਤੋਂ ਸਾਫ਼ ਹੋਣ ਵਾਲਾ ਅਯੋਗ ਕੂੜਾ ਇੱਕ ਰਸਮੀ ਸਮਝੌਤੇ ਦੇ ਅਨੁਸਾਰ, ਲੈਂਡਫਿਲਿੰਗ ਵਿੱਚ ਵਰਤੋਂ ਲਈ ਨੈਸ਼ਨਲ ਹਾਈਵੇਅ ਅਥਾਰਟੀ ਆਫ਼



ਇੰਡੀਆ ਨੂੰ ਸੌਂਪਿਆ ਜਾਵੇਗਾ। ਕੂੜੇ ਅਤੇ ਰਹਿੰਦ-ਖੂੰਹਦ ਦੇ ਜ਼ਿੰਮੇਵਾਰੀ ਨਾਲ ਨਿਪਟਾਰੇ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ, ਡਿਪਟੀ ਕਮਿਸ਼ਨਰ ਨੇ ਸਾਰੀਆਂ ਰੈਜ਼ੀਡੈਂਟ ਵੈਲਫੇਅਰ ਐਸੋਸੀਏਸ਼ਨਾਂ, ਵੱਡੇ ਪੱਧਰ ਤੇ ਰਹਿੰਦ-ਖੂੰਹਦ ਪੈਦਾ ਕਰਨ ਵਾਲਿਆਂ ਅਤੇ ਨਾਗਰਿਕਾਂ ਨੂੰ ਸਰੋਤ (ਘਰਾਂ/ਸੰਸਥਾਵਾਂ) 'ਤੇ ਗਿੱਲੇ ਅਤੇ ਸੁੱਕੇ ਕੂੜੇ ਦੀ ਸਖ਼ਤੀ ਨਾਲ ਵੰਡ ਨੂੰ ਯਕੀਨੀ ਬਣਾਉਣ ਦੀ ਅਪੀਲ ਕੀਤੀ।ਡੀ ਸੀ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਇਹ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਕਿ ਘਰਾਂ ਤੋਂ ਇਕੱਠੇ ਕੀਤੇ ਗਏ ਕੂੜੇ ਨੂੰ ਸਰੋਤ ਪ੍ਰਬੰਧਨ ਕੇਂਦਰਾਂ (ਰੀਸੋਰਸ ਮੈਨੇਜਮੈਂਟ ਸੈਂਟਰਾਂ) ਵਿੱਚ ਲਿਆਉਣ ਤੋਂ ਪਹਿਲਾਂ ਸਹੀ ਢੰਗ ਨਾਲ ਵੱਖ ਕੀਤਾ ਜਾਵੇ।ਜਗਤਪੁਰਾ ਰਹਿੰਦ-ਖੂੰਹਦ ਪ੍ਰੋਸੈਸਿੰਗ ਪਲਾਂਟ ਵਿਖੇ, ਡਿਪਟੀ ਕਮਿਸ਼ਨਰ ਨੇ ਅਪਣਾਈਆਂ ਜਾ ਰਹੀਆਂ ਪ੍ਰਕਿਰਿਆਵਾਂ ਦੀ ਸਮੀਖਿਆ ਕੀਤੀ ਅਤੇ ਠੇਕੇਦਾਰ ਅਤੇ ਨਗਰ ਨਿਗਮ ਸਟਾਫ ਨਾਲ ਗੱਲਬਾਤ ਕੀਤੀ।ਚੱਲ ਰਹੇ ਸੁਧਾਰਾਂ 'ਤੇ ਸੰਤੁਸ਼ਟੀ ਪ੍ਰਗਟ ਕਰਦੇ ਹੋਏ, ਉਨ੍ਹਾਂ ਨੇ ਪ੍ਰਸ਼ਾਸਨ ਦੇ ਮੋਹਾਲੀ ਨੂੰ ਸਾਫ਼-ਸੁਥਰਾ ਅਤੇ ਹਰਿਆ ਭਰਿਆ ਬਣਾਉਣ ਦੇ ਸਮਰਪਣ ਨੂੰ ਦੁਹਰਾਇਆ।

## ਸੀ ਟੀ ਗਰੁੱਪ ਵੱਲੋਂ 1800 ਤੋਂ ਵੱਧ ਬੋਰਡ ਟਾਪਰਾਂ ਦੇ ਸਨਮਾਨ ਲਈ 'ਸ਼ਾਈਨਿੰਗ ਸਟਾਰ' ਪ੍ਰੋਗਰਾਮ



**ਜਲੰਧਰ (ਸ਼ੈਲੀ ਐਲਬਰਟ)** ਸ਼ਾਹਪੁਰ ਕੈਂਪਸ ਵਿਖੇ ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਜ਼ ਨੇ 'ਸ਼ਾਈਨਿੰਗ ਸਟਾਰ' ਨਾਂਅ ਦੇ ਇੱਕ ਭਵਿੱਖ-ਵਧਾਊ ਸਮਾਗਮ ਦੀ ਮੇਜ਼ਬਾਨੀ ਕਰਦੇ ਹੋਏ, ਆਈ.ਸੀ.ਐਸ.ਈ., ਸੀ.ਬੀ.ਐਸ.ਈ., ਅਤੇ ਪੀ.ਐਸ.ਈ.ਬੀ. ਬੋਰਡਾਂ ਦੀ 10ਵੀਂ ਅਤੇ 12ਵੀਂ ਕਲਾਸ ਦੇ 1,800 ਤੋਂ ਵੱਧ ਮੇਧਾਵੀ ਵਿਦਿਆਰਥੀਆਂ ਦੀਆਂ ਸ਼ਾਨਦਾਰ ਅਕਾਦਮਿਕ ਉਪਲਬਧੀਆਂ ਨੂੰ ਸਨਮਾਨਿਤ ਕੀਤਾ। ਇਹਨਾਂ ਮੇਧਾਵੀ ਵਿਦਿਆਰਥੀਆਂ ਵਿੱਚ ਜਲੰਧਰ, ਕਪੂਰਥਲਾ, ਹੁਸ਼ਿਆਰਪੁਰ ਅਤੇ ਆਸ-ਪਾਸ ਦੇ ਜ਼ਿਲ੍ਹਿਆਂ ਦੇ ਵਿਦਿਆਰਥੀ ਸ਼ਾਮਲ ਸਨ, ਜਿਨ੍ਹਾਂ ਨੇ ਬੋਰਡ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਨਤੀਜੇ ਹਾਸਲ ਕੀਤੇ ਸਨ।ਇਸ ਸਮਾਗਮ ਵਿੱਚ ਉੱਚ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਹਨਾਂ ਵਿੱਚ 113 ਵਿਦਿਆਰਥੀਆਂ ਨੇ 97% ਤੋਂ ਵੱਧ, 521 ਵਿਦਿਆਰਥੀਆਂ ਨੇ 95% ਤੋਂ ਵੱਧ, 771 ਵਿਦਿਆਰਥੀਆਂ ਨੇ 90% ਤੋਂ ਵੱਧ, ਅਤੇ 395 ਵਿਦਿਆਰਥੀਆਂ ਨੇ 85% ਤੋਂ ਵੱਧ ਅੰਕ ਹਾਸਲ ਕੀਤੇ।ਇਸ ਸਮਾਰੋਹ 'ਚ ਕੈਮਬ੍ਰਿਜ ਇੰਟਰਨੈਸ਼ਨਲ ਸਕੂਲ, ਐਮ.ਜੀ.ਐਨ. ਸਕੂਲ, ਇਨੋਸੈਂਟ ਹਾਰਟਸ ਪਬਲਿਕ ਸਕੂਲ, ਮੇਅਰ ਵਰਲਡ ਸਕੂਲ, ਲਾਰੈਂਸ ਇੰਟਰਨੈਸ਼ਨਲ ਸਕੂਲ, ਡੀ.ਏ.ਵੀ. ਸਕੂਲ ਦਸੂਹਾ, ਐਵਰ ਸ਼ਾਈਨ ਸਕੂਲ, ਹਿਜ਼ ਐਕਸੀਲੈਂਸ ਸਕੂਲ, ਕੇ.ਵੀ. ਸਕੂਲ, ਸੈਫਰਨ ਪਬਲਿਕ ਸਕੂਲ, ਏਕਲਵਿਆ ਸਕੂਲ, ਸੇਠ ਹੁਕਮ ਚੰਦ ਸਕੂਲ, ਲਾਲਾ ਜਗਤ ਨਾਰਾਇਣ ਸਕੂਲ, ਸਵਾਮੀ ਸੰਤ ਦਾਸ ਸਕੂਲ, ਹਿੰਦੂ ਪੁਤਰੀ ਪਾਠਸ਼ਾਲਾ, ਪੁਲਿਸ ਡੀ.ਏ.ਵੀ. ਸਕੂਲ, ਰੀਮਾ ਇੰਟਰਨੈਸ਼ਨਲ ਸਕੂਲ (ਪਠਾਨਕੋਟ), ਅਕਾਲ ਗੈਲੈਕਸੀ ਸਕੂਲ (ਲੋਹੀਆਂ), ਏਕਮ ਪਬਲਿਕ ਸਕੂਲ, ਅਮਰ ਸ਼ਹੀਦ ਲਾਲਾ ਜਗਤ ਨਾਰਾਇਣ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਨਹਿਰੂ ਗਾਰਡਨ ਜਲੰਧਰ, ਅਤੇ ਗੋਵਿੰਦ ਸਰੋਵਰ ਸਕੂਲ (ਬੁਲੰਦਪੁਰ) ਨੇ ਹਿੱਸਾ ਲਿਆ।ਸਮਾਗਮ ਦੇ ਮੁੱਖ ਮਹਿਮਾਨ ਜਲੰਧਰ ਦੇ ਮੇਅਰ ਵਨੀਤ ਧੀਰ ਅਤੇ ਮਿਊਂਸਪਲ ਕਾਰਪੋਰੇਸ਼ਨ ਜਲੰਧਰ ਦੇ ਕਮਿਸ਼ਨਰ ਗੌਤਮ ਜੈਨ (ਆਈ.ਏ.ਐਸ.) ਸਨ। ਸੀ.ਟੀ. ਗਰੁੱਪ ਦੀ ਲੀਡਰਸ਼ਿਪ ਵਿੱਚੋਂ ਚੇਅਰਮੈਨ ਚਰਨਜੀਤ ਸਿੰਘ ਚੰਨੀ, ਵਾਈਸ ਚੇਅਰਮੈਨ ਹਰਪ੍ਰੀਤ ਸਿੰਘ, ਅਤੇ ਐਕਜ਼ੀਕਿਊਟਿਵ ਡਾਇਰੈਕਟਰ ਡਾ. ਨਿਤਿਨ ਟੰਡਨ ਨੇ ਵੀ ਹਾਜ਼ਰੀ ਭਰੀ ਅਤੇ ਵਿਦਿਆਰਥੀਆਂ ਨੂੰ ਉਹਨਾਂ ਦੀਆਂ ਉਪਲਬਧੀਆਂ ਲਈ ਵਧਾਈਆਂ ਦਿੱਤੀਆਂ।

## 26 ਤੋਂ 29 ਜੂਨ ਤੱਕ ਬਜ਼ਾਰ ਰਹਿਣਗੇ ਬੰਦ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਵਪਾਰ ਮੰਡਲ ਦੀ ਇਕ ਅਹਿਮ ਮੀਟਿੰਗ ਬੀਤੀ ਸ਼ਾਮ ਗੁ.ਭੋਰਾ ਸਾਹਿਬ ਵਿਖੇ ਵਪਾਰ ਮੰਡਲ ਦੇ ਪ੍ਰਧਾਨਾਂ ਇੰਦਰਜੀਤ ਸਿੰਘ ਅਰੋੜਾ,ਪ੍ਰਿਤਪਾਲ ਸਿੰਘ ਗੰਡਾ ਅਤੇ ਦੀਪਕ ਆਂਗਰਾ ਦੀ ਪ੍ਰਧਾਨਗੀ ਹੇਠ ਹੋਈ। ਵਪਾਰ



ਮੰਡਲ ਦੇ ਜਨਰਲ ਸੈਕਟਰੀ ਜਸਪਾਲ ਸਿੰਘ ਗੁਬਰ ਨੇ ਦਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗਰਮੀਆਂ ਦੀਆਂ ਛੁੱਟੀਆਂ ਨੂੰ ਲੈ ਕੇ 26 ਤੋਂ 29 ਜੂਨ ਤੱਕ ਸ੍ਰੀ ਅਨੰਦਪੁਰ ਸਾਹਿਬ ਦੀਆਂ ਸਮੂਹ ਦੁਕਾਨਾਂ ਬੰਦ ਰੱਖੀਆਂ ਜਾਣਗੀਆਂ । ਇਹ ਫ਼ੈਸਲਾ ਵਪਾਰ ਮੰਡਲ ਸ੍ਰੀ ਅਨੰਦਪੁਰ ਸਾਹਿਬ ਵਲੋਂ ਮੀਟਿੰਗ ਕਰਨ ਉਪਰੰਤ ਸਰਬ ਸੰਮਤੀ ਨਾਲ ਲਿਆ ਗਿਆ। ਇਸੇ ਮੌਕੇ ਵਪਾਰੀਆਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਵਿਚਾਰ ਚਰਚਾ ਕੀਤੀ ਗਈ। ਵਪਾਰੀਆਂ ਨੇ ਸ਼ਹਿਰ ਦੇ ਹੋਰ ਦੁਕਾਨਦਾਰਾਂ ਨੂੰ ਅਪੀਲ ਕਰਦਿਆਂ ਕਿਹਾ ਕੇ ਸਾਰੇ ਦੁਕਾਨਦਾਰ ਵੀਰ ਇੱਕ ਜੁੱਟ ਹੋਣ ਅਤੇ ਆਪਸੀ ਭਾਈਚਾਰੇ ਨੂੰ ਬਣਾ ਕੇ ਰੱਖਣ।ਇਸ ਮੌਕੇ , ਸੁਨੀਲ ਅਡਵਾਲ ਪ੍ਰਧਾਨ ਰੇਹੜੀ ਖੋਖਾ ਯੂਨੀਅਨ ,ਰਾਜੂ ਮਹਾਜਨ ਪ੍ਰਧਾਨ ਪੁਡਾ ਮਾਰਕੀਟ,ਦਵਿੰਦਰ ਵਰਮਾ ਪ੍ਰਧਾਨ ਸਵਰਨਕਾਰ ਸੁਸਾਇਟੀ,ਅਖਿਲ ਕੌਸ਼ਲ,ਦਲਜੀਤ ਸਿੰਘ ਅਰੋੜਾ,ਸੁਮਿਤ ਮਹਿਤਾ,ਇੰਦਰਜੀਤ ਕੌਸ਼ਲ,ਜਸਵਿੰਦਰ ਸਿੰਘ ਸੋਨੂੰ ਅਰੋੜਾ,ਮਨਿਦਰ ਪਾਲ ਸਿੰਘ ਮਨੀ,ਜਰਨੈਲ ਸਿੰਘ ਗੁੰਬਰ,ਰਾਜੂ ਧੀਮਾਨ, ਜਸਵਿੰਦਰ ਸਿੰਘ ਬਿੱਟੂ, ਕਮਲਜੀਤ ਵਰਮਾ, ਅਰਸ਼ਦੀਪ ਸਿੰਘ, ਸ਼ੈਫੀ ਅਰੋੜਾ,ਸ਼ਫ਼ੀ ਕਥੂਰੀਆ,ਰੋਮੀ ਆਂਗਰਾ,ਨਰਿੰਦਰ ਸਿੰਘ ਸੰਤ ਬੂਟ,ਚੰਦਨ ਸ਼ਰਮਾ ਆਦਿ ਹਾਜ਼ਰ ਸਨ।

## ਲੋਕਾਂ ਨੂੰ ਹਾਈਪਰਟੈਂਸ਼ਨ ਸੰਬੰਧੀ ਕੀਤਾ ਜਾ ਰਿਹਾ ਹੈ ਜਾਗਰੂਕ : ਡਾ. ਪ੍ਰੇਮ ਕੁਮਾਰ

**ਕਾਲਾ ਸੰਘਿਆਂ (ਮਨਜੀਤ ਮਾਨ)**- ਸਿਵਲ ਸਰਜਨ ਕਪੂਰਥਲਾ ਡਾ. ਰਜੀਵ ਪ੍ਰਾਸ਼ਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਮੁੱਢਲਾ ਸਿਹਤ ਕੇਂਦਰ ਢਿੱਲਵਾਂ ਦੇ ਸੀਨੀਅਰ ਮੈਡੀਕਲ ਅਫਸਰ ਡਾ. ਪ੍ਰੇਮ ਕੁਮਾਰ ਦੀ ਯੋਗ ਅਗਵਾਈ ਹੇਠ ਵੱਖ-ਵੱਖ ਆਯੂਸ਼ਮਾਨ ਅਰੋਗਿਆ ਕੇਂਦਰ ਵਿੱਚ ਸੀ.ਐਚ.ਓ ਅਤੇ ਏ.ਐਨ.ਐਮ ਵੱਲੋਂ ਹਾਈਪਰਟੈਨਸ਼ਨ ਸਬੰਧੀ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਡਾ. ਪ੍ਰੇਮ ਕੁਮਾਰ ਨੇ ਦੱਸਿਆ ਕਿ ਹਾਈਪਰਟੈਨਸ਼ਨ ਜਾਗਰੂਕਤਾ ਮੁਹਿੰਮ 17 ਜੂਨ 2025 ਤੱਕ ਮਨਾਇਆ ਜਾਣਾ ਹੈ, ਜਿਸ ਤਹਿਤ ਬਲਾਕ ਢਿੱਲਵਾਂ ਅਧੀਨ ਆਉਂਦੇ ਵੱਖ-ਵੱਖ ਪਿੰਡਾਂ ਵਿੱਚ ਸਿਹਤ ਵਿਭਾਗ ਦੀ ਟੀਮ ਵੱਲੋਂ ਆਮ ਲੋਕਾਂ ਨੂੰ ਬਲੱਡ ਪ੍ਰੈਸ਼ਰ ਸਬੰਧੀ ਜਾਗਰੂਕ ਕੀਤਾ ਜਾਵੇਗਾ।ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਾਈਪਰਟੇਂਸ਼ਨ ਦੀ ਜਾਂਚ ਕਰਨ ਸਬੰਧੀ ਸਿਹਤ ਵਿਭਾਗ ਦੀ ਟੀਮ ਵੱਲੋਂ ਸਿਹਤ ਜਾਂਚ ਕੈਂਪ ਵੀ ਲਗਾਏ ਜਾ ਰਹੇ ਹਨ। ਪਿੰਡ ਬੁਤਾਲਾ ਵਿੱਚ ਆਮ ਲੋਕਾਂ ਨੂੰ ਸੀ.ਐਚ.ਓ ਗੁਰਪ੍ਰੀਤ ਕੌਰ ਵੱਲੋਂ ਹਾਈਪਰਟੈਨਸ਼ਨ ਦੇ ਲੱਛਣਾਂ ਅਤੇ ਰੋਕਥਾਮ ਸੰਬੰਧੀ ਵਿਸਥਾਰ ਨਾਲ ਜਾਗਰੂਕ ਕੀਤਾ ਗਿਆ। ਉਨ੍ਹਾਂ ਲੋਕਾਂ ਨੂੰ ਸਮੇਂ-ਸਮੇਂ ਸਿਰ ਸਿਹਤ ਜਾਂਚ, ਜੇਕਰ



ਕਿਸੇ ਨੂੰ ਬਲੱਡ ਪ੍ਰੈਸ਼ਰ ਦੀ ਸਮੱਸਿਆ ਹੈ ਤਾਂ ਸਮੇਂ ਸਮੇਂ ਸਿਰ ਨਜਦੀਕੀ ਸਿਹਤ ਕੇਂਦਰ ਤੋਂ ਬੀ.ਪੀ ਚੈੱਕ ਕਰਵਾਉਣ, ਡਾਕਟਰ ਵੱਲੋਂ ਦਿੱਤੀ ਬੀ.ਪੀ ਦੀ ਦਵਾਈ ਸਮੇਂ ਅਨੁਸਾਰ ਖਾਣ ਲਈ ਕਿਹਾ। ਇਸ ਦੌਰਾਨ ਉਨ੍ਹਾਂ ਲੋਕਾਂ ਨੂੰ ਸਿਹਤਮੰਦ ਖੁਰਾਕ ਜਿਸ ਵਿੱਚ ਲੂਣ ਦੀ ਮਾਤਰਾ ਘੱਟ ਹੋਵੇ, ਸਿਗਰਟਨੋਸ਼ੀ, ਸ਼ਰਾਬ ਦੇ ਸੇਵਨ ਤੋਂ ਪ੍ਰਹੇਜ਼ ਅਤੇ ਤਲੀਆਂ ਚੀਜ਼ਾਂ ਖਾਣ ਤੋਂ ਪਰਹੇਜ਼ ਆਦਿ ਕਰਨ ਲਈ ਕਿਹਾ। ਉਨ੍ਹਾਂ ਲੋਕਾਂ ਨੂੰ ਰੋਜ਼ਾਨਾ ਸਰੀਰਕ ਗਤੀਵਿਧੀ, ਘੱਟ ਤੋਂ ਘੱਟ 30 ਮਿੰਟ ਦੀ ਸਰੀਰਕ ਕਸਰਤ, ਸੈਰ ਜਾਂ ਯੋਗਾ ਕਰਨ ਦੀ ਸਲਾਹ ਦਿੱਤੀ।ਇਸ ਦੇ ਨਾਲ ਹੀ ਆਯੂਸ਼ਮਾਨ ਅਰੋਗਿਆ ਕੇਂਦਰ ਪਿੰਡ ਬਾਗੜੀਆਂ ਵਿੱਚ ਵੀ ਸੀ.ਐਚ.ਓ ਨਵਪ੍ਰੀਤ ਕੌਰ ਵੱਲੋਂ ਹਾਈਪਰਟੈਨਸ਼ਨ ਸਬੰਧੀ ਕੈਂਪ ਲਗਾਇਆ ਗਿਆ। ਇਸ ਤਹਿਤ ਕੈਂਪ ਵਿੱਚ ਆਏ ਲੋਕਾਂ ਦਾ ਬਲੱਡ ਪ੍ਰੈਸ਼ਰ ਚੈੱਕ ਕੀਤਾ ਗਿਆ ਅਤੇ ਨਾਲ ਹੀ ਉਨ੍ਹਾਂ ਨੂੰ ਹਾਈਪਰਟੇਸ਼ਨ ਸਬੰਧੀ ਜਾਗਰੂਕ ਕੀਤਾ ਗਿਆ। ਇਸ ਮੌਕੇ ਬੀ.ਈ.ਈ. ਮੋਨਿਕਾ ਨੇ ਦੱਸਿਆ ਕਿ ਸਿਹਤ ਵਿਭਾਗ ਵਲੋਂ 17 ਮਈ ਤੋਂ 17 ਜੂਨ ਤੱਕ ਹਾਈਪਰਟੈਨਸ਼ਨ ਮਹੀਨਾ ਮਨਾਇਆ ਜਾ ਰਿਹਾ ਹੈ। ਜਿਸ ਤਹਿਤ ਸਿਹਤ ਵਿਭਾਗ ਵਲੋਂ ਵੱਖ-ਵੱਖ ਗਤੀਵਿਧੀਆਂ ਕਰ ਜਿਸ ਵਿੱਚ ਸਾਈਕਲ ਰੈਲੀ, ਸਿਹਤ ਜਾਂਚ ਕੈਂਪ, ਜਾਗਰੂਕਤਾ ਸੈਮੀਨਾਰ, ਪੋਸਟਰ ਮੇਕਿੰਗ ਮੁਕਾਬਲੇ ਆਦਿ ਰਾਹੀਂ ਆਮ ਲੋਕਾਂ ਨੂੰ ਹਾਈਪਰਟੈਨਸ਼ਨ ਦੇ ਖ਼ਤਰਿਆਂ, ਲੱਛਣਾਂ, ਰੋਕਥਾਮ ਅਤੇ ਯੋਗ ਇਲਾਜ ਸੰਬੰਧੀ ਜਾਗਰੂਕ ਕੀਤਾ ਜਾਵੇਗਾ।

## ਦਰਬਾਰ ਬਾਬਾ ਖੇੜੀ ਵਾਲਾ ਮਲਕਪੁਰ ਵਿਖੇ ਸਲਾਨਾ ਜੋੜ ਮੇਲਾ 28 ਤੇ 29 ਨੂੰ

**ਫਗਵਾੜਾ (ਡਾ. ਰਮਨ)**- ਦਰਬਾਰ ਬਾਬਾ ਖੇੜੀ ਵਾਲੀ ਸਰਕਾਰ ਪਿੰਡ ਮਲਕਪੁਰ ਤਹਿਸੀਲ ਫਗਵਾੜਾ ਵਿਖੇ 28 ਤੇ 29 ਮਈ ਨੂੰ ਕਰਵਾਏ ਜਾ ਰਹੇ ਸਲਾਨਾ ਜੋੜ ਮੇਲੇ ਦੀਆਂ ਤਿਆਰੀਆਂ ਜੰਗੀ ਪੱਧਰ 'ਤੇ ਜਾਰੀ ਹਨ। ਵਧੇਰੇ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਗ੍ਰਾਮ ਪੰਚਾਇਤ, ਐਨ.ਆਰ.ਆਈ. ਵੀਰਾਂ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਸਲਾਨਾ ਜੋੜ ਮੇਲੇ ਦੇ ਪਹਿਲੇ ਦਿਨ 28 ਮਈ ਨੂੰ ਝੰਡੇ, ਚਾਦਰ ਤੇ ਚਿਰਾਗ ਦੀ ਰਸਮ ਨਿਭਾਈ ਜਾਵੇਗੀ। ਸ਼ਾਮ ਨੂੰ ਨੱਕਾਲ ਪਾਰਟੀ ਸੁਨੈਨਾ ਬੰਗਾ ਪ੍ਰੋਗਰਾਮ ਪੇਸ਼ ਕਰਨਗੇ। ਦੂਸਰੇ ਦਿਨ 29 ਮਈ ਨੂੰ ਨਕਲਾਂ ਦੇ ਪ੍ਰੋਗਰਾਮ ਤੋਂ ਬਾਅਦ ਸੱਭਿਆਚਾਰਕ ਸਟੇਜ ਸਜਾਈ ਜਾਵੇਗੀ ਜਿਸ ਵਿਚ ਅੰਤਰਰਾਸ਼ਟਰੀ ਗਾਇਕ ਕਲਾਕਾਰ ਰੰਧਾਵਾ ਬ੍ਰਦਰਜ਼ ਹਾਜ਼ਰੀ ਲਗਵਾਉਣਗੇ। ਠੰਢੇ ਮਿੱਠੇ ਜਲ, ਚਾਹ ਪਕੌੜੇ ਅਤੇ ਲੰਗਰ ਦੀ ਸੇਵਾ ਅਤੁੱਟ ਵਰਤਾਈ ਜਾਵੇਗੀ। ਇਸ ਮੌਕੇ ਕਮੇਟੀ ਪ੍ਰਧਾਨ ਪਰਮਿੰਦਰ ਸਿੰਘ, ਭੁਪਿੰਦਰ ਸਿੰਘ



ਭਿੰਦਾ, ਸੰਤੋਖ ਸਿੰਘ, ਬਿੰਦਰ ਪਾਲ, ਹਰਦੀਪ ਸਿੰਘ ਘੁੰਮਣ, ਗੁਰਮਿੰਦਰ ਸਿੰਘ ਘੁੰਮਣ, ਹਰਿੰਦਰ ਸਿੰਘ ਲਾਡੀ, ਜਤਿੰਦਰ ਸਿੰਘ, ਇੰਦਰਜੀਤ ਸਿੰਘ, ਸਤਵਿੰਦਰ ਸਿੰਘ ਘੁੰਮਣ ਸਮਾਜ ਸੇਵੀ, ਲਾਲ ਸਿੰਘ, ਸੁਰਿੰਦਰ ਸਿੰਘ ਜੇ.ਈ., ਜਸਵਿੰਦਰ ਸਿੰਘ ਬਾਜਵਾ, ਸੋਨੂੰ ਸਤਨਾਮਿਆ, ਜੋਗਾ ਸਿੰਘ, ਪ੍ਰਦੀਪ ਸਿੰਘ ਘੁੰਮਣ, ਮਨਜਿੰਦਰ ਸਿੰਘ, ਬਲਵਿੰਦਰ ਸਿੰਘ, ਲਖਵਿੰਦਰ ਸਿੰਘ ਬਦੇਸ਼ਾ, ਗੁਰਮੀਤ ਸਿੰਘ ਘੁੰਮਣ, ਦਿਲਬਾਗ ਸਿੰਘ ਬਾਗਾ, ਗੁਰਮੁਖ ਸਿੰਘ, ਪ੍ਰਦੀਪ ਸਿੰਘ ਸਾਹੀ, ਸਤਨਾਮ ਸਿੰਘ ਮੱਲ੍ਹੀ, ਜੋਗਾ ਸਿੰਘ ਸਾਹੀ, ਜੀਤ ਸਿੰਘ ਡਰਾਇਵਰ, ਜਸਬੀਰ ਸਿੰਘ ਅਤੇ ਕਰਨੈਲ ਸਿੰਘ ਢੀਂਡਸਾ ਤੋਂ ਇਲਾਵਾ ਮੁੱਖ ਸੇਵਾਦਾਰ ਸਾਂਈ ਪਰਗਟ ਸਿੰਘ ਆਦਿ ਹਾਜਰ ਸਨ।

## ਲਖਨੌਰ, ਭਾਗੋਮਾਜਰਾ ਤੇ ਬੈਰੋਂਪੁਰ 'ਚ ਕੱਢੀ ਜਾਗਰੂਕਤਾ ਰੈਲੀ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਨਸ਼ਾ ਵਿਰੋਧੀ ਮੁਹਿੰਮ ਤਹਿਤ ਵਿਧਾਇਕ ਕੁਲਵੰਤ ਸਿੰਘ ਦੀ ਅਗਵਾਈ ਵਿੱਚ ਮੋਹਾਲੀ ਦੇ ਪਿੰਡ ਲਖਨੌਰ, ਭਾਗੋਮਾਜਰਾ ਅਤੇ ਬੈਰੋਂਪੁਰ ਵਿੱਚ ਪਿੰਡ ਵਾਸੀਆਂ, ਪੰਚਾਂ-ਸਰਪੰਚਾਂ ਦੀ ਮੌਜੂਦਗੀ ਵਿੱਚ ਨਸ਼ਾ ਵਿਰੋਧੀ ਜਾਗਰੂਕਤਾ ਯਾਤਰਾ ਕੱਢੀ ਗਈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਵਾਸੀਆਂ ਨਾਲ ਪੰਜਾਬ ਵਿੱਚੋਂ ਨਸ਼ਿਆਂ ਨੂੰ ਖ਼ਤਮ ਕਰਨ ਦਾ ਜੋ ਵਾਅਦਾ ਕੀਤਾ ਸੀ ਉਸ ਵਾਅਦੇ ਨੂੰ ਪੂਰਾ ਕਰਨ ਲਈ ਭਗਵੰਤ ਸਿੰਘ ਮਾਨ ਪਿਛਲੇ 3 ਸਾਲਾਂ ਤੋਂ ਲੱਗੇ ਹੋਏ ਹਨ ਅਤੇ ਹੁਣ ਪੰਜਾਬ ਵਿੱਚੋਂ ਨਸ਼ਿਆਂ ਨੂੰ ਪੂਰੀ ਤਰ੍ਹਾਂ ਖਤਮ ਕਰਨ ਲਈ ਜੰਗੀ ਪੱਧਰ ਨਸ਼ਾ ਵਿਰੋਧੀ ਮੁਹਿੰਮ ਪੂਰੇ ਪੰਜਾਬ ਵਿੱਚ ਚਲ ਰਹੀ ਹੈ।ਉਨ੍ਹਾਂ ਕਿਹਾ ਕਿ ਸਮਾਜ ਵਿਚੋਂ ਨਸ਼ੇ ਨੂੰ ਖਤਮ ਕਰਨਾ ਸਮਾਜ ਦੇ ਹਰ ਵਿਅਕਤੀ ਦਾ ਫਰਜ਼ ਹੈ ਬਣਦਾ ਹੈ। ਨਸ਼ਾ ਨੂੰ ਜੜ੍ਹ ਤੋਂ ਖਤਮ ਕਰਨ ਲਈ ਹਰ ਵਰਗ, ਹਰ ਪੰਚਾਇਤ, ਹਰ ਨੌਜਵਾਨ, ਹਰ ਮਾਤਾ-ਪਿਤਾ ਨੂੰ ਅਪੀਲ ਕਰਦਾ ਹਾਂ। ਇਸ ਅੰਦੋਲਨ ਨਾਲ ਜੁੜੋ ਪੰਜਾਬ ਨੂੰ ਨਸ਼ਾ ਮੁਕਤ-ਕਰਨ ਦੀ ਇਹ ਲੜਾਈ ਸਾਡੀ ਸਭ ਦੀ ਲੜਾਈ ਹੈ। ਇਸ ਮੌਕੇ ਸਹੁੰ ਚੁਕਵਾਈ ਗਈ ਕਿ ਨਾ ਅਸੀਂ ਨਸ਼ਾ ਕਰਾਂਗੇ, ਨਾ ਕਰਨ ਦਿਆਂਗੇ। ਨਾ ਨਸ਼ਾ ਵੇਚਣ ਦਿਆਂਗੇ, ਨਾ ਨਸ਼ਾ ਵੇਚਣ ਵਾਲਿਆਂ ਦਾ ਬਚਾਅ ਕਰਾਂਗੇ। ਅਸੀਂ ਸਭ ਮਿਲਕੇ ਪੰਜਾਬ ਨੂੰ ਮੁੜ ਰੋਸ਼ਨ, ਸੁਰੱਖਿਅਤ ਅਤੇ ਨਸ਼ਾ ਮੁਕਤ ਕਰਾਂਗੇ।ਉਨ੍ਹਾਂ ਕਿਹਾ ਕਿ ਨਸ਼ਿਆਂ ਸੰਬਧੀ ਜਾਣਕਾਰੀ ਦੇਣ ਲਈ ਹੈਲਪਲਾਈਨ ਨੰਬਰ 9779100200 ਵੀ ਸ਼ੁਰੂ ਕੀਤਾ ਗਿਆ ਹੈ, ਜਿਨ੍ਹਾਂ ਤੇ ਕੋਈ ਵੀ ਵਿਅਕਤੀ ਨਸ਼ਾ ਤਸਕਰੀ ਨਾਲ ਸਬੰਧਤ ਜਾਣਕਾਰੀ ਦੇ ਸਕਦਾ ਹੈ। ਉਸ ਦਾ ਨਾਮ ਗੁਪਤ ਰੱਖਿਆ ਜਾਵੇਗਾ। ਪਿੰਡਾਂ ਵਿੱਚ ਪੋਸਟਰਾਂ ਰਾਹੀਂ ਹੈਲਪਲਾਈਨ ਨੰਬਰ ਪ੍ਰਮੁੱਖਤਾ ਨਾਲ ਪ੍ਰਦਰਸ਼ਤ ਕੀਤੇ ਗਏ ਹਨ ਅਤੇ ਹੋਰ ਖੇਤਰਾਂ ਵਿੱਚ ਵੀ ਇਹਨਾਂ ਦਾ ਵਿਸਤਾਰ ਕੀਤਾ ਜਾਵੇਗਾ।

# ਆਬਕਾਰੀ ਵਿਭਾਗ ਨੇ ਨਾਜਾਇਜ਼ ਸ਼ਰਾਬ ਵਿਰੁੱਧ ਜੰਗੀ ਪੱਧਰ 'ਤੇ ਚਲਾਈ ਮੁਹਿੰਮ



**ਹੁਸ਼ਿਆਰਪੁਰ (ਓ ਪੀ ਰਾਣਾ)** ਹਾਲ ਹੀ ਵਿਚ ਅੰਮ੍ਰਿਤਸਰ ਜ਼ਿਲ੍ਹੇ ਦੇ ਮਜੀਠਾ ਇਲਾਕੇ ਵਿਚ ਵਾਪਰੀ ਮੰਦਭਾਗੀ ਘਟਨਾ ਦੇ ਮੱਦੇਨਜਰ, ਪੰਜਾਬ ਸਰਕਾਰ ਦੇ ਨਿਰਦੇਸ਼ਾਂ 'ਤੇ ਆਬਕਾਰੀ ਵਿਭਾਗ, ਹੁਸ਼ਿਆਰਪੁਰ ਵੱਲੋਂ ਪੁਲਸ ਅਤੇ ਸਿਵਲ ਪ੍ਰਸ਼ਾਸਨ ਦੇ ਸਹਿਯੋਗ ਨਾਲ ਜ਼ਿਲ੍ਹੇ ਵਿਚ ਵੱਡੇ ਪੱਧਰ 'ਤੇ ਛਾਪੇਮਾਰੀ ਕਰਕੇ ਨਾਜਾਇਜ਼ ਸ਼ਰਾਬ ਬਰਾਮਦੀ ਕੀਤੀ ਜਾ ਰਹੀ ਹੈ। ਸਹਾਇਕ ਕਮਿਸ਼ਨਰ (ਆਬਕਾਰੀ) ਹਨੂਵੰਤ ਸਿੰਘ, ਆਬਕਾਰੀ ਅਧਿਕਾਰੀ ਨਵਜੋਤ ਭਾਰਤੀ (ਹੁਸ਼ਿਆਰਪੁਰ-1) ਅਤੇ ਪ੍ਰੀਤ ਭੁਪਿੰਦਰ ਸਿੰਘ (ਹੁਸ਼ਿਆਰਪੁਰ-2) ਦੀ ਨਿਗਰਾਨੀ ਹੇਠ ਜ਼ਿਲ੍ਹੇ ਭਰ ਵਿਚ ਨਾਜਾਇਜ਼ ਸ਼ਰਾਬ ਵਿਰੁੱਧ ਜੰਗੀ ਪੱਧਰ 'ਤੇ ਮੁਹਿੰਮ ਚਲਾਈ ਜਾ ਰਹੀ ਹੈ। ਮਜੀਠਾ ਕਾਂਡ ਤੋਂ ਬਾਅਦ ਪਿਛਲੇ ਇਕ ਹਫਤੇ ਵਿਚ ਆਬਕਾਰੀ ਵਿਭਾਗ ਵੱਲੋਂ 50 ਤੋਂ ਵੱਧ ਛਾਪੇ ਮਾਰੇ ਗਏ ਹਨ। ਪਿਛਲੇ ਇਕ ਹਫਤੇ ਵਿਚ 13 ਐਫ.ਆਈ.ਆਰ ਦਰਜ ਕਰਕੇ 11 ਗ੍ਰਿਫਤਾਰੀਆਂ ਕੀਤੀਆਂ ਗਈਆਂ ਅਤੇ 152 ਬੋਤਲਾਂ, 25000 ਕਿਲੋ ਲਾਹਣ ਅਤੇ 101.25 ਲੀਟਰ ਨਾਜਾਇਜ਼ ਸ਼ਰਾਬ ਬਰਾਮਦ ਕੀਤੀ ਗਈ। ਬੀਤੇ ਦਿਨੀਂ ਸੁੰਦਰ ਨਗਰ ਅਤੇ ਬਲਬੀਰ ਕਲੋਨੀ (ਹੁਸ਼ਿਆਰਪੁਰ ਸ਼ਹਿਰ) ਵਿਚ ਆਬਕਾਰੀ ਵਿਭਾਗ ਅਤੇ ਪੁਲਸ ਵੱਲੋਂ ਸਾਂਝਾ ਫਲੈਗ ਮਾਰਚ ਕੱਢਿਆ ਗਿਆ। ਇਸ ਦੌਰਾਨ ਨਾਗਰਿਕਾਂ ਨੂੰ ਗੈਰ-ਕਾਨੂੰਨੀ ਸ਼ਰਾਬ ਦੀ ਰਿਪੋਰਟ ਕਰਨ ਲਈ ਉਤਸ਼ਾਹਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਨੂੰ ਵੀ ਗੈਰ-ਕਾਨੂੰਨੀ ਸ਼ਰਾਬ ਦੇ ਕਾਰੋਬਾਰ ਵਿਚ ਸ਼ਾਮਿਲ ਕਿਸੇ ਵਿਅਕਤੀ ਬਾਰੇ ਜਾਣਕਾਰੀ ਹੈ ਤਾਂ ਉਹ ਤੁਰੰਤ ਆਬਕਾਰੀ ਵਿਭਾਗ ਨੂੰ ਸੂਚਿਤ ਕਰੇ।

# ਕੌਮੀ ਲੋਕ ਅਦਾਲਤ ਅੱਜ

**ਜਲੰਧਰ (ਸ਼ੈਲੀ ਐਲਬਰਟ)** ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ 24 ਮਈ ਨੂੰ ਜੁਡੀਸ਼ੀਅਲ ਅਦਾਲਤਾਂ ਜਲੰਧਰ, ਨਕੋਦਰ ਅਤੇ ਫਿਲੌਰ ਵਿੱਚ ਕੌਮੀ ਲੋਕ ਅਦਾਲਤ ਲਗਾਈ ਜਾ ਰਹੀ ਹੈ, ਜਿਥੇ ਲੰਬਿਤ ਸਿਵਲ ਅਤੇ ਫੌਜਦਾਰੀ ਦੇ ਸਮਝੌਤਾ ਹੋ ਸਕਣ ਵਾਲੇ ਕੇਸਾਂ ਅਤੇ ਹੋਰ ਸੰਸਥਾਵਾਂ ਜਿਵੇਂ ਬੈਂਕਾਂ, ਬਿਜਲੀ ਵਿਭਾਗ, ਵਿੱਤੀ ਸੰਸਥਾਨਾਂ ਦੇ ਪ੍ਰੀਲਿਟੀਗੇਟਿਵ ਕੇਸਾਂ ਦਾ ਫੈਸਲਾ ਰਾਜ਼ੀਨਾਮੇ ਰਾਹੀਂ ਕਰਵਾਉਣ ਲਈ ਸੁਣਵਾਈ ਕੀਤੀ ਜਾਵੇਗੀ। ਜ਼ਿਲ੍ਹਾ ਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨਿਰਭਉ ਸਿੰਘ ਗਿੱਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੋਕ ਅਦਾਲਤ ਦਾ ਫੈਸਲਾ ਅੰਤਿਮ ਹੁੰਦਾ ਹੈ ਅਤੇ ਇਸ ਦੇ ਖਿਲਾਫ਼ ਕਿਤੇ ਵੀ ਅਪੀਲ ਨਹੀਂ ਕੀਤੀ ਜਾ ਸਕਦੀ। ਸੀ.ਜੇ.ਐੱਮ.-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਰਾਹੁਲ ਕੁਮਾਰ ਆਜ਼ਾਦ ਨੇ ਜਿਨ੍ਹਾਂ ਧਿਰਾਂ ਨੂੰ 10.05.2025 ਨੂੰ ਮੁਲਤਵੀ ਹੋਈ ਲੋਕ ਅਦਾਲਤ ਤੋਂ ਬਾਅਦ ਆਪਣੇ ਕੇਸ ਦਾ ਨਿਪਟਾਰਾ ਕਰਾਉਣ ਲਈ 17.05.2025 ਦੀ ਤਾਰੀਕ ਦੇ ਸੰਮਨ ਜਾਰੀ ਹੋਏ ਹਨ, ਉਨ੍ਹਾਂ ਨੂੰ ਆਪਣੇ ਕੇਸ ਦਾ ਨਿਬੇੜਾ ਲੋਕ ਅਦਾਲਤ ਰਾਹੀਂ ਕਰਾਉਣ ਲਈ 24 ਮਈ ਨੂੰ ਹਾਜ਼ਰ ਹੋਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਕੌਮੀ ਲੋਕ ਅਦਾਲਤ ਲਈ ਸਥਾਨ ਅਤੇ ਸਮਾਂ ਪਹਿਲਾਂ ਵਾਲਾ ਹੀ ਰਹੇਗਾ।

# ਐਲ ਪੀ ਯੂ ਵੱਲੋਂ 22 ਲੱਖ ਹਥਿਆਰਬੰਦ ਸੈਨਾਵਾਂ ਲਈ ਦੁਨੀਆ ਦੀ ਸਭ ਤੋਂ ਵੱਡੀ 100% ਸਕਾਲਰਸ਼ਿਪ ਦਾ ਐਲਾਨ




**ਜਲੰਧਰ (ਸ਼ੈਲੀ ਐਲਬਰਟ)** ਆਪ੍ਰੇਸ਼ਨ ਸਿੰਦੂਰ ਦੀ ਸਫਲਤਾ 'ਤੇ, ਰਾਸ਼ਟਰ ਦੇ ਪ੍ਰਤੀ ਸ਼ੁਕਰਗੁਜ਼ਾਰੀ ਅਤੇ ਸਿੱਖਿਆ ਦੇ ਖੇਤਰ ਵਿੱਚ ਕੰਮ ਕਰਨ ਦੀ ਆਪਣੀ ਵਚਨਬੱਧਤਾ ਨੂੰ ਪੂਰਾ ਕਰਨ ਦੇ ਪ੍ਰਤੀਕ ਵਜੋਂ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਨੇ 'ਜੈ ਜਵਾਨ ਸਕਾਲਰਸ਼ਿਪ' ਦੀ ਸ਼ੁਰੂਆਤ ਦਾ ਐਲਾਨ ਕੀਤਾ ਹੈ। ਐਲਪੀਯੂ ਦੇ ਅੰਡਰਗ੍ਰੈਜੂਏਟ ਅਤੇ ਪੋਸਟ ਗ੍ਰੈਜੂਏਟ ਪ੍ਰੋਗਰਾਮਾਂ ਵਿੱਚ ਔਨਲਾਈਨ ਮੋਡ ਰਾਹੀਂ ਦਾਖਲਾ ਲੈਣ ਵਾਲੇ ਸਾਰੇ ਸਰਗਰਮ ਰੱਖਿਆ ਅਤੇ ਅਰਧ ਸੈਨਿਕ ਬਲਾਂ ਲਈ 100% ਟਿਊਸ਼ਨ ਫੀਸ ਮੁਆਫ਼ ਕੀਤੀ ਜਾਵੇਗੀ। ਇਹ ਪਹਿਲ ਵਿਸ਼ੇਸ਼ ਤੌਰ 'ਤੇ ਭਾਰਤ ਦੇ 22 ਲੱਖ ਸਰਗਰਮ ਰੱਖਿਆ (ਫ਼ੌਜ, ਜਲ ਸੈਨਾ ਅਤੇ ਹਵਾਈ ਸੈਨਾ) ਅਤੇ ਅਰਧ ਸੈਨਿਕ ਬਲਾਂ ਦੇ ਕਰਮਚਾਰੀਆਂ ਲਈ ਤਿਆਰ ਕੀਤੀ ਗਈ ਹੈ, ਜਿਨ੍ਹਾਂ ਵਿੱਚ ਸੀਆਰਪੀਐਫ, ਆਈਟੀਬੀਪੀ, ਬੀਐਸਐਫ ਅਤੇ ਐਸਐਸਬੀ ਸ਼ਾਮਲ ਹਨ। ਇਸ ਕਦਮ ਨੇ ਇਸ ਸਕਾਲਰਸ਼ਿਪ ਨੂੰ ਸਿੱਖਿਆ ਦੇ ਖੇਤਰ ਵਿੱਚ ਦੁਨੀਆ ਦੀ ਸਭ ਤੋਂ ਵੱਡੀ ਨਿੱਜੀ ਸਕਾਲਰਸ਼ਿਪ ਸਕੀਮ ਬਣਾ ਦਿੱਤਾ ਹੈ। ਇਸ ਪਹਿਲਕਦਮੀ ਦਾ ਐਲਾਨ ਕਰਦੇ ਹੋਏ, ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ, 'ਸਾਡੀਆਂ ਹਥਿਆਰਬੰਦ ਸੈਨਾਵਾਂ ਦੀ ਬਹਾਦਰੀ ਅਤੇ ਕੁਰਬਾਨੀ ਦਾ ਸਨਮਾਨ ਕਰਨ ਲਈ ਜਿੰਨੇ ਵੀ ਸਲੂਟ ਦਿੱਤੇ ਜਾਣ ਉਹ ਘੱਟ ਹੀ ਰਹਿਣਗੇ। ਇਸ ਵੱਕਾਰੀ, ਜੈ ਜਵਾਨ ਸਕਾਲਰਸ਼ਿਪ ਨਾਲ 22 ਲੱਖ ਤੋਂ ਵੱਧ ਦੇਸ਼ ਦੀ ਸੇਵਾ ਕਰ ਰਹੇ ਜਵਾਨਾਂ ਨੂੰ ਲਾਭ ਮਿਲੇਗਾ ਡਾ. ਮਿੱਤਲ ਨੇ ਐਲਾਨ ਕੀਤਾ ਕਿ 2025-2026 ਅਤੇ 2026-2027 ਅਕਾਦਮਿਕ ਸੈਸ਼ਨਾਂ (ਜੁਲਾਈ ਅਤੇ ਜਨਵਰੀ ਦੋਵਾਂ ਦੇ ਦਾਖ਼ਲਿਆਂ ਸਮੇਤ) ਵਿੱਚ ਦਾਖਲਾ ਲੈਣ ਵਾਲਾ ਹਰ ਸਰਗਰਮ ਰੱਖਿਆ ਕਰਮਚਾਰੀ ਅਤੇ ਅਰਧ ਸੈਨਿਕ ਕਰਮਚਾਰੀ ਇਸ ਸਕਾਲਰਸ਼ਿਪ ਲਈ ਯੋਗ ਹੋਵੇਗਾ। ਸਾਰੇ ਰੈਂਕਾਂ ਦੇ ਸਿਪਾਹੀ ਅਤੇ ਅਧਿਕਾਰੀ ਦੋਵੇਂ ਇਸ ਸਕਾਲਰਸ਼ਿਪ ਲਈ ਯੋਗ ਹਨ। ਜਿਨ੍ਹਾਂ ਨੇ 12ਵੀਂ ਜਮਾਤ ਪੂਰੀ ਕਰ ਲਈ ਹੈ, ਉਹ ਗ੍ਰੈਜੂਏਟ ਪ੍ਰੋਗਰਾਮਾਂ ਵਿੱਚ ਦਾਖਲਾ ਲੈ ਸਕਦੇ ਹਨ, ਜਦੋਂ ਕਿ ਗ੍ਰੈਜੂਏਟ ਮਾਸਟਰ ਡਿਗਰੀ ਪ੍ਰਾਪਤ ਕਰ ਸਕਦੇ ਹਨ।ਉਨ੍ਹਾਂ ਕਿਹਾ ਕਿ ਐਲਪੀਯੂ ਕੋਲ ਵੱਕਾਰੀ ਨੈਕ 1++ ਮਾਨਤਾ ਹੈ, ਜੋ ਇਸਨੂੰ ਭਾਰਤ ਦੇ ਚੋਟੀ ਦੇ ਸੰਸਥਾਨਾਂ ਵਿੱਚੋਂ ਇੱਕ ਬਣਾਉਂਦੀ ਹੈ, ਅਤੇ ਵਰਤਮਾਨ ਵਿੱਚ ਐਨਆਈਆਰਐਫ ਰੈਂਕਿੰਗ ਵਿੱਚ 27ਵੇਂ ਸਥਾਨ 'ਤੇ ਹੈ, ਜੋ ਕਿ ਯੂਨੀਵਰਸਿਟੀ ਦੀ ਉੱਤਮ ਅਕਾਦਮਿਕ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀ ਹੈ।

# ਸਿੱਧੂ ਨੇ ਹਰਮਨਜੋਤ ਸਿੰਘ ਨੂੰ ਘਰ ਜਾ ਕੇ ਦਿੱਤੀ ਵਧਾਈ

**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਦੇ ਸਾਬਕਾ ਸਿਹਤ ਮੰਤਰੀ ਅਤੇ ਸੀਨੀਅਰ ਕਾਂਗਰਸੀ ਆਗੂ ਬਲਬੀਰ ਸਿੰਘ ਸਿੱਧੂ ਨੇ ਫੇਜ਼-5, ਮੋਹਾਲੀ ਵਿਖੇ ਬਲਬੀਰ ਸਿੰਘ ਦੇ ਪੋਤਰੇ



ਅਤੇ ਨਰਿੰਦਰਜੀਤ ਸਿੰਘ ਦੇ ਸਪੁੱਤਰ ਹਰਮਨਜੋਤ ਸਿੰਘ ਨੂੰ 10ਵੀਂ ਜਮਾਤ ਵਿੱਚ 97.2% ਅੰਕ ਪ੍ਰਾਪਤ ਕਰਨ 'ਤੇ ਘਰ ਪਹੁੰਚ ਕੇ ਵਧਾਈ ਦਿੱਤੀ ਅਤੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਸਿੱਧੂ ਨੇ ਕਿਹਾ, "ਹਰਮਨਜੋਤ ਸਿੰਘ ਨੇ ਆਪਣੀ ਮਿਹਨਤ ਅਤੇ ਸਮਰਪਣ ਨਾਲ ਮੋਹਾਲੀ ਦੇ ਨਾਲ-ਨਾਲ ਪੂਰੇ ਸੂਬੇ ਦਾ ਨਾਂਅ ਰੌਸ਼ਨ ਕੀਤਾ ਹੈ।" ਹਰਮਨਜੋਤ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਕਿਹਾ, "ਇਹ ਉਪਲਬਧੀ ਇਨ੍ਹਾਂ ਨੌਜਵਾਨਾਂ ਦੀ ਮਿਹਨਤ, ਜਨੂੰਨ ਅਤੇ ਪੜ੍ਹਾਈ ਪ੍ਰਤੀ ਸਮਰਪਣ ਦਾ ਨਤੀਜਾ ਹੈ। ਇਸ ਕਾਮਯਾਬੀ ਵਿੱਚ ਮਾਪਿਆਂ ਅਤੇ ਅਧਿਆਪਕਾਂ ਦਾ ਵੀ ਅਹਿਮ ਯੋਗਦਾਨ ਰਿਹਾ ਹੈ, ਜਿਸ ਦੀ ਮੈਂ ਖ਼ੁਦ ਦਿਲੋਂ ਸ਼ਲਾਘਾ ਕਰਦਾ ਹਾਂ।" ਇਸ ਮੌਕੇ ਸਾਬਕਾ ਮਾਰਕੀਟ ਕਮੇਟੀ ਚੇਅਰਮੈਨ ਹਰਕੇਸ਼ ਚੰਦ ਸ਼ਰਮਾ (ਮੱਛਲੀ ਕਲਾਂ), ਇੰਦਰਜੀਤ ਸਿੰਘ ਖੋਖਰ ਅਤੇ ਵਿਕਰਮਜੀਤ ਸਿੰਘ ਹੂੰਝਣ ਵੀ ਮੌਜੂਦ ਸਨ।

# ਸ਼ਨੀ ਦੇਵ ਜਯੰਤੀ 26 ਨੂੰ ਮਨਾਈ ਜਾਵੇਗੀ

**ਕਾਲਾ ਸੰਘਿਆਂ (ਮਨਜੀਤ ਮਾਨ)** ਮੰਦਰ ਸੁਧਾਰ ਸਭਾ ਢਿਲਵਾਂ ਵਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਮਾਤਾ ਰਾਣੀ ਮੰਦਿਰ ਢਿੱਲਵਾਂ ਵਿਚ 26 ਮਈ ਨੂੰ ਸ਼ਨੀ ਦੇਵ ਮਹਾਰਾਜ ਦਾ ਜਨਮ ਦਿਹਾੜਾ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ।ਮਾਤਾ ਰਾਣੀ ਮੰਦਿਰ ਸੰਗਰਾਵਾ ਰੋਡ ਢਿੱਲਵਾਂ ਵਿਖੇ 26 ਮਈ ਨੂੰ ਸਵੇਰੇ 8 ਵਜੇ ਤੋਂ 10 ਵਜੇ ਤੱਕ ਸਤਿਸੰਗ, ਮਾਤਾ ਰਾਮ ਭਜਨੀ ਭਜਨ ਮੰਡਲੀ ਵੱਲੋਂ ਕੀਤਾ ਜਾਵੇਗਾ ਅਤੇ ਝੰਡੇ ਦੀ ਰਸਮ ਅਦਾ ਕੀਤੀ ਜਾਵੇਗੀ ।ਅੰਦਰਲੇ ਸ਼ਿਵ ਮੰਦਿਰ ਵਿਖੇ ਸਵੇਰੇ 10 ਤੋਂ 12 ਵਜੇ ਤੱਕ ਸਤਿਸੰਗ ਕੀਤਾ ਜਾਵੇਗਾ ਅਤੇ 12 ਤੋਂ 3 ਵਜੇ ਤੱਕ ਲੰਗਰ ਭੰਡਾਰਾ ਅਤੁੱਟ ਵਰਤੇਗਾ ।ਬਾਹਰਲੇ ਸ਼ਿਵ ਮੰਦਿਰ ਵਿਖੇ ਰਾਤ 8 ਵਜੇ ਤੋਂ 10 ਵਜੇ ਤੱਕ ਸਤਿਸੰਗ ਹੋਵੇਗਾ ਅਤੇ ਝੰਡੇ ਦੀ ਰਸਮ ਜੋਗਿੰਦਰ ਸ਼ਰਮਾ ਅਦਾ ਕਰਨਗੇ,ਲੰਗਰ ਭੰਡਾਰਾ ਅਤੁੱਟ ਵਰਤੇਗਾ।

# ਡਿਪਟੀ ਕਮਿਸ਼ਨਰ ਵੱਲੋਂ ਪੰਚਾਇਤੀ ਜ਼ਮੀਨਾਂ ਤੋਂ ਨਾਜਾਇਜ਼ ਕਬਜ਼ੇ ਛੁਡਵਾਉਣ ਦੇ ਨਿਰਦੇਸ਼



**ਜਲੰਧਰ (ਸ਼ੈਲੀ ਐਲਬਰਟ)**- ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨੂੰ ਪੰਚਾਇਤੀ ਜ਼ਮੀਨਾਂ ਤੋਂ ਜਲਦ ਤੋਂ ਜਲਦ ਨਾਜਾਇਜ਼ ਕਬਜ਼ੇ ਛੁਡਵਾਉਣ ਦੇ ਨਿਰਦੇਸ਼ ਦਿੱਤੇ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰਾਂ, ਐਸ.ਡੀ.ਐਮਜ਼ ਅਤੇ ਪੇਂਡੂ ਵਿਕਾਸ ਅਤੇ ਪੰਚਾਇਤਾਂ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਬੀ.ਡੀ.ਪੀ.ਓਜ਼ ਨੂੰ ਪੰਚਾਇਤੀ ਜ਼ਮੀਨਾਂ ਤੋਂ ਨਾਜਾਇਜ਼ ਕਬਜ਼ੇ ਛੁਡਵਾਉਣ ਲਈ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਤੁਰੰਤ ਲੋੜੀਂਦੀ ਕਾਰਵਾਈ ਅਮਲ ਵਿਚ ਲਿਆਉਣ ਲਈ ਕਿਹਾ। ਉਨ੍ਹਾਂ ਕਿਹਾ ਕਿ ਇਸ ਕੰਮ ਵਿੱਚ ਕਿਸੇ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਅਤੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵੱਲੋਂ ਪਿੰਡਾਂ ਵਿੱਚ ਠੋਸ, ਤਰਲ ਅਤੇ ਪਲਾਸਟਿਕ ਦੀ ਰਹਿੰਦ-ਖੂੰਹਦ ਦੇ ਨਿਪਟਾਰੇ ਸਬੰਧੀ ਪ੍ਰਾਜੈਕਟਾਂ ਸਮੇਤ ਕਮਿਊਨਿਟੀ ਸੈਨੇਟਰੀ ਕੰਪਲੈਕਸਾਂ ਦੇ ਚੱਲ ਰਹੇ ਪ੍ਰਾਜੈਕਟਾਂ ਦੇ ਕੰਮ ਦੀ ਵੀ ਸਮੀਖਿਆ ਕੀਤੀ।ਪੰਜਾਬ ਸਰਕਾਰ ਵੱਲੋਂ ਵਿੱਢੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਪਿੰਡਾਂ ਵਿੱਚ ਮਾਡਲ ਖੇਡ ਮੈਦਾਨ ਬਣਾਉਣ ਦੇ ਕੰਮ ਦਾ ਜਾਇਜ਼ਾ ਲੈਂਦਿਆਂ ਡਾ. ਅਗਰਵਾਲ ਨੇ ਖੇਡ ਮੈਦਾਨਾਂ ਦੇ ਕਾਰਜ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ ਤਾਂ ਜੋ ਵੱਧ ਤੋਂ ਵੱਧ ਨੌਜਵਾਨਾਂ ਨੂੰ ਖੇਡ ਮੈਦਾਨਾਂ ਵੱਲ ਮੋੜਿਆ ਜਾ ਸਕੇ। ਇਸ ਤੋਂ ਇਲਾਵਾ ਉਨ੍ਹਾਂ ਪਿੰਡਾਂ ਵਿੱਚ ਬਣਨ ਵਾਲੇ ਪਾਰਕਾਂ ਦੇ ਨਿਰਮਾਣ ਅਤੇ ਛੱਪੜਾਂ ਦੀ ਡੀਵਾਟਰਿੰਗ ਅਤੇ ਡੀਸਿਲਟਿੰਗ ਜਲਦ ਤੋਂ ਜਲਦ ਕਰਵਾਉਣ ਦੀ ਹਦਾਇਤ ਕੀਤੀ।

# ਵਿਕਟੋਰੀਆ ਕਰਾਸ ਤੇ ਮਹਾਂਵੀਰ ਚੱਕਰ ਜੇਤੂ ਜਮਾਦਾਰ ਨੰਦ ਸਿੰਘ ਦੀ ਧੀ ਨੇ ਸਾਂਝੇ ਕੀਤੇ ਪਿਤਾ ਦੀ ਬਹਾਦਰੀ ਦੇ ਕਿੱਸੇ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਦੇ ਐਸ.ਏ.ਐਸ. ਨਗਰ ਵਿਖੇ ਸਥਿਤ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਵੱਲੋਂ ਆਪਣੇ ਕੈਡਿਟਾਂ ਨੂੰ ਪ੍ਰੇਰਿਤ ਕਰਨ ਲਈ ਵਿਕਟੋਰੀਆ ਕਰਾਸ ਅਤੇ ਮਹਾਂਵੀਰ ਚੱਕਰ ਪੁਰਸਕਾਰ ਜੇਤੂ ਜਮਾਦਾਰ ਨੰਦ ਸਿੰਘ ਦੀ ਧੀ ਅਮਰਜੀਤ ਕੌਰ ਨਾਲ ਇੱਕ ਪ੍ਰੇਰਨਾਦਾਇਕ ਵਿਚਾਰ-ਵਟਾਂਦਰਾ ਸੈਸ਼ਨ ਕਰਵਾਇਆ ਗਿਆ। ਇਸ ਸੈਸ਼ਨ ਦਾ ਉਦੇਸ਼



ਕੈਡਿਟਾਂ ਨੂੰ ਜਮਾਦਾਰ ਨੰਦ ਸਿੰਘ ਦੀ ਬਹਾਦਰੀ ਅਤੇ ਕੁਰਬਾਨੀ ਦੀ ਵਿਰਾਸਤ ਤੋਂ ਜਾਣੂ ਕਰਵਾਉਣਾ ਅਤੇ ਇਸ ਤੋਂ ਪ੍ਰੇਰਣਾ ਲੈ ਕੇ ਜ਼ਿੰਦਗੀ ਵਿੱਚ ਉੱਚੇ ਟੀਚੇ ਨਿਰਧਾਰਤ ਕਰਨ ਅਤੇ ਉਨ੍ਹਾਂ ਲਈ ਨਿਰੰਤਰ ਯਤਨ ਕਰਦੇ ਰਹਿਣ ਲਈ ਪ੍ਰੇਰਿਤ ਕਰਨਾ ਸੀ। ਵਿਕਟੋਰੀਆ ਕਰਾਸ ਅਤੇ ਮਹਾਂਵੀਰ ਚੱਕਰ ਜੇਤੂ ਜਮਾਦਾਰ ਨੰਦ ਸਿੰਘ ਦਾ ਜਨਮ 24 ਸਤੰਬਰ, 1914 ਨੂੰ ਪਿੰਡ ਬਹਾਦਰਪੁਰ (ਮਾਨਸਾ) ਵਿੱਚ ਹੋਇਆ ਸੀ, ਉਨ੍ਹਾਂ ਨੂੰ ਬਹਾਦਰੀ ਅਤੇ ਕੁਰਬਾਨੀ ਲਈ ਸਰਵਉੱਚ ਸਨਮਾਨ ਪ੍ਰਾਪਤ ਭਾਰਤੀ ਨਿੱਜ ਵਜੋਂ ਜਾਣਿਆ ਜਾਂਦਾ ਹੈ। ਉਨ੍ਹਾਂ ਨੂੰ ਦੂਜੇ ਵਿਸ਼ਵ ਯੁੱਧ ਦੌਰਾਨ ਬਰਮਾ ਮੁਹਿੰਮ ਵਿੱਚ ਬਹਾਦਰੀ ਲਈ ਵਿਕਟੋਰੀਆ ਕਰਾਸ ਨਾਲ ਸਨਮਾਨਿਤ ਕੀਤਾ ਗਿਆ ਸੀ, ਜਿਸ ਨਾਲ ਉਹ ਇਸ ਵੱਕਾਰੀ ਬ੍ਰਿਟਿਸ਼ ਪੁਰਸਕਾਰ ਨਾਲ ਸਨਮਾਨਿਤ ਹੋਣ ਵਾਲੇ ਪਹਿਲੇ ਭਾਰਤੀ ਸਨ। 1947-48 ਦੇ ਕਸ਼ਮੀਰ ਯੁੱਧ ਦੌਰਾਨ ਉਨ੍ਹਾਂ ਨੇ ਹਮਲਾ ਕਰਨ ਵਿੱਚ ਆਪਣੀ ਪਲਟਨ ਦੀ ਅਗਵਾਈ ਕੀਤੀ ਸੀ। ਬਾਅਦ ਵਿੱਚ, ਉਨ੍ਹਾਂ ਨੇ ਆਪਣੇ ਫੌਜੀਆਂ ਨੂੰ ਇੱਕ ਹਮਲੇ ਤੋਂ ਬਚਾਉਂਦੇ ਹੋਏ ਲਾਸਾਨੀ ਕੁਰਬਾਨੀ ਦਿੱਤੀ ਅਤੇ ਬਹਾਦਰੀ ਲਈ ਮੌਤ ਉਪਰੰਤ ਮਹਾਂਵੀਰ ਚੱਕਰ ਪ੍ਰਾਪਤ ਕੀਤਾ।ਆਪਣੇ ਪਿਤਾ ਦੇ ਸ਼ਾਨਦਾਰ ਫੌਜੀ ਕਰੀਅਰ ਦੇ ਦਿਲੇਰਾਨਾ ਕਿੱਸੇ ਸਾਂਝੇ ਕਰਦਿਆਂ ਅਮਰਜੀਤ ਕੌਰ ਨੇ ਜੀਵਨ ਵਿੱਚ ਸਫਲਤਾ ਪ੍ਰਾਪਤ ਕਰਨ ਵਿੱਚ ਦ੍ਰਿੜ੍ਹਤਾ ਅਤੇ ਅਨੁਸ਼ਾਸਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ ਦੇ ਡਾਇਰੈਕਟਰ ਮੇਜਰ ਜਨਰਲ (ਸੇਵਾਮੁਕਤ) ਅਜੈ ਐਚ ਚੌਹਾਨ ਨੇ ਕਿਹਾ ਕਿ ਜਮਾਦਾਰ ਨੰਦ ਸਿੰਘ ਦੀ ਵਿਰਾਸਤ ਉਨ੍ਹਾਂ ਦੀ ਬੇਬਾਕੀ, ਬਹਾਦਰੀ ਅਤੇ ਨਿਰਸਵਾਰਥਤਾ ਦਾ ਪ੍ਰਮਾਣ ਹੈ।

# ਵਿਧਾਇਕ ਵੱਲੋਂ ਬਲੌਂਗੀ 'ਚ ਬਰਿਆਲੀ ਰੋਡ ਸਮੇਤ ਚਾਰ ਸੜਕਾਂ ਦੀ ਉਸਾਰੀ ਦੀ ਸ਼ੁਰੂਆਤ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਐਮ ਐਲ ਏ ਕੁਲਵੰਤ ਸਿੰਘ ਵੱਲੋਂ ਬਲੌਂਗੀ ਪਿੰਡ ਵਿਖੇ 30 ਲੱਖ ਰੁਪਏ ਦੀ ਲਾਗਤ ਨਾਲ ਬਰਿਆਲੀ ਰੋਡ ਸਮੇਤ ਚਾਰ ਸੜਕਾਂ ਦੀ ਉਸਾਰੀ ਦੀ ਸ਼ੁਰੂਆਤ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਹ ਕੰਮ ਰਿਕਾਰਡ ਤਿੰਨ ਮਹੀਨੇ 'ਚ ਮੁਕੰਮਲ ਕੀਤਾ ਜਾਵੇਗਾ। ਇਨ੍ਹਾਂ ਸੜਕਾਂ 'ਤੇ 60 ਐਮ ਐਮ ਦਾ ਪੇਵਰ ਬਲਾਕ ਲਾਇਆ ਜਾਵੇਗਾ ਤਾਂ ਜੋ ਇਹ ਲੰਮੇ ਸਮੇਂ ਲਈ ਚੱਲ ਸਕਣ। ਵਿਧਾਇਕ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਬਲੌਂਗੀ ਪਿੰਡ ਦੀ 15 ਸਾਲ ਤੋਂ ਮੁਰੰਮਤ ਦੀ ਉਡੀਕ 'ਚ ਪਈ ਫ਼ਿਰਨੀ ਦਾ ਕਰੀਬ 45 ਲੱਖ ਰੁਪਏ ਨਾਲ ਨਵੀਨੀਕਰਣ ਕੀਤਾ ਗਿਆ ਸੀ। ਉਨ੍ਹਾਂ ਦੱਸਿਆ ਕਿ ਨਵੀਨੀਕਰਣ ਮੌਕੇ ਪਾਣੀ ਦੇ ਨਿਕਾਸ ਲਈ ਡਰੇਨੇਜ ਪਾਈਪਾਂ ਵੀ ਪਾਈਆਂ ਗਈਆਂ ਸਨ। ਪੰਜਾਬ 'ਚ ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਦੇ ਘਰਾਂ 'ਤੇ ਚੱਲ ਰਹੇ ਬਲਡੋਜ਼ਰ ਅਤੇ ਜੇਲ੍ਹਾਂ ਪਿੱਛੇ ਡੱਕੇ ਜਾ ਰਹੇ ਸਮੱਗਲਰ, ਸਰਕਾਰ ਦੀ ਨਸ਼ਿਆਂ ਖਿਲਾਫ ਫੈਸਲਾਕੁੰਨ ਲੜਾਈ ਦੀ ਵਚਨਬੱਧਤਾ ਦਾ ਪ੍ਰਤੀਕ ਹਨ। ਉਨ੍ਹਾਂ ਦੱਸਿਆ ਕਿ ਪੰਜਾਬ 'ਚ ਪੇਂਡੂ ਲਿੰਕ ਸੜਕਾਂ ਦੀ ਜੰਗੀ ਪੱਧਰ 'ਤੇ ਮੁਰੰਮਤ ਸ਼ੁਰੂ ਕੀਤੀ ਜਾ ਰਹੀ ਹੈ, ਜਿਸ ਲਈ ਸਰਕਾਰ ਵੱਲੋਂ 1800 ਕਰੋੜ ਰੁਪਏ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਮੌਕੇ ਕੁਲਦੀਪ ਸਿੰਘ ਸਮਾਣਾ, ਅਵਤਾਰ ਸਿੰਘ ਮੌਲੀ ਬੈਦਵਾਨ, ਮਗਨ ਲਾਲ ਬਲਾਕ ਪ੍ਰਧਾਨ ਆਪ, ਪਿੰਡ ਦੀ ਸਰਪੰਚ ਜਸਵਿੰਦਰ ਕੌਰ ਬਰਾੜ, ਮੱਖਣ ਸਿੰਘ ਬਰਾੜ, ਜੇ ਈ ਜਸਪਾਲ ਮਸੀਹ, ਕੌਂਸਲਰ ਅਰੁਣ ਗੋਇਲ, ਪਿੰਡ ਦੀ ਪੰਚਾਇਤ ਅਤੇ ਲੋਕ ਮੌਜੂਦ ਸਨ।

# ਤਿੰਨ ਥਾਵਾਂ 'ਤੇ ਮੋਦੀ ਸਰਕਾਰ ਦੇ ਪੁਤਲੇ ਫੂਕੇ ਜਾਣਗੇ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਇਥੇ ਪਿੰਡ ਭਾਨ ਮਜਾਰਾ ਵਿਖੇ ਕਿਰਤੀ ਕਿਸਾਨ ਯੂਨੀਅਨ ਦੇ ਯੂਨਿਟ ਦੀ ਮਿੰਟਿਗ ਇਲਾਕਾ ਪ੍ਰਧਾਨ ਕੁਲਵੀਰ ਸਿੰਘ ਸਾਹ ਪੁਰ ਦੀ



ਪ੍ਰਧਾਨਗੀ ਹੇਠ ਹੋਈ ਜਿਸ ਵਿਚ ਨਵੀਂ ਮੈਂਬਰਸ਼ਿੱਪ ਕਰਕੇ ਪਿੰਡ ਕਮੇਟੀ ਦੀ ਚੋਣ ਕੀਤੀ ਗਈ ਜਿਸ ਵਿੱਚ ਪ੍ਰਧਾਨ ਅਮਰਜੀਤ ਸਿੰਘ ਬਲਵਿੰਦਰ ਸਿੰਘ ਨੂੰ ਸਕੱਤਰ ਪਰਮਜੀਤ ਸਿੰਘ ਨੂੰ ਖ਼ਜ਼ਾਨਚੀ ਮਲਕੀਤ ਸਿੰਘ ਨੂੰ ਮੀਤ ਪ੍ਰਧਾਨ ਤੇ ਕਮੇਟੀ ਮੈਂਬਰ ਚੂਹੜ ਸਿੰਘ ਜਸਵੀਰ ਸਿੰਘ ਗੁਰਨੇਕ ਸਿੰਘ ਕੁਲਵੀਰ ਸਿੰਘ ਚੁਣੇ ਗਏ ਵੱਡੀ ਗਿਣਤੀ ਵਿੱਚ ਕਿਸਾਨ ਸ਼ਾਮਲ ਹੋਏ ਫੈਸਲਾ ਕੀਤਾ ਗਿਆ ਕਿ ਮੋਦੀ ਸਰਕਾਰ ਪੰਜਾਬ ਨੂੰ ਪਾਣੀਆਂ ਤੋਂ ਵਾਂਝਾ ਕਰਨ ਲਈ ਸੀ ਆਰ ਪੀ ਡੈਮ ਤੇ ਭੇਜ ਰਹੀ ਹੈ ਕੱਲ੍ਹ ਨੂੰ ਸ਼ਹੀਦ ਭਗਤ ਸਿੰਘ ਨਗਰ ਵਿਖੇ ਤਿੰਨ ਥਾਵਾਂ 'ਤੇ ਮੋਦੀ ਸਰਕਾਰ ਦੇ ਪੁਤਲੇ ਫੂਕੇ ਜਾਣਗੇ ਤੇ 26 ਮਈ ਨੂੰ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਜ਼ਬਰ ਵਿਰੋਧੀ ਰੈਲੀ ਵਿਚ ਵੱਡੀ ਗਿਣਤੀ ਵਿਚ ਸ਼ਾਮਿਲ ਹੋਵੇਗੀ ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ ਭੁਪਿੰਦਰ ਸਿੰਘ ਵੜੈਚ ਬਿੱਕਰ ਸਿੰਘ ਸੈਖੂਪੁਰ ਮੇਜਰ ਸਿੰਘ ਉਸਮਾਨ ਪੁਰ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ।

# ਅੰਮ੍ਰਿਤਸਰ ਵਿਖੇ ਆਦਿਧਰਮ ਮਹਾਂਉਤਸਵ 61ਵਾਂ ਸਥਾਪਨਾ ਦਿਵਸ ਭਲਕੇ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)**- ਭਾਰਤੀਯ ਵਾਲਮੀਕਿ ਧਰਮ ਸਮਾਜ ਭਾਵਾਧਸ ਭਾਰਤ ਵੱਲੋਂ ਪਾਵਨ ਵਾਲਮੀਕਿ ਆਸ਼ਰਮ ਅੰਮ੍ਰਿਤਸਰ ਵਿਖੇ 24 ਮਈ ਨੂੰ ਆਦਿਧਰਮ



ਮਹਾਂਉਤਸਵ ਦਾ 61ਵਾਂ ਸਥਾਪਨਾ ਦਿਵਸ ਮਨਾਉਣ ਦੀਆਂ ਮੁਕੰਮਲ ਤਿਆਰੀਆਂ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਭਾਵਾਧਸ ਪੰਜਾਬ ਦੇ ਕਨਵੀਨਰ ਸੁਰਿੰਦਰ ਜਾਜਾ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ, ਉਪਰੰਤ ਆਦਿਧਰਮ ਮਹਾਂਉਤਸਵ ਸਬੰਧੀ ਪੋਸਟਰ ਰਿਲੀਜ਼ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਭਾਵਾਧਸ ਦੇ ਰਾਸ਼ਟਰੀ ਨਿਰਦੇਸ਼ਕ ਬਾਲ ਚੰਦ ਬੋਹਤ, ਰਾਸ਼ਟਰੀ ਯੂਥ ਪ੍ਰਧਾਨ ਮੁਕੇਸ਼ ਸਿਰ ਸਵਾਲ, ਧਰਮਗਯਾ ਪਰਮਵੀਰ ਅਨਾਰਿਆ, ਵੀਰ ਰਵੀ ਮੰਤਗ, ਵੀਰ ਸੰਜੀਵ ਅਟਵਾਲ ਅਤੇ ਹੋਰ ਭਾਵਾਧਸ ਦੇ ਉੱਘੇ ਨੇਤਾ ਹਾਜ਼ਰ ਸਨ।ਇਸ ਮਹਾਂਉਤਸਵ ਸਬੰਧੀ ਜਾਣਕਾਰੀ ਦਿੰਦੇ ਹੋਏ ਸੁਰਿੰਦਰ ਜਾਜਾ ਨੇ ਕਿਹਾ ਕਿ ਭਾਵਾਧਸ ਦੇ ਰਾਸ਼ਟਰੀ ਸਰਵਉੱਚ ਨਿਰਦੇਸ਼ਕ ਤੇ ਧਰਮ ਗੁਰੂ ਸੁਆਮੀ ਚੰਦਰ ਪਾਲ ਅਨਾਰਿਆ ਦੇ ਦਿਸ਼ਾ ਨਿਰਦੇਸ਼ ਅਤੇ ਰਾਸ਼ਟਰੀ ਨਿਰਦੇਸ਼ਕ ਨਰੇਸ਼ ਧਿਗਾਂਨ ਜੋ ਕਿ ਇਸ ਆਦਿਧਰਮ ਮਹਾਂਉਤਸਵ ਦੇ ਮੁੱਖ ਪ੍ਰਬੰਧਕ ਵੀ ਹਨ ਅਤੇ ਸੰਚਾਲਕ ਸ਼ਿਵ ਕੁਮਾਰ ਬਿਡਲਾ ਦੀ ਅਗਵਾਈ ਵਿੱਚ ਕਰਵਾਏ ਜਾ ਰਹੇ 24 ਮਈ ਨੂੰ ਇਸ ਮਹਾਂਉਤਸਵ ਵਿੱਚ ਸ਼ਾਮਿਲ ਹੋਣ ਲਈ ਲੱਖਾਂ ਸ਼ਰਧਾਲੂ ਪਾਵਨ ਵਾਲਮੀਕਿ ਆਸ਼ਰਮ ਅੰਮ੍ਰਿਤਸਰ ਵਿਖੇ ਪਹੁੰਚ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਮਹਾਂ ਉਤਸਵ ਵਿੱਚ ਦੇਸ਼ ਭਰ ਵਿੱਚੋਂ ਆਏ ਸੰਤ ਮਹਾਂਪੁਰਸ਼ ਆਪਣੇ ਪ੍ਰਵਚਨਾਂ ਰਾਹੀਂ ਸ਼ਰਧਾਲੂਆਂ ਨੂੰ ਆਦਿਧਰਮ ਸਬੰਧੀ ਜਾਗ੍ਰਿਤ ਕਰਕੇ ਪ੍ਰਭੂ ਸਿਮਰਨ ਲਈ ਪ੍ਰੇਰਿਤ ਕਰਨਗੇ।

# ਜ਼ਿਲ੍ਹੇ ਦੇ ਸਾਰੇ ਵਿਧਾਨ ਸਭਾ ਹਲਕਿਆਂ 'ਚ ਕੱਢੀਆਂ ਨਸ਼ਾ ਮੁਕਤੀ ਯਾਤਰਾਵਾਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਚਲਾਈ ਜਾ ਰਹੀ ਰਾਜ ਵਿਆਪੀ ਮੁਹਿੰਮ ਤਹਿਤ ਹੁਸ਼ਿਆਰਪੁਰ ਜ਼ਿਲ੍ਹੇ ਦੇ ਸਾਰੇ ਵਿਧਾਨ ਸਭਾ ਹਲਕਿਆਂ ਵਿਚ ਨਸ਼ਾ ਮੁਕਤੀ ਯਾਤਰਾਵਾਂ ਦਾ ਆਯੋਜਨ ਕੀਤਾ ਗਿਆ। ਇਨ੍ਹਾਂ ਯਾਤਰਾਵਾਂ ਵਿਚ ਸਥਾਨਕ ਵਿਧਾਇਕਾਂ, ਪ੍ਰਸ਼ਾਸਨਿਕ ਅਧਿਕਾਰੀਆਂ, ਸਮਾਜਿਕ ਸੰਗਠਨਾਂ, ਨੌਜਵਾਨਾਂ ਅਤੇ ਨਾਗਰਿਕਾਂ ਨੇ ਉਤਸ਼ਾਹ ਨਾਲ ਭਾਗ ਲਿਆ। ਸ਼ਾਮ ਚੁਰਾਸੀ ਵਿਧਾਨ ਸਭਾ ਹਲਕੇ ਵਿਚ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਦੀ ਅਗਵਾਈ ਵਿਚ ਬੱਸੀ ਨੌਂ, ਮੁਗਲਪੁਰਾ ਅਤੇ ਕੱਕੋਂ ਵਿਚ ਜਾਗਰੂਕਤਾ ਰੈਲੀ ਦਾ ਆਯੋਜਨ ਕੀਤਾ ਗਿਆ। ਚੱਬੇਵਾਲ ਵਿਧਾਨ ਸਭਾ ਹਲਕੇ ਵਿਚ ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਅਤੇ ਵਿਧਾਇਕ ਡਾ. ਇਸ਼ਾਂਕ ਦੀ ਅਗਵਾਈ ਵਿਚ ਬਡਿਆਲ, ਹਰਖੋਵਾਲ, ਭਟਰਾਣਾ ਧੀਂਗਨਗੜ੍ਹ ਵਿਚ ਯਾਤਰਾਵਾਂ ਕੱਢੀਆਂ ਗਈਆਂ। ਗੜ੍ਹਸ਼ੰਕਰ ਵਿਚ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਬਿਲੜੋਂ, ਸਲੇਮਪੁਰ ਅਤੇ ਰਾਮਪੁਰ ਵਿਚ ਜਾਗਰੂਕਤਾ ਮੁਹਿੰਮ ਚਲਾਈ। ਹੁਸ਼ਿਆਰਪੁਰ ਵਿਚ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਦੀ ਅਗਵਾਈ ਵਿਚ ਬੂਥਗੜ੍ਹ, ਰਾਮ ਕਲੋਨੀ ਕੈਂਪ ਅਤੇ ਛਾਉਣੀ ਕਲਾਂ ਵਿਚ ਰੈਲੀ ਕੱਢੀ ਗਈ।ਉੜਮੁੜ ਟਾਂਡਾ ਵਿਧਾਨ ਸਭਾ ਹਲਕੇ ਵਿਚ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਨੇ ਪੱਟੀ ਤਲਵੰਡੀ ਸੱਲਾਂ, ਤਲਵੰਡੀ ਡੱਡੀਆਂ ਅਤੇ ਸਹਿਬਾਜਪੁਰ ਵਿਚ ਜਾਗਰੂਕਤਾ ਮੁਹਿੰਮ ਚਲਾਈ। ਦਸੂਹਾ ਵਿਚ ਵਿਧਾਇਕ ਕਰਮਬੀਰ ਸਿੰਘ ਘੁੰਮਣ ਨੇ ਬਾਜਵਾ, ਉਡਰਾ ਅਤੇ ਬੰਗਾਲੀਪੁਰ ਵਿਚ ਨਸ਼ਾ ਵਿਰੋਧੀ ਰੈਲੀਆਂ ਕੀਤੀਆਂ। ਮੁਕੇਰੀਆਂ ਵਿਧਾਨ ਸਭਾ ਹਲਕੇ ਦੇ ਇੰਚਾਰਜ ਪ੍ਰੋ. ਜੀ.ਐਸ. ਮੁਲਤਾਨੀ ਨੇ ਭਾਲੋਵਾਲ, ਰੈਲੀ ਅਤੇ ਦਾਗਨ ਵਿਖੇ ਰੈਲੀਆਂ ਦਾ ਸੰਚਾਲਨ ਕੀਤਾ। ਮੁਕੇਰੀਆਂ ਵਿਧਾਨ ਸਭਾ ਹਲਕੇ ਦੇ ਏਰੀਆ ਇੰਚਾਰਜ ਪ੍ਰੋ. ਜੀ.ਐਸ ਮੁਲਤਾਨੀ ਨੇ ਭਾਲੋਵਾਲ, ਰੈਲੀ ਅਤੇ ਦਾਗਨ ਵਿਖੇ ਰੈਲੀ ਦਾ ਸੰਚਾਲਨ ਕੀਤਾ। ਇਸ ਮੁਹਿੰਮ ਦੌਰਾਨ ਜਨਤਕ ਨੁਮਾਇੰਦਿਆਂ ਨੇ ਨਾਗਰਿਕਾਂ ਨੂੰ ਜਾਗਰੂਕ ਕਰਦੇ ਹੋਏ ਕਿਹਾ ਕਿ ਨਸ਼ਾ ਮੁਕਤ ਪੰਜਾਬ ਹੀ ਇਕ ਰੋਸ਼ਨ ਭਵਿੱਖ ਦੀ ਨੀਂਹ ਰੱਖੇਗਾ। ਸਮਾਜ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਰਕਾਰ ਅਤੇ ਆਮ ਲੋਕਾਂ ਨੂੰ ਮਿਲ ਕੇ ਸਰਗਰਮ ਭੂਮਿਕਾ ਨਿਭਾਉਣੀ ਪਵੇਗੀ।




# ਮੁਅੱਤਲ ਕੀਤੇ ਪ੍ਰਿੰਸੀਪਲ ਨੂੰ ਤੁਰੰਤ ਬਹਾਲ ਕੀਤਾ ਜਾਵੇ : ਜੀ ਐਸ ਟੀ ਯੂ

**ਜਲੰਧਰ (ਰਾਜੇਸ਼ ਥਾਪਾ)** ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਜਾਰੀ ਕੀਤੇ ਗਏ ਇੱਕ ਦੋਸ਼ ਪੱਤਰ ਜਿਸ ਵਿੱਚ ਪ੍ਰਿੰਸੀਪਲ ਗੌਤਮ ਖੁਰਾਣਾ(ਪ੍ਰਿੰਸੀਪਲ ਸਕੂਲ ਆਫ ਐਮਨਾਂਸ ਜਲਾਲਾਬਾਦ)ਵਿਰੁੱਧ ਇਹ ਦੋਸ਼ ਲਾਏ ਹਨ ਕਿ ਉਹਨਾਂ ਨੇ ਸਿੰਘਾਪੁਰ ਟ੍ਰੇਨਿੰਗ ਦੌਰਾਨ ਇੱਕ ਲੇਡੀ ਗਾਈਡ ਨਾਲ ਗੈਰ ਜਿੰਮੇਵਰਾਨਾ ਵਿਵਹਾਰ ਕੀਤਾ।ਇਸ ਪੱਤਰ ਦੀ ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਸਖਤ ਵਿਰੋਧ ਕੀਤਾ ਗਿਆ।ਯੂਨੀਅਨ ਦੇ ਆਗੂ ਸੂਬਾ ਪ੍ਰਧਾਨ ਸੁਰਿੰਦਰ ਕੁਮਾਰ ਪੁਆਰੀ,ਸੀਨੀਅਰ ਮੀਤ ਪ੍ਰਧਾਨ ਸੁਖਜਿੰਦਰ ਸਿੰਘ ਖਾਨਪੁਰ,ਕਾਰਜਕਾਰੀ ਜਨਰਲ ਸਕੱਤਰ ਜਿੰਦਰ ਪਾਇਲਟ ਤੇ ਪ੍ਰਵੀਨ ਕੁਮਾਰ ਲੁਧਿਆਣਾ,ਐਡੀਸ਼ਨਲ ਜਨਰਲ ਸਕੱਤਰ ਬਾਜ ਸਿੰਘ ਭੁੱਲਰ,ਵਿੱਤ ਸਕੱਤਰ ਨਵੀਨ ਸਚਦੇਵਾ,ਮੀਡੀਅਸ ਸਕੱਤਰ ਗੁਰਪ੍ਰੀਤ ਮਾੜੀ ਮੇਘਾ,ਪ੍ਰੈਸ ਸਕੱਤਰ ਟਹਿਲ ਸਿੰਘ ਸਰਾਭਾ ਅਤੇ ਮੀਤ ਪ੍ਰਧਾਨ ਪ੍ਰਿ: ਮਨਦੀਪ ਸਿੰਘ ਥਿੰਦ ਵੱਲੋਂ ਸਾਂਝੇ ਤੌਰ ਤੇ ਜਾਰੀ ਕੀਤੇ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਕਿ ਪ੍ਰਿੰਸੀਪਲ ਗੌਤਮ ਖੁਰਾਣਾ ਮਿਤੀ 8 ਮਾਰਚ ਤੋਂ ਲੈ ਕੇ 15 ਮਾਰਚ ਤੱਕ ਸਿੰਘਾਂਪੁਰ ਵਿਖੇ ਟ੍ਰੇਨਿੰਗ 'ਤੇ ਸਨ।ਇਹਨਾਂ ਦੇ ਨਾਲ ਹੋਰ ਬਹੁਤ ਸਾਰੇ ਪ੍ਰਿੰਸੀਪਲ ਅਤੇ ਇੰਚਾਰਜ ਡਾਇਰੈਕਟਰ ਐਸ.ਸੀ.ਈ.ਆਰ.ਟੀ.ਮੈਡਮ ਵੀ ਨਾਲ ਸਨ। ਇੱਕ ਦਿਨ ਜਦ ਟ੍ਰੇਨਿੰਗ ਤੋਂ ਬਾਅਦ ਇਹਨਾਂ ਨੂੰ ਨਾਈਟ ਜੰਗਲ ਸਫਾਰੀ ਤੋਂ ਵਾਪਸ ਆਉਂਦਿਆਂ ਰਸਤੇ ਵਿੱਚ ਬੱਸ ਖਰਾਬ ਹੋਣ ਕਾਰਨ ਮਿਲੇ ਗਾਈਡ ਵੱਲੋਂ ਚਾਈਨੀਜ਼ ਭਾਸ਼ਾ ਸਿਖਾਉਣ ਲਈ ਬੱਸ ਦੇ ਵਿੱਚ ਲੈਕਚਰ ਲਗਾਇਆ ਜਾ ਰਿਹਾ ਸੀ ਤਾਂ ਸਮੁੰਦਰੀ ਖੇਤਰ ਹੋਣ ਕਾਰਨ ਬੱਸ ਵਿੱਚ ਹੁੰਮਸ ਵੱਧ ਜਾਣ ਕਰਕੇ ਪ੍ਰਿੰਸੀਪਲ ਗੌਤਮ ਖੁਰਾਣਾ ਨੇ ਸਿਰਫ ਇਨੀ ਗੱਲ ਹੀ ਕਹੀ ਕਿ ਅਸੀਂ ਸਵੇਰ ਤੋਂ ਟ੍ਰੇਨਿੰਗ ਤੇ ਹੋਣ ਕਰਕੇ ਅਤੇ ਖਰਾਬ ਬੱਸ ਵਿੱਚ ਹੁੰਮਸ ਕਾਰਨ ਥਕਾਵਟ ਹੋ ਗਈ ਹੈ ਕਿਰਪਾ ਕਰਕੇ ਸਾਨੂੰ ਚਾਈਨੀਜ਼ ਨਾ ਸਿਖਾਈ ਜਾਵੇ ਉਹਨਾਂ ਨੇ ਆਪਣੀ ਗੱਲ ਰੱਖੀ ਹੋਣ ਕਰਕੇ ਟ੍ਰੇਨਿੰਗ ਇੰਚਾਰਜ ਮੈਡਮ ਵੱਲੋਂ ਬੁਰਾ ਮਨਾਇਆ ਗਿਆ ਤਾਂ ਅਗਲੇ ਦਿਨ ਪ੍ਰਿੰਸੀਪਲ ਗੌਤਮ ਖੁਰਾਣਾ ਵੱਲੋਂ ਭਰੀ ਜਮਾਤ ਵਿੱਚ ਮੁਆਫ਼ੀ ਵੀ ਮੰਗੀ ਗਈ ਹੋਣ ਕਰਕੇ ਗੱਲ ਖਤਮ ਹੋ ਗਈ।ਲੇਕਿਨ ਟ੍ਰੇਨਿੰਗ ਤੋਂ ਬਾਅਦ ਇਹ ਸ਼ਿਕਾਇਤ ਮਾਨਯੋਗ ਡੀ.ਪੀ.ਆਈ.ਸੈਕੰਡਰੀ ਸਿੱਖਿਆ ਨੂੰ ਦਿੱਤੀ ਗਈ ਅਤੇ ਉਹਨਾਂ ਵੱਲੋਂ ਮਿਤੀ 25 ਮਾਰਚ 2025 ਨੂੰ ਸ੍ਰੀ ਗੌਤਮ ਖੁਰਾਣਾ ਦੇ ਵਿਰੁੱਧ ਇਹੀ ਪੱਤਰ ਜਿਹੜਾ ਹੁਣ ਸਕੱਤਰ ਸਿੱਖਿਆ ਵੱਲੋਂ ਜਾਰੀ ਕੀਤਾ ਗਿਆ ਸੀ ਜਿਸ ਦਾ ਜਵਾਬ 9 ਅਪ੍ਰੈਲ 2025 ਨੂੰ ਖੁਰਾਣਾ ਨੇ ਜਮ੍ਹਾ ਕਰਵਾਇਆ ਅਤੇ ਮਿਤੀ 9 ਮਈ ਨੂੰ ਇਹਨਾਂ ਦਾ ਜਵਾਬ ਦਫ਼ਤਰ ਦਾਖਲ ਕਰ ਦਿੱਤਾ ਗਿਆ ਸੀ। ਮਤਲਬ ਕਿ ਪ੍ਰਿੰਸੀਪਲ ਗੌਤਮ ਦੇ ਵਿਰੁੱਧ ਜੋ ਸ਼ਿਕਾਇਤ ਸੀ ਉਸ ਨੂੰ ਖਤਮ ਕਰ ਦਿੱਤਾ ਗਿਆ।ਅਚਾਨਕ 19 ਮਈ ਨੂੰ ਇਹੀ ਸ਼ਿਕਾਇਤ ਦੁਬਾਰਾ ਫਿਰ ਸਕੱਤਰ ਸਕੂਲ ਸਿੱਖਿਆ ਵੱਲੋਂ ਪ੍ਰਿੰਸੀਪਲ ਖੁਰਾਣਾ ਦੇ ਵਿਰੁੱਧ ਦੁਬਾਰਾ ਪਾਈ ਜਾਂਦੀ ਹੈ ਇਸ ਤੋਂ ਇੱਕ ਤਾਂ ਇਹ ਸਿੱਧ ਹੁੰਦਾ ਹੈ ਕਿ ਸਿੱਖਿਆ ਵਿਭਾਗ ਵਿੱਚ ਅਫਸਰਸ਼ਾਹੀ ਦੇ ਵਿੱਚ ਤਾਲਮੇਲ ਦੀ ਘਾਟ ਹੈ ਜਿਸ ਕੇਸ ਵਿੱਚ ਪਹਿਲਾਂ ਹੀ ਉਸਨੂੰ ਬਰੀ ਕੀਤਾ ਜਾ ਚੁੱਕਿਆ ਹੈ ਉਸੇ ਨੂੰ ਦੁਬਾਰਾ ਤੋਂ ਦੂਸਰੇ ਅਫਸਰ ਵੱਲੋਂ ਇੱਕ ਪ੍ਰਿੰਸੀਪਲ ਦੇ ਖਿਲਾਫ ਵਰਤਿਆ ਜਾ ਰਿਹਾ।ਦੱਸਣ ਯੋਗ ਹੈ ਕਿ ਡਾਇਰੈਕਟ ਪ੍ਰਿੰਸੀਪਲਸ ਨੇ 2019 ਤੋਂ ਬਾਅਦ ਪੰਜਾਬ ਦੇ ਵਿੱਚ ਸਿੱਖਿਆ ਅਤੇ ਸਕੂਲਾਂ ਦੀ ਨੁਹਾਰ ਬਦਲੀ ਹੈ।ਅੱਜ ਜੋ ਸਿੱਖਿਆ ਅਤੇ ਸਕੂਲਾਂ ਦੇ ਚਿਹਰੇ ਚਮਕੇ ਹਨ ਉਹਦੇ ਵਿੱਚ ਬਹੁਤ ਵੱਡਾ ਯੋਗਦਾਨ ਇਨ੍ਹਾਂ ਡਾਇਰੈਕਟ ਪ੍ਰਿੰਸੀਪਲਸ ਦਾ ਹੈ।ਅਸੀਂ ਸਰਕਾਰ ਤੋਂ ਮੰਗ ਕਰਦੇ ਹਾਂ ਕਿ ਆਪਣੀ ਗੱਲ ਕਹਿਣ ਦੇ ਬਦਲੇ ਇੱਕ ਪ੍ਰਿੰਸੀਪਲ ਦੀ ਕਿਰਦਾਰ ਕੁਸ਼ੀ ਕਰਨੀ ਮਹਿਕਮੇ ਲਈ ਕਿਤੇ ਵੀ ਸਲਾਉਣਯੋਗ ਕਾਰਵਾਈ ਨਹੀਂ ਹੈ ਅਤੇ ਇਸ ਪੱਤਰ ਨੂੰ ਜਲਦ ਤੋਂ ਜਲਦ ਵਾਪਸ ਲਿਆ ਜਾਣਾ ਚਾਹੀਦਾ ਹੈ।

# ਵਿਦਿਆਰਥੀਆਂ ਦੀ ਸਹੂਲਤ ਹਿੱਤ ਖੋਲ੍ਹਿਆ ਦਾਖਲਾ ਕੇਂਦਰ

**ਬਲਾਚੌਰ (ਜਸਵਿੰਦਰ ਬੈਂਸ)** ਸ੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਵੱਲੋਂ ਸੈਸ਼ਨ 2025 - 26 ਲਈ ਵਿਦਿਆਰਥੀਆਂ ਨੂੰ ਵੱਖ-ਵੱਖ ਕੋਰਸਾਂ ਵਿੱਚ ਦਾਖਲਾ ਲੈਣ ਹਿੱਤ



ਕਪਿਲ ਕੰਪਲੈਕਸ ਬਲਾਚੌਰ ਵਿਖੇ ਦਾਖਲਾ ਕੇਂਦਰ ਖੋਲ੍ਹਿਆ ਗਿਆ।ਜਿਸ ਦਾ ਉਦਘਾਟਨ ਕਪਿਲ ਕੰਪਲੈਕਸ ਦੇ ਮੁੱਖੀ ਜਗਦੀਸ਼ ਕਪਿਲ ਵੱਲੋਂ ਕਾਲਜ ਦੇ ਪ੍ਰਿੰਸੀਪਲ ਡਾਕਟਰ ਪਰਵਿੰਦਰ ਸਿੰਘ ਅਤੇ ਪਤਵੰਤਿਆਂ ਦੀ ਹਾਜ਼ਰੀ ਵਿੱਚ ਕੀਤਾ ਗਿਆ।ਪ੍ਰਬੰਧਕਾਂ ਨੇ ਦੱਸਿਆ ਕਿ ਇਸ ਦਾਖਲਾ ਕੇਂਦਰ ਅੰਦਰ ਇਲਾਕੇ ਦੇ ਸਮੁੱਚੇ ਵਿਦਿਆਰਥੀ ਖਾਲਸਾ ਕਾਲਜ ਮਾਹਿਲਪੁਰ ਬਾਰੇ ਹਰ ਤਰ੍ਹਾਂ ਦੀ ਜਾਣਕਾਰੀ ਅਤੇ ਵੱਖ-ਵੱਖ ਕੋਰਸਾਂ ਵਿੱਚ ਦਾਖਲਾ ਲੈਣ ਲਈ ਵਿਚਾਰ ਵਟਾਂਦਰਾ ਕਰ ਸਕਦੇ ਹਨ।ਉਹਨਾਂ ਇਲਾਕੇ ਦੇ ਸਮੁੱਚੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਦਾਖਲਾ ਕੇਂਦਰ ਦਾ ਵੱਧ ਤੋਂ ਵੱਧ ਲਾਭ ਉਠਾਉਣ।ਇਸ ਮੌਕੇ ਹੇਮਾਂਸ਼ ਕਪਿਲ, ਪ੍ਰਿੰਸੀਪਲ ਚੰਦਰੇਸ਼ ਸ਼ੋਰੀ, ਪ੍ਰੋਫੈਸਰ ਵਿਕਰਾਂਤ, ਡਾਕਟਰ ਵਰਿੰਦਰ ਕੁਮਾਰ, ਡਾਕਟਰ ਰਕੇਸ਼ ਕੁਮਾਰ, ਡਾਕਟਰ ਬਲਵੀਰ ਕੌਰ, ਡਾਕਟਰ ਗਣੇਸ਼ ਕੁਮਾਰ, ਤਜਿੰਦਰ ਸਿੰਘ ਪ੍ਰੋਫੈਸਰ, ਕਮਲਪ੍ਰੀਤ ਕੌਰ, ਡਾਕਟਰ ਰਜਿੰਦਰ ਪ੍ਰਸਾਦ, ਪ੍ਰੋਫੈਸਰ ਜਸਦੀਪ ਕੌਰ ਅਤੇ ਹੋਰ ਵੱਖ ਵੱਖ ਸ਼ਖ਼ਸ਼ੀਅਤਾਂ ਹਾਜ਼ਰ ਸਨ।

# ਸੇਂਟ ਸੋਲਜਰ ਕਾਲਜੀਏਟ ਸਕੂਲ ਦਾ ਨਤੀਜਾ ਸ਼ਾਨਦਾਰ



**ਫਗਵਾੜਾ (ਡਾ. ਰਮਨ)**- ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਐਲਾਨੇ 10+2 ਦੀ ਸਲਾਨਾ ਪ੍ਰੀਖਿਆ ਦੇ ਨਤੀਜਿਆਂ 'ਚ ਸੇਂਟ ਸੋਲਜਰ ਕਾਲਜੀਏਟ ਸਕੂਲ ਹਦਿਆਬਾਦ ਫਗਵਾੜਾ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਸਕੂਲ ਡਾਇਰੈਕਟਰ ਮੰਜੂ ਸ਼ਰਮਾ ਨੇ ਦੱਸਿਆ ਕਿ ਕਾਮਰਸ ਅਤੇ ਆਰਟਸ ਸਟਰੀਮ ਦੇ ਵਿਦਿਆਰਥੀਆਂ ਨੇ ਇਸ ਵਾਰ ਵੀ ਚੰਗੇ ਅੰਕ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ ਹੈ। ਉਹਨਾਂ ਦੱਸਿਆ ਕਿ ਕਾਮਰਸ ਸਟਰੀਮ ਦੇ ਵਿਦਿਆਰਥੀ ਮਯੰਕ ਕੁਮਾਰ ਸੱਦੀ ਨੇ ਸਕੂਲ 'ਚ ਪਹਿਲੀ ਅਤੇ ਅੰਕੁਸ਼ ਕੁਮਾਰ ਨੇ ਦੂਜੀ ਪੁਜ਼ੀਸ਼ਨ ਹਾਸਲ ਕੀਤੀ। ਇਸੇ ਤਰ੍ਹਾਂ ਆਰਟਸ ਸਟਰੀਮ 'ਚ ਤਾਨੀਆ ਨੇ ਸਕੂਲ 'ਚ ਪਹਿਲੀ ਜਦਕਿ ਜੈਸਮੀਨ ਕੌਰ ਨੇ ਦੂਜੀ ਪੁਜ਼ੀਸ਼ਨ ਹਾਸਲ ਕੀਤੀ ਹੈ। ਡਾਇਰੈਕਟਰ ਮੰਜੂ ਸ਼ਰਮਾ ਨੇ ਸਮੂਹ ਵਿਦਿਆਰਥੀਆਂ ਨੂੰ ਸਲਾਨਾ ਪ੍ਰੀਖਿਆ ਦੌਰਾਨ ਵਧੀਆ ਕਾਰਗੁਜ਼ਾਰੀ ਲਈ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਸਖ਼ਤ ਮਿਹਨਤ ਦੇ ਨਾਲ ਉੱਚ ਸਿੱਖਿਆ ਪ੍ਰਾਪਤ ਕਰਕੇ ਜੀਵਨ 'ਚ ਸਫਲ ਨਾਗਰਿਕ ਬਣਨ ਦਾ ਅਸ਼ੀਰਵਾਦ ਦਿੱਤਾ।

# ਜ਼ਿਲ੍ਹੇ ਅੰਦਰ ਅਣ-ਅਧਿਕਾਰਿਤ ਉਸਾਰੀਆਂ ਨੂੰ ਜਲਦ ਹਟਾਇਆ ਜਾਵੇ : ਰਾਜੀਵ ਵਰਮਾ



**ਨਵਾਂਸ਼ਹਿਰ, ਸ਼ਹੀਦ ਭਗਤ ਸਿੰਘ ਨਗਰ (ਕੁਲਵਿੰਦਰ ਸਿੰਘ ਦੁਰਗਾਪੁਰੀਆ, ਮਨੋਜ ਲਾਡੀ)** ਵਧੀਕ ਡਿਪਟੀ ਕਮਿਸ਼ਨਰ ਜਨਰਲ,ਰਾਜੀਵ ਵਰਮਾ ਸ਼ਹੀਦ ਭਗਤ ਸਿੰਘ ਨਗਰ ਦੀ ਪ੍ਰਧਾਨਗੀ ਹੇਠ ਅਣ-ਅਧਿਕਾਰਿਤ ਉਸਾਰੀਆਂ ਨੂੰ ਹਟਾਉਣ ਸਬੰਧੀ ਮੀਟਿੰਗ ਕੀਤੀ ਗਈ, ਜਿਸ ਵਿੱਚ ਸ੍ਰੀਮਤੀ ਅਨਮਜੋਤ ਕੌਰ, ਪੀ.ਸੀ.ਐਸ. ਉਪ ਮੰਡਲ ਮੈਜਿਸਟਰੇਟ, ਨਵਾਂਸ਼ਹਿਰ, ਵਿਪਨ ਭੰਡਾਰੀ, ਪੀ.ਸੀ.ਐੱਸ.. ਉਪ ਮੰਡਲ ਮੈਜਿਸਟਰੇਟ, ਬੰਗਾ, ਇੰਦਰ ਪਾਲ, ਪੀ.ਸੀ.ਐੱਸ.. ਉਪ ਮੰਡਲ ਮੈਜਿਸਟਰੇਟ, ਬਲਾਚੌਰ, ਨਿਰਮਲ ਸਿੰਘ, ਪੀ.ਪੀ.ਐੱਸ., ਡੀ.ਐਸ.ਪੀ. (ਡਿਟੈਕਟਿਵ) ਸ਼ਹੀਦ ਭਗਤ ਸਿੰਘ ਨਗਰ, ਸ੍ਰੀਮਤੀ ਤੰਨੁਪ੍ਰੀਤ ਕੌਰ, ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ:ਨਿ:ਵਿ: (ਭ ਤੇ ਮ ਸ਼ਾਖਾ) ਸ਼ਹੀਦ ਭਗਤ ਸਿੰਘ ਨਗਰ, ਸ੍ਰੀਮਤੀ ਨਿਧੀ ਸਿਨਹਾ, ਡੀ.ਡੀ.ਪੀ.ਓ.. ਸ਼ਹੀਦ ਭਗਤ ਸਿੰਘ ਨਗਰ, ਹਰਭਜਨ ਲਾਲ, ਵਣ ਮੰਡਲ ਅਫ਼ਸਰ, ਸ਼ਹੀਦ ਭਗਤ ਸਿੰਘ ਨਗਰ, ਸ੍ਰੀਮਤੀ ਅਕਵਿੰਦਰ ਕੌਰ, ਨਾਇਬ ਤਹਿਸੀਲਦਾਰ, ਬਲਾਚੌਰ, ਸ੍ਰੀ ਰਮੇਸ਼ ਕੁਮਾਰ, ਜੇ.ਈ., ਲੋ:ਨਿ:ਵਿ: (ਭ ਤੇ ਮ ਸ਼ਾਖਾ), ਸ਼ਹੀਦ ਭਗਤ ਸਿੰਘ ਨਗਰ, ਰਾਜੀਵ ਸਰੀਨ, ਈ.ਓ.ਐਮ.ਸੀ. ਨਗਰ ਕੌਂਸਲ, ਬੰਗਾ ਅਤੇ ਰਾਹੋਂ ਅਸ਼ੋਕ ਕੁਮਾਰ, ਸੁਪਰਡੈਂਟ, ਦਫ਼ਤਰ ਨਗਰ ਕੌਂਸਲ, ਨਵਾਂਸ਼ਹਿਰ, ਸ੍ਰੀ ਧੰਨਵੰਤ ਸਿੰਘ, ਜੂਨੀਅਰ ਸਹਾਇਕ, ਦਫ਼ਤਰ ਨਗਰ ਕੌਂਸਲ, ਬਲਾਚੌਰ ਹਾਜ਼ਰ ਆਏ। ਮੀਟਿੰਗ ਵਿੱਚ ਹਾਜ਼ਰ ਆਏ ਸਾਰੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਕਿ ਮਾਣਯੋਗ ਸੁਪਰੀਮ ਕੋਰਟ ਆਫ਼ ਇੰਡੀਆ ਵੱਲੋਂ ਐਸ.ਐਲ.ਪੀ. ਨੰ: 8519 ਆਫ਼ 2006- ਭਾਰਤ ਸਰਕਾਰ ਬਨਾਮ ਗੁਜਰਾਤ ਸਰਕਾਰ ਅਤੇ ਹੋਰ ਵਿੱਚ ਮਿਤੀ-29.09.2009 ਨੂੰ ਕੀਤੇ ਗਏ ਫੈਸਲੇ ਦੀ ਪਾਲਣਾ ਕਰਦੇ ਹੋਏ ਜ਼ਿਲ੍ਹੇ ਅੰਦਰ ਜੋ ਵੀ ਅਣ-ਅਧਿਕਾਰਿਤ ਉਸਾਰੀਆਂ ਹੋਈਆਂ ਹਨ, ਉਹਨਾਂ ਨੂੰ ਜਲਦ ਤੋਂ ਜਲਦ ਹਟਾਇਆ ਜਾਵੇ।

# ਵਾਧੂ ਚਾਰਜ ਵਾਲੇ ਅਧਿਕਾਰੀਆਂ ਦੇ ਸਹਾਰੇ ਚੱਲ ਰਹੀ ਕਾਰਪੋਰੇਸ਼ਨ ਦੀ ਬਿਲਡਿੰਗ ਬ੍ਰਾਂਚ : ਅਸ਼ੋਕ ਦੁੱਗਲ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਨਗਰ ਨਿਗਮ ਫਗਵਾੜਾ ਦੀ ਬਿਲਡਿੰਗ ਬ੍ਰਾਂਚ ਵਿੱਚ ਕਿਸੇ ਵੀ ਅਧਿਕਾਰੀ ਦੀ ਸਥਾਈ ਨਿਯੁਕਤੀ ਨਾ ਹੋਣ ਕਾਰਨ ਆਮ ਲੋਕਾਂ ਨੂੰ ਹੋ ਰਹੀ ਪਰੇਸ਼ਾਨੀ ਦਾ ਜਿਕਰ ਕਰਦਿਆਂ ਭਾਜਪਾ ਆਗੂ ਅਸ਼ੋਕ ਦੁੱਗਲ ਨੇ ਸੂਬੇ ਦੀ ਆਮ ਆਦਮੀ ਪਾਰਟੀ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਕਾਰਜਸ਼ੈਲੀ 'ਤੇ ਤਿੱਖੇ ਸਵਾਲ ਖੜ੍ਹੇ ਕੀਤੇ ਹਨ। ਉਨ੍ਹਾਂ ਕਿਹਾ ਕਿ ਫਗਵਾੜਾ ਕਾਰਪੋਰੇਸ਼ਨ ਵਿੱਚ ਨਾ ਤਾਂ ਕੋਈ ਪੂਰਨਕਾਲੀਨ ਕਾਰਪੋਰੇਸ਼ਨ ਕਮਿਸ਼ਨਰ ਹੈ ਅਤੇ ਨਾ ਹੀ ਬਿਲਡਿੰਗ ਬ੍ਰਾਂਚ ਵਿੱਚ ਕੋਈ ਸੀਨੀਅਰ ਅਧਿਕਾਰੀ ਪੱਕੇ ਤੌਰ 'ਤੇ ਤਾਇਨਾਤ ਹੈ। ਇਹ ਸਾਰਾ ਕੰਮ ਵਾਧੂ ਚਾਰਜ ਸੰਭਾਲ ਰਹੇ ਅਧਿਕਾਰੀਆਂ ਦੇ ਸਹਾਰੇ ਚੱਲ ਰਿਹਾ ਹੈ। ਲੋਕਾਂ ਦੀਆਂ ਇਮਾਰਤਾਂ ਦੇ ਨਕਸ਼ੇ ਪਾਸ ਨਹੀਂ ਹੋ ਰਹੇ ਅਤੇ ਪਲਾਟਾਂ ਦੀ ਐਨਓਸੀ ਨਹੀਂ ਮਿਲ ਰਹੀ। ਉਨ੍ਹਾਂ ਕਿਹਾ ਕਿ ਜਦੋਂ ਤੋਂ ਨਿਗਮ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੂੰ ਡਿਪਟੀ ਕਮਿਸ਼ਨਰ ਵਜੋਂ ਤਰੱਕੀ ਦਿੱਤੀ ਗਈ ਹੈ ਅਤੇ ਉਹ ਕਪੂਰਥਲਾ ਗਏ ਹਨ, ਉਦੋਂ ਤੋਂ ਏ.ਡੀ.ਸੀ. ਨੂੰ ਕਾਰਪੋਰੇਸ਼ਨ ਕਮਿਸ਼ਨਰ ਦਾ ਵਾਧੂ ਚਾਰਜ ਦਿੱਤਾ ਜਾ ਰਿਹਾ ਹੈ। ਜਿਸ ਤੋਂ ਲੱਗਦਾ ਹੈ ਕਿ ਭਗਵੰਤ ਮਾਨ ਸਰਕਾਰ ਪਾਸ ਕੋਈ ਯੋਗ ਪ੍ਰਸ਼ਾਸਨਿਕ ਅਧਿਕਾਰੀ ਨਹੀਂ ਹੈ ਜਿਸਨੂੰ ਪੂਰੇ ਸਮੇਂ ਦਾ ਨਿਗਮ ਕਮਿਸ਼ਨਰ ਨਿਯੁਕਤ ਕੀਤਾ ਜਾ ਸਕੇ ? ਅਸ਼ੋਕ ਦੁੱਗਲ ਦੇ ਅਨੁਸਾਰ, ਇਸ ਸਮੇਂ ਨਿਗਮ ਦੀ ਹਾਲਤ ਇੰਨੀ ਮਾੜੀ ਹੈ ਕਿ ਕੋਈ ਐਕਸ.ਈ.ਐਨ ਜਾਂ ਸੁਪਰਡੈਂਟ ਵੀ ਨਹੀਂ ਹੈ। ਪਹਿਲਾਂ ਜਿਹੜੇ ਅਧਿਕਾਰੀ ਸਨ, ਉਹ 'ਆਪ' ਆਗੂਆਂ ਦੇ ਨਜਾਇਜ ਦਬਾਅ ਤੋਂ ਪਰੇਸ਼ਾਨ ਹੋ ਕੇ ਦੂਜੇ ਸ਼ਹਿਰਾਂ ਵਿੱਚ ਤਬਾਦਲੇ ਕਰਵਾ ਚੁੱਕ ਹਨ। ਜਿਸ ਕਾਰਨ ਆਮ ਲੋਕਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਸ਼ਹਿਰ ਦਾ ਵਿਕਾਸ ਵੀ ਠੱਪ ਹੋ ਗਿਆ ਹੈ। ਭਾਜਪਾ ਆਗੂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਦਿੱਲੀ ਵਿਧਾਨ ਸਭਾ ਚੋਣਾਂ ਵਿੱਚ 'ਆਪ' ਦੀ ਦੁਰਦਸ਼ਾ ਤੋਂ ਕੋਈ ਸਬਕ ਨਹੀਂ ਸਿੱਖਿਆ। ਫਗਵਾੜਾ ਦੇ ਲੋਕ ਇਸ ਸਰਕਾਰ ਤੋਂ ਪੂਰੀ ਤਰ੍ਹਾਂ ਨਿਰਾਸ਼ ਹੋ ਚੁੱਕੇ ਹਨ। ਨਿਗਮ ਦਫਤਰ ਵਿੱਚ ਜ਼ਰੂਰੀ ਕੰਮ ਕਰਵਾਉਣ ਲਈ ਆਉਣ ਵਾਲੇ ਲੋਕ ਰੋਜ਼ਾਨਾ ਦੀ ਖੱਜਲ ਖੁਆਰੀ ਤੋਂ ਪਰੇਸ਼ਾਨ ਹਨ ਤੇ ਮੁੱਖ ਮੰਤਰੀ ਭਗਵੰਤ ਮਾਨ ਅਤੇ 'ਆਪ' ਸਰਕਾਰ ਨੂੰ ਕੋਸਦੇ ਨਜ਼ਰ ਆਉਂਦੇ ਹਨ। 'ਆਪ' ਸਰਕਾਰ ਵਿਰੁੱਧ ਜਨਤਾ ਦਾ ਗੁੱਸਾ ਇਸ ਹੱਦ ਤੱਕ ਵੱਧ ਰਿਹਾ ਹੈ ਕਿ ਕਿਸੇ ਵੀ ਸਮੇਂ ਫੁੱਟ ਸਕਦਾ ਹੈ।

# ਮੋਦੀ ਸਰਕਾਰ ਦਾ ਪੁਤਲਾ ਫੂਕਿਆ



**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਇੱਥੇ ਪਿੰਡ ਅਸਮਾਨ ਪੁਰ ਵਿਖੇ ਮੋਦੀ ਸਰਕਾਰ ਦਾ ਪੁਤਲਾ ਫੂਕਿਆ ਗਿਆ ਕਿਉਂਕਿ ਲੰਬੇ ਸਮੇਂ ਤੋਂ ਸੈਂਟਰ ਸਰਕਾਰ ਪੰਜਾਬ ਦੇ ਸਰੋਤਾਂ ਤੇ ਕਬਜ਼ੇ ਕਰਨ ਲਈ ਕਾਨੂੰਨ ਬਣਾ ਰਹੀ ਪੰਜਾਬ ਦਾ ਪਾਣੀ ਖੋਹ ਕੇ ਜ਼ਬਰਦਸਤੀ ਦੂਜਿਆਂ ਸੂਬਿਆਂ ਨੂੰ ਦਿੱਤਾ ਜਾ ਰਿਹਾ ਹੈ ਪੰਜਾਬ ਦਾ ਧਰਤੀ ਹੇਠਲਾ ਪਾਣੀ ਡਾਰਕ ਜੋਨਾਂ ਵਿੱਚ ਚਲਾ ਗਿਆ ਹੈ ਪਾਣੀ ਪੰਜਾਬ ਦਾ ਪਰ ਉਸ ਨੂੰ ਪਿਛਲੀਆਂ ਤੇ ਹੁਣ ਦੀਆਂ ਸਰਕਾਰਾਂ ਦੀਆਂ ਨਲਾਇਕੀਆਂ ਕਰਕੇ ਗ਼ਲਤ ਸਮਝੌਤੇ ਕਰਕੇ ਗੁਆਂਢੀ ਸੂਬਿਆਂ ਨੂੰ ਮੁਫ਼ਤ ਦਿੱਤਾ ਜਾ ਰਿਹਾ ਹੈ ਜਦ ਕੇ ਬੇਜਾਨ ਪੱਥਰ ਕੋਲਾ ਸਾਨੂੰ ਮਹਿੰਗੇ ਭਾਅ 'ਤੇ ਵੇਚਿਆ ਜਾ ਰਿਹਾ ਹੈ ਹੁਣ ਤਾਂ ਹੱਦ ਹੀ ਹੋ ਗਈ ਭਾਖੜਾ ਡੈਮ ਦੀ ਸੁਰੱਖਿਆ ਬਹਾਨੇ ਮੋਦੀ ਸਰਕਾਰ ਆਪਣੀ ਫੋਰਸ ਸੀ ਆਈ ਐਸ ਐਫ਼ ਲਾਉਣ ਦੀ ਤਿਆਰੀ ਖਿੱਚ ਰਹੀ ਹੈ ਇਸ ਵਿਰੋਧ ਕਰਨ ਲਈ ਮੋਦੀ ਸਰਕਾਰ ਦੇ ਪੁਤਲੇ ਫੂਕੇ ਜਾ ਰਹੇ ਹਨ ਪੁੱਤਲਾ ਫੂਕਣ ਸਮੇਂ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ ਇਲਾਕਾ ਪ੍ਰਧਾਨ ਕੁਲਵੀਰ ਸਿੰਘ ਸਾਹ ਪੁਰ ਬਿੱਕਰ ਸਿੰਘ ਸੈਖੂਪੁਰ ਮੇਜਰ ਸਿੰਘ ਰਘਬੀਰ ਸਿੰਘ ਕੁਲਵਿੰਦਰ ਸਿੰਘ ਅਵਤਾਰ ਸਿੰਘ ਉਸਮਾਨ ਪੁਰ ਭੁਪਿੰਦਰ ਸਿੰਘ ਕੁਲਦੀਪ ਸਿੰਘ ਸ਼ਲਿੰਦਰ ਸਿੰਘ ਸਰਪੰਚ ਕਸ਼ਮੀਰ ਸਿੰਘ ਪਰਮਜੀਤ ਸਿੰਘ ਪਿੰਡ ਸ਼ਹਾਬ ਪੁਰ ਬਲਜਿੰਦਰ ਸਿੰਘ ਤਰਕਸ਼ੀਲ ਮੇਜਰ ਸਿੰਘ ਰਾਮਗੜ੍ਹ ਰਾਮਜੀ ਦਾਸ ਰਾਮ ਨਾਥ ਸਨਾਵਾ ਤੇ ਹੋਰ ਬਹੁਤ ਸਾਰੇ ਸਾਥੀਆਂ ਨੇ ਭਾਗ ਲਿਆ।

# ਬਾਸਕਿਟਬਾਲ ਰਾਹੀਂ ਖੇਡ ਮਾਡਲ ਪਿੰਡ ਵਜੋਂ ਉੱਭਰਿਆ ਛੋਟਾ ਜਿਹਾ ਪਿੰਡ ਦਬੂਲੀਆਂ

**ਸੁਲਤਾਨਪੁਰ ਲੋਧੀ (ਬਲਵੀਰ ਸਾਲ੍ਹਪੁਰੀ)**- ਜਿਥੇ ਪੰਜਾਬ ਸਰਕਾਰ ਨੇ ਲੋਕਾਂ ਦੇ ਸਹਿਯੋਗ ਨਾਲ ਨਸ਼ਿਆਂ ਦੇ ਖਾਤਮੇ ਲਈ ਪਿੰਡ-ਪਿੰਡ ਜੰਗ ਛੇੜੀ ਹੋਈ ਹੈ, ਉੱਥੇ ਹੀ ਕਪੂਰਥਲਾ ਜ਼ਿਲ੍ਹੇ ਦਾ ਛੋਟਾ ਜਿਹਾ ਪਿੰਡ ਦਬੂਲੀਆਂ ਬਾਸਕਿਟਬਾਲ ਰਾਹੀਂ ਨਾ ਸਿਰਫ ਨਸ਼ੇ ਦੇ ਖਾਤਮੇ ਦਾ ਸੁਨੇਹਾ ਦੇ ਰਿਹਾ ਹੈ, ਸਗੋਂ ਪੰਜਾਬ ਭਰ ਲਈ ਇਕ ਖੇਡ ਮਾਡਲ ਵਜੋਂ ਉਭਰਿਆ ਹੈ। ਕੇਵਲ 65 ਘਰਾਂ ਵਾਲਾ ਇਹ ਪਿੰਡ ਬਾਸਕਿਟਬਾਲ ਦੀ ਪਨੀਰੀ ਤਿਆਰ ਕਰਨ ਲਈ ਉਵੇਂ ਹੀ ਕੰਮ ਕਰ ਰਿਹਾ ਹੈ ਜਿਵੇਂ ਹਾਕੀ ਲਈ ਸੰਸਾਰਪੁਰ। ਸ਼ਾਮ ਹੁੰਦਿਆਂ ਹੀ ਪਿੰਡ ਵਿਚ ਬਣੀਆਂ ਬਾਸਕਿਟਬਾਲ ਦੀਆਂ ਅੰਤਰਰਾਸ਼ਟਰੀ ਪੱਧਰ ਦੀਆਂ ਦੋਵੇਂ ਗਰਾਊਂਡਾਂ ਫਲੱਡ ਲਾਈਟਾਂ ਨਾਲ ਜਗਮਗ ਕਰ ਉੱਠਦੀਆਂ ਹਨ ਅਤੇ ਨਿੱਕੇ -ਨਿੱਕੇ ਖਿਡਾਰੀ ਬਾਸਕਿਟਬਾਲ ਦੀ ਖੇਡ ਵਿਚ ਵੱਡੀਆਂ ਮੱਲ੍ਹਾਂ ਮਾਰਨ ਲਈ ਪੈਰ ਪੁੱਟਦੇ ਹਨ। ਪਿੰਡ ਦੇ ਵਸਨੀਕ ਤੇ ਅਰਜਨ ਐਵਾਰਡੀ ਸੱਜਣ ਸਿੰਘ ਚੀਮਾ ਦੱਸਦੇ ਹਨ ਕਿ ਪਿੰਡ ਵਿਚ ਬਾਸਕਿਟਬਾਲ ਦੀ ਚਿਣਗ ਬਲਕਾਰ ਸਿੰਘ ਚੀਮਾ ਨੇ ਲਾਈ, ਜੋ ਕਿ ਫੌਜ ਵਿਚ ਨੌਕਰੀ ਕਰਦੇ ਸਨ। ਨਿੱਕੇ ਜਿਹੇ ਪਿੰਡ ਵਿਚੋਂ ਬਾਸਕਿਟਬਾਲ ਦੇ ਅੰਤਰਰਾਸ਼ਟਰੀ ਖਿਡਾਰੀ ਬਲਕਾਰ ਸਿੰਘ, ਕੁਲਦੀਪ ਸਿੰਘ, ਗੁਰਮੀਤ ਸਿੰਘ ਤੇ ਸੱਜਣ ਸਿੰਘ ਖੁਦ ਹੋਏ ਹਨ। ਪਿੰਡ ਵਿਚ ਬਾਸਕਿਟਬਾਲ ਲਈ ਕਰੇਜ ਇੰਨਾ ਹੈ ਕਿ 35 ਫੁੱਟ ਉੱਚਾ 'ਬਾਸਕਿਟਬਾਲ ਪਾਰਕ' ਬਣਾਇਆ ਜਾ ਰਿਹਾ ਹੈ, ਜੋ ਨਾ ਸਿਰਫ ਪਿੰਡ ਦੀ ਖੇਡ ਨੂੰ ਦੇਣ ਨੂੰ ਦਰਸਾਉਂਦਾ ਹੈ, ਸਗੋਂ ਇਸ ਖੇਡ ਵਿਚ ਮੱਲ੍ਹਾਂ ਮਾਰਨ ਵਾਲਿਆਂ ਦੇ ਨਾਂਅ 'ਤੇ ਪ੍ਰਾਪਤੀਆਂ ਦਾ ਵੀ ਜ਼ਿਕਰ ਕਰੇਗਾ।ਨੈਸ਼ਨਲ ਪੱਧਰ ਦੇ ਖਿਡਾਰੀ ਤਰੁਣਜੀਤ ਚੀਮਾ, ਜੋ ਕਿ ਰੋਜ਼ਾਨਾ 50-60 ਬੱਚਿਆਂ ਨੂੰ ਬਾਸਕਿਟਬਾਲ ਦੇ ਗੁਰ ਦੱਸਦੇ ਹਨ, ਕਹਿੰਦੇ ਹਨ ਕਿ 'ਉਨ੍ਹਾਂ ਨੂੰ ਖੁਸ਼ੀ ਹੈ ਕਿ ਸਾਡੇ ਬੱਚੇ ਨਾ ਸਿਰਫ ਨਸ਼ੇ ਦੀ ਮਾਰ ਤੋਂ ਬਚੇ ਹਨ, ਸਗੋਂ ਆਪਣੀ ਊਰਜਾ ਨੂੰ ਸਹੀ ਪਾਸੇ ਲਾ ਕੇ ਛੋਟੇ ਜਿਹੇ ਪਿੰਡ ਦਾ ਨਾਂਅ ਰੁਸ਼ਨਾ ਰਹੇ ਹਨ। ਸਿਖਲਾਈ ਲੈ ਰਹੇ ਬੱਚਿਆਂ ਨੂੰ ਸੂਬਾ, ਕੌਮੀ ਤੇ ਕੌਮਾਂਤਰੀ ਪੱਧਰ ਦੇ ਮੁਕਾਬਲਿਆਂ ਲਈ ਤਿਆਰ ਕਰਨ ਹਿੱਤ ਜਲੰਧਰ, ਪਟਿਆਲਾ ਤੇ ਅੰਮ੍ਰਿਤਸਰ ਵਿਖੇ ਮੈਚ ਖੇਡਣ ਲਈ ਭੇਜਿਆ ਜਾਂਦਾ ਹੈ। ਸੱਜਣ ਸਿੰਘ ਚੀਮਾ ਦੱਸਦੇ ਹਨ ਕਿ ਛੋਟੇ ਜਿਹੇ ਪਿੰਡ ਵਿਚ ਹੀ ਹਰ ਸਾਲ ਅੰਤਰਰਾਸ਼ਟਰੀ ਪੱਧਰ ਦਾ ਸਵਰਗੀ ਬਲਕਾਰ ਸਿੰਘ ਯਾਦਗਾਰੀ ਬਾਸਕਿਟਬਾਲ ਟੂਰਨਾਮੈਂਟ ਹੁੰਦਾ ਹੈ, ਜੋ ਕਿ ਆਲ ਇੰਡੀਆ ਬਾਸਕਿਟਬਾਲ ਫੈਡਰੇਸ਼ਨ ਵਲੋਂ ਮਾਨਤਾ ਪ੍ਰਾਪਤ ਹੈ। ਹਾਲ ਹੀ ਵਿੱਚ ਪਿੰਡ ਦੀ ਕੋਮਲਪ੍ਰੀਤ ਕੌਰ ਅੰਡਰ-17 ਵਿਚ ਯੂ.ਐਸ.ਏ. ਖੇਡਕੇ ਆਈ ਹੈ, ਜੋ ਕਿ ਦੁਨੀਆ ਭਰ ਵਿਚ ਬਾਸਕਿਟਬਾਲ ਲਈ ਜਾਣਿਆ ਜਾਂਦਾ ਹੈ। ਪਿੰਡ ਵਾਸੀ ਨਸ਼ੇ ਵਿਰੁੱਧ ਜਾਗਰੂਕਤਾ ਲਈ ਏਨੇ ਸੁਚੇਤ ਹਨ ਕਿ ਉਨ੍ਹਾਂ ਪੰਜਾਬ ਸਰਕਾਰ ਦੀ ਨਸ਼ੇ ਖਿਲਾਫ ਮੁਹਿੰਮ ਵਿਚ ਹਿੱਸਾ ਪਾਉਣ ਲਈ 'ਤੰਦਰੁਸਤ ਦਬੂਲੀਆਂ' ਦੇ ਬੈਨਰ ਹੇਠ ਦਬੂਲੀਆਂ ਤੋਂ ਕਪੂਰਥਲਾ ਤੱਕ 14 ਕਿਲੋਮੀਟਰ ਮੈਰਾਥਨ ਕਰਵਾਈ, ਜਿਸ ਵਿਚ 150 ਪਿੰਡ ਵਾਸੀਆਂ ਹਿੱਸਾ ਲੈ ਕੇ ਇਸਨੂੰ ਪੂਰਾ ਕੀਤਾ। ਮੈਰਾਥਨ ਵਿਚ ਸਭ ਤੋਂ ਛੋਟੀ ਉਮਰ ਦਾ ਖਿਡਾਰੀ 6 ਸਾਲ ਦਾ ਸੀ। ਬੀਤੇ ਕੱਲ੍ਹ ਡਿਪਟੀ ਕਮਿਸ਼ਨਰ ਸ਼੍ਰੀ ਅਮਿਤ ਕੁਮਾਰ ਪੰਚਾਲ ਨੇ ਵੀ ਪਿੰਡ ਦਾ ਦੌਰਾ ਕਰਕੇ ਖੇਡ ਗਤੀਵਿਧੀਆਂ ਦਾ ਜਾਇਜ਼ਾ ਲਿਆ ਤੇ ਉਭਰਦੇ ਖਿਡਾਰੀਆਂ ਦੀ ਹੌਸਲਾ ਅਫਜ਼ਾਈ ਕੀਤੀ। ਉਨ੍ਹਾਂ ਕਿਹਾ ਕਿ ਪਿੰਡ ਵਿਚ ਖੇਡ ਵਿਭਾਗ ਦਾ ਡੇ-ਸਕਾਲਰ ਸਪੋਰਟਸ ਵਿੰਗ ਬਣਾਉਣ ਲਈ ਖੇਡ ਵਿਭਾਗ ਨੂੰ ਸਿਫਾਰਸ਼ ਕੀਤੀ ਜਾਵੇਗੀ।



# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੌਰਾਨ ਦਸਵੀਂ ਦੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ




**ਮਹਿਤਪੁਰ (ਰਾਜਾ)** ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਤਹਿਤ ਸਰਕਾਰੀ ਹਾਈ ਸਕੂਲ ਮਹਿਸਮਪੁਰ ਵਿਖੇ ਲੰਘੇ ਦਿਨੀਂ ਸਕੂਲ ਵਿਖੇ ਫੰਕਸ਼ਨ ਕਰਵਾਇਆ ਗਿਆ, ਇਸ ਦੌਰਾਨ ਪਰਮਿੰਦਰ ਸਿੰਘ ਪੰਡੋਰੀ ਹਲਕਾ ਸ਼ਾਹਕੋਟ ਵੱਲੋਂ ਸਮੂਹ ਪੰਚਾਇਤ ਪਿੰਡ ਦੇ ਭਾਰੀ ਇਕੱਠ ਨਸ਼ਿਆ ਵਿਰੁੱਧ ਸੌਂਹ ਚੁਕਾਈ ਗਈ, ਇਸ ਮੌਕੇ ਉਹਨਾਂ ਨਾਲ ਐਸ ਐਚ ਓ ਮਹਿਤਪੁਰ, ਤਹਿਸੀਲਦਾਰ, ਪਟਵਾਰੀ , ਸੈਕਟਰੀ , ਰੀਡਰ ਮੁਖਤਿਆਰ ਸਿੰਘ ਉਚੇਚੇ ਤੌਰ ਤੇ ਹਾਜ਼ਰ ਸਨ, ਸਰਪੰਚ ਦਲਬੀਰ ਸਿੰਘ ਅਤੇ ਸਮੂਹ ਪੰਚਾਇਤ ਮੈਂਬਰ ਵੀ ਹਾਜ਼ਰ ਸਨ, ਇਸ ਦੌਰਾਨ ਸਰਦਾਰ ਪਰਮਿੰਦਰ ਸਿੰਘ ਪੰਡੋਰੀ ਨੇ ਸਕੂਲ ਸਕੂਲ ਸਟਾਫ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਕਿ ਉਹਨਾਂ ਦਾ ਨਤੀਜਾ ਛੇਵੀਂ ਵਾਰ ਕਲਾਸ ਦਸਵੀਂ ਦਾ 100% ਰਿਹਾ ਹੈ। ਬੋਰਡ ਦੁਆਰਾ ਐਲਾਨੇ ਨਤੀਜਿਆਂ ਵਿੱਚ ਯੁਵਰਾਜ ਅਰੋੜਾ ਨੇ ਪਹਿਲਾ ਸਥਾਨ, ਅਨਮੋਲ ਪ੍ਰੀਤ ਕੌਰ ਨੇ ਦੂਸਰਾ ਸਥਾਨ, ਅਨਿਕ ਕੁਮਾਰ ਨੇ ਤੀਸਰਾ ਸਥਾਨ, ਮਾਨਸੀ ਨੇ ਚੌਥਾ ਸਥਾਨ ਪ੍ਰਾਪਤ ਕੀਤਾ। ਇਹਨਾਂ ਬੱਚਿਆਂ ਨੂੰ ਇਨਾਮ ਵੀ ਦਿੱਤੇ ਗਏ, ਲਖਵਿੰਦਰ ਸਿੰਘ ਸਮਰਾ ਐਚ ਟੀ ਸਰਕਾਰੀ ਪ੍ਰਾਇਮਰੀ ਸਕੂਲ ਖੈਰਾ ਮੁਸ਼ਤਰਕਾ ਵੀ ਉਚੇਚੇ ਤੌਰ 'ਤੇ ਹਾਜ਼ਰ ਸਨ, ਸਕੂਲ ਮੁਖੀ ਰਕੇਸ਼ ਕੁਮਾਰ ਨੇ ਆਏ ਹੋਏ ਪਤਵੰਤੇ ਸੱਜਣਾਂ ਦਾ ਧੰਨਵਾਦ ਕੀਤਾ ਅਤੇ ਸਮੂਹ ਪੰਚਾਇਤ ਅਤੇ ਸਟਾਫ ਦੁਆਰਾ ਸਾਰੇ ਹੀ ਮੁੱਖ ਮਹਿਮਾਨਾਂ ਨੂੰ ਸਨਮਾਨਿਆ ਗਿਆ। ਗੁਰਨਾਮ ਸਿੰਘ ਮਹਿਸਮਪੁਰੀ ਪ੍ਰਧਾਨ ਤਰਕਸ਼ੀਲ ਸੋਸਾਇਟੀ ਨੇ ਮੰਚ ਸੰਚਾਲਕ ਦੀ ਭੂਮਿਕਾ ਬਾਖੂਬੀ ਨਿਭਾਉਂਦਿਆਂ ਆਏ ਹੋਏ ਸਾਰੇ ਮਹਿਮਾਨਾਂ ਨੂੰ ਜੀ ਆਇਆਂ ਕਿਹਾ।

# ਪੱਤਰਕਾਰ ਵਿਕਰਮ ਮਹਿਤਾ ਦੇ ਪਿਤਾ ਦੇ ਦੇਹਾਂਤ 'ਤੇ ਵੱਖ-ਵੱਖ ਸ਼ਖਸੀਅਤਾਂ ਨੇ ਕੀਤਾ ਦੁੱਖ ਦਾ ਪ੍ਰਗਟਾਵਾ

**ਮਹਿਤਪੁਰ (ਰਾਜਾ)** ਮਹਿਤਪੁਰ ਤੋਂ 'ਅਜੀਤ' ਸਮਾਚਾਰ ਦੇ ਪੱਤਰਕਾਰ ਵਿਕਰਮ ਮਹਿਤਾ ਦੇ ਪਿਤਾ ਜੀ ਪ੍ਰਿੰਸੀਪਲ ਅੰਗਦ ਦੇਵ ਮਹਿਤਾ ਜੋ ਪਿਛਲੇ ਦਿਨੀ ਆਪਣੇ ਸਵਾਸਾਂ ਦੀ ਪੂੰਜੀ ਨੂੰ ਪੂਰਾ ਕਰਦੇ ਹੋਏ ਗੁਰ ਚਰਨਾਂ ਵਿੱਚ ਜਾ ਬਿਰਾਜੇ।ਉਨ੍ਹਾਂ ਦੇ ਅਕਾਲ ਚਲਾਣਾ ਹੋਣ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਹੈ।ਪਰਵਾਰ ਨਾਲ ਇਸ ਦੁੱਖ ਦੀ ਘੜੀ ਵਿਚ ਸੰਪਾਦਕ ਡਾਕਟਰ ਬਰਜਿੰਦਰ ਸਿੰਘ ਹਮਦਰਦ ਅਤੇ ਮੈਡਮ ਗੁਰਜੋਤ ਕੌਰ ਨੇ ਫੋਨ ਰਾਹੀ ਪੱਤਰਕਾਰ ਵਿਕਰਮ ਮਹਿਤਾ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ। ਪਰਵਾਰ ਨਾਲ ਦੁੱਖ ਸਾਂਝਾ ਕਰਨ ਲਈ ਉਨ੍ਹਾਂ ਦੇ ਗ੍ਰਹਿ ਵਿਖੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਜਰਨਲਿਸਟ ਪ੍ਰੈਸ ਕਲੱਬ ਪੰਜਾਬ ਦੇ ਪ੍ਰਧਾਨ ਮਨਜੀਤ ਸਿੰਘ ਮਾਨ, ਕਾਂਗਰਸ ਦੇ ਬਲਾਕ ਪ੍ਰਧਾਨ ਮਹਿੰਦਰਪਾਲ ਸਿੰਘ ਟੁਰਨਾ, ਕੌਂਸਲਰ ਰਾਜਕੁਮਾਰ ਜੱਗਾ, ਡੀ.ਐੱਸ.ਪੀ ਓਂਕਰ ਸਿੰਘ ਬਰਾੜ, ਐਸ.ਐਚ ਓ ਬਲਬੀਰ ਸਿੰਘ, ਕੈਪਟਨ ਰਾਜਵਿੰਦਰ ਸ਼ਰਮਾ, ਮਨੋਜ ਚੋਪੜਾ, ਅਸ਼ੋਕ ਚੌਹਾਨ, ਬਲਜੀਤ ਸਿੰਘ ਸਾਬੀ, ਕੌਂਸਲਰ ਕਮਲ ਕਿਸ਼ੋਰ, ਪ੍ਰਸ਼ੋਤਮ ਲਾਲ, ਬਲਜੀਤ ਮਹੇੜੂ, ਸਮੂਹ ਪੱਤਰਕਾਰ ਭਾਈਚਾਰਾ, ਰਾਜਨੀਤਿਕ, ਧਾਰਮਿਕ ਸਖਸ਼ੀਅਤਾ ਆਦਿ ਨੇ ਦੁੱਖ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਵਿਕਰਮ ਮਹਿਤਾ ਨੇ ਦੱਸਿਆ ਕਿ ਉਹਨਾਂ ਦੇ ਪਿਤਾ ਜੀ ਦੀ ਰਸਮ ਕਿਰਿਆ ਅਤੇ ਅੰਤਿਮ ਅਰਦਾਸ 26 ਮਈ ਦਿਨ ਸੋਮਵਾਰ ਨੂੰ ਸੇਤੀਆ ਰਿਸੋਰਟਸ ਮਹਿਤਪੁਰ ਵਿਖੇ ਦੁਪਹਿਰ 1 ਵਜੇ ਤੋਂ 2 ਵਜੇ ਤੱਕ ਹੋਵੇਗੀ।



## ਨਗਰ ਕੌਂਸਲ ਨੇ ਛੁਡਵਾਇਆ 4 ਕਨਾਲਾਂ ਦਾ ਨਜਾਇਜ਼ ਕਬਜ਼ਾ

### ਹੋਰਨਾਂ ਲੋਕਾਂ ਤੋਂ ਵੀ ਛੁਡਵਾਏ ਜਾਣਗੇ ਨਜਾਇਜ਼ ਕਬਜ਼ੇ : ਪ੍ਰਧਾਨ ਕੁੰਦਰਾ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਨਗਰ ਕੌਂਸਲ ਵੱਲੋਂ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਨੇੜੇ ਪ੍ਰਵਾਸੀ ਮਜ਼ਦੂਰਾਂ ਦੀ ਬਸਤੀ ਬਲੀਬੇਗ ਕੋਲ ਸਰਕਾਰੀ ਜ਼ਮੀਨ 'ਤੇ ਇੱਕ ਵਿਅਕਤੀ ਵੱਲੋਂ 4 ਕਨਾਲ ਨਜਾਇਜ਼ ਕੀਤੇ ਕਬਜ਼ੇ ਨੂੰ ਛੁਡਵਾ ਲਿਆ ਗਿਆ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਕੌਂਸਲ ਵੱਲੋਂ ਬਲੀਬੇਗ ਬਸਤੀ ਨੇੜੇ ਪਈ 4 ਕਨਾਲ ਸਰਕਾਰੀ ਜ਼ਮੀਨ ਉੱਪਰ ਹੋਮਿਓਪੈਥਿਕ ਕਾਲਜ ਬਣਾਉਣ ਦੀ ਤਜਵੀਜ਼ ਹੈ, ਜਿਸ ਦੇ ਮੱਦੇਨਜ਼ਰ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਵੱਲੋਂ ਨਿਸ਼ਾਨਦੇਹੀ ਦੇ ਨਿਰਦੇਸ਼ ਦਿੱਤੇ ਸਨ। ਨਗਰ ਕੌਂਸਲ ਕਰਮਚਾਰੀ ਜਦੋਂ ਇਸ ਜ਼ਮੀਨ ਵਿੱਚ ਪਹੁੰਚੇ ਤਾਂ ਉੱਥੇ ਕਿਸੇ ਨੇ ਨਜਾਇਜ਼ ਕਬਜ਼ਾ ਕਰ ਪਸ਼ੂਆਂ ਲਈ ਹਰਾ ਚਾਰਾ ਬੀਜਿਆ ਹੋਇਆ ਸੀ। ਉਨ੍ਹਾਂ ਦੱਸਿਆ ਕਿ ਕੌਂਸਲ ਦੀਆਂ ਜੇਸੀਬੀ ਮਸ਼ੀਨਾਂ ਤੇ ਟ੍ਰੈਕਟਰਾਂ ਰਾਹੀਂ ਪੁਲਸ ਪ੍ਰਸ਼ਾਸਨ ਦੀ ਮੱਦਦ ਨਾਲ ਇਹ 4 ਕਨਾਲ ਜ਼ਮੀਨ 'ਤੇ ਕੀਤਾ ਗਿਆ ਨਜਾਇਜ਼ ਕਬਜ਼ਾ ਤੁਰੰਤ ਹਟਵਾ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਕਬਜ਼ਾ ਛੁਡਵਾਉਣ ਦਾ ਕੰਮ ਬੜਾ ਸ਼ਾਂਤਮਈ ਨੇਪਰੇ ਚੜ੍ਹਿਆ, ਜਿਸ ਦਾ ਕਿਸੇ ਨੇ ਵੀ ਵਿਰੋਧ ਨਹੀਂ ਕੀਤਾ। ਨਗਰ ਕੌਂਸਲ ਪ੍ਰਧਾਨ ਨੇ ਕਿਹਾ ਕਿ ਨਗਰ ਕੌਂਸਲ ਦੀਆਂ ਜਾਇਦਾਦਾਂ 'ਤੇ ਨਜਾਇਜ਼ ਕਬਜ਼ੇ ਬਰਦਾਸ਼ਤ ਨਹੀਂ ਹੋਣਗੇ ਤੇ ਜੇਕਰ ਕਿਸੇ ਨੇ ਅਜਿਹੀ ਕੋਸ਼ਿਸ਼ ਕੀਤੀ ਤਾਂ ਉਸ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਇਸ ਮੌਕੇ ਸੁਖਦੇਵ ਸਿੰਘ ਬਿੱਟੂ ਸੈਨੇਟਰੀ ਇੰਸਪੈਕਟਰ, ਭੁਪਿੰਦਰ ਸਿੰਘ ਮੌਜੂਦ ਸਨ।

## ਮੁੱਖ ਮੰਤਰੀ ਵੱਲੋਂ 99 ਫੀਸਦੀ ਤੋਂ ਵੱਧ ਕਰਜ਼ਾ ਵਸੂਲੀ ਕਰਨ ਵਾਲੀਆਂ ਸਹਿਕਾਰੀ ਸਭਾਵਾਂ ਦਾ ਸਨਮਾਨ

### ਕਿਸਾਨਾਂ ਨੂੰ ਕਰਜ਼ੇ ਤੋਂ ਖਹਿੜਾ ਛੁਡਵਾਉਣ ਲਈ ਸਾਦੇ ਵਿਆਹ ਸਮਾਗਮਾਂ 'ਤੇ ਜ਼ੋਰ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਧੂਰੀ ਸਰਕਲ ਦੀਆਂ ਸਹਿਕਾਰੀ ਸਭਾਵਾਂ ਦਾ ਸਨਮਾਨ ਕੀਤਾ, ਜਿਨ੍ਹਾਂ ਨੇ 99 ਫੀਸਦੀ ਤੋਂ ਵੱਧ ਕਰਜ਼ਾ ਵਸੂਲ ਕੇ ਨਵੀਂ ਮਿਸਾਲ ਕਾਇਮ ਕੀਤੀ ਹੈ।ਅੰਤਰਰਾਸ਼ਟਰੀ ਸਹਿਕਾਰਤਾ ਵਰ੍ਹਾ ਮਨਾਉਣ ਲਈ ਕਰਵਾਏ ਗਏ ਸਮਾਗਮ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਧੂਰੀ ਸਰਕਲ ਦੀਆਂ ਸਹਿਕਾਰੀ ਸਭਾਵਾਂ ਨੇ 99% ਤੋਂ ਵੱਧ ਕਰਜ਼ਿਆਂ ਦੀ ਵਸੂਲੀ ਕਰਕੇ ਨਵੇਂ ਦਿਸਹੱਦੇ ਕਾਇਮ ਕੀਤੇ ਹਨ।ਉਨ੍ਹਾਂ ਕਿਹਾ ਕਿ ਇਨ੍ਹਾਂ ਸੁਸਾਇਟੀਆਂ ਨੂੰ ਸਨਮਾਨਤ ਕਰਨ ਲਈ ਵਿਸ਼ੇਸ਼ ਪ੍ਰੋਗਰਾਮ ਉਲੀਕਿਆ ਗਿਆ ਤਾਂ ਕਿ ਦੂਜਿਆਂ ਨੂੰ ਵੀ ਪ੍ਰੇਰਣਾ ਮਿਲ ਸਕੇ।ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਦੇਖ ਕੇ ਖ਼ੁਸ਼ੀ ਹੁੰਦੀ ਹੈ ਕਿ ਇਨ੍ਹਾਂ ਸੁਸਾਇਟੀਆਂ ਨੇ ਉਸ ਵੇਲੇ ਇਹ ਸ਼ਾਨਦਾਰ ਕੰਮ ਕੀਤਾ ਹੈ, ਜਦੋਂ ਸੂਬੇ ਭਰ ਦੀਆਂ ਬਹੁਤੀਆਂ ਸੁਸਾਇਟੀਆਂ ਆਪਣੇ ਬਕਾਇਆ ਕਰਜ਼ੇ ਦੀ ਵਸੂਲੀ ਕਰਨ ਵਿੱਚ ਅਸਫਲ ਰਹੀਆਂ ਹਨ।ਮੁੱਖ ਮੰਤਰੀ ਨੇ ਕਿਹਾ ਕਿ ਸਹਿਕਾਰੀ ਖੇਤਰ ਨੂੰ ਮਜ਼ਬੂਤ ਕਰਨ ਦੀ ਲੋੜ ਹੈ, ਕਿਉਂਕਿ ਇਹ ਕਿਸਾਨਾਂ ਤੇ ਹੋਰ ਭਾਈਵਾਲਾਂ ਦੇ ਲਾਭ ਨੂੰ ਯਕੀਨੀ ਬਣਾਏਗਾ।ਉਨ੍ਹਾਂ ਕਿਸਾਨਾਂ ਤੇ ਹੋਰਾਂ ਨੂੰ ਸਹਿਕਾਰੀ ਬੈਂਕਾਂ ਵਿੱਚ ਆਪਣੇ ਖਾਤੇ ਖੁੱਲ੍ਹਵਾਉਣ ਦੀ ਅਪੀਲ ਕੀਤੀ, ਜੋ ਦੂਜੇ ਬੈਂਕਾਂ ਨਾਲੋਂ ਕਰਜ਼ਿਆਂ 'ਤੇ 3% ਘੱਟ ਵਿਆਜ ਦੀ ਪੇਸ਼ਕਸ਼ ਕਰਦੇ ਹਨ।ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਹਿਕਾਰੀ ਬੈਂਕਾਂ ਬਾਰੇ ਕਈ ਗਲਤਫਹਿਮੀਆਂ ਹਨ ਤੇ ਕਿਸਾਨਾਂ ਨੂੰ ਇਸ ਦਾ ਸ਼ਿਕਾਰ ਨਹੀਂ ਹੋਣਾ ਚਾਹੀਦਾ।ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਇਨ੍ਹਾਂ ਬੈਂਕਾਂ ਦੀ ਕਾਰਜਕੁਸ਼ਲਤਾ ਨੂੰ ਹੋਰ ਅਸਰਦਾਰ ਬਣਾਉਣ ਲਈ ਬੈਂਕਿੰਗ ਖੇਤਰਾਂ ਦੇ ਮਾਹਰਾਂ ਦੀਆਂ ਸੇਵਾਵਾਂ ਵੀ ਲੈ ਰਹੀ ਹੈ।ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਸਮੇਂ ਦੀ ਲੋੜ ਹੈ ਕਿ ਕਿਸਾਨ ਇਨ੍ਹਾਂ ਬੈਂਕਾਂ ਵਿੱਚ ਆਪਣੇ ਖਾਤੇ ਖੋਲ੍ਹਣ ਤਾਂ ਜੋ ਬੈਂਕਾਂ ਵਿੱਚ ਆਰਥਿਕ ਗਤੀਵਿਧੀਆਂ ਨੂੰ ਹੋਰ ਹੁਲਾਰਾ ਮਿਲ ਸਕੇ।ਸੂਬੇ ਵਿੱਚ ਵੱਡੇ ਤੇ ਖਰਚੀਲੇ ਵਿਆਹਾਂ 'ਤੇ ਚਿੰਤਾ ਪ੍ਰਗਟ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਆਮ ਕਿਸਾਨਾਂ ਦੀਆਂ ਜੇਬਾਂ 'ਤੇ ਵੱਡਾ ਬੋਝ ਪਾ ਰਹੇ ਹਨ।ਮੁੱਖ ਮੰਤਰੀ ਨੇ ਸਾਦੇ ਵਿਆਹਾਂ ਦੀ ਵਕਾਲਤ ਕਰਦਿਆਂ ਕਿਹਾ ਕਿ ਇਹ ਸਮੇਂ ਦੀ ਬਹੁਤ ਵੱਡੀ ਲੋੜ ਹੈ ਤਾਂ ਜੋ ਕਿਸਾਨਾਂ ਨੂੰ ਕਰਜ਼ੇ ਦੇ ਚੱਕਰ ਵਿੱਚੋਂ ਬਾਹਰ ਕੱਢਿਆ ਜਾ ਸਕੇ।ਉਨ੍ਹਾਂ ਕਿਹਾ ਕਿ ਖਰਚੀਲੇ ਵਿਆਹਾਂ ਤੋਂ ਬਚਣਾ ਚਾਹੀਦਾ ਹੈ, ਕਿਉਂਕਿ ਇਹ ਸੂਬੇ ਦੇ ਕਿਸਾਨਾਂ ਨੂੰ ਕਰਜ਼ੇ ਦੇ ਬੋਝ ਥੱਲੇ ਦੱਬ ਦਿੰਦੇ ਹਨ, ਜਿਸ ਨਾਲ ਆਉਣ ਵਾਲੇ ਸਮੇਂ ਵਿੱਚ ਗੰਭੀਰ ਨਤੀਜੇ ਭੁਗਤਣੇ ਪੈਂਦੇ ਹਨ।ਭਗਵੰਤ ਮਾਨ ਨੇ ਕਿਹਾ ਕਿ ਕਿਸਾਨਾਂ ਨੂੰ ਇਕ-ਦੂਜੇ ਦੀ ਦੇਖਾ-ਦੇਖੀ ਫਜ਼ੂਲ ਪੈਸੇ ਖਰਚਣ ਦੀ ਅੰਨ੍ਹੀਂ ਦੌੜ ਤੋਂ ਬਚਣਾ ਚਾਹੀਦਾ ਹੈ।ਮੁੱਖ ਮੰਤਰੀ ਨੇ ਕਿਹਾ ਕਿ ਸਹਿਕਾਰੀ ਖੇਤਰ ਦੇਸ਼ ਦੀ ਜੀਵਨ ਰੇਖਾ ਹੈ, ਜਿਸ ਨੇ ਆਜ਼ਾਦੀ ਤੋਂ ਬਾਅਦ ਦੇਸ਼ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।ਮੁੱਖ ਮੰਤਰੀ ਨੇ ਕਿਹਾ ਕਿ ਸਕੂਲ ਸਿੱਖਿਆ ਦੇ ਨਤੀਜਿਆਂ ਵਿੱਚ ਕੁੜੀਆਂ ਨੇ ਇਕ ਵਾਰ ਫਿਰ ਮੁੰਡਿਆਂ ਨੂੰ ਪਛਾੜ ਦਿੱਤਾ ਹੈ।ਉਨ੍ਹਾਂ ਇਨ੍ਹਾਂ ਹੋਣਹਾਰ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਸ਼ਾਨਦਾਰ ਭਵਿੱਖ ਲਈ ਸ਼ੁਭ-ਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਕਾਂਗਰਸ, ਅਕਾਲੀਆਂ ਤੇ ਭਾਜਪਾ ਦੇ ਹੱਥ ਪੰਜਾਬੀਆਂ ਦੇ ਖੂਨ ਨਾਲ ਰੰਗੇ ਹੋਏ ਹਨ, ਕਿਉਂਕਿ ਇਨ੍ਹਾਂ ਪਾਰਟੀਆਂ ਨੇ ਆਪਣੇ ਨਿੱਜੀ ਹਿੱਤਾਂ ਲਈ ਸੂਬੇ ਦੇ ਪਾਣੀ ਦੇ ਅਧਿਕਾਰਾਂ ਨੂੰ ਨਜ਼ਰ ਅੰਦਾਜ਼ ਕਰਕੇ ਉਨ੍ਹਾਂ ਦੀ ਪਿੱਠ ਵਿੱਚ ਛੁਰਾ ਮਾਰਿਆ ਹੈ।ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਦੇ ਪਿਛਲੇ ਆਗੂਆਂ ਨੇ ਕਈ ਮੁੱਦਿਆਂ 'ਤੇ ਸੂਬੇ ਦੇ ਹਿੱਤਾਂ ਨਾਲੋਂ ਆਪਣੇ ਹਿੱਤਾਂ ਨੂੰ ਮਹੱਤਵ ਦੇ ਕੇ ਲੋਕਾਂ ਨਾਲ ਗੱਦਾਰੀ ਕੀਤੀ ਹੈ।ਇਸ ਮੌਕੇ ਰਜਿਸਟਰਾਰ ਸਹਿਕਾਰੀ ਸਭਾਵਾਂ ਵਿਮਲ ਕੁਮਾਰ ਸੇਤੀਆ ਤੇ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ।

## ਇੱਕ ਕੁਇੰਟਲ ਦੋ ਕਿੱਲੋ ਭੁੱਕੀ ਸਮੇਤ ਦੋ ਗ੍ਰਿਫ਼ਤਾਰ




**ਸਮਾਣਾ (ਇਕਬਾਲ ਸਿੰਘ ਬੱਲ)**-ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਵਿੱਢੀ ਮੁਹਿੰਮ 'ਤੇ ਅਮਲ ਕਰਦਿਆਂ ਡੀ ਐੱਸ ਪੀ ਸਮਾਣਾ ਗੁਰਇਕਬਾਲ ਸਿੰਘ ਸਿਕੰਦ ਦੀ ਨਿਗਰਾਨੀ ਹੇਠ ਸੀ ਆਈ ਏ ਸਟਾਫ ਸਮਾਣਾ ਦੇ ਇੰਚਾਰਜ ਅੰਕੁਰਦੀਪ ਸਿੰਘ ਦੀ ਅਗਵਾਈ ਵਿੱਚ ਥਾਣੇਦਾਰ ਅਵਤਾਰ ਸਿੰਘ ਦੀ ਪੁਲਸ ਪਾਰਟੀ ਨੇ ਪਿੰਡ ਚੱਕ ਅੰਮ੍ਰਿਤਸਰੀਆ ਦੇ ਸੁਖਚੈਨ ਸਿੰਘ ਪੁੱਤਰ ਸੁਰਜੀਤ ਸਿੰਘ ਅਤੇ ਗੁਰਪ੍ਰੀਤ ਸਿੰਘ ਪੁੱਤਰ ਨਰਿੰਦਰ ਸਿੰਘ ਨੂੰ (6 ਬੋਰੀਆਂ) 102 ਕਿੱਲੋ ਭੁੱਕੀ ਸਮੇਤ ਗ੍ਰਿਫਤਾਰ ਕੀਤਾ ਹੈ।ਪੁਲਸ ਸੂਤਰਾਂ ਤੋਂ ਮਿਲੀ ਜਾਣਕਾਰੀ ਮੁਤਾਬਿਕ ਫੜੇ ਗਏ ਦੋਨਾਂ ਵਿਅਕਤੀਆਂ ਖਿਲਾਫ ਮੁਕੱਦਮਾ ਨੰਬਰ 68/25 ਅਧੀਨ ਧਾਰਾ 15,61, 85 ਐੱਨ ਡੀ ਪੀ ਐੱਸ ਐਕਟ ਤਹਿਤ ਥਾਣਾ ਸਿਟੀ ਸਮਾਣਾ ਵਿਖੇ ਦਰਜ ਕੀਤਾ ਹੈ।ਤਫਤੀਸ਼ੀ ਅਫ਼ਸਰ ਥਾਣੇਦਾਰ ਅਵਤਾਰ ਸਿੰਘ ਨੇ ਦੱਸਿਆ ਕਿ ਮੁੱਢਲੀ ਤਫਤੀਸ਼ ਮੁਕੰਮਲ ਹੋਣ 'ਤੇ ਦੋਸ਼ੀਆਂ ਨੂੰ ਮਾਨਯੋਗ ਇਲਾਕਾ ਮੈਜਿਸਟਰੇਟ ਸ੍ਰੀ ਮਨਦੀਪ ਸਿੰਘ ਐੱਸ ਡੀ ਜੇ ਐੱਮ ਸਮਾਣਾ ਦੀ ਅਦਾਲਤ ਵਿਖੇ ਪੇਸ਼ ਕਰਕੇ 24 ਮਈ ਤੱਕ ਪੁਲਸ ਰਿਮਾਂਡ ਪ੍ਰਾਪਤ ਕੀਤਾ ਹੈ।ਪੁਲਸ ਰਿਮਾਂਡ ਦੌਰਾਨ ਦੋਸ਼ੀਆਂ ਤੋਂ ਪੁੱਛ ਗਿੱਛ ਕੀਤੀ ਜਾਵੇਗੀ ਕਿ ਉਨ੍ਹਾਂ ਨੇ ਭੁੱਕੀ ਕਿੱਥੋਂ ਲਿਆਂਦੀ ਤੇ ਅੱਗੇ ਕਿਨ੍ਹਾਂ ਲੋਕਾਂ ਨੂੰ ਵੇਚਣੀ ਸੀ।ਡੀ ਐੱਸ ਪੀ ਸਿਕੰਦ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚੋਂ ਨਸ਼ਿਆਂ ਨੂੰ ਖਤਮ ਕਰਨ ਲਈ ਵਿੱਢੀ ਮੁਹਿੰਮ ਤਹਿਤ ਸਮਾਣਾ ਪੁਲਸ ਪੂਰੀ ਮੁਸਤੈਦੀ ਨਾਲ ਕਾਰਵਾਈ ਕਰ ਰਹੀ ਹੈ ਤੇ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ।

## ਬੁਆਣੀ ਸਕੂਲ ਦੀ ਮੈਰਿਟ 'ਚ ਆਈ ਵਿਦਿਆਰਥਣ ਦਾ ਡੀ ਸੀ ਵੱਲੋਂ ਸਨਮਾਨ



**ਦੋਰਾਹਾ (ਹਰਮਿੰਦਰ ਸੇਠ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਮੈਟ੍ਰਿਕ ਦੇ ਐਲਾਨੇ ਨਤੀਜਿਆਂ ਵਿੱਚ ਸਰਕਾਰੀ ਹਾਈ ਸਕੂਲ ਬੁਆਣੀ ਦੀ ਵਿਦਿਆਰਥਣ ਸੁਖਦੀਪ ਕੌਰ ਪੁੱਤਰੀ ਜਸਵੰਤ ਸਿੰਘ ਨੇ 650 ਵਿੱਚੋਂ 635 ਅੰਕ ਹਾਸਲ ਕਰਕੇ ਪੰਜਾਬ ਵਿੱਚੋਂ 15ਵੇਂ ਨੰਬਰ 'ਤੇ ਆ ਕੇ ਮੈਰਿਟ ਸੂਚੀ ਵਿੱਚ ਆਪਣਾ ਨਾਮ ਦਰਜ ਕਰਵਾਇਆ ਹੈ, ਜਿਸ ਕਰਕੇ ਜ਼ਿਲ੍ਹਾ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਅਤੇ ਡੀ ਐੱਸ ਤੇ ਜ਼ਿਲ੍ਹਾ ਸਿੱਖਿਆ ਅਫ਼ਸਰ ਡਿੰਪਲ ਮਦਾਨ ਵੱਲੋਂ ਸਾਂਝੇ ਤੌਰ 'ਤੇ ਟਰਾਫ਼ੀ ਦੇ ਕੇ ਸਨਮਾਨਤ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਮੁਖੀ ਗੁਰਵਿੰਦਰ ਕੌਰ ਨੇ ਤੇ ਮੀਡੀਆ ਕੋਆਰਡੀਨੇਟਰ ਬਿਕਰਮਜੀਤ ਸਿੰਘ ਦੱਸਿਆ ਕਿ ਬੁਆਣੀ ਸਕੂਲ ਦੀ ਇਸ ਪ੍ਰਾਪਤੀ ਵਿੱਚ ਮਾਪਿਆਂ ਤੇ ਅਧਿਆਪਕਾਂ ਦੀ ਸ਼ਖ਼ਤ ਮਿਹਨਤ ਹੈ।ਇਸ ਸਮੇਂ ਰੁਬਲਪ੍ਰੀਤ ਕੌਰ, ਮਨਪ੍ਰੀਤ ਸਿੰਘ, ਗੀਤੂ ਸ਼ਰਮਾ, ਸਤਵਿੰਦਰਪਾਲ ਸਿੰਘ, ਗੁਰਦੀਪ ਸਿੰਘ, ਜਸਕਰਨਵੀਰ ਕੌਰ ਤੇ ਦਲਵਿੰਦਰ ਸਿੰਘ ਆਦਿ ਹਾਜ਼ਰ ਸਨ।

## ਕਰ ਭਲਾ ਹੋ ਭਲਾ ਵੱਲੋਂ ਡੀ ਏ ਵੀ ਕਾਲਜ ਦੇ ਸੁੰਦਰੀਕਰਨ ਦਾ ਕੰਮ ਮੁਕੰਮਲ



**ਜਗਰਾਉਂ (ਅਮਿਤ ਖੰਨਾ)**-ਜਗਰਾਉਂ ਦੀ ਸਮਾਜ ਸੇਵੀ ਸੰਸਥਾ 'ਕਰ ਭਲਾ ਹੋ ਭਲਾ' ਨੇ ਸਥਾਨਕ ਐੱਲ ਆਰ ਡੀਏਵੀ ਕਾਲਜ ਦੇ ਸੁੰਦਰੀਕਰਨ ਦਾ ਕੰਮ ਮੁਕੰਮਲ ਕਰਵਾਇਆ। ਸੁਸਾਇਟੀ ਦੇ ਚੇਅਰਮੈਨ ਅਮਿਤ ਅਰੋੜਾ ਤੇ ਵਾਈਸ ਚੇਅਰਮੈਨ ਰਜਿੰਦਰ ਜੈਨ ਕਾਕਾ ਨੇ ਦੱਸਿਆ ਸੁਸਾਇਟੀ ਵੱਲੋਂ ਜਿੱਥੇ ਲੋੜਵੰਦਾਂ ਦੀ ਮਦਦ ਲਈ ਸਮੇਂ-ਸਮੇਂ 'ਤੇ ਪ੍ਰਾਜੈਕਟ ਲਗਾਏ ਜਾਂਦੇ ਹਨ, ਉੱਥੇ ਜਗਰਾਉਂ ਦੀਆਂ ਵਿੱਦਿਅਕ ਸੰਸਥਾਵਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਦੀ ਵੀ ਹਰ ਸੰਭਵ ਕੋਸ਼ਿਸ਼ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਲਾਲਾ ਲਾਜਪਤ ਰਾਏ ਡੀਏਵੀ ਕਾਲਜ ਜਗਰਾਉਂ ਦੇ ਕਾਮਰਸ ਵਿਭਾਗ 'ਚ ਰੰਗ ਰੋਗਨ ਸਮੇਤ ਸੁੰਦਰੀਕਰਨ ਦਾ ਕੰਮ ਸੁਸਾਇਟੀ ਵੱਲੋਂ ਜਿਹੜਾ ਸ਼ੁਰੂ ਕਰਵਾਇਆ ਗਿਆ ਸੀ, ਉਹ ਮੁਕੰਮਲ ਹੋ ਗਿਆ ਹੈ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਅਨੁਜ ਸ਼ਰਮਾ, ਪ੍ਰੋਫੈਸਰ ਵਿਕਾਸ ਮਹਿੰਦੀਰੱਤਾ, ਪ੍ਰੋਫੈਸਰ ਬਿੰਦੂ ਸ਼ਰਮਾ ਤੇ ਪ੍ਰੋਫੈਸਰ ਪਲਵੀ ਕਟਾਰੀਆ ਨੇ ਕਰ ਭਲਾ ਹੋ ਭਲਾ ਸੁਸਾਇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਕਈ ਵਾਰ ਸੁਸਾਇਟੀ ਕਾਲਜ ਨੂੰ ਲੋੜੀਂਦਾ ਸਾਮਾਨ ਮੁਹੱਈਆ ਕਰਵਾ ਚੁੱਕੀ ਹੈ। ਇਸ ਮੌਕੇ ਸੁਸਾਇਟੀ ਪ੍ਰਧਾਨ ਮਦਨ ਲਾਲ ਅਰੋੜਾ, ਖਜ਼ਾਨਚੀ ਨੀਰਜ ਕਟਾਰੀਆ, ਸਾਹਿਲ ਗੁਪਤਾ, ਕੈਪਟਨ ਨਰੇਸ਼ ਵਰਮਾ, ਕਮਲ ਗੁਪਤਾ, ਮੋਹਿਤ ਜੈਨ ਹਾਜ਼ਰ ਸਨ।

## ਗੋਬਿੰਦਪੁਰਾ ਸਕੂਲ ਦੇ ਵਿਦਿਆਰਥੀਆਂ ਵੱਲੋਂ ਸਾਇੰਸ ਸਿਟੀ ਦਾ ਟੂਰ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਮੁੱਖ ਮੰਤਰੀ ਵਿਗਿਆਨ ਯਾਤਰਾ ਤਹਿਤ ਪ੍ਰਿੰਸੀਪਲ ਜਸਵੀਰ ਸਿੰਘ ਬੇਗਾ ਦੀ ਅਗਵਾਈ ਹੇਠ ਪੀ ਐੱਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਪੁਰਾ ਦੇ ਨੌਵੀਂ ਜਮਾਤ ਦੇ ਵਿਦਿਆਰਥੀਆਂ ਦਾ ਇੱਕ ਰੋਜ਼ਾ ਵਿੱਦਿਅਕ ਟੂਰ ਸ੍ਰੀਮਤੀ ਰੂਬੀ ਮਹਿਤਾ, ਸ੍ਰੀਮਤੀ ਅਨੀਤਾ ਰਾਣੀ ਤੇ ਸ੍ਰੀਮਤੀ ਨਿਸ਼ਾ ਰਾਣੀ ਸਾਇੰਸ ਅਧਿਆਪਕਾਂ ਵੱਲੋਂ ਸਾਇੰਸ ਸਿਟੀ ਕਪੂਰਥਲਾ ਵਿਖੇ ਲਿਜਾਇਆ ਗਿਆ। ਵਿਦਿਆਰਥੀਆਂ ਨੇ ਥ੍ਰੀ ਡੀ ਸ਼ੋਅ, ਲੇਜ਼ਰ ਸ਼ੋਅ, ਈਕੋ ਸ਼ੋਅ ਦਾ ਭਰਪੂਰ ਆਨੰਦ ਮਾਣਿਆ। ਬੱਚਿਆਂ ਨੇ ਵੱਖ-ਵੱਖ ਗ੍ਰਹਿ, ਉਪਗ੍ਰਹਿ ਤੇ ਪੁਲਾੜ ਸਬੰਧੀ ਭਰਪੂਰ ਜਾਣਕਾਰੀ ਪ੍ਰਾਪਤ ਕੀਤੀ। ਬੱਚਿਆਂ ਨੇ ਇਲੈਕਟ੍ਰੀਸਿਟੀ ਗੈਲਰੀ ਵਿੱਚ ਬਿਜਲੀ ਬਣਾਉਣ ਦੀ ਪ੍ਰਕਿਰਿਆ ਨੂੰ ਅੱਖੀਂ ਵੇਖਿਆ। ਅਲੋਪ ਹੋ ਚੁੱਕੇ ਡਾਇਨਾਸੌਰ ਪਾਰਕ ਬੱਚਿਆਂ ਦੀ ਖਿੱਚ ਦਾ ਕੇਂਦਰ ਰਹੇ। ਬੱਚਿਆਂ ਨੇ ਰੋਜ਼ਾਨਾ ਜ਼ਿੰਦਗੀ ਵਿੱਚ ਵਿਗਿਆਨ ਦੇ ਮਹੱਤਵ ਨੂੰ ਚੰਗੀ ਤਰ੍ਹਾਂ ਸਮਝਿਆ। ਪ੍ਰਿੰਸੀਪਲ ਜਸਵੀਰ ਸਿੰਘ ਬੇਗਾ ਨੇ ਕਿਹਾ ਕਿ ਅੱਜਕੱਲ੍ਹ ਦੇ ਟੈਕਨੋਲੋਜੀ ਦੇ ਯੁੱਗ ਵਿੱਚ ਬੱਚਿਆਂ 'ਚ ਵਿਗਿਆਨਕ ਰੁਚੀ ਪੈਦਾ ਕਰਨ ਲਈ ਇਹੋ ਜਿਹੇ ਉਪਰਾਲੇ ਬਹੁਤ ਉਪਯੋਗੀ ਹਨ।

## ਵਿਦਿਆਰਥੀਆਂ ਨੂੰ ਲੂ ਤੇ ਗਰਮੀ ਤੋਂ ਬਚਣ ਲਈ ਵੱਧ ਤੋਂ ਵੱਧ ਤਰਲ ਪਦਾਰਥ ਪੀਣ ਦੀ ਦਿੱਤੀ ਸਲਾਹ



**ਅਜੀਤਵਾਲ (ਨਛੱਤਰ ਸੰਧੂ)**-ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਵਿਦਿਆਰਥੀਆਂ ਨੂੰ ਸਵੇਰ ਦੀ ਸਭਾ ਵਿੱਚ ਅਧਿਆਪਕਾਂ ਨੇ ਦੱਸਿਆ ਕਿ ਅੱਜਕੱਲ੍ਹ ਜ਼ਿਆਦਾ ਹੋ ਰਹੀ ਗਰਮੀ ਤੋਂ ਕਿਸ ਤਰ੍ਹਾਂ ਬਚਾਅ ਕੀਤਾ ਜਾ ਸਕਦਾ ਹੈ। ਉਨ੍ਹਾਂ ਬੱਚਿਆਂ ਨੂੰ ਗਰਮੀ ਤੋਂ ਬਚਣ ਲਈ ਵੱਧ ਤੋਂ ਵੱਧ ਤਰਲ ਪਦਾਰਥ ਪੀਣ ਦੀ ਸਲਾਹ ਦਿੱਤੀ।ਉਨ੍ਹਾਂ ਦੱਸਿਆ ਕਿ ਗਰਮ ਹਵਾਵਾਂ ਸਾਡੀ ਪਿਆਸ ਵਧਾਉਣ ਦੇ ਨਾਲ ਨਾਲ ਸਾਡੇ ਸਰੀਰ ਖਾਸ ਕਰਕੇ ਅੱਖਾਂ ਤੇ ਚਮੜੀ ਨੂੰ ਪੂਰੀ ਤਰ੍ਹਾਂ ਝੁਲਸਾ ਦਿੰਦੀ ਹੈ।ਜ਼ਿਆਦਾ ਗਰਮੀ ਹੋਣ 'ਤੇ ਸਾਡਾ ਸਰੀਰ ਪਸੀਨੇ ਦੇ ਰੂਪ ਵਿੱਚ ਗਰਮੀ ਬਾਹਰ ਕੱਢਦਾ ਹੈ ਤੇ ਤਾਪਮਾਨ ਨੂੰ ਨਿਰੰਤਰ ਰੱਖਦਾ ਹੈ, ਜਿਸ ਨਾਲ ਸਰੀਰ ਵਿੱਚ ਪਾਣੀ ਦੀ ਕਮੀ ਹੋ ਜਾਂਦੀ ਹੈ।ਇਕ ਨਿਸ਼ਚਿਤ ਸੀਮਾ ਤੋਂ ਬਾਅਦ ਸਾਡੇ ਸਰੀਰ ਦਾ ਇਹ ਸਿਸਟਮ ਕੰਮ ਕਰਨਾ ਬੰਦ ਕਰ ਦਿੰਦਾ ਤੇ ਸਰੀਰ ਬਾਹਰ ਦੇ ਤਾਪਮਾਨ ਦੇ ਸਮਾਨ ਗਰਮ ਹੋ ਜਾਂਦਾ ਹੈ, ਜਿਸ ਨੂੰ ਲੂ ਲੱਗਣਾ ਕਹਿੰਦੇ ਹਨ।ਅਧਿਆਪਕਾਂ ਨੇ ਦੱਸਿਆ ਕਿ ਸਾਨੂੰ ਲੂ ਤੇ ਗਰਮੀ ਤੋਂ ਬਚਣ ਲਈ ਵੱਧ ਤੋਂ ਵੱਧ ਤਰਲ ਪਦਾਰਥ ਪੀਣੇ ਚਾਹੀਦੇ ਹਨ, ਜਿਸ ਨਾਲ ਅਸੀਂ ਗਰਮੀ ਤੋਂ ਬਚ ਸਕੀਏ।ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ੍ਰੈਆ ਪਲਤਾ ਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਅਤੇ ਸਕੂਲ ਸਟਾਫ ਹਾਜ਼ਰ ਸੀ।

## ਜੱਸੋਵਾਲ ਵਿਖੇ ਸਾਲਾਨਾ ਮੇਲਾ ਤੇ ਭੰਡਾਰਾ ਕਰਾਇਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜਲੇ ਪਿੰਡ ਜੱਸੋਵਾਲ ਵਿਖੇ ਸਖੀ ਸਰਵਰ ਲੱਖ ਦਾਤਾ ਲਾਲਾਂ ਵਾਲੀ ਸਰਕਾਰ ਦਾ ਸਾਲਾਨਾ ਮੇਲਾ ਤੇ ਭੰਡਾਰਾ ਬਾਬਾ ਭਜਨ ਸਿੰਘ ਦੀ ਯਾਦ ਵਿੱਚ ਕਰਵਾਇਆ ਗਿਆ। ਸਵੇਰ ਸਮੇਂ ਇਲਾਕਾ ਨਿਵਾਸੀਆਂ ਵੱਲੋਂ ਬਾਬਾ ਜੀ ਦੀ ਮਜ਼ਾਰ 'ਤੇ ਚਾਦਰ ਚੜ੍ਹਾਉਣ ਦੀ ਰਸਮ ਤੇ ਝੰਡੇ ਦੀ ਰਸਮ ਮੁੱਖ ਸੇਵਾਦਾਰ ਅਮਨਦੀਪ ਸਿੰਘ ਲਾਲਾ ਵੱਲੋਂ ਅਦਾ ਕੀਤੀ ਗਈ। ਮੇਲੇ ਵਿੱਚ ਗਾਇਕ ਬਲਬੀਰ ਬੱਬੀ ਤੇ ਗਾਇਕਾ ਪ੍ਰੀਤ ਪੁਆਰੀ ਦੇ ਗੀਤਾਂ ਤੋਂ ਬਾਅਦ ਉਚੇਚੇ ਤੌਰ 'ਤੇ ਪਹੁੰਚੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਾਹੇ ਕਾਦਰੀ ਗਰੁੱਪ ਦੇ ਕਲਾਕਾਰਾਂ ਜੋਗੀ ਸ਼ਾਹ ਕਾਦਰੀ, ਸੁਖਜਿੰਦਰ, ਹਰਮੇਜਰ ਕਾਦਰੀ ਤੇ ਸੁਲਤਾਨ ਨੇ ਮਿਲ ਕੇ 'ਰੰਗ ਚੜ੍ਹਿਆ ਫਕੀਰੀ ਦਾ ਸਾਡੀ ਰੂਹ ਵੀ ਰੱਬ ਰੱਬ ਕਰਦੀ', 'ਕਰੀਂ ਕਿਤੇ ਮੇਲ ਰੱਬਾ ਦਿੱਲੀ ਤੇ ਲਾਹੌਰ ਦਾ' ਸਮੇਤ ਅਨੇਕਾਂ ਸੂਫ਼ੀਆਨਾ ਗੀਤ ਸੁਣਾਏ। ਆਈਆਂ ਸੰਗਤਾਂ ਲਈ ਅਤੁੱਟ ਲੰਗਰ ਵਰਤਾਏ। ਮੇਲੇ ਵਿੱਚ ਪੁੱਜੇ ਕਲਾਕਾਰਾਂ ਨੂੰ ਮੁੱਖ ਪ੍ਰਬੰਧਕ ਬਾਬਾ ਅਮਨਦੀਪ ਸਿੰਘ ਲਾਲਾ, ਆੜ੍ਹਤੀ ਹਰਵਿੰਦਰ ਸਿੰਘ ਗਿੱਲ, ਮਨਪ੍ਰੀਤ ਸਿੰਘ ਲਾਡੀ, ਹਰਨੇਕ ਸਿੰਘ ਖਰੜ, ਅਮ੍ਰਿਤ ਲੋਹਟ ਤੇ ਬਲਜੀਤ ਨੂਰਪੁਰ ਝੂੰਗੀਆਂ ਨੇ ਸਨਮਾਨਤ ਕੀਤਾ।

## ਰੇਲਵੇ ਵਿਭਾਗ ਨੇ ਯਾਤਰੀਆਂ ਤੋਂ 3.21 ਕਰੋੜ ਰੁਪਏ ਤੋਂ ਵੱਧ ਦਾ ਜੁਰਮਾਨਾ ਵਸੂਲਿਆ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਹੈੱਡ ਕੁਆਰਟਰ ਸਪੈਸ਼ਲ ਟਿਕਟ ਚੈਕਿੰਗ ਮੁਹਿੰਮ ਦੇ ਨਿਰਦੇਸ਼ਾਂ ਅਨੁਸਾਰ ਡਵੀਜ਼ਨਲ ਰੇਲਵੇ ਮੈਨੇਜਰ ਸੰਜੇ ਸਾਹੂ ਦੀ ਅਗਵਾਈ ਹੇਠ, ਸੀਨੀਅਰ ਡਵੀਜ਼ਨਲ ਕਮਰਸ਼ੀਅਲ ਪਰਮਦੀਪ ਸਿੰਘ ਸੈਣੀ ਦੀ ਅਗਵਾਈ 'ਚ ਫਿਰੋਜ਼ਪੁਰ ਡਵੀਜ਼ਨ ਵਿੱਚ ਟਿਕਟ ਰਹਿਤ ਤੇ ਅਨਿਯਮਿਤ ਯਾਤਰਾ ਨੂੰ ਰੋਕਣ ਲਈ 22 ਅਪ੍ਰੈਲ ਤੋਂ 21 ਮਈ, 2025 ਤੱਕ ਇੱਕ ਮਹੀਨੇ ਲਈ ਗਹਿਮਾਂ ਦੀ ਸਪੈਸ਼ਲ ਟਿਕਟ ਚੈਕਿੰਗ ਮੁਹਿੰਮ ਚਲਾਈ ਗਈ। ਇਹ ਮੁਹਿੰਮ ਫਿਰੋਜ਼ਪੁਰ ਡਵੀਜ਼ਨ ਵਿੱਚ ਚੱਲਣ ਵਾਲੀਆਂ ਰੇਲਗੱਡੀਆਂ ਵਿੱਚ ਯਾਤਰਾ ਕਰਨ ਵਾਲੇ ਅਣਅਧਿਕਾਰਤ ਤੇ ਬਿਨਾਂ ਟਿਕਟ ਵਾਲੇ ਯਾਤਰੀਆਂ ਨੂੰ ਰੋਕਣ ਦੇ ਨਾਲ-ਨਾਲ ਵਾਧੂ ਭੀੜ ਨੂੰ ਕੰਟਰੋਲ ਕਰਨ ਲਈ ਸ਼ੁਰੂ ਕੀਤੀ ਗਈ ਸੀ। ਇਸ ਵਿਸ਼ੇਸ਼ ਟਿਕਟ ਚੈਕਿੰਗ ਮੁਹਿੰਮ ਦੌਰਾਨ, ਵੱਖ-ਵੱਖ ਅਧਿਕਾਰੀਆਂ/ਸੁਪਰਵਾਈਜ਼ਰਾਂ ਦੀ ਅਗਵਾਈ ਹੇਠ ਟੀਮਾਂ ਬਣਾ ਕੇ ਹਰ ਰੋਜ਼ ਅਚਨਚੇਤ ਚੈਕਿੰਗ ਕੀਤੀ ਗਈ। ਮੁੱਖ ਲਾਈਨਾਂ ਵਿੱਚ ਟਿਕਟਾਂ ਦੀ ਜਾਂਚ ਕੀਤੀ ਗਈ। ਫਿਰੋਜ਼ਪੁਰ ਡਵੀਜ਼ਨ ਦੇ ਜਲੰਧਰ-ਅੰਮ੍ਰਿਤਸਰ, ਫਿਰੋਜ਼ਪੁਰ-ਬਠਿੰਡਾ, ਲੁਧਿਆਣਾ-ਪਠਾਨਕੋਟ ਕੈਂਟ, ਫਿਰੋਜ਼ਪੁਰ-ਜਲੰਧਰ ਕੈਂਟ, ਫਿਰੋਜ਼ਪੁਰ-ਲੁਧਿਆਣਾ ਆਦਿ ਸੈਕਸ਼ਨਾਂ 'ਤੇ ਤਿੱਖੀ ਟਿਕਟ ਜਾਂਚ ਮੁਹਿੰਮ ਚਲਾਈ ਗਈ। ਗੰਗਾ ਸਤਲੁਜ ਐਕਸਪ੍ਰੈੱਸ, ਫਿਰੋਜ਼ਪੁਰ-ਪਟਨਾ ਸਮਰ ਸਪੈਸ਼ਲ, ਮਾਲਵਾ ਸੁਪਰਫਾਸਟ ਐਕਸਪ੍ਰੈੱਸ, ਅਮਰਨਾਥ ਐਕਸਪ੍ਰੈੱਸ, ਅੰਮ੍ਰਿਤਸਰ ਹਾਵੜਾ ਮੇਲ, ਬੇਗਮਪੁਰਾ ਐਕਸਪ੍ਰੈੱਸ, ਸਹਰਸਾ ਗਰੀਬ ਰਥ ਐਕਸਪ੍ਰੈੱਸ, ਜੰਮੂ ਤਵੀ ਐਕਸਪ੍ਰੈੱਸ, ਸੱਚਖੰਡ ਐਕਸਪ੍ਰੈੱਸ ਆਦਿ ਟਰੇਨਾਂ ਵਿੱਚ ਟਿਕਟਾਂ ਦੀ ਜਾਂਚ ਕੀਤੀ ਗਈ। ਇਸ ਮੁਹਿੰਮ ਦੌਰਾਨ 47 ਹਜ਼ਾਰ ਤੋਂ ਵੱਧ ਯਾਤਰੀਆਂ ਤੋਂ 3.21 ਕਰੋੜ ਰੁਪਏ ਤੋਂ ਵੱਧ ਦਾ ਮਾਲੀਆ ਇਕੱਠਾ ਕੀਤਾ ਗਿਆ। ਸੀਨੀਅਰ ਡਵੀਜ਼ਨਲ ਕਮਰਸ਼ੀਅਲ ਮੈਨੇਜਰ ਪਰਮਦੀਪ ਸਿੰਘ ਸੈਣੀ ਨੇ ਟਿਕਟ ਚੈਕਿੰਗ ਸਟਾਫ਼ ਦੁਆਰਾ ਕੀਤੇ ਗਏ ਅਣਥੱਕ ਯਤਨਾਂ ਤੇ ਯੋਜਨਾਬੰਦੀ ਦੀ ਸ਼ਲਾਘਾ ਕੀਤੀ। ਉਨ੍ਹਾਂ ਰੇਲਵੇ ਯਾਤਰੀਆਂ ਨੂੰ ਅਪੀਲ ਕੀਤੀ ਕਿ ਉਹ ਹਮੇਸ਼ਾ ਸਬੰਧਤ ਸ਼੍ਰੇਣੀ ਦੇ ਡੱਬਿਆਂ ਵਿੱਚ ਵੈਧ ਟਿਕਟਾਂ ਨਾਲ ਯਾਤਰਾ ਕਰਨ ਤਾਂ ਜੋ ਹੋਰ ਯਾਤਰੀਆਂ ਨੂੰ ਕੋਈ ਮੁਸ਼ਕਲ ਨਾ ਆਵੇ।

## ਅਰਬਨ ਅਸਟੇਟ ਬਣਾਉਣ ਲਈ ਜ਼ਮੀਨਾਂ ਐਕਵਾਇਰ ਕਰਨ ਦੀ ਯੋਜਨਾ ਦਾ ਆਲ ਇੰਡੀਆ ਕਿਸਾਨ ਸਭਾ ਵੱਲੋਂ ਵਿਰੋਧ



**ਦੋਰਾਹਾ (ਹਰਮਿੰਦਰ ਸੇਠ)**-ਆਲ ਇੰਡੀਆ ਕਿਸਾਨ ਸਭਾ-1936 ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਜਸਵੀਰ ਸਿੰਘ, ਜਨਰਲ ਸਕੱਤਰ ਚਮਕੌਰ ਸਿੰਘ ਬਰ੍ਹਮੀ ਨੇ ਕਿਹਾ ਕਿ ਸਰਕਾਰ ਵੱਲੋਂ ਜੋ ਅਰਬਨ ਸਟੇਟ ਬਣਾਉਣ ਲਈ ਇਲਾਕੇ ਦੇ ਦਰਜਨਾਂ ਪਿੰਡਾਂ ਦੀ ਉਪਜਾਊ ਜ਼ਮੀਨ ਨੂੰ ਐਕਵਾਇਰ ਕਰਨ ਦੀ ਯੋਜਨਾ ਉਲੀਕੀ ਹੈ, ਉਹ ਕਿਸੇ ਵੀ ਤਰ੍ਹਾਂ ਕਿਸਾਨਾਂ ਤੇ ਆਮ ਲੋਕਾਂ ਦੇ ਹਿੱਤ ਵਿੱਚ ਨਹੀਂ ਹੈ।ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਲੁਧਿਆਣਾ ਜ਼ਿਲ੍ਹੇ ਦੇ ਦਰਜਨਾਂ ਪਿੰਡਾਂ ਦੀ ਹਜ਼ਾਰਾਂ ਏਕੜ ਉਪਜਾਊ ਜ਼ਮੀਨ ਐਕਵਾਇਰ ਕਰਕੇ ਅਰਬਨ ਅਸਟੇਟ ਬਣਾਉਣ ਦੀ ਯੋਜਨਾ ਦਾ ਸਖ਼ਤ ਸ਼ਬਦਾਂ ਵਿੱਚ ਆਲ ਇੰਡੀਆ ਕਿਸਾਨ ਸਭਾ-1936 ਵੱਲੋਂ ਵਿਰੋਧ ਕੀਤਾ ਗਿਆ ਹੈ।ਇਸ ਦੇ ਨਾਲ ਵੱਡੀਆਂ ਕੰਪਨੀਆਂ ਆਪਣੇ ਕਾਰੋਬਾਰ ਤੇ ਵਪਾਰ ਕਰਨ ਲਈ ਲੋਕਾਂ ਦੀ ਉਪਜਾਊ ਜ਼ਮੀਨ ਹੜੱਪ ਕੇ ਉਨ੍ਹਾਂ ਨੂੰ ਖੇਤੀ ਦੇ ਧੰਦੇ ਤੋਂ ਬਾਹਰ ਕਰ ਦੇਣਗੀਆਂ, ਜਿਸ ਨਾਲ ਇਲਾਕੇ ਵਿੱਚ ਬੇਰੁਜ਼ਗਾਰੀ ਵਧਣ ਦੇ ਨਾਲ ਨਾਲ ਉਪਜਾਊ ਜ਼ਮੀਨਾਂ ਵਿੱਚੋਂ ਖੇਤੀ ਨਾ ਹੋਣ ਕਾਰਨ ਅਨਾਜ ਦੀ ਥੁੜ ਵਰਗਾ ਮਸਲਾ ਵੀ ਪੈਦਾ ਹੋ ਜਾਵੇਗਾ। ਉਨ੍ਹਾਂ ਆਖਿਆ ਕਿ ਸਰਕਾਰ ਨੂੰ ਆਪਣੀ ਇਸ ਯੋਜਨਾ ਉੱਤੇ ਮੁੜ ਵਿਚਾਰ ਕਰਕੇ ਇਸ ਨੂੰ ਵਾਪਸ ਲੈਣਾ ਚਾਹੀਦਾ ਹੈ।ਪਹਿਲਾਂ ਹੀ ਭਾਰਤ ਮਾਲਾ ਪ੍ਰੋਜੈਕਟਾਂ ਅਧੀਨ ਕਾਰਪੋਰੇਟਾਂ ਦੇ ਹਿੱਤਾਂ ਦੀ ਪੂਰਤੀ ਲਈ ਕਿਸਾਨਾਂ ਦੀਆਂ ਜ਼ਮੀਨਾਂ ਹਥਿਆ ਕੇ ਆਮ ਲੋਕਾਂ ਦੀ ਲੁੱਟ ਦੇ ਰਾਹ ਪਈ ਸਰਕਾਰ ਆਮ ਲੋਕਾਂ ਦਾ ਗਲਾ ਘੁੱਟ ਰਹੀ ਹੈ।ਉਕਤ ਫੈਸਲੇ ਦੀ ਹਮਾਇਤ ਉਕਤ ਆਗੂਆਂ ਦੇ ਨਾਲ ਨਾਲ ਐਡਵੋਕੇਟ ਪਰਮਜੀਤ ਸਿੰਘ ਖੰਨਾ, ਡਾ. ਰਜਿੰਦਰਪਾਲ ਸਿੰਘ ਔਲਖ, ਸੁਰਿੰਦਰ ਸਿੰਘ ਜਲਾਲਦੀਵਾਲ, ਨਛੱਤਰ ਸਿੰਘ ਧੰਧੇਰਖੇੜੀ, ਪਰਮਜੀਤ ਸਿੰਘ ਦੁੱਗਰੀ, ਜਗਜੀਤ ਸਿੰਘ ਬੁਆਣੀ, ਭਜਨ ਸਿੰਘ ਬੁਆਣੀ, ਮਹਣ ਸਿੰਘ ਕੋਟਾਲਾ, ਗੁਰਮੇਲ ਸਿੰਘ ਮੈਲੀ ਸਿਆੜ, ਮੇਵਾ ਸਿੰਘ ਲੰਢਾ, ਮਨਜੀਤ ਸਿੰਘ ਪੱਤ, ਦਲਜੀਤ ਸਿੰਘ ਸੀਹਾਂਦੌਦ, ਕੁਲਦੀਪ ਸਿੰਘ ਸਾਹਾਬਾਨਾ, ਆਤਮਾ ਸਿੰਘ ਕੋਟਾਲਾ, ਪ੍ਰਸ਼ਪ੍ਰੀਤ ਸਿੰਘ ਸਿਓੜਾ, ਸੁਖਦੇਵ ਸਿੰਘ ਲਲਤੋਂ, ਜਤਨਾਮ ਸਿੰਘ, ਦਾਨ ਸਿੰਘ ਕੋਸ਼ਨਾ, ਨਰਿੰਦਰ ਸਿੰਘ ਮਾਨ, ਗੁਰਨਾਮ ਸਿੰਘ ਬਹਾਦਰਕੇ, ਅਮਨਦੀਪ ਸਿੱਧਵਾਂ ਬੇਟ, ਅਮਰ ਸਿੰਘ ਜਲਾਲਦੀਵਾਲ, ਸੁਦਾਗਰ ਸਿੰਘ ਜਲਾਲਦੀਵਾਲ ਆਦਿ ਨੇ ਕਿਹਾ ਕਿ ਸਰਕਾਰ ਦੀ ਇਸ ਯੋਜਨਾ ਨੂੰ ਕਾਮਯਾਬ ਨਹੀਂ ਹੋਣ ਦਿੱਤਾ ਜਾਵੇਗਾ।ਜੇਕਰ ਸਰਕਾਰ ਨੇ ਪੰਜਾਬ ਦੀ ਉਪਜਾਊ ਜ਼ਮੀਨ ਨੂੰ ਐਕਵਾਇਰ ਕਰਕੇ ਲੋਕਾਂ ਦੀ ਰੋਜ਼ੀ ਰੋਟੀ 'ਤੇ ਲੱਤ ਮਾਰਨ ਦੀ ਕੋਸ਼ਿਸ਼ ਕੀਤੀ ਤਾਂ ਉਸ ਦੇ ਸਿੱਟੇ ਸਰਕਾਰ ਨੂੰ ਭੁਗਤਣੇ ਪੈਣਗੇ।

## ਭਗਵੰਤ ਮਾਨ ਸਰਕਾਰ ਨੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ : ਗੋਇਲ



**ਸੰਗਰੂਰ/ਲਹਿਰਾ (ਪ੍ਰਵੀਨ ਸਿੰਘ)**-ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਿੱਖਿਆ ਦੇ ਖੇਤਰ ਨੂੰ ਤਰਜੀਹੀ ਤੌਰ 'ਤੇ ਵਿਕਸਤ ਕਰਨ ਲਈ ਕੀਤੇ ਉਪਰਾਲਿਆਂ ਸਦਕਾ ਪੰਜਾਬ ਦੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਗਈ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਚੂਲੜ ਕਲਾਂ ਤੇ ਸਰਕਾਰੀ ਪ੍ਰਾਇਮਰੀ ਸਕੂਲ ਚੂਲੜ ਕਲਾਂ ਵਿਖੇ 31 ਲੱਖ ਰੁਪਏ, ਸਰਕਾਰੀ ਹਾਈ ਸਕੂਲ ਸਲੇਮਗੜ੍ਹ ਵਿਖੇ 05 ਲੱਖ ਰੁਪਏ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭੂਡੀਆਂ ਤੇ ਸਰਕਾਰੀ ਪ੍ਰਾਇਮਰੀ ਸਕੂਲ ਭੂਡੀਆਂ ਵਿਖੇ 35 ਲੱਖ ਰੁਪਏ, ਕੁੱਲ ਕਰੀਬ 71 ਲੱਖ ਰੁਪਏ ਦੀ ਲਾਗਤ ਨਾਲ ਕਰਵਾਏ ਵਿਕਾਸ ਕਾਰਜ ਲੋਕ ਅਰਪਿਤ ਕਰਨ ਮੌਕੇ ਕੀਤਾ।ਇਨ੍ਹਾਂ ਸਕੂਲਾਂ ਵਿੱਚ ਵਿਕਾਸ ਪ੍ਰੋਜੈਕਟਾਂ ਨੂੰ ਲੋਕ ਅਰਪਿਤ ਕਰਨ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਜਿੰਨੇ ਵਿਕਾਸ ਦੇ ਕੰਮ 3 ਸਾਲਾਂ ਵਿੱਚ ਹੋਏ ਹਨ, ਓਨੇ ਕੰਮ ਪਿਛਲੇ 70 ਸਾਲ ਵਿੱਚ ਨਹੀਂ ਹੋਏ ਸਨ।ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ ਕਿ ਸਕੂਲਾਂ ਦੇ ਅਧਿਆਪਕਾਂ ਤੇ ਪ੍ਰਿੰਸੀਪਲਾਂ ਨੂੰ ਸਿਖਲਾਈ ਲੈਣ ਲਈ ਦੇਸ਼ ਦੀਆਂ ਉੱਚ ਪੱਧਰੀ ਸੰਸਥਾਵਾਂ ਤੇ ਵਿਦੇਸ਼ਾਂ ਵਿੱਚ ਸਿਖਲਾਈ ਲਈ ਭੇਜਿਆ ਗਿਆ ਹੈ।ਪੰਜਾਬ ਸਰਕਾਰ ਲੋਕਾਂ ਨੂੰ ਦੇਸ਼ ਵਿੱਚੋਂ ਸਭ ਤੋਂ ਬਿਹਤਰੀਨ ਸਿੱਖਿਆ ਪ੍ਰਬੰਧ ਦੇਣ ਦਾ ਟੀਚਾ ਲੈ ਕੇ ਦਿਨ-ਰਾਤ ਇੱਕ ਕਰ ਕੇ ਕੰਮ ਕਰ ਰਹੀ ਹੈ।ਸਰਕਾਰ ਵੱਲੋਂ ਕੀਤੇ ਯਤਨਾਂ ਦੇ ਸਾਰਥਕ ਸਿੱਟੇ ਨਿਕਲ ਕੇ ਸਾਹਮਣੇ ਆ ਰਹੇ ਹਨ।ਸ੍ਰੀ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਤੇ ਸਿਹਤ ਖੇਤਰ ਵਿੱਚ ਪਹਿਲ ਦੇ ਅਧਾਰ 'ਤੇ ਕੰਮ ਕਰ ਰਹੀ ਹੈ, ਜਿਸ ਸਦਕਾ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਨਤੀਜੇ ਬਹੁਤ ਹੀ ਵਧੀਆ ਆ ਰਹੇ ਹਨ।ਕੈਬਨਿਟ ਮੰਤਰੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣ ਨੂੰ ਤਰਜੀਹ ਦੇਣ। ਇਸ ਮੌਕੇ ਕੈਬਨਿਟ ਮੰਤਰੀ ਵੱਲੋਂ ਸਕੂਲਾਂ ਦੇ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ।ਸਕੂਲਾਂ ਦੇ ਸਟਾਫ ਵੱਲੋਂ ਕੈਬਨਿਟ ਮੰਤਰੀ ਦਾ ਸਨਮਾਨ ਵੀ ਕੀਤਾ ਗਿਆ।ਇਸ ਮੌਕੇ ਪੀ. ਏ. ਰਾਕੇਸ਼ ਕੁਮਾਰ ਸਮੇਤ ਵੱਡੀ ਗਿਣਤੀ ਅਧਿਆਪਕ, ਸਕੂਲਾਂ ਦੇ ਪ੍ਰਿੰਸੀਪਲ, ਵਿਦਿਆਰਥੀ ਤੇ ਪਿੰਡ ਵਾਸੀ ਹਾਜ਼ਰ ਸਨ।

## ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਅੱਤਵਾਦ ਵਿਰੋਧੀ ਦਿਵਸ ਮਨਾਇਆ

**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵਿਖੇ ਅੱਤਵਾਦ ਵਿਰੋਧੀ ਦਿਵਸ ਮਨਾਇਆ ਗਿਆ।ਇਹ ਜਾਣਕਾਰੀ ਦਿੰਦਿਆਂ ਡੀਨ ਪਾਸਾਰ ਗਤੀਵਿਧੀਆਂ ਡਾ. ਲਵਲੀਨ ਬੈਂਸ ਨੇ ਦੱਸਿਆ ਕਿ ਵਿਸ਼ਵ ਪੱਧਰ 'ਤੇ ਅੱਤਵਾਦੀ ਗਤੀਵਿਧੀਆਂ ਪ੍ਰਤੀ ਰੋਸ ਪ੍ਰਗਟ ਕਰਨ ਤੇ ਲੋਕਾਂ ਨੂੰ ਅੱਤਵਾਦ ਦਾ ਵਿਰੋਧ ਕਰਨ ਲਈ ਜਾਗਰੂਕ ਕਰਨ ਹਿੱਤ ਸਰਕਾਰੀ ਹਦਾਇਤਾਂ ਦੀ ਪਾਲਣਾ ਕਰਦਿਆਂ ਕਾਲਜ ਦੇ ਐੱਨ ਐੱਸ ਐੱਸ ਯੂਨਿਟਾਂ ਵੱਲੋਂ ਅੱਤਵਾਦ ਵਿਰੋਧੀ ਦਿਵਸ ਮਨਾਇਆ ਗਿਆ।

ਇਸ ਮੌਕੇ ਉਚੇਚੇ ਤੌਰ 'ਤੇ ਸ਼ਿਰਕਤ ਕਰਦਿਆਂ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਵਲੰਟੀਅਰਾਂ ਨੂੰ ਅੱਤਵਾਦੀ ਤੇ ਹਿੰਸਕ ਕਾਰਵਾਈਆਂ ਦੇ ਖ਼ਤਰਿਆਂ ਅਤੇ ਦੁਸ਼-ਪ੍ਰਭਾਵਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਪ੍ਰੇਰਿਆ।ਇਸ ਮੌਕੇ ਪ੍ਰੋਗਰਾਮ ਅਫ਼ਸਰ ਪ੍ਰੋ. ਅਮਨਦੀਪ ਕੌਰ ਚੀਮਾ, ਡਾ. ਗੁਰਪ੍ਰੀਤ ਸਿੰਘ, ਏ ਐੱਨ ਓ ਪ੍ਰੋ. ਸਨਦੀਪ ਸਿੰਘ ਹੁੰਦਲ ਤੇ ਸਹਾਇਕ ਲਾਇਬ੍ਰੇਰੀਅਨ ਕੁਲਵੰਤ ਸਿੰਘ ਹਾਜ਼ਰ ਸਨ।

## ਬੀ ਐੱਸ ਐੱਫ ਦੇ ਜਵਾਨਾਂ ਵੱਲੋਂ ਸਰਚ ਦੌਰਾਨ 2 ਡਰੋਨ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਸਰਹੱਦੀ ਪਿੰਡ ਹਜ਼ਾਰਾ ਸਿੰਘ ਵਾਲਾ ਤੇ ਪਿੰਡ ਕਿਚਲੇ ਦੇ ਖੇਤਾਂ ਵਿੱਚੋਂ ਬੀਐੱਸਐੱਫ ਦੇ ਜਵਾਨਾਂ ਵੱਲੋਂ ਸਰਚ ਦੌਰਾਨ 2 ਡਰੋਨ ਬਰਾਮਦ ਕੀਤੇ।

ਇਸ ਸਬੰਧੀ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਏਅਰਕਰਾਫਟ ਐਕਟ 1934 ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਦਰ ਪੁਲਸ ਦੇ ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਇਕ ਪੱਤਰ ਵੱਲੋਂ ਇੰਸਪੈਕਟਰ ਸਰਵੇਸ਼ਵਰ ਆਫ ਸੀਓਵਾਈ ਕਮਾਂਡਰ "ਸੀ" ਸੀਓਵਾਈ ਬੀਪੀਓ ਐੱਚਕੇਟੀ, 155 ਬਟਾਲੀਅਨ ਬੀਐੱਸਐੱਫ ਮੌਸੂਲ ਥਾਣਾ ਹੋਇਆ ਕਿ 21 ਮਈ 2025 ਨੂੰ ਬੀਓਪੀ ਐੱਚਕੇਟੀ, 115 ਬਟਾਲੀਅਨ ਬੀਐੱਸਐੱਫ ਦੇ ਕਮਰਚਾਰੀਆਂ ਵੱਲੋਂ ਨੇੜੇ ਪਿੰਡ ਹਜ਼ਾਰਾ ਸਿੰਘ ਵਾਲਾ ਖੇਤਾਂ ਵਿੱਚੋਂ ਸਰਚ ਦੌਰਾਨ ਇੱਕ ਡਰੋਨ ਮਾਡਲ ਡੀਜੇਆਈ ਮਾਵਿਕ 3 ਕਲਾਸਿਕ ਰੰਗ ਗਰੇਅ ਬਰਾਮਦ ਹੋਇਆ।

ਇਸੇ ਹੀ ਥਾਣੇ ਦੇ ਸਹਾਇਕ ਥਾਣੇਦਾਰ ਜਗਤਾਰ ਸਿੰਘ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

...ਸਫ਼ਾ 3 ਦੇ ਬਾਕੀ

### ਨੌਜਵਾਨ ਵਲੰਟੀਅਰਾਂ ਵੱਲੋਂ...



ਮੋਢਾ ਲਾ ਕੇ ਤੁਰੇਗੀ ਅਤੇ ਇਸ ਸੰਘਰਸ਼ ਨੂੰ ਦੇਸ਼ ਪੱਧਰ ਤੱਕ ਲੈ ਕੇ ਜਾਇਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰਿੰਦਰ ਢਾਬਾਂ, ਕ੍ਰਿਸ਼ਨ ਧਰਮੂਵਾਲਾ, ਜੰਮੂ ਰਾਮ ਬੰਨਵਾਲਾ, ਕੁਲਦੀਪ ਬੱਖੂਸ਼ਾਹ, ਸੀਤਾ ਸਿੰਘ ਤੇਜਾ ਰੁਹੇਲਾ, ਰਾਜਵਿੰਦਰ ਨਿਉਲਾ, ਪ੍ਰੇਮ ਭੱਠਾ ਮਜ਼ਦੂਰ ਯੂਨੀਅਨ ਦੇ ਆਗੂ, ਰਮਨ ਹਸਤਾ ਕਲਾ, ਸੁਮਨ ਸੈਦੋਕਾ ਹਿਠਾੜ, ਸੰਦੀਪ ਕਰਨੀ ਖੇੜਾ, ਬੂਟਾ ਸਿੰਘ ਨਵਾਂ ਮੌਸਮ, ਅਸ਼ੋਕ ਜੱਟ ਵਾਲਾ, ਜੱਗਾ ਟਾਹਲੀਵਾਲਾ, ਹਰਦੀਪ ਮੰਡੀ ਹਜ਼ੂਰ ਸਿੰਘ ਵੀ ਹਾਜ਼ਰ ਸਨ।

ਅਤੇ ਫਾਜ਼ਿਲਕਾ ਦੀ ਜਵਾਨੀ ਨੇ ਇਹ ਪ੍ਰਾਪਤੀ ਦੇ ਰਾਹ ਦੀ ਠੀਕ ਚੋਣ ਕੀਤੀ ਹੈ। ਉਹਨਾਂ ਨੌਜਵਾਨਾਂ ਦੇ ਇਸ ਬਾਕਮਾਲ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹਨਾਂ ਦੀ ਪੂਰੀ ਟੀਮ ਨੌਜਵਾਨਾਂ ਦੀ ਹਰ ਤਰ੍ਹਾਂ ਦੀ ਮਦਦ ਲਈ ਵਚਨਬੱਧ ਹੈ ਅਤੇ ਬਨੇਗਾ ਵਲੰਟੀਅਰਾਂ ਨਾਲ ਮੋਢੇ ਨਾਲ

### ਕੇਂਦਰ ਸਰਕਾਰ ਹਿੰਦੂ-ਮੁਸਲਮਾਨਾਂ...

ਵੱਧ ਤੋਂ ਵੱਧ ਮਜ਼ਦੂਰ ਜਥੇਬੰਦੀਆਂ ਬਣਾਈਏ।ਕਾਮਰੇਡ ਰਛਪਾਲ ਸਿੰਘ ਬੜਾ ਪਿੰਡ, ਜਥੇਦਾਰ ਸਰੂਪ ਸਿੰਘ ਖਲਵਾੜਾ ਵਿਸ਼ੇਸ਼ ਤੌਰ 'ਤੇ ਪਹੁੰਚੇ।ਮਾਸਟਰ ਸੁਰਿੰਦਰ ਸ਼ਰਮਾ ਦੀ ਅਗਵਾਈ ਹੇਠ ਲੋਕ ਕਲਾ ਮੰਚ ਮੰਡੀ ਮੁਲਾਂਪੁਰ ਵਲੋਂ ਇਨਕਲਾਬੀ ਨਾਟਕ ਅਤੇ ਕੋਰੀਓਗਰਾਫੀਆਂ ਪੇਸ਼ ਕੀਤੀਆਂ ਗਈਆਂ। ਲੋਕ ਗਾਇਕ ਗੁਰਮੇਜ ਮੇਹਲੀ ਅਤੇ ਕਮਲ ਕਟਾਣੀਆ ਨੇ ਇਨਕਲਾਬੀ ਪ੍ਰੋਗਰਾਮ ਪੇਸ਼ ਕੀਤਾ।ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਨਰੰਜਣ ਦਾਸ ਮੇਹਲੀ ਵਲੋਂ ਸਾਰਿਆ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਗੁਰਮੁੱਖ ਸਿੰਘ ਫਰਾਲਾ, ਸਤਨਾਮ ਚਾਹਲ, ਜਰਨੈਲ ਪਨਾਮ, ਨਰਿੰਦਰ ਕਾਲੀਆ, ਜਸਵਿੰਦਰ ਰਾਹੋਂ, ਅਮਰਜੀਤ ਬੱਬੀ, ਸੁਰਿੰਦਰ ਪਾਲ ਸਾਬਕਾ ਸਰਪੰਚ,ਹੁਸਨ ਲਾਲ, ਰਾਮ ਲਾਲ, ਸ਼ੀਲਾ ਰਾਣੀ, ਜਗਦੀਸ਼ ਕੌਰ ਸਾਬਕਾ ਸਰਪੰਚ, ਗੁਰਮੀਤ ਰਾਮ, ਹਰਮੇਸ਼ ਲਾਲ, ਬਲਿਹਾਰ ਰਾਮ, ਬੁੱਧ ਪ੍ਰਕਾਸ਼ ਸ਼ੌਂਕੀ, ਗੁਰਦੀਪ ਲਾਲ ਆਦਿ ਹਾਜ਼ਰ ਸਨ।

### ਮਾਸਟਰ ਬਲਵੀਰ ਸਿੰਘ ਮੰਦਰਾਂ...

2012 ਵਿੱਚ ਅਚਾਨਕ ਸਦੀਵੀ ਵਿਛੋੜਾ ਦੇ ਗਏ।ਪਾਰਟੀ ਦੇ ਸੀਨੀਅਰ ਆਗੂ ਕਾ. ਹਰਦੇਵ ਸਿੰਘ ਅਰਸ਼ੀ ਨਾਲ ਮਾਸਟਰ ਜੀ ਦੇ ਨੇੜਲੇ ਪਰਿਵਾਰਕ ਸੰਬੰਧ ਹਨ। ਜਦੋਂ ਸਾਥੀ ਅਰਸ਼ੀ ਨੇ ਪਾਰਟੀ ਕਾਂਗਰਸ ਦੇ ਪ੍ਰਬੰਧਾਂ ਵਿੱਚ ਮਾਲੀ ਯੋਗਦਾਨ ਪਾਉਣ ਦੀ ਅਪੀਲ ਕੀਤੀ ਉਨ੍ਹਾਂ ਦੀ ਜੀਵਨ ਸਾਥਣ ਮਾਤਾ ਅਜੀਤ ਕੌਰ ਤੇ ਨੂੰਹ ਰਾਣੀ ਬੀਬਾ ਗੁਰਬਿੰਦਰ ਕੌਰ ਨੇ ਪਹਿਲੀ ਕਿਸ਼ਤ ਵਜੋਂ ਪੰਜਾਹ ਹਜ਼ਾਰ ਦਾ ਚੈੱਕ ਉਨ੍ਹਾਂ ਦੇ ਸਪੁਰਦ ਕੀਤਾ।ਇਸ ਮੌਕੇ ਕਾ. ਅਰਸ਼ੀ ਨੇ ਪਰਵਾਰ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਪਰਵਾਰ ਵੱਲੋਂ ਪਾਰਟੀ ਹਰ ਪੱਖੋਂ ਹਰ ਸਮੇਂ ਸਹਿਯੋਗ ਕੀਤਾ ਜਾਂਦਾ ਹੈ।ਜਿਸ ਕਾਰਨ ਪਾਰਟੀ ਕਾਂਗਰਸ ਚੰਡੀਗੜ੍ਹ ਬਿਹਤਰੀ ਢੰਗ ਨਾਲ ਨੇਪਰੇ ਚੜ੍ਹੇਗੀ।ਇਸ ਮੌਕੇ ਕੁਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਜਨਰਲ ਸਕੱਤਰ ਸਾਥੀ ਮਲਕੀਤ ਸਿੰਘ ਮੰਦਰਾਂ ਵੀ ਮੌਜੂਦ ਸਨ।

## ਨਸ਼ਾ ਮੁਕਤੀ ਯਾਤਰਾ ਤਹਿਤ ਸਮਸ਼ਾਬਾਦ, ਗੰਜੂਆਣਾ ਤੇ ਸਲੇਮਸ਼ਾਹ 'ਚ ਸਮਾਗਮ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**

ਪੰਜਾਬ ਸਰਕਾਰ ਵੱਲੋਂ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਲੋਕਾਂ ਦਾ ਭਰਵਾਂ ਸਹਿਯੋਗ ਮਿਲ ਰਿਹਾ ਹੈ ਤੇ ਨਸ਼ਿਆਂ ਦਾ ਸੇਵਨ ਕਰਨ ਵਾਲੇ ਨੌਜਵਾਨ ਵੀ ਸਵੈ ਇੱਛਾ ਨਾਲ ਨਸ਼ਿਆਂ ਦਾ ਤਿਆਗ ਕਰ ਰਹੇ ਹਨ।ਇਹ ਪ੍ਰਗਟਾਵਾ ਹਲਕਾ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਪਿੰਡ ਸਮਸ਼ਾਬਾਦ, ਗੰਜੂਆਣਾ ਤੇ ਸਲੇਮਸ਼ਾਹ ਵਿਖੇ ਨਸ਼ਾ ਮੁਕਤੀ ਯਾਤਰਾ ਤਹਿਤ ਆਯੋਜਿਤ ਕੀਤੇ ਸਮਾਗਮ ਦੌਰਾਨ ਕੀਤਾ।ਵਿਧਾਇਕ ਸ੍ਰੀ ਸਵਨਾ ਨੇ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦਾ ਮੰਤਵ ਸਮੂਹ ਵਰਗਾਂ ਦੇ ਸਹਿਯੋਗ ਨਾਲ ਨਸ਼ਿਆਂ ਦਾ ਖਾਤਮਾ ਕਰਨਾ ਹੈ ਤੇ ਹਰੇਕ ਪਿੰਡ ਤੇ ਹਰੇਕ ਗਲੀ ਨੂੰ ਨਸ਼ਾ ਮੁਕਤ ਕਰਨਾ ਸਰਕਾਰ ਦੀ ਤਰਜ਼ੀਹ ਹੈ।ਇਸ ਮੌਕੇ ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਤੇ ਸਮਾਜ ਨੂੰ ਵੀ ਇਸ ਬੁਰਾਈ ਤੋਂ ਮੁਕਤ ਕਰਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ।ਇਸ ਉਪਰੰਤ ਸ੍ਰੀ ਸਵਨਾ ਨੇ ਲੋਕਾਂ ਨੂੰ ਆਪਣੇ ਪਿੰਡਾਂ 'ਚ ਨਸ਼ਾ ਨਾ ਵਿਕਣ ਦੇਣ ਅਤੇ ਉਨ੍ਹਾਂ ਨੂੰ ਨਸ਼ਿਆਂ ਖਿਲਾਫ ਜਾਗਰੂਕ ਕਰਨ ਪ੍ਰਤੀ ਸਹੁੰ ਵੀ ਚੁਕਾਈ।ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਪਿੰਡ ਢਾਣੀ ਹਰਦਿੱਤ ਸਿੰਘ ਵਿਖੇ 5 ਲੱਖ ਰੁਪਏ ਲਾਗਤ ਨਾਲ ਬਣਾਏ ਗਏ ਵਾਲੀਬਾਲ ਗਰਾਊਂਡ ਦਾ ਉਦਘਾਟਨ ਕਰ ਲੋਕ ਅਰਪਿਤ ਕੀਤਾ।ਉਨ੍ਹਾਂ ਕਿਹਾ ਕਿ ਇਸਦਾ ਉਦੇਸ਼ ਹੈ ਕਿ ਸਾਡੇ ਨੌਜਵਾਨਾਂ ਨੂੰ ਖੇਡ ਸੱਭਿਆਚਾਰ ਨਾਲ ਜੋੜਿਆ ਜਾਵੇ ਤੇ ਨੌਜਵਾਨ ਬੁਰੀਆਂ ਆਦਤਾਂ ਤੋਂ ਦੂਰ ਰਹਿਣ।ਉਨ੍ਹਾਂ ਨੇ ਕਿਹਾ ਕਿ ਇਸੇ ਸੋਚ ਨਾਲ ਪਿੰਡ ਪਿੰਡ ਖੇਡ ਮੈਦਾਨ ਬਣਾਏ ਜਾ ਰਹੇ ਹਨ।

## ਸੰਗਰੂਰ ਇੰਡਸਟਰੀ ਚੈਂਬਰ ਬਲਾਕ ਧੂਰੀ ਦੀ ਚੋਣ, ਮੁਕੇਸ਼ ਸਿੰਗਲਾ ਤੀਸਰੀ ਵਾਰ ਸਰਬਸੰਮਤੀ ਨਾਲ ਪ੍ਰਧਾਨ ਚੁਣੇ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਸਥਾਨਕ ਉਦਯੋਗਪਤੀਆਂ ਦੀ ਨੁਮਾਇੰਦਗੀ ਕਰਦੇ ਆ ਰਹੀ ਸੰਸਥਾ 'ਸੰਗਰੂਰ ਡਿਸਟ੍ਰਿਕਟ ਇੰਡਸਟਰੀ ਚੈਂਬਰ' ਬਲਾਕ ਧੂਰੀ ਦੀ ਇੱਕ ਮੀਟਿੰਗ ਜ਼ਿਲ੍ਹਾ ਚੇਅਰਮੈਨ ਡਾ: ਏ. ਆਰ. ਸ਼ਰਮਾ ਤੇ ਜ਼ਿਲ੍ਹਾ ਪ੍ਰਧਾਨ ਸੰਜੀਵ ਸੂਦ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਮੁਕੇਸ਼ ਸਿੰਗਲਾ ਬੰਟੀ ਨੂੰ ਸਰਬਸੰਮਤੀ ਨਾਲ ਮੁੜ ਤੋਂ ਤੀਸਰੀ ਵਾਰ ਪ੍ਰਧਾਨ ਚੁਣ ਲਿਆ ਗਿਆ।ਮੀਟਿੰਗ ਵਿੱਚ ਜ਼ਿਲ੍ਹਾ ਚੇਅਰਮੈਨ ਡਾ: ਏ. ਆਰ. ਸ਼ਰਮਾ ਨੇ ਮੁਕੇਸ਼ ਸਿੰਗਲਾ ਬੰਟੀ ਨੂੰ ਮੁੜ ਤੋਂ ਪ੍ਰਧਾਨ ਬਣਨ 'ਤੇ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਬਲਾਕ ਧੂਰੀ ਵੱਲੋਂ ਮੁਕੇਸ਼ ਸਿੰਗਲਾ ਬੰਟੀ ਦੀ ਅਗਵਾਈ ਵਿੱਚ ਬਹੁਤ ਵਧੀਆ ਕੰਮ ਕੀਤਾ ਹੈ ਤੇ ਸਾਰੇ ਬਲਾਕਾਂ ਵਿੱਚੋਂ ਅੱਗੇ ਰਿਹਾ ਹੈ।ਤੀਸਰੀ ਵਾਰ ਸਰਬਸੰਮਤੀ ਨਾਲ ਪ੍ਰਧਾਨ ਚੁਣੇ ਮੁਕੇਸ਼ ਸਿੰਗਲਾ (ਬੰਟੀ) ਨੇ ਸਮੂੰਹੀ ਜਥੇਬੰਦੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਪੂਰੀ ਤਨਦੇਹੀ ਨਾਲ ਨਿਭਾਉਣਗੇ ਤੇ ਇੰਡਸਟਰੀ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਨੂੰ ਸਰਕਾਰ ਦੇ ਨੁਮਾਇੰਦਿਆਂ ਤੱਕ ਪਹੁੰਚਾਉਣਗੇ। ਉਨ੍ਹਾਂ ਯਕੀਨ ਦਿਵਾਇਆ ਕਿ ਉਹ ਇੰਡਸਟਰੀ ਚੈਂਬਰ ਦੀ ਸਾਰੀ ਟੀਮ ਨੂੰ ਨਾਲ ਲੈ ਕੇ ਚੱਲਣਗੇ।ਇੰਡਸਟਰੀ ਚੈਂਬਰ ਦੇ ਰਾਜੇਸ਼ ਸਿੰਗਲਾ ਬੈਂਟੀ ਨੇ ਸੰਗਰੂਰ ਡਿਸਟ੍ਰਿਕਟ ਇੰਡਸਟਰੀਅਲ ਚੈਂਬਰ ਦੇ ਸਾਰੇ ਮੈਂਬਰ ਸਾਹਿਬਾਨ ਦਾ ਧੰਨਵਾਦ ਕੀਤਾ।ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਬਿਜਲੀ ਬੋਰਡ ਦੇ ਐਕਸੀਅਨ ਮਨੋਜ ਗਰਗ ਤੇ ਐੱਸਡੀਓ ਮੋਹਨਪ੍ਰੀਤ ਸਿੰਘ ਦਾ ਇੰਡਸਟਰੀ ਚੈਂਬਰ ਵੱਲੋਂ ਬੁੱਕੇ ਦੇ ਕੇ ਸਵਾਗਤ ਕੀਤਾ ਗਿਆ।ਇਸ ਮੀਟਿੰਗ ਵਿੱਚ ਰਾਈਸੀਲਾ ਫੂਡਜ਼ ਦੇ ਡਾਇਰੈਕਟਰ ਪ੍ਰਸ਼ੋਤਮ ਗਰਗ, ਵਿਜੇ ਗੋਇਲ, ਗੁਰਬਖ਼ਸ਼ ਸਿੰਘ ਗੁੱਡੂ, ਕੈਪਿਟਲ ਗਰੁੱਪ ਦੇ ਚੇਅਰਮੈਨ ਮੱਖਣ ਲਾਲ ਗਰਗ, ਦਰਸ਼ਨ ਸਿੰਘ ਜੋਸ਼ੀ, ਚੰਦਨ ਮਿੱਤਲ ਕੌਫੀ, ਅਮਿਤ ਗੋਇਲ, ਸੰਜੇ ਗਰਗ, ਸ਼ਸ਼ੀ ਭੂਸ਼ਨ, ਵਿਨੋਦ ਗਰਗ, ਜਗਦੀਪ ਜਿੰਦਲ, ਭੂਸ਼ਮ ਗਰਗ ਤੇ ਹੋਰ ਮੈਂਬਰ ਹਾਜ਼ਰ ਸਨ।

## ਪੰਜਾਬ ਦੇ ਲੋਕ ਨਸ਼ਿਆਂ ਵਿਰੁੱਧ ਲਾਮਬੰਦ ਹੋਏ : ਅਜੀਤਪਾਲ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਨਸ਼ਿਆਂ ਵਿਰੁੱਧ ਸ਼ੁਰੂ ਕੀਤੇ ਯੁੱਧ ਤਹਿਤ ਕੀਤੀ ਜਾ ਰਹੀ ਨਸ਼ਾ ਮੁਕਤੀ ਯਾਤਰਾ ਦੀ ਅਗਵਾਈ ਕਰਕੇ ਸ਼ਹਿਰ ਦੇ ਵਾਰਡਾਂ 'ਚ ਪੁੱਜ ਰਹੇ ਹਨ, ਜਿਸ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ। ਵਿਧਾਇਕ ਕੋਹਲੀ ਨੇ ਵੀਰਵਾਰ ਸ਼ਾਮ ਕੌਂਸਲਰ ਰਮਿੰਦਰ ਕੌਰ ਦੇ ਵਾਰਡ ਨੰਬਰ 57, ਕਿਰਨ ਅਹੂਜਾ ਦੇ ਵਾਰਡ ਨੰਬਰ 51 ਤੇ ਕੌਂਸਲਰ ਗੁਰਪ੍ਰੀਤ ਗੁਰੀ ਦੇ ਵਾਰਡ ਨੰਬਰ 40 ਵਿਖੇ ਵਾਰਡ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨਾਲ ਮੀਟਿੰਗਾਂ ਕਰਕੇ ਯੁੱਧ ਨਸ਼ਿਆਂ ਵਿਰੁੱਧ ਤਹਿਤ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਉਪਰਾਲਿਆਂ ਦੀ ਸਾਂਝ ਪਾਈ।ਇਸ ਮੌਕੇ ਉਨ੍ਹਾਂ ਨਾਲ ਨਸ਼ਾ ਮੁਕਤੀ ਮੋਰਚੇ ਦੇ ਹਲਕਾ ਕੋਆਰਡੀਨੇਟਰ ਦਵਿੰਦਰਪਾਲ ਸਿੰਘ ਮਿੱਕੀ ਤੇ ਹੋਰ ਸ਼ਖ਼ਸੀਅਤਾਂ ਮੌਜੂਦ ਸਨ।ਵਿਧਾਇਕ ਕੋਹਲੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਹਟਾ ਕੇ ਖੇਡਾਂ ਨਾਲ ਜੋੜਿਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਨਸ਼ਿਆਂ ਦੀ ਅਲਾਮਤ ਦੇ ਖਾਤਮੇ ਲਈ ਬਹੁ-ਪਰਤੀ ਨੀਤੀ ਬਣਾਈ ਹੈ, ਜਿਸ ਨੂੰ ਕਾਮਯਾਬ ਕਰਨ ਲਈ ਆਮ ਲੋਕਾਂ ਦਾ ਸਹਿਯੋਗ ਬਹੁਤ ਜ਼ਰੂਰੀ ਹੈ।

## ਵਿਲਜ਼ਰ ਕਿੰਗ ਕੰਪਨੀ ਕੈਨੇਡਾ ਵੱਲੋਂ ਗੁਰਮੇਲ ਸਿੰਘ ਬੌਡੇ ਦਾ ਸਨਮਾਨ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪ੍ਰਗਤੀਸ਼ੀਲ ਮੰਚ ਪੰਜਾਬ ਤੇ ਲੋਕ ਸਾਹਿਤ ਅਕਾਦਮੀ ਵੱਲੋਂ ਮਿਲ ਕੇ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਸਾਹਿਤਕ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਬਹੁਤ ਸਾਰੇ ਲੇਖਕਾਂ ਤੇ ਪਾਠਕਾਂ ਨੇ ਭਾਗ ਲਿਆ ਅਤੇ ਆਪਣੇ ਵਿਚਾਰਾਂ ਤੇ ਕਵਿਤਾਵਾਂ ਰਾਹੀਂ ਬੌਧਿਕ ਗਿਆਨ ਵੰਡਿਆ।ਇਸ ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਚਰਨ ਸਿੰਘ, ਮਨਦੀਪ ਕੌਰ ਭਦੌੜ, ਮਾਲਕ ਤੇ ਲੇਖਕ ਕਾਨਵੈਂਟ ਸਕੂਲ, ਸਿਰਮੌਰ ਲੇਖਕ ਬਲਦੇਵ ਸੜਕਨਾਮਾ, ਅਸ਼ੋਕ ਚੁਟਾਨੀ, ਜਗਦੀਸ਼ ਰਾਣਾ, ਡਾ. ਕੁਲਦੀਪ ਦੀਪ, ਗੁਰਨਾਮ ਬਾਵਾ ਅੰਬਾਲਾ, ਗੁਰਚਰਨ ਸਿੰਘ ਸੰਘਾ, ਸੁਰਜੀਤ ਜੱਜ ਸੁਸ਼ੋਭਤ ਸਨ।ਮੰਚ ਸੰਚਾਲਨ ਚਰਨਜੀਤ ਸਮਾਲਸਰ ਨੇ ਕੀਤਾ।ਵਿਚਾਰ ਚਰਚਾ ਵਿੱਚ ਪ੍ਰਧਾਨਗੀ ਮੰਡਲ ਸਮੇਤ ਡਾ. ਸੁਰਜੀਤ ਬਰਾੜ, ਕੌਮਾਂਤਰੀ ਕਹਾਣੀਕਾਰ ਗੁਰਮੀਤ ਕੜਿਆਲਵੀ, ਦਿਲਬਾਗ ਬੌਡੇ, ਨਿਰੰਜਣ ਬੋਹਾ ਨੇ ਭਾਗ ਲਿਆ।ਪ੍ਰੋਗਰਾਮ ਦੀ ਸ਼ੁਰੂਆਤ ਗੁਰਦੇਵ ਸਿੰਘ ਦਰਦੀ ਦੇ ਗੀਤ ਨਾਲ ਹੋਈ।ਇਸ ਸਮੇਂ ਵਿਲਜ਼ਰ ਕਿੰਗ ਦੇ ਡਾਇਰੈਕਟਰ ਰਣਦੀਪ ਰਾਮਾ ਯੂ ਕੇ ਤੇ ਪ੍ਰੋਡਿਊਸਰ ਸੁੱਖ ਧਾਲੀਵਾਲ ਕੈਨੇਡਾ ਵੱਲੋਂ ਗੁਰਮੇਲ ਸਿੰਘ ਬੌਡੇ ਦੀਆਂ ਸੱਭਿਆਚਾਰਕ, ਲੋਕ ਤੇ ਕਿਰਤ ਪੱਖੀ ਗੀਤ ਤੇ ਕਵਿਤਾਵਾਂ, ਜਿਨ੍ਹਾਂ ਦੇ ਲੇਖਕ ਵੀ ਉਹ ਖੁਦ ਹਨ, ਕਿਸਾਨ ਅੰਦੋਲਨ ਦੌਰਾਨ ਰੀਕਾਰਡ ਕੀਤੇ ਗਏ ਅਤੇ ਉਨ੍ਹਾਂ ਨੇ ਇਹ ਗੀਤ 63-64 ਸਾਲ ਦੀ ਉਮਰ ਵਿੱਚ ਵਿਲਜ਼ਰ ਕਿੰਗ ਚੈਨਲ ਲਈ ਗਾ ਕੇ ਲੋਕ ਸੰਘਰਸ਼ਾਂ ਵਿੱਚ ਆਪਣਾ ਯੋਗਦਾਨ ਪਾਇਆ, ਜਿਸ ਬਾਰੇ ਡਾਇਰੈਕਟਰ ਰਣਦੀਪ ਰਾਮਾ ਯੂ ਕੇ ਨੇ ਗੁਰਮੇਲ ਸਿੰਘ ਬੌਡੇ ਦੇ ਇਸ ਯੋਗਦਾਨ ਬਾਰੇ ਦੱਸਿਆ, ਸੁੱਖ ਧਾਲੀਵਾਲ ਕੈਨੇਡਾ ਨੇ ਸ਼ੁੱਭ-ਕਾਮਨਾਵਾਂ ਤੇ ਸਨਮਾਨ ਪੱਤਰ ਅਤੇ ਰਣਦੀਪ ਸਿੰਘ ਰਾਮਾਂ ਵੱਲੋਂ ਟਰਾਫ਼ੀ ਨਾਲ ਸਨਮਾਨਤ ਕੀਤਾ ਅਤੇ ਪਿੰਡ ਰਾਮਾਂ ਤੋਂ ਆਏ ਵਿਸ਼ੇਸ਼ ਸਾਥੀ ਸਿੰਘ ਨੇ ਵੀ ਗੁਰਮੇਲ ਸਿੰਘ ਬੌਡੇ ਬਾਰੇ ਸੰਬੋਧਨ ਕੀਤਾ।ਇਸ ਸ਼ਾਨਦਾਰ ਸਮਾਗਮ ਦਾ ਪ੍ਰਬੰਧ ਲੇਖਿਕਾ ਸੁਖਮੰਦਰ ਕੌਰ ਪਤਨੀ ਦਿਲਬਾਗ ਸਿੰਘ ਬੌਡੇ ਨੇ ਕੀਤਾ। ਸਮਾਗਮ ਵਿੱਚ ਹਰਵਿੰਦਰ ਸਿੰਘ ਬਿਲਾਸਪੁਰ, ਜਗਜੀਤ ਸਿੰਘ ਡੀ ਪੀ, ਹਰਵੀਰ ਸਿੰਘ ਡੀ ਪੀ ਸ਼ੰਮੀ ਕੜਿਆਲਵੀ, ਨਿਰਮਲ ਪੱਤੋ ਨੇ ਗੀਤ ਨਾਲ, ਮੰਗਲਮੀਤ ਪੱਤੋ, ਅਜਮੇਰ ਮੋਗਾ, ਅਮਰੀਕ ਸੈਦੋਕੇ, ਜਸਵੰਤ ਬੋਪਾਰਾਏ, ਰੁਪਿੰਦਰ ਬਲਾਸੀ ਆਦਿ ਵੀ ਸ਼ਾਮਲ ਸਨ।

## ਚਿੱਟੇ ਤੇ ਨਸ਼ੇ ਦੀਆਂ ਗੋਲੀਆਂ ਸਮੇਤ ਦੋ ਕਾਬੂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਥਾਣਾ ਸਰਹਿੰਦ ਤੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਦੋ ਵਿਅਕਤੀਆਂ ਨੂੰ ਨਸ਼ੀਲੇ ਪਦਾਰਥਾਂ ਸਮੇਤ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਰਾਤ ਨੂੰ ਚੈਕਿੰਗ ਕਰ ਰਹੀ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਪਾਰਟੀ ਨੂੰ ਦੇਖ ਕੇ ਸਰਹਿੰਦ ਸ਼ਹਿਰ ਵੱਲੋਂ ਪੈਦਲ ਆ ਰਹੇ ਲਵਪ੍ਰੀਤ ਸਿੰਘ ਉਰਫ ਲਵੀ ਵਾਸੀ ਸਰਹਿੰਦ ਨੇ ਜੇਬ 'ਚੋਂ ਕੋਈ ਵਸਤੂ ਕੱਢ ਕੇ ਪਾਸੇ ਸੁੱਟ ਦਿੱਤੀ, ਜਿਸ ਨੂੰ ਚੈੱਕ ਕਰਨ 'ਤੇ 10 ਗ੍ਰਾਮ ਚਿੱਟਾ ਬਰਾਮਦ ਹੋਇਆ।ਇਸ 'ਤੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਵੱਲੋਂ ਲਵਪ੍ਰੀਤ ਸਿੰਘ ਉਰਫ ਲਵੀ ਨੂੰ ਅ/ਧ 21(ਬੀ) ਐੱਨ.ਡੀ.ਪੀ.ਐੱਸ. ਐਕਟ ਤਹਿਤ ਦਰਜ ਕਰਵਾਏ ਗਏ ਮੁਕੱਦਮੇ 'ਚ ਗ੍ਰਿਫਤਾਰ ਕਰ ਲਿਆ ਗਿਆ।ਇੱਕ ਵੱਖਰੇ ਮਾਮਲੇ 'ਚ ਥਾਣਾ ਸਰਹਿੰਦ ਦੀ ਇੱਕ ਪੁਲਸ ਪਾਰਟੀ ਵੱਲੋਂ ਖਾਨਪੁਰ ਵਾਲੇ ਪੁਲ ਨਜ਼ਦੀਕ ਸ਼ੱਕ ਦੇ ਅਧਾਰ 'ਤੇ ਕਾਬੂ ਕੀਤੇ ਗਏ ਜਸਵਿੰਦਰ ਸਿੰਘ ਉਰਫ ਬੱਗਾ ਵਾਸੀ ਪਿੰਡ ਸੈਦਪੁਰਾ ਦੀ ਚੈਕਿੰਗ ਕੀਤੀ ਤਾਂ ਉਕਤ ਵਿਅਕਤੀ ਦੇ ਕਬਜ਼ੇ 'ਚੋਂ 60 ਗੋਲੀਆਂ ਐਲਪ੍ਰਾਸੇਫ ਬਰਾਮਦ ਹੋਈਆਂ।ਇਸ ਸਬੰਧੀ ਥਾਣਾ ਸਰਹਿੰਦ ਵਿਖੇ ਅ/ਧ 22/61/85 ਐੱਨ.ਡੀ.ਪੀ.ਐੱਸ. ਐਕਟ ਤਹਿਤ ਦਰਜ ਕਰਵਾਏ ਗਏ ਮੁਕੱਦਮੇ 'ਚ ਜਸਵਿੰਦਰ ਸਿੰਘ ਉਰਫ ਬੱਗਾ ਨੂੰ ਗ੍ਰਿਫਤਾਰ ਕਰਕੇ ਥਾਣਾ ਸਰਹਿੰਦ ਦੇ ਸਬ-ਇੰਸਪੈਕਟਰ ਮਨਿੰਦਰ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri
ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

CMYK

24-May--25-page-11-Majha-C-add-23.qxd 5/23/2025 8:40 PM Page 1



## ਸੀ ਪੀ ਆਈ ਹੀ ਮਜ਼ਦੂਰਾਂ ਅਤੇ ਕਿਸਾਨਾਂ ਦੀ ਅਸਲ ਪਾਰਟੀ: ਦਵਿੰਦਰ, ਗੁਰਦਿਆਲ



ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)- ਭਾਰਤੀ ਕਮਿਊਨਿਸਟ ਪਾਰਟੀ ਏਰੀਆ ਕਮੇਟੀ ਦੀ ਮੀਟਿੰਗ ਦਰਸ਼ਨ ਸਿੰਘ ਬਿਹਾਰੀਪੁਰ ਦੀ ਪ੍ਰਧਾਨਗੀ ਹੇਠ ਬਲਾਕ ਸਕੱਤਰ ਕਾਮਰੇਡ ਗੁਰਦਿਆਲ ਸਿੰਘ ਖਡੂਰ ਸਾਹਿਬ ਦੇ ਘਰ ਹੋਈ।ਇਸ ਮੌਕੇ ਉਚੇਚੇ ਤੌਰ ਤੇ ਪਹੁੰਚੇ ਜ਼ਿਲ੍ਹਾ ਸਕੱਤਰ ਕਾਮਰੇਡ ਦਵਿੰਦਰ ਸੋਹਲ ਨੇ ਕਿਹਾ ਕਿ ਭਾਰਤੀ ਕਮਿਊਨਿਸਟ ਪਾਰਟੀ ਦਾ ਕੌਮੀ ਅਜਲਾਸ ਇਸ ਵਾਰ ਪੰਜਾਬ ਵਿੱਚ ਹੋ ਰਿਹਾ ਹੈ।ਪਾਰਟੀ ਦੇ ਹਰ ਮੈਂਬਰ ਤੇ ਹਮਦਰਦ ਨੂੰ ਤਨ ਮਨ ਧਨ ਨਾਲ ਸੇਵਾ ਕਰਕੇ ਇਸ ਕੌਮੀ ਇਜਲਾਸ ਨੂੰ ਸ਼ਾਨਦਾਰ ਢੰਗ ਨਾਲ ਕਾਮਯਾਬ ਕਰਨਾ ਚਾਹੀਦਾ ਹੈ।ਇਸ ਮੁਹਿੰਮ ਨੂੰ ਚਲਾਉਂਦਿਆਂ ਲੋਕਾਂ ਕਮਿਊਨਿਸਟ ਪਾਰਟੀ ਦੇ ਸ਼ਾਨਾਮੱਤੇ ਸੌ ਸਾਲਾ ਸੰਘਰਸ਼ ਦੀ ਗਾਥਾ ਵੀ ਦੱਸਣ ਦੀ ਲੋੜ ਹੈ।ਇਹ ਵੀ ਦੱਸਣਾ ਬਣਦਾ ਹੈ ਕਿ ਭਾਰਤੀ ਕਮਿਊਨਿਸਟ ਪਾਰਟੀ ਹੀ ਸਿਰਫ ਤੇ ਸਿਰਫ ਮਜ਼ਦੂਰਾਂ ਕਿਸਾਨਾਂ ਤੇ ਹੋਰ ਮਿਹਨਤਕਸ਼ ਲੋਕਾਂ ਦੀ ਸਿਆਸਤ ਦੀ ਪਾਰਟੀ ਹੈ।ਇਸ ਪਾਰਟੀ ਦੀ ਨੀਤੀ ਹੈ ਕਿ ਮਿਹਨਤਕਸ਼ ਲੋਕਾਂ ਦਾ ਲਹੂ ਪੀਣ ਵਾਲੇ ਇਸ ਸਰਮਾਏਦਾਰੀ ਪ੍ਰਬੰਧ ਨੂੰ ਖਤਮ ਕਰਕੇ ਆਰਥਿਕਤ ਤੇ ਸਮਾਜਿਕ ਬਰਾਬਰੀ ਵਾਲਾ ਰਾਜ ਪ੍ਰਬੰਧ ਕਾਇਮ ਕੀਤਾ ਜਾਵੇ, ਜਿੱਥੇ ਕਿਸੇ ਦਾ ਧੀ ਪੁੱਤ ਬੇਰੁਜ਼ਗਾਰ ਨਾ ਹੋਵੇ ਤੇ ਹਰ ਇੱਕ ਨੂੰ ਉਸਦੀ ਮਿਹਨਤ ਦਾ ਠੀਕ ਮੁੱਲ ਮਿਲੇ।ਇਸ ਕਰਕੇ ਦੁਨੀਆ ਭਰ ਦੇ ਕਮਿਊਨਿਸਟ ਹਰ ਥਾਂ ਮਿਹਨਤਕਸ਼ ਲੋਕਾਂ ਦੇ ਹੱਕਾਂ ਦੀ ਅਵਾਜ਼ ਬੁਲੰਦ ਕਰਦੇ ਹਨ।ਇਸ ਮੌਕੇ ਕਾਮਰੇਡ ਬਲਜੀਤ ਸਿੰਘ ਫਤਿਆਬਾਦ ਨੇ ਕਿਹਾ ਕਿ ਪਾਰਟੀ ਦੇ ਕੌਮੀ ਇਜਲਾਸ ਨੂੰ ਕਾਮਯਾਬ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ।ਸਤੰਬਰ ਮਹੀਨੇ ਵਿੱਚ ਹੋ ਰਹੀ ਕੌਮੀ ਕਾਨਫਰੰਸ ਨੂੰ ਸਫ਼ਲ ਬਣਾਉਣ ਲਈ ਲਗਾਤਾਰ ਲੋਕਾਂ ਨਾਲ ਸੰਪਰਕ ਰੱਖਿਆ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁੱਲ ਹਿੰਦ ਕਿਸਾਨ ਸਭਾ ਦੇ ਸਕੱਤਰ ਬਲਕਾਰ ਸਿੰਘ ਵਲਟੋਹਾ, ਘੁੱਕ ਸਿੰਘ ਵੇਈਂਪੂਈਂ, ਮੇਜਰ ਸਿੰਘ ਦਾਰਾਪੁਰ, ਸੁਖਵਿੰਦਰ ਸਿੰਘ, ਜਸਵੰਤ ਸਿੰਘ, ਜਗਤਾਰ ਸਿੰਘ, ਜਗੀਰ ਸਿੰਘ ਭਰੋਵਾਲ, ਭਗਵੰਤ ਸਿੰਘ ਅਤੇ ਗੁਰਚਰਨ ਸਿੰਘ ਹਾਜ਼ਰ ਸਨ।

## ਸਕੂਲਾਂ ਦਾ ਸਮਾਂ ਬਦਲਣ ਜਾਂ ਛੇਤੀ ਛੁੱਟੀਆਂ ਕਰਨ ਦੀ ਮੰਗ

ਵੇਰਕਾ (ਰਾਣਾ)-ਅੱਤ ਦੀ ਪੈ ਰਹੀ ਗਰਮੀ ਕਾਰਨ ਲੋਕ ਤ੍ਰਾਹ-ਤ੍ਰਾਹ ਕਰਨ ਲਈ ਬੇਵੱਸ ਹਨ।ਦੂਜੇ ਪਾਸੇ ਪੈਂਦੀ ਗਰਮੀ, ਚੱਲਦੀ ਲੂ ਕਾਰਨ ਸਕੂਲ ਪੜ੍ਹਨ ਵਾਲੇ ਨੰਨ੍ਹੇ-ਮੁੰਨੇ ਬੱਚਿਆਂ ਦਾ ਬੜਾ ਮੰਦਾ ਹਾਲ ਹੈ। ਦੁਪਹਿਰ ਨੂੰ ਛੁੱਟੀ ਵੇਲੇ ਤਾਂ ਇਨ੍ਹਾਂ ਬੱਚਿਆਂ ਦੀ ਹਾਲਤ ਵੇਖਣ ਵਾਲੀ ਹੁੰਦੀ ਹੈ।ਉਪਰੋਂ ਬਸਤਿਆਂ, ਬੈਗਾਂ ਦਾ ਬੋਲੋੜਾ ਭਾਰ ਵੱਟ ਕੱਢਦਾ ਹੈ।ਨਿਰੰਤਰ ਵੱਧਦੀ ਜਾ ਰਹੀ ਗਰਮੀ ਦੇ ਮੱਦੇਨਜ਼ਰ ਸਮਾਜਿਕ ਨਿਆਂ, ਸਸ਼ਕਤੀਕਰਨ ਵੈੱਲਫੇਅਰ ਐਸੋਸੀਏਸ਼ਨ ਅੰਮ੍ਰਿਤਸਰ (ਪੰਜਾਬ) ਦੇ ਚੀਫ ਆਰਗੇਨਾਈਜ਼ਰ ਕਰਨਰਾਜ ਸਿੰਘ ਗਿੱਲ, ਸੂਬਾਈ ਕਾਨੂੰਨੀ ਸਲਾਹਕਾਰ ਮਨਜੀਤ ਸਿੰਘ ਵਿਰਕ, ਸੂਬਾਈ ਪ੍ਰੈੱਸ ਸਕੱਤਰ ਹਰਬਿੰਦਰ ਸਿੰਘ ਰਾਣਾ (ਖੁਸ਼ੀਪੁਰ), ਸੀਨੀ: ਮੀਤ ਪ੍ਰਧਾਨ ਤੇਜਿੰਦਰ ਸਿੰਘ ਸੋਹੀ, ਜ਼ਿਲ੍ਹਾ ਪ੍ਰਧਾਨ ਸਤਿੰਦਰ ਸਿੰਘ ਸਰਕਾਰੀਆ, ਜਨਰਲ ਸਕੱਤਰ ਕੁਲਜੀਤ ਸਿੰਘ ਵੇਰਕਾ, ਸਲਾਹਕਾਰ ਹਰਮਨਦੀਪ ਸਿੰਘ ਛੀਨਾ, ਵਿੱਤ ਸਕੱਤਰ ਹਰਪਾਲ ਸਿੰਘ ਓਠੀਆਂ, ਮੀਤ ਪ੍ਰਧਾਨ ਮਨਜੀਤ ਸਿੰਘ ਸੋਹੀਆਂ ਖੁਰਦ, ਕਸ਼ਮੀਰ ਸਿੰਘ ਸੋਹੀਆਂ, ਸਕੱਤਰ ਅਮਰਿੰਦਰ ਸਿੰਘ ਛੀਨਾ, ਲੈਕ: ਮੁਖਤਿਆਰ ਸਿੰਘ ਸਹੋਤਾ, ਸੇਵਾਮੁਕਤ ਪ੍ਰਿੰ. ਜਗਤਾਰ ਸਿੰਘ ਮਜੀਠਾ, ਗੌਰਵ ਗੁਪਤਾ, ਹਰਵਿੰਦਰ ਸਿੰਘ ਕੱਥੂਨੰਗਲ, ਗੁਰਪ੍ਰੀਤ ਸਿੰਘ ਛੇਹਰਾਟਾ, ਵਰਿੰਦਰ ਸਿੰਘ ਸੈਂਸਰਾ ਕਲਾਂ, ਜਗਜੀਤ ਸਿੰਘ ਹਰੀਪੁਰਾ ਆਦਿ ਜਥੇਬੰਦਕ ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਪੰਜਾਬ ਸਰਕਾਰ ਅਤੇ ਸਿੱਖਿਆ ਸਕੱਤਰ ਪੰਜਾਬ ਸਰਕਾਰ ਪਾਸੋਂ ਸਕੂਲਾਂ ਦਾ ਸਮਾਂ ਫੌਰੀ ਬਦਲੇ ਜਾਣ ਜਾਂ ਫਿਰ ਬੱਚਿਆਂ ਨੂੰ ਗਰਮੀਆਂ ਦੀ ਪੈਣ ਵਾਲੀਆਂ ਛੁੱਟੀਆਂ ਛੇਤੀ ਕਰਨ ਦੀ ਮੰਗ ਕੀਤੀ ਹੈ।

### * ਮਾਮਲਾ ਐਸਵਾਨ ਜਾ ਰਹੀਆਂ ਸੰਘਰਸ਼ੀ ਮਜ਼ਦੂਰ ਔਰਤਾਂ ਦੀ ਗ੍ਰਿਫ਼ਤਾਰੀ ਦਾ

## ਗ੍ਰਿਫ਼ਤਾਰ ਔਰਤਾਂ ਦੀ ਜਾਣਕਾਰੀ ਜਨਤਕ ਕਰੇ ਪੰਜਾਬ ਸਰਕਾਰ : ਇਸਤਰੀ ਜਾਗ੍ਰਿਤੀ ਮੰਚ



ਚੰਡੀਗੜ੍ਹ (ਨਜ਼ਸ)-ਇਸਤਰੀ ਜਾਗ੍ਰਿਤੀ ਮੰਚ ਵੱਲੋਂ ਬੇਗਮਪੁਰਾ ਵਸਾਉਣ ਲਈ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੀ ਅਗਵਾਈ ਹੇਠ ਸੰਗਰੂਰ ਬੀੜ ਐਸਵਾਨ ਜਾ ਰਹੀਆਂ ਮਜ਼ਦੂਰ ਔਰਤਾਂ ਨੂੰ ਭਗਵੰਤ ਸਿੰਘ ਮਾਨ ਸਰਕਾਰ ਨੇ ਗ੍ਰਿਫ਼ਤਾਰ ਕਰਕੇ ਆਪਣੇ ਅਖੌਤੀ ਔਰਤ ਪੱਖੀ ਨਕਾਬ ਨੂੰ ਹੀ ਲਾਹਿਆ ਹੈ।ਸੰਗਰੂਰ ਵਿਖੇ ਬੀੜ ਐਸਵਾਨ ਦੀ 927 ਏਕੜ ਜ਼ਮੀਨ ਉਤੇ ਆਪਣਾ ਹੱਕ ਲੈਣ ਲਈ ਜਾ ਰਹੀਆਂ ਔਰਤਾਂ ਨੂੰ ਗ੍ਰਿਫ਼ਤਾਰ ਕਰਕੇ ਕੰਮੀਆਂ ਦੇ ਹੱਕ ਵਿੱਚ ਢੌਂਗ ਕਰਨ ਵਾਲੇ ਮੁੱਖ ਮੰਤਰੀ ਦਾ ਹੀਜ ਪਿਆਜ਼ ਨੰਗਾ ਹੋ ਗਿਆ ਹੈ।ਸੰਗਰੂਰ ਪ੍ਰਸ਼ਾਸਨ ਨੇ ਬੀੜ ਐਸਵਾਨ ਜ਼ਮੀਨ ਵੱਲ ਵੱਧ ਰਹੀਆਂ ਸੈਂਕੜੇ ਔਰਤਾਂ ਨੂੰ ਵੱਖ-ਵੱਖ ਥਾਵਾਂ ਤੋਂ ਗ੍ਰਿਫ਼ਤਾਰ ਕੀਤਾ।ਕੁੱਝ ਲੋਕਾਂ ਨੂੰ ਦੇਰ ਰਾਤ ਰਿਹਾਅ ਕਰ ਦਿੱਤਾ ਗਿਆ।ਸੈਂਕੜੇ ਔਰਤਾਂ ਨੂੰ ਸੰਗਰੂਰ ਪ੍ਰਸ਼ਾਸਨ ਨੇ ਗ੍ਰਿਫ਼ਤਾਰ ਕਰਨ ਉਪਰੰਤ ਜੇਲ ਵਿੱਚ ਭੇਜ ਦਿੱਤਾ।ਇਹ ਵੀ ਜਾਣਕਾਰੀ ਪ੍ਰਾਪਤ ਹੋਈ ਹੈ ਕਿ ਬਠਿੰਡਾ ਜੇਲ ਵਿੱਚ ਬਹੁਤ ਸਾਰੀਆਂ ਔਰਤਾਂ ਨੂੰ ਨਜ਼ਰਬੰਦ ਕੀਤਾ ਗਿਆ ਹੈ ਪ੍ਰੰਤੂ ਬਾਕੀ ਔਰਤਾਂ ਨੂੰ ਕਿਸ ਜਗ੍ਹਾ ਕੈਦ ਕਰਕੇ ਰੱਖਿਆ, ਪ੍ਰਸ਼ਾਸਨ ਉਹ ਦੱਸਣ ਲਈ ਤਿਆਰ ਨਹੀਂ।ਇਸਤਰੀ ਜਾਗ੍ਰਿਤੀ ਮੰਚ ਨੇ ਮੰਗ ਕੀਤੀ ਕਿ ਸੂਬਾ ਸਰਕਾਰ ਅਤੇ ਸੰਗਰੂਰ ਪ੍ਰਸ਼ਾਸਨ ਬੇਗਮਪੁਰਾ ਵਸਾਉਣ ਤੋਂ ਰੋਕਣ ਲਈ ਗ੍ਰਿਫ਼ਤਾਰ ਕੀਤੀਆਂ ਔਰਤਾਂ ਦੀ ਗਿਣਤੀ ਜਨਤਕ ਕਰੇ ਅਤੇ ਉਨ੍ਹਾਂ ਨੂੰ ਕਿਹੜੀ-ਕਿਹੜੀ ਜੇਲ੍ਹ ਵਿੱਚ ਨਜ਼ਰਬੰਦ ਕਰਕੇ ਰੱਖਿਆ ਹੋਇਆ ਹੈ, ਬਾਰੇ ਵੀ ਦੱਸਿਆ ਜਾਵੇ ਤਾਂ ਕਿ ਫ਼ਿਕਰਮੰਦ ਪਰਿਵਾਰਾਂ ਨੂੰ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਸਹੀ ਸਲਾਮਤ ਹੋਣ ਦੀ ਜਾਣਕਾਰੀ ਮਿਲ ਸਕੇ। ਉਨ੍ਹਾਂ ਨਾਲ ਹੀ ਚੇਤਾਵਨੀ ਦਿੱਤੀ ਕਿ ਜੇਕਰ ਕਿਸੇ ਔਰਤ ਨੂੰ ਕਿਸੇ ਕਿਸਮ ਦਾ ਨੁਕਸਾਨ ਪਹੁੰਚਾਇਆ ਤਾਂ ਭਗਵੰਤ ਮਾਨ ਸਰਕਾਰ ਅਤੇ ਪ੍ਰਸ਼ਾਸਨ ਇਸ ਦੇ ਸਿੱਟੇ ਭੁਗਤਣ ਲਈ ਤਿਆਰ ਰਹਿਣ।

## 3 ਸਾਲਾਂ ਤੋਂ ਕਾਗਜ਼ਾਂ 'ਚ ਹੀ ਚੱਲਣ ਵਾਲਾ ਸਕੂਲ ਟੀਚਰ ਮੁਅੱਤਲ

ਵੇਰਕਾ (ਰਾਣਾ)-ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਐਲੀ: ਸਿੱ:) ਅੰਮ੍ਰਿਤਸਰ ਦੇ ਹੁਕਮ ਨੰ: ਅ-3/2025/168912, ਮਿਤੀ 22 ਮਈ 2025 ਅਨੁਸਾਰ ਟੀਚਰ ਦਿਲਦਾਰ ਸਿੰਘ ਸ: ਐਲੀ: ਸਕੂਲ ਪਤਾਲਪੁਰੀ ਬਲਾਕ ਮਜੀਠਾ-2 ਨੂੰ ਤਤਕਾਲ ਸਮੇਂ ਤੋਂ ਮੁਅੱਤਲ ਕਰ ਦਿੱਤਾ ਗਿਆ ਹੈ।ਇਸ ਦਾ ਹੈੱਡਕੁਆਰਟਰ ਬਲਾਕ ਐਲੀਮੈਂਟਰੀ ਸਿੱਖਿਆ ਅਫਸਰ ਚੋਗਾਵਾਂ-1 ਬਣਾਇਆ ਗਿਆ ਹੈ।ਇਥੇ ਦੱਸਣਯੋਗ ਹੈ ਕਿ ਉਕਤ ਟੀਚਰ ਜੋ ਸਰਕਾਰੀ ਐਲੀ: ਸਕੂਲ ਸਰਹਾਲਾ ਬਲਾਕ ਮਜੀਠਾ-2 ਵਿਖੇ ਪਹਿਲਾਂ ਤੈਨਾਤ ਸੀ।ਹੁਣ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਦੀ ਕਾਰਜਸ਼ੈਲੀ ਦੀ ਪੋਲ ਖੁੱਲ੍ਹੀ ਹੈ ਕਿ ਪਿਛਲੇ 3 ਸਾਲਾਂ ਤੋਂ ਬਿਨਾਂ ਬੱਚਿਆਂ ਦੇ ਮਹਿਜ਼ ਕਾਗਜ਼ਾਂ 'ਚ ਹੀ ਸਰਕਾਰੀ ਐਲੀ: ਸਕੂਲ ਸਰਹਾਲਾ ਚੱਲਦਾ ਰਿਹਾ ਹੈ।ਇੱਥੇ ਹੀ ਬੱਸ ਨਹੀਂ, ਸਗੋਂ ਕਾਗਜ਼ੀ ਕਾਰਵਾਈ 'ਚ ਹੀ ਲੱਖਾਂ ਰੁਪਏ ਦੀਆਂ ਗ੍ਰਾਂਟਾਂ ਵੀ ਸਕੂਲ 'ਚ ਖਰਚ ਕੀਤੀਆਂ ਗਈਆਂ ਹਨ।ਇਸ ਸੰਬੰਧੀ ਅਤਿ ਭਰੋਸੇਯੋਗ ਸੂਤਰਾਂ ਤੋਂ ਹਾਸਿਲ ਹੋਈ ਜਾਣਕਾਰੀ ਅਨੁਸਾਰ ਉਪਰੋਕਤ ਟੀਚਰ ਦੀ ਦਫਤਰ ਬਲਾਕ ਸਿੱਖਿਆ ਮਜੀਠਾ-2 ਵੱਲੋਂ ਪਹਿਲਾਂ ਵੀ ਐਡਜਸਟਮੈਂਟ ਕੀਤੀ ਸੀ ਗਈ ਪ੍ਰੰਤੂ ਕਿਸੇ ਵੀ ਸੈਂਟਰ ਵੱਲੋਂ ਉਸ ਨੂੰ ਹਾਜ਼ਰ ਨਹੀਂ ਕਰਵਾਇਆ ਗਿਆ ਜਿਸ ਕਾਰਨ ਮੁੜ ਇਸਨੂੰ ਸਰਕਾਰੀ ਐਲੀ: ਸਕੂਲ ਪਤਾਲਪੁਰੀ ਵਿਖੇ ਐਡਜਸਟ ਕੀਤਾ ਹੋਇਆ ਸੀ।ਇਸ ਵੱਲੋਂ ਸਕੂਲ 'ਚ ਖਰਚ ਕੀਤੀਆਂ ਗ੍ਰਾਂਟਾਂ ਸਬੰਧੀ ਵਾਰ-ਵਾਰ ਰਿਕਾਰਡ ਮੰਗਿਆ ਗਿਆ ਪਰ ਮੁਹੱਈਆ ਨਹੀਂ ਕਰਵਾਈਆਂ ਗਈਆਂ।ਇੱਥੋਂ ਤੱਕ ਕਿ ਅਧਿਆਪਕ ਐਤਵਾਰ ਨੂੰ ਛੁੱਟੀ ਵਾਲੇ ਦਿਨ ਵੀ ਗ੍ਰਾਂਟ ਦੇ ਪੈਸੇ ਕਢਵਾ ਲੈਂਦਾ ਸੀ।ਇਸ ਸਬੰਧ 'ਚ ਜ਼ਿਲ੍ਹਾ ਸਿੱਖਿਆ ਅਫਸਰ (ਐਲੀ:) ਕੰਵਲਜੀਤ ਸਿੰਘ ਵੱਲੋਂ ਲੰਘੇ ਸਾਲਾਂ ਦੀਆਂ ਗ੍ਰਾਂਟਾਂ ਦਾ ਰਿਕਾਰਡ ਮੰਗਿਆ ਗਿਆ ਹੈ।ਸਿੱਖਿਆ ਮਹਿਕਮੇ ਦਾ ਹੁਣ ਤਾਂ ਆਲਮ ਇਹ ਬਣਿਆ ਹੋਇਆ ਹੈ ਕਿ ਉਕਤ ਟੀਚਰ ਨੂੰ ਤੁਰੰਤ ਮੁਅੱਤਲ ਕਰਦੇ ਹੋਏ ਕਾਹਲ ਕਦਮੀ 'ਚ ਕਿਸੇ ਸਕੂਲ ਦੀ ਬਜਾਏ ਬੀਪੀਓ ਦਫਤਰ ਚੋਗਾਵਾਂ-1 ਨੂੰ ਹੈੱਡਕੁਆਰਟਰ ਬਣਾਇਆ ਗਿਆ ਹੈ।ਇਸ ਸੰਬੰਧ ਵਿੱਚ ਹਰਨੂਰ ਕੌਰ ਐੱਸਡੀਐੱਮ ਮਜੀਠਾ ਨਾਲ ਰਾਬਤਾ ਕਾਇਮ ਨਹੀਂ ਹੋ ਸਕਿਆ ਹੈ।

## ਏਟਕ ਯੂਨਿਟ ਮੰਡਲ ਧਾਰੀਵਾਲ ਦੀ ਅਹਿਮ ਮੀਟਿੰਗ



ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਪਾਵਰਕਾਮ ਤੇ ਟ੍ਰਾਂਸਕੋ ਪੈਨਸ਼ਨਰਜ਼ ਯੂਨੀਅਨ ਪੰਜਾਬ ਸੰਬੰਧਤ ਏਟਕ ਯੂਨਿਟ ਮੰਡਲ ਧਾਰੀਵਾਲ ਦੀ ਮੀਟਿੰਗ ਕੁਲਵੰਤ ਸਿੰਘ ਸੱਗੂ ਦੀ ਪ੍ਰਧਾਨਗੀ ਹੇਠ 132 ਕੇਵੀ ਸਬ ਸਟੇਸ਼ਨ ਧਾਰੀਵਾਲ ਵਿਖੇ ਹੋਈ।

ਮੀਟਿੰਗ ਵਿੱਚ ਮਹਿੰਦਰ ਪਾਲ ਸਿੰਘ ਸਕੱਤਰ ਤੇ ਸੂਬਾ ਆਗੂ ਹਜ਼ਾਰਾ ਸਿੰਘ ਗਿੱਲ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਯੂਨੀਅਨ ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜੋ ਮੁਲਾਜ਼ਮਾਂ/ਪੈਨਸ਼ਨਰਾਂ ਦਾ 66 ਮਹੀਨੇ ਦਾ ਬਕਾਇਆ ਜਾਰੀ ਕਰਨ ਦਾ ਪੱਤਰ ਜਾਰੀ ਕੀਤਾ ਹੈ ਉਸਨੂੰ ਰੱਦ ਕਰਦੇ ਹੋਏ ਪੈਨਸ਼ਨਰਾਂ ਦਾ ਸਾਰਾ ਬਕਾਇਆ ਯੱਕਮੁਸ਼ਤ ਦੇਣ ਦੀ ਪੁਰਜ਼ੋਰ ਮੰਗ ਕੀਤੀ। ਬੁਲਾਰਿਆਂ ਨੇ ਪਾਵਰਕਾਮ ਦੀ ਮੈਨੇਜਮੈਂਟ ਵੱਲੋਂ ਬਕਾਇਆਂ ਦੀ ਅਦਾਇਗੀ ਕਰਨ ਹਿੱਤ ਅਪਣਾਈ ਢਿੱਲਮੱਠ ਦੀ ਨੀਤੀ ਦੀ ਨਿਖੇਧੀ ਕੀਤੀ।

ਮੀਟਿੰਗ ਵਿੱਚ ਸਾਥੀ ਹਰਦੀਪ ਸਿੰਘ ਖਹਿਰਾ, ਸੱਤਪਾਲ ਸਿੰਘ, ਹਰਪਾਲ ਸਿੰਘ, ਗੁਰਮੀਤ ਸਿੰਘ, ਅਸ਼ੋਕ ਕੁਮਾਰ, ਸਤਨਾਮ ਸਿੰਘ, ਵਰਿੰਦਰ ਸਿੰਘ, ਰਤਨ ਚੰਦ, ਗੁਰਮੇਲ ਸਿੰਘ, ਸਰੂਪ ਸਿੰਘ, ਸੁਖਦੇਵ ਸਿੰਘ, ਗੁਲਜਾਰ ਸਿੰਘ, ਸਵਰਨ ਸਿੰਘ, ਸੁਖਵਿੰਦਰ ਸਿੰਘ ਆਦਿ ਪੈਨਸ਼ਨਰ ਹਾਜ਼ਰ ਸਨ।

## 'ਮਾਣ ਧੀਆਂ 'ਤੇ' ਨੂੰ ਸਮਰਪਿਤ 15ਵਾਂ ਐਵਾਰਡ ਸਮਾਰੋਹ 29 ਨੂੰ

ਮਜੀਠਾ (ਸੋਇਮ ਆਨੰਦ)-ਮੁੱਖ ਸਰਪ੍ਰਸਤ ਰਾਜੇਸ਼ ਸ਼ਰਮਾ, ਚੇਅਰਮੈਨ ਹਰਦੇਸ਼ ਸ਼ਰਮਾ, ਵਾਇਸ ਚੇਅਰਮੈਨ ਮਖਤੂਲ ਸਿੰਘ ਔਲਖ, ਸੀਨੀਅਰ ਮੀਤ ਪ੍ਰਧਾਨ ਨਿਰਵੈਰ ਸਿੰਘ ਸਰਕਾਰੀਆ ਦੀ ਯੋਗ ਅਗਵਾਈ ਹੇਠ ਚੱਲਣ ਵਾਲੀ ਜ਼ਿਲ੍ਹਾ ਅੰਮ੍ਰਿਤਸਰ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਮਾਣ ਧੀਆਂ 'ਤੇ ਸਮਾਜ ਭਲਾਈ ਸੋਸਾਇਟੀ (ਰਜਿ) ਅੰਮ੍ਰਿਤਸਰ ਵੱਲੋਂ 29 ਮਈ 2025 ਨੂੰ ਪ੍ਰਿੰਸੀਪਲ ਮਨੀਸ਼ਾ ਧਾਨੁਕਾ ਅਤੇ ਹੈੱਡ ਮਿਸਟ੍ਰੈਸ ਵਸੁੰਧਰਾ ਬਾਂਸਲ (ਬ੍ਰਾਂਚ ਅੰਬੈਸਡਰ) ਦੀ ਰਹਿਨੁਮਾਈ ਹੇਠ ਸਟਾਲਵਾਰਟਸ ਵਰਲਡ ਸਕੂਲ ਵੇਰਕਾ ਬਾਈਪਾਸ ਵਿਖੇ ਭਰੂਣ ਹੱਤਿਆ ਖ਼ਿਲਾਫ਼, ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਤਹਿਤ ਹੋਣ ਵਾਲੇ 15ਵੇਂ ਐਵਾਰਡ ਸਮਾਰੋਹ ਬਾਰੇ ਜਾਣਕਾਰੀ ਦਿੰਦਿਆਂ ਸੋਸਾਇਟੀ ਦੇ ਪ੍ਰਧਾਨ ਅਤੇ ਉੱਘੇ ਸਮਾਜ ਸੇਵੀ ਗੁਰਿੰਦਰ ਸਿੰਘ ਮੱਟੂ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਆਈਸੀਐੱਸਈ, ਸੀਬੀਐੱਸਈ ਅਤੇ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਲਈਆਂ ਗਈਆਂ 10ਵੀਂ ਅਤੇ 12ਵੀਂ ਜਮਾਤ ਦੀਆਂ ਪ੍ਰੀਖਿਆਵਾਂ ਦੇ ਨਤੀਜੇ ਵਿੱਚੋਂ ਮੈਰਿਟ ਹੋਲਡਰ ਅਤੇ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ 'ਚੋਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੀਆਂ ਹੋਣਹਾਰ ਬੇਟੀਆਂ ਨੂੰ 'ਮਾਣ ਧੀਆਂ 'ਤੇ' ਐਵਾਰਡ ਨਾਲ ਸਨਮਾਨਿਤ ਕੀਤਾ ਜਾਵੇਗਾ।ਪ੍ਰਧਾਨ ਮੱਟੂ ਵੱਲੋਂ ਐੱਸਡੀਐੱਮ ਮਜੀਠਾ ਡਾ. ਹਰਨੂਰ ਕੌਰ ਢਿੱਲੋਂ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਪੱਤਰ ਦਿੱਤਾ ਗਿਆ।ਇਸ ਮੌਕੇ ਰੀਡਰ ਵਰਿੰਦਰ ਭਾਟੀਆ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਪ੍ਰਧਾਨ ਮੱਟੂ ਨੇ ਕਿਹਾ ਕਿ ਸੰਸਥਾ ਵੱਲੋਂ ਸਾਰੇ ਸਕੂਲਾਂ ਨੂੰ ਸੱਦਾ ਪੱਤਰ ਭੇਜ ਦਿੱਤੇ ਗਏ ਹਨ।ਇਸ ਸਮਾਰੋਹ ਨੂੰ ਸਫਲ ਬਣਾਉਣ ਲਈ ਲੈਕਚਰਾਰ ਕੰਵਲਜੀਤ ਕੌਰ ਟੀਨਾ, ਕਰਮਜੀਤ ਕੌਰ ਜੱਸਲ, ਸੀਮਾ ਚੋਪੜਾ, ਗੁਰਮੀਤ ਸਿੰਘ ਸੰਧੂ, ਬਲਜਿੰਦਰ ਸਿੰਘ ਮੱਟੂ, ਦਮਨਪ੍ਰੀਤ ਕੌਰ, ਕੰਵਲਜੀਤ ਸਿੰਘ ਵਾਲੀਆ ਅਤੇ ਅਮਨਦੀਪ ਸਿੰਘ ਦਾ ਵਿਸ਼ੇਸ਼ ਸਹਿਯੋਗ ਰਹੇਗਾ।

## ਹਿੰਦੂ ਕੰਨਿਆ ਮਹਾਂ ਵਿਦਿਆਲਾ ਧਾਰੀਵਾਲ ਦਾ ਬਾਰ੍ਹਵੀਂ ਦਾ ਨਤੀਜਾ ਸੌ ਫੀਸਦੀ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਹਿੰਦੂ ਕੰਨਿਆ ਮਹਾਂ ਵਿਦਿਆਲਿਆ ਧਾਰੀਵਾਲ ਕਾਲਜ ਦਾ ਬਾਰ੍ਹਵੀਂ ਜਮਾਤ (ਪੰਜਾਬ ਸਕੂਲ ਸਿੱਖਿਆ ਬੋਰਡ) ਦਾ ਨਤੀਜਾ ਸੌ ਫੀਸਦੀ ਸ਼ਾਨਦਾਰ ਰਿਹਾ। ਸਾਰੀਆਂ ਵਿਦਿਆਰਥਣਾਂ ਚੰਗੇ ਨੰਬਰ ਲੈ ਕੇ ਪਹਿਲੇ ਦਰਜੇ ਵਿੱਚ ਪਾਸ ਹੋਈਆਂ ਹਨ। ਇਸ ਸਬੰਧੀ ਖੁਸ਼ੀ ਪ੍ਰਗਟ ਕਰਦਿਆਂ ਕਾਲਜ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਨਾਗਰਾ ਨੇ ਬੜੇ ਫਖ਼ਰ ਨਾਲ ਦੱਸਿਆ ਕਿ ਬਾਰ੍ਹਵੀਂ ਜਮਾਤ/ਨਾਨ ਮੈਡੀਕਲ ਗਰੁੱਪ ਵਿੱਚੋਂ ਵਿਦਿਆਰਥਣਾਂ ਗੀਤਿਕਾ ਅਤੇ ਜਸਪ੍ਰੀਤ ਕੌਰ ਨੇ 93% ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ, ਪਰੀਨੀਤ ਨੇ 92% ਅੰਕ ਲੈ ਕੇ ਦੂਸਰਾ ਅਤੇ ਸਟੈਫੀ ਨੇ 90% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਮੈਡੀਕਲ ਗਰੁੱਪ ਵਿੱਚੋਂ ਮਹਿਕ ਅਤੇ ਸਾਰਾ ਨੇ 91.8% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਚਰਨਜੀਤ ਕੌਰ ਨੇ 91.6% ਅੰਕ ਪ੍ਰਾਪਤ ਕਰਕੇ ਦੂਸਰਾ ਅਤੇ ਤਮੰਨਾ ਦੀਪ ਕੌਰ ਨੇ 90.2% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਆਰਟਸ ਗਰੁੱਪ ਵਿੱਚ ਰਜਵਿੰਦਰ ਕੌਰ ਨੇ 88% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਮਨਪ੍ਰੀਤ ਕੌਰ ਨੇ 83% ਅੰਕ ਪ੍ਰਾਪਤ ਕਰਕੇ ਦੂਜਾ ਅਤੇ ਪ੍ਰੀਤੀ ਨੇ 79 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਕਾਮਰਸ ਵਿੱਚੋਂ ਵਿਦਿਆਰਥਣ ਵੰਸ਼ਕਾ ਨੇ 94% ਅੰਕ ਪ੍ਰਾਪਤ ਕਰਕੇ ਪਹਿਲਾ, ਲਵ ਸਿਮਰਨ ਨੇ 91% ਅੰਕ ਪ੍ਰਾਪਤ ਕਰਕੇ ਦੂਜਾ ਤੇ ਮੁਸਕਾਨ ਨੇ 83% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਹਾਸਿਲ ਕੀਤਾ। ਇਸ ਸ਼ਾਨਦਾਰ ਨਤੀਜੇ 'ਤੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐੱਨ. ਡੀ. ਆਨੰਦ, ਜਨਰਲ ਸਕੱਤਰ ਰਮੇਸ਼ ਕੋਹਲੀ ਅਤੇ ਪ੍ਰਿੰ. ਡਾ. ਰਾਜਵਿੰਦਰ ਕੌਰ ਨਾਗਰਾ ਨੇ ਇਨ੍ਹਾਂ ਹੋਣਹਾਰ ਵਿਦਿਆਰਥਣਾਂ, ਉਨ੍ਹਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਨੇ ਵਧਾਈ ਦਿੱਤੀ ਅਤੇ ਵਿਦਿਆਰਥਣਾਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਾਲਜ ਦਾ ਨਾਮ ਰੌਸ਼ਨ ਕਰਨ ਵਾਲੀਆਂ ਵਿਦਿਆਰਥਣਾਂ ਦਾ ਫੁੱਲਾਂ ਦੇ ਹਾਰ ਪਾ ਕੇ ਸਨਮਾਨ ਕਰਦਿਆਂ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ। ਇਸ ਮੌਕੇ ਕਾਲਜ ਦਾ ਸਮੁੱਚਾ ਸਟਾਫ ਹਾਜ਼ਰ ਸੀ।

## ਦੋ ਵੱਖ-ਵੱਖ ਮਾਮਲਿਆਂ 'ਚ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲੇ ਦਰਜ

ਗੁਰਦਾਸਪੁਰ (ਜਨਕ ਮਹਾਜਨ)-ਥਾਣਾ ਘੁੰਮਣ ਕਲਾ ਦੇ ਏਐੱਸਆਈ ਕੁਲਵਿੰਦਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਪੁਲ ਨਹਿਰ ਕੁੰਜਰ 'ਤੇ ਮੌਜੂਦ ਸਨ ਕਿ ਮੁਖਬਰ ਨੇ ਇਤਲਾਹ ਦਿੱਤੀ ਕਿ ਧਰਮਿੰਦਰ ਸਿੰਘ ਪਿੰਦਾ ਪੁੱਤਰ ਸਤਵਿੰਦਰ ਸਿੰਘ ਵਾਸੀ ਸਰਜੇ ਚੱਕ ਥਾਣਾ ਕਲਾਨੌਰ ਜ਼ਹਿਰੀਲੇ/ਰੰਗ ਸਿਹਮੰਦ ਪਦਾਰਥਾਂ ਤੋਂ ਸ਼ਰਾਬ ਤਿਆਰ ਕਰਦੇ ਹਨ। ਇਸ 'ਤੇ ਤਫਤੀਸ਼ੀ ਅਫਸਰ ਨੇ ਸਮੇਤ ਪੁਲਸ ਪਾਰਟੀ ਰੇਡ ਕਰਕੇ ਧਰਮਿੰਦਰ ਸਿੰਘ ਪਿੰਦਾ ਪੁੱਤਰ ਸਤਵਿੰਦਰ ਸਿੰਘ ਵਾਸੀ ਸਰਜੇਚੱਕ ਥਾਣਾ ਕਲਾਨੌਰ ਨੂੰ ਗ੍ਰਿਫ਼ਤਾਰ ਕਰਕੇ 15 ਹਜ਼ਾਰ ਐੱਮਐੱਲ ਨਜਾਇਜ਼ ਸ਼ਰਾਬ ਬਰਾਮਦ ਹੋਈ। ਆਬਕਾਰੀ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਗਈ ਹੈ। ਇਸੇ ਤਰ੍ਹਾਂ ਥਾਣਾ ਸਿਟੀ ਗੁਰਦਾਸਪੁਰ ਦੇ ਐੱਸਆਈ. ਬਨਾਰਸੀ ਦਾਸ ਨੇ ਦੱਸਿਆ ਕਿ ਉਹ ਸਮੇਤ ਕਰਮਚਾਰੀਆਂ ਪੁਰਾਣੀ ਸਬਜ਼ੀ ਮੰਡੀ ਚੌਕ ਗੁਰਦਾਸਪੁਰ ਮੌਜੂਦ ਸਨ। ਮੁਖਬਰ ਨੇ ਇਤਲਾਹ ਦਿੱਤੀ ਕਿ ਗੋਲਮਿੱਟ ਕਾਲਜ ਗੁਰਦਾਸਪੁਰ ਦੀ ਫੁੱਟਬਾਲ ਗਰਾਊਂਡ ਦੀਆਂ ਝਾੜੀਆਂ ਵਿੱਚ ਨੌਜਵਾਨ ਨਸ਼ਾ ਵਗੈਰਾ ਕਰਦੇ ਹਨ। ਰੇਡ ਕੀਤਾ ਤਾਂ ਇਕ ਲੜਕਾ ਨੂੰ ਸਰਿੰਜ ਨਾਲ ਟੀਕਾ ਲਗਾਉਂਦੇ ਨੂੰ ਕਾਬੂ ਕੀਤਾ। ਨਾਮ ਪਤਾ ਪੁੱਛਿਆ ਤਾਂ ਲੜਕੇ ਆਪਣਾ ਨਾਂਅ ਪਰਮਜੀਤ ਸਿੰਘ ਪੁੱਤਰ ਜਗਜੀਤ ਸਿੰਘ ਵਾਸੀ ਨਬੀਪੁਰ ਥਾਣਾ ਸਦਰ ਗੁਰਦਾਸਪੁਰ ਦੱਸਿਆ ਜਿਸ ਪਾਸੋਂ ਇਕ ਸਰਿੰਜ ਬਰਾਮਦ ਕਰਕੇ ਉਸ ਖ਼ਿਲਾਫ਼ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕਰ ਲਿਆ ਹੈ।

## ਬੀਬੀ ਸੁਖਵਿੰਦਰ ਕੌਰ ਗੋਸਲ ਦੀ ਅੰਤਿਮ ਅਰਦਾਸ ਮੌਕੇ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾ ਦੇ ਫੁੱਲ ਭੇਟ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਦੇ ਮੈਨੇਜਰ ਸਤਨਾਮ ਸਿੰਘ ਗੋਸਲ਼ ਦੀ ਧਰਮ ਸੁਪਤਨੀ ਬੀਬੀ ਸੁਖਵਿੰਦਰ ਕੌਰ ਗੋਸਲ (53) ਜੋ ਕੁਝ ਦਿਨ ਪਹਿਲਾਂ ਭਰ ਜਵਾਨੀ ਵਿੱਚ ਸੰਖੇਪ ਬਿਮਾਰੀ ਉਪਰੰਤ ਅਚਾਨਕ ਪਰਿਵਾਰ ਨੂੰ ਵਿਛੋੜਾ ਦੇ ਕੇ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਨਮਿਤ ਰੱਖੇ ਸ੍ਰੀ ਅਖੰਡ ਪਾਠ ਦੇ ਭੋਗ ਉਨ੍ਹਾਂ ਦੇ ਗ੍ਰਹਿ ਪਿੰਡ ਗੋਸਲ ਵਿਖੇ ਪਾਏ ਗਏ। ਅੰਤਿਮ ਅਰਦਾਸ, ਕੀਰਤਨ ਤੇ ਸ਼ਰਧਾਂਜਲੀ ਸਮਾਗਮ ਪਿੰਡ ਗੋਸਲ ਦੇ ਗੁਰਦੁਆਰਾ ਸਾਹਿਬ ਵਿਖੇ ਕਰਵਾਇਆ ਗਿਆ।

ਇਸ ਮੌਕੇ ਭਾਈ ਮਨਜਿੰਦਰ ਸਿੰਘ, ਭਾਈ ਜਸਵਿੰਦਰ ਸਿੰਘ ਧਾਰੋਵਾਲੀ ਹਜ਼ੂਰੀ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ ਵਾਲਿਆਂ ਦੇ ਕੀਰਤਨੀ ਜਥੇ ਵੱਲੋਂ ਵਿਰਾਗਮਈ ਕੀਰਤਨ ਕੀਤਾ ਗਿਆ। ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਜਥੇਦਾਰ ਸੁੱਚਾ ਸਿੰਘ ਲੰਗਾਹ, ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਅਮਰੀਕ ਸਿੰਘ ਸ਼ਾਹਪੁਰ ਗੋਰਾਇਆ, ਮਹਿੰਦਰ ਸਿੰਘ ਸਾਬਕਾ ਸਕੱਤਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਅਤੇ ਭਾਈ ਵਰਿਆਮ ਸਿੰਘ ਹੈੱਡ ਪ੍ਰਚਾਰਕ ਪਠਾਨਕੋਟ ਸਮੇਤ ਵੱਖ-ਵੱਖ ਪੰਥਕ ਸ਼ਖ਼ਸੀਅਤਾਂ ਵੱਲੋਂ ਬੀਬੀ ਸੁਖਵਿੰਦਰ ਕੌਰ ਗੋਸਲ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਗਿਆ ਕਿ ਬੀਬੀ ਜੀ ਦੇ ਭਰ ਜਵਾਨੀ ਵਿੱਚ ਚਲੇ ਜਾਣ ਨਾਲ ਗੋਸਲ ਪਰਿਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਵੱਡਾ ਘਾਟਾ ਪਿਆ ਹੈ।ਉਹ ਬਹੁਤ ਹੀ ਨੇਕ ਦਿਲ ਤੇ ਧਾਰਮਿਕ ਵਿਚਾਰਾਂ ਵਾਲੀ ਇਸਤਰੀ ਸਨ।ਉਨ੍ਹਾਂ ਦਾ ਗੁਰੂ ਘਰ ਨਾਲ ਅਥਾਹ ਪਿਆਰ ਸੀ।ਉਨ੍ਹਾਂ ਕਿਹਾ ਕਿ ਬੀਬੀ ਸੁਖਵਿੰਦਰ ਕੌਰ ਦੇ ਸਹਿਯੋਗ ਸਦਕਾ ਉਨਾਂ ਦੇ ਪਤੀ ਮੈਨੇਜਰ ਸਤਨਾਮ ਸਿੰਘ ਗੋਸਲ਼ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਉਚ ਅਹੁਦੇ ਤੇ ਬੈਠ ਕੇ ਸੰਗਤਾਂ ਨੂੰ ਵਧੀਆ ਸੇਵਾਵਾਂ ਪ੍ਰਦਾਨ ਕਰ ਰਹੇ ਹਨ।

ਇਸ ਮੌਕੇ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਜਥੇਦਾਰ ਸੁੱਚਾ ਸਿੰਘ ਲੰਗਾਹ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਜਥੇਦਾਰ ਅਮਰੀਕ ਸਿੰਘ ਸ਼ਾਹਪੁਰ ਦੀ ਅਗਵਾਈ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮੈਨੇਜਰ ਸਤਨਾਮ ਸਿੰਘ ਗੋਸਲ਼ ਨੂੰ ਦਸਤਾਰ ਭੇਟ ਕੀਤੀ ਗਈ। ਇਸ ਮੌਕੇ ਬਾਬਾ ਸਾਹਿਬ ਸਿੰਘ ਕਾਰ ਸੇਵਾ ਵਾਲੇ, ਜਗਬੀਰ ਸਿੰਘ ਗੋਸਲ, ਮੈਨੇਜਰ ਜਗਦੀਪ ਸਿੰਘ ਤੇਜਾ ਕਲਾਂ, ਮੈਨੇਜਰ ਰਣਜੀਤ ਸਿੰਘ ਕਲਿਆਣਪੁਰ, ਚੇਅਰਮੈਨ ਜਗਤਾਰ ਸਿੰਘ ਗੋਸਲ, ਮੈਨੇਜਰ ਚਰਨਜੀਤ ਸਿੰਘ, ਇੰਸਪੈਕਟਰ ਬਲਜੀਤ ਸਿੰਘ ਤਲਵੰਡੀ ਰਾਮਾ, ਪਰਮਵੀਰ ਸਿੰਘ ਲਾਡੀ, ਐਕਸੀਅਨ ਜਤਿੰਦਰ ਪਾਲ ਸਿੰਘ, ਐੱਸਡੀਓ ਰਘਬੀਰ ਸਿੰਘ, ਅਵਤਾਰ ਸਿੰਘ ਕਵੀਸ਼ਰ, ਸਤਬੀਰ ਸਿੰਘ ਬਿੱਟੂ, ਡਾ. ਮਲਤਾਨੀ, ਜਸਵੰਤ ਸਿੰਘ ਫੌਜੀ, ਰਣਜੀਤ ਸਿੰਘ, ਗੁਰਦੇਵ ਸਿੰਘ ਠੇਠਰਕੇ, ਅਮਰਜੀਤ ਸਿੰਘ ਝੰਗੀ, ਧਰਮਪਾਲ ਸਿੰਘ ਡੇਰਾ, ਅਸ਼ੋਕ ਕਾਮਰੇਡ, ਮਨਜੀਤ ਸਿੰਘ ਲਾਲੇ ਨੰਗਲ, ਸੁਖਰਾਜ ਸਿੰਘ ਹੈੱਡ ਗ੍ਰੰਥੀ ਬਾਹਠ ਸਾਹਿਬ, ਸਰਬਜੀਤ ਸਿੰਘ ਮੈਨੇਜਰ ਗੁਰਦੁਆਰਾ ਬਾਠ ਸਾਹਿਬ, ਪ੍ਰਗਟ ਸਿੰਘ ਮੈਨੇਜਰ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਰਮਦਾਸ, ਜਥੇਦਾਰ ਰਜਿੰਦਰ ਸਿੰਘ ਬਾਜਵਾ ਵੇਰੋਕੇ, ਹਰਸਿਮਰਤ ਸਿੰਘ ਬਾਜਵਾ, ਚਰਨਜੀਤ ਸਿੰਘ ਬੇਦੀ, ਸਤਨਾਮ ਸਿੰਘ ਠੇਠਰਕੇ, ਤੇਜਬੀਰ ਸਿੰਘ ਪੀਏ, ਜੱਗਾ ਤਲਵੰਡੀ ਗੋਰਾਇਆ, ਸੁਰਜੀਤ ਸਿੰਘ ਚਾਕਾਂਵਾਲੀ ਸਮੇਤ ਸਮੂਹ ਸਟਾਫ ਅਕਾਊਂਟ ਬ੍ਰਾਂਚ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਅਤੇ ਵੱਡੀ ਗਿਣਤੀ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਚਾਰਕ, ਗ੍ਰੰਥੀ ਸਿੰਘ ਤੇ ਉਨ੍ਹਾਂ ਦੇ ਰਿਸ਼ਤੇਦਾਰ ਹਾਜ਼ਰ ਸਨ।

## ਬੀਕਾਨੇਰ ਚੌਕ ਤੋਂ ਪੰਚਾਇਤ ਭਵਨ ਨੂੰ ਜਾਣ ਵਾਲੀ ਸੜਕ ਦੀ ਹਾਲਤ ਖਸਤਾ, ਰਾਹਗੀਰ ਪ੍ਰੇਸ਼ਾਨ



ਗੁਰਦਾਸਪੁਰ (ਜਨਕ ਮਹਾਜਨ)-ਗੁਰਦਾਸਪੁਰ ਸ਼ਹਿਰ ਦੇ ਬੀਕਾਨੇਰ ਚੌਕ ਤੋਂ ਪੰਚਾਇਤ ਭਵਨ ਨੂੰ ਜਾਣ ਵਾਲੀ ਸੜਕ 'ਤੇ ਪਈ ਪ੍ਰੀਮਿਕਸ ਉਖੜਨ ਨਾਲ ਬਜਰੀ ਉਖੜ ਕੇ ਸੜਕ ਵਿਚਕਾਰ ਖਿਲਰ ਗਈ ਹੈ ਜਿਸ ਕਾਰਨ ਇਥੋਂ ਗੁਜ਼ਰਨ ਵਾਲੇ ਰਾਹਗੀਰਾਂ ਨੂੰ ਭਾਰੀ ਮੁਸ਼ਕਲਾਂ ਪੇਸ਼ ਆ ਰਹੀਆਂ ਹਨ। ਕੁਝ ਸਮਾਂ ਪਹਿਲਾਂ ਇਸ ਸੜਕ ਦੀ ਪੈਚਵਰਕ ਕਰਕੇ ਮੁਰੰਮਤ ਵਗੈਰਾ ਕੀਤੀ ਗਈ ਸੀ ਪਰ ਹੁਣ ਦੁਬਾਰਾ ਇਹ ਸੜਕ ਟੁੱਟਣੀ ਸ਼ੁਰੂ ਹੋ ਗਈ ਹੈ। ਇਸ ਪਾਸੇ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਦਾ ਧਿਆਨ ਨਾ ਹੋਣ ਕਰਕੇ ਲੋਕਾਂ ਦਾ ਵਿਭਾਗ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਮੁਲਾਜ਼ਮ ਆਗੂ ਸੁਰਿੰਦਰ ਪੱਪੂ, ਮੱਖਣ ਸਿੰਘ, ਜਗਦੀਸ਼ ਰਾਜ, ਤਰਲੋਕ ਸਿੰਘ ਨੇ ਦੱਸਿਆ ਕਿ ਇਹ ਸੜਕ ਪੰਚਾਇਤ ਭਵਨ ਨੂੰ ਜਾਂਦੀ ਹੈ ਜਿੱਥੇ ਆਏ ਦਿਨ ਪੰਜਾਬ ਦੇ ਮੰਤਰੀ ਅਤੇ ਜ਼ਿਲ੍ਹਾ ਪ੍ਰਸ਼ਾਸਨ ਅਧਿਕਾਰੀ ਰਾਹੀਂ ਆਉਂਦੇ-ਜਾਂਦੇ ਰਹਿੰਦੇ ਹਨ। ਇਸ ਸੜਕ 'ਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ, ਜ਼ਿਲ੍ਹਾ ਪੁਲਿਸ ਮੁਖੀ ਗੁਰਦਾਸਪੁਰ ਅਤੇ ਜ਼ਿਲ੍ਹਾ ਸੈਸ਼ਨ ਜੱਜ ਗੁਰਦਾਸਪੁਰ ਦੀ ਰਿਹਾਇਸ਼ ਵੀ ਹੈ। ਇਸ ਸੜਕ ਨੂੰ ਵੀ.ਵੀ.ਆਈ.ਪੀ. ਸੜਕ ਵੀ ਕਿਹਾ ਜਾ ਸਕਦਾ ਹੈ। ਸ਼ਹਿਰ ਵਾਸੀਆਂ ਨੇ ਲੋਕ ਨਿਰਮਾਣ ਵਿਭਾਗ ਗੁਰਦਾਸਪੁਰ ਪਾਸੋਂ ਮੰਗ ਕੀਤੀ ਗਈ ਇਸ ਸੜਕ ਦੀ ਮੁਰੰਮਤ ਪਹਿਲ ਦੇ ਅਧਾਰ 'ਤੇ ਕਰਵਾਈ ਜਾਵੇ ਤਾਂ ਜੋ ਆਉਣ ਜਾਣ ਵਾਲੇ ਵਾਹਨ ਚਾਲਕਾਂ ਨੂੰ ਕੋਈ ਮੁਸ਼ਕਿਲ ਪੇਸ਼ ਨਾ ਆਵੇ।

## ਸੀ ਐੱਚ ਸੀ ਝਬਾਲ ਦੇ ਸਿਹਤ ਕਰਮਚਾਰੀਆਂ ਨੇ ਡੇਂਗੂ ਤੋਂ ਬਚਾਅ ਸਬੰਧੀ ਕੀਤਾ ਜਾਗਰੂਕ



ਸਰਾਏ ਅਮਾਨਤ ਖਾਂ (ਮੱਖਣ ਮਨੋਜ)-ਮਾਨਯੋਗ ਸਿਹਤ ਮੰਤਰੀ ਪੰਜਾਬ ਦੇ ਹੁਕਮਾਂ ਦੀ ਪਾਲਣਾ ਕਰਦਿਆਂ ਸਿਵਲ ਸਰਜਨ ਜ਼ਿਲ੍ਹਾ ਤਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਅਤੇ ਜ਼ਿਲ੍ਹਾ ਐਪੀਡੈਮੋਲੋਜਿਸਟ ਡਾ. ਅਵਲੀਨ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫ਼ਸਰ ਸੀਐੱਚਸੀ ਝਬਾਲ ਡਾ. ਮਨਜੀਤ ਸਿੰਘ ਰਟੌਲ ਦੀ ਯੋਗ ਅਗਵਾਈ ਹੇਠ ਸੀਐੱਚਸੀ ਝਬਾਲ ਵਿਖੇ ਡੇਂਗੂ ਵਿਰੋਧੀ ਜਾਗਰੂਕਤਾ ਲੈਕਚਰ ਦਿੱਤਾ ਗਿਆ ਜਿਸ ਵਿੱਚ ਸਿਹਤ ਕਰਮੀਆਂ ਵੱਲੋਂ ਡੇਂਗੂ ਤੋਂ ਬਚਾਅ ਸਬੰਧੀ ਜਾਣਕਾਰੀ ਦਿੱਤੀ ਗਈ।ਇਸ ਮੌਕੇ ਹੈਲਥ ਸੁਪਰਵਾਈਜ਼ਰ ਰਾਮ ਰਸ਼ਪਾਲ ਨੇ ਡੇਂਗੂ ਬੁਖ਼ਾਰ ਦੇ ਕਾਰਨ, ਲੱਛਣਾਂ ਅਤੇ ਇਲਾਜ ਬਾਰੇ ਜਾਣਕਾਰੀ ਦਿੱਤੀ ਅਤੇ ਦੱਸਿਆ ਕਿ ਡੇਂਗੂ ਦਾ ਮੱਛਰ ਸਾਫ ਪਾਣੀ ਉੱਪਰ ਪੈਦਾ ਹੁੰਦਾ ਹੈ ਅਤੇ ਇਹ ਦਿਨ ਵੇਲੇ ਜਾਂ ਤੜਕੇ ਕੱਟਦਾ ਹੈ।ਉਨ੍ਹਾਂ ਕਿਹਾ ਕਿ ਘਰਾਂ ਵਿੱਚ ਗਮਲਿਆਂ, ਚਬੱਚਿਆਂ, ਕੂਲਰਾਂ ਅਤੇ ਫਰਿੱਜਾਂ ਦੀਆਂ ਵੇਸਟ ਪਾਣੀ ਵਾਲੀਆਂ ਟਰੇਆਂ ਆਦਿ ਵਿੱਚ ਜ਼ਿਆਦਾ ਦਿਨ ਪਾਣੀ ਜਮ੍ਹਾਂ ਰਹਿਣ ਨਾਲ ਡੇਂਗੂ ਦਾ ਮੱਛਰ ਪੈਦਾ ਹੋ ਸਕਦਾ ਹੈ।ਇਸ ਕਰਕੇ ਹਫਤੇ ਵਿੱਚ ਇੱਕ ਦਿਨ ਅਜਿਹੀਆਂ ਥਾਵਾਂ ਦੀ ਸਫਾਈ ਕਰਨਾ ਬਹੁਤ ਜ਼ਰੂਰੀ ਹੈ। ਬਲਾਕ ਐਕਸਟੈਂਸ਼ਨ ਅਜੂਕੇਟਰ ਗੁਰਲਾਲ ਸਿੰਘ ਨੇ ਕਿਹਾ ਕਿ ਤੇਜ਼ ਬੁਖ਼ਾਰ, ਸਰੀਰ ਤੇ ਲਾਲ ਰੰਗ ਦੇ ਬਿੰਦੂ, ਸਿਰ ਦਰਦ, ਸਰੀਰ ਟੁੱਟਣਾ ਭੱਜਣਾ, ਅੱਖਾਂ ਦੇ ਪਿਛਲੇ ਪਾਸੇ ਅਤੇ ਜੋੜਾਂ ਵਿੱਚ ਦਰਦ ਆਦਿ ਲੱਛਣ ਨਜ਼ਰ ਆਉਣ ਦੀ ਸੂਰਤ ਵਿੱਚ ਅਣਗਹਿਲੀ ਕਰਨ ਜਾਂ ਆਪਣੀ ਮਨਮਰਜੀ ਨਾਲ ਦਵਾਈ ਲੈਣ ਦੀ ਬਜਾਏ ਤੁਰੰਤ ਨਜ਼ਦੀਕੀ ਸਿਹਤ ਕੇਂਦਰ ਵਿਖੇ ਖ਼ੂਨ ਦੀ ਜਾਂਚ ਕਰਵਾਉਣ ਉਪਰੰਤ ਡਾਕਟਰੀ ਸਲਾਹ ਅਨੁਸਾਰ ਹੀ ਇਲਾਜ ਕਰਵਾਉਣਾ ਚਾਹੀਦਾ ਹੈ।ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਮਨਜੀਤ ਸਿੰਘ ਰਟੌਲ, ਡਾ. ਹਰਪ੍ਰੀਤ ਸਿੰਘ ਮੈਡੀਕਲ ਅਫ਼ਸਰ, ਡਾ. ਅਮਨ ਮਹਿਤਾ ਏਐੱਮਓ, ਗੁਰਲਾਲ ਸਿੰਘ ਬਲਾਕ ਐਕਸਟੈਂਸ਼ਨ ਐਜੂਕੇਟਰ, ਸੀਨੀਅਰ ਫਾਰਮੇਸੀ ਅਫ਼ਸਰ ਮੁਨੀਸ਼ ਮਹਿਤਾ, ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ ਸ੍ਰ.ਰਾਮ ਰਸ਼ਪਾਲ ਅਤੇ ਸ੍ਰ.ਗੁਰਵਿੰਦਰ ਸਿੰਘ, ਮਲਟੀਪਰਪਜ਼ ਹੈਲਥ ਵਰਕਰ ਸਵਪਰਮਿੰਦਰ ਸਿੰਘ, ਅਮਨਦੀਪ ਸਿੰਘ, ਵਰਿੰਦਰ ਕੌਰ ਏਐੱਨਐੱਮ ਆਦਿ ਹਾਜ਼ਰ ਸਨ।

## ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਲਾਇਬ੍ਰੇਰੀ ਦੀ ਮਹੱਤਤਾ ਸੰਬੰਧੀ ਓਰੀਐਂਟੇਸ਼ਨ ਪ੍ਰੋਗਰਾਮ



ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਅਤੇ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਦੀ ਦੇਖ-ਰੇਖ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਅਜੋਕੇ ਵਿਦਿਆਰਥੀ ਵਰਗ ਨੂੰ ਲਾਇਬ੍ਰੇਰੀ ਦੀ ਮਹੱਤਤਾ ਤੋਂ ਜਾਣੂ ਕਰਵਾਉਣ ਲਈ ਓਰੀਐਂਟੇਸ਼ਨ ਪ੍ਰੋਗਰਾਮ ਕਰਵਾਇਆ ਗਿਆ। ਕਾਲਜ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ ਅਧੀਨ ਕਾਲਜ ਲਾਇਬ੍ਰੇਰੀਅਨ ਸਰਬਜੀਤ ਕੌਰ ਨੇ ਇਹ ਪ੍ਰੋਗਰਾਮ ਉਲੀਕਿਆ। ਇਸ ਪ੍ਰੋਗਰਾਮ ਵਿੱਚ ਕਾਲਜ ਦੇ 10+1 ਅਤੇ 10+2 ਜਮਾਤਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਮੌਕੇ ਵਿਦਿਆਰਥੀਆਂ ਨੂੰ ਲਾਇਬ੍ਰੇਰੀ ਕਾਰਡ ਬਣਾਉਣ ਸਬੰਧੀ ਜਾਗਰੂਕ ਕੀਤਾ ਗਿਆ। ਵਿਦਿਆਰਥੀਆਂ ਨੂੰ ਆਨਲਾਈਨ ਕਿਤਾਬਾਂ ਲੱਭਣ ਅਤੇ 'ਮੁਫਤ ਕਿਤਾਬ ਵੈੱਬਸਾਈਟ' ਤੋਂ ਕਿਤਾਬਾਂ ਪੜ੍ਹਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਵਿਦਿਆਰਥੀਆਂ ਨੂੰ ਅਜੋਕੇ ਸਮੇਂ ਦੇ ਹਾਣੀ ਬਣਨ ਲਈ ਈ-ਜਰਨਲ ਅਤੇ ਈ-ਮੈਗਜ਼ੀਨ ਪੜ੍ਹਨ ਅਤੇ ਵੱਧ ਤੋਂ ਵੱਧ ਗਿਆਨ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਗਿਆ। ਲਾਇਬ੍ਰੇਰੀਅਨ ਸਰਬਜੀਤ ਕੌਰ ਨੇ ਵਿਦਿਆਰਥੀਆਂ ਨੂੰ ਕਿਤਾਬਾਂ ਦੀ ਮਹੱਤਤਾ ਨੂੰ ਸਮਝਣ ਅਤੇ ਇਹਨਾਂ ਦੀ ਸਾਂਭ ਸੰਭਾਲ ਕਰਨ ਦੀ ਗੱਲ ਵੀ ਆਖੀ। ਕਾਲਜ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਕਿਤਾਬਾਂ ਵਿਦਿਆਰਥੀ ਜੀਵਨ ਦਾ ਅਨਮੋਲ ਗਹਿਣਾ ਹਨ। ਕਿਤਾਬਾਂ ਨੂੰ ਪਿਆਰ ਕਰਨ ਵਾਲੇ ਵਿਦਿਆਰਥੀ ਜ਼ਿੰਦਗੀ ਵਿੱਚ ਹਮੇਸ਼ਾ ਕਾਮਯਾਬ ਹੁੰਦੇ ਹਨ। ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਦੀ ਨਜ਼ਾਕਤ ਨੂੰ ਸਮਝਦੇ ਹੋਏ ਵਿਦਿਆਰਥੀ ਵਰਗ ਨੂੰ ਕਿਤਾਬਾਂ ਨਾਲ ਜੋੜੀ ਰੱਖਣ ਲਈ ਅਜਿਹੇ ਪ੍ਰੋਗਰਾਮ ਕਰਵਾਏ ਜਾਣੇ ਬਹੁਤ ਜ਼ਰੂਰੀ ਹਨ। ਇਸ ਮੌਕੇ ਕਾਲਜ ਦੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

## ਨਸ਼ੇ ਅਤੇ ਹੋਰ ਸਮਾਜਿਕ ਬੁਰਾਈਆਂ ਦਾ ਖਾਤਮਾ ਕਰਨਾ ਜ਼ਰੂਰੀ : ਰਘਬੀਰ ਸਿੰਘ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਪ੍ਰਸਿੱਧ ਕਾਰੋਬਾਰੀ ਅਤੇ ਧਾਰਮਿਕ ਤੇ ਸਮਾਜ ਸੇਵਾ ਆਗੂ ਕੈਨੇਡਾ ਨਿਵਾਸੀ ਰਘਬੀਰ ਸਿੰਘ ਰੰਧਾਵਾ ਭੱਟੀਕੇ ਨੇ ਇੱਕ ਵਿਸ਼ੇਸ਼ ਗੱਲਬਾਤ ਦੌਰਾਨ ਕਿਹਾ ਕਿ ਨਸ਼ੇ ਅਤੇ ਹੋਰ ਬੁਰਾਈਆਂ ਸਾਡੇ ਸਮਾਜ ਦੇ ਮੱਥੇ ਉਪਰ ਕਲੰਕ ਹਨ। ਇਨ੍ਹਾਂ ਦਾ ਖਾਤਮਾ ਕਰਨਾ ਅਤਿ ਜ਼ਰੂਰੀ ਹੈ ਅਤੇ ਨਰੋਏ ਸਮਾਜ ਦੀ ਸਿਰਜਣਾ ਲਈ ਸਾਂਝੇ ਤੌਰ 'ਤੇ ਯਤਨ ਕਰਨੇ ਚਾਹੀਦੇ ਹਨ। ਇਸਦੇ ਨਾਲ ਨਾਲ ਸਾਨੂੰ ਸਮਾਜ ਭਲਾਈ ਦੇ ਕੰਮਾਂ ਵਿੱਚ ਵੱਧ ਚੜ੍ਹ ਕੇ ਹਿਸਾ ਲੈਣਾ ਚਾਹੀਦਾ ਹੈ ਅਤੇ ਲੋੜਵੰਦਾਂ ਦੀ ਮਦਦ ਵੀ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਨਸ਼ੇ ਅਤੇ ਹੋਰ ਸਮਾਜਿਕ ਬੁਰਾਈਆ ਦੇ ਖਾਤਮੇ ਲਈ ਮਿਲਜੁਲ ਕੇ ਯਤਨ ਕਰਨੇ ਚਾਹੀਦੇ ਹਨ ਤਾਂ ਜੋ ਸਾਡਾ ਪੰਜਾਬ ਮੁੜ ਤੋਂ ਰੰਗਲਾਂ ਪੰਜਾਬ ਬਣ ਸਕੇ।

ਉਨ੍ਹਾਂ ਕਿਹਾ ਕਿ ਨਸ਼ੇ ਅਤੇ ਸਮਾਜਿਕ ਬੁਰਾਈਆਂ ਨੂੰ ਖਤਮ ਕਰਨਾ ਕਿਸੇ ਇੱਕ ਇੱਕਲੇ ਵਿਅਕਤੀ ਜਾਂ ਸਰਕਾਰ ਦਾ ਕੰਮ ਨਹੀ ਹੈ। ਇਸ ਵਾਸਤੇ ਸਾਂਝੇ ਯਤਨਾਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਨਿਰੋਏ ਸਮਾਜ ਦੀ ਸਿਰਜਣਾ ਲਈ ਸਾਂਝੇ ਤੌਰ ਤੇ ਯਤਨ ਕਰਨਾ ਅਤਿ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸਿਹਤਮੰਦ ਸਮਾਜ ਦੀ ਸਿਰਜਣਾ ਲਈ ਵੀ ਪੂਰੀ ਗੰਭੀਰਤਾ ਨਾਲ ਯਤਨ ਕਰਨੇ ਚਾਹੀਦੇ ਹਨ ਤਾਂ ਜੋ ਸਮਾਜਿਕ ਬੁਰਾਈਆਂ ਦਾ ਖਾਤਮਾ ਕਰਦੇ ਹੋਏ ਇਕ ਨਿਰੋਏ ਸਮਾਜ ਦੀ ਸਿਰਜਣਾ ਹੋ ਸਕੇ।

## ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਲੋਕ ਸਹਿਯੋਗ ਦੇਣ: ਕਟਾਰੂਚੱਕ




ਪਠਾਨਕੋਟ (ਦਵਿੰਦਰ ਸਿੰਘ)-ਮਾਨਯੋਗ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਕੱਢੀ ਗਈ ਨਸ਼ਾ ਮੁਕਤੀ ਯਾਤਰਾ ਅਧੀਨ ਪਿੰਡ ਬੱਸੀ, ਕੂੜੇ ਅਤੇ ਪਿੰਡ ਫਿਰੋਜ਼ਪੁਰ ਅੰਦਰ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਸਰਕਾਰ ਦੇ ਇਸ ਉਪਰਾਲੇ ਦੀ ਲੋਕਾਂ ਵੱਲੋਂ ਸਰਾਹਨਾ ਕੀਤੀ ਜਾ ਰਹੀ ਹੈ।ਇਹ ਪ੍ਰਗਟਾਵਾ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਵੱਖ-ਵੱਖ ਪਿੰਡਾਂ ਅੰਦਰ ਕੱਢੀ ਗਈ ਨਸ਼ਾ ਮੁਕਤੀ ਯਾਤਰਾ ਦੌਰਾਨ ਸੰਬੋਧਤ ਕਰਦਿਆਂ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਕੁਮਾਰ ਸੈਣੀ ਜ਼ਿਲ੍ਹਾ ਪ੍ਰਧਾਨ ਬੀ.ਸੀ. ਸੈਲ ਪਠਾਨਕੋਟ, ਵਿਜੈ ਕੁਮਾਰ ਕਟਾਰੂਚੱਕ, ਪਵਨ ਕੁਮਾਰ ਫੌਜੀ ਬਲਾਕ ਪ੍ਰਧਾਨ, ਵਿਜੇ ਕਟਾਰੂ ਚੱਕ, ਦਰਸ਼ਨ ਢੀਂਗਰਾ, ਪਿੰਡ ਬੱਸੀ ਸਰਪੰਚ ਮਨਦੀਪ ਸਿੰਘ, ਪਿੰਡ ਫਿਰੋਜ਼ਪੁਰ ਸਰਪੰਚ ਸੁਰੇਸ਼ ਕੁਮਾਰ ਅਤੇ ਆਮ ਆਦਮੀ ਪਾਰਟੀ ਦੇ ਹੋਰ ਕਾਰਜਕਰਤਾ ਵੀ ਹਾਜ਼ਰ ਸਨ।ਉਨ੍ਹਾਂ ਕਿਹਾ ਕਿ ਅੱਜ ਉਨ੍ਹਾਂ ਵੱਲੋਂ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਬੱਸੀ, ਕੂੜੇ ਅਤੇ ਪਿੰਡ ਫਿਰੋਜ਼ਪੁਰ ਵਿਖੇ ਯੁੱਧ ਨਸ਼ਿਆਂ ਵਿਰੁੱਧ ਚਲਾਈ ਮੁਹਿੰਮ ਅਧੀਨ ਹੀ ਨਸ਼ਾ ਮੁਕਤੀ ਯਾਤਰਾ ਕੱਢੀ ਗਈ ਜਿਸ ਅਧੀਨ ਲੋਕਾਂ ਨੂੰ ਨਸ਼ੇ ਤੋਂ ਦੂਰ ਰਹਿਣ ਲਈ ਜਾਗਰੂਕ ਕੀਤਾ ਗਿਆ।ਉਨ੍ਹਾਂ ਕਿਹਾ ਕਿ ਅਗਰ ਆਪ ਦੀ ਗਲੀ ਜਾਂ ਮੁਹੱਲੇ ਵਿੱਚ ਕੋਈ ਵੀ ਵਿਅਕਤੀ ਨਸ਼ੇ ਦਾ ਕਾਰੋਬਾਰ ਕਰਦਾ ਹੈ ਤਾਂ ਇਸ ਦੀ ਸੂਚਨਾ ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਗਏ ਵੱਟਸਅੱਪ ਨੰਬਰਾਂ 'ਤੇ ਦਿੱਤੀ ਜਾਵੇ ਅਤੇ ਇਸ ਦੇ ਨਾਲ ਹੀ ਜਿਸ ਵਿਅਕਤੀ ਵੱਲੋਂ ਨਸ਼ੇ ਦੇ ਕਾਰੋਬਾਰ ਸਬੰਧੀ ਸੂਚਨਾ ਦਿੱਤੀ ਜਾਵੇਗੀ ਉਸ ਵਿਅਕਤੀ ਦਾ ਨਾਮ ਅਤੇ ਪਤਾ ਗੁਪਤ ਰੱਖਿਆ ਜਾਵੇਗਾ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ੇ ਦਾ ਕਾਰੋਬਾਰ ਕਰਨ ਵਾਲਿਆਂ ਦੀ ਸੂਚਨਾ ਦੇ ਕੇ ਉਹ ਪੰਜਾਬ ਦੀ ਜਵਾਨੀ ਨੂੰ ਬਰਬਾਦ ਹੋਣ ਤੋਂ ਬਚਾ ਸਕਦੇ ਹਨ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਹਰ ਨਸ਼ੇ ਤੋਂ ਦੂਰ ਰਹਿਣਾ ਚਾਹੀਦਾ ਹੈ।

## ਨਸ਼ਿਆਂ ਨੂੰ ਖਤਮ ਕਰਨ ਦੀ ਸਹੁੰ ਚੁਕਾਈ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਹਲਕਾ ਫਤਿਹਗੜ੍ਹ ਚੂੜੀਆਂ ਵਿੱਚ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਪਿੰਡ ਤਲਵੰਡੀ ਲਾਲ ਸਿੰਘ, ਕਿਲਾ ਲਾਲ ਸਿੰਘ ਅਤੇ ਭਾਗੋਵਾਲ ਵਿੱਚ ਮੀਟਿੰਗ ਕੀਤੀ ਗਈ ਅਤੇ ਇਸ ਮੌਕੇ ਉਨ੍ਹਾਂ ਵੱਲੋਂ ਲੋਕਾਂ ਨੂੰ ਨਸ਼ਿਆਂ ਨੂੰ ਖਤਮ ਕਰਨਾ ਦੀ ਸਹੁੰ ਚੁਕਾਈ ਗਈ। ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕੀ ਨਸ਼ਿਆਂ ਵਿਰੁੱਧ ਚੱਲ ਰਹੀ ਨਸ਼ਾ ਮੁਕਤੀ ਯਾਤਰਾ ਵਿੱਚ ਪਿੰਡ ਵਾਲਿਆਂ ਦਾ ਸਾਥ ਬਹੁਤ ਜ਼ਰੂਰੀ ਹੈ ਤਾਂ ਜੋ ਹਰ ਪਿੰਡ ਵਿੱਚ ਨਸ਼ਾ ਖਤਮ ਹੋ ਸਕੇ ਅਤੇ ਪੰਜਾਬ ਨੂੰ ਹੱਸਦਾ ਵੱਸਦਾ ਰੰਗਲਾ ਪੰਜਾਬ ਬਣਾਇਆ ਜਾ ਸਕੇ।ਉਨ੍ਹਾਂ ਪਿੰਡ ਵਾਸੀਆਂ ਨੂੰ ਨਸ਼ਿਆਂ ਨੂੰ ਖਤਮ ਕਰਨ ਲਈ ਇੱਕਜੁਟ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਸਾਰਿਆਂ ਦੇ ਸਹਿਯੋਗ ਨਾਲ ਇਸ ਬਿਮਾਰੀ ਨੂੰ ਖਤਮ ਕੀਤਾ ਜਾਵੇਗਾ।

ਇਸ ਮੌਕੇ ਸਰਪੰਚ ਜਸਪਾਲ ਸਿੰਘ ਟਿੰਕੂ, ਸੂਬੇਦਾਰ ਸਤਨਾਮ ਸਿੰਘ, ਸਰਪੰਚ ਜਸਬੀਰ ਕੌਰ, ਸਰਪੰਚ ਪਲਵਿੰਦਰ ਸਿੰਘ ਭਾਗੋਵਾਲ, ਡਾਕਟਰ ਗੁਰਦਿੱਤ ਸਿੰਘ, ਗੁਰਪ੍ਰੀਤ ਸਿੰਘ, ਡਾਕਟਰ ਅਵਤਾਰ ਸਿੰਘ, ਬੀਬੀ ਸਿਮਰਨ ਕੌਰ, ਬੀਬੀ ਸੁਨੀਤਾ, ਦੇਸ ਰਾਜ, ਹੰਸ ਰਾਜ, ਬੀਬੀ ਨੰਦਨੀ, ਵਿਜੇ ਕੁਮਾਰ ਪ੍ਰੀਤਪਾਲ ਕੌਰ, ਪੰਚ ਭੁਪਿੰਦਰ ਸਿੰਘ, ਪੰਚ ਗੁਰਦੀਪ ਸਿੰਘ, ਪੰਚ ਮੰਗੇਸ਼ ਕੁਮਾਰ, ਪੰਚ ਵਿਕਰਮਜੀਤ ਸਿੰਘ, ਪੰਚ ਕਸ਼ਮੀਰ ਸਿੰਘ, ਪੰਚ ਸੁਖਪਾਲ ਸਿੰਘ, ਪੰਚ ਕੁਲਵੰਤ ਸਿੰਘ, ਪੰਚ ਦਿਲਬਾਗ ਸਿੰਘ, ਬਲਾਕ ਪ੍ਰਧਾਨ ਮਲਜਿੰਦਰ ਸਿੰਘ, ਬਲਾਕ ਪ੍ਰਧਾਨ ਸ਼ਮਸ਼ੇਰ ਸਿੰਘ, ਸਰਪੰਚ ਗੁਰਬਿੰਦਰ ਸਿੰਘ ਕਾਦੀਆਂ, ਬਲਾਕ ਪ੍ਰਧਾਨ ਹਰਦੀਪ ਸਿੰਘ, ਸਰਪੰਚ ਹਰਦੀਪ ਸਿੰਘ ਦਮੋਦਰ, ਰਘਬੀਰ ਸਿੰਘ ਅਠਵਾਲ, ਗਗਨਦੀਪ ਸਿੰਘ ਕੋਟਲਾ ਬਾਮਾ, ਗੁਰਪ੍ਰਤਾਪ ਸਿੰਘ, ਗੁਰਦੇਵ ਔਜਲਾ, ਬਲਾਕ ਪ੍ਰਧਾਨ ਜਗਜੀਤ ਸਿੰਘ ਆਜ਼ਮਪੁਰ ਅਤੇ ਬਲਾਕ ਪ੍ਰਧਾਨ ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਚੇਅਰਮੈਨ ਬਹਿਲ ਵੱਲੋਂ ਆਲੇਚੱਕ, ਭਾਗੋਕਾਵਾਂ ਤੇ ਹੇਮਰਾਜਪੁਰ 'ਚ ਡਿਫੈਂਸ ਕਮੇਟੀਆਂ ਨਾਲ ਮੀਟਿੰਗਾਂ



ਗੁਰਦਾਸਪੁਰ, (ਦਿਨੇਸ਼ ਕੁਮਾਰ)-ਨਸ਼ਾ ਮੁਕਤੀ ਯਾਤਰਾ ਨਸ਼ਿਆਂ ਦੇ ਖ਼ਾਤਮੇ ਲਈ ਸੂਬਾ ਸਰਕਾਰ ਦੀ ਇੱਕ ਅਜਿਹੀ ਪਹਿਲ ਕਦਮੀ ਹੈ, ਜਿਸ ਰਾਹੀਂ ਲੋਕਾਂ ਨਾਲ ਸਿੱਧਾ ਰਾਬਤਾ ਰੱਖਿਆ ਜਾ ਰਿਹਾ ਹੈ ਅਤੇ ਸੂਬੇ ਵਿੱਚੋਂ ਨਸ਼ਿਆਂ ਦਾ ਮੁਕੰਮਲ ਖ਼ਾਤਮਾ ਕਰਨ ਵਿੱਚ ਵੱਡੇ ਪੱਧਰ ਉਤੇ ਮਦਦ ਮਿਲ ਰਹੀ ਹੈ।ਇਹ ਪ੍ਰਗਟਾਵਾ ਚੇਅਰਮੈਨ ਰਮਨ ਬਹਿਲ ਨੇ ਪਿੰਡ ਆਲੇਚੱਕ, ਭਾਗੋਕਾਵਾਂ ਅਤੇ ਹੇਮਰਾਜਪੁਰ ਵਿਖੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਮੁਕਤੀ ਯਾਤਰਾ ਅਧੀਨ ਵਿਲੇਜ ਡਿਫੈਂਸ ਕਮੇਟੀਆਂ ਨਾਲ ਕੀਤੀਆਂ ਮੀਟਿੰਗਾਂ ਦੌਰਾਨ ਕੀਤਾ।ਉਨ੍ਹਾਂ ਨੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੇ ਆਦੀ ਵਿਅਕਤੀਆਂ ਦਾ ਨਸ਼ਾ ਛੁਡਵਾਉਣ ਲਈ ਉਨ੍ਹਾਂ ਨੂੰ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਲਿਆਂਦਾ ਜਾਵੇ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਯਤਨਾਂ ਸਦਕਾ ਨਸ਼ਾ ਤਸਕਰ ਜਾਂ ਤਾਂ ਜੇਲ੍ਹਾਂ ਵਿੱਚ ਹਨ ਜਾਂ ਫਿਰ ਪੰਜਾਬ ਛੱਡ ਕੇ ਭੱਜ ਚੁੱਕੇ ਹਨ।ਹੁਣ ਇਹ ਮੁਹਿੰਮ ਜ਼ਮੀਨੀ ਪੱਧਰ ਭਾਵ ਪਿੰਡਾਂ ਅਤੇ ਵਾਰਡਾਂ ਵਿਚੋਂ ਚੱਲਣ ਲੱਗੀ ਹੈ, ਜਿਸ ਨੂੰ ਨਸ਼ਾ ਮੁਕਤੀ ਯਾਤਰਾ ਦਾ ਨਾਮ ਦਿੱਤਾ ਗਿਆ ਹੈ, ਜਿਸ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਉਨ੍ਹਾਂ ਨੇ ਸਮੂਹ ਹਾਜ਼ਰੀਨ ਨੂੰ ਨਸ਼ਾ ਮੁਕਤੀ ਮੁਹਿੰਮ ਵਿੱਚ ਆਪਣਾ ਪੂਰਨ ਸਹਿਯੋਗ ਦੇਣ ਦਾ ਪ੍ਰਣ ਵੀ ਦਿਵਾਇਆ।ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਸਬੰਧੀ ਪ੍ਰਸ਼ਾਸਨ ਤੇ ਪੁਲਸ ਵਿਭਾਗ ਨੂੰ ਸਹਿਯੋਗ ਦੇਣ।ਇਸ ਮੌਕੇ ਹਲਕਾ ਕੋਆਰਡੀਨੇਟਰ ਨੀਰਜ ਸਲਹੋਤਰਾ, ਬਲਾਕ ਪ੍ਰਧਾਨ ਹਿਤੇਸ਼ ਮਹਾਜਨ, ਸਰਪੰਚ ਤੇਜਬੀਰ ਸਿੰਘ ਆਲੇਚੱਕ, ਸਰਪੰਚ ਭੋਲਾ ਸਿੰਘ ਭਾਗੋਕਾਵਾਂ, ਸਰਪੰਚ ਰਮਨਬੀਰ ਸਿੰਘ ਹੇਮਰਾਜ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

## ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਪੁਲਸ ਨੇ ਪਿੰਡ ਹਰਪੁਰਾ 'ਚ ਫੁੱਟਬਾਲ ਟੂਰਨਾਮੈਂਟ ਕਰਵਾਇਆ



ਗੁਰਦਾਸਪੁਰ (ਜਨਕ ਮਹਾਜਨ)-ਐੱਸਐੱਸਪੀ ਬਟਾਲਾ ਜਨਾਬ ਸੋਹੇਲ ਕਾਸਿਮ ਮੀਰ ਦੇ ਨਿਰਦੇਸ਼ਾਂ ਤਹਿਤ ਪੁਲਸ ਜ਼ਿਲ੍ਹਾ ਬਟਾਲਾ ਵੱਲੋਂ ਪਿੰਡ ਹਰਪੁਰਾ ਵਿਚ ਇੱਕ ਰੋਜ਼ਾ ਫੁੱਟਬਾਲ ਟੂਰਨਾਮੈਂਟ ਕਰਵਾਇਆ ਗਿਆ। ਸਬ ਡਵੀਜ਼ਨ ਸਾਂਝ ਕੇਂਦਰ ਸ੍ਰੀ ਹਰਗੋਬਿੰਦਪੁਰ ਦੇ ਇੰਚਾਰਜ ਏਐੱਸਆਈ ਸੁਰਿੰਦਰ ਸਿੰਘ ਦੇ ਉੱਦਮ ਸਦਕਾ ਹੋਏ ਇਸ ਫੁੱਟਬਾਲ ਟੂਰਨਾਮੈਂਟ ਵਿਚ ਐਸਪੀ (ਹੈੱਡਕੁਆਰਟਰ) ਜਸਵੰਤ ਕੌਰ ਰਿਆੜ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ। ਫੁੱਟਬਾਲ ਦਾ ਮੁਕਾਬਲਾ ਪਿੰਡ ਹਰਪੁਰਾ ਅਤੇ ਖੁਜਾਲਾ ਦੀਆਂ ਟੀਮਾਂ ਦਰਮਿਆਨ ਹੋਇਆ ਜਿਸ ਵਿਚ ਹਰਪੁਰਾ ਦੀ ਟੀਮ 2-1 ਨਾਲ ਜੇਤੂ ਰਹੀ। ਇਸ ਮੌਕੇ ਹਾਜ਼ਰ ਇਕੱਠ ਤੇ ਖਿਡਾਰੀਆਂ ਨੂੰ ਸੰਬੋਧਨ ਹੁੰਦਿਆਂ ਐੱਸਪੀ ਜਸਵੰਤ ਕੌਰ ਰਿਆੜ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੁਲਸ ਜ਼ਿਲ੍ਹਾ ਬਟਾਲਾ ਆਪਣੇ ਜ਼ਿਲ੍ਹੇ ਵਿਚੋਂ ਨਸ਼ਿਆਂ ਦੇ ਖ਼ਾਤਮੇ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਪੁਲਸ ਵੱਲੋਂ ਕਿਸੇ ਵੀ ਨਸ਼ਾ ਤਸਕਰ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਬਟਾਲਾ ਪੁਲਸ ਵੱਲੋਂ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਪਿੰਡ ਨਾਨਕ ਚੱਕ ਵਿਖੇ ਵੀ ਵਾਲੀਬਾਲ ਟੂਰਨਾਮੈਂਟ ਕਰਵਾਇਆ ਗਿਆ ਸੀ। ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ ਨਾਲ ਜੁੜਨ ਅਤੇ ਆਪਣੀ ਪੜ੍ਹਾਈ ਤੇ ਰੁਜ਼ਗਾਰ ਵੱਲ ਧਿਆਨ ਦੇਣ। ਇਸ ਮੌਕੇ ਜੇਤੂ ਖਿਡਾਰੀਆਂ ਨੂੰ ਇਨਾਮਾਂ ਦੀ ਵੰਡ ਕੀਤੀ ਗਈ ਅਤੇ ਨਾਲ ਹੀ ਪੁਲਸ ਵੱਲੋਂ ਕਿੱਟਾਂ ਵੀ ਵੰਡੀਆਂ ਗਈਆਂ। ਇਸ ਮੌਕੇ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਗੁਰਦਾਸਪੁਰ ਇੰਦਰਜੀਤ ਸਿੰਘ ਬਾਜਵਾ, ਐੱਸਐੱਚਓ ਥਾਣਾ ਘੁਮਾਣ ਐੱਸਆਈ. ਬਿਕਰਮਜੀਤ ਸਿੰਘ, ਐੱਸਆਈ ਪ੍ਰਭਪਾਲ ਸਿੰਘ, ਏਐੱਸਆਈ ਹਰਦੇਵ ਸਿੰਘ, ਏਐੱਸਆਈ ਕੰਵਲਜੀਤ ਸਿੰਘ, ਏਐੱਸਆਈ ਇੰਦਰਪਾਲ ਸਿੰਘ, ਏਐੱਸਆਈ ਕਸ਼ਮੀਰ ਸਿੰਘ, ਏਐੱਸਆਈ. ਲਖਵਿੰਦਰ ਸਿੰਘ, ਏਐੱਸਆਈ ਜਸਪਾਲ ਸਿੰਘ, ਸਰਪੰਚ ਮਨਦੀਪ ਸਿੰਘ, ਸਾਬਕਾ ਸਰਪੰਚ ਹਰਪਾਲ ਸਿੰਘ ਹਰਪੁਰਾ, ਪ੍ਰਿੰ. ਪ੍ਰਭਜੋਤ ਸਿੰਘ, ਮੈਂਬਰ ਪੰਚਾਇਤ ਬਿਕਰਮਜੀਤ ਸਿੰਘ, ਅਨੇਕ ਸਿੰਘ, ਕੁਲਵੰਤ ਸਿੰਘ, ਨਿਰਵੈਰ ਸਿੰਘ, ਮੁਖਤਾਰ ਸਿੰਘ, ਸੁੱਚਾ ਸਿੰਘ, ਲਾਲ ਸਿੰਘ, ਸੁਖਦੇਵ ਸਿੰਘ, ਕੰਵਲਦੀਪ ਸਿੰਘ, ਸੁਖਦੇਵ ਸਿੰਘ ਹੈਪੀ ਪ੍ਰਧਾਨ, ਠੇਕੇਦਾਰ ਹਰਵਿੰਦਰ ਸਿੰਘ, ਸ਼ਮਸ਼ੇਰ ਸਿੰਘ, ਜਗਤਾਰ ਸਿੰਘ, ਫ਼ੌਜੀ ਹਰਜਿੰਦਰ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਇਲਾਕਾ ਨਿਵਾਸੀ ਹਾਜ਼ਰ ਸਨ।

## ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਭਾਰਤ ਤੋਂ ਭੇਜੇ ਵਫ਼ਦ 'ਚ ਸ਼ਾਮਲ ਕਰਨਾ ਮਾਣ ਵਾਲੀ ਗੱਲ : ਮਨਚੰਦਾ



ਅੰਮ੍ਰਿਤਸਰ (ਜਸਵੀਰ ਸਿੰਘ ਪੱਟੀ)-ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਡਾ. ਸ਼ਸ਼ੀ ਥਰੂਰ ਦੀ ਪ੍ਰਧਾਨਗੀ ਹੇਠ ਅੰਤਰਰਾਸ਼ਟਰੀ ਪੱਧਰ 'ਤੇ ਅੱਤਵਾਦ ਦੇ ਮੁੱਦੇ 'ਤੇ ਭਾਰਤ ਦਾ ਪੱਖ ਪੇਸ਼ ਕਰਨ ਲਈ ਭੇਜਿਆ ਗਿਆ।ਉਸਨੇ ਅਮਰੀਕਾ, ਪਨਾਮਾ, ਗੁਆਨਾ, ਬ੍ਰਾਜ਼ੀਲ ਅਤੇ ਕੋਲੰਬੀਆ ਸਮੇਤ ਵੱਖ-ਵੱਖ ਦੇਸ਼ਾਂ ਵਿੱਚ ਅੱਤਵਾਦ ਵਿਰੁੱਧ ਏਕਤਾ ਦਾ ਸੰਦੇਸ਼ ਦਿੱਤਾ ਹੈ।ਤਰਨਜੀਤ ਸਿੰਘ ਸੰਧੂ ਸਮੁੰਦਰੀ ਭਾਰਤ ਤੋਂ ਭੇਜੇ ਗਏ ਵਫ਼ਦ ਦੇ ਮੈਂਬਰ ਵਜੋਂ ਨਿਯੁਕਤ ਹੋਣ ਤੇ ਮਾਣ ਮਹਿਸੂਸ ਕਰਦੇ ਹਨ।ਉਨ੍ਹਾਂ ਕਿਹਾ ਕਿ ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਨਾਲ-ਨਾਲ ਕੇਂਦਰ ਸਰਕਾਰ ਦਾ ਵੀ ਧੰਨਵਾਦ ਕਰਦੇ ਹਨ।ਭਾਰਤੀ ਜਨਤਾ ਪਾਰਟੀ (ਭਾਜਪਾ) ਪੰਜਾਬ ਮਹਿਲਾ ਮੋਰਚਾ ਦੀ ਪ੍ਰਧਾਨ ਸਤਰਨਜੀਤ ਮਨਚੰਦਾ ਨੇ ਕਿਹਾ ਕਿ ਉਨ੍ਹਾਂ ਨੂੰ ਤਰਨਜੀਤ ਸਿੰਘ ਸੰਧੂ ਸਮੁੰਦਰੀ 'ਤੇ ਮਾਣ ਹੈ, ਜੋ ਅੰਮ੍ਰਿਤਸਰ ਦਾ ਨਾਂਅ ਰੌਸ਼ਨ ਕਰ ਰਹੇ ਹਨ।

## ਸ਼ੈਰੀ ਕਲਸੀ ਵੱਲੋਂ ਪ੍ਰਾਇਮਰੀ ਸਕੂਲ ਸਾਗਰਪੁਰਾ 'ਚ ਵਿਕਾਸ ਕਾਰਜਾਂ ਦਾ ਉਦਘਾਟਨ

ਬਟਾਲਾ ( ਡਾ. ਮਲਵਿੰਦਰ ਸਿੰਘ)-ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ 'ਸਿੱਖਿਆ ਕ੍ਰਾਂਤੀ ਮੁਹਿੰਮ' ਤਹਿਤ ਸਰਕਾਰੀ ਪ੍ਰਾਇਮਰੀ ਸਕੂਲ ਸਾਗਰਪੁਰ ਵਿਖੇ 12 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਕਲਾਸ ਰੂਮ, ਚਾਰਦੀਵਾਰੀ ਆਦਿ ਬਣਾਉਣ ਦੇ ਵਿਕਾਸ ਕਾਰਜ ਲੋਕ ਅਰਪਣ ਕੀਤੇ।

ਵਿਧਾਇਕ ਨੇ ਕਿਹਾ ਕਿ ਸਿੱਖਿਆ ਨੂੰ ਹੋਰ ਆਧੁਨਿਕ ਰੂਪ ਦੇਣ ਅਤੇ ਵਿਦਿਆਰਥੀਆਂ ਨੂੰ ਸਿੱਖਿਆ ਪ੍ਰਤੀ ਸੁਚੇਤ ਕਰਨ ਦੇ ਉਦੇਸ਼ ਨਾਲ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਕਰੋੜਾਂ ਰੁਪਏ ਖਰਚ ਕਰਕੇ ਵਿਦਿਆਰਥੀਆਂ ਨੂੰ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨਸ਼ੀਲ ਹੈ।ਪੰਜਾਬ ਦੇ ਸਰਕਾਰੀ ਸਕੂਲਾਂ ਨੇ ਪਿਛਲੇ ਤਿੰਨ ਸਾਲਾਂ ਵਿੱਚ ਬਹੁਤ ਤਰੱਕੀ ਕੀਤੀ ਹੈ ਅਤੇ ਸਕੂਲ ਲਗਾਤਾਰ ਆਧੁਨਿਕੀਕਰਨ ਵੱਲ ਵੱਧ ਰਹੇ ਹਨ।ਇਸ ਮੌਕੇ ਵੱਡੀ ਗਿਣਤੀ ਵਿਚ ਪਿੰਡ ਦੇ ਪਤਵੰਤੇ ਸੱਜਣ, ਨਵਦੀਪ ਸਿੰਘ, ਵੀਨੂੰ ਕਾਹਲੋਂ, ਮਨਜੀਤ ਸਿੰਘ ਬੁਮਰਾਹ, ਕਮੇਟੀ ਚੇਅਰਮੈਨ, ਕਮੇਟੀ ਮੈਂਬਰ ਅਤੇ ਬੱਚਿਆਂ ਦੇ ਮਾਤਾ-ਪਿਤਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।

# ਮੋਹਾਲੀ 'ਚ ਬਾਹਰੋਂ ਆਏ ਸ਼ੱਕੀ ਟ੍ਰਾਂਸਜੈਂਡਰਾਂ ਦਾ ਵਧਿਆ ਨਾਜਾਇਜ਼ 'ਵਸੂਲੀ ਆਤੰਕ'



**ਮੋਹਾਲੀ (ਗੁਰਜੀਤ ਬਿੱਲਾ)** ਮੋਹਾਲੀ 'ਚ ਇਕ ਅਜੀਬੋ-ਗਰੀਬ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਟ੍ਰਾਂਸਜੈਂਡਰ ਪੂਜਾ ਉਰਫ਼ ਸ਼ਾਕਿਰ ਅਤੇ ਉਸ ਦੀ ਕਥਿਤ ਜੁੰਡਲੀ ਵੱਲੋਂ 'ਵਧਾਈ' ਦੇ ਨਾਂ 'ਤੇ ਆਮ ਲੋਕਾਂ ਤੋਂ ਜ਼ਬਰਨ ਵਸੂਲੀ ਕਰਨ ਅਤੇ ਗੁੰਡਾਗਰਦੀ ਦੀਆਂ ਘਟਨਾਵਾਂ ਦਿਨੋਂ ਦਿਨ ਵਧਦੀਆਂ ਜਾ ਰਹੀਆਂ ਹਨ। ਬੀਤੇ ਇੱਕ ਮਹੀਨੇ ਤੋਂ ਖਰੜ ਸਮੇਤ ਜਨਤਾ ਚੌਕ ਇਲਾਕਾ ਨਿਵਾਸੀ ਇਸ ਮਾਨਸਿਕ ਅਤੇ ਸਮਾਜਿਕ ਉਤਪੀੜਨ ਸਦਕਾ ਬੇਹੱਦ ਪ੍ਰੇਸ਼ਾਨ ਹਨ। ਹੁਣ ਇਸ ਵਧਾਈ ਅਤੇ ਸ਼ੱਕੀ ਜੁੰਡਲੀ ਨੇ ਆਪਣੇ ਪੈਰ ਮੋਹਾਲੀ ਤੱਕ ਪਸਾਰ ਲਏ ਹਨ। ਇਹ ਦਾਅਵਾ ਟ੍ਰਾਂਸਜੈਂਡਰ ਕਾਜਲ ਮੰਗਲਮੁਖੀ ਅਤੇ ਉਹਨਾਂ ਦੀ ਟੀਮ ਵਲੋਂ ਇੱਕ ਪ੍ਰੈਸ ਕਾਨਫਰੰਸ ਦੌਰਾਨ ਕੀਤਾ ਗਿਆ ਹੈ। ਇਥੇ ਮੋਹਾਲੀ ਪ੍ਰੈਸ ਕਲੱਬ ਵਿਖੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਕਾਜਲ ਮੰਗਲਮੁਖੀ (ਚੇਲਾ ਸਵ. ਨੀਲਮ ਮਹੰਤ) ਨੇ ਆਪਣੇ ਸਾਥੀਆਂ ਸਮੇਤ ਪੱਤਰਕਾਰਾਂ ਨੂੰ ਦੱਸਿਆ ਕਿ ਉਕਤ ਪੂਜਾ ਉਰਫ ਸ਼ਾਕਿਰ, ਜੋ ਅਸਲ 'ਚ ਸਾਹਰਨਪੁਰ (ਯੂ.ਪੀ.) ਦੀ ਨਿਵਾਸੀ ਹੈ। ਇਸ ਵੱਲੋਂ ਪੰਜਾਬ ਵਿਚ ਆ ਕੇ ਕੀਤੀਆਂ ਗਈਆਂ ਗਤੀਵਿਧੀਆਂ ਕਾਰਨ ਇਸ ਖਿਲਾਫ ਪਹਿਲਾਂ ਹੀ ਕਈ ਆਪਰਾਧਿਕ ਮਾਮਲੇ ਦਰਜ ਹਨ। ਇਸ ਦੇ ਬਾਵਜੂਦ ਪੁਲਸ ਪ੍ਰਸ਼ਾਸਨ ਦੀ ਕਥਿਤ ਅਣਦੇਖੀ ਸਦਕਾ, ਉਸ ਖਿਲਾਫ ਹੁਣ ਤੱਕ ਕੋਈ ਬਣਦੀ ਕਾਰਵਾਈ ਨਹੀਂ ਹੋਈ। ਇਸਦਾ ਫਾਇਦਾ ਉਠਾਉਂਦਿਆਂ ਹੁਣ ਪੂਜਾ ਨੇ ਮੋਹਾਲੀ ਇਲਾਕੇ 'ਚ ਵੀ ਆਪਣੀ ਟੋਲੀ ਭੇਜਣੀ ਸ਼ੁਰੂ ਕਰ ਦਿੱਤੀ ਹੈ ਅਤੇ ਆਮ ਲੋਕਾਂ ਨਾਲ ਬਦਤਮੀਜ਼ੀ ਕਰਕੇ ਜ਼ਬਰਨ ਪੈਸੇ ਵਸੂਲੀ ਕਰਨ ਦੀਆਂ ਸ਼ਿਕਾਇਤਾਂ ਵੱਧਦੀਆਂ ਜਾ ਰਹੀਆਂ ਹਨ। ਲੋਕਾਂ ਵੱਲੋਂ ਪੈਸੇ ਨਾ ਦੇਣ ਦੀ ਸੂਰਤ ਵਿਚ ਉਹ ਉਹਨਾਂ ਦੇ ਘਰ 'ਚ ਹੀ ਪਰਿਵਾਰ ਸਾਹਮਣੇ ਧਮਕੀਆਂ ਦਿੰਦੇ ਹਨ ਅਤੇ ਮੂੰਹ-ਮੰਗੀ ਰਕਮ ਨਾ ਮਿਲਣ ਉੱਤੇ ਕੱਪੜੇ ਤੱਕ ਉਤਾਰ ਕੇ ਉਹਨਾਂ ਨੂੰ ਜ਼ਲੀਲ ਤੱਕ ਕਰਦੇ ਹਨ। ਉਹਨਾਂ ਅਨੁਸਾਰ ਇਨ੍ਹਾਂ ਵਧਾਈ ਦੇਣ ਦਾ ਵੀ ਇੰਤਜ਼ਾਰ ਲੋਕ ਇਹਨਾਂ ਤੋਂ ਡਰਨ ਲੱਗ ਪਏ ਹਨ। ਉਹਨਾਂ ਸ਼ੱਕ ਜ਼ਾਹਿਰ ਕੀਤਾ ਕਿ ਪੂਜਾ ਉਰਫ਼ ਸ਼ਾਕਿਰ ਦੇ ਘਰ ਵਿਚ ਕੁਝ ਬੰਗਲਾਦੇਸ਼ੀ ਟ੍ਰਾਂਸਜੈਂਡਰ ਵੀ ਰਹਿ ਰਹੇ ਹਨ ਜਾਂ ਰਹਿ ਚੁੱਕੇ ਹਨ, ਜੋ ਸੁਰੱਖਿਆ ਦੇ ਲਿਹਾਜ ਨਾਲ ਇਕ ਗੰਭੀਰ ਮੁੱਦਾ ਹੈ। ਇਸ ਦੌਰਾਨ ਕਾਜਲ ਮੰਗਲਮੁਖੀ (ਚੇਲਾ ਸਵ. ਨੀਲਮ ਮਹੰਤ) ਨੇ ਦੱਸਿਆ ਕਿ ਉਹਨਾਂ ਦੀ ਟੋਲੀ, ਜੋ ਕਿ ਮੋਹਾਲੀ ਇਲਾਕੇ 'ਚ ਸ਼ਾਂਤੀਪੂਰਵਕ ਢੰਗ ਨਾਲ ਆਪਣੀਆਂ 'ਵਧਾਈ ਪਰੰਪਰਾਵਾਂ' ਨਿਭਾਅ ਰਹੀਆਂ ਹਨ। ਉਨ੍ਹਾਂ ਖਦਸ਼ਾ ਜ਼ਾਹਿਰ ਕੀਤਾ ਕਿ ਹੁਣ ਉਹਨਾਂ ਦੀ ਟੋਲੀ ਨੂੰ ਉਕਤ ਪੂਜਾ ਵੱਲੋਂ ਕਥਿਤ ਧਮਕੀਆਂ ਮਿਲਣ ਕਾਰਨ ਜਾਨ-ਮਾਲ ਦਾ ਖ਼ਤਰਾ ਪੈਦਾ ਹੋ ਗਿਆ ਹੈ। ਕਾਜਲ ਨੇ ਅੱਗੇ ਕਿਹਾ ਕਿ ਉਹਨਾਂ ਦੀ ਟੋਲੀ, ਆਮ ਲੋਕਾਂ ਦੀ ਇੱਛਾ ਮੁਤਾਬਕ ਹੀ ਵਧਾਈ ਲੈਂਦੀ ਹੈ ਅਤੇ ਮੋਹਾਲੀ ਵਾਸੀਆਂ ਨੇ ਵੀ ਉਹਨਾਂ ਨੂੰ ਕਾਫੀ ਪਿਆਰ ਅਤੇ ਇੱਜ਼ਤ ਦਿੱਤੀ ਹੈ। ਉਹਨਾਂ ਕਿਹਾ ਕਿ ਸਾਡਾ ਉਦੇਸ਼ ਆਮ ਲੋਕਾਂ ਨੂੰ ਇਸ ਲੁੱਟ ਤੋਂ ਬਚਾਉਣਾ ਹੈ ਅਤੇ ਆਪਣੇ ਪਰਿਵਾਰਕ ਸੁਰੱਖਿਆ ਯਕੀਨੀ ਬਣਾਉਣਾ ਹੈ। ਨਾਲ ਹੀ ਕਾਜਲ ਨੇ ਕਿਹਾ ਕਿ ਜੇਕਰ ਉਸ ਨੂੰ ਆਪਣੇ ਕਿੰਨਰ ਹੋਣ ਉੱਤੇ ਮਾਣ ਹੈ, ਕਿਉਂਕਿ ਉਹ ਇੱਕ ਸਮੇਂ ਆਦਮੀ-ਔਰਤ ਦੀ ਜ਼ਿੰਦਗੀ ਜੀਅ ਰਹੀ ਹੈ। ਇਸ ਦੌਰਾਨ ਕਾਜਲ ਮੰਗਲਮੁਖੀ ਅਤੇ ਉਨ੍ਹਾਂ ਦੀ ਟੋਲੀ ਨੇ ਆਮ ਲੋਕਾਂ ਨੂੰ ਪੂਜਾ ਅਤੇ ਉਸ ਦੀ ਟੋਲੀ ਦੀਆਂ ਸਰਗਰਮੀਆਂ ਤੋਂ ਸਾਵਧਾਨ ਕੀਤਾ ਹੈ। ਕਾਜਲ ਮੰਗਲਮੁਖੀ ਨੇ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਨੂੰ ਅਪੀਲ ਕੀਤੀ ਹੈ ਕਿ ਉਹ ਟ੍ਰਾਂਸਜੈਂਡਰ ਪੂਜਾ ਉਰਫ਼ ਸ਼ਾਕਿਰ ਅਤੇ ਉਸਦੀ ਦੀ ਜੁੰਡਲੀ ਦੇ ਵੱਧਦੇ ਕਥਿਤ 'ਵਧਾਈ ਆਤੰਕ' ਖਿਲਾਫ਼ ਤੁਰੰਤ ਕਾਰਵਾਈ ਕਰੇ ਅਤੇ ਆਮ ਲੋਕਾਂ ਦੀ ਕੀਤੀ ਜਾ ਰਹੀ ਲੁੱਟ ਤੋਂ ਬਚਾਇਆ ਜਾਵੇ। ਇਸ ਮੌਕੇ ਉਹਨਾਂ ਨਾਲ ਓਸ਼ੀਨ, ਵਿਸ਼ਵਪ੍ਰੀਤ, ਛਾਇਆ ਅਤੇ ਧਨਾਂਨਜੇ ਚੌਹਾਨ ਹਾਜ਼ਰ ਸਨ।

# ਲਿਵ-ਇਨ-ਰਿਲੇਸ਼ਨ ਦੇ ਵਧ ਰਹੇ ਮਾਮਲੇ ਸਮਾਜ ਲਈ ਚਿੰਤਾਜਨਕ : ਰਾਜ ਲਾਲੀ ਗਿੱਲ

**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**-ਪੰਜਾਬ ਰਾਜ ਮਹਿਲਾ ਕਮਿਸ਼ਨ ਦੇ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਅੰਮ੍ਰਿਤਸਰ ਪੁਲਸ ਲਾਈਨ ਵਿਖੇ ਖੁੱਲ੍ਹਾ ਦਰਬਾਰ ਲਗਾ ਕੇ ਔਰਤਾਂ ਦੀਆਂ ਮੁਸ਼ਕਲਾਂ ਨੂੰ ਸੁਣਿਆ ਤੇ ਮੌਕੇ ਤੇ ਹੀ ਪੁਲਸ ਅਧਿਕਾਰੀਆਂ ਨੂੰ ਸ਼ਕਾਇਤਾਂ ਦਾ ਨਿਪਟਾਰਾ ਕਰਨ ਦੇ ਨਿਰਦੇਸ਼ ਦਿੱਤੇ।ਜ਼ਿਕਰਯੋਗ ਹੈ ਕਿ ਇਸ ਲੋਕ ਅਦਾਲਤ ਵਿਚ ਕਮਿਸ਼ਨ ਵੱਲੋਂ 35 ਕੇਸਾਂ ਦੀ ਸੁਣਵਾਈ ਕੀਤੀ ਗਈ ਅਤੇ ਮੌਕੇ 'ਤੇ 30 ਹੋਰ ਪ੍ਰਾਪਤ ਹੋਏ ਕੇਸ ਵੀ ਸੁਣੇ।ਇਸ ਮੌਕੇ ਰਾਜ ਲਾਲੀ ਗਿੱਲ ਨੇ ਕਿਹਾ ਕਿ ਲਿਵ-ਇਨ-ਰਿਲੇਸ਼ਨ ਦੇ ਵੱਧ ਰਹੇ ਮਾਮਲੇ ਸਾਡੇ ਸਮਾਜ ਲਈ ਚਿੰਤਾਜਨਕ ਹਨ।ਇੱਥੋਂ ਤੱਕ ਕਿ ਕਈ ਵਿਆਹੇ ਹੋਏ ਮਰਦ ਤੇ ਔਰਤਾਂ ਵੀ ਲਿਵ ਇਨ ਰਿਲੇਸ਼ਨ ਦੀ ਇਸ ਬੁਰਾਈ ਵੱਲ ਧੱਕੇ ਜਾ ਰਹੇ ਹਨ ਜੋ ਕਿ ਸਾਡੇ ਸਮਾਜ ਨੂੰ ਸਿਉਂਕ ਵਾਂਗ ਖਾ ਰਹੀ ਹੈ, ਜਿਸ ਤੋਂ ਬਚਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਉਹ ਰਾਜ ਸਰਕਾਰ ਨੂੰ ਇਸ ਮਾਮਲੇ 'ਤੇ ਕਾਨੂੰਨ ਵਿੱਚ ਸੋਧ ਕਰਨ ਲਈ ਲਿਖ ਰਹੇ ਹਨ।ਚੇਅਰਪਰਸਨ ਲਾਲੀ ਗਿੱਲ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਮਾਰਚ 2024 'ਚ ਅਹੁਦਾ ਸੰਭਾਲੇ ਜਾਣ ਤੋਂ ਹੁਣ ਤੱਕ ਕਰੀਬ 2500 ਤੋਂ ਵੱਧ ਮਾਮਲੇ ਸੁਣਵਾਈ ਲਈ ਆਏ, ਜਿਨ੍ਹਾਂ 'ਚੋਂ 70 ਫ਼ੀਸਦੀ ਦਾ ਨਿਪਟਾਰਾ ਕਰਵਾਇਆ ਜਾ ਚੁੱਕਾ ਹੈ।ਉਨ੍ਹਾਂ ਦੱਸਿਆ ਕਿ ਅੱਜ ਵਿਆਹ ਸਬੰਧੀ, ਜਾਇਦਾਦ ਨਾਲ ਸਬੰਧਤ, ਐੱਨਆਰਆਈ ਵਿਆਹ, ਦਾਜ-ਦਹੇਜ, ਲੜਕੀਆਂ ਤੇ ਔਰਤਾਂ ਦਾ ਸੋਸ਼ਣ, ਲਿਵ ਇਨ ਰਿਲੇਸ਼ਨ, ਘਰੇਲੂ ਮਾਰਕੁੱਟ ਆਦਿ ਨਾਲ ਸਬੰਧਤ ਮਾਮਲੇ ਉਨ੍ਹਾਂ ਕੋਲ ਪੁੱਜੇ ਸਨ।ਉਨ੍ਹਾਂ ਨਾਲ ਕਮਿਸ਼ਨ ਦੇ ਡਿਪਟੀ ਡਾਇਰੈਕਟਰ ਨਿਖਿਲ ਅਰੋੜਾ, ਐੱਸਡੀਐੱਮ ਖੁਸ਼ਪ੍ਰੀਤ ਸਿੰਘ ਤੇ ਇਲਾਵਾ ਲੋਕ ਅਦਾਲਤ ਮੌਕੇ ਉਚ ਪੁਲਸ ਅਧਿਕਾਰੀ ਵੀ ਹਾਜ਼ਰ ਸਨ।

# ਪਿੰਡਾਂ ਦੇ ਲੋਕਾਂ ਵੱਲੋਂ ਨਸ਼ਾ ਮੁਕਤੀ ਯਾਤਰਾ ਨੂੰ ਵੱਡਾ ਸਮਰਥਨ



**ਕਪੂਰਥਲਾ/ਸੁਲਤਾਨਪੁਰ ਲੋਧੀ (ਬਲਵਿੰਦਰ ਸਲ੍ਹਪੁਰੀ)**- ਪੰਜਾਬ ਸਰਕਾਰ ਵੱਲੋਂ ਨਸ਼ੇ ਵਿਰੁੱਧ ਲੜਾਈ ਨੂੰ ਪਿੰਡ-ਪਿੰਡ ਲਿਜਾਕੇ ਲੋਕ ਲਹਿਰ ਬਣਾਉਣ ਦੇ ਮਕਸਦ ਨਾਲ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਵਿਚ ਕਪੂਰਥਲਾ ਦੇ ਪਿੰਡਾਂ ਕਾਂਜਲੀ, ਕੋਕਲਪੁਰ ਤੇ ਨੂਰਪੁਰ ਜੱਟਾਂ, ਬਾਊਪੁਰ ਜਦੀਦ, ਲੱਖਵਰਿਆਂ, ਫੱਤੂਵਾਲ, ਨਸੀਰੇਵਾਲ, ਰਾਮਪੁਰ ਖਲਿਆਨ, ਰਣਧੀਰਗੜ੍ਹ, ਧਾਲੀਵਾਲ ਬੇਟ, ਭੰਡਾਲ ਬੇਟ ਤੇ ਪੰਡਾ ਬੇਟ ਵਿਚ ਵੱਡੀ ਗਿਣਤੀ ਵਿਚ ਲੋਕਾਂ ਨੇ ਨਸ਼ੇ ਵਿਰੁੱਧ ਲੜਾਈ ਦਾ ਅਹਿਦ ਲਿਆ। ਇਸ ਮੌਕੇ ਕਪੂਰਥਲਾ ਦੇ ਪਿੰਡਾਂ ਵਿਚ ਨਸ਼ਾ ਮੁਕਤੀ ਯਾਤਰਾ ਦੌਰਾਨ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਲਲਿਤ ਸਕਲਾਨੀ ਨੇ ਲੋਕਾਂ ਨੂੰ ਨਸ਼ਾ ਵਿਰੁੱਧ ਲੜਾਈ ਦਾ ਅਹਿਦ ਦਿਵਾਇਆ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਨਸ਼ਾ ਮੁਕਤੀ ਮੁਹਿੰਮ ਵਿਚ ਸਾਥ ਦੇਣ ਤਾਂ ਜੋ ਨਸ਼ੇ ਦੀ ਅਲਾਮਤ ਨੂੰ ਮਾਤ ਦਿੱਤੀ ਜਾ ਸਕੇ। ਸੁਲਤਾਨਪੁਰ ਲੋਧੀ ਹਲਕੇ ਦੇ ਪਿੰਡਾਂ ਵਿਚ ਚੇਅਰਮੈਨ ਨਗਰ ਸੁਧਾਰ ਟਰੱਸਟ ਸੱਜਣ ਸਿੰਘ ਚੀਮਾ ਨੇ ਲੋਕਾਂ ਨੂੰ ਨਸ਼ੇ ਵਿਰੁੱਧ ਲੜਨ ਦੀ ਸਹੁੰ ਚੁਕਾਈ। ਉਨ੍ਹਾਂ ਕਿਹਾ ਕਿ ਸਾਡਾ ਸਭ ਦਾ ਫਰਜ਼ ਬਣਦਾ ਹੈ ਕਿ ਅਸੀਂ ਪੰਜਾਬ ਸਰਕਾਰ ਦੀ ਇਸ ਮੁਹਿੰਮ ਦਾ ਹਿੱਸਾ ਬਣੀਏ। ਭੁਲੱਥ ਹਲਕੇ ਦੇ ਪਿੰਡਾਂ ਵਿਚ ਡਾਇਰੈਕਟਰ ਜਲ ਸਰੋਤ ਐਡਵੋਕੇਟ ਹਰਸਿਮਰਨ ਸਿੰਘ ਘੁੰਮਣ ਨੇ ਲੋਕਾਂ ਨੂੰ ਹਲਫ ਦਿਵਾਇਆ। ਉਨ੍ਹਾਂ ਦੱਸਿਆ ਕਿ ਲੋਕਾਂ ਵੱਲੋਂ ਨਸ਼ਾ ਮੁਕਤੀ ਯਾਤਰਾ ਨੂੰ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਹੈ, ਜਿਸ ਤਹਿਤ ਲੋਕ ਨਸ਼ਾ ਤਸਕਰਾਂ ਬਾਰੇ ਪ੍ਰਸ਼ਾਸਨ ਨਾਲ ਜਾਣਕਾਰੀ ਸਾਂਝੀ ਕਰਨ ਲੱਗੇ ਹਨ। ਫਗਵਾੜਾ ਦੇ ਪਿੰਡਾਂ ਵਿਚ ਆਮ ਆਦਮੀ ਪਾਰਟੀ ਦੇ ਬੁਲਾਰੇ ਐਡਵੋਕੇਟ ਹਰਨੂਰ ਸਿੰਘ ਮਾਨ ਨੇ ਲੋਕਾਂ ਨੂੰ ਨਸ਼ਾ ਮੁਕਤੀ ਯਾਤਰਾ ਦੌਰਾਨ ਸਹੁੰ ਚੁਕਾਈ। ਉਨ੍ਹਾਂ ਦੱਸਿਆ ਕਿ ਫਗਵਾੜਾ ਵਿਚ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਵੱਲੋਂ ਨਸ਼ੇ ਦੀ ਅਲਾਮਤ ਵਿਰੁੱਧ ਜਾਗਰੂਕਤਾ ਮੁਹਿੰਮ ਪੂਰੀ ਸੰਜੀਦਗੀ ਨਾਲ ਚਲਾਈ ਜਾ ਰਹੀ ਹੈ। ਇਸ ਮੌਕੇ ਲੋਕਾਂ ਨੂੰ ਨਸ਼ੇ ਦੇ ਮਾੜੇ ਅਸਰ ਬਾਰੇ ਦੱਸਣ ਲਈ ਲਿਟਰੇਟਰ ਵੀ ਵੰਡਿਆ ਗਿਆ।

# ਡਾ. ਰਾਜਕੁਮਾਰ ਚੱਬੇਵਾਲ ਨੇ ਕੀਤਾ ਰਾਏਪੁਰ ਡੱਬਾ ਅਕੈਡਮੀ ਦਾ ਦੌਰਾ



**ਫਗਵਾੜਾ (ਇੰਦਰਜੀਤ ਸਿੰਘ ਮਠਾੜੂ, ਡਾ. ਰਮਨ)** ਲੋਕਸਭਾ ਹਲਕਾ ਹੁਸ਼ਿਆਰਪੁਰ ਤੋਂ ਆਮ ਆਦਮੀ ਪਾਰਟੀ ਦੇ ਮੈਂਬਰ ਪਾਰਲੀਮੈਂਟ ਡਾ. ਰਾਜਕੁਮਾਰ ਚੱਬੇਵਾਲ ਨੇ ਰਾਏਪੁਰ ਡੱਬਾ ਓਲੰਪਿਕ ਰੈਸਲਿੰਗ ਅਕੈਡਮੀ ਪਰਮ ਨਗਰ ਫਗਵਾੜਾ ਦਾ ਦੌਰਾ ਕੀਤਾ। ਉਹਨਾਂ ਦੇ ਨਾਲ ਆਮ ਆਦਮੀ ਪਾਰਟੀ ਦੇ ਸੂਬਾ ਸਪੋਕਸ ਪਰਸਨ ਹਰਨੂਰ ਸਿੰਘ ਮਾਨ, ਸ਼ਹਿਰ ਦੇ ਮੇਅਰ ਰਾਮਪਾਲ ਉੱਪਲ, ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਜਰਨੈਲ ਨੰਗਲ, ਨਿਗਮ ਦੇ ਡਿਪਟੀ ਮੇਅਰ ਵਿੱਕੀ ਸੂਦ ਵੀ ਸਨ।ਅਕੈਡਮੀ ਦੇ ਸੰਚਾਲਕ ਅਤੇ ਸਾਬਕਾ ਅੰਤਰਰਾਸ਼ਟਰੀ ਰੈਸਲਿੰਗ ਕੋਚ ਪੀ.ਆਰ. ਸੌਂਧੀ ਨੇ ਡਾ. ਚੱਬੇਵਾਲ ਅਤੇ ਸਮੂਹ ਆਪ ਆਗੂਆਂ ਨੂੰ ਅਕੈਡਮੀ 'ਚ ਪਹਿਲਵਾਨਾਂ ਲਈ ਟ੍ਰੇਨਿੰਗ ਦੇ ਕੀਤੇ ਪ੍ਰਬੰਧਾ ਬਾਰੇ ਵਿਸਥਾਰ ਨਾਲ ਦੱਸਿਆ। ਉਹਨਾਂ ਪਹਿਲਵਾਨਾਂ ਵਲੋਂ ਸੂਬੇ ਅਤੇ ਕੌਮੀ ਪੱਧਰ 'ਤੇ ਜਿੱਤੇ ਮੈਡਲਾਂ ਬਾਰੇ ਵੀ ਜਾਣੂ ਕਰਵਾਇਆ। ਇਸ ਦੌਰਾਨ ਉਹਨਾਂ ਨੇ ਮੰਗ ਕੀਤੀ ਕਿ ਪਹਿਲਵਾਨਾਂ ਦੇ ਅਖਾੜੇ ਲਈ ਸਰਕਾਰੀ ਤੌਰ 'ਤੇ ਜਗ੍ਹਾ ਦਾ ਪ੍ਰਬੰਧ ਕਰਕੇ ਦਿੱਤਾ ਜਾਵੇ।ਇਸ ਦੌਰਾਨ ਸ਼ਿੰਗਾਰਾ ਸਿੰਘ ਪਹਿਲਵਾਨ ਦੇ ਪਿਤਾ ਐਨ.ਆਰ.ਆਈ. ਹਰਭਜਨ ਸਿੰਘ ਢੇਸੀ ਕਨੇਡਾ ਵਲੋਂ ਅਕੈਡਮੀ ਦੇ ਪਹਿਲਵਾਨਾਂ ਨੂੰ ਬਦਾਮ ਅਤੇ ਭੁਪਿੰਦਰ ਸਿੰਘ ਸਿਆਣ ਲੁਧਿਆਣਾ ਪ੍ਰਬੰਧਕ ਮੰਨਨਹਾਣਾ ਕੁਸ਼ਤੀ ਦੰਗਲ ਵਲੋਂ ਟੀ-ਸ਼ਰਟਾਂ ਵੰਡੀਆਂ ਗਈਆਂ। ਡਾ. ਚੱਬੇਵਾਲ ਨੇ ਅਕੈਡਮੀ ਦੇ ਸੰਚਾਲਕਾਂ ਨੂੰ ਭਰੋਸਾ ਦਿੱਤਾ ਕਿ ਉਹ ਹਰ ਸੰਭਵ ਸਰਕਾਰੀ ਮੱਦਦ ਦੁਆਉਣ ਦਾ ਯਤਨ ਕਰਨਗੇ। ਹਰਨੂਰ ਸਿੰਘ ਮਾਨ ਨੇ ਕੋਚ ਦੀ ਪੱਕੀ ਨਿਯੁਕਤੀ ਕਰਵਾਉਣ ਦਾ ਭਰੋਸਾ ਦਿੱਤਾ। ਅਕੈਡਮੀ ਵਲੋਂ ਡਾ. ਚੱਬੇਵਾਲ ਅਤੇ ਉਹਨਾਂ ਦੇ ਸਾਥੀਆਂ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਜਸਪਾਲ ਸਿੰਘ ਪੀ.ਏ., ਸਿਟੀ ਕੇਬਲ ਦੇ ਡਾਇਰੈਕਟਰ ਐਚ.ਐਸ. ਬਸਰਾ, ਕੋਚ ਸਾਜਨ ਰਾਜਪੂਤ, ਕੋਚ ਰਵਿੰਦਰ ਨਾਥ, ਬਲਵੀਰ ਕੁਮਾਰ, ਬੀ.ਐਸ. ਬਾਗਲਾ, ਸਲਵਿੰਦਰ ਸਿੰਘ ਜੱਸੀ, ਬਿਸ਼ੰਭਰ ਦਾਸ, ਸ਼ੱਮੀ ਪਹਿਲਵਾਨ, ਸਨੀ ਲੋਹਾਰਾਂ, ਗੀਤ ਪ੍ਰੀਤ ਪਾਲ ਸਿੰਘ ਪ੍ਰੈਸ ਸਕੱਤਰ ਪੰਜਾਬ ਰੈਸਲਿੰਗ ਐਸੋਸੀਏਸ਼ਨ, ਹਰਮੇਸ਼ ਲਾਲ ਆਦਿ ਹਾਜਰ ਸਨ।

# ਸੰਤ ਬਾਬਾ ਦੇਵ ਤੇ ਸੰਤ ਭੂਗ ਸਿੰਘ ਦੀ ਯਾਦ 'ਚ ਸਾਲਾਨਾ ਬਰਸੀ ਮੌਕੇ ਗੁਰਮਤਿ ਸਮਾਗਮ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਭੁੰਗਰਨੀ ਵਿਖੇ ਸੰਤ ਬਾਬਾ ਹੀਰਾ ਸਿੰਘ ਦੀ ਕੁਟੀਆ ਵਿਖੇ ਸਮੂਹ ਇਲਾਕਾ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਅਤੇ ਸਮੁੱਚੀ ਸਾਧ ਸੰਗਤ ਵੱਲੋਂ ਸੰਤ ਬਾਬਾ ਦੇਵ ਅਤੇ ਸੰਤ ਬਾਬਾ ਭੂਗ ਸਿੰਘ ਦੀ ਯਾਦ ਵਿੱਚ ਸਾਲਾਨਾ ਬਰਸੀ ਸਮਾਗਮ ਮੌਕੇ ਮਹਾਨ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਏ ਗਏ।ਇਸ ਮੌਕੇ ਮੁੱਖ ਸੇਵਾਦਾਰ ਜਗਤਾਰ ਸਿੰਘ ਭੁੰਗਰਨੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਬਰਸੀਂ ਸਮਾਗਮ ਦੌਰਾਨ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪਾਏ ਗਏ ।ਉਪਰੰਤ ਖੁੱਲੇ ਪੰਡਾਲ ਵਿੱਚ ਸੰਤ ਬਾਬਾ ਜਸਵਿੰਦਰ ਸਿੰਘ ਜੰਡਿਆਲਾ ਵਾਲੇ, ਸੰਤ ਬਾਬਾ ਮਹਾਂਵੀਰ ਸਿੰਘ ਤਾਜੇਵਾਲ, ਭਾਈ ਬ੍ਰਿਕਮਜੀਤ ਸਿੰਘ ਤਨੂੰਲੀ, ਪ੍ਰਿੰਸੀਪਲ ਗੁਰਪ੍ਰੀਤ ਸਿੰਘ ਹੁਸ਼ਿਆਰਪੁਰ, ਭਾਈ ਮਨਜੀਤ ਸਿੰਘ ਮੋਜੀ ਆਦਿ ਨੇ ਪੁੱਜ ਕੇ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਸਮਾਗਮ ਦੌਰਾਨ ਮੁੱਖ ਮਹਿਮਾਨ ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ ਨੇ ਵਿਸ਼ੇਸ਼ ਤੌਰ 'ਤੇ ਪੁੱਜ ਕੇ ਹਾਜ਼ਰੀ ਭਰੀ।ਇਸ ਪ੍ਰਬੰਧਕਾਂ ਵੱਲੋਂ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮਾਗਮ ਦੌਰਾਨ ਜਥੇਦਾਰ ਸੁਰਜੀਤ ਸਿੰਘ ਮਸੂਤਾ, ਬਲਵੀਰ ਸਿੰਘ ਫੁਗਲਾਣਾ, ਬਲਵੀਰ ਸਿੰਘ ਤੰਬੜ ਭੁੰਗਰਨੀ, ਜਗਤਾਰ ਸਿੰਘ ਭੁੰਗਰਨੀ,ਦੀ ਵਰਕਿੰਗ ਰਿਪੋਰਟਰ ਐਸੋਸੀਏਸ਼ਨ ਪੰਜਾਬ ਇੰਡੀਅਨ ਦੇ ਪ੍ਰਧਾਨ ਬਲਵੀਰ ਸਿੰਘ ਸੈਣੀ ਗੁਰਵਿੰਦਰ ਸਿੰਘ ਪਲਾਹਾ ਚੰਦਰਪਾਲ ਹੈਪੀ ਮਾਨਾ, ਮਨਜੀਤ ਸਿੰਘ ਸੋਨੂੰ, ਪਰਮਿੰਦਰ ਸਿੰਘ ਪਿੰਦਰ, ਨਰਿੰਦਰ ਸਿੰਘ ਖਾਲੀ ਵਾਲੇ, ਧਨਵੰਤ ਸਿੰਘ, ਭੁਪਿੰਦਰ ਸਿੰਘ, ਜਸਵਿੰਦਰ ਸਿੰਘ ਜਸਵਿੰਦਰ ਸਿੰਘ ਸੰਘਾ, ਮੱਖਣ ਸਿੰਘ ਯੂ ਐਸ਼ ਏ, ਭਾਈ ਸੁਖਚੈਨ ਸਿੰਘ ਹੈਡ ਗ੍ਰੰਥੀ, ਭਾਈ ਪ੍ਰਸ਼ੋਤਮ ਸਿੰਘ, ਕਰਨਜੀਤ ਸਿੰਘ ਰਿੱਕੀ ਸਿੱਬਲੀ, ਸ਼ਿੰਗਾਰਾ ਸਿੰਘ, ਜਿੰਦਰ ਸਿੰਘ ਭੰਗਲ, ਹਰਵਿੰਦਰ ਸਿੰਘ ਚੱਕਦਾਨਾ, ਸਵਰਨ ਸਿੰਘ ਕਿਸਾਨ ਆਗੂ, ਮਿੰਨੀ ਲੋਈ, ਗੁਰਪ੍ਰੀਤ ਸਿੰਘ ਗੋਪੀ ਆਦਿ ਹਾਜ਼ਰ ਸਨ।

# ਹਰੇਕ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਤਹਿਤ ਐਕਟੀਵਿਟੀ



**ਬਲਾਚੌਰ (ਜਸਵਿੰਦਰ ਬੈਂਸ)** ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾਕਟਰ ਗੁਰਿੰਦਰਜੀਤ ਸਿੰਘ ਅਤੇ ਐਪੀਡੀਮੋਲੋਜਿਸਟ ਡਾਕਟਰ ਰਕੇਸ਼ ਪਾਲ ਦੇ ਦਿਸ਼ਾ ਨਿਰਦੇਸ਼ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਸੜੋਆ ਡਾਕਟਰ ਨਵਰੀਤ ਕੌਰ ਦੀ ਅਗਵਾਈ ਹੇਠ ਹਰੇਕ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਤਹਿਤ ਪਿੰਡ ਚੰਦਿਆਣੀ ਖੁਰਦਾ ਮਾਲੇਵਾਲ ਬੂਥਗੜ ਵਿਖੇ ਹਰੇਕ ਸ਼ੁਕਰਵਾਰ ਡੇਗੂ ਤੇ ਵਾਰ ਮੁਹਿੰਮ ਤਹਿਤ ਐਕਟੀਵਿਟੀ ਕੀਤੀ ਗਈ ਜਿਸ ਦੌਰਾਨ ਸਿਹਤ ਵਿਭਾਗ ਦੇ ਕਰਮਚਾਰੀ ਕਰਾਂਤੀ ਪਾਲ ਸਿੰਘ ਰੌੜੀ ਅਤੇ ਸੁਨੀਲ ਕੁਮਾਰ ਵਲੋਂ ਦੱਸਿਆ ਕਿ ਡੇਂਗੂ ਇੱਕ ਵਾਇਰਲ ਬੁਖਾਰ ਹੈ ਜੋ ਕਿ ਮਾਦਾ ਏਡੀਜ ਨਾ ਦੇ ਮੱਛਰ ਦੇ ਕੱਟਣ ਨਾਲ ਪੈਦਾ ਹੁੰਦਾ ਹੈ ਇਹ ਸਾਫ ਖੜ੍ਹੇ ਪਾਣੀ ਵਿਚ ਪੈਦਾ ਹੁੰਦਾ ਹੈ। ਇਸ ਤੋਂ ਬਚਾਓ ਲਈ ਅਪਣੇ ਆਲੇ ਦੁਆਲੇ ਸਾਫ ਸਫਾਈ ਦਾ ਖਾਸ ਖਿਆਲ ਰੱਖਿਆ ਜਾਵੇ। ਇਸ ਮੌਕੇ ਸਿਹਤ ਵਿਭਾਗ ਵੱਲੋਂ ਕਰਾਂਤੀ ਪਾਲ ਸਿੰਘ ਰੌੜੀ, ਸੁਨੀਲ ਕੁਮਾਰ, ਜਸਵਿੰਦਰ ਕੌਰ, ਕਵਿਤਾ ਕੁਸਲਪ੍ਰੀਤ, ਰਿੰਕੀ, ਹਰਦੀਪ, ਆਸਾ ਵਰਕਰ ਅਤੇ ਪਿੰਡ ਵਾਸੀ ਹਾਜ਼ਰ ਸਨ।

# ਕੈਂਬ੍ਰਿਜ ਨੇ ਭਾਰਤ 'ਚ ਮਾਰਚ 2025 ਦੀ ਪ੍ਰੀਖਿਆ ਸੀਰੀਜ਼ ਦੇ ਨਤੀਜੇ ਐਲਾਨੇ

**ਲੁਧਿਆਣਾ :** ਕੈਂਬ੍ਰਿਜ ਯੂਨੀਵਰਸਿਟੀ ਪ੍ਰੈੱਸ ਐਂਡ ਅਸੈਸਮੈਂਟ (ਕੈਂਬ੍ਰਿਜ) ਨੇ ਭਾਰਤ ਵਿੱਚ ਮਾਰਚ 2025 ਦੀ ਪ੍ਰੀਖਿਆ ਸੀਰੀਜ਼ ਦੇ ਨਤੀਜੇ ਐਲਾਨ ਕਰ ਦਿੱਤੇ ਹਨ।ਇਸ ਵਾਰ 420 ਸਕੂਲਾਂ ਦੇ 17,000 ਤੋਂ ਵੱਧ ਵਿਦਿਆਰਥੀਆਂ ਨੇ ਮਾਰਚ 2025 ਦੀ ਪ੍ਰੀਖਿਆ ਸੀਰੀਜ਼ ਵਿੱਚ ਹਿੱਸਾ ਲਿਆ, ਜੋ ਕਿ ਇਸ ਨੂੰ ਹੁਣ ਤੱਕ ਦੀ ਸਭ ਤੋਂ ਵੱਡੀ ਮਾਰਚ ਪ੍ਰੀਖਿਆ ਸੀਰੀਜ਼ ਬਣਾਉਂਦਾ ਹੈ।ਇਸ ਪ੍ਰੀਖਿਆ ਲੜੀ ਵਿੱਚ ਵਿਦਿਆਰਥੀਆਂ ਦੀਆਂ ਅਰਜ਼ੀਆਂ ਵਿੱਚ 11 ਪ੍ਰਤੀਸ਼ਤ ਵਾਧਾ ਹੋਇਆ, ਜਿਸ ਵਿੱਚ ਕੈਂਬ੍ਰਿਜ ਆਈਜੀਸੀਐੱਸਈ ਵਿੱਚ 12 ਪ੍ਰਤੀਸ਼ਤ ਅਤੇ ਕੈਂਬ੍ਰਿਜ ਏਐੱਸ ਐਂਡ ਏ ਪੱਧਰ ਵਿੱਚ 10 ਪ੍ਰਤੀਸ਼ਤ ਵਾਧਾ ਹੋਇਆ।ਕੈਂਬ੍ਰਿਜ ਦੇ ਜੀਵ ਵਿਗਿਆਨ ਲਈ ਸੰਯੁਕਤ ਐਂਟਰੀਆਂ ਵਿੱਚ 16 ਪ੍ਰਤੀਸ਼ਤ ਵਾਧਾ ਹੋਇਆ ਹੈ।ਕੈਂਬ੍ਰਿਜ ਦੇ ਇੰਟਰਨੈਸ਼ਨਲ ਐਜੂਕੇਸ਼ਨ ਗਰੁੱਪ ਦੇ ਸੀਨੀਅਰ ਵਾਈਸ ਪ੍ਰੈਜ਼ੀਡੈਂਟ ਵਿਨੈ ਸ਼ਰਮਾ ਨੇ ਦੱਸਿਆ ਕਿ ਇਨ੍ਹਾਂ ਨਤੀਜਿਆਂ ਨਾਲ ਅਸੀਂ ਵਿਦਿਆਰਥੀਆਂ ਦੀ ਸਖਤ ਮਿਹਨਤ ਅਤੇ ਉਨ੍ਹਾਂ ਦੇ ਅਧਿਆਪਕਾਂ, ਮਾਪਿਆਂ ਅਤੇ ਸਕੂਲਾਂ ਦੀ ਵਚਨਬੱਧਤਾ ਨੂੰ ਮਾਨਤਾ ਦਿੰਦੇ ਹਾਂ।

# ਕਾਵਿ ਸੰਗ੍ਰਹਿ 'ਵਲਵਲੇ' ਦਾ ਲੋਕ ਅਰਪਣ ਸਮਾਗਮ ਭਲਕੇ

**ਬਾਬਾ ਬਕਾਲਾ ਸਾਹਿਬ (ਨਿਰਮਲ ਸਿੰਘ ਸੰਘਾ)**-ਪਿਛਲੇ 40 ਸਾਲਾਂ ਤੋਂ ਲਗਾਤਾਰ ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਜੁਟੀ ਪੰਜਾਬ ਦੀ ਚਰਚਿਤ ਸਾਹਿਤਕ ਸੰਸਥਾ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਨਾਮਵਰ ਸ਼ਾਇਰ ਸ਼ੈਲੀ ਸੁਲਤਾਨ ਦਾ ਕਾਵਿ ਸੰਗ੍ਰਹਿ 'ਵਲਵਲੇ' ਦਾ ਲੋਕ ਅਰਪਣ ਸਮਾਗਮ 25 ਮਈ 2025, ਐਤਵਾਰ ਨੂੰ ਸਵੇਰੇ 9.30 ਵਜੇ ਮੀਟਿੰਗ ਹਾਲ ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ ਵਿਖੇ ਕਰਵਾਇਆ ਜਾ ਰਿਹਾ ਹੈ।ਸਭਾ ਦੇ ਮੁੱਖ ਸੰਚਾਲਕ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਦੱਸਿਆ ਕਿ ਇਸ ਮੌਕੇ ਮਾਂ ਬੋਲੀ ਨੂੰ ਮਸਰਪਿਤ ਕਵੀ ਦਰਬਾਰ ਕਰਵਾਇਆ ਜਾਵੇਗਾ, ਜਿਸ ਵਿੱਚ ਪੰਜਾਬੀ ਜ਼ੁਬਾਨ ਦੇ ਨਾਮਵਰ ਸ਼ਾਇਰਾਂ ਵੱਲੋਂ ਕਵਿਤਾਵਾਂ ਪੜ੍ਹੀਆਂ ਜਾਣਗੀਆਂ।ਸਭਾ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਖਜ਼ਾਨਚੀ ਮਾ: ਮਨਜੀਤ ਸਿੰਘ ਵੱਸੀ, ਸੀ: ਮੀਤ ਪ੍ਰਧਾਨ ਡਾ: ਪਰਮਜੀਤ ਸਿੰਘ ਬਾਠ, ਸੀ: ਮੀਤ ਪ੍ਰਧਾਨ ਮੱਖਣ ਸਿੰਘ ਭੈਣੀਵਾਲਾ, ਸਕੱਤਰ ਨਵਦੀਪ ਸਿੰਘ ਬਦੇਸ਼ਾ, ਪ੍ਰੈੱਸ ਸਕੱਤਰ ਬਲਵਿੰਦਰ ਸਿੰਘ ਅਠੌਲਾ ਨੇ ਸਮੂਹ ਕਵੀਜਨਾਂ ਨੂੰ ਪੁੱਜਣ ਦੀ ਅਪੀਲ ਕੀਤੀ ਹੈ ।

## ਬਰਲਟਨ ਪਾਰਕ ਪ੍ਰਜੈਕਟ ਨਾਲ ਬਦਲੇਗੀ ਜਲੰਧਰ ਦੀ ਦਿਸ਼ਾ ਤੇ ਦਸ਼ਾ : ਮੋਹਿੰਦਰ ਭਗਤ

**ਜਲੰਧਰ (ਸ਼ੈਲੀ ਐਲਬਰਟ)** ਲਗਭਗ 10-12 ਸਾਲਾਂ ਤੋਂ ਲੰਬਿਤ ਬਰਲਟਨ ਪਾਰਕ ਪ੍ਰਜੈਕਟ ਦੇ ਦੁਬਾਰਾ ਸ਼ੁਰੂ ਹੋਣ ਦੀ ਖ਼ਬਰ ਨਾਲ ਪੂਰੇ ਜਲੰਧਰ ਖੇਤਰ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਹੈ।ਇਸ ਬਹੁਉਦੇਸ਼ੀ



ਪ੍ਰਜੈਕਟ ਦੇ ਮੁੜ ਸ਼ੁਰੂ ਹੋਣ 'ਤੇ ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਵੀ ਆਪਣੀਆਂ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪਿਛਲੇ ਤਿੰਨ ਸਾਲਾਂ ਵਿੱਚ ਸੈਂਕੜੇ ਵਿਕਾਸ ਪ੍ਰਜੈਕਟ ਤੇਜ਼ੀ ਨਾਲ ਪੂਰੇ ਕੀਤੇ ਹਨ।ਸ਼੍ਰੀ ਭਗਤ ਨੇ ਕਿਹਾ ਕਿ ਇਹ ਪ੍ਰਜੈਕਟ 12 ਮਹੀਨਿਆਂ 'ਚ ਪੂਰਾ ਹੋਣਾ ਚਾਹੀਦਾ ਸੀ, ਪਰ 12 ਸਾਲਾਂ ਬਾਅਦ ਵੀ ਇਹ ਪੂਰਾ ਨਾ ਹੋਣਾ ਪਿਛਲੀਆਂ ਸਰਕਾਰਾਂ ਦੀ ਨਾਕਾਮੀ ਨੂੰ ਦਰਸਾਉਂਦਾ ਹੈ। ਦੂਜੇ ਪਾਸੇ ਮੇਅਰ ਵਿਨੀਤ ਧੀਰ ਵੱਲੋਂ ਇਸ ਪ੍ਰਜੈਕਟ 'ਤੇ ਖਾਸ ਧਿਆਨ ਦੇ ਕੇ ਇਸਨੂੰ ਮੁੜ ਸ਼ੁਰੂ ਕਰਵਾਉਣ ਦੀ ਜੋ ਕੋਸ਼ਿਸ਼ ਕੀਤੀ ਗਈ, ਉਹ ਕਾਬਿਲ-ਏ-ਤਾਰੀਫ਼ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਇਸ ਪ੍ਰਜੈਕਟ ਦੇ ਪੂਰਾ ਹੋਣ ਨਾਲ ਜਲੰਧਰ ਮੁੜ ਦੁਨੀਆ ਦੇ ਨਕਸ਼ੇ 'ਤੇ ਇੱਕ ਵਿਸ਼ੇਸ਼ ਪਛਾਣ ਬਣਾਵੇਗਾ।

# ਕੁਲਵੰਤ ਸਿੰਘ ਦੀ ਅਗਵਾਈ 'ਚ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਾਗਰੂਕਤਾ ਯਾਤਰਾ

**ਮੋਹਾਲੀ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਨਸ਼ਾ ਵਿਰੋਧੀ ਮੁਹਿੰਮ ਸ਼ੁਰੂ ਕੀਤੀ ਗਈ ਹੈ, ਇਸ ਮੁਹਿੰਮ ਦੇ ਤਹਿਤ ਵਿਧਾਇਕ




ਕੁਲਵੰਤ ਸਿੰਘ ਦੀ ਅਗਵਾਈ ਵਿੱਚ ਮੋਹਾਲੀ ਦੇ ਪਿੰਡ ਲਖਨੌਰ, ਭਾਗੋਮਾਜਰਾ ਅਤੇ ਬੈਰੋਪੁਰ ਵਿੱਚ ਪਿੰਡ ਵਾਸੀਆਂ, ਪੰਚਾਂ-ਸਰਪੰਚਾਂ ਦੀ ਮੌਜੂਦਗੀ ਵਿੱਚ ਨਸ਼ਾ ਵਿਰੋਧੀ ਜਾਗਰੂਕਤਾ ਯਾਤਰਾ ਕੱਢੀ ਗਈ। ਉਨ੍ਹਾਂ ਕਿਹਾ ਕਿ ਸਮਾਜ ਵਿਚੋਂ ਨਸ਼ੇ ਨੂੰ ਖਤਮ ਕਰਨਾ ਸਮਾਜ ਦੇ ਹਰ ਵਿਅਕਤੀ ਦਾ ਫਰਜ਼ ਹੈ ਬਣਦਾ ਹੈ। ਨਸ਼ਾ ਨੂੰ ਜੜ੍ਹ ਤੋਂ ਖਤਮ ਕਰਨ ਲਈ ਹਰ ਵਰਗ, ਹਰ ਪੰਚਾਇਤ, ਹਰ ਨੌਜਵਾਨ, ਹਰ ਮਾਤਾ-ਪਿਤਾ ਨੂੰ ਅਪੀਲ ਕਰਦਾ ਹਾਂ। ਇਸ ਅੰਦੋਲਨ ਨਾਲ ਜੁੜੋ ਪੰਜਾਬ ਨੂੰ ਨਸ਼ਾ ਮੁਕਤ-ਕਰਨ ਦੀ ਇਹ ਲੜਾਈ ਸਾਡੀ ਸਭ ਦੀ ਲੜਾਈ ਹੈ। ਉਨ੍ਹਾਂ ਇਕੱਠ ਨੂੰ ਸੰਬੋਧਤ ਕਰਦੇ ਹੋਏ ਕਿਹਾ ਕਿ ਉਹ ਸਮਾਂ ਦੂਰ ਨਹੀਂ ਹੈ, ਜਦੋਂ ਪੰਜਾਬ 'ਚ ਕੋਈ ਨਸ਼ਾ ਨਹੀਂ ਵਿਕੇਗਾ ਅਤੇ ਨਾ ਕੋਈ ਨਸ਼ਾ ਤਸਕਰ ਪਿੰਡਾਂ ਵਿੱਚ ਦਾਖਲ ਹੋਣ ਦੀ ਹਿੰਮਤ ਕਰੇਗਾ, ਪ੍ਰੰਤੂ ਇਸ ਸਭ ਲਈ ਤੁਹਾਡੇ ਸਹਿਯੋਗ ਦੀ ਜ਼ਰੂਰਤ ਹੈ।


**AXIS BANK** | ਰਿਟੇਲ ਐੱਸਟ ਸੈਂਟਰ : ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001,
ਕਾਰਪੋਰੇਟ ਦਫਤਰ : "ਐਕਸਿਸ ਹਾਊਸ", ਸੀ-2, ਵਾਡੀਆ ਇੰਟਰਨੈਸ਼ਨਲ ਸੈਂਟਰ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ "ਤ੍ਰਿਸ਼ੂਲ" ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ - 380006

**ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਈ-ਨਿਲਾਮੀ ਵਿਕਰੀ ਨੋਟਿਸ**

ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐੱਸਟਸ ਦੀ ਵਿੱਕਰੀ ਵਾਸਤੇ ਈ-ਨਿਲਾਮੀ ਨੋਟਿਸ।
ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਊਰਡ ਕ੍ਰੈਡਿਟਰ ਕੋਲ ਰਹਿਣ/ਚਾਰਜਿਡ ਹੈ, ਜਿਸ ਦਾ ਭੌਤਿਕ ਕਬਜ਼ਾ ਸਕਿਊਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ, ਦੀ ਵਿਕਰੀ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ (1) ਸ੍ਰੀ ਨਰਿੰਦਰ ਸਿੰਘ ਪੁੱਤਰ ਕਰਮਜੀਤ ਸਿੰਘ 2 ਸ੍ਰੀਮਤੀ ਰੁਪਿੰਦਰ ਕੌਰ ਪਤਨੀ ਨਰਿੰਦਰ ਸਿੰਘ ਤੋਂ 16 ਅਪ੍ਰੈਲ 25 ਨੂੰ ਬਕਾਇਆ ਰਕਮ ਰੁਪਏ 27,81,845 (ਰੁਪਏ ਸਤਾਈ ਲੱਖ ਇਕਾਸੀ ਹਜ਼ਾਰ ਅੱਠ ਸੌ ਪੰਜਤਾਲੀ ਕੇਵਲ) ਸਮੇਤ ਭਵਿੱਖੀ ਵਿਆਜ ਅਤੇ ਲਾਗਤਾਂ ਦੀ ਵਸੂਲੀ ਲਈ 13.06.2025 ਨੂੰ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
|---|---|
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 20,16,736/- (ਵੀਹ ਲੱਖ ਸੋਲਾਂ ਹਜ਼ਾਰ ਸੱਤ ਸੌ ਛੱਤੀ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 201674/- (ਦੋ ਲੱਖ ਇੱਕ ਹਜ਼ਾਰ ਛੇ ਸੌ ਚੁਹੱਤਰ ਰੁਪਏ ਕੇਵਲ) |
| ਬੋਲੀ ਵਾਧਾ ਰਕਮ | ਰੁਪਏ 10,000/- (ਦਸ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | 12 ਜੂਨ 2025 ਸ਼ਾਮ 05.00 ਵਜੇ ਤੱਕ, ਐਕਸਿਸ ਬੈਂਕ ਲਿਮਟਿਡ, ਰਿਟੇਲ ਐੱਸਟ ਸੈਂਟਰ ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001 |
| ਜਨਤਕ ਈ-ਨਿਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://www.bankeauctions.com 'ਤੇ 13 ਜੂਨ 2025 ਸਵੇਰੇ 11.00 ਵਜੇ ਅਤੇ 1.00 ਵਜੇ ਦਰਮਿਆਨ ਹਰੇਕ 5 ਮਿੰਟ ਦੇ ਅਸੀਮਤ ਵਾਧੇ ਨਾਲ। ਈ-ਨਿਲਾਮੀ ਟੈਂਡਰ ਦਸਤਾਵੇਜ਼, ਜਿਵੇਂ ਕਿ ਈ-ਨਿਲਾਮੀ ਬੋਲੀ ਫਾਰਮ, ਡੈਕਲੇਰੇਸ਼ਨ ਆਦਿ ਸ਼ਾਮਲ ਹਨ,ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

**ਸਾਰਣੀ**

ਬੈਨਾਮਾ ਦਸਤਾਵੇਜ਼ ਨੰ. 2021-22/89/1/3854 ਮਿਤੀ 06-08-2021 ਅਨੁਸਾਰ ਸ੍ਰੀਮਤੀ ਰੁਪਿੰਦਰ ਕੌਰ ਪਤਨੀ ਨਰਿੰਦਰ ਸਿੰਘ ਦੇ ਨਾਂਅ ਰਿਹਾਇਸ਼ੀ ਜਾਇਦਾਦ/ਮਕਾਨ ਪਲਾਟ ਪ੍ਰਾਈਵੇਟ ਨੰ. 53 ਮਿੰਨ 'ਤੇ ਨਿਰਮਿਤ, ਰਕਬਾ 112.49 ਵਰਗ ਗਜ਼, ਖਸਰਾ ਨੰ. 4668//2 ਮਿੰਨ, ਖੱਤਾ-ਖਤੌਨੀ ਨੰ. 900/2324, ਜਮ੍ਹਾਂਬੰਦੀ ਸਾਲ 2015-16, ਸੁਲਤਾਨਵਿੰਡ ਸਬ-ਅਰਬਨ ਤਰਫ ਮਾਹਲ II ਅਬਾਦੀ ਭਾਈ ਮੰਝ ਰੋਡ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਹੋਰ ਮਾਲਕ, ਪੱਛਮ : ਗਲੀ 20' ਚੌੜੀ, ਉੱਤਰ : ਪਲਾਟ ਨੰ. 54, ਦੱਖਣ : ਪਲਾਟ ਨੰ. 53 ਮਿੰਨ ਦਾ ਬਾਕੀ ਹਿੱਸਾ।

ਵਿਕਰੀ ਦੀਆਂ ਵਿਸਥਾਰਤ ਸ਼ਰਤਾਂ ਅਤੇ ਨਿਯਮਾਂ ਲਈ ਕ੍ਰਿਪਾ ਕਰਕੇ ਸਕਿਊਰਡ ਕ੍ਰੈਡਿਟਰ ਦੀ ਵੈੱਬਸਾਈਟ https://www.axisbank.com/auction-retail ਅਤੇ ਬੈਂਕ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਦਾ ਹਵਾਲਾ ਲਿਆ ਜਾਵੇ। ਨਿਲਾਮੀ ਬੈਂਕ ਦੇ ਪ੍ਰਮਾਣਿਤ ਸਰਵਿਸ ਪ੍ਰੋਵਾਈਡਰ ਮੈਸ: ਸੀ-1 ਇੰਡੀਆ ਪ੍ਰਾਈਵੇਟ ਲਿਮਟਿਡ ਦੇ ਵੈੱਬ ਪੋਰਟਲ https://www.bankeauctions.com ਰਾਹੀਂ ਆਨਲਾਈਨ ਕੀਤੀ ਜਾਵੇਗੀ। ਹੋਰ ਸਹਾਇਤਾ ਲਈ ਚਾਹਵਾਨ ਬੋਲੀਕਾਰ ਸ੍ਰੀ ਸੰਦੀਪ ਬਵੇਜਾ (ਮੋਬਾਈਲ ਨੰ. 8920705598) ਬੈਂਕ ਦੇ ਅਧਿਕਾਰਤ ਅਫਸਰ ਨਾਲ ਦਫਤਰੀ ਸਮੇਂ ਸਵੇਰੇ 9.30 ਵਜੇ ਤੋਂ ਸ਼ਾਮ ਦੇ 6.00 ਵਜੇ ਤੱਕ ਸੰਪਰਕ ਕਰ ਸਕਦੇ ਹਨ। ਇਸ ਨੋਟਿਸ ਨੂੰ ਕਰਜ਼ਦਾਰਾਂ ਲਈ ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲ, 2002 ਦੇ ਰੂਲ 8 (6) ਤਹਿਤ 15 ਦਿਨਾਂ ਦਾ ਨੋਟਿਸ ਮੰਨਿਆ ਜਾਵੇ।

ਮਿਤੀ : 24-05-2025, ਸਥਾਨ : ਅੰਮ੍ਰਿਤਸਰ — ਤੁਹਾਡਾ ਵਿਸ਼ਵਾਸਪਾਤਰ ਵਾਸਤੇ ਐਕਸਿਸ ਬੈਂਕ ਲਿਮਟਿਡ (ਅਧਿਕਾਰਤ ਅਫਸਰ)



**AXIS BANK** | Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana- 141001.
Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025
Registered Office: 'Trishul', 3rd Floor, Opposite Samartheswar Temple, Law garden, Ellisbridge, Ahmadabad-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰਿਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।
ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। [illegible]

2. ਸ੍ਰੀ ਅੰਮ੍ਰਿਤ ਵੋਹਰਾ ਪੁੱਤਰ ਖਰੈਤੀ ਲਾਲ, ਆਦਰਸ਼ ਨਗਰ, ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ, ਪੰਜਾਬ-152022
3. ਸ੍ਰੀ ਰਮੇਸ਼ ਕੁਮਾਰ ਵੋਹਰਾ ਪੁੱਤਰ ਮਨੋਹਰ ਲਾਲ, 267, ਗ੍ਰੀਨ ਐਵੇਨਿਊ ਕਾਲੋਨੀ, ਵਾਰਡ ਨੰ. 5, ਗੁਰੂ ਹਰਸਹਾਏ (ਰੂਰਲ) ਫਿਰੋਜ਼ਪੁਰ, ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ, ਪੰਜਾਬ-152022
20 ਮਈ 2025 — ਰੁਪਏ 5,13,21,449/- (ਪੰਜ ਕਰੋੜ ਤੇਰਾਂ ਲੱਖ ਇੱਕੀ ਹਜ਼ਾਰ ਚਾਰ ਸੌ ਉਨੰਜਾ ਰੁਪਏ ਕੇਵਲ)
20 ਮਈ 2025 — ਰੁਪਏ 33,06,884/- (ਤੇਤੀ ਲੱਖ ਛੇ ਹਜ਼ਾਰ ਅੱਠ ਸੌ ਚੁਰਾਸੀ ਰੁਪਏ ਕੇਵਲ)

ਰਹਿਣ ਕੀਤੀ ਜਾਇਦਾਦ ਦਾ ਵੇਰਵਾ : (1) ਇੰਡਸਟਰੀਅਲ ਜਾਇਦਾਦ ਰਕਬਾ 16 ਕਨਾਲਾਂ 10 ਮਰਲੇ 6.50 ਸਰਸਾਈ ਦਾ ਉਚਿਤ ਗਿਰਵੀਨਾਮਾ, ਵੇਰਵੇ ਹੇਠ ਅਨੁਸਾਰ ਹਨ : (ਏ) ਜ਼ਮੀਨ ਰਕਬਾ 02 ਕਨਾਲਾਂ 00 ਮਰਲੇ 0.50 ਸਰਸਾਈ ਜੋ ਕਿ 04 ਕਨਾਲਾਂ 10 ਮਰਲੇ ਦਾ 721/1620 ਹਿੱਸਾ ਹੈ, ਖਸਰਾ ਨੰ. 205 ਐੱਮ//4/2/1 (4-10) ਖੇਵਟ ਨੰ. 2161, ਖਤੌਨੀ ਨੰ. 3084 (ਬੀ) ਜ਼ਮੀਨ ਰਕਬਾ 14 ਕਨਾਲਾਂ 10 ਮਰਲੇ 06 ਸਰਸਾਈ ਜੋ ਕਿ 21 ਕਨਾਲਾਂ 16 ਮਰਲੇ ਦਾ 2616/3924 ਹਿੱਸਾ ਹੈ, ਖਸਰਾ ਨੰ. 205 ਡਬਲਯੂ /3/1 (0-2), 3/3 (5-18), 7/1 (7-16), 8 (8-0), ਖੇਵਟ ਨੰ. 2160, ਖਤੌਨੀ ਨੰ. 3083, ਜਮ੍ਹਾਂਬੰਦੀ ਸਾਲ 2013-2014 ਹਦਬਸਤ ਨੰ. 270, ਗੁਰੂ ਹਰਸਹਾਏ ਸ਼ਮਾਲੀ ਤਹਿਸੀਲ ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ, ਵਸੀਕਾ ਨੰ. 2020-2/114/1/541 ਮਿਤੀ 22.07.2020 ਅਨੁਸਾਰ।
(2) ਇੰਡਸਟਰੀਅਲ ਜਾਇਦਾਦ ਰਕਬਾ 02 ਕਨਾਲਾਂ 18 ਮਰਲੇ 2.50 ਸਰਸਾਈ ਦਾ ਉਚਿਤ ਗਿਰਵੀਨਾਮਾ, ਵੇਰਵਾ ਹੇਠ ਲਿਖੇ ਅਨੁਸਾਰ : (ਏ) ਜ਼ਮੀਨ ਰਕਬਾ 00 ਕਨਾਲ 09 ਮਰਲੇ 7.50 ਸਰਸਾਈ ਜੋ ਕਿ ਕਨਾਲ 10 ਮਰਲੇ ਦਾ 59/540 ਹਿੱਸਾ ਹੈ, ਖਸਰਾ ਨੰ. 205 ਐੱਮ//4/2/1 (4-10), ਖੇਵਟ ਨੰ. 2211, ਖਤੌਨੀ ਨੰ. 3120 (ਬੀ) ਜ਼ਮੀਨ ਰਕਬਾ 02 ਕਨਾਲਾਂ 8 ਮਰਲੇ 04 ਸਰਸਾਈ ਜੋ ਕਿ 21 ਕਨਾਲਾਂ 16 ਮਰਲੇ ਦਾ 1/9 ਹਿੱਸਾ ਹੈ, ਖਸਰਾ ਨੰ. 205 ਐੱਮ//3/1 (0-2) 3/3 (5-18) 7/1 (7-16) 8 (8-0) ਖੇਵਟ ਨੰ. 2210, ਖਤੌਨੀ ਨੰ. 3119, ਜਮ੍ਹਾਂਬੰਦੀ ਸਾਲ 2008-2009, ਹਦਬਸਤ ਨੰ. 270, ਗੁਰੂ ਹਰਸਹਾਏ ਸ਼ਮਾਲੀ, ਤਹਿਸੀਲ ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ, ਵਸੀਕਾ 2019-20/114/1/1267 ਮਿਤੀ 12.09.2019 ਅਨੁਸਾਰ।
(3) ਇੰਡਸਟਰੀਅਲ ਜਾਇਦਾਦ ਰਕਬਾ 02 ਕਨਾਲਾਂ 18 ਮਰਲੇ 2.50 ਸਰਸਾਈ ਦਾ ਉਚਿਤ ਗਿਰਵੀਨਾਮਾ ਵੇਰਵਾ ਹੇਠ ਅਨੁਸਾਰ : (ਏ) ਜ਼ਮੀਨ ਰਕਬਾ 00 ਕਨਾਲਾਂ 09 ਮਰਲੇ 7.50 ਸਰਸਾਈ ਜੋ ਕਿ 04 ਕਨਾਲਾਂ 10 ਮਰਲੇ ਦਾ 59/540 ਹਿੱਸਾ ਹੈ, ਖਸਰਾ ਨੰ. 205 ਐੱਮ//4/2/1 (4-10) ਖੇਵਟ ਨੰ. 2211, ਖਤੌਨੀ ਨੰ. 3120 (ਬੀ) ਜ਼ਮੀਨ ਰਕਬਾ 02 ਕਨਾਲਾਂ 08 ਮਰਲੇ 04 ਸਰਸਾਈ ਜੋ ਕਿ 21 ਕਨਾਲਾਂ 16 ਮਰਲੇ ਦਾ 1/9 ਹਿੱਸਾ ਹੈ, ਖਸਰਾ ਨੰ. 205 ਐੱਮ//3/1 (0-2) 3/3 (5-18) 7/1 (7-16) 8 (8-0), ਖੇਵਟ ਨੰ. 2210, ਖਤੌਨੀ ਨੰ. 3119, ਜਮ੍ਹਾਂਬੰਦੀ ਸਾਲ 2008-2009, ਹਦਬਸਤ ਨੰ. 270, ਗੁਰੂ ਹਰਸਹਾਏ ਸ਼ਮਾਲੀ, ਤਹਿਸੀਲ ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ, ਵਸੀਕਾ ਨੰ. 2019-20/114/1/1273 ਮਿਤੀ 12.09.2019 ਅਨੁਸਾਰ।
(4) ਇੰਡਸਟਰੀਅਲ ਜਾਇਦਾਦ ਰਕਬਾ 02 ਕਨਾਲਾਂ 18 ਮਰਲੇ 2.50 ਸਰਸਾਈ ਦਾ ਉਚਿਤ ਗਿਰਵੀਨਾਮਾ ਵੇਰਵਾ ਹੇਠ ਅਨੁਸਾਰ (ਏ) ਜ਼ਮੀਨ 00 ਕਨਾਲ 09 ਮਰਲੇ 7.50 ਸਰਸਾਈ, ਜੋ ਕਿ 04 ਕਨਾਲਾਂ 10 ਮਰਲੇ ਦਾ 59/540 ਹਿੱਸਾ ਹੈ, ਖਸਰਾ ਨੰ. 205 ਐੱਮ//4/2/1 (4-10) ਖੇਵਟ ਨੰ. 2211, ਖਤੌਨੀ ਨੰ. 3120 (ਬੀ) ਜ਼ਮੀਨ ਰਕਬਾ 02 ਕਨਾਲਾਂ 08 ਮਰਲੇ 04 ਸਰਸਾਈ, ਜੋ ਕਿ 21 ਕਨਾਲਾਂ 16 ਮਰਲੇ ਦਾ 1/9 ਹਿੱਸਾ ਹੈ, ਖਸਰਾ ਨੰ. 205 ਐੱਮ//3/1 (0-2) 3/3 (5-18) 7/1 (7-16) 8 (8-0), ਖੇਵਟ ਨੰ. 2210, ਖਤੌਨੀ ਨੰ. 3119, ਜਮ੍ਹਾਂਬੰਦੀ [illegible]



**AXIS BANK** | Retail Asset Center: "2nd and 3rd Floor, Property No. 7-E, Malhar Road, Saraabha Nagar, Ludhiana-141001.
Registered Office: "Trishul", 3rd Floor Opp. Samartheshwar Temple Law Garden, Ellisbridge Ahmedabad- 380006

**ਅੰਤਿਕਾ IVਏ (ਦੇਖੋ ਰੂਲ 8 (6) ਦੀ ਅਵਸਥਾਵਾਂ)**
**ਅਚੱਲ ਜਾਇਦਾਦਾਂ ਦੀ ਵਿਕਰੀ ਵਾਸਤੇ ਵਿਕਰੀ ਨੋਟਿਸ**

ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (6) ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਊਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ 2002 ਤਹਿਤ ਅਚੱਲ ਐੱਸਟਸ ਦੀ ਵਿਕਰੀ ਵਾਸਤੇ ਈ-ਨਿਲਾਮੀ ਨੋਟਿਸ।
ਆਮ ਜਨਤਾ ਅਤੇ ਖਾਸ ਕਰ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਈ ਅਚੱਲ ਜਾਇਦਾਦ ਸਕਿਊਰਡ ਕ੍ਰੈਡਿਟਰ ਕੋਲ ਰਹਿਣ/ਚਾਰਜਡ ਹੈ, ਜਿਸ ਦਾ ਰਚਨਾਤਮਕ/ਭੌਤਿਕ ਕਬਜ਼ਾ (ਜੋ ਲਾਗੂ ਹੈ) ਸਕਿਊਰਡ ਕ੍ਰੈਡਿਟਰ ਦੇ ਅਧਿਕਾਰਤ ਅਫਸਰ ਵੱਲੋਂ ਪ੍ਰਾਪਤ ਕਰ ਲਿਆ ਗਿਆ ਹੈ। (1) ਸ੍ਰੀ ਬਲਵਿੰਦਰ ਸਿੰਘ ਪੁੱਤਰ ਦਲੀਪ ਸਿੰਘ (2) ਸ੍ਰੀਮਤੀ ਪ੍ਰਵੀਨ ਪਤਨੀ ਬਲਵਿੰਦਰ ਸਿੰਘ ਤੋਂ 20 ਨਵੰਬਰ 23 ਤੋਂ ਰੁ. 18,08,874/- (ਅਠਾਰਾਂ ਲੱਖ ਅੱਠ ਹਜ਼ਾਰ ਅੱਠ ਸੌ ਚੁਹੱਤਰ ਰੁਪਏ ਕੇਵਲ) ਸਮੇਤ ਭਵਿੱਖੀ ਵਿਆਜ ਤੇ ਸਕਿਊਰਡ ਕ੍ਰੈਡਿਟਰ ਦੀਆਂ ਲਾਗਤਾਂ ਦੀ ਵਸੂਲੀ ਲਈ "ਜਿਵੇਂ ਹੈ ਜਿੱਥੇ ਹੈ", "ਜਿਵੇਂ ਹੈ ਜੋ ਹੈ" ਅਤੇ "ਉੱਥੇ ਜੋ ਵੀ ਹੈ" ਦੇ ਅਧਾਰ 'ਤੇ 27.06.2025 ਨੂੰ ਵਿਕਰੀ ਕੀਤੀ ਜਾਵੇਗੀ। ਜ਼ਰੂਰੀ ਵੇਰਵਿਆਂ ਲਈ ਕਿਰਪਾ ਕਰਕੇ ਨਿਲਾਮੀ ਸਾਰਣੀ ਦਾ ਹਵਾਲਾ ਲਿਆ ਜਾਵੇ।

| ਜਾਣਕਾਰੀ 'ਚ ਜੋਖਮ (ਜੇਕਰ ਕੋਈ ਹੈ) | ਕੋਈ ਨਹੀਂ |
|---|---|
| ਰਾਖਵੀਂ ਕੀਮਤ (ਰੁਪਏ 'ਚ) | ਰੁਪਏ 19,59,960/- (ਉੱਨੀ ਲੱਖ ਉਨਾਹਠ ਹਜ਼ਾਰ ਨੌਂ ਸੌ ਸੱਠ ਰੁਪਏ ਕੇਵਲ) |
| ਬਿਆਨਾ ਰਕਮ ਡਿਪਾਜ਼ਟ (ਰੁਪਏ 'ਚ) | ਰੁਪਏ 1,95,996/- (ਇੱਕ ਲੱਖ ਪਚਾਨਵੇਂ ਹਜ਼ਾਰ ਨੌਂ ਸੌ ਛਿਆਨਵੇਂ ਰੁਪਏ ਕੇਵਲ) |
| ਬੋਲੀ ਵਾਧਾ ਰਕਮ | ਰੁਪਏ 10,000/- (ਦਸ ਹਜ਼ਾਰ ਰੁਪਏ ਕੇਵਲ) |
| ਈ ਐੱਮ ਡੀ ਸਮੇਤ ਬੋਲੀਆਂ/ਟੈਂਡਰ ਜਮ੍ਹਾਂ ਕਰਵਾਉਣ ਲਈ ਅੰਤਮ ਮਿਤੀ, ਸਮਾਂ ਅਤੇ ਸਥਾਨ | 26 ਜੂਨ 2025 ਸ਼ਾਮ 05.00 ਵਜੇ ਤੱਕ, ਐਕਸਿਸ ਬੈਂਕ ਲਿਮਟਿਡ, ਰਿਟੇਲ ਐੱਸਟ ਸੈਂਟਰ ਦੂਜੀ ਅਤੇ ਤੀਜੀ ਮੰਜ਼ਲ, ਜਾਇਦਾਦ ਨੰ. 7-ਈ, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001 |
| ਜਨਤਕ ਈ-ਨਿਲਾਮੀ ਲਈ ਮਿਤੀ, ਸਮਾਂ ਅਤੇ ਸਥਾਨ | ਵੈੱਬ ਪੋਰਟਲ https://www.bankeauctions.com 'ਤੇ 27 ਜੂਨ 2025 ਸਵੇਰੇ 11.00 ਵਜੇ ਅਤੇ 1.00 ਵਜੇ ਦਰਮਿਆਨ ਹਰੇਕ 5 ਮਿੰਟ ਦੇ ਅਸੀਮਤ ਵਾਧੇ ਨਾਲ। ਈ-ਨਿਲਾਮੀ ਟੈਂਡਰ ਦਸਤਾਵੇਜ਼, ਜਿਵੇਂ ਕਿ ਈ-ਨਿਲਾਮੀ ਬੋਲੀ ਫਾਰਮ, ਡੈਕਲੇਰੇਸ਼ਨ ਆਦਿ ਸ਼ਾਮਲ ਹਨ,ਉਪਰੋਕਤ ਦਰਸਾਏ ਸਰਵਿਸ ਪ੍ਰੋਵਾਈਡਰ ਦੀ ਵੈੱਬਸਾਈਟ 'ਤੇ ਉਪਲੱਬਧ ਹਨ। |

**ਸਾਰਣੀ - ਜਾਇਦਾਦ ਦਾ ਵੇਰਵਾ**

ਬੈਨਾਮਾ ਦਸਤਾਵੇਜ਼ ਨੰ. 2021-22/89/1/5581 ਮਿਤੀ 08 ਅਕਤੂਬਰ 2021 ਅਨੁਸਾਰ ਬਲਵਿੰਦਰ ਸਿੰਘ ਪੁੱਤਰ ਦਲੀਪ ਸਿੰਘ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪਲਾਟ ਪ੍ਰਾਈਵੇਟ ਨੰ. 43 'ਤੇ ਨਿਰਮਤ ਮਕਾਨ ਰਕਬਾ 81.77 ਵਰਗ ਗਜ਼, ਖਸਰਾ ਨੰ. 25//22/1, 29//2 ਭਰਾੜੀਵਾਲ, ਸਬ-ਅਰਬਨ ਅਬਾਦੀ ਫਤਹਿ ਸਿੰਘ ਕਾਲੋਨੀ, ਗਲੀ ਨੰ. 26, ਤਹਿਸੀਲ ਅੰਮ੍ਰਿਤਸਰ 1, ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁੱਝ। ਹੱਦਾਂ (ਦਸਤਾਵੇਜ਼ਾਂ ਅਨੁਸਾਰ) ਪੂਰਬ : ਹੋਰਨਾਂ ਦੀ ਮਾਲਕੀ, ਪੱਛਮ : ਗਲੀ 18' ਚੌੜੀ, ਉੱਤਰ : ਪਲਾਟ ਨੰ. 44-ਰਾਜੂ ਦੀ ਮਾਲਕੀ, ਦੱਖਣ : ਪਲਾਟ ਨੰ. 42, ਮਨੀਸ਼ ਕੁਮਾਰ ਦੀ ਮਾਲਕੀ।

[illegible]

ਮਿਤੀ : 24.05.2025 — ਤੁਹਾਡਾ ਵਿਸ਼ਵਾਸਪਾਤਰ ਵਾਸਤੇ ਐਕਸਿਸ ਬੈਂਕ ਲਿਮਟਿਡ (ਅਧਿਕਾਰਤ ਅਫਸਰ)
ਸਥਾਨ : ਅੰਮ੍ਰਿਤਸਰ



**AXIS BANK** | Retail Asset Center: "2nd and 3rd Floor, Property No. 7-E, Malhar Road, Saraabha Nagar, Ludhiana -141001.
Registered Office: "Trishul", 3rd Floor Opp. Samartheshwar Temple Law Garden, Ellisbridge Ahmedabad- 380006

**ਅੰਤਿਕਾ IVਏ**
**[ਦੇਖੋ ਰੂਲ 8(6) ਦੀਆਂ ਵਿਵਸਥਾਵਾਂ]**
**ਅਚੱਲ ਜਾਇਦਾਦ ਦੀ ਵਿਕਰੀ ਵਾਸਤੇ ਵਿਕਰੀ ਨੋਟਿਸ**

[illegible]

**ਸਾਰਣੀ - ਜਾਇਦਾਦ ਦਾ ਵੇਰਵਾ**

[illegible]

ਮਿਤੀ : 24.05.2025
ਸਥਾਨ : ਜਲੰਧਰ — ਤੁਹਾਡਾ ਵਿਸ਼ਵਾਸਪਾਤਰ ਵਾਸਤੇ ਐਕਸਿਸ ਬੈਂਕ ਲਿਮਟਿਡ (ਅਧਿਕਾਰਤ ਅਫਸਰ)



**RELIANCE ASSET RECONSTRUCTION** — Reliance Assets Reconstruction Company Limited
Registered Office: 11th Floor North Side, R-Tech Park, Nirlon Knowledge Park, Off Western Express Highway, Goregaon East, Mumbai - 400063.

**ਸਰਫੇਸੀ ਐਕਟ, 2002 ਦੇ ਸੈਕਸ਼ਨ 13(2) ਤਹਿਤ ਡਿਮਾਂਡ ਨੋਟਿਸ**

[illegible]

ਸਥਾਨ : ਮੋਹਾਲੀ
ਮਿਤੀ : 24.05.2025 — ਅਧਿਕਾਰਤ ਅਫਸਰ, ਰਿਲਾਇੰਸ ਐੱਸਟ ਰੀਕੰਸਟਰੱਕਸ਼ਨ ਕੰਪਨੀ ਲਿਮਟਿਡ



**AXIS BANK** | Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001.
Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025
Registered Office: 'Trishul', 3rd Floor, Opposite Samartheswar Temple, Law Garden, Ellisbridge, Ahmadabad- 380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

[illegible]

ਮਿਤੀ : 24.05.2025
ਸਥਾਨ : ਜਲੰਧਰ, ਅੰਮ੍ਰਿਤਸਰ — ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

24 May Page-13.qxd 5/23/2025 8:48 PM Page 1



# ਧਾਰੜ 'ਚ ਦੋ ਨਸ਼ਾ ਸਮੱਗਲਰਾਂ ਦੇ ਘਰ ਢਾਹੇ

**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**- ਅੰਮ੍ਰਿਤਸਰ ਜ਼ਿਲ੍ਹਾ ਪ੍ਰਸ਼ਾਸਨ ਨੇ ਜੰਡਿਆਲਾ ਗੁਰੂ ਨੇੜੇ ਪਿੰਡ ਧਾਰੜ ਵਿਖੇ ਦੋ ਨਸ਼ਾ ਸਮੱਗਲਰਾਂ ਦੇ ਘਰ ਜੇ ਸੀ ਬੀ ਮਸ਼ੀਨ ਨਾਲ ਢਾਹ ਦਿੱਤੇ। ਇਸ ਮੌਕੇ ਅਪਰੇਸ਼ਨ ਦੀ ਅਗਵਾਈ ਕਰ ਰਹੇ ਜ਼ਿਲ੍ਹਾ ਪੁਲਸ ਮੁਖੀ



ਮਨਿੰਦਰ ਸਿੰਘ ਨੇ ਦੱਸਿਆ ਕਿ ਉਕਤ ਘਰ ਜੱਗਪ੍ਰੀਤ ਸਿੰਘ ਉਰਫ ਜੱਗਾ ਪੁੱਤਰ ਬਲਵਿੰਦਰ ਸਿੰਘ ਅਤੇ ਸਤਨਾਮ ਸਿੰਘ ਉਰਫ ਸੱਤਾ ਪੁੱਤਰ ਬਲਦੇਵ ਸਿੰਘ ਦੇ ਹਨ। ਉਹਨਾਂ ਦੱਸਿਆ ਕਿ ਇਹ ਦੋਵੇਂ ਲੰਮੇ ਸਮੇਂ ਤੋਂ ਨਸ਼ਾ ਵੇਚਣ ਦਾ ਧੰਦਾ ਕਰ ਰਹੇ ਹਨ। ਜੱਗਪ੍ਰੀਤ ਸਿੰਘ ਉੱਪਰ ਸੱਤ ਪਰਚੇ ਦਰਜ ਹਨ ਅਤੇ ਸੱਤੇ ਉੱਤੇ ਚਾਰ ਪਰਚੇ ਦਰਜ ਹਨ। ਉਹਨਾਂ ਦੱਸਿਆ ਕਿ ਉਕਤ ਦੋਵੇਂ ਇਸ ਵਕਤ ਵੀ ਜੇਲ੍ਹ ਵਿੱਚ ਹਨ। ਜ਼ਿਲ੍ਹਾ ਪੁਲਸ ਮੁਖੀ ਨੇ ਸਪਸ਼ਟ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਯੁੱਧ ਨਸ਼ਿਆਂ ਵਿਰੁੱਧ ਤਹਿਤ ਇਹ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਕੀਤੀ ਜਾ ਰਹੀ ਪੰਜਵੀਂ ਕਾਰਵਾਈ ਹੈ, ਜਿਸ ਵਿੱਚ ਨਸ਼ਾ ਤਸਕਰਾਂ ਵੱਲੋਂ ਕੀਤੀਆਂ ਨਜਾਇਜ਼ ਉਸਾਰੀਆਂ ਅਤੇ ਕਬਜ਼ਿਆਂ ਨੂੰ ਹਟਾਇਆ ਗਿਆ ਹੈ। ਉਹਨਾਂ ਕਿਹਾ ਕਿ ਇਹ ਲੋਕ ਜਿਨ੍ਹਾਂ ਨੇ ਆਪਣਾ ਘਰ ਉਸਾਰਨ ਲਈ ਲੋਕਾਂ ਦੇ ਘਰ ਉਜਾੜ ਦਿੱਤੇ, ਨੂੰ ਮਹਿਲਾਂ ਦਾ ਸੁੱਖ ਨਹੀਂ ਲੈਣ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਜੋ ਵੀ ਵਿਅਕਤੀ ਇਸ ਗੈਰ ਕਾਨੂੰਨੀ ਧੰਦੇ ਵਿੱਚ ਸ਼ਾਮਲ ਹੈ, ਵਿਰੁੱਧ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਉਹਨਾਂ ਕਿਹਾ ਕਿ ਲੋਕਾਂ ਵੱਲੋਂ ਦਿੱਤੀ ਗਈ ਸਹਾਇਤਾ ਸੂਚਨਾ ਦੇ ਆਧਾਰ ਉੱਤੇ ਹੀ ਪੰਜਾਬ ਪੁਲਸ ਲਗਾਤਾਰ ਨਸ਼ੇ ਦੀਆਂ ਵੱਡੀਆਂ ਵੱਡੀਆਂ ਖੇਪਾਂ ਬਰਾਮਦ ਕਰ ਰਹੀ ਹੈ। ਇਸ ਦੇ ਇਲਾਵਾ ਲੋਕਾਂ ਨੇ ਆਪ ਮੁਹਾਰੇ ਪੁਲਸ ਨਾਲ ਨਸ਼ੇ ਦੇ ਸੌਦਾਗਰਾਂ ਦੀ ਜਾਣਕਾਰੀ ਸਾਂਝੀ ਕਰਨ ਦਾ ਸਿਲਸਿਲਾ ਸ਼ੁਰੂ ਕੀਤਾ ਹੈ, ਜੋ ਕਿ ਕਾਬਲ ਏ ਤਾਰੀਫ਼ ਹੈ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਜ਼ਿਲ੍ਹਾ ਪ੍ਰਸ਼ਾਸਨ ਨੇ ਇਸ ਵੱਲੋਂ ਅੰਮ੍ਰਿਤਸਰ ਜ਼ਿਲ੍ਹੇ ਵਿੱਚ ਉਕਤ ਕਿਸਮ ਦੇ ਰੋਗੀਆਂ ਦੇ ਇਲਾਜ ਲਈ 720 ਬੈਡਾਂ ਦੀ ਵਿਵਸਥਾ ਕੀਤੀ ਹੈ, ਜਿੱਥੇ ਹਰੇਕ ਰੋਗੀ ਦਾ ਇਲਾਜ ਮੁਫ਼ਤ ਕੀਤਾ ਜਾਂਦਾ ਹੈ, ਸੋ ਤੁਸੀਂ ਵੀ ਨਸ਼ੇ ਦੇ ਰੋਗ ਤੋਂ ਪੀੜਤ ਬੱਚਿਆਂ ਦੇ ਇਲਾਜ ਕਰਵਾ ਕੇ ਉਹਨਾਂ ਨੂੰ ਨਵੀਂ ਜ਼ਿੰਦਗੀ ਦਿਓ।

# ਵਿਦਿਆਰਥੀਆਂ ਨੂੰ ਮਲੇਰੀਆ ਤੇ ਡੇਂਗੂ ਬਾਰੇ ਕੀਤਾ ਜਾਗਰੂਕ



**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**- ਸਿਵਲ ਸਰਜਨ ਤਰਨ ਤਾਰਨ ਡਾ: ਗੁਰਪ੍ਰੀਤ ਸਿੰਘ ਰਾਏ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਡਾ: ਸੁਖਜਿੰਦਰ ਸਿੰਘ ਅਤੇ ਡਾ: ਅਵਲੀਨ ਕੌਰ ਜ਼ਿਲਾ ਐਪੀਡੀਮੋਲੋਜਿਸਟ ਕੰਵਲ ਬਲਰਾਜ ਸਿੰਘ ਐਸਐਮਓ ਦੀ ਰਹਿਨੁਮਾਈ ਹੇਠ ਸੀਨੀਅਰ ਮੈਡੀਕਲ ਅਫਸਰ ਡਾ: ਸਲਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਅਤੇ ਤਜਿੰਦਰ ਸਿੰਘ ਐੱਸਆਈ ਦੀ ਸੁਪਰਵਿਜਨ ਹੇਠ ਮਲੇਰੀਆ, ਡੇਂਗੂ ਆਦਿ ਦੇ ਸੀਜ਼ਨ ਨੂੰ ਮੁੱਖ ਰੱਖਦੇ ਹੋਏ ਪਿੰਡ ਨਾਗੋਕੇ ਦੇ ਗੁਰੂ ਨਾਨਕ ਕਾਨਵੈਂਟ ਸਕੂਲ ਵਿਖੇ ਵਿਦਿਆਰਥੀਆਂ ਨੂੰ ਮਲੇਰੀਆ ਅਤੇ ਡੇਂਗੂ ਬਾਰੇ ਜਾਗਰੂਕ ਕੀਤਾ ਗਿਆ।ਇਸ ਮੌਕੇ ਪਰਮਪਾਲ ਸਿੰਘ ਮਪਹਵ ਅਤੇ ਗੁਰਦਰਸ਼ਨ ਸਿੰਘ ਮਪਹਵ, ਸਕੂਲ ਦੇ ਮੈਨੇਜਿੰਗ ਡਾਇਰੈਕਟਰ ਅੰਜੂ ਬਾਲਾ ਅਤੇ ਪ੍ਰਿੰਸੀਪਲ ਰਾਹੁਲ ਜੁਲਕਾ ਸਮੇਤ ਸਕੂਲ ਸਟਾਫ ਹਾਜ਼ਰ ਸੀ।

# ਡੀ ਏ ਪੀ ਖਾਦ ਦੇ ਬਦਲ ਵਜੋਂ ਕਿਸਾਨ ਖਾਦ, ਟ੍ਰਿਪਲ ਸੁਪਰ ਫਾਸਫੇਟ, ਸਿੰਗਲ ਸੁਪਰ ਫਾਸਫੇਟ ਦੀ ਵਰਤੋਂ ਕਰਨ : ਮੁੱਖ ਖੇਤੀਬਾੜੀ ਅਫਸਰ

**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਦੇ ਹੁਕਮਾਂ ਤੇ ਕਿਸਾਨਾਂ ਨੂੰ ਮਿਆਰੀ ਖੇਤੀ ਸਮੱਗਰੀ ਖਾਸ ਕਰਕੇ ਹਾੜ੍ਹੀ ਦੀਆਂ ਫਸਲਾਂ ਦੀ ਕਾਸ਼ਤ ਲਈ ਲੋੜੀਂਦੀਆਂ ਖਾਦਾਂ ਮੁਹੱਈਆ ਕਰਵਾਉਣ ਦੇ ਮੰਤਵ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਵਿੱਚ ਸ਼ੁਰੂ ਕੀਤੀ ਵਿਸ਼ੇਸ਼ ਮੁਹਿੰਮ ਤਹਿਤ ਤਹਿਸੀਲ ਬਟਾਲਾ ਦੇ ਥੋਕ ਖਾਦ ਵਿਕ੍ਰੇਤਾਵਾਂ ਨਾਲ ਸਥਾਨਕ ਖੇਤੀਬਾੜੀ ਦਫਤਰ ਵਿਖੇ ਮੀਟਿੰਗ ਕੀਤੀ ਗਈ।ਇਸ ਮੌਕੇ ਡਾ. ਮਨਪ੍ਰੀਤ ਸਿੰਘ, ਡਾ. ਪਰਮਬੀਰ ਸਿੰਘ ਕਾਹਲੋਂ ਬਲਾਕ ਖੇਤੀਬਾੜੀ ਅਫਸਰ, ਡਾ. ਸਿਮਰਜੀਤ ਸਿੰਘ ਫਿਰਦ, ਡਾ. ਅੰਮ੍ਰਿਤਪਾਲ ਸਿੰਘ ਖੇਤੀਬਾੜੀ ਵਿਕਾਸ ਅਫਸਰ, ਅਮਿਤ ਕੁਮਾਰ, ਪਵਨ ਕੁਮਾਰ ਸਮੇਤ ਸਮੂਹ ਥੋਕ ਖਾਦ ਵਿਕਰੇਤਾ ਹਾਜ਼ਰ ਸਨ। ਮੁੱਖ ਖੇਤੀਬਾੜੀ ਅਫਸਰ ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਵਿਚ ਕਿਸਾਨਾਂ ਨੂੰ ਸਰਕਾਰ ਵਲੋਂ ਨਿਰਧਾਰਿਤ ਮੁੱਲ ਤੇ ਖੇਤੀ ਸਮੱਗਰੀ ਖਾਸ ਕਰਕੇ ਖਾਦਾਂ



ਉਪਲਬਧ ਕਰਵਾਉਣ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਖਾਦ ਵਿਕ੍ਰੇਤਾਵਾਂ ਦੇ ਕਾਰੋਬਾਰ ਨਾਲ ਸਬੰਧਤ ਦੁਕਾਨਾਂ ਅਤੇ ਗੁਦਾਮਾਂ ਦੀ ਚੈਕਿੰਗ ਤੋਂ ਇਲਾਵਾ ਕਾਗਜ਼ਾਤ ਦੀ ਵੀ ਚੈਕਿੰਗ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਝੋਨੇ ਦੇ ਸੀਜ਼ਨ ਨੂੰ ਦੇਖਦਿਆਂ ਖਾਦਾਂ ਦੇ ਅਗਾਂਹ ਪ੍ਰਬੰਧ ਕੀਤੇ ਜਾ ਰਹੇ ਹਨ ਤਾਂ ਜੋ ਕਿਸੇ ਕਿਸਾਨ ਨੂੰ ਖਾਦ ਦੀ ਖਰੀਦ ਸਮੇਂ ਕੋਈ ਮੁਸ਼ਕਲ ਪੇਸ਼ ਨਾ ਆਵੇ।ਉਨ੍ਹਾਂ ਦੱਸਿਆ ਕਿ ਮੌਜੂਦਾ ਸਮੇਂ ਦੌਰਾਨ ਮੱਕੀ ਅਤੇ ਗੰਨੇ ਦੀ ਕਾਸ਼ਤ ਲਈ ਫਾਸਫੋਰਸ ਖੁਰਾਕੀ ਤੱਤ ਦੀ ਜ਼ਰੂਰਤ ਹੁੰਦੀ ਹੈ ਜਿਸ ਦੀ ਪੂਰਤੀ ਲਈ ਕਿਸਾਨਾਂ ਵੱਲੋਂ ਡੀ ਏ ਪੀ ਖਾਦ ਦੀ ਬਿਜਾਈ ਸਮੇਂ ਵਰਤੋਂ ਕੀਤੀ ਜਾਂਦੀ ਹੈ।ਉਨਾਂ ਦੱਸਿਆ ਕਿ ਡੀ ਏ ਪੀ ਖਾਦ ਦੇ ਬਦਲ ਵੱਜੋਂ ਕਿਸਾਨ ਖਾਦ ਅਤੇ ਟ੍ਰਿਪਲ ਸੁਪਰ ਫਾਸਫੇਟ ਖਾਦ ,ਸਿੰਗਲ ਸੁਪਰ ਫਾਸਫੇਟ ਅਤੇ ਹੋਰ ਫਾਸਫੇਟਿਕ ਖਾਦਾਂ ਦੀ ਵੀ ਵਰਤੋਂ ਕੀਤੀ ਜਾ ਸਕਦੀ ਹੈ।ਉਨ੍ਹਾਂ ਦੱਸਿਆ ਕਿ ਟ੍ਰਿਪਲ ਸੁਪਰ ਫਾਸਫੇਟ ਖਾਦ ਵਿੱਚ ਡੀ ਏ ਪੀ ਵਾਂਗੂ 46% ਫਾਸਫੋਰਸ ਤੱਤ ਹੁੰਦਾ ਹੈ ਅਤੇ ਇਸ ਦੀ ਕੀਮਤ ਪ੍ਰਤੀ ਥੈਲੀ 1250 ਰੁਪਏ ਹੈ ਜਦ ਕਿ ਡੀ ਏ ਪੀ ਦੀ ਕੀਮਤ ਪ੍ਰਤੀ ਥੈਲੀ 1350 ਰੁਪਏ ਹੈ।ਉਨ੍ਹਾਂ ਦੱਸਿਆ ਕਿ ਕਿਸਾਨ ਖਾਦ (12:32:16) ਦੀ ਵਰਤੋਂ ਵੀ ਡੀ ਏ ਪੀ ਦੇ ਬਦਲ ਵੱਜੋਂ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਬਾਜ਼ਾਰ ਵਿੱਚ ਮੌਜੂਦ ਹੋਰ ਫਾਸਫੇਟਿਕ ਖਾਦਾਂ ਦੀ ਵਰਤੋਂ ਵੀ ਕਰ ਸਕਦੇ ਹਨ।ਉਨ੍ਹਾਂ ਸਮੂਹ ਡੀਲਰਾਂ ਨੂੰ ਇਹ ਵੀ ਹਦਾਇਤ ਕੀਤੀ ਕਿ ਉਹ ਆਪਣੇ ਲਾਇਸੰਸ ਅਤੇ ਹੋਰ ਜ਼ਰੂਰੀ ਦਸਤਾਵੇਜ਼ ਪੂਰੇ ਕਰਕੇ ਰੱਖਣ ਅਤੇ ਇਸ ਵਿੱਚ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਨਾ ਵਰਤੀ ਜਾਵੇ ਅਤੇ ਸਟਾਕ ਬੋਰਡ ਉੱਪਰ ਰੋਜ਼ਾਨਾ ਖਾਦ ਦਾ ਸਟਾਕ ਅਤੇ ਰੇਟ ਲਿਖਿਆ ਜਾਵੇ।

# ਪੰਜਾਬ ਸਰਕਾਰ ਨੇ ਸਿੱਖਿਆ ਕ੍ਰਾਂਤੀ ਲਈ ਬਜਟ ਵਿੱਚ ਵਾਧਾ ਕਰਕੇ ਇਤਿਹਾਸ ਸਿਰਜਿਆ : ਸ਼ੈਰੀ ਕਲਸੀ



**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਲੋਂ ਅੱਜ ਸਰਕਾਰੀ ਪ੍ਰਾਇਮਰੀ ਸਕੂਲ ਮਲਕਪੁਰ ਅਤੇ ਸਰਕਾਰੀ ਪ੍ਰਾਇਮਰੀ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਧੁੱਪਸੜੀ ਵਿਖੇ 36 ਲੱਖ ਰੁਪਏ ਦੀ ਲਾਗਤ ਨਾਲ ਨਵੇਂ ਬਣੇ ਕਲਾਸ ਰੂਮ ਅਤੇ ਚਾਰਦੀਵਾਰੀ ਆਦਿ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਸ੍ਰੀਮਤੀ ਰਾਜਬੀਰ ਕੌਰ ਕਲਸੀ ਵੀ ਮੌਜੂਦ ਸਨ। ਇਸ ਮੌਕੇ ਕਰਵਾਏ ਸਮਾਗਮ ਦੌਰਾਨ ਸੰਬੋਧਨ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪੰਜਾਬ ਦੇ ਹੁਣ ਤੱਕ ਦੇ ਇਤਿਹਾਸ 'ਚ ਪਹਿਲੀ ਵਾਰ ਸਿੱਖਿਆ ਬਜਟ 'ਚ 12 ਫੀਸਦੀ ਵਾਧਾ ਕਰਕੇ ਸਿੱਖਿਆ ਕ੍ਰਾਂਤੀ ਨਾਲ ਸੂਬੇ ਭਰ ਦੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਇਨਕਲਾਬ ਲਿਆ ਕੇ ਨਵਾਂ ਇਤਿਹਾਸ ਸਿਰਜਿਆ ਹੈ। ਇਸ ਤੋਂ ਇਲਾਵਾ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਪੜ੍ਹਾਈ ਨੂੰ ਮਿਆਰੀ ਬਣਾਉਣ ਲਈ ਕਰੀਬ 20 ਹਜ਼ਾਰ ਦੇ ਕਰੀਬ ਅਧਿਆਪਕਾਂ ਦੀ ਭਰਤੀ ਕੀਤੀ ਗਈ ਹੈ। 'ਸਕੂਲ ਆਫ ਐਮੀਨੈਂਸ' ਦੇ ਵਿਦਿਆਰਥੀਆਂ ਨੂੰ ਆਈ.ਏ.ਐਸ, ਆਈ.ਪੀ. ਐਸ, ਪੀ.ਸੀ.ਐਸ, ਆਈ.ਆਈ.ਐਮ ਤੇ ਆਈ. ਆਈ. ਟੀ ਪ੍ਰੀਖਿਆਵਾਂ ਦੇ ਹਾਣੀ ਬਣਾਉਣ ਲਈ ਇਨ੍ਹਾਂ ਉੱਚ ਅਹੁਦਿਆਂ ਦੀਆਂ ਪ੍ਰੀਖਿਆਵਾਂ ਵੱਲ ਆਕਰਸ਼ਿਤ ਕਰਨ ਹਿੱਤ ਬਕਾਇਦਾ ਰੋਲ ਮਾਡਲ ਵਜੋਂ ਆਈ.ਪੀ.ਐਸ ਤੇ ਆਈ. ਏ. ਐਸ ਅਧਿਕਾਰੀਆਂ ਨੂੰ ਐਮੀਨੈਂਸ ਸਕੂਲ ਸੌਂਪੇ ਗਏ ਹਨ। ਵਿਧਾਇਕ ਨੇ ਉਦਘਾਟਨੀ ਸਮਾਰੋਹਾਂ 'ਚ ਸ਼ਾਮਲ ਵਿਦਿਆਰਥੀਆਂ, ਅਧਿਆਪਕਾਂ, ਬੱਚਿਆਂ ਦੇ ਮਾਪਿਆਂ, ਸਕੂਲ ਮੈਨੇਜਮੈਂਟ ਕਮੇਟੀਆਂ ਦੇ ਅਹੁਦੇਦਾਰਾਂ ਤੇ ਪਤਵੰਤੇ ਸੱਜਣਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਾਨ ਸਰਕਾਰ ਵਲੋਂ ਸਰਕਾਰੀ ਸਕੂਲਾਂ 'ਚ ਆਧੁਨਿਕ ਸਿੱਖਿਆ ਪ੍ਰਣਾਲੀ ਨੂੰ ਪ੍ਰਫੁੱਲਿਤ ਕੀਤਾ ਗਿਆ। ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਉਣ ਲਈ ਸਕੂਲਾਂ 'ਚ ਸਮਾਰਟ ਕਲਾਸਰੂਮ, ਸਮਾਰਟ ਲੈਬਜ਼, ਕੰਪਿਊਟਰਜ਼, ਇੰਟਰਨੈੱਟ, ਵਧੀਆ ਫਰਨੀਚਰ ਤੇ ਲਾਇਬ੍ਰੇਰੀਆਂ ਨਾਲ ਲੈਸ ਕੀਤਾ ਗਿਆ ਹੈ। ਸਰਕਾਰੀ ਸਕੂਲਾਂ ਦੀ ਦਿੱਖ ਤੇ ਪੜ੍ਹਾਈ ਹੁਣ ਸਿੱਖਿਆ ਕ੍ਰਾਂਤੀ ਤਹਿਤ ਸ਼ਾਨਦਾਰ ਹੈ।

# ਟਿਕਾਊ ਖੇਤੀ ਲਈ ਕੁਦਰਤ ਨਾਲ ਇਕਮਿਕ ਹੋ ਕੇ ਚੱਲਣ ਦੀ ਲੋੜ : ਡਾ. ਭੁਪਿੰਦਰ ਸਿੰਘ ਏਓ

**ਪੱਟੀ (ਸ਼ਮਸ਼ੇਰ ਸਿੰਘ ਯੋਧਾ)**- ਮੁੱਖ ਖੇਤੀਬਾੜੀ ਅਫਸਰ ਤਰਨ ਤਾਰਨ ਡਾ. ਜਸਵਿੰਦਰ ਸਿੰਘ ਦੇ ਦਿਸ਼ਾ ਨਿਰਦੇਸ਼ ਤਹਿਤ ਜੈਵਿਕ ਵਿਭਿੰਨਤਾ ਦਿਵਸ ਸਬੰਧੀ ਪਿੰਡ ਲੌਹਕਾ ਵਿਖੇ ਪੰਨੂ ਵਰਮੀ ਕੰਪੋਸਟ ਫਾਰਮ 'ਤੇ ਦਿਨ ਮਨਾਇਆ ਗਿਆ।ਇਸ ਮੌਕੇ ਬਲਾਕ ਖੇਤੀਬਾੜੀ ਅਫਸਰ ਪੱਟੀ ਡਾ. ਭੁਪਿੰਦਰ ਸਿੰਘ, ਗੁਰਬਰਿੰਦਰ ਸਿੰਘ ਏਡੀਓ, ਗੁਰਪ੍ਰੀਤ ਸਿੰਘ ਬੀਟੀਐਮ ਅਤੇ ਤਰਸੇਮ ਸਿੰਘ ਨੇ ਹਾਜ਼ਰੀਨ ਨਾਲ ਜਾਣਕਾਰੀ ਸਾਂਝੀ ਕੀਤੀ ਕਿ ਸਾਲ 2025 ਦਿਵਸ ਦਾ ਉਦੇਸ਼ ਕੁਦਰਤ ਨਾਲ ਇੱਕਸੁਰਤਾ ਅਤੇ ਟਿਕਾਊ ਵਿਕਾਸ ਹੈ। ਉਨ੍ਹਾਂ ਕੁੱਝ ਕਿਸਾਨਾਂ ਦੁਆਰਾ ਕੁਦਰਤ ਪ੍ਰਤੀ ਦਿਖਾਈ ਜਾ ਰਹੀ ਬੇਪਰਵਾਹੀ ਜਾਂ ਅਣਗਹਿਲੀ ਸਬੰਧੀ ਚਿੰਤਤ ਹੁੰਦਿਆਂ ਵਿਚਾਰ ਪ੍ਰਗਟਾਏ ਕਿ ਫਸਲਾਂ ਦੀ ਕਟਾਈ ਉਪਰੰਤ ਰਹਿੰਦ ਖੂੰਹਦ ਨੂੰ ਲਗਾਈ ਅੱਗ ਨਾਲ ਇਕ ਨਜ਼ਰ ਤਾਂ ਭਾਵੇਂ ਨਾੜ, ਪਰਾਲੀ ਅਤੇ ਰੁੱਖ ਹੀ ਸੜਦੇ ਦਿਸਦੇ ਹਨ ਪਰ ਹਕੀਕਤ ਵਿੱਚ ਇਹ ਲਾਂਬੂ ਜ਼ਮੀਨ ਦੇ ਬਹੁਮੁੱਲੇ ਜੈਵਿਕ ਮਾਦੇ ਨੂੰ ਵੀ ਨਸ਼ਟ ਕਰ ਦਿੰਦੇ ਹਨ।ਜਦ ਕਿ ਇਹ ਜੈਵਿਕ ਮਾਦਾ ਹੀ ਹੈ ਜੋ ਜ਼ਮੀਨ ਵਿੱਚ ਲੋੜੀਂਦੀ ਨਮੀ ਬਣਾ ਕੇ ਜ਼ਮੀਨ ਨੂੰ ਪੋਲੀ ਰੱਖਦਾ ਹੈ ਅਤੇ



ਜ਼ਮੀਨ ਲਈ ਬੇਸ਼ਕੀਮਤੀ ਜੀਵ ਜੰਤੂਆਂ ਨੂੰ ਖੁਰਾਕ ਵੀ ਦਿੰਦਾ ਹੈ। ਲਗਾਏ ਲਾਂਬੂਆਂ ਨਾਲ ਜ਼ਮੀਨ ਵਿੱਚ ਮੌਜੂਦ ਖੁਰਾਕੀ ਤੱਤ ਨਸ਼ਟ ਹੋ ਜਾਂਦੇ ਹਨ ਉੱਥੇ ਤਾਪਮਾਨ ਵਿੱਚ ਹੋਏ ਵਾਧੇ ਨਾਲ ਜੈਵਿਕ ਮਾਦੇ ਅਤੇ ਜੀਵ ਜੰਤੂਆਂ 'ਤੇ ਬੁਰਾ ਪ੍ਰਭਾਵ ਪੈਂਦਾ ਹੈ।ਨਤੀਜਨ ਇਨ੍ਹਾਂ ਉੱਪਰ ਨਿਰਭਰ ਦੂਜੀਆਂ ਪ੍ਰਜਾਤੀਆਂ ਦਾ ਨੁਕਸਾਨ ਵੀ ਵੇਖਣ ਨੂੰ ਮਿਲਦਾ ਹੈ।ਉਨ੍ਹਾਂ ਕਿਹਾ ਕਿ ਸਾਨੂੰ ਟਿਕਾਊ ਖੇਤੀ ਲਈ ਕੁਦਰਤ ਨਾਲ ਇਕਮਿਕ ਹੋ ਕੇ ਅਜਿਹੇ ਸੁਹਿਰਦ ਯਤਨ ਕਰਦੇ ਰਹਿਣਾ ਚਾਹੀਦਾ ਹੈ ਜਿਸ ਤਹਿਤ ਛੱਪੜ, ਤਲਾਬ, ਫੁੱਲ, ਫਲਦਾਰ ਅਤੇ ਰੁੱਖ ਆਦਿ ਸੰਭਾਲੇ ਜਾਣ ਤਾਂ ਜੋ ਵੱਡੇ, ਛੋਟੇ ਅਤੇ ਸੂਖਮ ਜੀਵ ਜੰਤੂਆਂ ਦੇ ਰਹਿਣ ਸਹਿਣ ਅਤੇ ਖੁਰਾਕ ਦੇ ਸੋਮਿਆਂ ਦੀ ਪ੍ਰਤੀਪੂਰਤੀ ਹੋ ਸਕੇ।ਇਸ ਮੌਕੇ ਕਿਸਾਨਾਂ ਨੂੰ ਵਰਮੀ ਕੰਪੋਸਟ ਯੂਨਿਟ ਲਗਾਉਣ, ਝੋਨੇ ਦੀ ਸਿੱਧੀ ਬਿਜਾਈ, ਸਾਉਣੀ ਦੀ ਮੱਕੀ ਦੀ ਕਾਸ਼ਤ,ਜਿਪਸਮ ਆਦਿ ਤੇ ਦਿੱਤੀ ਜਾ ਰਹੀ ਸਹਾਇਤਾ ਸਬੰਧੀ ਜਾਣਕਾਰੀ ਦਿੱਤੀ।ਇਸ ਮੌਕੇ ਕਿਸਾਨ ਸੂਬਾ ਸਿੰਘ, ਤਰਸੇਮ ਸਿੰਘ, ਮਲਕੀਤ ਸਿੰਘ, ਸੰਤੋਖ ਸਿੰਘ, ਗੁਰਪ੍ਰੀਤ ਸਿੰਘ, ਸੁਖਦੀਪ, ਸੁਖਵੀਰ ਸਿੰਘ, ਗੁਰਦੇਵ ਸਿੰਘ ਨੂੰ ਜੈਵਿਕ ਵਿਭਿੰਨਤਾ ਲਈ ਕੰਮ ਕਰਨ ਸਬੰਧੀ ਸਨਮਾਨਤ ਕੀਤਾ ਗਿਆ।ਇਸ ਮੌਕੇ ਨਿਸ਼ਾਨ ਸਿੰਘ ਖੇਤੀ ਉਪ ਨਿਰੀਖਕ ਦਿਲਬਾਗ ਸਿੰਘ, ਗੁਰਲਾਲ ਸਿੰਘ ਫੀਲਡ ਵਰਕਰ, ਗੁਰਦੇਵ ਸਿੰਘ ਮਾਨਕਪੁਰਾ ਨੇ ਸਹਿਯੋਗ ਅਤੇ ਜਾਣਕਾਰੀ ਸਾਂਝੀ ਕੀਤੀ।

# ਗੁਟਕਾ ਸਾਹਿਬ ਦੀ ਬੇਅਬਦੀ 'ਚ ਸ਼ਾਮਿਲ ਦੋ ਅੰਮ੍ਰਿਤਧਾਰੀ ਬੀਬੀਆਂ ਗ੍ਰਿਫਤਾਰ



**ਝਬਾਲ (ਹਰਜਿੰਦਰ ਸਿੰਘ ਸੋਨੀ)**- ਬੀਤੇ ਕੱਲ ਖੁਰਦ ਵਿਖੇ ਹੋਈ ਗੁਟਕਾ ਸਾਹਿਬ ਦੀ ਬੇਅਦਬੀ ਦੀ ਘਟਨਾ ਨੇ ਉਸ ਵੇਲੇ ਨਵਾਂ ਮੋੜ ਲੈ ਲਿਆ ਜਦੋਂ ਪਿੰਡ ਦੇ ਕੁਝ ਆਗੂਆਂ ਨੇ ਪਿੰਡ ਵਿੱਚ ਆਪਸੀ ਭਾਈਚਾਰਕ ਸਾਂਝ ਦੇ ਤਣਾਅ ਨੂੰ ਵੇਖਦਿਆਂ ਹੋਇਆਂ ਆਪਣੇ ਪੱਧਰ 'ਤੇ ਪਿੰਡ ਵਿੱਚੋਂ ਕੀਤੀ ਡੂੰਘਾਈ ਨਾਲ ਜਾਂਚ ਵਿੱਚ ਗੁਟਕਾ ਸਾਹਿਬ ਦੀ ਬੇਅਦਬੀ ਕਰਨ ਵਾਲੀਆਂ ਦੋ ਅੰਮ੍ਰਿਤਧਾਰੀ ਬੀਬੀਆਂ ਨੂੰ ਫੜ ਕੇ ਪੁਲਸ ਹਵਾਲੇ ਕਰ ਦਿੱਤਾ।ਦੋਵਾਂ ਬੀਬੀਆਂ ਖਿਲਾਫ ਥਾਣਾ ਝਬਾਲ ਵਿਖੇ ਪੁਲਸ ਨੇ ਕੇਸ ਦਰਜ ਕਰਕੇ ਅਗਲੀ ਪੁੱਛ-ਗਿੱਛ ਸ਼ੁਰੂ ਕਰ ਦਿੱਤੀ ਹੈ।ਇਸ ਸਮੇਂ ਦੋਵਾਂ ਬੀਬੀਆਂ ਨੂੰ ਪੁਲਸ ਹਵਾਲੇ ਕਰਦਿਆਂ ਗੁਰਮੀਤ ਸਿੰਘ ਝਬਾਲ ਖੁਰਦ, ਬਲਜਿੰਦਰ ਸਿੰਘ, ਸਰਬਜੀਤ ਸਿੰਘ, ਸ਼ਮਸ਼ੇਰ ਸਿੰਘ ਸ਼ੇਰਾ ਝਬਾਲ ਖੁਰਦ ਨੇ ਦੱਸਿਆ ਕਿ ਉਨ੍ਹਾਂ ਨੇ ਆਪਣੇ ਪੱਧਰ ਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਪਿੰਡ ਵਿੱਚ ਜਾਂਚ ਸ਼ੁਰੂ ਕੀਤੀ ਤਾਂ ਪਤਾ ਚੱਲਿਆ ਕਿ ਕੁਝ ਸਮਾਂ ਪਹਿਲਾਂ ਪਿੰਡ ਵਿੱਚ ਸਕੂਲ ਦੇ ਪੰਜ ਬੱਚਿਆਂ ਨੂੰ ਖਾਲਸਾ ਏਡ ਸੰਸਥਾ ਵਾਲਿਆਂ ਵੱਲੋਂ ਪੰਜ ਗੁਟਕੇ ਸਾਹਿਬ ਦਿੱਤੇ ਗਏ ਸਨ।ਜਦੋਂ ਉਨ੍ਹਾਂ ਪੰਜ ਗੁਟਕੇ ਲੈਣ ਵਾਲੇ ਬੱਚਿਆਂ ਕੋਲੋਂ ਜਾ ਕੇ ਇਸ ਸਬੰਧੀ ਜਾਂਚ ਕੀਤੀ ਤਾਂ ਚਾਰ ਬੱਚਿਆਂ ਕੋਲੋਂ ਤਾਂ ਗੁਟਕੇ ਸਾਹਿਬ ਮਿਲ ਗਏ ਪਰੰਤੂ ਪੰਜਵੇਂ ਕੋਲੋਂ ਗੁਟਕਾ ਸਾਹਿਬ ਨਹੀਂ ਮਿਲਿਆ ਅਤੇ ਉਨ੍ਹਾਂ ਵੱਲੋਂ ਆਨਾਕਾਨੀ ਕੀਤੀ ਗਈ।ਉਨ੍ਹਾਂ ਦੇ ਘਰੋਂ ਇੱਕ ਧਾਰਮਿਕ ਕਿਤਾਬਚਾ ਮਿਲਿਆ ਜਿਸ ਦਾ ਪਹਿਲਾ ਪੇਜ ਫਟਿਆ ਹੋਇਆ ਸੀ। ਜਦੋਂ ਇਸ ਪਰਿਵਾਰ ਦੀਆਂ ਬੀਬੀਆਂ ਰਾਜਵੀਰ ਕੌਰ ਪਤਨੀ ਸੰਦੀਪ ਸਿੰਘ ਅਤੇ ਸੁਰਜੀਤ ਕੌਰ ਪਤਨੀ ਮੁਖਤਾਰ ਸਿੰਘ ਜੋ ਦੋਵੇਂ ਨੂੰਹ ਸੱਸ ਹਨ, ਕੋਲੋਂ ਪੁੱਛਗਿੱਛ ਕੀਤੀ ਤਾਂ ਉਨ੍ਹਾਂ ਨੇ ਇਸ ਘਟਨਾ ਨੂੰ ਕਬੂਲਿਆ ਕਿ ਸਾਡੇ ਬੱਚੇ ਕੋਲੋਂ ਗੁਟਕਾ ਸਾਹਿਬ ਦੇ ਅੰਗ ਫਟ ਗਏ ਸਨ ਜਿਸ ਕਰਕੇ ਅਸੀਂ ਉਥੇ ਸੁੱਟ ਆਏ। ਇਸ ਸਬੰਧੀ ਸਾਰੀ ਜਾਣਕਾਰੀ ਥਾਣਾ ਝਬਾਲ ਦੀ ਪੁਲਸ ਨੂੰ ਦੇਣ ਤੇ ਥਾਣੇ ਝਬਾਲ ਤੋਂ ਇੰਸਪੈਕਟਰ ਪਰਮਜੀਤ ਸਿੰਘ ਵਿਰਦੀ ਨੇ ਮੌਕੇ 'ਤੇ ਪਹੁੰਚ ਕੇ ਦੋਵਾਂ ਬੀਬੀਆਂ ਨੂੰ ਹਿਰਾਸਤ ਲੈ ਲਿਆ ਅਤੇ ਇਨ੍ਹਾਂ ਦੋਵਾਂ ਬੀਬੀਆਂ ਦਾ ਥਾਣਾ ਝਬਾਲ ਵਿਖੇ ਕੇਸ ਦਰਜ ਕਰ ਲਿਆ ਗਿਆ ਹੈ ।ਥਾਣਾ ਮੁਖੀ ਇੰਸਪੈਕਟਰ ਪਰਮਜੀਤ ਸਿੰਘ ਵਿਰਦੀ ਨੇ ਦੱਸਿਆ ਕਿ ਦੋਵਾਂ ਹੀ ਬੀਬੀਆਂ ਵਿਰੁੱਧ ਕੇਸ ਦਰਜ ਕਰਕੇ ਮਾਨਯੋਗ ਅਦਾਲਤ ਵਿੱਚ ਪੇਸ਼ ਕੀਤਾ ਜਾ ਰਿਹਾ ਹੈ ਅਤੇ ਦੋਵਾਂ ਦਾ ਮਾਣਯੋਗ ਅਦਾਲਤ 'ਚੋਂ ਰਿਮਾਂਡ ਲਿਆ ਕੇ ਪੁੱਛ-ਗਿੱਛ ਕੀਤੀ ਜਾਵੇਗੀ।

# ਅਵਤਾਰ ਸਿੰਘ ਘੁੱਲਾ ਨੂੰ ਚੀਫ਼ ਖ਼ਾਲਸਾ ਦੀਵਾਨ ਦਾ ਬ੍ਰਾਂਡ ਅੰਬੈਸਡਰ ਬਣਾਇਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਚੀਫ਼ ਖ਼ਾਲਸਾ ਦੀਵਾਨ ਅਹੁਦੇਦਾਰਾਂ ਵੱਲੋਂ ਦੀਵਾਨ ਮੈਂਬਰ ਅਤੇ ਸੀ.ਕੇ.ਡੀ ਵਾਤਾਵਰਣ ਕਮੇਟੀ ਦੇ ਇੰਚਾਰਜ ਅਵਤਾਰ ਸਿੰਘ ਘੁੱਲਾ ਨੂੰ ਉਹਨਾਂ ਦੀਆਂ ਸ਼ਲਾਘਾਯੋਗ ਸੇਵਾਵਾਂ ਨੂੰ ਮੁੱਖ ਰੱਖਦਿਆਂ ਹੋਇਆ ਦੀਵਾਨ ਦਾ ਬ੍ਰਾਂਡ ਅੰਬੈਸਡਰ ਬਣਾਇਆ ਗਿਆ। ਦੀਵਾਨ ਦੇ ਪ੍ਰਧਾਨ ਡਾ.ਇੰਦਰਬੀਰ ਸਿੰਘ ਨਿੱਜਰ ਨੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਅਵਤਾਰ ਸਿੰਘ ਘੁੱਲਾ ਦੀਆਂ ਸੀ.ਕੇ.ਡੀ ਸਕੂਲਾਂ ਨੂੰ ਹਰਿਆ-ਭਰਿਆ ਬਣਾਉਣ, ਦੀਵਾਨ ਦੇ ਧਾਰਮਿਕ ਪ੍ਰੋਗਰਾਮਾਂ ਦੌਰਾਨ ਲੰਗਰ ਦੇ ਜੂਠੇ ਪੱਤਲਾਂ ਦੀ ਸੇਵਾ ਅਤੇ ਵਾਤਾਵਰਣ ਸੰਭਾਲ ਲਈ ਕੀਤੀਆਂ ਗਈਆਂ ਪਹਿਲ ਕਦਮੀਆਂ ਸ਼ਲਾਘਾਯੋਗ ਹਨ। ਉਹਨਾਂ ਕਿਹਾ ਕਿ ਏਕਜੋਤ ਲੰਗਰ ਸੇਵਾ ਸੁਸਾਇਟੀ (ਰਜਿ:) ਦੇ ਪ੍ਰਧਾਨ ਅਵਤਾਰ ਸਿੰਘ ਘੁੱਲਾ ਵੱਲੋਂ ਗੁਰਬਾਣੀ ਸਿਧਾਂਤ ਤੇ ਚੱਲਦਿਆਂ ਨਿਸ਼ਕਾਮ ਭਾਵ ਨਾਲ ਪੰਜਾਬ ਭਰ ਵਿਚ ਵੱਧ ਤੋਂ ਵੱਧ ਬੂਟੇ ਲਗਾ ਕੇ ਅਤੇ ਬਿਨਾਂ ਭੇਦ-ਭਾਵ ਲੰਗਰ ਦੇ ਜੂਠੇ ਪੱਤਲਾਂ ਦੀ ਸੇਵਾ ਕਰਕੇ ਸ਼ਹਿਰ ਨੂੰ ਸਵੱਛ ਅਤੇ ਹਰਿਆ ਰੱਖਣ ਵਿਚ ਅਹਿਮ ਯੋਗਦਾਨ ਦਿੱਤਾ ਜਾ ਰਿਹਾ ਹੈ। ਇਸ ਮੌਕੇ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਐਡੀ.ਨਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਐਡੀ.ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਹਰਵਿੰਦਰ ਪਾਲ ਸਿੰਘ ਚੁੱਘ ਵੱਲੋਂ ਅਵਤਾਰ ਸਿੰਘ ਘੁੱਲਾ ਨੂੰ ਗੁਰੂ ਦੀ ਬਖ਼ਸ਼ਿਸ਼ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ।

# ਲੌਹਕਾ 'ਚ ਅੰਤਰਰਾਸ਼ਟਰੀ ਜੈਵਿਕ ਵਿਭਿੰਨਤਾ ਦਿਵਸ ਮਨਾਇਆ

**ਪੱਟੀ (ਬਲਦੇਵ ਸਿੰਘ ਸੰਧੂ)**- ਵਿਸ਼ਵ ਪੱਧਰ 'ਤੇ ਮਨਾਏ ਜਾਂਦੇ ਜੈਵਿਕ ਵਿਭਿੰਨਤਾ ਦਿਵਸ ਸਬੰਧੀ ਪਿੰਡ ਲੌਹਕਾ ਵਿਖੇ ਪੰਨੂ ਵਰਮੀ ਕੰਪੋਸਟ ਫਾਰਮ 'ਤੇ ਜੈਵਿਕ-ਵਿਭਿੰਨਤਾ ਦਿਵਸ ਮਨਾਇਆ ਗਿਆ। ਇਸ ਮੌਕੇ ਬਲਾਕ ਖੇਤੀਬਾੜੀ ਅਫਸਰ, ਪੱਟੀ ਡਾ. ਭੁਪਿੰਦਰ ਸਿੰਘ, ਗੁਰਬਰਿੰਦਰ ਸਿੰਘ ਏ ਡੀ ਓ, ਗੁਰਪ੍ਰੀਤ ਸਿੰਘ ਬੀ ਟੀ ਐਮ ਅਤੇ ਤਰਸੇਮ ਸਿੰਘ ਨੇ ਹਾਜ਼ਰੀਨ ਨਾਲ ਜਾਣਕਾਰੀ ਸਾਂਝੀ ਕੀਤੀ ਕਿ ਸਾਲ 2025 ਦਿਵਸ ਦਾ ਉਦੇਸ਼ ਕੁਦਰਤ ਨਾਲ ਇੱਕਸੁਰਤਾ ਅਤੇ ਟਿਕਾਊ ਵਿਕਾਸ ਹੈ। ਇਸ ਮੌਕੇ ਉਨਾਂ ਕੁੱਝ ਕਿਸਾਨਾਂ ਦੁਆਰਾ ਕੁਦਰਤ ਪ੍ਰਤੀ ਦਿਖਾਈ ਜਾ ਰਹੀ ਬੇਪਰਵਾਹੀ ਜਾਂ ਅਣਗਹਿਲੀ ਸਬੰਧੀ ਚਿੰਤਤ ਹੁੰਦਿਆਂ ਵਿਚਾਰ ਪ੍ਰਗਟਾਏ ਕਿ ਫਸਲਾਂ ਦੀ ਕਟਾਈ ਕਰਨ ਉਪਰੰਤ ਰਹਿੰਦ ਖੂੰਹਦ ਨੂੰ ਲਗਾਈ ਅੱਗ ਨਾਲ ਇਕ ਨਜ਼ਰੇ ਤਾਂ ਭਾਵੇਂ ਨਾੜ ,ਪਰਾਲ ਅਤੇ ਰੁੱਖ ਹੀ ਸੜਦੇ ਦਿਸਦੇ ਹਨ, ਪਰ ਹਕੀਕਤ ਵਿੱਚ ਇਹ ਲਾਂਬੂ ਜ਼ਮੀਨ ਦੇ ਬਹੁਮੁੱਲੇ ਜੈਵਿਕ ਮਾਦੇ ਨੂੰ ਵੀ ਨਸ਼ਟ ਕਰ ਦਿੰਦੇ ਹਨ। ਜਦ ਕਿ ਇਹ ਜੈਵਿਕ ਮਾਦਾ ਹੀ ਹੈ, ਜੋ ਜ਼ਮੀਨ ਵਿੱਚ ਲੋੜੀਂਦੀ ਨਮੀਂ ਬਣਾ ਕੇ ਜਮੀਨ ਨੂੰ ਪੋਲੀ ਰੱਖਦਾ ਹੈ ਅਤੇ ਜ਼ਮੀਨ ਲਈ ਬੇਸ਼-ਕੀਮਤੀ ਜੀਵ ਜੰਤੂਆਂ ਨੂੰ ਖੁਰਾਕ ਵੀ ਦਿੰਦਾ ਹੈ। ਲਗਾਏ ਲਾਂਬੂਆਂ ਨਾਲ ਜ਼ਮੀਨ ਵਿੱਚ ਮੌਜੂਦ ਖੁਰਾਕੀ ਤੱਤ ਨਸ਼ਟ ਹੋ ਜਾਂਦੇ ਹਨ, ਉੱਥੇ ਤਾਪਮਾਨ ਵਿੱਚ ਹੋਏ ਵਾਧੇ ਨਾਲ ਜੈਵਿਕ ਮਾਦੇ ਅਤੇ ਜੀਵ ਜੰਤੂਆਂ 'ਤੇ ਬੁਰਾ ਪ੍ਰਭਾਵ ਪੈਂਦਾ ਹੈ। ਉਹਨਾਂ ਕਿਹਾ ਕਿ ਸਾਨੂੰ ਟਿਕਾਊ ਖੇਤੀ ਲਈ ਕੁਦਰਤ ਨਾਲ ਇਕ-ਮਿਕ ਹੋ ਕੇ ਅਜਿਹੇ ਸੁਹਿਰਦ ਯਤਨ ਕਰਦੇ ਰਹਿਣਾ ਚਾਹੀਦਾ ਹੈ, ਜਿਸ ਤਹਿਤ ਛੱਪੜ, ਤਲਾਬ, ਫੁੱਲ , ਫਲਦਾਰ ਅਤੇ ਰੁੱਖ ਆਦਿ ਸੰਭਾਲੇ ਜਾਣ, ਤਾਂ ਜੋ ਵੱਡੇ-ਛੋਟੇ ਅਤੇ ਸੂਖਮ ਜੀਵ ਜੰਤੂਆਂ ਦੇ ਰਹਿਣ ਸਹਿਣ ਅਤੇ ਖੁਰਾਕ ਦੇ ਸੋਮਿਆਂ ਦੀ ਪ੍ਰਤੀ-ਪੂਰਤੀ ਹੋ ਸਕੇ। ਇਸ ਮੌਕੇ ਕਿਸਾਨਾਂ ਨੂੰ ਵਰਮੀ ਕੰਪੋਸਟ ਯੂਨਿਟ ਲਗਾਉਣ, ਝੋਨੇ ਦੀ ਸਿੱਧੀ ਬਿਜਾਈ, ਸਾਉਣੀ ਦੀ ਮੱਕੀ ਦੀ ਕਾਸ਼ਤ, ਜਿਪਸਮ ਆਦਿ ਤੇ ਦਿੱਤੀ ਜਾ ਰਹੀ ਸਹਾਇਤਾ ਸਬੰਧੀ ਜਾਣਕਾਰੀ ਦਿੱਤੀ। ਇਸ ਮੌਕੇ ਸੂਬਾ ਸਿੰਘ, ਤਰਸੇਮ ਸਿੰਘ, ਮਲਕੀਤ ਸਿੰਘ, ਸੰਤੋਖ ਸਿੰਘ, ਗੁਰਪ੍ਰੀਤ ਸਿੰਘ, ਸੁਖਦੀਪ, ਸੁਖਵੀਰ ਸਿੰਘ, ਗੁਰਦੇਵ ਸਿੰਘ ਸੁਝਵਾਨ ਕਿਸਾਨਾਂ ਨੂੰ ਜੈਵਿਕ ਵਿਭਿੰਨਤਾ ਲਈ ਕੰਮ ਕਰਨ ਵਾਲੇ ਉਤਮੀ ਕਿਸਾਨਾਂ ਨੂੰ ਸਨਮਾਨਤ ਕੀਤਾ ਗਿਆ।



# ਸਰਬਉੱਚ ਸੰਸਥਾਵਾਂ 'ਚ ਆਪਸੀ ਮਤਭੇਦ ਕੌਮ ਦੇ ਹਿੱਤ 'ਚ ਨਹੀਂ : ਧਾਮੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸਿੱਖ ਪੰਥ ਅੰਦਰ ਤਖ਼ਤ ਸਾਹਿਬਾਨ ਦੀ ਇਤਿਹਾਸਕ ਤੇ ਸਿਧਾਂਤਕ ਮਹਾਨਤਾ ਬਹੁਤ ਵੱਡੀ ਹੈ, ਜਿਸ ਦੇ ਮੱਦੇਨਜ਼ਰ ਇਨ੍ਹਾਂ ਦੇ ਸਤਿਕਾਰ ਨੂੰ ਬਰਕਰਾਰ ਰੱਖਣਾ ਕੌਮ ਦੀ ਵੱਡੀ ਜ਼ੁੰਮੇਵਾਰੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਖਿਆ ਕਿ ਬੀਤੇ ਕੱਲ੍ਹ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪੰਜ ਸਿੰਘ ਸਾਹਿਬਾਨ ਦੁਆਰਾ ਕੀਤੇ ਗਏ ਫੈਸਲਿਆਂ ਬਾਅਦ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਪੰਜ ਪਿਆਰਿਆਂ ਵੱਲੋਂ ਜਾਰੀ ਕੀਤੇ ਆਦੇਸ਼ ਨਾਲ ਕੌਮ ਅੰਦਰ ਚੰਗਾ ਸੁਨੇਹਾ ਨਹੀਂ ਗਿਆ। ਧਾਮੀ ਨੇ ਕਿਹਾ ਕਿ ਪੰਥਕ ਸੰਸਥਾਵਾਂ ਅਤੇ ਪੰਥਕ ਮਸਲਿਆਂ ਨੂੰ ਸੰਜੀਦਗੀ ਨਾਲ ਹੀ ਹੱਲ ਕਰਨਾ ਚਾਹੀਦਾ ਹੈ ਅਤੇ ਇਸ ਲਈ ਆਪਸੀ ਵਿਚਾਰ-ਵਟਾਂਦਰੇ ਦਾ ਰਾਹ ਹੀ ਬਿਹਤਰ ਹੈ। ਕੌਮ ਦੀਆਂ ਸੰਸਥਾਵਾਂ ਅਤੇ ਤਖ਼ਤ ਸਾਹਿਬਾਨ ਤੋਂ ਪੂਰਾ ਸਿੱਖ ਜਗਤ ਪ੍ਰੇਰਨਾ ਲੈਂਦਾ ਹੈ, ਪ੍ਰੰਤੂ ਅਜਿਹੇ ਆਪਸੀ ਟਕਰਾਅ ਵਾਲੇ ਮਾਹੌਲ ਨਾਲ ਕੌਮ ਅੰਦਰ ਦੁਬਿਧਾ ਬਣੀ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਮੌਜੂਦਾ ਸਮਾਂ ਕੌਮ ਲਈ ਬੇਹੱਦ ਸੰਜੀਦਾ ਅਤੇ ਚੁਣੌਤੀਆਂ ਭਰਪੂਰ ਹੈ, ਜਿਸ ਨੂੰ ਵੇਖਦਿਆਂ ਸਿੱਖ ਸੰਸਥਾਵਾਂ ਨੂੰ ਇਕਜੁਟਤਾ ਨਾਲ ਅੱਗੇ ਵਧਣਾ ਪਵੇਗਾ। ਧਾਮੀ ਨੇ ਕਿਹਾ ਕਿ ਉਹ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹੋਣ ਦੇ ਨਾਤੇ ਸੰਸਥਾਗਤ ਤੌਰ 'ਤੇ ਅਤੇ ਸਿੱਖ ਪੰਥ ਦਾ ਅੰਗ ਹੋਣ ਕਰਕੇ ਨਿੱਜੀ ਤੌਰ 'ਤੇ ਯਤਨ ਕਰਨਗੇ ਕਿ ਇਹ ਮਸਲਾ ਜਲਦ ਹੱਲ ਹੋਵੇ।

# ਨਰਸਿੰਗ ਕਾਲਜ ਬੱਬਰੀ ਵਿਖੇ ਪੀ ਜੀ ਕੋਰਸ ਤੇ ਹੋਸਟਲ ਲਈ ਇਮਾਰਤ ਦਾ ਕੰਮ ਜਲਦ ਹੋਵੇਗਾ ਪੂਰਾ : ਸਿਵਲ ਸਰਜਨ

**ਗੁਰਦਾਸਪੁਰ (ਜਨਕ ਮਹਾਜਨ)**- ਸਿਵਲ ਸਰਜਨ ਗੁਰਦਾਸਪੁਰ ਡਾਕਟਰ ਜਸਵਿੰਦਰ ਸਿੰਘ ਦੀ ਅਗਵਾਈ ਹੇਠ ਸਰਕਾਰੀ ਨਰਸਿੰਗ ਕਾਲਜ ਬੱਬਰੀ ਅਤੇ ਜ਼ਿਲ੍ਹਾ ਹਸਪਤਾਲ ਦੇ ਅਧਿਕਾਰੀਆਂ ਨਾਲ ਵਿਸ਼ੇਸ਼ ਮੀਟਿੰਗ ਹੋਈ। ਇਸ ਮੌਕੇ ਸਿਵਲ ਸਰਜਨ ਗੁਰਦਾਸਪੁਰ ਡਾ. ਜਸਵਿੰਦਰ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਹਸਪਤਾਲ ਵਿਖੇ ਆਈਪੀਐਚਐਲ ਲੈਬ ਅਤੇ ਐਮਸੀਐਚ ਵਿੰਗ ਦਾ ਕੰਮ ਅੰਤਿਮ ਛੋਹਾਂ 'ਤੇ ਹੈ। ਡਿਸਟ੍ਰਿਕਟ ਅਰਲੀ ਇੰਟਰਵੈਂਸ਼ਨ ਸੈਂਟਰ ਦਾ ਕੰਮ ਵੀ ਜਾਰੀ ਹੈ। ਸਰਕਾਰੀ ਏ.ਐਨ.ਐਮ / ਜੀ.ਐਨ.ਐਮ. ਸਕੂਲ ਬੱਬਰੀ ਵਿਖੇ ਨਵੇਂ ਹੋਸਟਲ ਦਾ ਨਿਰਮਾਣ ਹੋ ਰਿਹਾ ਹੈ। ਇਸ ਦੇ ਨਾਲ ਹੀ ਨਰਸਿੰਗ ਵਿਚ ਪੋਸਟ ਗਰੈਜੂਏਸ਼ਨ ਕੋਰਸ ਲਈ ਨਵੀਂ ਇਮਾਰਤ ਦਾ ਵੀ ਨਿਰਮਾਣ ਜਾਰੀ ਹੈ। ਇਨ੍ਹਾਂ ਇਮਾਰਤਾਂ ਦਾ ਨਿਰਮਾਣ ਕਾਰਜ ਜਲਦ ਹੀ ਪੂਰਾ ਹੋ ਜਾਵੇਗਾ ਅਤੇ ਇਸ ਸੰਸਥਾ ਵਿਚ ਨਰਸਿੰਗ ਦੇ ਪੀ ਜੀ ਕੋਰਸ 2026 ਦੇ ਨਵੇਂ ਸੈਸ਼ਨ ਵਿਚ ਸ਼ੁਰੂ ਹੋ ਜਾਣਗੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਕਤ ਨਿਰਮਾਣ ਕਾਰਜ ਦੀ ਪ੍ਰਗਤੀ ਰਿਪੋਰਟ ਸਮੇਂ ਸਮੇਂ ਦਿੱਤੀ ਜਾਵੇ। ਇਹ ਖੇਤਰ ਵਾਸੀਆਂ ਲਈ ਖ਼ੁਸ਼ੀ ਦੀ ਗੱਲ ਹੈ ਕਿ ਨਰਸਿੰਗ ਸਟੂਡੈਂਟ ਨੂੰ ਪੀਜੀ ਕੋਰਸ ਗੁਰਦਾਸਪੁਰ ਵਿਚ ਹੀ ਮੁਹੱਈਆ ਹੋ ਜਾਵੇਗਾ। ਇਸ ਮੌਕੇ ਡਾਕਟਰ ਸਮੀਤਾ, ਪ੍ਰਿੰਸੀਪਲ ਪਰਮਜੀਤ ਕੌਰ, ਏ ਐਚ ਏ ਮਨਿੰਦਰ ਕੌਰ ਆਦਿ ਹਾਜ਼ਰ ਸਨ।



# ਖਜ਼ਾਨਾ ਦਫ਼ਤਰ 'ਚ ਰਸੀਦੀ ਟਿਕਟਾਂ ਦੀ ਘਾਟ, ਜਨਤਾ ਪ੍ਰੇਸ਼ਾਨ

**ਅੰਮ੍ਰਿਤਸਰ (ਅਰੋੜਾ)**- ਗੁਰੂ ਕੀ ਨਗਰੀ ਅੰਮ੍ਰਿਤਸਰ ਦੇ ਖਜ਼ਾਨਾ ਦਫ਼ਤਰ ਵਿਖੇ ਲੰਬੇ ਸਮੇਂ ਤੋਂ ਰਸੀਦੀ ਟਿਕਟਾਂ ਨਹੀ ਮਿਲ ਰਹੀਆਂ ।ਦਫ਼ਤਰ ਦੇ ਬਾਹਰ ਖਜ਼ਾਨਾ ਅਧਿਕਾਰੀਆਂ ਨੇ ਪੋਸਟਰ ਲਗਾ ਰੱਖੇ ਹਨ ਜਿਸ 'ਤੇ ਲਿਖਿਆ ਹੈ ਕਿ ਰਸੀਦੀ ਟਿਕਟਾਂ ਉਪਲਬਧ ਨਹੀਂ ਹਨ।ਜ਼ਿਲ੍ਹਾ ਖਜ਼ਾਨਾ ਦਫ਼ਤਰ ਤੋਂ ਹੀ ਤਮਾਮ ਨਗਰ ਅਤੇ ਕਸਬਿਆਂ ਵਿੱਚ ਰਸੀਦੀ ਟਿਕਟਾਂ ਮੁਹੱਈਆ ਕਰਵਾਈਆ ਜਾਂਦੀਆਂ ਹਨ ਪਰ ਕੁਝ ਸਮੇਂ ਤੋਂ ਰਸੀਦੀ ਟਿਕਟਾਂ ਨਾ ਮਿਲਣ ਕਾਰਨ ਜ਼ਿਲ੍ਹੇ ਦੇ ਸਾਰੇ ਬੈਂਕਾਂ ਦੇ ਕਰਮਚਾਰੀਆਂ ਨੂੰ ਮੁਸ਼ਕਿਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸਕੂਲਾਂ, ਕਾਲਜਾਂ ਵਿੱਚ ਜਿਨ੍ਹਾਂ ਥਾਵਾਂ 'ਤੇ ਰਸੀਦੀ ਟਿਕਟਾਂ ਦੀ ਜ਼ਰੂਰਤ ਹੁੰਦੀ ਹੈ ਉਹ ਵੀ ਇਸ ਸਮੇਂ ਪਰੇਸ਼ਾਨ ਹਨ।ਬਹੁਤ ਸਾਰੀਆਂ ਫੈਕਟਰੀਆਂ ਅਤੇ ਦਫ਼ਤਰ ਵਿਖੇ ਸਟਾਫ਼ ਨੂੰ ਸੈਲਰੀ ਦੇਣ ਸਮੇਂ ਰਸੀਦੀ ਟਿਕਟਾਂ ਦੀ ਜ਼ਰੂਰਤ ਹੁੰਦੀ ਹੈ।ਮੰਗ ਕਰਨ ਵਾਲਿਆਂ ਵਿੱਚ ਤਹਿਸੀਲ ਕੰਪਲੈਕਸ ਦੇ ਡੀਡ ਰਾਈਟਰ, ਵਸੀਕਾ ਨਵੀਸਾਂ ਅਤੇ ਅਸ਼ਟਾਮ ਫਰੋਸ਼ਾਂ ਦੇ ਨਾਮ ਸ਼ਾਮਿਲ ਹਨ।

# ਐੱਸ ਐੱਸ ਪੀ ਨੇ ਮੈਰੀਟੋਰੀਅਸ ਸਕੂਲ ਦੇ ਵਿਦਿਆਰਥੀਆਂ ਦਾ ਕੀਤਾ ਮਾਰਗ ਦਰਸ਼ਨ

**ਗੁਰਦਾਸਪੁਰ (ਜਨਕ ਮਹਾਜਨ)**- ਐੱਸ.ਐੱਸ.ਪੀ. ਗੁਰਦਾਸਪੁਰ ਆਦਿੱਤਯ ਨੇ। ਮੈਰੀਟੋਰੀਅਸ ਸਕੂਲ ਗੁਰਦਾਸਪੁਰ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਸਿੱਖਿਆ ਅਫ਼ਸਰ (ਸ) ਰਾਜੇਸ਼ ਸ਼ਰਮਾ ਵੀ ਮੌਜੂਦ ਸਨ। ਵਿਦਿਆਰਥੀਆਂ ਦੇ ਰੂਬਰੂ ਹੁੰਦਿਆਂ ਐੱਸ.ਐੱਸ.ਪੀ. ਆਦਿੱਤਯ ਨੇ ਕਿਹਾ ਕਿ ਸਾਨੂੰ ਜੋ ਵੀ ਮੌਕੇ ਮਿਲੇ ਹਨ, ਉਸ ਦਾ ਪੂਰਾ ਲਾਭ ਉਠਾਉਣਾ ਚਾਹੀਦਾ ਹੈ, ਕਿਉਂਕਿ ਹਰੇਕ ਬੱਚੇ ਦੇ ਅੰਦਰ ਕੋਈ ਨਾ ਕੋਈ ਪ੍ਰਤਿਭਾ ਜ਼ਰੂਰ ਛੁਪੀ ਹੁੰਦੀ ਹੈ, ਜਿਸ ਨੂੰ ਬਾਹਰ ਕੱਢ ਕੇ ਬੱਚੇ ਆਪਣੇ ਮਿਥੇ ਨਿਸ਼ਾਨੇ ਦੀ ਪ੍ਰਾਪਤੀ ਕਰ ਸਕਦੇ ਹਨ। ਉਨ੍ਹਾ ਆਪਣੇ ਵਿਦਿਆਰਥੀ ਹੋਣ ਤੋਂ ਲੈ ਕੇ ਆਈ.ਪੀ.ਐੱਸ. ਬਣਨ ਤੱਕ ਦੇ ਤਜਰਬੇ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਸਹੀ ਰਸਤੇ ਦੀ ਚੋਣ ਕਰਕੇ ਸਖ਼ਤ ਮਿਹਨਤ ਕਰਨ, ਅਨੁਸ਼ਾਸਨ 'ਚ ਰਹਿਣ, ਆਪਣੇ ਮਾਪਿਆਂ ਅਤੇ ਅਧਿਆਪਕਾਂ ਦਾ ਸਤਿਕਾਰ ਕਰਨ ਅਤੇ ਸਮੇਂ ਦੇ ਪਾਬੰਦ ਬਣਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਸਹੀ ਰਸਤੇ ਦੀ ਚੋਣ ਕਿਸੇ ਵੀ ਵਿਅਕਤੀ ਨੂੰ ਉਸ ਦੀ ਮੰਜ਼ਿਲ ਤੱਕ ਲਾਜ਼ਮੀ ਪੁੱਜਦਾ ਕਰਦੀ ਹੈ। ਇਸ ਮੌਕੇ ਉਨ੍ਹਾਂ ਨੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਕਰਨ ਦੇ ਚਾਹਵਾਨ ਵਿਦਿਆਰਥੀਆਂ ਨੂੰ ਵੀ ਕਈ ਅਹਿਮ ਗੁਰ ਦੱਸੇ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਰਾਜੇਸ਼ ਕੁਮਾਰ ਸ਼ਰਮਾ ਨੇ ਇਸ ਇਸ ਪ੍ਰੇਰਨਾਦਾਇਕ ਦੌਰੇ ਲਈ ਐੱਸ.ਐੱਸ.ਪੀ. ਗੁਰਦਾਸਪੁਰ ਦਾ ਧੰਨਵਾਦ ਕੀਤਾ।

# ਰਿਆੜਕੀ ਸੰਸਥਾ ਦੀਆਂ ਦਸਵੀਂ ਤੇ ਬਾਰ੍ਹਵੀਂ ਦੀਆਂ ਵਿਦਿਆਰਥਣਾਂ ਨਕਦ ਰਾਸ਼ੀ ਨਾਲ ਸਨਮਾਨਤ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਪੰਜਾਬ ਦੇ ਸ਼ਾਂਤੀ ਨਿਕੇਤਨ ਵਜੋਂ ਜਾਣੇ ਜਾਂਦੇ ਬਾਬਾ ਆਇਆ ਸਿੰਘ ਰਿਆੜਕੀ ਕਾਲਜ ਤੁਗਲਵਾਲਾ ਦੀ ਸਰਪ੍ਰਸਤੀ ਹੇਠ ਚੱਲ ਰਹੇ ਸੀਨੀਅਰ ਸੈਕੰਡਰੀ ਦਾ ਦਸਵੀਂ ਜਮਾਤ ਦੇ ਪੰਜਾਬ ਸਕੂਲ ਸਿੱਖਿਆ ਬੋਰਡ ਦਾ ਨਤੀਜਾ ਸੌ ਫੀਸਦੀ ਫਸਟ ਡਵੀਜ਼ਨਾਂ ਨਾਲ ਅਤਿ ਸ਼ਾਨਦਾਰ ਰਿਹਾ। ਬੋਰਡ ਪ੍ਰੀਖਿਆਵਾਂ ਵਿੱਚੋਂ ਪਹਿਲੀਆਂ ਪੁਜੀਸ਼ਨਾਂ ਪ੍ਰਾਪਤ ਵਿਦਿਆਰਥੀਆਂ ਨੂੰ 1100-1100 ਰੁਪਏ ਦੀ ਨਕਦ ਇਨਾਮ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ। ਉਹਨਾਂ ਦੀਆਂ ਸਤਿਕਾਰਯੋਗ ਮਾਤਾਵਾਂ ਨੂੰ ਫੁਲਕਾਰੀ ਅਤੇ ਪਿਤਾ ਨੂੰ ਸਿਰੋਪਾਓ ਭੇਟ ਕੀਤਾ। ਇਸ ਮੌਕੇ ਕਾਲਜ ਪ੍ਰਿੰਸੀਪਲ ਸਵਰਨ ਸਿੰਘ ਵਿਰਕ, ਪ੍ਰਬੰਧਕ ਗਗਨਦੀਪ ਸਿੰਘ ਵਿਰਕ, ਸਟੂਡੈਂਟ ਕਮੇਟੀ, ਪ੍ਰੋਫੈਸਰ ਨਵਦੀਪ ਕੌਰ ਰੰਧਾਵਾ, ਪ੍ਰੋਫੈਸਰ ਗਗਨਦੀਪ ਕੌਰ ਨਾਗਰਾ, ਅਧਿਆਪਕਾ ਮਨਪ੍ਰੀਤ ਕੌਰ ਮਠੋਲਾ, ਕਿਰਨਦੀਪ ਕੌਰ ਮੇਤਲੇ, ਕੋਮਲ ਕੌਰ ਨਾਨੋਵਾਲ ਅਤੇ ਅਧਿਆਪਕਾ ਜਤਿੰਦਰ ਕੌਰ ਸਲਾਹਪੁਰ ਆਦਿ ਮੌਜੂਦ ਸਨ। ਕਾਲਜ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਦੱਸਿਆ ਇਸ ਸਾਲ ਬਾਰ੍ਹਵੀਂ ਜਮਾਤ ਦੇ 70 ਵਿਦਿਆਰਥੀਆਂ ਪ੍ਰੀਖਿਆ ਦਿੱਤੀ ਅਤੇ ਸਾਰੇ ਵਿਦਿਆਰਥੀਆਂ ਹੀ ਪਹਿਲੀ ਸ਼੍ਰੇਣੀ 'ਚ ਆਪਣਾ ਨਾਮ ਦਰਜ ਕਰਵਾ ਕੇ ਆਪਣੇ ਮਾਪਿਆਂ, ਅਧਿਆਪਕਾਂ ਤੇ ਸੰਸਥਾ ਦਾ ਨਾਮ ਰੌਸ਼ਨ ਕੀਤਾ। ਜਿਨ੍ਹਾਂ ਵਿੱਚੋਂ 5 ਵਿਦਿਆਰਥੀ 90% ਤੋਂ ਉੱਪਰ, 12 ਵਿਦਿਆਰਥੀ 80% ਤੋਂ ਉੱਪਰ,30 ਵਿਦਿਆਰਥੀ 70% ਤੋਂ ਉੱਪਰ ਅਤੇ 23 ਵਿਦਿਆਰਥੀਆਂ 60% ਤੋਂ ਉੱਪਰ ਅੰਕ ਪ੍ਰਾਪਤ ਕੀਤੇ। ਵਿਸ਼ੇਸ਼ ਸਮਾਗਮ ਦੌਰਾਨ ਪਹਿਲੀਆਂ ਪੁਜੀਸ਼ਨਾਂ ਪ੍ਰਾਪਤ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕਰਦਿਆਂ ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਮਨਸੀਰਤ ਕੌਰ ਪਿੰਡ ਬਸਰਾਵਾਂ ਅਤੇ ਜਮਾਤ ਦਸਵੀਂ ਦੀ ਪਹਿਲਾਂ ਸਥਾਨ ਹਾਸਿਲ ਕਰਨ ਵਾਲੀ ਵਿਦਿਆਰਥਣ ਸੁਖਪ੍ਰੀਤ ਕੌਰ ਪਿੰਡ ਖੁਸਹਾਲਪੁਰ ਨੂੰ 1100-1100 ਰੁਪਏ ਦੀ ਨਕਦ ਇਨਾਮ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ, ਉਹਨਾਂ ਦੀਆਂ ਸਤਿਕਾਰਯੋਗ ਮਾਤਾਵਾਂ ਨੂੰ ਫੁਲਕਾਰੀ ਅਤੇ ਪਿਤਾ ਨੂੰ ਸਿਰੋਪਾਓ ਭੇਟ ਕੀਤਾ ਗਿਆ। ਦਸਵੀਂ ਜਮਾਤ ਵਿੱਚੋਂ ਸੁਖਪ੍ਰੀਤ ਕੌਰ ਨੇ 91% ਅੰਕ ਪ੍ਰਾਪਤ ਕਰਕੇ ਜਮਾਤ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਆਂਚਲਪ੍ਰੀਤ ਕੌਰ ਨੇ 90.6 ਅੰਕਾਂ ਨਾਲ ਦੂਜਾ, ਅਰਪਨਦੀਪ ਕੌਰ ਨੇ 90% ਅੰਕਾਂ ਨਾਲ ਤੀਜਾ ਅਤੇ ਗੁਰਸਾਂਤ ਅਤੇ ਸਿਮਰਨਜੀਤ ਕੌਰ ਕੂੰਟਾਂ ਨੇ 90% ਅੰਕ ਪ੍ਰਾਪਤ ਕਰਕੇ ਚੌਥਾ ਸਥਾਨ ਹਾਸਲ ਕੀਤਾ। ਵਿਸ਼ਾ ਅਨੁਸਾਰ ਪਹਿਲੇ ਸਥਾਨ ਹਾਸਲ ਕਰਨ ਵਾਲਿਆਂ ਵਿੱਚ ਆਂਚਲਪ੍ਰੀਤ ਕੌਰ ਅੰਗਰੇਜੀ ਵਿੱਚੋਂ 98, ਮਨਜਿੰਦਰ ਸਾਇੰਸ ਵਿੱਚੋਂ 96, ਸਿਮਰਨਜੀਤ ਕੌਰ ਸਮਾਜਿਕ ਸਿੱਖਿਆ ਵਿੱਚੋਂ 96, ਸੁਖਪ੍ਰੀਤ ਅਤੇ ਮਹਿਕਦੀਪ ਕੌਰ ਹਿਸਾਬ ਵਿੱਚੋਂ 94, ਆਂਚਲਪ੍ਰੀਤ ਕੌਰ ਪੰਜਾਬੀ ਵਿੱਚੋਂ 141 ਅਤੇ ਖੁਸ਼ਪ੍ਰੀਤ ਕੌਰ ਨੇ ਹਿੰਦੀ ਵਿੱਚੋਂ 90 ਅੰਕ ਪ੍ਰਾਪਤ ਕੀਤੇ। ਅਖੀਰ ਕਲਾਸ ਦੇ ਸਾਰੇ ਵਿਦਿਆਰਥੀਆਂ ਨੇ ਪ੍ਰਿੰਸੀਪਲ ਸਵਰਨ ਸਿੰਘ ਵਿਰਕ, ਸਟੂਡੈਂਟ ਕਮੇਟੀ, ਪ੍ਰੋਫੈਸਰ ਨਵਦੀਪ ਕੌਰ ਰੰਧਾਵਾ, ਪ੍ਰੋਫੈਸਰ ਗਗਨਦੀਪ ਕੌਰ ਨਾਗਰਾ, ਮੈਡਮ ਮਨਪ੍ਰੀਤ ਕੌਰ ਮਠੋਲਾ, ਮੈਡਮ ਕਿਰਨਦੀਪ ਕੌਰ ਮੇਤਲੇ,ਮੈਡਮ ਕੋਮਲ ਕੌਰ ਨਾਨੋਵਾਲ ਅਤੇ ਮੈਡਮ ਜਤਿੰਦਰ ਕੌਰ ਸਲਾਹਪੁਰ ਨਾਲ ਯਾਦਗਾਰੀ ਫੋਟੋ ਖਿਚਵਾਈ। ਇਸ ਮੌਕੇ ਸ੍ਰ. ਗਗਨਦੀਪ ਸਿੰਘ ਵਿਰਕ ਨੇ ਸਮੂਹ ਸਟਾਫ ਅਤੇ ਵਿਦਿਆਰਥੀਆਂ ਨੂੰ ਸ਼ੁੱਭ ਇੱਛਾਵਾਂ ਦਿੰਦਿਆਂ ਵਧਾਈ ਦਿੱਤੀ।



# ਨੰਬਰਦਾਰਾਂ ਦੇ ਵਫਦ ਵੱਲੋਂ ਐੱਸਡੀਐੱਮ ਮਜੀਠਾ ਡਾ: ਹਰਨੂਰ ਕੌਰ ਢਿੱਲੋਂ ਸਨਮਾਨਿਤ

**ਮਜੀਠਾ (ਸੋਇਮ ਆਨੰਦ)**- ਤਹਿਸੀਲ ਮਜੀਠਾ ਦੇ ਨੰਬਰਦਾਰਾਂ ਦਾ ਇੱਕ ਵਫਦ ਨੰਬਰਦਾਰ ਜਗਰੂਪ ਸਿੰਘ ਅਠਵਾਲ ਦੀ ਅਗਵਾਈ ਵਿਚ ਐੱਸਡੀਐੱਮ ਮਜੀਠਾ ਡਾ: ਹਰਨੂਰ ਕੌਰ ਢਿੱਲੋਂ ਨੂੰ ਮਿਲਿਆ ਅਤੇ ਉਨ੍ਹਾਂ ਦੇ ਮਜੀਠਾ ਵਿਖੇ ਬਤੌਰ ਐੱਸਡੀਐੱਮ ਦਾ ਅਹੁਦਾ ਸੰਭਾਲਣ ਤੇ ਸਨਮਾਨਿਤ ਕੀਤਾ ਗਿਆ।ਡਾ: ਹਰਨੂਰ ਕੌਰ ਢਿੱਲੋਂ ਜਿਨ੍ਹਾਂ ਨੇ ਕਿ ਕੁਝ ਦਿਨ ਪਹਿਲਾਂ ਛੁੱਟੀ ਤੋਂ ਵਾਪਸ ਆ ਕੇ ਆਪਣੇ ਅਹੁਦੇ ਦਾ ਕਾਰਜਭਾਰ ਸੰਭਾਲਿਆ, ਨੇ ਭਰੋਸਾ ਦਿਵਾਇਆ ਕਿ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਜਿਹੜੀ ਡਿਊਟੀ ਨੰਬਰਦਾਰਾਂ ਦੀ ਲਗਾਈ ਜਾਵੇਗੀ ਉਸ ਨੂੰ ਸਮੂਹ ਨੰਬਰਦਾਰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ।ਇਸ ਮੌਕੇ ਡਾ: ਢਿੱਲੋਂ ਨੇ ਸਮੂਹ ਨੰਬਰਦਾਰਾਂ ਦੇ ਕੰਮਾਂ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਪ੍ਰਸ਼ਾਸਨ ਵੱਲੋਂ ਜਿਹੜੀ ਜ਼ਿੰਮੇਵਾਰੀ ਉਨ੍ਹਾਂ ਨੂੰ ਸੌਂਪੀ ਜਾਂਦੀ ਹੈ ਉਹ ਡਟ ਕੇ ਇਸ ਜ਼ਿੰਮੇਵਾਰੀ ਨੂੰ ਪੂਰੀ ਕਰਦੇ ਹਨ।ਉਨ੍ਹਾਂ ਨੇ ਸਮੂਹ ਨੰਬਰਦਾਰਾਂ ਨੂੰ ਕਿਹਾ ਕਿ ਆਪਣੇ ਆਪਣੇ ਇਲਾਕੇ ਵਿਚ ਰੁਕੇ ਹੋਏ ਵਿਕਾਸ ਕਾਰਜਾਂ ਸਬੰਧੀ ਜਾਣੂੰ ਕਰਾਇਆ ਜਾਵੇ ਤਾਂ ਕਿ ਉਹ ਵਿਕਾਸ ਕਾਰਜ ਪਹਿਲ ਤੇ ਆਧਾਰ ਤੇ ਹੱਲ ਕੀਤੇ ਜਾਣ।ਕੁਤਾਹੀ ਵਰਤਣ ਵਾਲੇ ਕਰਮਚਾਰੀਆਂ ਖਿਲਾਫ ਅਨੁਸਾਰ ਸਖਤ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਰੀਡਰ ਵਰਿੰਦਰ ਭਾਟੀਆ, ਦੀਪਕ ਭੱਟੀ, ਲਿਆਸ ਮਸੀਹ, ਨੰਬਰਦਾਰਾਂ ਵਿਚ ਜਗਰੂਪ ਸਿੰਘ ਅਠਵਾਲ, ਸਵਰਨ ਸਿੰਘ ਟਰਪਈ, ਹਰਬੰਸ ਸਿੰਘ ਟਰਪਈ, ਕਰਨੈਲ ਸਿੰਘ ਟਰਪਈ, ਕਿਰਪਾਲ ਸਿੰਘ ਬਾਬੋਵਾਲ, ਸੁਖਜੀਤ ਸਿੰਘ ਲੁੱਧੜ੍ਹ, ਹਰਪਾਲ ਸਿੰਘ ਵੀਰਮ, ਉਂਕਾਰ ਸਿੰਘ ਤਲਵੰਡੀ ਦਸੌਂਧਾ ਸਿੰਘ, ਗੁਰਮੀਤ ਸਿੰਘ ਭੋਮਾ, ਕੁਲਵੰਤ ਸਿੰਘ ਮਜੀਠਾ, ਬਲਜੀਤ ਸਿੰਘ ਆਦਿ ਨੰਬਰਦਾਰ ਹਾਜ਼ਰ ਸਨ।



# ਨਸ਼ਾ ਮੁਕਤੀ ਯਾਤਰਾ ਮੁਹਿੰਮ ਸੂਬੇ ਵਿਚੋਂ ਨਸ਼ਿਆਂ ਨੂੰ ਕਰੇਗੀ ਜੜ੍ਹੋਂ ਖ਼ਤਮ : ਰੰਧਾਵਾ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਵਿੱਚ ਨਸ਼ਾ ਮੁਕਤੀ ਯਾਤਰਾ ਪੂਰੇ ਉਤਸ਼ਾਹ ਨਾਲ



ਚੱਲ ਰਹੀ ਹੈ ਅਤੇ ਲੋਕਾਂ ਵੱਲੋਂ ਇਸ ਲਹਿਰ ਨੂੰ ਪੂਰਾ ਸਮਰਥਨ ਦਿੱਤਾ ਜਾ ਰਿਹਾ ਹੈ। ਬੀਤੀ ਸ਼ਾਮ ਨਸ਼ਾ ਮੁਕਤੀ ਯਾਤਰਾ ਹਲਕੇ ਦੇ ਪਿੰਡ ਢਿਲਵਾਂ, ਕੋਟਲੀ ਸੂਰਤ ਮੱਲ੍ਹੀ ਅਤੇ ਰਾਏਚੱਕ ਵਿੱਚ ਪਹੁੰਚੀ ਜਿਸ ਦੀ ਅਗਵਾਈ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਕੀਤੀ ਗਈ। ਪਿੰਡ ਢਿਲਵਾਂ, ਕੋਟਲੀ ਸੂਰਤ ਮੱਲ੍ਹੀ ਅਤੇ ਰਾਏਚੱਕ ਵਿੱਚ ਨਸ਼ਾ ਮੁਕਤੀ ਯਾਤਰਾ ਦੌਰਾਨ ਹੋਈਆਂ ਜਨਤਕ ਸਭਾਵਾਂ ਨੂੰ ਸੰਬੋਧਨ ਹੁੰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਲੋਕ ਦ੍ਰਿੜ੍ਹਤਾ ਨਾਲ ਪ੍ਰਣ ਕਰਨ ਅਤੇ ਹਰ ਹੀਲੇ ਉਸ ਪ੍ਰਣ ਨੂੰ ਨਿਭਾਉਣ ਵਿੱਚ ਕਿਸੇ ਵੀ ਨਾਗਰਿਕ ਨੂੰ ਕੋਈ ਕਸਰ ਬਾਕੀ ਨਹੀਂ ਛੱਡਣੀ ਚਾਹੀਦੀ। ਉਨ੍ਹਾਂ ਕਿਹਾ ਕਿ ਹਲਕੇ ਦੇ ਹਰ ਇੱਕ ਪਿੰਡ ਵਿੱਚ ਪੇਂਡੂ ਡਿਫੈਂਸ ਕਮੇਟੀਆਂ ਕਾਰਜਸ਼ੀਲ ਹਨ ਅਤੇ ਸਾਨੂੰ ਪੂਰੀ ਉਮੀਦ ਹੈ ਕਿ ਇਹ ਡਿਫੈਂਸ ਕਮੇਟੀਆਂ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਸ਼ਿੱਦਤ ਅਤੇ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਨਸ਼ਾ ਤਸਕਰਾਂ ਦੇ ਕਾਰੋਬਾਰ ਨੂੰ ਮੁਕੰਮਲ ਤੌਰ 'ਤੇ ਬੰਦ ਕਰਵਾਉਣ ਵਿੱਚ ਯੋਗਦਾਨ ਪਾਉਣਗੀਆਂ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਜ਼ਰੂਰ ਹੀ ਨਸ਼ੇ ਨੂੰ ਜੜ੍ਹ ਤੋਂ ਖ਼ਤਮ ਕਰੇਗੀ। ਰੰਧਾਵਾ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਸਰਕਾਰ ਪਿਛਲੀਆਂ ਸਰਕਾਰਾਂ ਵੱਲੋਂ ਬੀਜੇ ਕੰਡੇ ਚੁਗ ਰਹੀ ਹੈ ਕਿਉਂਕਿ ਪਿਛਲੀਆਂ ਸਰਕਾਰਾਂ ਨੇ ਨਸ਼ੇ ਰੋਕਣ ਲਈ ਕੁਝ ਨਹੀਂ ਕੀਤਾ।ਇਸ ਮੌਕੇ ਉਨ੍ਹਾ ਜਨ ਸਭਾਵਾਂ ਵਿੱਚ ਹਾਜ਼ਰ ਵਿਅਕਤੀਆਂ ਨੂੰ ਨਸ਼ਾ ਮੁਕਤੀ ਮੁਹਿੰਮ ਵਿੱਚ ਆਪਣਾ ਪੂਰਾ ਸਹਿਯੋਗ ਦੇਣ ਦੀ ਸਹੁੰ ਵੀ ਚੁਕਾਈ। ਇਸ ਮੌਕੇ ਐੱਸ.ਡੀ.ਐੱਮ. ਡੇਰਾ ਬਾਬਾ ਨਾਨਕ ਗੁਰਮੰਦਰ ਸਿੰਘ, ਡੀ.ਐੱਸ.ਪੀ. ਡੇਰਾ ਬਾਬਾ ਨਾਨਕ ਜੋਗਾ ਸਿੰਘ, ਬੀ.ਡੀ.ਪੀ.ਓ. ਅਮਨਦੀਪ ਕੌਰ, ਹਲਕਾ ਕੋਆਰਡੀਨੇਟਰ ਡਾਕਟਰ ਅਰਸ਼ਦੀਪ ਸਿੰਘ, ਸਮੇਤ ਪਿੰਡਾਂ ਦੇ ਪੰਚ ਸਰਪੰਚ, ਨੌਜਵਾਨ ਅਤੇ ਇਲਾਕੇ ਦੇ ਲੋਕ ਹਾਜ਼ਰ ਸਨ।

# 'ਪੰਜਾਬ ਸਿੱਖਿਆ ਕ੍ਰਾਂਤੀ' ਕੇਵਲ ਇਕ ਮੁਹਿੰਮ ਨਹੀਂ, ਇਕ ਪਰਿਵਰਤਨ ਦੀ ਲਹਿਰ : ਚੇਅਰਮੈਨ ਸੇਖਵਾਂ

**● ਸੇਖਵਾਂ ਨੇ ਸਠਿਆਲੀ, ਹੰਬੋਵਾਲ ਅਤੇ ਘੋੜੇਵਾਹ ਦੇ ਸਰਕਾਰੀ ਸਕੂਲਾਂ 'ਚ ਵਿਕਾਸ ਕਾਰਜਾਂ ਦੇ ਕੀਤੇ ਉਦਘਾਟਨ**

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਪੰਜਾਬ ਸਰਕਾਰ ਵੱਲੋਂ ਚਲਾਏ ਜਾ ਰਹੇ 'ਪੰਜਾਬ ਸਿੱਖਿਆ ਕ੍ਰਾਂਤੀ' ਮੁਹਿੰਮ ਤਹਿਤ ਅੱਜ ਵਿਧਾਨ ਸਭਾ ਹਲਕਾ ਕਾਦੀਆਂ ਦੇ ਤਿੰਨ ਸਰਕਾਰੀ ਸਕੂਲਾਂ ਵਿਚ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਵਿਧਾਨ ਸਭਾ ਹਲਕਾ ਕਾਦੀਆਂ ਦੇ ਸਰਕਾਰੀ ਪ੍ਰਾਇਮਰੀ ਸਕੂਲ ਸਠਿਆਲੀ, ਸਰਕਾਰੀ ਪ੍ਰਾਇਮਰੀ ਸਕੂਲ ਹੰਬੋਵਾਲ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਘੋੜੇਵਾਹ ਵਿਖੇ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਵਿਦਿਆਰਥੀਆਂ ਦੇ ਮਾਪਿਆਂ ਅਤੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ 'ਪੰਜਾਬ ਸਿੱਖਿਆ ਕ੍ਰਾਂਤੀ' ਹੁਣ ਕੇਵਲ ਇਕ ਮੁਹਿੰਮ ਨਹੀਂ, ਬਲਕਿ ਇਕ ਪਰਿਵਰਤਨ ਦੀ ਲਹਿਰ ਹੈ ਜੋ ਹਰ ਪਿੰਡ, ਹਰ ਸਕੂਲ ਅਤੇ ਹਰ ਬੱਚੇ ਤੱਕ ਪਹੁੰਚ ਰਹੀ ਹੈ। ਉਨ੍ਹਾਂ ਕਿਹਾ ਸਿੱਖਿਆ ਕ੍ਰਾਂਤੀ ਜਰੀਏ ਸਰਕਾਰੀ ਸਕੂਲਾਂ ਵਿੱਚ ਨਵੇਂ ਕਲਾਸ ਰੂਮ, ਸਾਇੰਸ ਤੇ ਕੰਪਿਊਟਰ ਲੈਬਾਂ, ਲਾਇਬ੍ਰੇਰੀਆਂ ਬਣਾਉਣ ਤੋਂ ਇਲਾਵਾ ਹੋਰ ਬੁਨਿਆਦੀ ਢਾਂਚੇ ਦਾ ਵਿਕਾਸ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦਾ ਟੀਚਾ ਇਹ ਯਕੀਨੀ ਬਣਾਉਣਾ ਹੈ ਕਿ ਸਰਕਾਰੀ ਸਕੂਲਾਂ ਵਿਚ ਪੜ੍ਹਨ ਵਾਲੇ ਜ਼ਰੂਰਤਮੰਦ ਅਤੇ ਮੱਧ ਵਰਗ ਦੇ ਬੱਚਿਆਂ ਨੂੰ ਵੀ ਇਹੀ ਆਧੁਨਿਕ ਸੁਵਿਧਾਵਾਂ ਅਤੇ ਗੁਣਵੱਤਾ ਪ੍ਰਾਪਤ ਹੋਵੇ ਜੋ ਨਿੱਜੀ ਸਕੂਲਾਂ ਵਿਚ ਮਿਲਦੀਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸੂਬੇ ਵਿਚ 118 ਸਕੂਲ ਆਫ ਐਮੀਨੈਂਸ ਸਥਾਪਿਤ ਕੀਤੇ ਗਏ ਹਨ। ਅਧਿਆਪਕਾਂ ਨੂੰ ਟਰੇਨਿੰਗ ਲਈ ਵਿਦੇਸ਼ਾਂ ਵਿਚ ਭੇਜਿਆ ਜਾ ਰਿਹਾ ਹੈ ਤਾਂ ਜੋ ਬੱਚਿਆਂ ਨੂੰ ਅੱਜ ਦੇ ਸਮੇਂ ਦੇ ਹਿਸਾਬ ਨਾਲ ਬਿਹਤਰੀਨ ਸਿੱਖਿਆ ਦਿੱਤੀ ਜਾ ਸਕੇ। ਉਨ੍ਹਾਂ ਕਿਹਾ ਕਿ ਸਰਕਾਰੀ ਐਲੀਮੈਂਟਰੀ ਸਕੂਲਾਂ ਵਿਚ ਅਧਿਆਪਕਾਂ ਦੀ ਘਾਟ ਨੂੰ ਦੂਰ ਕੀਤਾ ਜਾ ਰਿਹਾ ਹੈ। ਉਨ੍ਹਾਂ ਇਲਾਕਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿਚ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿਚ ਦਾਖਲ ਕਰਵਾਉਣ।



# ਪ੍ਰੋਜੈਕਟ ਆਵਾਜ਼ ਤਹਿਤ ਪੀ ਐੱਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ 'ਚ ਸ਼ੋਅ-ਕੇਸ ਲਗਾਇਆ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਡਾਇਰੈਕਟਰ ਐੱਸਸੀਈਆਰਟੀ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਪੀਐੱਮਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਵਿਖੇ ਪ੍ਰੋਜੈਕਟ ਆਵਾਜ਼ ਤਹਿਤ ਸਕੂਲ ਮੁਖੀ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ ਦੀ ਯੋਗ ਅਗਵਾਈ ਅਤੇ ਆਰਟ ਐਂਡ ਕਰਾਫਟ ਅਧਿਆਪਕ ਗੁਰਟੇਕ ਸਿੰਘ ਦੀ ਦੇਖ ਰੇਖ ਹੇਠ ਵਿਦਿਆਰਥੀਆਂ ਦੇ ਸਹਿਯੋਗ ਨਾਲ ਸਕੂਲ ਪੱਧਰੀ ਸ਼ੋਅ-ਕੇਸ ਲਗਾਇਆ ਗਿਆ ਜਿਸ 'ਚ ਵਿਦਿਆਰਥੀਆਂ ਨੇ ਆਪਣੇ ਮਨੋਭਾਵਾਂ ਦਾ ਪ੍ਰਗਟਾਵਾ ਕਰਦੇ ਹੋਏ ਬਹੁਤ ਹੀ ਸੁੰਦਰ ਕਲਾ ਕ੍ਰਿਤੀਆਂ ਬਣਾ ਕੇ ਪੇਸ਼ ਕੀਤੀਆਂ ਜਿਨਾਂ 'ਚ ਵਾਟਰ ਕਲਰ ਪੇਂਟਿੰਗ, ਫੈਬਰਿਕ ਕਲਰ ਪੇਂਟਿੰਗ, ਵਾਲ ਹੈਂਗਿੰਗ, ਪੱਥਰਾਂ 'ਤੇ ਸੁੰਦਰ ਚਿੱਤਰਕਾਰੀ, ਪੌਟ ਪੇਂਟਿੰਗ, ਦੀਵਿਆਂ ਤੇ ਸੁੰਦਰ ਡਿਜ਼ਾਈਨ, ਵਨ-ਸੁਵੰਨੇ ਗ੍ਰੀਟਿੰਗ ਕਾਰਡ ਆਦਿ ਬਣਾਏ। ਬੀ. ਐਨ. ਓ. ਪ੍ਰਿੰਸੀਪਲ ਰਾਮ ਲਾਲ ਮੁੱਖ ਮਹਿਮਾਨ ਦੇ ਤੌਰ ਤੇ ਸ਼ਾਮਲ ਹੋਏ।ਇਸ ਮੌਕੇ ਮੁੱਖ ਮਹਿਮਾਨ ਨੇ ਵਿਦਿਆਰਥੀਆਂ ਵੱਲੋਂ ਤਿਆਰ ਕੀਤੀਆਂ ਵੱਖ-ਵੱਖ ਕਲਾ ਕ੍ਰਿਤੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਐਸੇ ਸਮਾਗਮ ਬੱਚਿਆਂ ਵਿੱਚ ਆਤਮ ਵਿਸ਼ਵਾਸ ਅਤੇ ਰਚਨਾਤਮਕਤਾ ਨੂੰ ਵਧਾਉਂਦੇ ਹਨ।ਸਕੂਲ ਪ੍ਰਿੰ. ਡਾ. ਸੁਨੀਤਾ ਕੌਸ਼ਲ ਨੇ ਵੀ ਅਪਣੇ ਸੰਬੋਧਨ ਵਿੱਚ ਕਿਹਾ ਕਿ ਇਸ ਤਰ੍ਹਾਂ ਦੇ ਸ਼ੋਅ ਕੇਸ ਲਗਾਉਣ ਦਾ ਉਦੇਸ਼ ਬੱਚਿਆਂ ਦੇ ਹੁਨਰ ਨੂੰ ਪਛਾਣ ਕੇ ਉਸ 'ਚ ਨਿਖਾਰ ਲਿਆਉਣਾ ਹੈ।ਇਸ ਮੌਕੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।



ਨਵਾਂ ਜ਼ਮਾਨਾ, ਜਲੰਧਰ

ਸ਼ਨੀਵਾਰ, 24 ਮਈ 2025 14

# ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਨ ਨੂੰ ਸਮਰਪਤ ਚੌਕੀਮਾਨ ਵਿਸ਼ੇਸ਼ ਸਪਲੀਮੈਂਟ

## ਜਾਗ ਜਵਾਨਾ, ਜਾਗ ਕਿਸਾਨਾ ਪੜ੍ਹੋ ਪੜ੍ਹਾਓ 'ਨਵਾਂ ਜ਼ਮਾਨਾ'




ਮਨਪ੍ਰੀਤ ਸਿੰਘ ਇਯਾਲੀ
ਵਿਧਾਇਕ ਹਲਕਾ ਦਾਖਾ

ਸ਼ਹੀਦ ਕਰਤਾਰ ਸਿੰਘ ਸਰਾਭਾ ਜੀ ਦੇ ਜਨਮ ਦਿਨ 'ਤੇ ਚੌਕੀਮਾਨ ਤੋਂ ਪੱਤਰਕਾਰ ਬਲਬੀਰ ਸਿੰਘ ਮਾਨ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਇਲਾਕਾ ਨਿਵਾਸੀਆਂ ਨੂੰ

**ਲੱਖ-ਲੱਖ ਵਧਾਈਆਂ**



ਅਜਮੇਰ ਸਿੰਘ ਖਾਲਸਾ
ਜੰਡੀ (ਲੁਧਿਆਣਾ)



ਐਨ ਐਸ ਕੰਗ
ਇੰਚਾਰਜ 'ਆਪ' ਹਲਕਾ ਦਾਖਾ

ਸ਼ਹੀਦ ਕਰਤਾਰ ਸਿੰਘ ਸਰਾਭਾ ਜੀ ਦੇ ਜਨਮ ਦਿਨ 'ਤੇ ਚੌਕੀਮਾਨ ਤੋਂ ਪੱਤਰਕਾਰ ਬਲਬੀਰ ਸਿੰਘ ਮਾਨ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਇਲਾਕਾ ਨਿਵਾਸੀਆਂ ਨੂੰ

**ਲੱਖ-ਲੱਖ ਵਧਾਈਆਂ**



ਸਰਪੰਚ ਕੇਵਲ ਸਿੰਘ
ਪਿੰਡ ਚੌਕੀਮਾਨ



ਕੈਪਟਨ ਸੰਦੀਪ ਸੰਧੂ
ਜਨਰਲ ਸਕੱਤਰ ਪੰਜਾਬ ਪ੍ਰਦੇਸ਼ ਕਾਂਗਰਸ

ਸ਼ਹੀਦ ਕਰਤਾਰ ਸਿੰਘ ਸਰਾਭਾ ਜੀ ਦੇ ਜਨਮ ਦਿਨ 'ਤੇ ਚੌਕੀਮਾਨ ਤੋਂ ਪੱਤਰਕਾਰ ਬਲਬੀਰ ਸਿੰਘ ਮਾਨ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਇਲਾਕਾ ਨਿਵਾਸੀਆਂ ਨੂੰ

**ਲੱਖ-ਲੱਖ ਵਧਾਈਆਂ**



ਮੇਜਰ ਸਿੰਘ ਮੁੱਲਾਂਪੁਰ
ਕਾਂਗਰਸ ਪ੍ਰਧਾਨ ਲੁਧਿਆਣਾ ਦਿਹਾਤੀ



ਮੇਜਰ ਸਿੰਘ ਦੇਤਵਾਲ
ਭਾਜਪਾ ਹਲਕਾ ਇੰਚਾਰਜ ਦਾਖਾ

ਸ਼ਹੀਦ ਕਰਤਾਰ ਸਿੰਘ ਸਰਾਭਾ ਜੀ ਦੇ ਜਨਮ ਦਿਨ 'ਤੇ ਚੌਕੀਮਾਨ ਤੋਂ ਪੱਤਰਕਾਰ ਬਲਬੀਰ ਸਿੰਘ ਮਾਨ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਇਲਾਕਾ ਨਿਵਾਸੀਆਂ ਨੂੰ

**ਲੱਖ-ਲੱਖ ਵਧਾਈਆਂ**



ਸੰਜੀਵ ਢੰਡ
ਸਾਬਕਾ ਕੌਂਸਲਰ ਮੰਡੀ ਮੁੱਲਾਂਪੁਰ

## ਪੱਤਰਕਾਰ ਭਾਈਚਾਰਾ



ਚਰਨਜੀਤ ਸਿੰਘ ਢਿੱਲੋਂ, ਗੁਰਬਾਜ ਸਿੰਘ, ਜਸਵੀਰ ਸਿੰਘ ਨਸੀਰੇਵਾਲਾ, ਕੌਸ਼ਲ ਮੱਲ੍ਹਾ
ਕੁਲਦੀਪ ਦੁੱਗਲ, ਗੁਰਦੀਪ ਮਲਿਕ, ਮਨੀ ਰਸੂਲਪੁਰੀ, ਕੁਲਵਿੰਦਰ ਸਿੰਘ ਚੰਦੀ
ਸਰਬਜੀਤ ਸਿੰਘ ਤਲਵੰਡੀ, ਸੋਨੀ ਸਵੱਦੀ, ਸੰਜੀਵ ਵਰਮਾ, ਦਰਸ਼ਨ ਸਿੰਘ ਧਾਲੀਵਾਲ
ਗੁਰਪ੍ਰੀਤ ਸਿੰਘ ਤਲਵੰਡੀ, ਬਿੱਟੂ ਸਵੱਦੀ ਕਲਾਂ, ਤਰਲੋਕ ਸਵੱਦੀ ਕਲਾਂ, ਡਾ. ਮਨਜੀਤ ਸਿੰਘ ਲੀਲ੍ਹਾ



ਪ੍ਰਧਾਨ ਰਾਧੇ ਸ਼ਿਆਮ, ਜਨਰਲ ਸਕੱਤਰ ਅਮਰੀਕ ਸਿੰਘ ਮਸੀਤਾਂ, ਚਮਕੌਰ ਸਿੰਘ ਬਰਮੀਂ, ਅਮਰੀਕ ਸਿੰਘ ਤਲਵੰਡੀ, ਬਲਵਿੰਦਰ ਸਿੰਘ ਇਯਾਲੀ, ਚਰਨਜੀਤ ਸਿੰਘ ਬੀਰਮੀ, ਦਰਸ਼ਨ ਸਿੰਘ ਦਾਖਾ, ਦਰਸ਼ਪ੍ਰੀਤ ਸਿੰਘ ਬੋਪਰਾਏ, ਧਰਮ ਸਿੰਘ ਜੰਡੀ, ਪ੍ਰਧਾਨ ਗੁਰਜੀਤ ਸਿੰਘ ਜੰਡੀ, ਚੇਅਰਮੈਨ ਸਾਧੂ ਸਿੰਘ ਦਿਲਸ਼ਾਦ, ਇਸ. ਹੀਰਾ ਸਿੰਘ ਸਿੱਧਵਾਂਬੇਟ
ਪ੍ਰਧਾਨ ਹਰਦਿਆਲ ਸਿੰਘ, ਦਰਸ਼ਨ ਸਿੰਘ ਦਾਖਾ, ਰਵਿੰਦਰ ਸਿੰਘ ਦਾਖਾ, ਹਰਜਾਪ ਸਿੰਘ ਚੌਕੀਮਾਨ, ਜਗਵੰਤ ਸਿੰਘ ਥਰੀਕੇ, ਪ੍ਰਧਾਨ ਜਸਦੇਵ ਸਿੰਘ ਲਲਤੋਂ, ਜਸਮੇਲ ਸਿੰਘ ਮੋਹੀ, ਲਖਵੀਰ ਸਿੰਘ ਆਰ ਏ, ਮਨਜੀਤ ਸਿੰਘ ਬੁਰਜ ਲਿੱਟਾਂ, ਹੰਸ ਰਾਜ ਜੰਮੂ, ਹਰਨੇਕ ਸਿੰਘ ਰਕਬਾ, ਰਣਜੀਤ ਸਿੰਘ ਮੁੱਲਾਂਪੁਰ
ਦਲਜੀਤ ਸਿੰਘ ਕੁਲਾਰ, ਜਗਤਾਰ ਸਿੰਘ ਮੋਰਕਰੀਮਾਂ, ਡਾ. ਅਮਰਜੀਤ ਸਿੰਘ ਢੱਟ, ਬਲਵਿੰਦਰ ਸਿੰਘ ਹੇਰਾਂ, ਭੁਪਿੰਦਰ ਸਿੰਘ ਜੰਡੀ, ਭੁਪਿੰਦਰ ਸਿੰਘ ਬਾਰਨਹਾੜਾ, ਮਨਜੀਤ ਸਿੰਘ ਪੰਚ ਸਵੱਦੀ ਕਲਾਂ, ਮੁਖਸ਼ਿੰਦਰ ਸਿੰਘ ਸਵੱਦੀ, ਅਮਰੀਕ ਸਿੰਘ ਤਲਵੰਡੀ, ਅਮਰਜੀਤ ਸਿੰਘ ਤਲਵੰਡੀ, ਸੁਖਦੇਵ ਸਿੰਘ ਅੱਬੂਵਾਲ, ਹਰਨੇਕ ਸਿੰਘ ਮੋਰਕਰੀਮਾਂ

## ਪੱਤਰਕਾਰ ਭਾਈਚਾਰਾ



ਲਵਪ੍ਰੀਤ ਸਿੰਘ, ਕੁਲਦੀਪਕ ਸਿੰਘ, ਕੁਬੇਰਦੀਪ ਮਾਣੂਕੇ, ਰਮਣੀਕ ਕੌਰ, ਜਪਮਨ ਸਿੰਘ

## ਧੰਨਵਾਦ



ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਨ 'ਤੇ ਚੌਕੀਮਾਨ (ਹਲਕਾ ਦਾਖਾ) ਤੋਂ ਵਿਸ਼ੇਸ਼ ਸਪਲੀਮੈਂਟ ਪ੍ਰਕਾਸ਼ਤ ਕਰਨ 'ਤੇ ਸਮੂਹ ਸਹਿਯੋਗੀ ਸੱਜਣਾਂ, ਦੋਸਤਾਂ, ਮਿੱਤਰਾਂ ਤੇ ਸਮੂਹ ਰਾਜਨੀਤਕ ਆਗੂਆਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਤੇ ਅੱਗੇ ਤੋਂ ਵੀ ਆਸ ਕਰਦਾ ਹਾਂ ਕਿ ਉਹ ਇਸੇ ਤਰ੍ਹਾਂ ਮੈਨੂੰ ਸਹਿਯੋਗ ਕਰਦੇ ਰਹਿਣਗੇ।

**ਇੰਜੀ. ਬਲਬੀਰ ਸਿੰਘ ਮਾਨ**
ਪੱਤਰਕਾਰ ਚੌਕੀਮਾਨ
ਮੋਬਾ. 98155-89980, 98147-89980



ਗੁਰਦੇਵ ਸਿੰਘ ਪੁੜੈਣ ਪ੍ਰਧਾਨ, ਬਿੰਦਰ ਸਿੰਘ ਚੌਕੀਮਾਨ, ਡਾ. ਅਮਰਜੀਤ ਸਿੰਘ ਸਿੱਧਵਾਂ, ਗੁਰਮੇਲ ਸਿੰਘ ਬਿਰਕ ਪ੍ਰਧਾਨ, ਹਰਦੀਪ ਜੱਸੀ, ਗੁਰਦੀਪ ਸਿੰਘ ਗੁੜ੍ਹੇ, ਅਰਸ਼ਦੀਪ ਸਿੰਘ ਦਿਓਲ, ਜੁਗਿੰਦਰ ਕੁਮਾਰੀ ਚੀਮਨਾ, ਜਸਵਿੰਦਰ ਸਿੰਘ ਤਲਵੰਡੀ, ਕੇਵਲ ਸਿੰਘ ਬਨਵੈਤ ਪ੍ਰਧਾਨ, ਮਨਜੀਤ ਸਿੰਘ ਮਨਸੂਰਾਂ ਪ੍ਰਧਾਨ, ਹਰਨੇਕ ਸਿੰਘ ਜਰਖੜ, ਦਲਜੀਤ ਸਿੰਘ ਜੱਸੋਵਾਲ, ਜਗਮੇਲ ਸਿੰਘ ਚੌਕੀਮਾਨ, ਸਰਪੰਚ ਸੁਖਦੀਪ ਕੌਰ ਪੱਦੀ ਕਲੌਨੀ (ਲੁਧਿਆਣਾ) ਪਤਨੀ ਮਹਿੰਦਰ ਸਿੰਘ


# ਸੱਤ ਗ੍ਰਾਮ ਹੈਰੋਇਨ ਸਮੇਤ ਕਾਬੂ



**ਕਾਲਾ ਸੰਘਿਆਂ (ਮਨਜੀਤ ਮਾਨ)** ਢਿਲਵਾਂ ਪੁਲਸ ਨੇ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ 7 ਗ੍ਰਾਮ ਹੈਰੋਇਨ ਸਮੇਤ ਵਿਅਕਤੀ ਨੂੰ ਕਾਬੂ ਕੀਤਾ ਹੈ। ਥਾਣਾ ਮੁਖੀ, ਮਨਜੀਤ ਸਿੰਘ ,ਐਸ ਆਈ ਦਲਵਿੰਦਰਬੀਰ ਸਿੰਘ ਨੇ ਦੱਸਿਆ ਕਿ ਜਦੋਂ ਐਸ ਆਈ ਦਲਵਿੰਦਰਬੀਰ ਸਿੰਘ ਆਪਣੇ ਸਾਥੀ ਸਟਾਫ਼ ਨਾਲ ਗਸ਼ਤ ਦੌਰਾਨ ਮਨਸੂਰਵਾਲ ਬੇਟ ਦੇ ਸਾਹਮਣੇ ਧੁੱਸੀ ਬੰਨ੍ਹ 'ਤੇ ਪਹੁੰਚੇ ਤਾਂ ਪਿੰਡ ਬੁਤਾਲਾ ਤੋਂ ਪੈਦਲ ਆ ਰਹੇ ਇੱਕ ਨੌਜਵਾਨ ਨੂੰ ਸ਼ੱਕ ਦੇ ਆਧਾਰ 'ਤੇ ਰੋਕਿਆ ਗਿਆ ਅਤੇ ਤਲਾਸ਼ੀ ਦੌਰਾਨ ਉਸ ਕੋਲੋਂ ਹੈਰੋਇਨ ਬਰਾਮਦ ਹੋਈ ਜੋ ਕਿ ਤੋਲਣ 'ਤੇ 07 ਗ੍ਰਾਮ ਪਾਈ ਗਈ। ਉਕਤ ਵਿਅਕਤੀ ਦੀ ਪਛਾਣ ਆਤਮਾ ਸਿੰਘ ਉਰਫ਼ ਗੁਰਮੀਤ ਸਿੰਘ ਵਾਸੀ ਪਿੰਡ ਚਕੋਕੀ, ਥਾਣਾ ਢਿੱਲਵਾਂ ਵਜੋਂ ਹੋਈ ਹੈ। ਉਕਤ ਵਿਅਕਤੀ ਨੂੰ ਗ੍ਰਿਫ਼ਤਾਰ ਉਸ ਵਿਰੁੱਧ ਐਨ ਡੀ ਪੀ ਐਸ ਐਕਟ ਤਹਿਤ ਥਾਣਾ ਢਿਲਵਾਂ ਵਿਖੇ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੀ ਸੂਬਾਈ ਕਨਵੈਨਸ਼ਨ ਦੀਆਂ ਤਿਆਰੀਆਂ ਮੁਕੰਮਲ

**ਜਲੰਧਰ (ਰਾਜੇਸ਼ ਥਾਪਾ)** ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵੱਲੋਂ ਜਲੰਧਰ ਦੇ ਦੇਸ਼ ਭਗਤ ਯਾਦਗਾਰ ਹਾਲ ਵਿਖੇ ਕੀਤੀ ਜਾ ਰਹੀ 24 ਮਈ ਦੀ ਸੂਬਾਈ ਕਨਵੈਨਸ਼ਨ ਦੀਆਂ ਤਿਆਰੀਆਂ ਪੂਰੇ ਜ਼ੋਰ ਨਾਲ ਸੂਬੇ ਭਰ ਵਿੱਚ ਚੱਲ ਰਹੀਆਂ ਹਨ।ਇਹਨਾਂ ਸਬਦਾਂ ਦਾ ਪ੍ਰਗਟਾਵਾ ਸਭਾ ਦੇ ਪ੍ਰਧਾਨ ਮਨਜਿੰਦਰ ਢੇਸੀ ਜਨਰਲ ਸਕੱਤਰ ਧਰਮਿੰਦਰ ਮੁਕੇਰੀਆਂ ਨੇ ਕੀਤਾ।ਆਗੂਆਂ ਨੇ ਕਿਹਾ ਕਿ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਵਸ ਅਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਸਥਾਪਨਾ ਦਿਵਸ ਉਪਰ ਨੌਜਵਾਨਾਂ ਦੇ ਭੱਖਦੇ ਮੁੱਦਿਆਂ ਨੂੰ ਲੈ ਕੇ ਸੰਘਰਸ ਨੂੰ ਤੇਜ਼ ਕਰਨ ਲਈ ਅਗਲੇ ਪ੍ਰੋਗਰਾਮਾਂ ਦਾ ਐਲਾਨ ਵੀ ਇਸ ਕਨਵੈਨਸ਼ਨ ਵਿਚ ਕੀਤਾ ਜਾਵੇਗਾ।ਉਹਨਾਂ ਅੱਗੇ ਕਿਹਾ ਕਿ ਇਸ ਕਨਵੈਨਸ਼ਨ ਵਿੱਚ ਪੰਜਾਬ ਦੀ ਜਵਾਨੀ ਨੂੰ ਨਵੀਂ ਸੇਧ ਦੇਣ ਅਤੇ ਜਵਾਨੀ ਨੂੰ ਦੇਸ਼ ਭਗਤਾਂ ਦੇ ਵਿਰਸੇ ਨਾਲ ਜੋੜ ਕੇ ਉਹਨਾਂ ਦੇ ਮਸਲਿਆਂ ਉੱਪਰ ਲੜਾਈ ਹੋਰ ਤੇਜ਼ ਕੀਤਾ ਜਾਵੇ।

# ਟਿਊਸ਼ਨ ਪੜ੍ਹਨ ਗਏ ਤਿੰਨ ਬੱਚੇ ਹੋਏ ਲਾਪਤਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਸ਼ਹਿਰ 'ਚ ਛੋਟੇ ਬੱਚਿਆਂ ਦੇ ਲਾਪਤਾ ਹੋਣ ਦੀਆਂ ਖਬਰਾਂ ਦਿਨ ਪ੍ਰਤੀ ਦਿਨ ਸਾਹਮਣੇ ਆਉਂਦੀਆਂ ਰਹਿੰਦੀਆਂ ਹਨ। ਹੁਣ ਤਾਜ਼ਾ ਮਾਮਲਾ ਵਾਰਡ ਨੰਬਰ 27 ਅਧੀਨ ਆਉਂਦੇ ਮੁਹੱਲਾ ਕੀਰਤੀ ਨਗਰ ਤੋਂ ਸਾਹਮਣੇ ਆਇਆ ਜਿੱਥੋਂ ਦੇ ਰਹਿਣ ਵਾਲੇ ਤਿੰਨ ਬੱਚੇ ਉਮਰ 12 ਸਾਲ,ਦੂਜਾ ਬੱਚਾ ਉਮਰ 11 ਸਾਲ ਤੇ ਤੀਜਾ ਬੱਚਾ ਉਮਰ 8 ਸਾਲ ਦੇ ਕਰੀਬ ਦੱਸੀ ਜਾਂਦੀ ਹੈ।ਮਿਲੀ ਜਾਣਕਾਰੀ ਮੁਤਾਬਿਕ ਉਕਤ ਤਿੰਨੋ ਲੜਕੇ ਜਦੋਂ ਬੀਤੇ ਦਿਨ ਘਰੋਂ ਟਿਊਸ਼ਨ ਪੜ੍ਹਨ ਲਈ ਗਏ ਪਰੰਤੂ ਨਾ ਤਾਂ ਟਿਊਸ਼ਨ 'ਤੇ ਪਹੁੰਚੇ ਤੇ ਨਾ ਹੀ ਉਹ ਘਰ ਵਾਪਸ ਆਏ। ਜਿਵੇਂ ਹੀ ਬੱਚਿਆਂ ਦੇ ਘਰੋਂ ਜਾਣ ਦੀ ਸੂਚਨਾ ਮਿਲੀ ਮਾਪਿਆਂ ਨੂੰ ਮਿਲੀ ਤਾਂ ਤਿੰਨਾਂ ਹੀ ਪਰਵਾਰਾਂ ਵੱਲੋਂ ਬੱਚਿਆਂ ਦੀ ਭਾਲ ਕੀਤੀ ਗਈ, ਪ੍ਰੰਤੂ ਉਹਨਾਂ ਦਾ ਕੁਝ ਪਤਾ ਨਹੀਂ ਲੱਗਾ। ਹਾਲਾਂਕਿ ਸੁਰੱਖਿਆ ਕਾਰਨਾਂ ਕਰਕੇ ਗਾਇਬ ਹੋਏ ਬੱਚਿਆਂ ਦੇ ਨਾਂਅ ਪ੍ਰਕਾਸ਼ਿਤ ਨਹੀਂ ਕੀਤੇ ਜਾ ਸਕਦੇ ।



ਜਿਸ ਉਪਰੰਤ ਤਿੰਨਾਂ ਹੀ ਬੱਚਿਆਂ ਦੇ ਮਾਪਿਆਂ ਨੇ ਹੁਸ਼ਿਆਰਪੁਰ ਸ਼ਹਿਰ ਦੇ ਵਾਰਡ ਨੰਬਰ 27 'ਚ ਸਮਾਜ ਸੇਵਾ ਦੇ ਤੌਰ 'ਤੇ ਕੰਮ ਕਰ ਰਹੀ ਸਰਬੱਤ ਦਾ ਭਲਾ ਵੈਲਫੇਅਰ ਸੋਸਾਇਟੀ ਦੇ ਚੇਅਰਮੈਨ ਡਾਕਟਰ ਪੀ ਐਸ ਮਾਨ ਕੋਲ ਪਹੁੰਚ ਕੀਤੀ। ਜਿਨ੍ਹਾਂ ਨੇ ਬੱਚਿਆਂ ਦੇ ਮਾਪਿਆਂ ਨੂੰ ਨਾਲ ਲੈ ਕੇ ਥਾਣਾ ਮਾਡਲ ਟਾਊਨ ਹੁਸ਼ਿਆਰਪੁਰ ਅਧੀਨ ਆਉਂਦੀ ਪੁਰਹੀਰਾਂ ਚੌਂਕੀ ਦੀ ਪੁਲਸ ਨਾਲ ਰਾਬਤਾ ਕਾਇਮ ਕਰਕੇ ਗੁੰਮਸ਼ੁਦਗੀ ਦੀ ਸੂਚਨਾ ਦਰਜ ਕਰਵਾਈ। ਗੁੰਮ ਹੋਏ ਬੱਚਿਆਂ ਦੇ ਮਾਪੇ ਇਸ ਕਰਕੇ ਵੀ ਪਰੇਸ਼ਾਨ ਹੋ ਕਿਉਂਕਿ ਪਹਿਲਾਂ ਵੀ ਟਿਊਸ਼ਨ ਪੜ੍ਹਾਉਣ ਵਾਲੇ ਅਧਿਆਪਕ ਹੀ ਬੱਚਿਆਂ ਨੂੰ ਅਗਵਾ ਕਰਕੇ ਲੈ ਕੇ ਜਾ ਚੁੱਕੇ ਹਨ ਅਤੇ ਹਾਲ ਹੀ ਦੇ ਵਿੱਚ ਵੈਸਟ ਬੰਗਾਲ ਨਜ਼ਦੀਕ ਤੋਂ ਥਾਣਾ ਮਾਡਲ ਟਾਊਨ ਦੀ ਪੁਲਸ ਨੇ ਅਧਿਆਪਕ ਸਮੇਤ ਬੱਚਿਆਂ ਨੂੰ ਕਾਬੂ ਕੀਤਾ ਸੀ। ਉਹ ਅਧਿਆਪਕ ਹੁਣ ਜੇਲ੍ਹ ਵਿੱਚ ਦੱਸਿਆ ਜਾਂਦਾ ਹੈ।

# ਗਾਟ ਜਠੇਰਿਆਂ ਦਾ ਸਾਲਾਨਾ ਮੇਲਾ ਮਨਾਇਆ

**ਬੰਗਾ (ਅਵਤਾਰ ਕਲੇਰ)** ਗਾਟ ਜਠੇਰੇ ਵੈੱਲਫੇਅਰ ਪ੍ਰਬੰਧਕ ਕਮੇਟੀ ਮੇਹਟਾਂ, ਸਮੂਹ



ਨਗਰ ਨਿਵਾਸੀਆਂ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਸਾਲਾਨਾ ਮੇਲਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਤਿਗੁਰ ਰਵਿਦਾਸ ਮਹਾਰਾਜ ਜੀ ਦੇ 40 ਸ਼ਬਦਾਂ ਦੇ ਪਾਠ ਦੇ ਭੋਗ ਪਾਏ ਗਏ। ਨਿਸ਼ਾਨ ਸਾਹਿਬ ਦੀ ਰਸਮ ਅਦਾ ਕੀਤੀ ਗਈ। ਦੇਸ਼ ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ 'ਚ ਸੰਗਤਾਂ ਦਰਬਾਰ ਤੇ ਨਤਮਸਤਕ ਹੋਈਆਂ।ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਮਸ਼ਹੂਰ ਕਲਾਕਾਰ ਕਾਸ਼ੀ ਨਾਥ ਤੋਂ ਇਲਾਵਾ ਹੋਰ ਵੀ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ।ਕਮੇਟੀ ਦੇ ਪ੍ਰਧਾਨ ਦਲਜੀਤ ਕੁਮਾਰ ਗਾਟ ਸੰਗਤਾਂ ਨੂੰ ਜੀ ਆਇਆਂ ਕਿਹਾ ਅਤੇ ਸਾਰਿਆਂ ਦਾ ਧੰਨਵਾਦ ਕੀਤਾ।ਪ੍ਰਬੰਧਕ ਕਮੇਟੀ ਵੱਲੋਂ ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ।ਸਟੇਜ ਸਕੱਤਰ ਦੀ ਭੂਮਿਕਾ ਰਾਮ ਲੁਭਾਇਆ ਬੰਗੜ ਨੇ ਬਾਖੂਬੀ ਨਿਭਾਈ।ਇਸ ਮੌਕੇ ਪ੍ਰਧਾਨ ਦਲਜੀਤ ਕੁਮਾਰ ਗਾਟ, ਜਸਪਿੰਦਰ ਸਿੰਘ ਸਾਬਕਾ ਸਰਪੰਚ, ਸ਼ਿੰਗਾਰਾ ਰਾਮ ਖਜਾਨਚੀ, ਹਰਦੇਵ ਰਾਜ, ਸੋਢੀ ਰਾਮ, ਕੁਲਵਿੰਦਰ, ਮਦਨ ਲਾਲ, ਹਰਮੇਸ਼ ਲਾਲ ਪੰਚ, ਲਾਲੀ, ਸੋਮ ਦੱਤ, ਸੁੱਚਾ ਰਾਮ, ਬਲਵੀਰ ਕੁਮਾਰ, ਗੁਰਦਿਆਲ ਰਾਮ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।

# ਸੁਲਘਦੇ ਰੋਹ ਨੂੰ ਸੰਘਰਸ਼ 'ਚ ਬਦਲਣ ਲਈ ਦੋ ਨੂੰ ਜਬਰ ਵਿਰੋਧੀ ਰੈਲੀ ਹੋਵੇਗੀ : ਕਿਸਾਨ ਆਗੂ

**ਸ਼ਾਹਕੋਟ (ਗਿਆਨ ਸੈਦਪੁਰੀ)**- ਸਰਕਾਰ ਵੱਲੋਂ ਕਿਸਾਨਾਂ ਅਤੇ ਮਜ਼ਦੂਰਾਂ ਵਿਰੁੱਧ ਸ਼ੁਰੂ ਕੀਤਾ ਜਬਰ-ਜ਼ੁਲਮ ਦਾ ਸਿਲਸਲਾ ਲਗਾਤਾਰ ਜਾਰੀ ਹੈ। ਕਦੇ ਇਹ ਜਬਰ ਜ਼ਮੀਨਾਂ ਇਕੁਆਇਰ ਕਰਨ ਦੇ ਰੂਪ ਵਿੱਚ ਤੇ ਕਦੇ ਹੋਰ ਰੂਪ ਵਿੱਚ ਕਿਸਾਨਾਂ ਨੂੰ ਪ੍ਰੇਸ਼ਾਨ ਕਰਦਾ ਹੈ। ਇਸ ਧੱਕੇਸ਼ਾਹੀ ਵਿਰੁੱਧ ਕਿਸਾਨਾਂ ਅੰਦਰ ਜ਼ਬਰਦਸਤ ਰੋਹ ਪਨਪ ਰਿਹਾ ਹੈ। ਮਨਾਂ ਅੰਦਰ ਸੁਲਘਦੇ ਇਸ ਰੋਹ ਨੂੰ ਸਮੂਹਿਕ ਤੌਰ 'ਤੇ ਸੰਘਰਸ਼ ਵਿੱਚ ਬਦਲਣ ਲਈ 2 ਜੂਨ ਨੂੰ ਜਗਰਾਉਂ ਵਿਖੇ ਜਬਰ ਵਿਰੋਧੀ ਰੈਲੀ ਕੀਤੀ ਜਾ ਰਹੀ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ 23 ਮਈ ਨੂੰ ਸ਼ਹੀਦ ਨਛੱਤਰ ਸਿੰਘ ਧਾਲੀਵਾਲ ਹਾਲ ਜਗਰਾਉਂ ਵਿਖੇ ਕੀਤੀ ਗਈ ਤਿਆਰੀ ਰੈਲੀ ਵਿੱਚ ਕਿਸਾਨ ਆਗੂਆਂ ਨੇ ਕੀਤਾ। ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਕੀਤੀ ਜਾ ਰਹੀ ਜਬਰ ਵਿਰੋਧੀ ਰੈਲੀ ਦੀ ਤਿਆਰੀ ਸੰਬੰਧੀ ਹੋਈ ਮੀਟਿੰਗ ਦੀ ਪ੍ਰਧਾਨਗੀ ਕੁਲ ਹਿੰਦ ਕਿਸਾਨ ਸਭਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਮਹਾਂਵੀਰ ਸਿੰਘ ਪੱਟੀ ਨੇ ਕੀਤੀ। ਇਸ ਮੀਟਿੰਗ ਵਿੱਚ ਲੁਧਿਆਣਾ, ਮੋਗਾ ਅਤੇ ਜਲੰਧਰ ਜ਼ਿਲ੍ਹੇ ਦੇ ਕਿਸਾਨ ਆਗੂ ਸ਼ਾਮਲ ਹੋਏ। ਇਨ੍ਹਾਂ ਵਿੱਚ ਸੀਨੀਅਰ ਮੀਤ ਪ੍ਰਧਾਨ ਸੂਰਤ ਸਿੰਘ ਧਰਮਕੋਟ, ਜਸਵੀਰ ਸਿੰਘ ਝੱਜ, ਚਮਕੌਰ ਸਿੰਘ ਬਰਮੀ, ਭਰਪੂਰ ਸਿੰਘ ਸਵੱਦੀ, ਹਰਦਿਆਲ ਸਿੰਘ ਘਾਲੀ ਤੇ ਜਗਸੀਰ ਸਿੰਘ ਧੂਰਕੋਟ ਆਦਿ ਸ਼ਾਮਲ ਹਨ। ਆਗੂਆਂ ਨੇ ਕਿਹਾ ਕਿ ਉਪਜਾਊ ਜ਼ਮੀਨਾਂ ਉਤੇ ਸਰਕਾਰ ਦਾ ਕਬਜ਼ਾ ਨਹੀਂ ਹੋਣ ਦਿੱਤਾ ਜਾਵੇਗਾ। ਸਰਕਾਰ ਦੀ ਇਸ ਧੱਕੇਸ਼ਾਹੀ ਵਿਰੁੱਧ 2 ਜੂਨ ਦੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਕਿਸਾਨ-ਮਜ਼ਦੂਰ ਸ਼ਾਮਲ ਹੋਣਗੇ।



# ਮਨਰੇਗਾ ਵਰਕਰਾਂ ਨੂੰ 2-2 ਸਾਲ ਤੋਂ ਨਹੀਂ ਮਿਲੀ ਤਨਖਾਹ : ਧੀਮਾਨ

**ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)** ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਨੇ ਮੇਹਟੀਆਣਾ ਮਨਰੇਗਾ ਵਰਕਰਾਂ ਦੀਆਂ ਮੁਸ਼ਕਲਾਂ ਸੁਣੀਆਂ ਤੇ ਸਰਕਾਰ ਵੱਲੋਂ ਮਨਰੇਗਾ ਮਜ਼ਦੂਰਾਂ ਦੀਆਂ ਸਮੇਂ ਸਿਰ ਕੀਤੇ ਕੰਮ ਦੇ ਪੈਸੇ ਨਾ ਦੇਣ ਨੂੰ ਲੈ ਕੇ ਪੰਜਾਬ ਸਰਕਾਰ ਵਿਰੁੱਧ ਮੁਜਾਹਰਾ ਕੀਤਾ ਤੇ ਦੱਸਿਆ ਕਿ ਕਈ ਵਰਕਰਾਂ ਦੇ 2-2 ਸਾਲ ਤੋਂ ਕੀਤੇ ਕੰਮਾਂ ਦੇ ਪੈਸੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਨਹੀਂ ਪਹੁੰਚ ਰਹੇ। ਧੀਮਾਨ ਨੇ ਦਸਿਆ ਕਿ ਪਰਮਜੀਤ ਕੌਰ ਜਾਬ ਕਾਰਡ ਨੰਬਰ 68 ਨੂੰ 2023 ਵਿੱਚ ਕੀਤੇ ਕੰਮ ਦੇ ਦਿਹਾੜੀਆਂ ਦੇ ਪੈਸੇ ਨਹੀਂ ਮਿਲੇ, ਇਸੇ ਤਰ੍ਹਾਂ ਜੋਗਿੰਦਰ ਕੌਰ ਜਾਬ ਕਾਰਡ ਨੰਬਰ 69 ਤੇ 2024 ਵਿੱਚ 9 ਦਿਨਾਂ ਦੇ ਪੈਸੇ ਨਹੀਂ ਮਿਲੇ, ਹਰਜੀਤ ਕੌਰ ਜਾਬ ਕਾਰਡ ਨੰਬਰ 72 ਨੂੰ 2024 ਦੇ ਪੈਸੇ ਨਹੀਂ ਮਿਲੇ। ਧੀਮਾਨ ਲੇ ਦੱਸਿਆ ਕਿ ਅਗਰ ਕਿਸੇ ਮਨਰੇਗਾ ਵਰਕਰ ਨੂੰ 15 ਦਿਨਾ ਵਿਚ ਕੀਤੇ ਕੰਮ ਦੀ ਉਜਰਤ ਨਹੀਂ ਮਿਲਦੀ ਤਾਂ ਮਨਰੇਗਾ ਵਰਕਰ ਮੁਆਵਜਾ ਐਕਟ 1936 ਦੇ ਤਹਿਤ ਮੁਆਵਜੇ ਦਾ ਹੱਕਦਾਰ ਹੈ।ਇਸ ਮੌਕੇ ਹੋਰ ਮਨਰੇਗਾ ਵਰਕਰ ਤੇ ਮੇਟ ਸੂਰਵੀ, ਕ੍ਰਿਸ਼ਨਾ ਦੇਵੀ, ਅਮਰਜੀਤ ਕੌਰ, ਪਿਆਰਾ ਸਿੰਘ, ਸੁਨੀਤਾ ਅਤੇ ਮੋਹਨ ਲਾਲ ਆਦਿ ਹਾਜ਼ਰ ਸਨ।



## ਅੱਜ ਗਾਇਕ ਹਸਨ ਮਾਣਕ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਨਗੇ

**ਫਗਵਾੜਾ (ਜਸਵਿੰਦਰ ਢੱਡਾ)** ਹੁਸ਼ਿਆਰਪੁਰ ਰੋਡ 'ਤੇ ਸਥਿਤ ਪਿੰਡ ਖੁਰਮਪੁਰ ਵਿਖੇ ਦਰਬਾਰ ਸਾਈਂ ਬਾਬਾ ਖੁਦਾਈਏ ਸ਼ਾਹ ਦਾ ਚਾਰ ਦਿਨ ਚੱਲਣ ਵਾਲਾ ਮੇਲਾ ਦਰਬਾਰ ਘਰ ਦੇ ਮੁੱਖ ਸੇਵਾਦਾਰ ਬੀਬੀ ਨਜੀਰਾਂ ਚਿਸ਼ਤੀ ਦੀ ਦੇਖ-ਰੇਖ ਵਿੱਚ ਸ਼ੁਰੂ ਹੈ। ਮਿਤੀ 24 ਮਈ ਦਿਨ ਸ਼ਨੀਵਾਰ ਨੂੰ ਗਾਇਕ ਸਵਰਗਵਾਸੀ ਕੁਲਦੀਪ ਮਾਣਕ ਦਾ ਦੋਹਤਾ ਗਾਇਕ ਹਸਨ ਮਾਣਕ ਸਭਿਆਚਾਰਕ ਪ੍ਰੋਗਰਾਮ ਪੇਸ਼ ਕਰਨਗੇ। ਇਸ ਮੌਕੇ ਪੰਜਾਬ ਦੇ ਮਸ਼ਹੂਰ ਨਕਾਲ ਪਾਰਟੀਆਂ ਨਕਲਾਂ ਪੇਸ਼ ਕਰਨਗੇ। ਇਸ ਮੌਕੇ ਬੀਬੀ ਨਜੀਰਾਂ ਚਿਸ਼ਤੀ ਝੰਡਾ ਚੜ੍ਹਾਉਣ ਦੀ ਰਸਮ ਅਦਾ ਕਰਨਗੇ। ਦਰਬਾਰ ਘਰ ਦਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਪ੍ਰੈੱਸ ਨੂੰ ਉਕਤ ਜਾਣਕਾਰੀ ਜਸਵੰਤ ਬੇਗ਼ਮ ਨੇ ਦਿੱਤੀ।

# ਆਰਮੀ ਭਰਤੀ ਦੀ ਤਿਆਰੀ ਲਈ ਵਰਕਸ਼ਾਪ 28 ਨੂੰ

**ਸ਼ਹੀਦ ਭਗਤ ਸਿੰਘ ਨਗਰ (ਮਨੋਜ ਲਾਡੀ)**- ਡਿਪਟੀ ਕਮਿਸ਼ਨਰ-ਕਮ-ਚੇਅਰਮੈਨ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਅੰਕੁਰਜੀਤ ਸਿੰਘ ਅਤੇ ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਮੁੱਖ ਕਾਰਜਕਾਰੀ ਅਧਿਕਾਰੀ, ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਰਾਜੀਵ ਵਰਮਾ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਸਰਦਾਰ ਦਿਲਬਾਗ ਸਿੰਘ ਸਰਕਾਰੀ ਕਾਲਜ ਜਾਡਲਾ ਵਿਖੇ 28 ਮਈ ਨੂੰ ਇੰਡੀਅਨ ਆਰਮੀ ਭਰਤੀ ਰੈਲੀ ਦੀ ਭਰਤੀ ਇੱਕ ਰੋਜ਼ਾ ਵਰਕਸ਼ਾਪ ਲਾਈ ਜਾ ਰਹੀ ਹੈ।ਜ਼ਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਸੰਦੀਪ ਕੁਮਾਰ ਨੇ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਵਰਕਸ਼ਾਪ ਸਵੇਰੇ 10.00 ਵਜੇ ਤੋਂ ਬਾਅਦ ਦੁਪਹਿਰ 3:00 ਵਜੇ ਤੱਕ ਲਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਵਰਕਸ਼ਾਪ ਵਿੱਚ ਜਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਜਿਨ੍ਹਾਂ ਬਿਨੈਕਾਰਾਂ ਵੱਲੋਂ ਆਰਮੀ ਰੈਲੀ, ਭਰਤੀ ਦਾ ਸਾਲ 2025-26 ਲਈ ਅਪਲਾਈ ਕੀਤਾ ਹੈ, ਨੂੰ ਲਿਖਤੀ ਪ੍ਰੀਖਿਆ ਦੇ ਵਿਸ਼ਿਆਂ ਬਾਰੇ ਜਾਣਕਾਰੀ ਦੇ ਕੇ ਤਿਆਰੀ ਕਰਵਾਈ ਜਾਵੇਗੀ ।ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਸ਼ਿਆਂ ਵਿੱਚ ਆਮ ਗਿਆਨ, ਸਾਧਾਰਨ ਵਿਗਿਆਨ, ਗਣਿਤ, ਲਾਜ਼ਿਕਲ ਰੀਜ਼ਨਿੰਗ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਅਤੇ ਮਾਹਿਰਾਂ ਵੱਲੋਂ ਤਿਆਰੀ ਕਰਵਾਈ ਜਾਵੇਗੀ।


## ਜਨਮ ਦਿਨ ਮੁਬਾਰਕ



ਮਹਿਰੀਨ ਕੌਰ ਦਿਓਲ
ਪਿਤਾ : ਹਰਸ਼ਦੀਪ ਸਿੰਘ ਦਿਓਲ
ਮਾਤਾ : ਸੁਨੀਤ ਕੌਰ ਦਿਓਲ
ਵਾਸੀ : ਲੁਧਿਆਣਾ


# ਦੋ ਸਾਲ ਪਹਿਲਾਂ ਬਣੀ ਚਮਕੌਰ ਸਾਹਿਬ-ਮੋਰਿੰਡਾ ਸੜਕ ਥਾਂ ਥਾਂ ਤੋਂ ਟੁੱਟਣ ਲੱਗੀ

**ਚਮਕੌਰ ਸਾਹਿਬ (ਗੁਰਵਿੰਦਰਪਾਲ ਸਿੰਘ ਬੌਬੀ)**- ਬਹੁਤ ਲੰਮੇ ਸਮੇਂ ਬਾਅਦ ਚਮਕੌਰ ਸਾਹਿਬ - ਮੋਰਿੰਡਾ ਸੜਕ ਜੋ ਕਿ ਸੰਨ 2023 ਵਿੱਚ ਮੁਕੰਮਲ ਹੋਈ ਸੀ, ਦੋ ਸਾਲ ਬਾਅਦ ਹੀ ਥਾਂ ਥਾਂ ਤੋਂ ਟੁੱਟਣ ਲੱਗੀ ਹੈ । ਸੜਕ ਤੋਂ ਦਿਨ ਰਾਤ ਲੰਘਦੇ ਓਵਰਲੋਡ ਵਾਹਨ ਇਸ ਦਾ ਕਾਰਨ ਬਣ ਰਹੇ ਹਨ । ਸੰਨ 2021 ਵਿੱਚ ਤਤਕਾਲੀ ਮੁੱਖ ਮੰਤਰੀ ਅਤੇ ਹਲਕਾ ਵਿਧਾਇਕ ਚਰਨਜੀਤ ਸਿੰਘ ਚੰਨੀ ਵੱਲੋਂ ਕੀਤੇ ਐਲਾਨਾਂ ਵਿੱਚੋਂ ਚਮਕੌਰ ਸਾਹਿਬ - ਮੋਰੰਡਾ ਸੜਕ ਨੂੰ ਚੌੜਾ ਕਰਨ ਦਾ ਕੰਮ ਸ਼ੁਰੂ ਹੋਇਆ ਸੀ, ਜੋ ਕਿ ਲਗਪਗ ਸੰਨ 2023 ਵਿੱਚ ਮੁਕੰਮਲ ਹੋਇਆ । ਪਰ ਦੋ ਸਾਲ ਬਾਅਦ ਹੀ ਇਹ ਸੜਕ ਦੇ ਉੱਤੇ ਕਈ ਥਾਂ 'ਤੇ ਪਾਈ ਪ੍ਰੀਮਿਕਸ 'ਚ ਕਰੈਕ ਆਉਣੇ ਸ਼ੁਰੂ ਹੋ ਚੁੱਕੇ ਹਨ ਅਤੇ ਕਈ ਥਾਂ ਤੋਂ ਸੜਕ ਦੀ ਬਜਰੀ ਭੁਰ ਚੁੱਕੀ ਹੈ ।ਇਹ ਸੜਕ 'ਤੇ ਹੋਏ ਨੁਕਸਦਾਰ ਟੋਟੇ ਰਾਹਗੀਰਾਂ ਲਈ ਜਾਨ ਦਾ ਖੌਅ ਬਣੇ ਹੋਏ ਹਨ। ਇਲਾਕੇ ਦੇ ਆਗੂਆਂ ਅਮਨਦੀਪ ਸਿੰਘ ਮਾਂਗਟ, ਬਲਦੇਵ ਸਿੰਘ ਹਾਫਿਜ਼ਾਬਾਦ, ਕਿਸਾਨ ਆਗੂ ਭਾਈ ਪਰਮਿੰਦਰ ਸਿੰਘ ਸੇਖੋਂ ਅਤੇ ਸੰਘ ਦੇ ਪ੍ਰਧਾਨ ਧਰਮਪਾਲ ਸੋਖਲ ਨੇ ਮੁੱਖ ਮੰਤਰੀ ਤੋਂ ਮੰਗ ਕੀਤੀ ਹੈ ਕਿ ਦੋ ਸਾਲ ਪਹਿਲਾਂ ਬਣੀ ਸੜਕ ਦੇ ਇੰਨੀ ਜਲਦੀ ਭੁਰਨ ਲੱਗਣ 'ਤੇ ਸੜਕ ਦੀ ਮਟੀਰੀਅਲ ਪੱਖੋਂ ਜਾਂਚ ਹੋਣੀ ਚਾਹੀਦੀ ਹੈ ਅਤੇ ਸਬੰਧਤ ਵਿਭਾਗ ਇਸ ਨੂੰ ਗੰਭੀਰਤਾ ਨਾਲ ਲਵੇ, ਕਿਉਂਕਿ ਇੱਕ ਮਹੀਨੇ ਬਾਅਦ ਬਰਸਾਤ ਦਾ ਸੀਜ਼ਨ ਸ਼ੁਰੂ ਹੋਣ ਵਾਲਾ ਹੈ। ਉਕਤ ਆਗੂਆਂ ਨੇ ਕਿਹਾ ਕਿ ਪੁਲਸ ਪ੍ਰਸ਼ਾਸਨ ਨੂੰ ਵੀ ਓਵਰਲੋਡ ਵਾਹਨਾਂ ਦੀ ਜਾਂਚ ਕਰਨੀ ਚਾਹੀਦੀ ਹੈ।



# ਗੁਰਚਰਨ ਨੂਰਪੁਰ ਅੱਜ ਡੀ ਡੀ ਪੰਜਾਬੀ 'ਤੇ

**ਜ਼ੀਰਾ, (ਨ ਜ਼ ਸ)**- ਡੀ ਡੀ ਪੰਜਾਬੀ ਦੇ ਚਰਚਿਤ ਪ੍ਰੋਗਰਾਮ , "ਅੱਜ ਦੀ ਚਰਚਾ" ਜਿਸ ਵਿੱਚ ਸਮਾਜ ਨੂੰ ਦਰਪੇਸ ਮੁਸਕਲਾਂ ਸਮੱਸਿਆਵਾਂ ਤੇ ਚਰਚਾ ਕੀਤੀ ਜਾਂਦੀ ਹੈ। ਦੂਰਦਰਸ਼ਨ ਜਲੰਧਰ ਵੱਲੋਂ ਪੇਸ਼ ਕੀਤੇ ਜਾਂਦੇ ਇਸ ਪ੍ਰੋਗਰਾਮ ਵਿੱਚ ਅੱਜ 24 ਮਈ ਨੂੰ ਪੰਜਾਬੀ ਦੇ ਪ੍ਰਸਿੱਧ ਸਾਹਿਤਕਾਰ ਗੁਰਚਰਨ ਸਿੰਘ ਨੂਰਪੁਰ ਭਾਗ ਲੈਣਗੇ। ਪ੍ਰੋਗਰਾਮ ਦੇ ਪ੍ਰੋਡਿਊਸਰ ਸੁਖਵਿੰਦਰ ਕੁਮਾਰ ਅਤੇ ਤਕਨੀਕੀ ਨਿਰਦੇਸ਼ਕ ਅਮਰਜੀਤ ਕੁਕੂ ਨੇ ਦੱਸਿਆ ਕਿ ਵਾਤਾਵਰਨ ਵਿੱਚ ਹੋ ਰਹੀਆਂ ਤਬਦੀਲੀਆਂ ਤੇ ਕੀਤਾ ਗਿਆ ਪ੍ਰੋਗਰਾਮ "ਮੌਸਮੀ ਤਬਦੀਲੀਆਂ ਅਤੇ ਚੁਣੌਤੀਆਂ" ਵਿਸੇ ਤਹਿਤ ਪੰਜਾਬੀ ਲੇਖਕ ਤੇ ਵਾਤਾਵਰਨ ਪ੍ਰੇਮੀ ਗੁਰਚਰਨ ਸਿੰਘ ਨੂਰਪੁਰ ਅਤੇ ਵਾਤਾਵਰਨ ਮਾਹਰ ਡਾ ਪਰਵਿੰਦਰ ਕੌਰ (24 ਮਈ) ਅੱਜ ਸ਼ਾਮ 6 ਵਜੇ ਡੀ ਡੀ ਪੰਜਾਬੀ 'ਤੇ ਸਰੋਤਿਆਂ ਦੇ ਰੂਬਰੂ ਹੋਣਗੇ।




ਜੇਹਾ ਚੀਰੀ ਲਿਖਿਆ ਤੇਹਾ ਹੁਕਮੁ ਕਮਾਹਿ ॥ ਘਲੇ ਆਵਹਿ ਨਾਨਕਾ ਸਦੇ ਉਠੀ ਜਾਹਿ ॥



ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਦੱਸਿਆ ਜਾਂਦਾ ਹੈ ਕਿ
ਸ. ਬੇਅੰਤ ਸਿੰਘ ਸਿੱਧੂ (ਐਸ.ਡੀ.ਐਮ.) ਬਾਘਾ ਪੁਰਾਣਾ ਜੀ ਦੇ ਮਾਤਾ ਜੀ

**ਸਰਦਾਰਨੀ ਮਨਮੋਹਣ ਕੌਰ ਸਿੱਧੂ**

ਧਰਮਪਤਨੀ ਸਵ. ਸਰਦਾਰ ਮਲਕੀਤ ਸਿੰਘ ਸਿੱਧੂ (ਸਾਬਕਾ ਮੰਤਰੀ, ਪੰਜਾਬ)
ਪਿਛਲੇ ਦਿਨੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ

## ਪਾਠ ਦਾ ਭੋਗ ਅਤੇ ਅੰਤਿਮ ਅਰਦਾਸ

ਮਿਤੀ 24-ਮਈ-2025 ਦਿਨ ਸ਼ਨੀਵਾਰ ਨੂੰ ਗੁਰਦੁਆਰਾ ਸ਼੍ਰੀ ਕਲਗੀਧਰ ਸਾਹਿਬ, ਦੱਤ ਰੋਡ, ਮੋਗਾ ਵਿਖੇ ਦੁਪਿਹਰ 12 ਤੋਂ 1 ਵਜੇ ਤੱਕ ਹੋਵੇਗੀ। ਸੋ ਆਪ ਜੀ ਨੇ ਅੰਤਿਮ ਅਰਦਾਸ ਵਿੱਚ ਸ਼ਾਮਿਲ ਹੋਣ ਦੀ ਕ੍ਰਿਪਾਲਤਾ ਕਰਨੀ ਜੀ।

ਵੱਲੋਂ :
ਗੁਰਚਰਨ ਸਿੰਘ ਬਰਾੜ ਸਬ-ਰਜਿਸਟਰਾਰ, ਬਾਘਾ ਪੁਰਾਣਾ
ਅਤੇ ਸਮੂਹ ਸਟਾਫ ਤਹਿਸੀਲ ਦਫਤਰ ਬਾਘਾ ਪੁਰਾਣਾ ।